ਵੀਰਵਾਰ, 23 ਜਨਵਰੀ, 2025
10 ਮਾਘ { ਨਾਨਕਸ਼ਾਹੀ 556 / ਬਿਕਰਮੀ 2081 }
ਜਿਲਦ/VOL. : 73
ਅੰਕ/NO. : 234

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 23 JANUARY, 2025 ਜਲੰਧਰ

nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਡੱਲੇਵਾਲ ਦਾ ਇਲਾਜ ਕਰਨ ਵਾਲੇ ਸਰਕਾਰੀ ਡਾਕਟਰ ਨਾਰਾਜ਼ ਹੋ ਕੇ ਚਲੇ ਗਏ

## ਕਿਸਾਨ ਆਗੂਆਂ ਨੇ ਬਦਸਲੂਕੀ ਦਾ ਦੋਸ਼ ਝੁਠਲਾਇਆ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਢਾਬੀ ਗੁੱਜਰਾਂ (ਖਨੌਰੀ) ਬਾਰਡਰ 'ਤੇ ਮਰਨ ਵਰਤ ਉੱਤੇ ਚੱਲ ਰਹੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਇਲਾਜ ਕਰਨ ਵਾਲੀ ਰਜਿੰਦਰਾ ਹਸਪਤਾਲ ਪਟਿਆਲਾ ਦੀ ਟੀਮ ਬੁੱਧਵਾਰ ਆਪਣੀ ਡਿਊਟੀ ਛੱਡ ਕੇ ਵਾਪਸ ਚਲੇ ਗਈ। ਡਾਕਟਰਾਂ ਦੀ ਟੀਮ ਨੇ ਸਿਵਲ ਸਰਜਨ ਪਟਿਆਲਾ ਡਾ. ਦਵਿੰਦਰਪਾਲ ਸਿੰਘ ਨੂੰ ਲਿਖੇ ਪੱਤਰ ਵਿੱਚ ਕਿਸਾਨ ਆਗੂਆਂ 'ਤੇ ਬਦਸਲੂਕੀ ਕਰਨ ਦੇ ਦੋਸ਼ ਲਾਏ ਹਨ। ਹਾਲਾਂਕਿ ਕਿਸਾਨ ਆਗੂਆਂ ਨੇ ਡਾਕਟਰਾਂ ਦੇ ਇਸ ਦਾਅਵੇ ਨੂੰ ਸਿਰੇ ਤੋਂ ਖਾਰਜ ਕਰਦਿਆਂ ਕਿਹਾ ਕਿ ਡੱਲੇਵਾਲ ਤੇ ਉਨ੍ਹਾਂ ਦੇ ਕਿਸਾਨ ਆਗੂ ਬਹੁਤ ਹੀ ਸੁਲਝੇ ਹੋਏ ਹਨ ਤੇ ਇਲਾਜ ਕਰਨ ਵਾਲਾ ਡਾਕਟਰ ਰੱਬ ਦਾ ਰੂਪ ਹੁੰਦਾ ਹੈ। ਇਸ ਤੋਂ ਪਹਿਲਾਂ ਉਦੋਂ ਅਫਰਾਤਫਰੀ ਵਾਲਾ ਮਾਹੌਲ ਬਣ ਗਿਆ, ਜਦੋਂ ਡੱਲੇਵਾਲ ਨੇ ਕਥਿਤ ਤੌਰ 'ਤੇ ਗੁਲੂਕੋਜ਼ ਲਗਵਾਉਣ ਤੋਂ ਨਾਂਹ ਕਰ ਦਿੱਤੀ। ਤੁਰੰਤ ਮੌਕੇ 'ਤੇ ਪੁੱਜੇ ਡੀ ਐੱਸ ਪੀ ਪਾਤੜਾਂ ਇੰਦਰਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਗੁਲੂਕੋਜ਼ ਲਾਉਣ ਵਾਲਾ ਡਾਕਟਰ ਦੱਖਣੀ ਭਾਰਤ ਦਾ ਹੋਣ ਕਰਕੇ ਉਸ ਦੀ ਭਾਸ਼ਾ ਸਮਝ ਨਹੀਂ ਆਈ, ਜਿਸ ਕਰਕੇ ਡੱਲੇਵਾਲ ਨੇ ਨਾਂਹ ਕੀਤੀ ਸੀ। ਉਧਰ, ਮੋਰਚੇ ਦੇ ਪ੍ਰਮੁੱਖ ਆਗੂ ਕਾਕਾ ਸਿੰਘ ਕੋਟੜਾ ਨੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਨਾਲ ਫੋਨ 'ਤੇ ਗੱਲ ਕਰਕੇ ਕਿਹਾ ਕਿ ਜੇ ਸਰਕਾਰੀ ਡਾਕਟਰ ਡੱਲੇਵਾਲ ਦਾ ਇਲਾਜ ਕਰਨ ਤੋਂ ਅਸਮਰੱਥ ਹਨ ਤਾਂ ਉਨ੍ਹਾਂ ਨੂੰ ਦੱਸਿਆ ਜਾਵੇ, ਤਾਂ ਕਿ ਪ੍ਰਾਈਵੇਟ ਡਾਕਟਰਾਂ ਦਾ ਪ੍ਰਬੰਧ ਕੀਤਾ ਜਾ ਸਕੇ।



ਡਾਕਟਰਾਂ ਦੀ ਸਲਾਹ 'ਤੇ ਡੱਲੇਵਾਲ ਨੂੰ ਬੁੱਧਵਾਰ ਖੁੱਲ੍ਹੀ ਹਵਾ 'ਚ ਲਿਆਂਦਾ ਗਿਆ।

ਡੱਲੇਵਾਲ ਨੂੰ ਮਰਨ ਵਰਤ ਦੇ 58 ਦਿਨ ਪੁਰਾਣੇ ਕਮਰੇ 'ਚੋਂ ਬਾਹਰ ਕੱਢ ਕੇ ਕੁਝ ਦੇਰ ਲਈ ਧੁੱਪ ਵਿੱਚ ਬਿਠਾਇਆ ਗਿਆ। ਡਾਕਟਰਾਂ ਨੇ ਸਲਾਹ ਦਿੱਤੀ ਸੀ ਕਿ ਕਿਸਾਨ ਆਗੂ ਨੂੰ ਜਲਦੀ ਤੰਦਰੁਸਤ ਕਰਨ ਲਈ ਤਾਜ਼ਾ ਹਵਾ, ਰੌਸ਼ਨੀ ਅਤੇ ਧੁੱਪ ਦੀ ਲੋੜ ਹੈ। ਹੁਣ ਉਨ੍ਹਾ ਨੂੰ ਮੋਡੀਫਾਈ ਕੀਤੀ ਗਈ ਵਿਸ਼ੇਸ਼ ਟਰਾਲੀ ਵਿੱਚ ਰੱਖਿਆ ਜਾਵੇਗਾ। ਕਿਸਾਨ ਆਗੂਆਂ ਵੱਲੋਂ ਡਾਕਟਰਾਂ ਦੀ ਸਲਾਹ 'ਤੇ ਉਨ੍ਹਾ ਲਈ ਇੱਕ ਵਿਸ਼ੇਸ਼ ਕਮਰਾ ਵੀ ਤਿਆਰ ਕੀਤਾ ਜਾ ਰਿਹਾ ਹੈ। ਕੇਂਦਰ ਸਰਕਾਰ ਵੱਲੋਂ ਗੱਲਬਾਤ ਲਈ 14 ਫਰਵਰੀ ਦੀ ਮੀਟਿੰਗ ਦਾ ਸੱਦਾ ਮਿਲਣ ਤੋਂ ਬਾਅਦ ਡੱਲੇਵਾਲ ਨੇ ਭਾਵੇਂ 55ਵੇਂ ਦਿਨ ਟਰੀਟਮੈਂਟ ਲੈਣਾ ਤਾਂ ਸ਼ੁਰੂ ਕਰ ਦਿੱਤਾ ਸੀ, ਪਰ ਉਹ ਮੰਗਾਂ ਦੀ ਪੂਰਤੀ ਤੱਕ ਮਰਨ ਵਰਤ ਜਾਰੀ ਰੱਖਣ ਲਈ ਬਜ਼ਿੱਦ ਹਨ।

# 90 ਘੰਟੇ ਕੰਮ ਹਫ਼ਤੇ ਦੀ ਤਜਵੀਜ਼ ਖ਼ਿਲਾਫ਼ ਜ਼ੋਰਦਾਰ ਪ੍ਰਦਰਸ਼ਨ

**ਮੋਗਾ (ਇਕਬਾਲ ਸਿੰਘ ਖਹਿਰਾ)**

ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ 'ਬਨੇਗਾ' ਪ੍ਰਾਪਤੀ ਮੁਹਿੰਮ ਦੇ ਬੈਨਰ ਹੇਠ ਬੁੱਧਵਾਰ ਇਥੇ ਡਿਪਟੀ ਕਮਿਸ਼ਨਰ ਦਫਤਰ ਅੱਗੇ 90 ਘੰਟੇ ਕੰਮ ਹਫਤੇ ਦੀ ਤਜਵੀਜ਼ ਖਿਲਾਫ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਅਤੇ 6 ਘੰਟੇ ਦੀ ਕਾਨੂੰਨੀ ਕੰਮ ਦਿਹਾੜੀ ਦੀ ਪ੍ਰਾਪਤੀ ਲਈ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਦੇ ਪੰਜਾਬ ਦੀ ਪ੍ਰਧਾਨ ਕਰਮਵੀਰ ਬੱਧਨੀ ਅਤੇ ਪੰਜਾਬ ਦੇ ਸਾਬਕਾ ਸੂਬਾ ਸਕੱਤਰ ਕੁਲਦੀਪ ਭੋਲਾ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਜ਼ਿਲ੍ਹਾ ਸਕੱਤਰ ਸਵਰਾਜ ਖੋਸਾ ਨੇ ਕੀਤੀ। ਇਸ ਮੌਕੇ ਉਕਤ ਦੋਵਾਂ ਜਥੇਬੰਦੀਆਂ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਜਗਵਿੰਦਰ ਕਾਕਾ ਅਤੇ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਦੀਨਾ ਨੇ ਕਿਹਾ ਕਿ ਮੌਜੂਦਾ ਕੇਂਦਰ ਸਰਕਾਰ ਅਤੇ ਦੇਸ਼ ਦੇ ਪੂੰਜੀਪਤੀਆਂ ਵੱਲੋਂ 12 ਘੰਟੇ ਕਾਨੂੰਨੀ ਕੰਮ ਦਿਹਾੜੀ ਅਤੇ 90 ਘੰਟੇ ਦਾ ਹਫਤਾ ਨੀਤੀਆਂ ਲਾਗੂ ਕਰਨ ਦੀਆਂ ਤਜਵੀਜ਼ਾ ਲਿਆਂਦੀਆਂ ਜਾ ਰਹੀਆਂ ਹਨ, ਜਿਸ ਨਾਲ ਕਿਰਤੀਆਂ ਦੀ ਭਾਰੀ ਆਰਥਕ ਲੁੱਟ ਲਈ ਪੂੰਜੀਪਤੀਆਂ ਨੂੰ ਖੁੱਲ੍ਹੀ ਛੋਟ ਮਿਲ ਜਾਵੇਗੀ। ਇਸ ਤਜਵੀਜ਼ ਦੇ ਲਾਗੂ ਹੋਣ ਨਾਲ ਕੰਮ 'ਤੇ ਲੱਗੇ ਕਾਮਿਆਂ ਦਾ ਕੰਮ ਬੋਝ ਖਤਰਨਾਕ ਹੱਦ ਤੱਕ ਵਧ ਜਾਵੇਗਾ ਅਤੇ ਦੂਜੇ ਪਾਸੇ ਐਤਵਾਰ ਦੀ ਛੁੱਟੀ ਵੀ ਖ਼ਤਮ ਹੋ ਜਾਵੇਗੀ, ਜੋ ਕਿ ਦੇਸ਼ ਅਤੇ ਕਿਰਤੀਆਂ ਵਿਰੋਧੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਸਾਬਕਾ ਨੌਜਵਾਨ ਆਗੂ ਜਗਸੀਰ ਸਿੰਘ ਖੋਸਾ, ਐਪਸੋ ਆਗੂ ਇੰਜ. ਸਵਰਨ ਸਿੰਘ ਖੋਸਾ, ਡਾਕਟਰ ਇੰਦਰਵੀਰ ਗਿੱਲ, ਨੌਜਵਾਨ ਆਗੂ ਬੋਹੜ ਬੁੱਟਰ ਨੇ ਕਿਹਾ ਕਿ 'ਏ ਆਈ' ਭਾਵ ਆਰਟੀਫਿਸ਼ੀਅਲ ਇੰਟੈਲੀਜੈਂਸੀ ਦੇ ਦੌਰ ਵਿੱਚ ਪੈਦਵਾਰ ਅਤੇ ਸੇਵਾਵਾਂ ਦੇ ਖੇਤਰ ਵਿਚ ਏ ਆਈ ਮਸ਼ੀਨਾਂ ਨੇ ਚਮਤਕਾਰੀ ਤਬਦੀਲੀਆਂ ਲਿਆਂਦੀਆਂ ਹਨ ਕਿ ਸਾਲਾਂ ਵਾਲਾ ਕੰਮ ਕੁਝ ਕੁ ਦਿਨਾਂ ਵਿੱਚ ਹੋਣ ਲੱਗਿਆ ਹੈ। ਸਮਾਜ ਵਿਗਿਆਨ ਦੇ ਸਿਧਾਂਤ ਮੁਤਾਬਕ ਹੁਣ ਕੰਮ ਸਮਾਂ ਘੱਟ ਕਰਨ ਦੀ ਲੋੜ ਹੈ, ਤਾਂ ਕਿ ਬੇਰੁਜ਼ਗਾਰਾਂ ਨੂੰ ਕੰਮ ਦਿੱਤਾ ਜਾ ਸਕੇ। ਉਹਨਾਂ ਕਿਹਾ ਕਿ ਬਨੇਗਾ ਪ੍ਰਾਪਤੀ ਮੁਹਿੰਮ ਵੱਲੋਂ ਹਰ ਇੱਕ ਲਈ ਰੁਜ਼ਗਾਰ ਦੀ ਗਰੰਟੀ ਕਰਦੇ 'ਬਨੇਗਾ' ਭਾਵ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਨੂੰ ਪਾਰਲੀਮੈਂਟ ਵਿਚੋਂ ਪਾਸ ਕਰਵਾਉਣ ਅਤੇ 6 ਘੰਟੇ ਦੀ ਕਾਨੂੰਨੀ ਕੰਮ ਦਿਹਾੜੀ ਲਾਗੂ ਕਰਵਾਉਣ ਲਈ ਸੰਘਰਸ਼ ਕੀਤਾ ਜਾ ਰਿਹਾ ਹੈ, ਜੋ ਜਿੱਤ ਪ੍ਰਾਪਤੀ ਤੱਕ ਜਾਰੀ ਰਹੇਗਾ। ਅੰਤ ਵਿੱਚ ਨੌਜਵਾਨ ਵਿਦਿਆਰਥੀਆਂ ਨੇ ਮਨੁੱਖੀ ਕੜੀ ਬਣਾ ਕੇ ਇੱਕਜੁਟਤਾ ਦਾ ਪ੍ਰਗਟਾਵਾ ਕੀਤਾ।

ਉਕਤ ਆਗੂਆਂ ਕਿਹਾ ਕਿ ਬਨੇਗਾ ਪ੍ਰਾਪਤੀ ਮੁਹਿੰਮ ਵੱਲੋਂ ਇਹਨਾਂ ਮੰਗਾਂ ਦੀ ਪ੍ਰਾਪਤੀ ਲਈ ਪੰਜਾਬ ਦੇ ਜ਼ਿਲ੍ਹਾ ਹੈੱਡਕੁਆਟਰ 'ਤੇ ਡਿਪਟੀ ਕਮਿਸ਼ਨਰ ਦਫਤਰਾਂ ਅੱਗੇ ਮਹੀਨਾਵਾਰ ਬਨੇਗਾ ਪ੍ਰਦਰਸ਼ਨ ਕੀਤੇ ਜਾਇਆ ਕਰਨਗੇ, ਜਿਸ ਦੀ ਅੱਜ ਇਥੋਂ ਸ਼ੁਰੂਆਤ ਕੀਤੀ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਹਨਾਂ ਪ੍ਰਦਰਸ਼ਨਾਂ ਨੂੰ ਦੇਸ਼ ਪੱਧਰ ਤੱਕ ਵਿਸਥਾਰ ਦੇਣ ਦੇ ਯਤਨ ਵੀ ਕੀਤੇ ਜਾਣਗੇ।

ਪ੍ਰਦਰਸ਼ਨ ਨੂੰ ਹੋਰਨਾਂ ਤੋਂ ਇਲਾਵਾ ਬੋਹੜ ਸਿੰਘ ਬੁੱਟਰ, ਇਕਬਾਲ ਤਖਾਣਵੱਧ, ਰਾਜੂ ਮਹੇਸਰੀ, ਕੁਲਬੀਰ ਸਿੰਘ, ਜਬਰਜੰਗ ਸਿੰਘ, ਵੀਰਪਾਲ ਕੌਰ, ਸਵਰਾਜ ਸਿੰਘ ਢੁੱਡੀਕੇ, ਹਰਪ੍ਰੀਤ ਬਾਵਾ, ਕਮਲੇਸ਼ ਸਿੰਘ, ਸੁਰਿੰਦਰ ਦਾਤੇਵਾਲ, ਸਰਬਜੀਤ ਕੌਰ ਖੋਸਾ, ਬਿੰਦਰ ਕੌਰ ਘਲੋਟੀ ਤੇ ਪੂਜਾ ਖੋਸਾ ਨੇ ਵੀ ਸੰਬੋਧਨ ਕੀਤਾ।



# ਕੁਆਡ ਮੁਲਕਾਂ ਵੱਲੋਂ ਚੀਨ ਨੂੰ ਚੇਤਾਵਨੀ

**ਨਵੀਂ ਦਿੱਲੀ** : ਦੱਖਣੀ ਚੀਨ ਸਾਗਰ ਵਿੱਚ ਚੀਨ ਦੀਆਂ ਵਧਦੀਆਂ ਸਰਗਰਮੀਆਂ 'ਤੇ ਹਮਲਾਵਰ ਰੁਖ ਦਰਮਿਆਨ 'ਕੁਆਡ' ਮੁਲਕਾਂ ਦੇ ਵਿਦੇਸ਼ ਮੰਤਰੀਆਂ ਨੇ ਸਾਫ ਕਰ ਦਿੱਤਾ ਹੈ ਕਿ ਉਹ ਖਿੱਤੇ ਦੀ ਮੌਜੂਦਾ ਸਥਿਤੀ 'ਚ ਬਦਲਾਅ ਦੀ ਕਿਸੇ ਵੀ ਇਕਤਰਫਾ ਕੋਸ਼ਿਸ਼ ਦਾ ਜ਼ੋਰਦਾਰ ਢੰਗ ਨਾਲ ਵਿਰੋਧ ਕਰਨਗੇ। 'ਕੁਆਡ' ਵਿੱਚ ਸ਼ਾਮਲ ਚਾਰ ਮੁਲਕਾਂ ਭਾਰਤ, ਅਮਰੀਕਾ, ਜਾਪਾਨ ਤੇ ਆਸਟਰੇਲੀਆ ਨੇ ਕਿਹਾ ਕਿ ਉਹ ਕੌਮਾਂਤਰੀ ਕਾਨੂੰਨਾਂ ਨੂੰ ਕਾਇਮ ਰੱਖਣ ਲਈ ਵਚਨਬੱਧ ਹਨ। ਰਾਸ਼ਟਰਪਤੀ ਡੋਨਾਲਡ ਟਰੰਪ ਦੇ ਹਲਫਦਾਰੀ ਸਮਾਗਮ ਤੋਂ ਇਕ ਦਿਨ ਮਗਰੋਂ 'ਕੁਆਡ' ਦੇ ਵਿਦੇਸ਼ ਮੰਤਰੀਆਂ ਨੇ ਮੰਗਲਵਾਰ ਨੂੰ ਵਾਸ਼ਿੰਗਟਨ ਡੀ ਸੀ ਵਿੱਚ ਬੈਠਕ ਕੀਤੀ। ਬੈਠਕ ਵਿਚ ਅਮਰੀਕਾ ਦੇ ਨਵੇਂ ਵਿਦੇਸ਼ ਮੰਤਰੀ ਮਾਰਕੋ ਰੂਬੀਓ, ਭਾਰਤ ਦੇ ਐੱਸ ਜੈਸ਼ੰਕਰ, ਆਸਟਰੇਲੀਆ ਦੇ ਪੈਨੀ ਵੌਂਗ ਤੇ ਜਾਪਾਨ ਦੇ ਇਵਾਇਆ ਤਾਕੇਸ਼ੀ ਸ਼ਾਮਲ ਸਨ।

ਵਿਦੇਸ਼ ਮੰਤਰੀਆਂ ਨੇ ਚੀਨ ਨੂੰ ਇਹ ਸਪੱਸ਼ਟ ਸੰਦੇਸ਼ ਅਜਿਹੇ ਮੌਕੇ ਦਿੱਤਾ ਹੈ ਜਦੋਂ ਬੀਜਿੰਗ ਆਪਣੇ ਖੇਤਰੀ ਦਾਅਵਿਆਂ ਤੇ ਖੇਤਰੀ ਗਤੀਸ਼ੀਲਤਾ ਨੂੰ ਪ੍ਰਭਾਵਤ ਕਰਨ ਲਈ ਸਮੁੰਦਰ, ਖਾਸ ਤੌਰ 'ਤੇ ਦੱਖਣੀ ਚੀਨ ਸਾਗਰ 'ਚ ਜ਼ੋਰ ਜ਼ਬਰਦਸਤੀ ਵਾਲੀਆਂ ਜੁਗਤਾਂ ਦੀ ਵਰਤੋਂ ਕਰ ਰਿਹਾ ਹੈ। ਇਨ੍ਹਾਂ ਜੁਗਤਾਂ 'ਚ ਵਿਵਾਦਤ ਪਾਣੀਆਂ ਅੰਦਰ 'ਸਮੁੰਦਰੀ ਮਿਲੀਸ਼ੀਆ' ਜ਼ਰੀਏ ਦੂਜੇ ਦੇਸ਼ਾਂ ਦੀਆਂ ਮੱਛੀਆਂ ਫੜਨ ਵਾਲੀਆਂ ਕਿਸ਼ਤੀਆਂ ਅਤੇ ਤੱਟ ਰੱਖਿਅਕ ਜਹਾਜ਼ਾਂ ਨੂੰ ਡਰਾਉਣਾ ਅਤੇ ਪ੍ਰੇਸ਼ਾਨ ਕਰਨਾ ਸ਼ਾਮਲ ਹੈ।

ਅਮਰੀਕੀ ਵਿਦੇਸ਼ ਵਿਭਾਗ ਵੱਲੋਂ ਜਾਰੀ ਸਾਂਝੇ ਬਿਆਨ ਵਿੱਚ ਚਾਰ ਮੁਲਕਾਂ ਵੱਲੋਂ 'ਕੁਆਡ' ਨੂੰ ਅੱਗੇ ਲਿਜਾਣ ਦੀ ਯੋਜਨਾ ਬਾਰੇ ਦੱਸਿਆ ਗਿਆ।

ਬਿਆਨ ਵਿਚ ਕਿਹਾ ਗਿਆ—ਸਾਡੇ ਚਾਰ ਦੇਸ਼ਾਂ ਦਾ ਇੱਕ ਦੂਜੇ 'ਤੇ ਵਿਸ਼ਵਾਸ ਸਾਗਰੀ ਖੇਤਰ ਸਮੇਤ ਸਾਰੇ ਖੇਤਰਾਂ 'ਚ ਕੌਮਾਂਤਰੀ ਕਾਨੂੰਨ, ਆਰਥਿਕ ਮੌਕੇ, ਸ਼ਾਂਤੀ, ਸਥਿਰਤਾ ਅਤੇ ਸੁਰੱਖਿਆ ਸਣੇ ਹਿੰਦ ਪ੍ਰਸ਼ਾਂਤ ਦੇ ਲੋਕਾਂ ਦੇ ਵਿਕਾਸ ਅਤੇ ਖੁਸ਼ਹਾਲੀ ਨੂੰ ਦਰਸਾਉਂਦਾ ਹੈ। ਚੀਨ ਦੇ ਹਵਾਲੇ ਨਾਲ ਬਿਆਨ 'ਚ ਕਿਹਾ ਗਿਆ—ਅਸੀਂ ਕਿਸੇ ਵੀ ਇੱਕਪਾਸੜ ਕਾਰਵਾਈ, ਜੋ ਤਾਕਤ ਜਾਂ ਜ਼ੋਰ ਜ਼ਬਰਦਸਤੀ ਨਾਲ ਮੌਜੂਦਾ ਸਥਿਤੀ ਨੂੰ ਬਦਲਣ ਦੀ ਕੋਸ਼ਿਸ਼ ਕਰਦੀ ਹੈ, ਦਾ ਵਿਰੋਧ ਕਰਦੇ ਹਾਂ। ਅਸੀਂ ਇੱਕ ਆਜ਼ਾਦ ਅਤੇ ਮੋਕਲੇ ਹਿੰਦ-ਪ੍ਰਸ਼ਾਂਤ ਨੂੰ ਮਜ਼ਬੂਤ ਕਰਨ ਲਈ ਆਪਣੀ ਸਾਂਝੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹਾਂ, ਜਿੱਥੇ ਕਾਨੂੰਨ ਦੇ ਸ਼ਾਸਨ, ਜਮਹੂਰੀ ਕਦਰਾਂ-ਕੀਮਤਾਂ, ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਨੂੰ ਬਰਕਰਾਰ ਰੱਖਿਆ ਜਾਂਦਾ ਹੈ।

'ਕੁਆਡ' ਵਿਦੇਸ਼ ਮੰਤਰੀਆਂ ਨੇ ਕਿਹਾ ਕਿ ਉਹ ਵਧ ਰਹੇ ਖਤਰਿਆਂ ਦੇ ਮੱਦੇਨਜ਼ਰ ਖੇਤਰੀ ਸਾਗਰੀ, ਆਰਥਿਕ ਅਤੇ ਤਕਨਾਲੋਜੀ ਸੁਰੱਖਿਆ ਨੂੰ ਮਜ਼ਬੂਤ ਕਰਨ ਦੇ ਨਾਲ ਭਰੋਸੇਮੰਦ ਤੇ ਲਚਕੀਲੀ ਸਪਲਾਈ ਚੇਨ ਨੂੰ ਉਤਸ਼ਾਹਤ ਕਰਨ ਲਈ ਵਚਨਬੱਧ ਹਨ। ਉਨ੍ਹਾਂ ਕਿਹਾ—ਅਸੀਂ ਆਉਣ ਵਾਲੇ ਮਹੀਨਿਆਂ 'ਚ 'ਕੁਆਡ' ਦੇ ਕੰਮ ਨੂੰ ਅੱਗੇ ਵਧਾਉਣ ਦੀ ਉਮੀਦ ਰੱਖਦੇ ਹਾਂ ਅਤੇ ਭਾਰਤ ਦੁਆਰਾ ਮੇਜ਼ਬਾਨੀ ਕੀਤੇ ਜਾਣ ਵਾਲੇ ਅਗਲੇ 'ਕੁਆਡ' ਆਗੂਆਂ ਦੇ ਸੰਮੇਲਨ ਦੀ ਤਿਆਰੀ ਕਰਦੇ ਹੋਏ ਨਿਯਮਤ ਤੌਰ 'ਤੇ ਮਿਲਾਂਗੇ।

## ਬਾਈਕ ਦਰੱਖਤ ਨਾਲ ਟਕਰਾਉਣ ਨਾਲ 2 ਨੌਜਵਾਨਾਂ ਦੀ ਮੌਤ

**ਕਪੂਰਥਲਾ** : ਮੋਟਰਸਾਈਕਲ ਦਰੱਖਤ ਨਾਲ ਟਕਰਾਉਣ ਕਾਰਨ ਦੋ ਨੌਜਵਾਨਾਂ ਦੀ ਮੌਤ ਹੋ ਗਈ, ਜਦਕਿ ਇੱਕ ਜ਼ਖਮੀ ਹੋ ਗਿਆ। ਪੁਲਸ ਅਧਿਕਾਰੀ ਨੇ ਦੱਸਿਆ ਕਿ ਇਹ ਹਾਦਸਾ ਮੰਗਲਵਾਰ ਰਾਤ ਨੂੰ ਰਾਮਗੜ੍ਹ ਪਿੰਡ ਨੇੜੇ ਵਾਪਰਿਆ, ਜਦੋਂ ਤਿੰਨ ਦੋਸਤ, ਜਿਨ੍ਹਾਂ ਦੀ ਉਮਰ 20 ਸਾਲ ਹੈ, ਮੋਟਰਸਾਈਕਲ 'ਤੇ ਜਾ ਰਹੇ ਸਨ। ਹਾਦਸੇ 'ਚ ਪ੍ਰਭਦੀਪ ਸਿੰਘ ਅਤੇ ਜਸ਼ਨਪ੍ਰੀਤ ਸਿੰਘ ਦੀ ਮੌਤ ਹੋ ਗਈ, ਜਦੋਂ ਕਿ ਉਨ੍ਹਾਂ ਦਾ ਦੋਸਤ ਜਲੰਧਰ ਦੇ ਹਸਪਤਾਲ 'ਚ ਜ਼ੇਰੇ ਇਲਾਜ ਹੈ। ਇਹ ਤਿੰਨੇ ਨੌਜਵਾਨ ਭੁਲੱਥ ਦੇ ਪਿੰਡ ਮਹਿਮਦਪੁਰ ਦੇ ਸਨ।

## ਖਾਲਿਦਾ 10 ਸਾਲ ਪੁਰਾਣੇ ਕੇਸ 'ਚ ਬਰੀ

**ਢਾਕਾ** : ਬੰਗਲਾਦੇਸ਼ ਦੀ ਅਦਾਲਤ ਨੇ ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ ਦੀ ਚੇਅਰਪਰਸਨ ਅਤੇ ਸਾਬਕਾ ਪ੍ਰਧਾਨ ਮੰਤਰੀ ਖਾਲਿਦਾ ਜ਼ਿਆ ਨੂੰ 10 ਸਾਲ ਪਹਿਲਾਂ ਦੱਖਣ-ਪੂਰਬੀ ਕੁਮਿਲਾ ਜ਼ਿਲ੍ਹੇ 'ਚ ਦਾਇਰ ਸਾਬੋਤਾਜ (ਤੋੜਫੋੜ) ਮਾਮਲੇ 'ਚ ਬਰੀ ਕਰ ਦਿੱਤਾ ਹੈ। ਐਡੀਸ਼ਨਲ ਜ਼ਿਲ੍ਹਾ ਤੇ ਸੈਸ਼ਨ ਜੱਜ ਅਫਰੋਜ਼ਾ ਜੈਸਮੀਨ ਨੇ ਹੁਕਮ ਸੁਣਾਇਆ ਕਿ 79 ਸਾਲਾ ਜ਼ਿਆ, ਜੋ ਲੰਡਨ 'ਚ ਜ਼ੇਰੇ ਇਲਾਜ ਹੈ, ਖਿਲਾਫ ਕੋਈ ਸਬੂਤ ਨਹੀਂ। ਅਦਾਲਤ ਨੇ ਕਿਹਾ ਕਿ ਇਹ ਕੇਸ ਸਿਆਸੀ ਆਧਾਰ ਉੱਤੇ ਅਤੇ ਤੰਗ-ਪ੍ਰੇਸ਼ਾਨ ਲਈ ਦਰਜ ਕੀਤਾ ਗਿਆ ਸੀ। ਜ਼ਿਆ ਸਣੇ 32 ਲੋਕਾਂ ਖਿਲਾਫ ਵਿਸ਼ੇਸ਼ ਅਧਿਕਾਰ ਕਾਨੂੰਨ 1974 ਤਹਿਤ 25 ਜਨਵਰੀ 2015 ਨੂੰ ਹੜਤਾਲ ਦੌਰਾਨ ਇੱਕ ਕਵਰਡ ਵੈਨ ਨੂੰ ਨੁਕਸਾਨ ਪਹੁੰਚਾਉਣ ਅਤੇ ਅੱਗ ਲਾਉਣ ਦੇ ਮਾਮਲੇ 'ਚ ਕੁਮਿਲਾ ਦੇ ਚੌਦਗਰਾਮ ਥਾਣੇ 'ਚ ਕੇਸ ਦਰਜ ਕੀਤਾ ਗਿਆ ਸੀ।

## ਰਾਜੌਰੀ ਦਾ ਪਿੰਡ ਬੱਦਲ ਸੀਲ

**ਰਾਜੌਰੀ** : ਜੰਮੂ-ਕਸ਼ਮੀਰ ਦੇ ਰਾਜੌਰੀ ਜ਼ਿਲ੍ਹੇ ਦੇ ਪਿੰਡ ਬੱਦਲ ਨੂੰ ਕੰਟੇਨਮੈਂਟ ਜ਼ੋਨ ਐਲਾਨ ਦਿੱਤਾ ਗਿਆ ਹੈ ਤੇ ਇਸ ਦੌਰਾਨ ਪਿੰਡ ਵਿੱਚ ਕਿਸੇ ਵੀ ਜਨਤਕ ਤੇ ਨਿੱਜੀ ਇਕੱਠ 'ਤੇ ਮੁਕੰਮਲ ਰੋਕ ਰਹੇਗੀ। ਪਿੰਡ ਦੇ ਤਿੰਨ ਪਰਵਾਰਾਂ ਦੇ 17 ਜੀਆਂ ਦੀ ਪਿਛਲੇ ਦਿਨਾਂ ਵਿੱਚ ਰਹੱਸਮਈ ਢੰਗ ਨਾਲ ਮੌਤ ਹੋ ਗਈ ਸੀ। ਅਧਿਕਾਰੀਆਂ ਮੁਤਾਬਕ ਪਿੰਡ ਦੇ ਹੀ ਇਕ ਹੋਰ ਨੌਜਵਾਨ ਨੂੰ ਲੰਘੇ ਦਿਨ ਗੰਭੀਰ ਹਾਲਤ ਵਿੱਚ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਪਿੰਡ ਦੀਆਂ ਸਰਹੱਦਾਂ ਸੀਲ ਕਰ ਦਿੱਤੀਆਂ ਗਈਆਂ ਹਨ। ਐਡੀਸ਼ਨਲ ਡੀ ਸੀ ਰਾਜੀਵ ਕੁਮਾਰ ਖਜੂਰੀਆ ਵੱਲੋਂ ਜਾਰੀ ਹੁਕਮਾਂ ਮੁਤਾਬਕ ਪਿੰਡ ਨੂੰ ਤਿੰਨ ਕੰਟੋਨਮੈਂਟ ਜ਼ੋਨਾਂ ਵਿਚ ਵੰਡਿਆ ਗਿਆ ਹੈ।

# ਅਕਾਲੀ ਦਲ ਤੇ ਸੁਖਬੀਰ ਖਿਲਾਫ ਕਾਰਵਾਈ ਲਈ ਅਕਾਲ ਤਖਤ ਕੋਲ ਪਹੁੰਚ

**ਅੰਮ੍ਰਿਤਸਰ** : ਸ਼੍ਰੋਮਣੀ ਅਕਾਲੀ ਦਲ ਦੇ ਨਰਾਜ਼ ਧੜੇ ਨਾਲ ਸੰਬੰਧਤ ਕੁਝ ਸ਼੍ਰੋਮਣੀ ਕਮੇਟੀ ਮੈਂਬਰਾਂ ਅਤੇ ਸਾਬਕਾ ਮੈਂਬਰਾਂ ਨੇ ਬੁੱਧਵਾਰ ਸ੍ਰੀ ਅਕਾਲ ਤਖਤ ਦੇ ਸਕੱਤਰੇਤ ਵਿਖੇ ਜਥੇਦਾਰ ਗਿਆਨੀ ਰਘਬੀਰ ਸਿੰਘ ਦੇ ਨਾਂਅ ਇੱਕ ਪੱਤਰ ਦੇ ਕੇ ਸ਼੍ਰੋਮਣੀ ਅਕਾਲੀ ਦਲ 'ਤੇ ਕਾਬਜ਼ ਧੜੇ ਦੇ ਖਿਲਾਫ ਗੰਭੀਰ ਦੋਸ਼ ਲਾਏ ਹਨ ਅਤੇ ਕਾਰਵਾਈ ਦੀ ਅਪੀਲ ਕੀਤੀ ਹੈ। ਇਹ ਪੱਤਰ ਦੇਣ ਵਾਲਿਆਂ 'ਚ ਸ਼੍ਰੋਮਣੀ ਕਮੇਟੀ ਮੈਂਬਰ ਜਸਵੰਤ ਸਿੰਘ ਪੁੜੈਣ, ਰਾਮਪਾਲ ਸਿੰਘ ਬਹਿਣੀਵਾਲ, ਬੀਬੀ ਕਿਰਨਜੋਤ ਕੌਰ, ਪਰਮਜੀਤ ਸਿੰਘ ਰਾਏਪੁਰ, ਜਥੇਦਾਰ ਹਰਦੇਵ ਸਿੰਘ, ਤੇਜਾ ਸਿੰਘ, ਸਾਬਕਾ ਮੈਂਬਰ ਹਰਬੰਸ ਸਿੰਘ ਮੰਝਪੁਰ ਤੇ ਹੋਰ ਸ਼ਾਮਲ ਹਨ। ਇਨ੍ਹਾਂ ਨੇ ਮੀਡੀਆ ਨਾਲ ਗੱਲ ਕਰਦਿਆਂ ਦੋਸ਼ ਲਾਇਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸੁਖਬੀਰ ਸਿੰਘ ਬਾਦਲ ਨੇ 2 ਦਸੰਬਰ ਨੂੰ ਸ੍ਰੀ ਅਕਾਲ ਤਖਤ ਦੇ ਸਨਮੁਖ ਆਪਣੇ ਦੋਸ਼ ਕਬੂਲੇ ਸਨ ਅਤੇ ਇਸ ਦੀ ਤਨਖਾਹ ਵੀ ਲਵਾਈ ਸੀ, ਪਰ ਹੁਣ ਉਹ ਲੋਕਾਂ 'ਚ ਇਹ ਆਖ ਰਹੇ ਹਨ ਕਿ ਉਨ੍ਹਾ ਦਾ ਕੋਈ ਦੋਸ਼ ਨਹੀਂ ਹੈ, ਉਨ੍ਹਾ ਉਂਜ ਹੀ ਸਾਰੇ ਗੁਨਾਹ ਆਪਣੇ ਸਿਰ ਲੈ ਲਏ ਸਨ। ਇਹ ਕੋਝਾ ਮਜ਼ਾਕ ਹੈ ਅਤੇ ਇਸ ਦਾ ਨੋਟਿਸ ਲਿਆ ਜਾਣਾ ਚਾਹੀਦਾ ਹੈ। ਉਨ੍ਹਾਂ ਦੂਜਾ ਮਾਮਲਾ ਸ੍ਰੀ ਅਕਾਲ ਤਖਤ ਵੱਲੋਂ ਭਰਤੀ ਸੰਬੰਧੀ ਬਣਾਈ ਗਈ ਸੱਤ ਮੈਂਬਰੀ ਕਮੇਟੀ ਨੂੰ ਅਣਦੇਖਿਆਂ ਕਰਨਾ ਅਤੇ ਹੁਕਮਾਂ ਦੀ ਉਲੰਘਣਾ ਕਰਨ ਦਾ ਰੱਖਿਆ ਹੈ । ਤੀਜੇ ਮਾਮਲੇ 'ਚ ਉਨ੍ਹਾਂ ਦੋਸ਼ ਲਾਇਆ ਕਿ ਸ੍ਰੀ ਅਕਾਲ ਤਖਤ ਵੱਲੋਂ ਪ੍ਰਕਾਸ਼ ਸਿੰਘ ਬਾਦਲ ਕੋਲੋਂ ਫਖਰ-ਏ-ਕੌਮ ਵਾਪਸ ਲੈ ਲਿਆ ਗਿਆ ਸੀ, ਪਰ ਹੁਣ ਅਕਾਲੀ ਆਗੂ ਲੋਕਾਂ ਕੋਲੋਂ ਹੱਥ ਖੜ੍ਹੇ ਕਰਵਾ ਕੇ ਇਸ ਮਾਮਲੇ ਨੂੰ ਮੁੜ ਵਿਚਾਰ ਕਰਨ ਦੀ ਅਪੀਲ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਗਲਤੀਆਂ ਲਈ ਸ੍ਰੀ ਅਕਾਲ ਅਕਾਲ ਤਖਤ ਤੋਂ ਸੁਖਬੀਰ ਸਿੰਘ ਬਾਦਲ ਤੇ ਹੋਰਨਾਂ ਖਿਲਾਫ ਕਾਰਵਾਈ ਹੋਣੀ ਚਾਹੀਦੀ ਹੈ।



# ਪਰਵੇਸ਼ ਵਰਮਾ ਨੇ ਪੰਜਾਬੀਆਂ ਪ੍ਰਤੀ ਆਪਣੀ ਮਾਨਸਿਕਤਾ ਦਾ ਸਬੂਤ ਦਿੱਤਾ : ਕੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**

'ਆਪ' ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਕਿਹਾ ਹੈ ਕਿ ਭਾਜਪਾ ਆਗੂ ਪਰਵੇਸ਼ ਵਰਮਾ ਦੀ 'ਪੰਜਾਬ ਦੀ ਰਜਿਸਟਰੇਸ਼ਨ ਵਾਲੇ ਵਾਹਨਾਂ' ਦੇ ਦਿੱਲੀ ਦਾਖਲੇ ਬਾਰੇ ਟਿੱਪਣੀ ਤੋਂ ਭਾਜਪਾ ਦੀ ਪੰਜਾਬੀਆਂ ਪ੍ਰਤੀ ਮਾਨਸਿਕਤਾ ਝਲਕਦੀ ਹੈ। ਕੰਗ ਨੇ ਕਿਹਾ ਕਿ ਵਰਮਾ ਨੂੰ ਪੰਜਾਬ ਦੇ ਲੋਕਾਂ ਦਾ ਨਿਰਾਦਰ ਕਰਨ ਬਦਲੇ ਮੁਆਫੀ ਮੰਗਣੀ ਚਾਹੀਦੀ ਹੈ। ਵਰਮਾ ਨੇ ਮੰਗਲਵਾਰ ਨੂੰ ਕਿਹਾ ਸੀ ਕਿ ਪੰਜਾਬ ਦੀ ਰਜਿਸਟਰੇਸ਼ਨ ਨੰਬਰ ਵਾਲੇ ਹਜ਼ਾਰਾਂ ਵਾਹਨ ਦਿੱਲੀ ਵਿਚ ਇਧਰ-ਉਧਰ ਘੁੰਮੀ ਫਿਰਦੇ ਹਨ। ਇਨ੍ਹਾਂ ਵਾਹਨਾਂ ਵਿੱਚ ਕੌਣ ਲੋਕ ਹਨ? ਦਿੱਲੀ ਵਿੱਚ ਗਣਤੰਤਰ ਦਿਵਸ ਦੀਆਂ ਤਿਆਰੀਆਂ ਚੱਲ ਰਹੀਆਂ ਹਨ। ਉਹ ਇੱਥੇ ਕੀ ਵੱਡਾ ਕਰਨਗੇ, ਜਿਸ ਨਾਲ ਸਾਡੇ ਸੁਰੱਖਿਆ ਪ੍ਰਬੰਧ ਲਈ ਜੋਖਮ ਖੜ੍ਹਾ ਹੋ ਸਕਦਾ ਹੈ।

ਕੰਗ ਨੇ ਕਿਹਾ ਕਿ ਕੀ ਪੰਜਾਬੀ ਦਹਿਸ਼ਤਗਰਦ ਹਨ? ਵਰਮਾ ਨੂੰ ਮੁਆਫੀ ਮੰਗਣੀ ਚਾਹੀਦੀ ਹੈ। ਭਾਜਪਾ ਵਰਮਾ ਖਿਲਾਫ ਕਾਰਵਾਈ ਕਰੇ। ਉਨ੍ਹਾ ਭਾਜਪਾ ਆਗੂ ਮਨਜਿੰਦਰ ਸਿੰਘ ਸਿਰਸਾ ਨੂੰ ਸਵਾਲ ਕੀਤਾ ਕਿ ਕੀ ਉਹ ਵਰਮਾ ਦੇ ਉਪਰੋਕਤ ਬਿਆਨ ਨਾਲ ਸਹਿਮਤ ਹਨ। ਉਨ੍ਹਾ ਕਿਹਾ ਕਿ ਦਿੱਲੀ ਦੇਸ਼ ਦੀ ਰਾਜਧਾਨੀ ਹੈ। ਇੱਥੇ ਹਰ ਸੂਬੇ ਤੋਂ ਲੋਕ ਆਉਂਦੇ ਹਨ। ਇੱਥੇ ਹਰ ਸੂਬੇ ਦੀਆਂ ਨੰਬਰਾਂ ਵਾਲੀਆਂ ਗੱਡੀਆਂ ਚੱਲਦੀਆਂ ਹਨ। ਕਿਸੇ ਵੀ ਸੂਬੇ ਦੇ ਨੰਬਰ ਵਾਲੀ ਗੱਡੀ ਦੇਸ਼ ਦੇ ਕਿਸੇ ਵੀ ਹਿੱਸੇ 'ਚ ਜਾ ਸਕਦੀ ਹੈ, ਇਸ 'ਤੇ ਕੋਈ ਪਾਬੰਦੀ ਨਹੀਂ ਹੈ।



# ਰੂਬੀਓ ਨੇ ਜੈਸ਼ੰਕਰ ਕੋਲ ਗੈਰਕਾਨੂੰਨੀ ਪ੍ਰਵਾਸ ਦਾ ਮੁੱਦਾ ਉਠਾਇਆ

**ਵਾਸ਼ਿੰਗਟਨ** : ਅਮਰੀਕਾ ਦੇ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਭਾਰਤ ਦੇ ਆਪਣੇ ਹਮਰੁਤਬਾ ਐੱਸ ਜੈਸ਼ੰਕਰ ਨਾਲ ਦੁਵੱਲੀ ਬੈਠਕ 'ਚ ਕਿਹਾ ਕਿ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਪ੍ਰਸ਼ਾਸਨ ਭਾਰਤ ਨਾਲ ਆਰਥਿਕ ਸੰਬੰਧਾਂ ਨੂੰ ਅੱਗੇ ਵਧਾਉਣ ਦਾ ਚਾਹਵਾਨ ਹੈ, ਪਰ ਨਾਲ ਹੀ ਗੈਰਕਾਨੂੰਨੀ ਇਮੀਗ੍ਰੇਸ਼ਨ ਨਾਲ ਜੁੜੇ ਮੁੱਦਿਆਂ ਦਾ ਹੱਲ ਕੱਢਣਾ ਚਾਹੁੰਦਾ ਹੈ।

ਰੂਬੀਓ (53) ਨੇ ਸਭ ਤੋਂ ਪਹਿਲਾਂ ਭਾਰਤ ਦੇ ਵਿਦੇਸ਼ ਮੰਤਰੀ ਨਾਲ ਪਹਿਲੀ ਦੁਵੱਲੀ ਮੀਟਿੰਗ ਕਰਨ ਨੂੰ ਤਰਜੀਹ ਦਿੱਤੀ, ਜਿਸ ਨਾਲ ਇਹ ਸੁਨੇਹਾ ਗਿਆ ਕਿ ਟਰੰਪ ਪ੍ਰਸ਼ਾਸਨ ਭਾਰਤ ਨਾਲ ਰਿਸ਼ਤਿਆਂ ਨੂੰ ਮਜ਼ਬੂਤ ਕਰਨ ਨੂੰ ਕਾਫੀ ਅਹਿਮੀਅਤ ਦੇ ਰਿਹਾ ਹੈ।

ਰੂਬੀਓ ਨੇ 'ਕੁਆਡ' ਦੇ ਵਿਦੇਸ਼ ਮੰਤਰੀਆਂ ਦੀ ਬੈਠਕ ਤੋਂ ਫੌਰੀ ਮਗਰੋਂ ਵਿਦੇਸ਼ ਮੰਤਰਾਲੇ ਦੇ 'ਫੌਗੀ ਬੌਟਮ' ਹੈੱਡਕੁਆਰਟਰ ਵਿੱਚ ਜੈਸ਼ੰਕਰ ਨਾਲ ਬੈਠਕ ਕੀਤੀ। ਵਿਦੇਸ਼ੀ ਮੰਤਰਾਲੇ ਦੀ ਤਰਜਮਾਨ ਟੈਮੀ ਬਰੂਸ ਨੇ ਇਕ ਬਿਆਨ ਵਿਚ ਕਿਹਾ—ਰੂਬੀਓ ਨੇ ਭਾਰਤ ਨਾਲ ਆਰਥਕ ਰਿਸ਼ਤਿਆਂ ਨੂੰ ਅੱਗੇ ਵਧਾਉਣ ਤੇ ਗੈਰਕਾਨੂੰਨੀ ਪਰਵਾਸ ਨਾਲ ਜੁੜੇ ਮੁੱਦੇ ਹੱਲ ਕਰਨ ਦੀ ਟਰੰਪ ਪ੍ਰਸ਼ਾਸਨ ਦੀ ਇੱਛਾ 'ਤੇ ਜ਼ੋਰ ਦਿੱਤਾ ਹੈ। ਦੋਵਾਂ ਆਗੂਆਂ ਨੇ ਅਮਰੀਕਾ-ਭਾਰਤ ਰਿਸ਼ਤਿਆਂ ਨੂੰ ਮਜ਼ਬੂਤ ਕਰਨ ਦੇ ਨਾਲ ਉੱਭਰਦੀਆਂ ਤਕਨੀਕਾਂ, ਰੱਖਿਆ ਸਹਿਯੋਗ, ਊਰਜਾ ਅਤੇ ਖੁੱਲ੍ਹੇ ਤੇ ਆਜ਼ਾਦ ਹਿੰਦ ਪ੍ਰਸ਼ਾਂਤ ਖਿੱਤੇ ਨੂੰ ਅੱਗੇ ਵਧਾਉਣ ਸਣੇ ਵੱਖ-ਵੱਖ ਮਸਲਿਆਂ 'ਤੇ ਚਰਚਾ ਕੀਤੀ।

ਉਧਰ ਜੈਸ਼ੰਕਰ ਨੇ ਕਿਹਾ—ਬੈਠਕ ਦੌਰਾਨ ਵਿਆਪਕ ਦੁਵੱਲੀ ਭਾਈਵਾਲੀ ਦੀ ਸਮੀਖਿਆ ਕੀਤੀ ਗਈ, ਜਿਸ ਦੇ ਰੂਬੀਓ ਮਜ਼ਬੂਤ ਸਮੱਰਥਕ ਰਹੇ ਹਨ। ਵੱਖ-ਵੱਖ ਖੇਤਰੀ ਅਤੇ ਆਲਮੀ ਮੁੱਦਿਆਂ 'ਤੇ ਵੀ ਵਿਚਾਰ ਸਾਂਝੇ ਕੀਤੇ। ਦੋਵਾਂ ਦੇਸ਼ਾਂ ਵਿਚਾਲੇ ਰਣਨੀਤਕ ਸਹਿਯੋਗ ਨੂੰ ਅੱਗੇ ਵਧਾਉਣ ਲਈ ਉਨ੍ਹਾ ਨਾਲ ਮਿਲ ਕੇ ਕੰਮ ਕਰਨ ਦੀ ਉਮੀਦ ਹੈ।

## ਵਰਮਾ ਵੱਲੋਂ ਕੇਜਰੀਵਾਲ ਤੇ ਮਾਨ 'ਤੇ 100 ਕਰੋੜ ਦਾ ਕੇਸ

**ਨਵੀਂ ਦਿੱਲੀ** : ਭਾਜਪਾ ਦੇ ਸੰਸਦ ਮੈਂਬਰ ਪਰਵੇਸ਼ ਵਰਮਾ ਨੇ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ 'ਤੇ 100 ਕਰੋੜ ਰੁਪਏ ਦਾ ਮਾਣਹਾਨੀ ਦਾ ਕੇਸ ਦਾਇਰ ਕਰਨ ਦਾ ਦਾਅਵਾ ਕੀਤਾ ਹੈ। ਵਰਮਾ ਨੇ ਕਿਹਾ ਕਿ ਜੇ ਉਹ ਕੇਸ ਜਿੱਤ ਜਾਂਦੇ ਹਨ ਤਾਂ ਉਹ ਆਪਣੇ ਨਵੀਂ ਦਿੱਲੀ ਹਲਕੇ 'ਚ ਵਿਕਾਸ ਕਾਰਜਾਂ ਲਈ ਖਰਚਣਗੇ, ਜਿੱਥੋਂ ਉਹ ਕੇਜਰੀਵਾਲ ਵਿਰੁੱਧ 5 ਫਰਵਰੀ ਨੂੰ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲੜ ਰਹੇ ਹਨ। ਵਰਮਾ ਵੱਲੋਂ ਪੰਜਾਬੀਆਂ ਨੂੰ ਦੇਸ਼ ਲਈ ਖਤਰਾ ਦੱਸਣ ਦੇ ਕੇਜਰੀਵਾਲ ਦੇ ਦੋਸ਼ 'ਤੇ ਭਾਜਪਾ ਆਗੂ ਨੇ ਕਿਹਾ—ਮੈਨੂੰ ਇਹ ਦੱਸਣ ਦੀ ਲੋੜ ਨਹੀਂ ਕਿ ਮੈਂ ਅਤੇ ਮੇਰੇ ਪਰਵਾਰ ਨੇ ਸਿੱਖ ਭਾਈਚਾਰੇ ਲਈ ਕੀ ਕੀਤਾ ਹੈ। ਵਰਮਾ ਨੇ ਦੋਸ਼ ਲਾਇਆ ਕਿ ਹਾਲ ਹੀ ਦੇ ਦਿਨਾਂ 'ਚ ਆਪ ਦੇ ਪ੍ਰਚਾਰ ਲਈ ਪੰਜਾਬ ਤੋਂ ਹਜ਼ਾਰਾਂ ਕਾਰਾਂ 'ਆਪ' ਦੇ ਮੰਤਰੀਆਂ, ਵਿਧਾਇਕਾਂ ਅਤੇ ਇੱਥੋਂ ਤੱਕ ਕਿ ਮੁੱਖ ਮੰਤਰੀ ਮਾਨ ਨੂੰ ਲੈ ਕੇ ਦਿੱਲੀ 'ਚ ਦਾਖਲ ਹੋਈਆਂ ਹਨ। ਉਨ੍ਹਾਂ ਦੇ ਪ੍ਰਚਾਰ ਨਾਲ ਕੋਈ ਸਮੱਸਿਆ ਨਹੀਂ ਹੈ, ਪਰ ਉਹ ਚੀਨੀ ਕੰਪਨੀਆਂ ਦੇ ਸੀ ਸੀ ਟੀ ਵੀ ਕੈਮਰੇ, ਸ਼ਰਾਬ ਅਤੇ ਪੈਸੇ ਵੰਡ ਕੇ ਵੋਟਰਾਂ ਨੂੰ ਪ੍ਰਭਾਵਤ ਕਰ ਰਹੇ ਹਨ। ਉਨ੍ਹਾ ਪੁਲਸ ਅਤੇ ਚੋਣ ਕਮਿਸ਼ਨ ਕੋਲ ਸ਼ਿਕਾਇਤਾਂ ਦਰਜ ਕਰਵਾਈਆਂ ਹਨ।

# ਕੇਜਰੀਵਾਲ ਦਾ ਮੱਧ ਵਰਗ ਲਈ ਸੱਤ ਨੁਕਾਤੀ ਚਾਰਟਰ

**ਨਵੀਂ ਦਿੱਲੀ** : 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਦੇਸ਼ ਦੇ ਮੱਧ ਵਰਗ ਲਈ ਸੱਤ ਨੁਕਤਿਆਂ ਵਾਲਾ 'ਮੈਨੀਫੈਸਟੋ' ਜਾਰੀ ਕਰਦਿਆਂ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਨੇ ਮੱਧ ਵਰਗ ਨੂੰ ਨਜ਼ਰਅੰਦਾਜ਼ ਕੀਤਾ ਤੇ ਇਹ ਵਰਗ 'ਟੈਕਸ ਦਹਿਸ਼ਤਗਰਦੀ' ਦਾ ਸ਼ਿਕਾਰ ਹੈ। ਕੇਜਰੀਵਾਲ ਨੇ ਇੱਕ ਵੀਡੀਓ ਸੁਨੇਹੇ ਵਿਚ ਕਿਹਾ ਕਿ ਮੱਧ ਵਰਗ ਭਾਰਤੀ ਅਰਥਚਾਰੇ ਦੀ ਅਸਲ ਸੁਪਰਪਾਵਰ ਹੈ, ਪਰ ਇਸ ਵਰਗ ਨੂੰ ਨਜ਼ਰਅੰਦਾਜ਼ ਕੀਤਾ ਗਿਆ ਤੇ ਮਹਿਜ਼ ਟੈਕਸਾਂ ਦੀ ਉਗਰਾਹੀ ਲਈ ਇਨ੍ਹਾਂ ਦਾ ਸ਼ੋਸ਼ਣ ਹੋਇਆ। ਕੇਜਰੀਵਾਲ ਨੇ ਐਲਾਨ ਕੀਤਾ ਕਿ ਉਨ੍ਹਾ ਦਾ ਸੱਤ ਨੁਕਤਿਆਂ ਵਾਲਾ ਇਹ ਚਾਰਟਰ ਮੱਧ ਵਰਗ ਦੇ ਫਿਕਰਾਂ ਨੂੰ ਮੁਖਾਤਿਬ ਹੈ। ਇਨ੍ਹਾਂ ਵਿਚ ਸਿੱਖਿਆ ਬਜਟ ਨੂੰ ਮੌਜੂਦਾ 2 ਫੀਸਦ ਤੋਂ ਵਧਾ ਕੇ 10 ਫੀਸਦ ਕਰਨ ਤੇ ਨਿੱਜੀ ਸਕੂਲਾਂ ਦੀ ਫੀਸ ਸੀਮਾ ਨਿਰਧਾਰਤ ਕਰਨ ਦੀਆਂ ਮੰਗਾਂ ਵੀ ਸ਼ਾਮਲ ਹਨ। ਉਨ੍ਹਾ ਉੱਚ ਸਿੱਖਿਆ ਲਈ ਸਬਸਿਡੀਆਂ ਤੇ ਵਜ਼ੀਫਿਆਂ ਦੀ ਤਜਵੀਜ਼ ਵੀ ਰੱਖੀ ਤਾਂ ਕਿ ਮਿਆਰੀ ਸਿੱਖਿਆ ਤੱਕ ਸਾਰਿਆਂ ਦੀ ਰਸਾਈ ਸੰਭਵ ਹੋ ਸਕੇ। 'ਆਪ' ਮੁਖੀ ਨੇ ਸਿਹਤ ਸੰਭਾਲ ਖਰਚੇ ਵਿੱਚ ਵਾਧੇ ਦੀ ਲੋੜ (ਜੀ ਡੀ ਪੀ ਦਾ 10 ਫੀਸਦ) ਦੇ ਨਾਲ ਸਿਹਤ ਬੀਮਾ ਪ੍ਰੀਮੀਅਮਾਂ 'ਤੇ ਟੈਕਸ ਹਟਾਉਣ ਦੀ ਲੋੜ 'ਤੇ ਜ਼ੋਰ ਦਿੱਤਾ।

## ਅੱਜ-ਨਾਮਾ

ਅਮਰੀਕੀ ਬੁੜ੍ਹਾ ਹੈ ਮਾਰਦਾ ਰੋਜ਼ ਬੜ੍ਹਕਾਂ,
ਮੈਂ ਤੇ ਆਹ ਕਰਦੂੰ, ਕਰੂੰਗਾ ਆਹ ਬੇਲੀ।
ਮਹਿਕਮੇ ਤੋੜਦਾ, ਨੌਕਰੀਆਂ ਜਾਏ ਖੋਹੀ,
ਪਾਇਆ ਪੂਰਾ ਇਸ ਜਾਪਦਾ ਗਾਹ ਬੇਲੀ।
ਤਕੜਾ ਸੇਠ ਇੱਕ ਓਸ ਦੇ ਨਾਲ ਫਿਰਦਾ,
ਮਲਾਈ ਸੰਸਾਰ ਦੀ ਰਿਹਾ ਜੋ ਲਾਹ ਬੇਲੀ।
ਦੇਂਦੇ ਬਿਆਨ ਫਿਰ ਦੋਵੇਂ ਹਮਲਾਵਰੀ ਦਾ,
ਸੁਕਾਈ ਜਾਂਦੇ ਉਹ ਲੋਕਾਂ ਦਾ ਸਾਹ ਬੇਲੀ।
ਸੱਤਾ ਮਿਲੀ ਨੂੰ ਹੋਇਆ ਨਾ ਇੱਕ ਹਫਤਾ,
ਜਾਪਦੀ ਸੱਤਾ ਇਹ ਸਿਰਾਂ ਨੂੰ ਚੜ੍ਹੀ ਬੇਲੀ।
ਇਹ ਹੀ ਹਾਲਤ ਜੇ ਰਹੂ ਫਿਰ ਸਾਲ ਚਾਰੇ,
ਦੋਵੇਂ ਫਿਰ ਘੋਲਣਗੇ ਰੱਜ ਕੇ ਕੜ੍ਹੀ ਬੇਲੀ।

-ਤੀਸ ਮਾਰ ਖਾਂ

# ਪ੍ਰਾਇਮਰੀ ਅਧਿਆਪਕਾਂ ਦਾ ਦੂਜਾ ਬੈਚ ਮਾਰਚ 'ਚ ਫਿਨਲੈਂਡ ਭੇਜਿਆ ਜਾਵੇਗਾ : ਬੈਂਸ

**ਮੁਹਾਲੀ (ਗੁਰਜੀਤ ਬਿੱਲਾ)**

ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਬੁੱਧਵਾਰ ਯੂਨੀਵਰਸਿਟੀ ਆਫ਼ ਤੁਰਕੂ, ਫਿਨਲੈਂਡ ਦੇ ਮਾਹਰਾਂ ਨਾਲ ਮੋਹਾਲੀ ਦੇ ਫੇਜ਼ 11 ਵਿਖੇ ਸਕੂਲ ਆਫ਼ ਐਮੀਨੈਂਸ ਦੇ ਆਪਣੇ ਦੌਰੇ ਦੌਰਾਨ ਐਲਾਨ ਕੀਤਾ ਕਿ ਪੰਜਾਬ ਸਰਕਾਰ ਮਾਰਚ ਵਿੱਚ 72 ਪ੍ਰਾਇਮਰੀ ਸਕੂਲ ਅਧਿਆਪਕਾਂ ਦੇ ਦੂਜੇ ਬੈਚ ਨੂੰ ਸਿਖਲਾਈ ਲਈ ਫਿਨਲੈਂਡ ਭੇਜਣ ਲਈ ਪੂਰੀ ਤਰ੍ਹਾਂ ਤਿਆਰ ਹੈ। ਸਕੂਲ ਸਿੱਖਿਆ ਮੰਤਰੀ ਨੇ ਦੱਸਿਆ ਕਿ 72 ਪ੍ਰਾਇਮਰੀ ਸਕੂਲ ਅਧਿਆਪਕਾਂ ਦੇ ਦੂਜੇ ਬੈਚ ਦੀ ਸਿਖਲਾਈ ਲਈ ਯੂਨੀਵਰਸਿਟੀ ਆਫ਼ ਤੁਰਕੂ ਨਾਲ ਪਹਿਲਾਂ ਹੀ ਇੱਕ ਸਮਝੌਤਾ ਪੱਤਰ 'ਤੇ ਹਸਤਾਖ਼ਰ ਕੀਤੇ ਜਾ ਚੁੱਕੇ ਹਨ। ਉਹਨਾ ਦੱਸਿਆ ਕਿ ਤਿੰਨ ਹਫ਼ਤਿਆਂ ਦੇ ਇਸ ਸਿਖਲਾਈ ਪ੍ਰੋਗਰਾਮ ਦੌਰਾਨ ਪਹਿਲੇ ਹਫ਼ਤੇ ਪੰਜਾਬ 'ਚ ਹੀ ਸਿਖਲਾਈ ਦਿੱਤੀ ਜਾਵੇਗੀ, ਜਿਸ ਤੋਂ ਬਾਅਦ ਅਗਲੇ ਦੋ ਹਫ਼ਤੇ ਫਿਨਲੈਂਡ ਵਿਖੇ ਸਿਖਲਾਈ ਦਿੱਤੀ ਜਾਵੇਗੀ। ਬੈਂਸ ਨੇ ਮਾਹਰਾਂ, ਜਿਸ ਵਿੱਚ ਏਰੀ ਕਿਓਸਕੀ, ਮਿਸ ਮਿਰਜਾਮੀ ਈਨੋਲਾ ਅਤੇ ਮਿਸ ਸਾਰੀ ਇਸੋਕਾਇਟੋ ਸਿੰਜੋਈ ਸ਼ਾਮਲ ਹਨ, ਦਾ ਨਿੱਘਾ ਸਵਾਗਤ ਕੀਤਾ। ਸਿੱਖਿਆ ਮੰਤਰੀ ਨੇ ਉਨ੍ਹਾਂ ਦੇ ਸਹਿਯੋਗ ਅਤੇ ਮੁਹਾਰਤ ਲਈ ਸ਼ਲਾਘਾ ਕੀਤੀ ਅਤੇ ਸੂਬੇ ਵਿੱਚ ਸਕੂਲ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਉਨ੍ਹਾਂ ਦੀ ਭੂਮਿਕਾ ਦੀ ਮਹੱਤਤਾ ਨੂੰ ਉਜਾਗਰ ਕੀਤਾ। ਸਿੱਖਿਆ ਮੰਤਰੀ ਨੇ ਕਿਹਾ ਕਿ ਫਿਨਲੈਂਡ ਦੇ ਇਨ੍ਹਾਂ ਮਾਹਰਾਂ ਦੀ ਮੌਜੂਦਗੀ ਪੰਜਾਬ ਅਤੇ ਫਿਨਲੈਂਡ ਦਰਮਿਆਨ ਵਿਦਿਅਕ ਮਿਆਰਾਂ ਨੂੰ ਸੁਧਾਰਨ ਅਤੇ ਵਧੀਆ ਅਭਿਆਸਾਂ ਨੂੰ ਸਾਂਝਾ ਕਰਨ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਦੀ ਸੂਝ ਅਤੇ ਮਾਰਗ-ਦਰਸ਼ਨ, ਸਿਖਲਾਈ ਪਾਠਕ੍ਰਮ ਤਿਆਰ ਕਰਨ ਅਤੇ ਗਿਆਨ ਦੇ ਸਫ਼ਲ ਆਦਾਨ-ਪ੍ਰਦਾਨ ਨੂੰ ਯਕੀਨੀ ਬਣਾਉਣ ਵਿੱਚ ਲਾਹੇਵੰਦ ਸਾਬਤ ਹੋਵੇਗੀ।



ਬੈਂਸ ਨੇ ਕਿਹਾ ਕਿ ਇਸ ਸਿਖਲਾਈ ਪ੍ਰੋਗਰਾਮ ਦਾ ਉਦੇਸ਼ ਅਧਿਆਪਕਾਂ ਨੂੰ ਪ੍ਰਭਾਵਸ਼ਾਲੀ ਪ੍ਰਾਇਮਰੀ ਸਕੂਲ ਅਧਿਆਪਨ ਤਕਨੀਕਾਂ ਨਾਲ ਲੈਸ ਕਰਨਾ ਹੈ। ਇਹ ਪਹਿਲ ਅਧਿਆਪਕਾਂ ਨੂੰ ਹੁਨਰ ਅਤੇ ਅਧਿਆਪਨ ਵਿਧੀਆਂ ਬਾਰੇ ਜਾਣਕਾਰੀ ਹਾਸਲ ਕਰਨ ਵਿੱਚ ਮਦਦ ਕਰੇਗੀ, ਜੋ ਉਨ੍ਹਾਂ ਦੇ ਅਧਿਆਪਨ ਤਜਰਬਿਆਂ ਨੂੰ ਹੋਰ ਨਿਖਾਰਨ ਦੇ ਨਾਲ-ਨਾਲ ਕਲਾਸਰੂਮ ਵਿੱਚ ਵਿਦਿਆਰਥੀਆਂ ਦੇ ਨਤੀਜਿਆਂ ਨੂੰ ਬਿਹਤਰ ਬਣਾਉਣ ਵਿੱਚ ਸਹਾਈ ਹੋਵੇਗੀ। ਇਹ ਪ੍ਰੋਗਰਾਮ ਨਵੀਨਤਾਕਾਰੀ ਅਧਿਆਪਨ ਰਣਨੀਤੀਆਂ 'ਤੇ ਕੇਂਦਰਤ ਹੈ, ਜੋ ਆਧੁਨਿਕ ਵਿਦਿਅਕ ਮਿਆਰਾਂ ਨਾਲ ਮੇਲ ਖਾਂਦੀਆਂ ਹਨ, ਜੋ ਇਹ ਯਕੀਨੀ ਬਣਾਉਂਦੀਆਂ ਹਨ ਕਿ ਅਧਿਆਪਕ ਆਪਣੇ ਵਿਦਿਆਰਥੀਆਂ ਦੀਆਂ ਸਾਰੀਆਂ ਵਿਦਿਅਕ ਲੋੜਾਂ ਨੂੰ ਪੂਰਾ ਕਰਨ ਲਈ ਚੰਗੀ ਤਰ੍ਹਾਂ ਤਿਆਰ ਹਨ।

ਇਸ ਦੌਰੇ ਦੌਰਾਨ ਨੈਸ਼ਨਲ ਅਵਾਰਡੀ ਆਰਟ ਐਂਡ ਕਰਾਫਟ ਅਧਿਆਪਕ ਗੁਰਪ੍ਰੀਤ ਸਿੰਘ ਨਾਮਧਾਰੀ ਨੇ ਆਪਣੇ ਕਲਾਤਮਕ ਹੁਨਰ ਦਾ ਪ੍ਰਗਟਾਵਾ ਕਰਦੇ ਹੋਏ ਮਹਿਮਾਨਾਂ ਲਈ ਯੂਰਪੀਅਨ ਦੇਸ਼ ਦੇ ਨਕਸ਼ੇ 'ਤੇ ਫਿਨਲੈਂਡ ਦੇ ਝੰਡੇ ਦੀ ਲਾਈਵ ਪੇਂਟਿੰਗ ਤਿਆਰ ਕੀਤੀ। ਮਾਹਰਾਂ ਦਾ ਇਹ ਸਮੂਹ ਸਕੂਲ ਦੇ ਵਿਦਿਆਰਥੀਆਂ ਦੇ ਕਲਾ ਅਤੇ ਕਰਾਫ਼ਟ ਹੁਨਰ ਤੋਂ ਕਾਫ਼ੀ ਪ੍ਰਭਾਵਤ ਹੋਇਆ। ਸਿੱਖਿਆ ਮੰਤਰੀ ਨੇ ਸਕੂਲ ਦੇ ਵਿਦਿਆਰਥੀਆਂ ਦੁਆਰਾ ਬਣਾਈਆਂ ਗਈਆਂ ਪੇਂਟਿੰਗਾਂ ਨਾਲ ਮਾਹਰਾਂ ਦੇ ਸਮੂਹ ਨੂੰ ਸਨਮਾਨਤ ਵੀ ਕੀਤਾ।

ਇਸ ਮੌਕੇ ਡਾਇਰੈਕਟਰ ਸਕੂਲ ਸਿੱਖਿਆ ਅਮਨਿੰਦਰ ਕੌਰ ਬਰਾੜ, ਡੀ ਈ ਓ ਗਿੰਨੀ ਦੁੱਗਲ, ਸਕੂਲ ਆਫ਼ ਐਮੀਨੈਂਸ, ਫੇਜ਼ 11 ਦੇ ਪ੍ਰਿੰਸੀਪਲ ਲਵਿਸ਼ ਚਾਵਲਾ ਅਤੇ ਸਕੂਲ ਵਿਭਾਗ ਦੇ ਹੋਰ ਕਰਮਚਾਰੀ ਅਤੇ ਸਕੂਲ ਦਾ ਸਟਾਫ਼ ਮੌਜੂਦ ਸੀ।

## ਅਕਾਲੀ ਦਲ ਵੱਲੋਂ 20 ਫਰਵਰੀ ਤੱਕ ਪੂਰੇ ਸੂਬੇ ਅੰਦਰ ਹੋਵੇਗੀ ਭਰਤੀ ਮੁਹਿੰਮ ਸ਼ੁਰੂ : ਤੀਰਥ ਸਿੰਘ ਮਾਹਲਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਤੇ ਪਾਰਟੀ ਹਾਈਕਮਾਂਡ ਵੱਲੋਂ 20 ਜਨਵਰੀ ਤੋਂ 20 ਫਰਵਰੀ ਤੱਕ ਪੂਰੇ ਸੂਬੇ ਅੰਦਰ ਭਰਤੀ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਸੀ, ਜਿਸ ਨੂੰ ਲੈ ਕੇ ਮੋਗਾ ਵਿੱਚ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਲੰਢੇਕੇ ਦੀ ਪ੍ਰਧਾਨਗੀ ਹੇਠ ਇੱਕ ਵਿਸ਼ੇਸ਼ ਮੀਟਿੰਗ ਉਨ੍ਹਾਂ ਦੇ ਗ੍ਰਹਿ ਵਿਖੇ ਚੋਣ ਅਬਜ਼ਰਵਰ ਜਥੇਦਾਰ ਤੀਰਥ ਸਿੰਘ ਮਾਹਲਾ ਤੇ ਸਹਿ ਅਬਜ਼ਰਵਰ ਰਾਜਵਿੰਦਰ ਸਿੰਘ ਧਰਮਕੋਟ ਦੀ ਦੇਖ-ਰੇਖ ਹੇਠ ਹੋਈ, ਜਿਸ ਵਿੱਚ ਕੌਮੀ ਜਨਰਲ ਸਕੱਤਰ ਤੇ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ, ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸਨੀ ਗਿੱਲ, ਹਲਕਾ ਧਰਮਕੋਟ ਦੇ ਇੰਚਾਰਜ ਤੇ ਸਾਬਕਾ ਚੇਅਰਮੈਨ ਬਰਜਿੰਦਰ ਸਿੰਘ ਮੱਖਣ ਬਰਾੜ, ਹਲਕਾ ਨਿਹਾਲ ਸਿੰਘ ਵਾਲਾ ਦੇ ਇੰਚਾਰਜ ਬਲਦੇਵ ਸਿੰਘ ਮਾਣੂੰਕੇ ਅਤੇ ਸਹਿ ਅਬਜ਼ਰਵਰ ਰਾਜਵਿੰਦਰ ਸਿੰਘ ਧਰਮਕੋਟ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਜਥੇਦਾਰ ਤੀਰਥ ਸਿੰਘ ਮਾਹਲਾ, ਅਮਰਜੀਤ ਸਿੰਘ ਲੰਢੇਕੇ, ਸੰਜੀਤ ਸਿੰਘ ਸਨੀ ਗਿੱਲ ਤੇ ਬਰਜਿੰਦਰ ਸਿੰਘ ਮੱਖਣ ਬਰਾੜ ਨੇ ਸਾਂਝੇ ਤੌਰ 'ਤੇ ਕਿਹਾ ਕਿ ਅੱਜ ਮੋਗਾ ਜ਼ਿਲ੍ਹੇ ਤੋਂ ਭਰਤੀ ਮੁਹਿੰਮ ਦਾ ਆਗਾਜ਼ ਕਰ ਦਿੱਤਾ ਗਿਆ ਹੈ ਤੇ ਭਰਤੀ ਮੁਹਿੰਮ ਨੂੰ ਲੈ ਕੇ ਨੌਜਵਾਨਾਂ ਤੇ ਹੋਰ ਲੋਕਾਂ ਵਿਚ ਵੱਡਾ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਕਈ ਨੌਜਵਾਨ 20 ਜਨਵਰੀ ਦੀ ਉਡੀਕ ਕਰ ਰਹੇ ਸਨ ਤਾਂ ਜੁ ਸ਼੍ਰੋਮਣੀ ਅਕਾਲੀ ਦਲ ਵਲੋਂ ਭਰਤੀ ਮੁਹਿੰਮ ਦਾ ਹਿੱਸਾ ਬਣ ਕੇ ਮੈਂਬਰਸ਼ਿਪ ਲਈ ਜਾਵੇ।ਆਗੂਆਂ ਨੇ ਕਿਹਾ ਕਿ ਇਹ ਭਰਤੀ ਮੁਹਿੰਮ ਬਿਲਕੁਲ ਪਾਰਦਰਸ਼ਤਾ ਢੰਗ ਨਾਲ ਚਲਾਈ ਜਾਵੇਗੀ ਤੇ ਹਰ ਇਕ ਵਿਅਕਤੀ ਤੋਂ 10 ਰੁਪਏ ਲੈ ਕੇ ਮੈਂਬਰਸ਼ਿਪ ਭਰੀ ਜਾਵੇਗੀ।

## ਇਜ਼ਰਾਈਲ ਤੇ ਹਮਾਸ 'ਚ ਜੰਗਬੰਦੀ ਦਾ ਸਵਾਗਤ

**ਲੁਧਿਆਣਾ (ਐਮ.ਐਸ.ਭਾਟੀਆ)**

ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈਡੀਪੀਡੀ) ਨੇ ਇਜ਼ਰਾਈਲ ਤੇ ਹਮਾਸ ਦਰਮਿਆਨ ਜੰਗਬੰਦੀ ਦਾ ਸਵਾਗਤ ਕੀਤਾ ਹੈ।ਇਹ ਬਹੁਤ ਉਡੀਕਿਆ ਜਾ ਰਿਹਾ ਸੀ, ਕਿਉਂਕਿ ਇੱਥੇ ਬਹੁਤ ਸਾਰੇ ਮਨੁੱਖੀ ਜਾਨੀ ਨੁਕਸਾਨ ਤੇ ਬੁਨਿਆਦੀ ਢਾਂਚੇ ਨੂੰ ਨੁਕਸਾਨ ਹੋਇਆ ਹੈ।ਬਿਆਨ ਵਿੱਚ ਡਾ. ਐਸ ਐਸ ਸੂਦਨ ਸਰਪ੍ਰਸਤ, ਡਾ. ਅਰੁਣ ਮਿੱਤਰਾ ਪ੍ਰਧਾਨ, ਡਾ. ਸ਼ਕੀਲ ਉਰ ਰਹਿਮਾਨ ਆਈਡੀਪੀਡੀ ਦੇ ਜਨਰਲ ਸਕੱਤਰ ਨੇ ਕਿਹਾ ਕਿ ਅਸੀਂ ਉਮੀਦ ਕਰਦੇ ਹਾਂ ਕਿ ਮਨੁੱਖੀ ਤੇ ਡਾਕਟਰੀ ਸਹਾਇਤਾ ਨੂੰ ਅਤੀ ਜ਼ਰੂਰੀ ਹੋਣ 'ਤੇ ਤੁਰੰਤ ਬਹਾਲ ਕੀਤਾ ਜਾਵੇਗਾ।ਇਹ ਜ਼ਰੂਰੀ ਹੈ ਕਿ ਦੋਵੇਂ ਧਿਰਾਂ ਸਥਿਤੀ ਪ੍ਰਤੀ ਆਪਣੀ ਵਚਨਬੱਧਤਾ ਬਣਾਈ ਰੱਖਣ।ਇਹ ਵੀ ਮਹੱਤਵਪੂਰਨ ਹੈ ਕਿ ਮੱਧ ਪੂਰਬ ਦੇ ਹੋਰ ਹਿੱਸਿਆਂ ਵਿੱਚ ਵੀ ਸ਼ਾਂਤੀ ਬਹਾਲ ਹੋਵੇ।ਅਸੀਂ ਵੀ ਮਹਿਸੂਸ ਕਰਦੇ ਹਾਂ ਕਿ ਯੂਐਨਓ ਨੂੰ ਇਸ ਸਥਿਤੀ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਦਖਲ ਦੇਣਾ ਚਾਹੀਦਾ ਹੈ ਤੇ ਖਿੱਤੇ ਵਿੱਚ ਸਥਾਈ ਸ਼ਾਂਤੀ ਨੂੰ ਸੰਭਵ ਬਣਾਉਣਾ ਚਾਹੀਦਾ ਹੈ।ਅਸੀਂ ਇਹ ਵੀ ਚਾਹੁੰਦੇ ਹਾਂ ਕਿ ਦੋਵੇਂ ਧਿਰਾਂ ਜਲਦੀ ਹੀ ਸਥਾਈ ਸ਼ਾਂਤੀ ਸਮਝੌਤੇ 'ਤੇ ਪਹੁੰਚ ਜਾਣ।ਗਾਜ਼ਾ ਦਾ ਪੁਨਰ ਨਿਰਮਾਣ ਸੰਯੁਕਤ ਰਾਸ਼ਟਰ ਸੰਘ ਦੀ ਸਰਪ੍ਰਸਤੀ ਹੇਠ ਕੀਤਾ ਜਾਣਾ ਚਾਹੀਦਾ ਹੈ।

## ਕਿਸਾਨ ਰਵਾਇਤੀ ਖੇਤੀ ਦੇ ਨਾਲ ਜੜ੍ਹੀ-ਬੂਟੀਆਂ ਦੀ ਖੇਤੀ ਅਪਨਾਉਣ : ਖੁੱਡੀਆਂ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**

ਕਿਸਾਨਾਂ ਨੂੰ ਆਪਣੀ ਆਮਦਨ ਵਧਾਉਣ ਲਈ ਰਿਵਾਇਤੀ ਖੇਤੀ ਦੇ ਨਾਲ ਨਾਲ ਸਹਾਇਕ ਧੰਦੇ ਅਤੇ ਆਯੂਰਵੈਦ/ਮੈਡੀਕਲ ਵਿੱਚ ਵਰਤੀਆਂ ਜਾਣ ਵਾਲੀਆਂ ਜੜ੍ਹੀ ਬੂਟੀਆਂ ਆਦਿ ਦੀ ਖੇਤੀ ਵੀ ਕਰਨੀ ਚਾਹੀਦੀ ਹੈ।ਇਸ ਨਾਲ ਜਿੱਥੇ ਸਾਨੂੰ ਇਹ ਉਤਪਾਦ ਪਰਵਾਰ ਲਈ ਵਰਤਣ ਵਾਸਤੇ ਉਪਲੱਬਧ ਹੋਣਗੇ, ਉਥੇ ਹੀ ਸਾਡੀ ਆਮਦਨ ਵਿੱਚ ਵੀ ਵਾਧਾ ਹੋਵੇਗਾ।ਇਹ ਪ੍ਰਗਟਾਵਾ ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅਸ਼ਵਗੰਧਾ ਤੇ ਰਾਸ਼ਟਰੀ ਮੁਹਿੰਮ ਤਹਿਤ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੇ ਆਡੀਟੋਰੀਅਮ ਵਿਖੇ ਕਰਾਏ ਗਏ ਰਾਜ ਪੱਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ।

ਇਸ ਮੌਕੇ ਐਮ.ਐਲ.ਏ. ਗੁਰਦਿੱਤ ਸਿੰਘ ਸੇਖੋਂ, ਵੀ.ਸੀ ਡਾ. ਰਾਜੀਵ ਸੂਦ ਤੇ ਐਸ.ਐਸ.ਪੀ ਡਾ. ਪ੍ਰੱਗਿਆ ਜੈਨ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਉਨ੍ਹਾਂ ਕਿਹਾ ਕਿ ਭਾਰਤ ਵਿੱਚ ਬਹੁਤ ਸਾਰੀਆਂ ਜੜ੍ਹੀਆਂ-ਬੂਟੀਆਂ ਉਪਲਬਧ ਹਨ, ਜੋ ਸਾਡੀਆਂ ਕਈ ਬਿਮਾਰੀਆਂ ਨੂੰ ਠੀਕ ਕਰ ਸਕਦੀਆਂ ਹਨ। ਅਜਿਹੀ ਹੀ ਇਕ ਔਸ਼ਧੀ ਹੈ ਅਸ਼ਵਗੰਧਾ, ਜਿਸ ਦੀ ਵਰਤੋਂ ਹਜ਼ਾਰਾਂ ਸਾਲ ਪਹਿਲਾਂ ਸਾਡੇ ਵੱਡ-ਵਡੇਰਿਆਂ ਵੱਲੋਂ ਕੀਤੀ ਜਾਂਦੀ ਸੀ।ਸਾਨੂੰ ਦਵਾਈਆਂ ਲੈਣ ਦੀ ਜ਼ਰੂਰਤ ਨਹੀਂ ਸੀ ਪੈਂਦੀ।ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ 20 ਲੱਖ ਰੁਪਏ ਇਸ ਜੜ੍ਹੀ-ਬੂਟੀ ਦੀ ਪ੍ਰਮੋਸ਼ਨ, ਇਸ ਦੇ ਪੌਦੇ ਵੰਡਣ ਲਈ ਤੇ ਇਸ ਵਿੱਚ ਹੋਰ ਸੁਧਾਰ ਕਰਨ ਲਈ ਦਿੱਤਾ ਗਿਆ ਹੈ।ਉਨ੍ਹਾਂ ਕਿਸਾਨਾਂ ਨੂੰ ਆਯੁਰਵੈਦਿਕ, ਦੇਸੀ ਜੜ੍ਹੀ ਬੂਟੀਆਂ ਦੀ ਖੇਤੀ ਕਰਨ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਅਜਿਹੀਆਂ ਦੇਸੀ ਔਸ਼ਧੀਆਂ ਨੂੰ ਖੁਰਾਕ ਦਾ ਹਿੱਸਾ ਬਣਾਇਆ ਜਾਵੇ ਤੇ ਇਸ ਦਾ ਉਤਪਾਦਨ ਵੀ ਖੁਦ ਕੀਤਾ ਜਾਵੇ।ਐਮ.ਐਲ.ਏ. ਗੁਰਦਿੱਤ ਸਿੰਘ ਨੇ ਕਿਹਾ ਕਿ ਕੁਦਰਤ ਨੇ ਹਜ਼ਾਰਾਂ ਸਾਲ ਪਹਿਲਾਂ ਸਾਨੂੰ ਅਸ਼ਵਗੰਧਾ ਵਰਗੀਆਂ ਜੜ੍ਹੀ-ਬੂਟੀਆਂ ਦਿੱਤੀਆਂ ਸਨ, ਪਰ ਅਸੀਂ ਇਨ੍ਹਾਂ ਚੀਜਾਂ ਤੋਂ ਅੱਗੇ ਲੰਘ ਗਏ।ਉਨ੍ਹਾਂ ਕਿਹਾ ਕਿ ਕਰੋਨਾ ਸਮੇਂ ਦੌਰਾਨ ਸਾਨੂੰ ਕੁਦਰਤ ਦੀਆਂ ਇਨ੍ਹਾਂ ਜੜ੍ਹੀਆਂ-ਬੂਟੀਆਂ ਦੀ ਸਮਝ ਆਈ ਹੈ।ਯੂਨੀਵਰਸਿਟੀ ਵੱਲੋਂ ਅਸ਼ਵਗੰਧਾ ਨੂੰ ਪ੍ਰਮੋਟ ਕਰਨ ਲਈ ਭਾਰਤ ਸਰਕਾਰ ਵੱਲੋਂ ਵੀ ਯੋਗਦਾਨ ਪਾਇਆ ਜਾ ਰਿਹਾ ਹੈ।




## ਜੀ ਐੱਸ ਟੀ ਨੰਬਰ ਜਾਰੀ ਕਰਨ ਲਈ ਵਿਸ਼ੇਸ਼ ਮੁਹਿੰਮ ਸ਼ੁਰੂ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸਟੇਟ ਕਰ ਅਫ਼ਸਰ ਰੋਹਿਤ ਅੱਗਰਵਾਲ ਨੇ ਅੱਜ ਇਥੇ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਦੁਕਾਨਦਾਰਾਂ ਅਤੇ ਵਪਾਰੀਆਂ ਨੂੰ ਜੀ.ਐਸ. ਟੀ. ਨੰਬਰ ਪ੍ਰਦਾਨ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਹੈ, ਜੋ ਬਿਨਾਂ ਜੀ.ਐੱਸ.ਟੀ. ਨੰਬਰ ਦੇ ਆਪਣਾ ਵਪਾਰ ਕਰ ਰਹੇ ਹਨ। ਸਰਕਾਰ ਦਾ ਉਦੇਸ਼ ਇਸ ਮੁਹਿੰਮ ਰਾਹੀਂ ਹੋਰ ਵਪਾਰੀਆਂ ਨੂੰ ਟੈਕਸ ਪ੍ਰਣਾਲੀ ਦੇ ਦਾਇਰੇ 'ਚ ਲਿਆਉਣਾ ਤੇ ਸੂਬੇ ਦੀ ਆਮਦਨ 'ਚ ਵਾਧਾ ਕਰਨਾ ਹੈ। ਇਹ ਮੁਹਿੰਮ ਇਕ ਮਹੀਨੇ ਤੱਕ ਚੱਲੇਗੀ, ਜਿਸ 'ਚ ਵੱਖ-ਵੱਖ ਵਪਾਰਕ ਖੇਤਰਾਂ ਨੂੰ ਸ਼ਾਮਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਨੂੰ ਮਿਲਣ ਵਾਲਾ ਟੈਕਸ ਹੀ ਸੂਬੇ ਦੇ ਵਿਕਾਸ ਕਾਰਜਾਂ ਲਈ ਵਰਤਿਆ ਜਾਂਦਾ ਹੈ। ਹਾਲਾਂਕਿ ਕਈ ਦੁਕਾਨਦਾਰ ਤੇ ਵਪਾਰੀ ਅਜਿਹੇ ਹਨ ਜੋ ਸੇਵਾ ਟੈਕਸ ਦੇ ਅਧੀਨ ਆਉਣ ਵਾਲੀ ਵਿਕਰੀ ਤਾਂ ਕਰਦੇ ਹਨ ਪਰ ਉਨ੍ਹਾਂ ਨੇ ਜੀ. ਐੱਸ. ਟੀ. ਨੰਬਰ ਨਹੀਂ ਲਿਆ। ਅਜਿਹੇ ਵਪਾਰੀਆਂ ਨੂੰ ਜੀ. ਐੱਸ. ਟੀ. ਨੰਬਰ ਜਾਰੀ ਕਰਨ ਲਈ ਇਹ ਮੁਹਿੰਮ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ 'ਚ ਸਹਿਯੋਗ ਕਰਨ ਅਤੇ ਯਕੀਨੀ ਬਣਾਉਣ ਕਿ ਉਨ੍ਹਾਂ ਦੇ ਖੇਤਰ ਦੇ ਸਾਰੇ ਵਪਾਰੀ ਅਤੇ ਦੁਕਾਨਦਾਰ ਸਮੇਂ 'ਤੇ ਆਪਣਾ ਜੀ.ਐੱਸ.ਟੀ. ਨੰਬਰ ਪ੍ਰਾਪਤ ਕਰਨ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਸੂਬੇ ਦੇ ਵਪਾਰਕ ਮਾਹੌਲ 'ਚ ਪਾਰਦਰਸ਼ਤਾ ਲਿਆਉਣ ਅਤੇ ਟੈਕਸ ਪ੍ਰਣਾਲੀ ਨੂੰ ਮਜ਼ਬੂਤ ਕਰਨ ਦੀ ਦਿਸ਼ਾ 'ਚ ਇਕ ਮਹੱਤਵਪੂਰਨ ਕਦਮ ਹੈ। ਵਪਾਰੀਆਂ ਤੇ ਦੁਕਾਨਦਾਰਾਂ ਲਈ ਇਹ ਜ਼ਰੂਰੀ ਹੈ ਕਿ ਉਹ ਇਸ ਮੁਹਿੰਮ ਦਾ ਹਿੱਸਾ ਬਣਨ ਅਤੇ ਸਮੇਂ 'ਤੇ ਆਪਣਾ ਜੀ. ਐੱਸ. ਟੀ. ਨੰਬਰ ਹਾਸਲ ਕਰਨ। ਇਸ ਨਾਲ ਨਾ ਸਿਰਫ ਸਰਕਾਰ ਨੂੰ ਆਮਦਨ ਪ੍ਰਾਪਤ ਹੋਵੇਗੀ, ਬਲਕਿ ਵਪਾਰੀਆਂ ਨੂੰ ਵੀ ਉਨ੍ਹਾਂ ਦੀਆਂ ਸੇਵਾਵਾਂ ਅਤੇ ਉਤਪਾਦਾਂ ਦੀ ਵਿਕਰੀ 'ਚ ਕਾਨੂੰਨੀ ਸੁਰੱਖਿਆ ਮਿਲੇਗੀ।

## ਵਿਜ਼ਿਟਰ ਵੀਜ਼ਾ ਲਵਾਇਆ



**ਜਗਰਾਉਂ (ਸੰਜੀਵ ਅਰੋੜਾ)**-ਮੈਕਰੋ ਗਲੋਬਲ ਅੱਜ-ਕੱਲ੍ਹ ਲੋਕਾਂ ਲਈ ਖਿੱਚ ਦਾ ਕੇਂਦਰ ਬਣੀ ਹੋਈ ਹੈ। ਸੰਸਥਾ ਦੇ ਐਮ.ਡੀ. ਗੁਰਮਿਲਾਪ ਸਿੰਘ ਡੱਲਾ ਨੇ ਦੱਸਿਆ ਕਿ ਸੰਸਥਾ ਦੇ ਤਜਰਬੇਕਾਰ ਤੇ ਮਿਹਨਤੀ ਸਟਾਫ਼ ਵੱਲੋਂ ਦਿੱਤੀਆਂ ਜਾ ਰਹੀਆਂ ਯੋਗ ਸੇਵਾਵਾਂ ਕਰਕੇ ਸੰਸਥਾ ਦੇ ਵਿਦਿਆਰਥੀ ਆਈਲੈਟਸ ਵਿੱਚ ਵਧੀਆ ਸਕੋਰ ਪ੍ਰਾਪਤ ਕਰ ਰਹੇ ਹਨ ਤੇ ਇਮੀਗ੍ਰੇਸ਼ਨ ਦੇ ਪਾਰਦਰਸ਼ੀ ਢੰਗ ਨਾਲ ਕੀਤੇ ਜਾ ਰਹੇ ਕੰਮ ਕਰਕੇ ਵੱਡੀ ਗਿਣਤੀ 'ਚ ਲਗਾਤਾਰ ਕੈਨੇਡਾ, ਆਸਟ੍ਰੇਲੀਆ ਜਾਣ ਵਾਲੇ ਚਾਹਵਾਨ ਲੋਕਾਂ ਦੇ ਵਿਜ਼ਿਟਰ ਵੀਜ਼ੇ ਲੱਗ ਰਹੇ ਹਨ, ਜਿਨ੍ਹਾਂ ਵਿੱਚੋਂ ਹਰਜਿੰਦਰ ਕੌਰ ਸੁਪਤਨੀ ਜਸਦੀਪ ਸਿੰਘ ਨਿਵਾਸੀ ਰੂਮੀ ਜ਼ਿਲ੍ਹਾ ਲੁਧਿਆਣਾ ਦਾ ਮੈਕਰੋ ਗਲੋਬਲ ਨੇ ਇਨ੍ਹਾਂ ਦਾ ਕੈਨੇਡਾ ਦਾ ਵਿਜ਼ਿਟਰ ਵੀਜ਼ਾ ਲਵਾ ਕੇ ਦਿੱਤਾ। ਇਸ ਮੌਕੇ ਗੁਰਮਿਲਾਪ ਸਿੰਘ ਡੱਲਾ ਨੇ ਹਰਜਿੰਦਰ ਕੌਰ ਤੇ ਉਨ੍ਹਾਂ ਦੇ ਪਰਵਾਰ ਨੂੰ ਵਧਾਈ ਦਿੱਤੀ।

## ਗੌਰਮਿੰਟ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਸਬ-ਡਵੀਜ਼ਨ ਧੂਰੀ ਦੀ ਚੋਣ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸਬ ਡਵੀਜ਼ਨ ਧੂਰੀ ਦੇ ਪੈਨਸ਼ਨਰਾਂ ਦੀ ਕੁਲਵੰਤ ਸਿੰਘ ਧੂਰੀ ਅਤੇ ਪ੍ਰੀਤਮ ਸਿੰਘ ਧੂਰਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਹਰਦੇਵ ਸਿੰਘ ਜਵੰਧਾ, ਕਰਮ ਸਿੰਘ ਮਾਨ, ਰਾਮ ਗੋਪਾਲ ਸ਼ਰਮਾ, ਜਸਵਿੰਦਰ ਸਿੰਘ ਮੂਲੋਵਾਲ, ਕਿਰਪਾਲ ਸਿੰਘ ਰਾਜੋਮਾਜਰਾ, ਹਰਭਜਨ ਸਿੰਘ ਖੇੜੀ ਜੱਟਾਂ, ਹਰਬੰਸ ਸਿੰਘ ਸੋਢੀ, ਜਗਤਾਰ ਸਿੰਘ ਹਸਨਪੁਰ, ਬੁੱਧ ਸਿੰਘ, ਗਿਰਧਾਰੀ ਲਾਲ, ਜੰਗ ਸਿੰਘ ਬਾਦਸ਼ਾਹਪੁਰ ਨੇ ਆਪਣੇ ਵਿਚਾਰ ਪੇਸ਼ ਕੀਤੇ। ਉਪਰੰਤ ਨਵੀ ਚੋਣ ਲਈ ਪ੍ਰਧਾਨ ਅਤੇ ਜਨਰਲ ਸਕੱਤਰ ਦੇ ਅਹੁਦਿਆਂ ਲਈ ਹਾਊਸ ਨੂੰ ਨਾਂਅ ਪੇਸ਼ ਕਰਨ ਦੀ ਮੰਗ ਕੀਤੀ ਗਈ। ਸਰਬਸੰਮਤੀ ਨਾਲ ਕੀਤੀ ਗਈ ਚੋਣ ਵਿੱਚ ਜੈਦੇਵ ਸ਼ਰਮਾ ਨੂੰ ਪ੍ਰਧਾਨ ਅਤੇ ਜਸਵਿੰਦਰ ਸਿੰਘ ਮੂਲੋਵਾਲ ਨੂੰ ਜਨਰਲ ਸਕੱਤਰ ਚੁਣ ਲਿਆ ਗਿਆ। ਇਸ ਮੌਕੇ ਪਹਿਲਾਂ ਰਹਿ ਚੁੱਕੇ ਚੁੱਕੇ ਸਾਬਕਾ ਪ੍ਰਧਾਨ ਕੁਲਵੰਤ ਸਿੰਘ ਧੂਰੀ, ਪ੍ਰੀਤਮ ਸਿੰਘ ਧੂਰਾ, ਕਰਮ ਸਿੰਘ ਮਾਨ, ਹਰਚਰਨ ਸਿੰਘ ਲਹਿਰੀ, ਹਰਬੰਸ ਸਿੰਘ ਸੋਢੀ, ਜੈ ਦੇਵ ਸ਼ਰਮਾ, ਨੂੰ ਸਿਰੋਪਾਉ ਦੇ ਕੇ ਸਨਮਾਨਤ ਕੀਤਾ ਗਿਆ। ਇਸ ਸਮੇਂ ਕੇਵਲ ਕ੍ਰਿਸ਼ਨ ਘਨੌਰੀ ਕਲਾਂ, ਸਾਧੂ ਸਿੰਘ ਮੀਰਹੇੜੀ, ਰਾਮ ਲਾਲ ਸ਼ਰਮਾ, ਅਵਤਾਰ ਸਿੰਘ ਪੰਜਾਬ ਪੁਲਸ, ਇਕਬਾਲ ਖਾਂ, ਕਰਮ ਚੰਦ, ਦਿਆਲ ਸਿੰਘ ਧੂਰਾ, ਤਰਸੇਮ ਮਿੱਤਲ, ਜੈ ਰਾਮ, ਅਵਤਾਰ ਸਿੰਘ ਮੂਲੋਵਾਲ, ਕਿਦਾਰ ਨਾਥ, ਸੁਭਾਸ ਚੰਦਰ, ਹੰਸ ਰਾਜ ਬਾਂਸਲ, ਲਾਭ ਸਿੰਘ ਮੂਲੋਵਾਲ, ਰਾਏ ਚੰਦ, ਪੂਰਨ ਸਿੰਘ ਮੂਲੋਵਾਲ, ਵਿੱਕੀ ਮੂਲੋਵਾਲ, ਸੋਹਣ ਸਿੰਘ, ਮੰਗਲ ਸਿੰਘ ਪੁੰਨਾਵਾਲ, ਬਚਿੱਤਰ ਸਿੰਘ ਪੰਜਾਬ ਪੁਲਸ ਆਦਿ ਸਮੇਤ ਹੋਰ ਪੈਨਸ਼ਨਰ ਵੀ ਹਾਜ਼ਰ ਸਨ।

## ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਲਾਏ ਜਾਣਗੇ ਵਿਸ਼ੇਸ਼ ਕੈਂਪ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਸ਼੍ਰੀ ਮੁਕੁਲ ਬਾਵਾ ਨੇ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦੀ ਅਦਾਇਗੀ ਉਨ੍ਹਾਂ ਦੇ ਆਧਾਰ ਨਾਲ ਸੀਡਡ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਹੈ, ਜਿਨ੍ਹਾਂ ਵਿਦਿਆਰਥੀਆਂ ਦੇ ਬੈਂਕ ਖਾਤੇ ਆਧਾਰ ਸੀਡਡ ਨਹੀਂ ਹਨ, ਉਨ੍ਹਾਂ ਦੀ ਸਹੂਲਤ ਲਈ 23 ਤੇ 24 ਜਨਵਰੀ ਨੂੰ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਦੇ ਕਮਰਾ ਨੰ. ਐਨ-105, ਨਾਰਥ ਬਲਾਕ ਵਿਖੇ ਵਿਸ਼ੇਸ਼ ਕੈਂਪ ਲਾਏ ਜਾ ਰਹੇ ਹਨ।ਇਨ੍ਹਾਂ ਕੈਂਪਾਂ ਵਿੱਚ ਵਿਦਿਆਰਥੀਆਂ ਦੇ ਬੈਂਕ ਖਾਤੇ ਆਧਾਰ ਸੀਡਡ ਕੀਤੇ ਜਾਣਗੇ।ਸ਼੍ਰੀ ਮੁਕੁਲ ਬਾਵਾ ਨੇ ਜ਼ਿਲ੍ਹੇ ਦੇ ਸਮੂਹ ਵਿੱਦਿਅਕ ਅਦਾਰਿਆਂ ਦੇ ਮੁਖੀਆਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਸੰਸਥਾ ਨਾਲ ਸਬੰਧਤ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਆਉਂਦੇ ਵਿਦਿਆਰਥੀਆਂ ਦੇ ਬੈਂਕ ਖਾਤੇ ਆਧਾਰ ਸੀਡਡ ਕਰਾਉਣ ਨੂੰ ਯਕੀਨੀ ਬਣਾਉਣ।

ਉਨ੍ਹਾਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਵਿਸ਼ੇਸ ਕੈਂਪ ਦਾ ਲਾਭ ਲੈਂਦਿਆਂ ਆਪਣੇ ਬੈਂਕ ਖਾਤੇ ਆਧਾਰ ਸੀਡਡ ਕਰਵਾਉਣ ਤਾਂ ਜੋ ਭਵਿੱਖ ਵਿੱਚ ਸਕਾਲਰਸ਼ਿਪ ਦੀ ਅਦਾਇਗੀ ਸਰਕਾਰ ਵੱਲੋਂ ਪੀ.ਐਫ.ਐਮ.ਐਸ ਪੋਰਟਲ ਰਾਹੀਂ ਵਿਦਿਆਰਥੀਆਂ ਦੇ ਸਿੱਧੇ ਤੌਰ 'ਤੇ ਬੈਂਕ ਖਾਤਿਆਂ ਵਿੱਚ ਕੋਈ ਦਿੱਕਤ ਪੇਸ਼ ਨਾ ਆਵੇ।

## ਚੌਥਾ ਦਰਜਾ ਮੁਲਾਜ਼ਮ ਕਰਨਗੇ 24 ਘੰਟਿਆਂ ਲਈ ਭੁੱਖ ਹੜਤਾਲਾਂ : ਦਰਸ਼ਨ ਲੁਬਾਣਾ, ਰਣਜੀਤ ਰਾਣਵਾਂ

**ਪਟਿਆਲਾ (ਪੱਤਰ ਪ੍ਰੇਰਕ)**

ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਵਲੋਂ ਆਪ ਸਰਕਾਰ ਵੱਲੋਂ ਮੁਲਾਜ਼ਮਾਂ-ਪੈਨਸ਼ਨਰਾਂ ਅਤੇ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਤਿੰਨ ਸਾਲਾਂ ਤੋਂ ਅੱਖੋਂ ਓਹਲੇ ਕਰਨ ਦੇ ਰੋਸ ਵਜੋਂ 25 ਅਤੇ 26 ਜਨਵਰੀ ਨੂੰ ਜ਼ਿਲ੍ਹਾ ਸਦਰ ਮੁਕਾਮਾਂ 'ਤੇ 24 ਘੰਟਿਆਂ ਦੀਆਂ ਭੁੱਖ ਹੜਤਾਲਾਂ ਕਰਕੇ ਕੌਮੀ ਝੰਡਾ ਲਹਿਰਾਉਣ, ਸਥਲ ਤੱਕ ਝੰਡਾ ਮਾਰਚ ਕਰਕੇ ਮੰਗਾਂ ਦਾ ਯਾਦ ਪੱਤਰ ਦੇਣਗੇ ਤੇ ਸੈਂਕੜੇ ਦੀ ਗਿਣਤੀ ਵਿੱਚ ਜੰਗਲਾਤ, ਜੰਗਲਾਤ ਨਿਗਮ ਤੇ ਜੰਗਲੀ ਜੀਵ ਵਿਚਲੇ ਲੰਮੇ ਅਰਸੇ ਤੋਂ ਕੰਮ ਕਰਦੇ ਡੇਲੀਵੇਜਿਜ਼ ਕਰਮੀਆਂ ਨੂੰ ਵਣ ਮੰਡਲ/ਵੰਡ ਰੇਜ਼ ਅਫਸਰਾਂ ਵਲੋਂ ਬਗੈਰ ਕੋਈ ਨੋਟਿਸ ਦਿੱਤਿਆਂ 15 ਜਨਵਰੀ ਤੋਂ ਕੰਮਾਂ ਤੋਂ ਫਾਰਗ ਕਰਨ ਵਿਰੁੱਧ ਡੱਟ ਕੇ ਅੰਦੋਲਨ ਕਰਨਗੇ ਤੇ ਮਿਤੀ 19 ਫਰਵਰੀ ਨੂੰ ਵਣ ਭਵਨ ਮੁਹਾਲੀ ਵਿਖੇ ਮੁਜਾਹਰਾ ਕੀਤਾ ਜਾਵੇਗਾ।ਯੂਨੀਅਨ ਨੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਜਨਰਲ ਸਕੱਤਰ ਬਲਜਿੰਦਰ ਸਿੰਘ ਅਤੇ ਜੰਗਲਾਤ ਦੇ ਪ੍ਰਧਾਨ ਜਗਮੋਹਨ ਨੌਲੱਖਾ ਦੀ ਅਗਵਾਈ ਵਿੱਚ ਚੌਥਾ ਦਰਜਾ ਮੁਲਾਜਮਾਂ ਨੇ ਜੰਗਲਾਤ, ਜੰਗਲਾਤ ਨਿਗਮ ਦੇ ਡੇਲੀਵੇਜਿਜ਼ ਕਰਮੀਆਂ ਜਿਸ ਵਿੱਚ ਭਾਰੀ ਗਿਣਤੀ ਵਿੱਚ ਕੰਮਕਾਜੀ ਔਰਤਾਂ ਵੀ ਸ਼ਾਮਲ ਸਨ, ਵਣਪਾਲ ਤੇ ਵਣ ਮੰਡਲ ਅਫਸਰ ਦੇ ਦਫਤਰ ਤੋਂ ਰੋਸ ਮਾਰਚ ਡਿਪਟੀ ਕਮਿਸ਼ਨਰ ਦਫਤਰ ਤੱਕ ਕੀਤਾ ਤੇ ਲਿਖਤੀ ਪੱਤਰ ਡਿਪਟੀ ਕਮਿਸ਼ਨਰ ਤੇ ਸੀਨੀਅਰ ਕਪਤਾਨ ਪੁਲਸ ਦੇ ਨਾਉਂ 'ਤੇ ਦੇ ਕੇ ਸੂਚਿਤ ਕੀਤਾ ਕਿ 25 ਤੇ 26 ਜਨਵਰੀ ਨੂੰ ਮੁਲਾਜਮ ਸਮੂਹਿਕ ਭੁੱਖ ਹੜਤਾਲ ਕਰਕੇ 26 ਜਨਵਰੀ ਨੂੰ ਝੰਡਾ ਮਾਰਚ ਕਰਕੇ ਕੌਮੀ ਝੰਡਾ ਲਹਿਰਾਉਣ ਸਥਲ ਤੱਕ ਪਹੁੰਚ ਕੇ ਸਾਂਝੀਆਂ ਮੰਗਾਂ ਤੇ ਜੰਗਲਾਤ ਦੀਆਂ ਮੰਗਾਂ ਤੇ ਕੰਮਾਂ ਤੋਂ ਫਾਰਗ ਕੀਤੇ ਸੈਂਕੜੇ ਕਾਮਿਆਂ ਨੂੰ ਮੁੜ ਹਾਜ਼ਰ ਕਰਾਉਣ ਦਾ ਮੈਮੋਰੰਡਮ ਝੰਡਾ ਲਹਿਰਾਉਣ ਆ ਰਹੇ ਮੰਤਰੀ ਨੂੰ ਸੌਂਪਣਗੇ। ਦਰਸ਼ਨ ਸਿੰਘ ਲੁਬਾਣਾ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਦਿੱਤੇ ਪੱਤਰਾਂ ਵਿੱਚ ਦੱਸਿਆ ਗਿਆ ਹੈ ਕਿ ਮੌਜੂਦਾ ਮੌਸਮ ਕਰਕੇ ਤੇ ਸੜਕਾਂ 'ਤੇ ਬੈਠੇ ਕਰਮੀਆਂ ਨਾਲ ਕੋਈ ਅਣਸੁਖਾਵੀਂ ਘਟਨਾ ਵਾਪਰਦੀ ਹੈ ਤਾਂ ਇਸ ਦੀ ਨੈਤਿਕ ਤੌਰ 'ਤੇ ਜ਼ਿੰਮੇਵਾਰੀ ਜੰਗਲਾਤ ਵਿਭਾਗ ਦੇ ਅਧਿਕਾਰੀਆਂ ਦੀ ਹੋਵੇਗੀ।




## ਰੋਸ਼ਨ ਲਾਲ ਬੱਧਨ ਨੂੰ ਸਦਮਾ, ਪਿਤਾ ਦਾ ਦੇਹਾਂਤ

### ਪਾਠ ਦਾ ਭੋਗ ਤੇ ਅੰਤਮ ਅਰਦਾਸ ਭਲਕੇ



**ਜਲੰਧਰ (ਸਵਰਨ ਟਹਿਣਾ)**-ਅਦਾਰਾ 'ਨਵਾਂ ਜ਼ਮਾਨਾ' 'ਚ ਲੰਮੇ ਸਮੇਂ ਤੋਂ ਬਤੌਰ ਉਪ ਸੰਪਾਦਕ ਕੰਮ ਕਰਦੇ ਸ੍ਰੀ ਰੋਸ਼ਨ ਲਾਲ ਬੱਧਨ ਨੂੰ ਉਸ ਸਮੇਂ ਡੂੰਘਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਪਿਤਾ ਸ੍ਰੀ ਮੋਹਨ ਲਾਲ ਸਦੀਵੀ ਵਿਛੋੜਾ ਦੇ ਗਏ। ਉਹ ਕਰੀਬ ਨੱਬੇ ਸਾਲ ਦੇ ਸਨ ਤੇ ਪਿਛਲੇ ਕੁਝ ਸਮੇਂ ਤੋਂ ਬਿਮਾਰ ਚੱਲ ਰਹੇ ਸਨ। ਉਨ੍ਹਾਂ ਦੇ ਵਿਛੋੜੇ ਨਾਲ ਜਿੱਥੇ ਪਰਵਾਰ 'ਤੇ ਦੁੱਖਾਂ ਦਾ ਪਹਾੜ ਡਿੱਗਿਆ ਹੈ, ਉਥੇ ਪਿੰਡ ਵਾਸੀਆਂ ਦਾ ਮਨ ਵੀ ਮਸੋਸਿਆ ਹੈ, ਕਿਉਂਕਿ ਉਹ ਹਰ ਇੱਕ ਦੇ ਦੁੱਖ-ਸੁੱਖ 'ਚ ਸ਼ਰੀਕ ਹੁੰਦੇ ਸਨ ਤੇ ਸੂਝਵਾਨ ਵਿਅਕਤੀ ਦੇ ਤੌਰ 'ਤੇ ਅਗਵਾਈ ਕਰਦੇ ਸਨ। ਸ੍ਰੀ ਮੋਹਨ ਲਾਲ ਨਮਿਤ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਤੇ ਅੰਤਮ ਅਰਦਾਸ 24 ਜਨਵਰੀ (ਸ਼ੁੱਕਰਵਾਰ) ਨੂੰ ਗੁਰਦੁਆਰਾ ਸ੍ਰੀ ਗੁਰੂ ਰਵੀਦਾਸ, ਪਿੰਡ ਥਾਬਲਕੇ, ਜਲੰਧਰ ਵਿਖੇ ਦੁਪਹਿਰ 12 ਤੋਂ 1 ਵਜੇ ਤੱਕ ਹੋਵੇਗੀ, ਜਿੱਥੇ ਸਕੇ-ਸਬੰਧੀ, ਪਿੰਡ ਵਾਸੀ ਤੇ ਵੱਖ-ਵੱਖ ਖੇਤਰਾਂ ਦੀਆਂ ਸ਼ਖਸੀਅਤਾਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।

## ਮਨਰੇਗਾ ਮਜ਼ਦੂਰਾਂ ਦੀਆਂ ਸਮੱਸਿਆਵਾਂ ਸੁਣੀਆਂ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪਿੰਡ ਮਾਛੀਕੇ ਵਿਖੇ ਮਨਰੇਗਾ ਮਜ਼ਦੂਰਾਂ ਸਬੰਧੀ ਬਾਬਾ ਜੀਵਨ ਦੀ ਧਰਮਸ਼ਾਲਾ 'ਚ ਕੈਂਪ ਲਾਇਆ ਗਿਆ ਤੇ ਮਜ਼ਦੂਰਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਦਾ ਹੱਲ ਮੌਕੇ ਉੱਪਰ ਕੀਤਾ ਗਿਆ। ਇਸ ਤੋਂ ਇਲਾਵਾ ਨਵੇਂ ਜੌਬ ਕਾਰਡ 27 ਦੇ ਕਰੀਬ ਬਣਾਏ ਗਏ। ਸਰਪੰਚ ਜਗਮੋਹਨ ਸਿੰਘ ਨੇ ਦੱਸਿਆ ਕਿ ਮਨਰੇਗਾ ਮਜ਼ਦੂਰਾਂ ਨੂੰ ਪੇਸ਼ ਆ ਰਹੀਆਂ ਹੋਰ ਸਮੱਸਿਆਵਾਂ ਦਾ ਹੱਲ ਜਲਦੀ ਕੱਢ ਲਿਆ ਜਾਵੇਗਾ। ਇਸ ਮੌਕੇ ਸਰਪੰਚ ਜਗਮੋਹਨ ਸਿੰਘ, ਦਵਿੰਦਰ ਸੈਕਟਰੀ ਮਨਰੇਗਾ, ਕੁਲਵੰਤ ਸਿੰਘ ਆਦਿ ਹਾਜ਼ਰ ਸਨ।

## ਕੁਲਾਰਾਂ ਸਕੂਲ ਤੇ ਡਿਸਪੈਂਸਰੀ ਦੀ ਅਚਨਚੇਤ ਚੈਕਿੰਗ




**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਐਸ.ਡੀ.ਐਮ ਸ੍ਰੀ ਤਰਸੇਮ ਚੰਦ ਨੇ ਪਿੰਡ ਕੁਲਾਰਾਂ ਦੇ ਸਕੂਲ ਤੇ ਸਰਕਾਰੀ ਡਿਸਪੈਂਸਰੀ ਦੀ ਅਚਨਚੇਤ ਚੈਕਿੰਗ ਕੀਤੀ। ਇਸ ਮੌਕੇ ਸਕੂਲ ਤੇ ਡਿਸਪੈਂਸਰੀ ਦਾ ਸਾਰਾ ਸਟਾਫ ਹਾਜ਼ਰ ਪਾਇਆ ਗਿਆ।ਐਸ.ਡੀ.ਐਮ ਨੇ ਸਕੂਲ ਸਟਾਫ਼ ਤੇ ਡਿਸਪੈਂਸਰੀ ਸਟਾਫ ਦੀਆਂ ਮੁਸ਼ਕਲਾਂ ਸੁਣੀਆਂ, ਜਿਸ ਬਾਰੇ ਐਸ.ਡੀ.ਐਮ ਨੇ ਸਕੂਲ ਤੇ ਡਿਸਪੈਂਸਰੀ ਪ੍ਰਬੰਧਕਾਂ ਨੂੰ ਹਦਾਇਤ ਕੀਤੀ ਕਿ ਉਹ ਉਨ੍ਹਾਂ ਨੂੰ ਲਿਖਤੀ ਰੂਪ ਵਿੱਚ ਆਉਣ ਵਾਲੀਆਂ ਮੁਸ਼ਕਲਾਂ (ਦਿੱਕਤਾਂ) ਬਾਬਤ ਦੱਸਿਆ ਜਾਵੇ ਤਾਂ ਜੁ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਦੂਰ ਕਰਾਇਆ ਜਾ ਸਕੇ।

## ਫ਼ਤਹਿ ਕਾਲਜ 'ਚ ਇਕ ਰੋਜ਼ਾ ਫੈਕਲਟੀ ਡਿਵੈਲਪਮੈਂਟ ਵਰਕਸ਼ਾਪ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਫ਼ਤਿਹ ਕਾਲਜ ਦੇ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਇੱਕ ਦਿਨਾ ਫੈਕਲਟੀ ਡਿਵੈਲਪਮੈਂਟ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਹ ਵਰਕਸ਼ਾਪ ਪ੍ਰੋ. ਸੋਨੀਆ ਤੇ ਪ੍ਰੋ. ਸੁਨੀਤਾ ਦੀ ਅਗਵਾਈ ਵਿੱਚ ਸੰਪੰਨ ਹੋਈ, ਜਿਸਦਾ ਮੁੱਖ ਵਿਸ਼ਾ ਮਾਈਕ੍ਰੋਸਾਫਟ ਆਫਿਸ ਦੀ ਵਰਤੋਂ ਤੇ ਉਸਦੇ ਤਕਨੀਕੀ ਖੇਤਰਾਂ ਦੀ ਸਮਝਵਾਨੀ ਸੀ। ਵਰਕਸ਼ਾਪ ਵਿੱਚ ਕਾਲਜ ਦੇ ਸਮੂਹ ਅਧਿਆਪਕਾਂ ਨੇ ਉਤਸ਼ਾਹੀ ਭਾਗ ਲਿਆ ਤੇ ਸਿਖਲਾਈ ਦੇ ਸੈਸ਼ਨਾਂ ਦੇ ਨਾਲ-ਨਾਲ ਪ੍ਰਾਇਮਰੀ ਪ੍ਰੈਕਟੀਕਲ ਸੈਸ਼ਨਾਂ ਵਿੱਚ ਵੀ ਸਰਗਰਮੀ ਦਿਖਾਈ।ਸਿਖਲਾਈ ਦੌਰਾਨ ਅਧਿਆਪਕਾਂ ਨੂੰ ਮਾਈਕ੍ਰੋਸਾਫਟ ਵਰਡ, ਐਕਸਲ, ਅਤੇ ਪਾਵਰਪਾਇੰਟ ਵਰਗੇ ਉਪਕਰਣਾਂ ਦੀ ਉੱਚ ਪੱਧਰੀ ਜਾਣਕਾਰੀ ਦਿੱਤੀ ਗਈ, ਜਿਸ ਨਾਲ ਉਨ੍ਹਾਂ ਦੀ ਪ੍ਰੋਫੈਸ਼ਨਲ ਕਾਬਲੀਅਤ ਨੂੰ ਵਧਾਇਆ ਜਾ ਸਕੇ।ਸਮਾਰੋਹ ਵਿੱਚ ਪ੍ਰਿੰਸੀਪਲ ਡਾ. ਜਗਵਿੰਦਰ ਸਿੰਘ ਸਿੱਧੂ ਨੇ ਅਧਿਆਪਕ ਸਾਹਿਬਾਨਾ ਦਾ ਸਵਾਗਤ ਕੀਤਾ ਤੇ ਇਸ ਤਰ੍ਹਾਂ ਦੇ ਵਰਕਸ਼ਾਪਾਂ ਨੂੰ ਅਧਿਆਪਕਾਂ ਲਈ ਲਾਭਦਾਇਕ ਦੱਸਿਆ।ਰਜਿਸਟਰਾਰ ਡਾ. ਰਜਿੰਦਰ ਕੁਮਾਰ ਤ੍ਰਿਪਾਠੀ, ਸਹਾਇਕ ਡਾਇਰੈਕਟਰ ਤੇ ਲੋਕ ਸੰਪਰਕ ਅਫ਼ਸਰ ਪ੍ਰੋ. ਹਰਪ੍ਰੀਤ ਸ਼ਰਮਾ, ਅਤੇ ਸਹਾਇਕ ਡਾਇਰੈਕਟਰ ਪ੍ਰੋ. ਜਸਵਿੰਦਰ ਸਿੰਘ ਦੀ ਭਰਵੀਂ ਹਾਜ਼ਰੀ ਨੇ ਇਸ ਇਵੈਂਟ ਨੂੰ ਹੋਰ ਵੀ ਯਾਦਗਾਰੀ ਬਣਾਇਆ।

## 135 ਸਕੂਲੀ ਬੱਚਿਆਂ ਨੂੰ ਬੂਟ ਤਕਸੀਮ ਕੀਤੇ ਗਏ



**ਜਗਰਾਉਂ (ਅਮਿਤ ਖੰਨਾ)**-ਸਰਕਾਰੀ ਪ੍ਰਾਇਮਰੀ ਸਕੂਲ (ਸੈਂਟਰਲ ਮੁੰਡੇ) 'ਚ ਸਮਾਜ ਸੇਵੀ ਸੰਸਥਾ 'ਕਰ ਭਲਾ ਹੋ ਭਲਾ' ਸੁਸਾਇਟੀ ਵੱਲੋਂ 135 ਸਕੂਲੀ ਬੱਚਿਆਂ ਨੂੰ ਬੂਟ ਤਕਸੀਮ ਕੀਤੇ ਗਏ।ਜ਼ਿਕਰਯੋਗ ਹੈ ਕਿ 'ਕਰ ਭਲਾ ਹੋ ਭਲਾ' ਸੁਸਾਇਟੀ ਹਮੇਸ਼ਾ ਜ਼ਰੂਰਤਮੰਦ ਪਰਵਾਰਾਂ ਲਈ ਕੰਮ ਕਰਦੀ ਹੈ। ਇਸ ਤੋਂ ਪਹਿਲਾਂ ਵੀ ਸਕੂਲੀ ਬੱਚਿਆਂ ਨੂੰ ਗਰਮ ਜਰਸੀਆਂ ਤੇ ਹੋਰ ਅਨੇਕਾਂ ਤਰ੍ਹਾਂ ਦੇ ਸਮਾਜ ਸੇਵੀ ਕਾਰਜ ਕਰਦੀ ਹੈ।ਸੁਸਾਇਟੀ ਦਾ ਮੁੱਖ ਮੰਤਵ ਹੀ ਲੋਕਾਂ ਦੀ ਸੇਵਾ ਹੈ, ਚਾਹੇ ਉਹ ਗ਼ਰੀਬ ਪਰਵਾਰਾਂ ਨੂੰ ਸੁੱਕਾ ਰਾਸ਼ਨ ਦੇਣਾ ਹੋਵੇ ਜਾਂ ਹੋਰ ਸਮਾਨ।

## ਕਾਲਜ ਵਿਦਿਆਰਥਣਾਂ ਨੇ ਲੋੜਵੰਦਾਂ ਨੂੰ ਕੱਪੜੇ ਵੰਡੇ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**

ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮਨ, ਝਾੜ ਸਾਹਿਬ ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਹੈ, ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਕਾਲਜ ਦੇ ਸਮਾਜ ਸ਼ਾਸਤਰ ਵਿਭਾਗ ਦੇ ਮੁਖੀ ਤੇ ਸੋਸ਼ਲ ਸੈਲਫ ਹੈਲਪ ਗਰੁੱਪ ਦੇ ਇੰਚਾਰਜ ਡਾ. ਸੁਨੀਤਾ ਕੌਸ਼ਲ, ਐੱਨ.ਐੱਸ.ਐੱਸ. ਯੂਨਿਟ ਦੇ ਪ੍ਰੋਗਰਾਮ ਅਫ਼ਸਰ ਪ੍ਰੋ. ਜਸਵੀਰ ਕੌਰ ਦੇ ਸਾਂਝੇ ਯਤਨਾਂ ਨਾਲ ਪਿੰਡ ਪਵਾਤ ਵਿਖੇ ਸਥਿਤ ਝੁੱਗੀਆਂ-ਝੌਂਪੜੀਆਂ ਵਾਲੇ ਲੋੜਵੰਦ ਲੋਕਾਂ ਨੂੰ ਸਰਦੀ ਤੋਂ ਬਚਣ ਲਈ ਗਰਮ ਕੱਪੜੇ (ਕੰਬਲ, ਸਵੈਟਰ, ਟੋਪੀਆਂ, ਗਰਮ ਸੂਟ, ਸ਼ਾਲਾਂ, ਛੋਟੇ ਬੱਚਿਆਂ ਦੇ ਕੱਪੜੇ ਵੰਡੇ ਗਏ। ਇਸ ਤੋਂ ਇਲਾਵਾ ਉਨ੍ਹਾਂ ਲਈ ਕਾਲਜ ਦੇ ਸਮਾਜ ਸ਼ਾਸਤਰ ਵਿਭਾਗ ਦੀਆਂ ਵਿਦਿਆਰਥਣਾਂ ਵਲੋਂ ਖਾਣ-ਪੀਣ ਵਾਲੀਆਂ ਵਸਤੂਆਂ ਵੀ ਵੰਡੀਆਂ ਗਈਆਂ।


ਕਾਲਜ ਪ੍ਰਿੰਸੀਪਲ ਅਤੇ ਕਾਲਜ ਲੋਕਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਸਹਿਬਾਨਾਂ ਵੱਲੋਂ ਵਿਭਾਗਾਂ ਵਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ। ਪ੍ਰਿੰਸੀਪਲ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੋੜਵੰਦ ਲੋਕਾਂ ਦੀ ਸੇਵਾ ਕਰਨਾ ਸਾਨੂੰ ਆਪਣਾ ਫ਼ਰਜ਼ ਸਮਝਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਲੋੜਵੰਦ ਲੋਕਾਂ ਨੂੰ ਮੁੱਢਲੀਆਂ ਲੋੜਾਂ ਪ੍ਰਾਪਤ ਨਹੀਂ ਹੁੰਦੀਆਂ। ਉਨ੍ਹਾਂ ਦੀ ਆਰਥਿਕ ਦਸ਼ਾ ਠੀਕ ਨਾ ਹੋਣ ਕਾਰਨ ਉਨ੍ਹਾਂ ਦੇ ਬੱਚੇ ਪੜ੍ਹਾਈ ਲਈ ਸਕੂਲ ਤੇ ਸਿਹਤ ਸਬੰਧੀ ਸਹੂਲਤਾਂ ਤੋਂ ਵਾਂਝੇ ਰਹਿ ਜਾਂਦੇ ਹਨ। ਇਹ ਵਿੱਦਿਅਕ ਸੰਸਥਾ ਲੋੜਵੰਦਾਂ ਦੀ ਸਹਾਇਤਾ ਲਈ ਹਰ ਸਮੇਂ ਤਤਪਰ ਰਹਿੰਦੀ ਹੈ। ਅਜਿਹੇ ਉਪਰਾਲੇ ਕਰਕੇ ਸੰਸਥਾ ਵਿਦਿਆਰਥਣਾਂ ਅੰਦਰ ਲੋੜਵੰਦਾਂ ਦੀ ਮੱਦਦ ਕਰਨ ਦੀ ਭਾਵਨਾ ਪੈਦਾ ਕਰਦੀ ਹੈ। ਇੰਚਾਰਜ ਡਾ. ਸੁਨੀਤਾ ਕੌਸ਼ਲ ਨੇ ਕਿਹਾ ਕਿ ਕਾਲਜ ਦੇ ਸੋਸ਼ਲ ਸੈਲਫ ਹੈਲਪ ਗਰੁੱਪ ਵਲੋਂ ਹਰ ਸਾਲ ਲੋੜਵੰਦ ਲੋਕਾਂ ਦੀ ਮਦਦ ਵੱਖ ਵੱਖ ਸਾਧਨਾਂ ਦੀ ਪੂਰਤੀ ਰਾਹੀਂ ਕੀਤੀ ਜਾਂਦੀ ਹੈ ਤੇ ਜ਼ਰੂਰਤਮੰਦਾਂ ਦੀ ਸਹਾਇਤਾ ਕਰਨਾ ਪੁੰਨ ਕਰਨ ਤੇ ਰੱਬ ਦੀ ਸੇਵਾ ਕਰਨ ਦੇ ਬਰਾਬਰ ਹੈ। ਇਸ ਮੌਕੇ ਸੁਖਵੀਰ ਸਿੰਘ, ਜਗਜੀਤ ਸਿੰਘ ਵੀ ਮੌਜੂਦ ਸਨ।

## ਲੋੜਵੰਦ ਵਿਅਕਤੀਆਂ ਨੂੰ ਗਰਮ ਕੱਪੜੇ ਵੰਡਣ ਲਈ ਲੰਗਰ ਲਗਾਇਆ

**ਜਗਰਾਉਂ (ਅਮਿਤ ਖੰਨਾ)**

ਜਗਰਾਉਂ ਦੀ ਲੋਕ ਸੇਵਾ ਸੋਸਾਇਟੀ ਵੱਲੋਂ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਰਜਿੰਦਰ ਜੈਨ ਕਾਕਾ, ਸੈਕਟਰੀ ਕੁਲਭੂਸ਼ਨ ਗੁਪਤਾ ਅਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਲੋੜਵੰਦ ਵਿਅਕਤੀਆਂ ਨੂੰ ਗਰਮ ਕੱਪੜੇ ਵੰਡਣ ਲਈ ਲੰਗਰ ਲਗਾਇਆ ਗਿਆ। ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਵਿਖੇ ਪੁਰਾਣੇ ਗਰਮ ਕੱਪੜਿਆਂ ਦੇ ਲਗਾਏ ਲੰਗਰ ਵਿੱਚ ਜ਼ਰੂਰਤਮੰਦਾਂ ਨੂੰ ਪੁਰਾਣੇ ਗਰਮ ਕੱਪੜੇ ਤਕਸੀਮ ਕਰਨ ਸਮੇਂ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਰਾਜਿੰਦਰ ਜੈਨ ਕਾਕਾ ਅਤੇ ਖ਼ਾਲਸਾ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸੰਤੋਖ ਸਿੰਘ ਦਿਓਲ ਨੇ ਦੱਸਿਆ ਕਿ ਸੁਸਾਇਟੀ ਮੈਂਬਰਾਂ ਦੇ ਘਰਾਂ ਤੋਂ ਇਕੱਠੇ ਕੀਤੇ ਪੁਰਾਣੇ ਗਰਮ ਕੱਪੜਿਆਂ ਦਾ ਅੱਜ ਲੰਗਰ ਲਗਾਇਆ ਗਿਆ ਹੈ ਅਤੇ ਇਸ ਲੰਗਰ ਵਿੱਚ ਜ਼ਰੂਰਤਮੰਦਾਂ ਨੂੰ ਕੱਪੜੇ ਤਕਸੀਮ ਕੀਤੇ ਗਏ ਹਨ।

## ਪਰਸਨੈਲਿਟੀ ਡਿਵੈੱਲਪਮੈਂਟ ਤੇ ਕਾਰਪੋਰੇਟ ਕਲਚਰ ਟ੍ਰੇਨਿੰਗ ਪ੍ਰੋਗਰਾਮ ਦੀ ਸ਼ੁਰੂਆਤ



**ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਿੱਖਿਆ ਸਕੱਤਰ ਇੰਜੀਨੀਅਰ ਸੁਖਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤੇ ਮਾਤਾ ਗੁਜਰੀ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਦੀ ਸੁਯੋਗ ਅਗਵਾਈ ਹੇਠ ਕਾਲਜ ਦੀਆਂ ਵਿਦਿਆਰਥਣਾਂ ਨੂੰ ਸਸ਼ਕਤ ਬਣਾਉਣ ਲਈ ਇੱਕ ਹਫ਼ਤੇ ਦੇ ਪਰਸਨੈਲਿਟੀ ਡਿਵੈੱਲਪਮੈਂਟ ਅਤੇ ਕਾਰਪੋਰੇਟ ਕਲਚਰ ਟ੍ਰੇਨਿੰਗ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਅਜੋਕੇ ਮੁਕਾਬਲੇ ਦੇ ਯੁੱਗ ਵਿੱਚ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦੇ ਉਦੇਸ਼ ਨਾਲ ਵਿਹਾਰਕ ਗਿਆਨ ਤੇ ਲੋੜੀਂਦੇ ਹੁਨਰ ਪ੍ਰਦਾਨ ਕਰਨਾ ਸੀ।ਇਸ ਪ੍ਰੋਗਰਾਮ ਦੇ ਪਹਿਲੇ ਪੜਾਅ ਦੌਰਾਨ ਕਾਲਜ ਦੇ ਮੈਨੇਜਮੈਂਟ ਸਟੱਡੀਜ਼ ਵਿਭਾਗ, ਖੇਤੀਬਾੜੀ ਵਿਭਾਗ ਤੇ ਸਾਇੰਸ ਵਿਭਾਗਾਂ ਦੀਆਂ 166 ਵਿਦਿਆਰਥਣਾਂ ਨੂੰ ਸਿਖਲਾਈ ਲਈ ਦਾਖਲ ਕੀਤਾ ਗਿਆ।ਵਰਣਨਯੋਗ ਹੈ ਕਿ ਇਹ ਪ੍ਰੋਗਰਾਮ ਮਹਿੰਦਰਾ ਐਂਡ ਮਹਿੰਦਰਾ (ਨਾਂਡੀ ਫਾਊਂਡੇਸ਼ਨ) ਵੱਲੋਂ ਆਯੋਜਿਤ ਕੀਤਾ ਜਾ ਰਿਹਾ ਹੈ, ਜਿਸ ਵਿੱਚ ਵੱਖ-ਵੱਖ ਵਿਸ਼ਾ ਮਾਹਿਰ ਇਕ ਹਫ਼ਤੇ ਵਿੱਚ 36 ਘੰਟਿਆਂ ਦੇ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਦੀ ਸ਼ਖ਼ਸੀਅਤ ਉਸਾਰੀ, ਪੇਸ਼ੇਵਰ ਸੰਚਾਰ ਤੇ ਕਾਰਪੋਰੇਟ ਸੱਭਿਆਚਾਰ ਦੇ ਵੱਖ-ਵੱਖ ਪਹਿਲੂਆਂ 'ਤੇ ਵਿਹਾਰਕ ਸਿਖਲਾਈ ਪ੍ਰਦਾਨ ਕਰਨਗੇ।

ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਕਾਰਪੋਰੇਟ ਸੈਕਟਰਾਂ ਵੱਲੋਂ ਇਸ ਤਰ੍ਹਾਂ ਦੀ ਪ੍ਰੈਕਟੀਕਲ ਟ੍ਰੇਨਿੰਗ ਵਿਦਿਆਰਥੀਆਂ ਦੇ ਵਿਹਾਰਕ ਤੇ ਵਿਵਹਾਰਕ ਗਿਆਨ ਨੂੰ ਵਧਾਉਣ ਵਿੱਚ ਸਹਾਇਕ ਸਿੱਧ ਹੁੰਦੀ ਹੈ।ਕਾਲਜ ਦੇ ਡੀਨ ਪਲੇਸਮੈਂਟ ਡਾ. ਜਗਦੀਸ਼ ਸਿੰਘ ਨੇ ਕਿਹਾ ਕਿ ਕਾਲਜ ਦੇ ਟ੍ਰੇਨਿੰਗ ਤੇ ਪਲੇਸਮੈਂਟ ਸੈੱਲ ਵੱਲੋਂ ਸਮੇਂ-ਸਮੇਂ 'ਤੇ ਵਿਦਿਆਰਥੀਆਂ ਨੂੰ ਬਿਹਤਰ ਭਵਿੱਖ ਪ੍ਰਦਾਨ ਕਰਨ ਅਤੇ ਰੁਜ਼ਗਾਰ ਦੇ ਅਵਸਰ ਮੁਹੱਈਆ ਕਰਾਉਣ ਲਈ ਅਜਿਹੇ ਉਸਾਰੂ ਉਪਰਾਲੇ ਕੀਤੇ ਜਾਂਦੇ ਹਨ। ਕਾਲਜ ਦੇ ਪਲੇਸਮੈਂਟ ਅਫ਼ਸਰ ਡਾ. ਸੌਰਵ ਸ਼ਰਮਾ ਨੇ ਕਿਹਾ ਕਿ ਨੌਜਵਾਨ ਪ੍ਰਤਿਭਾਵਾਂ ਨੂੰ ਸ਼ਾਨਦਾਰ ਕਰੀਅਰ ਦੀਆਂ ਸੰਭਾਵਨਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਵੱਖ-ਵੱਖ ਖੇਤਰਾਂ ਦੀਆਂ ਨਾਮਵਰ ਕੰਪਨੀਆਂ ਸੰਭਾਵੀ ਉਮੀਦਵਾਰਾਂ ਦੀ ਖੋਜ ਕਰਨ ਲਈ ਕਾਲਜ ਕੈਂਪਸ ਵਿਖੇ ਇਕੱਤਰ ਹੁੰਦੀਆਂ ਹਨ ਤੇ ਮਹਿੰਦਰਾ ਐਂਡ ਮਹਿੰਦਰਾ ਵਰਗੀ ਨਾਮਵਰ ਕੰਪਨੀ ਦੁਆਰਾ ਵਿਦਿਆਰਥੀਆਂ ਨੂੰ ਵਧੀਆ ਸਿਖਲਾਈ ਪ੍ਰਾਪਤ ਕਰਨ ਦਾ ਸੁਨਹਿਰੀ ਅਵਸਰ ਮਿਲਿਆ ਹੈ।

## ਡੋਨਾਲਡ ਟਰੰਪ ਅਮਰੀਕਾ 'ਚ ਘੱਟ ਗਿਣਤੀਆਂ ਨਾਲ ਬੇਇਨਸਾਫ਼ੀ ਖਤਮ ਕਰਨ : ਮਾਨ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਮਿਸਟਰ ਡੋਨਾਲਡ ਟਰੰਪ ਜੋ ਅਮਰੀਕਾ ਵਰਗੇ ਵੱਡੇ ਮੁਲਕ ਦੇ ਦੂਸਰੀ ਵਾਰ ਬਤੌਰ ਪ੍ਰੈਜੀਡੈਂਟ ਦੀ ਬੀਤੇ ਦਿਨੀਂ ਸਹੁੰ ਚੁੱਕਣ ਬਾਅਦ ਆਪਣੇ ਦੂਜੇ ਕਾਰਜਕਾਲ ਵਿਚ ਆਏ ਹਨ। ਅਸੀਂ ਇਸ ਵੱਡੀ ਖੁਸ਼ੀ ਦੇ ਮੌਕੇ ਮਿਸਟਰ ਡੋਨਾਲਡ ਟਰੰਪ, ਉਨ੍ਹਾਂ ਦੇ ਪਰਵਾਰਕ ਮੈਂਬਰਾਂ ਤੇ ਅਮਰੀਕਨ ਨਿਵਾਸੀਆਂ ਨੂੰ ਜਿਥੇ ਹਾਰਦਿਕ ਮੁਬਾਰਕਬਾਦ ਭੇਜਦੇ ਹਾਂ, ਉਥੇ ਇਸ ਗੱਲ ਲਈ ਉਸ ਅਕਾਲ ਪੁਰਖ ਦੇ ਚਰਨਾਂ ਵਿਚ ਅਰਜ਼ੋਈ ਕਰਦੇ ਹਾਂ ਕਿ ਉਨ੍ਹਾਂ ਨੂੰ ਹਰ ਖੇਤਰ ਵਿਚ ਪਹਿਲੇ ਨਾਲੋਂ ਵੀ ਵਧੇਰੇ ਸ਼ਕਤੀ, ਬੁੱਧੀ, ਦੂਰਅੰਦੇਸ਼ੀ ਦੀ ਬਖਸ਼ਿਸ਼ ਕਰਨ ਤਾਂ ਜੁ ਉਹ ਜਿਥੇ ਅਮਰੀਕਨ ਨਿਵਾਸੀਆਂ ਦੀ ਹਰ ਖੇਤਰ ਵਿਚ ਬਿਹਤਰੀ ਕਰ ਸਕਣ ਉਥੇ ਕੌਮਾਂਤਰੀ ਪੱਧਰ ਤੇ ਵੱਖ-ਵੱਖ ਮੁਲਕਾਂ ਵਿਚ ਘੱਟ ਗਿਣਤੀ ਕੌਮਾਂ ਨਾਲ ਹੁਕਮਰਾਨਾਂ ਵੱਲੋਂ ਹੋ ਰਹੀਆਂ ਜ਼ਿਆਦਤੀਆਂ, ਮਨੁੱਖੀ ਅਧਿਕਾਰਾਂ ਦੇ ਉਲੰਘਣ ਅਤੇ ਬੇਇਨਸਾਫ਼ੀਆਂ ਦਾ ਅੰਤ ਕਰਾਉਣ ਲਈ ਆਪਣੇ ਇਸ ਅਹੁਦੇ ਦੀ ਵਰਤੋਂ ਕਰਦੇ ਹੋਏ ਦੂਰ ਕਰਾ ਸਕਣ ਅਤੇ ਸੰਸਾਰ ਪੱਧਰ 'ਤੇ ਜੋ ਵੱਖ-ਵੱਖ ਮੁਲਕਾਂ ਦੀਆਂ ਆਪਣੀਆ ਦੁਸ਼ਮਣੀਆਂ ਦੀ ਬਦੌਲਤ ਸੰਸਾਰ ਤੀਸਰੀ ਸੰਸਾਰ ਜੰਗ ਵੱਲ ਵਧਦਾ ਨਜ਼ਰ ਆ ਰਿਹਾ ਹੈ, ਇਸ ਅਤਿ ਗੰਭੀਰ ਮੁੱਦੇ ਉਤੇ ਉਹ ਆਪਣੇ ਅਮਲ ਕਰਦੇ ਹੋਏ ਸੰਸਾਰ ਨੂੰ ਜੰਗਾਂ-ਯੁੱਧਾਂ ਤੋਂ ਦੂਰ ਕਰਦੇ ਹੋਏ ਸਮੁੱਚੇ ਸੰਸਾਰ ਵਿਚ ਅਮਨ ਚੈਨ ਤੇ ਜਮਹੂਰੀਅਤ ਕਾਇਮ ਕਰਨ ਲਈ ਯੋਗਦਾਨ ਪਾ ਸਕਣ । ਇਹ ਮੁਬਾਰਕਬਾਦ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਮਿਸਟਰ ਡੋਨਾਲਡ ਟਰੰਪ ਵੱਲੋਂ ਬਤੌਰ ਅਮਰੀਕਾ ਦੇ 47ਵੇਂ ਪ੍ਰੈਜੀਡੈਂਟ ਵਜੋਂ ਸਹੁੰ ਚੁੱਕਣ ਦੇ ਮੌਕੇ 'ਤੇ ਮਿਸਟਰ ਡੋਨਾਲਡ ਟਰੰਪ ਅਤੇ ਅਮਰੀਕਨਾਂ ਨੂੰ ਹਾਰਦਿਕ ਮੁਬਾਰਕਬਾਦ ਭੇਜਦੇ ਹੋਏ ਤੇ ਸਮੁੱਚੇ ਸੰਸਾਰ ਵਿਚ ਜਿਥੇ ਕਿਤੇ ਵੀ ਘੱਟ ਗਿਣਤੀ ਕੌਮਾਂ ਨਾਲ ਬੇਇਨਸਾਫ਼ੀ ਹੋ ਰਹੀ ਹੈ ਜਾਂ ਸੰਸਾਰ ਜੰਗ ਵੱਲ ਵਧਦਾ ਨਜ਼ਰ ਆ ਰਿਹਾ ਹੈ, ਉਸ ਨੂੰ ਦ੍ਰਿੜਤਾ ਅਤੇ ਦੂਰਅੰਦੇਸ਼ੀ ਨਾਲ ਖਤਮ ਕਰਾਉਣ ਦੀ ਵੱਡੀ ਉਮੀਦ ਕਰਦੇ ਹੋਏ ਦਿੱਤੀ।ਉਨ੍ਹਾਂ ਕਿਹਾ ਕਿ ਅਸੀਂ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਸਿੱਖ ਕੌਮ ਉਨ੍ਹਾਂ ਤੋਂ ਇਹ ਵੱਡੀ ਉਮੀਦ ਕਰਦੇ ਹਾਂ ਕਿ ਜੋ ਇੰਡੀਅਨ ਮੋਦੀ ਦੀ ਬੀਜੇਪੀ-ਆਰ.ਐਸ.ਐਸ ਹਕੂਮਤ ਅਤੇ ਇਸ ਵਿਚ ਸ਼ਾਮਿਲ ਮੁਤੱਸਵੀ ਵਜੀਰ ਅਤੇ ਕਾਤਲ ਅਫਸਰਸਾਹੀ ਇੰਡੀਆ ਵਿੱਚ ਵਸਣ ਵਾਲੀ ਘੱਟ ਗਿਣਤੀ ਕੌਮ ਸਿੱਖ ਨੌਜਵਾਨਾਂ ਨੂੰ ਜੋ ਅਮਰੀਕਾ, ਕੈਨੇਡਾ, ਬਰਤਾਨੀਆ, ਪਾਕਿਸਤਾਨ ਆਦਿ ਯੂਰਪਿੰਨ ਮੁਲਕਾਂ ਵਿੱਚ ਵਸਦੇ ਹਨ ਤੇ ਉਨ੍ਹਾਂ ਮੁਲਕਾਂ ਦੀ ਤਰੱਕੀ ਵਿਚ ਯੋਗਦਾਨ ਪਾ ਰਹੇ ਹਨ, ਉਨ੍ਹਾਂ ਨੂੰ ਨਿਸ਼ਾਨਾ ਬਣਾ ਕੇ ਜੋ ਕਤਲੇਆਮ ਕੀਤਾ ਜਾ ਰਿਹਾ ਹੈ, ਮਨੁੱਖੀ ਅਧਿਕਾਰਾਂ ਦਾ ਉਲੰਘਣ ਹੋ ਰਿਹਾ ਹੈ, ਉਸ ਵਿਰੁੱਧ ਮਿਸਟਰ ਟਰੰਪ ਸਖਤ ਕਾਰਵਾਈ ਕਰਨ ਦੀ ਜ਼ਿੰਮੇਵਾਰੀ ਨਿਭਾਉਣ, ਕਿਉਂਕਿ ਅਜਿਹੇ ਕਤਲੇਆਮ ਦੇ ਵਰਤਾਰੇ ਨਾਲ ਇਨ੍ਹਾਂ ਵੱਡੇ ਮੁਲਕਾਂ ਦੀ ਪ੍ਰਭੁਸੱਤਾ ਨੂੰ ਵੀ ਇੰਡੀਅਨ ਹੁਕਮਰਾਨ ਚੁਣੌਤੀ ਦੇ ਰਹੇ ਹਨ।

## 'ਸੰਪਰਕ' ਤਹਿਤ ਪਿੰਡ ਤੂੰਗਾਂ 'ਚ ਕਰਾਇਆ ਸੈਮੀਨਾਰ



**ਨਾਭਾ (ਵਰਿੰਦਰ ਵਰਮਾ)**

ਪੰਜਾਬ ਸਰਕਾਰ ਦੇ ਨਿਰਦੇਸ਼ਾਂ 'ਤੇ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਸੰਪਰਕ ਮੁਹਿੰਮ ਤਹਿਤ ਥਾਣਾ ਸਦਰ ਪੁਲਸ ਵੱਲੋਂ ਪਿੰਡ ਤੂੰਗਾਂ ਵਿਖੇ ਪ੍ਰਭਾਵਸ਼ਾਲੀ ਸੈਮੀਨਾਰ ਕਰਾਇਆ ਗਿਆ।

ਸਰਪੰਚ ਜਸਵੀਰ ਕੌਰ ਤੇ ਮੇਜਰ ਸਿੰਘ ਨੇ ਦੱਸਿਆ ਕਿ ਉਕਤ ਸੈਮੀਨਾਰ ਥਾਣਾ ਸਦਰ ਮੁਖੀ ਐਸ.ਆਈ ਗੁਰਵਿੰਦਰ ਸਿੰਘ ਸੰਧੂ ਦੀ ਅਗਵਾਈ ਹੇਠ ਕਰਾਇਆ ਗਿਆ, ਜਿਸ 'ਚ ਪੰਚਾਂ-ਸਰਪੰਚਾਂ ਤੋਂ ਇਲਾਵਾ ਗਲਵੱਟੀ ਚੌਕੀ ਇੰਚਾਰਜ ਨਵਦੀਪ ਕੌਰ ਮੌਜੂਦ ਸਨ।ਥਾਣਾ ਸਦਰ ਦੇ ਮੁੱਖ ਅਫ਼ਸਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਸ ਸੈਮੀਨਾਰ ਦਾ ਆਯੋਜਨ ਲੋਕਾਂ ਨੂੰ ਨਸ਼ਿਆਂ ਖਿਲਾਫ ਜਾਗਰੂਕ ਕੀਤਾ ਜਾਣਾ ਹੈ।ਉਨ੍ਹਾਂ ਕਿਹਾ ਕਿ ਨਸ਼ੇ ਸਿਹਤ ਲਈ ਬਹੁਤ ਮਾੜੇ ਹਨ।ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਤੇ ਹੋਰਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕਰਾਉਣ।ਇਸ ਤੋਂ ਇਲਾਵਾ ਉਨ੍ਹਾਂ ਸੋਸ਼ਲ ਮੀਡੀਆ 'ਤੇ ਧਾਰਮਿਕ ਕੱਟੜਤਾ ਨੂੰ ਫੈਲਾਉਣ ਵਾਲੀਆਂ ਪੋਸਟਾਂ ਅਤੇ ਗੰਨ ਕਲਚਰ ਨੂੰ ਪ੍ਰਮੋਟ ਕਰਨ ਵਾਲੀਆਂ ਪੋਸਟਾਂ ਨੂੰ ਸ਼ੇਅਰ ਨਾ ਕਰਨ ਲਈ ਪ੍ਰੇਰਤ ਕੀਤਾ ਤੇ ਸਾਈਬਰ ਕ੍ਰਾਈਮ ਬਾਰੇ ਵੀ ਜਾਣਕਾਰੀ ਦਿੰਦਿਆਂ ਉਨ੍ਹਾਂ ਸਾਈਬਰ ਕ੍ਰਾਈਮ ਤੋਂ ਬਚਣ ਲਈ ਸਾਈਬਰ ਕ੍ਰਾਈਮ ਦੇ ਹੈਲਪਲਾਈਨ ਨੰਬਰ ਬਾਰੇ ਦੱਸਿਆ।ਉਨ੍ਹਾਂ ਕਿਹਾ ਕਿ ਜੇਕਰ ਕੋਈ ਨੌਜਵਾਨ ਜਾਂ ਵਿਅਕਤੀ ਨਸ਼ੇ ਛੱਡਣ ਦਾ ਚਾਹਵਾਨ ਹੈ ਤਾਂ ਪੁਲਿਸ ਆਪਣੇ ਖਰਚੇ 'ਤੇ ਉਸਦਾ ਇਲਾਜ ਕਰਾਏਗੀ ਅਤੇ ਨਾਂਅ ਪਤਾ ਗੁਪਤ ਰੱਖੇਗੀ।ਇਸ ਮੌਕੇ 'ਆਪ' ਸੀਨੀਅਰ ਆਗੂ ਮੇਜਰ ਸਿੰਘ ਤੂੰਗਾਂ ਨੇ ਸੰਬੋਧਨ ਕਰਦਿਆਂ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਹੋਣ ਵਾਲੇ ਅਸਰ ਦੀ ਜਾਣਕਾਰੀ ਦਿੰਦਿਆਂ ਨਸ਼ਿਆਂ ਤੋਂ ਬਚਣ ਲਈ ਕਿਹਾ ਤਾਂ ਜੁ ਸਾਡੀ ਨੌਜਵਾਨ ਪੀੜ੍ਹੀ ਬਚ ਸਕੇ।ਅਖੀਰ 'ਚ ਮੇਜਰ ਸਿੰਘ ਵੱਲੋਂ ਥਾਣਾ ਮੁਖੀ ਤੇ ਹੋਰਨਾਂ ਦਾ ਸਨਮਾਨ ਅਤੇ ਧੰਨਵਾਦ ਕੀਤਾ। ਇਲਾਕਾ ਵਾਸੀਆਂ ਨੂੰ ਥਾਣਾ ਸਦਰ ਮੁਖੀ ਦੀ ਅਪੀਲ ਥਾਣਾ ਮੁਖੀ ਵੱਲੋਂ ਲੋਕਾਂ ਨੂੰ ਬੇਨਤੀ ਕੀਤੀ ਕਿ ਉਹ ਆਪਣੇ ਪਿੰਡਾਂ 'ਚ ਨਸ਼ਿਆਂ ਸਮਗਲਰਾਂ ਨੂੰ ਪ੍ਰਵੇਸ਼ ਨਾ ਕਰਨ ਦੇਣ ਅਤੇ ਜੇਕਰ ਕੋਈ ਨਸ਼ਾ ਸਮਗਲਰ ਜਾਂ ਕੋਈ ਮਾੜੇ ਅਨਸਰ ਬਾਰੇ ਉਹਨਾਂ ਨੂੰ ਜਾਣਕਾਰੀ ਮਿਲਦੀ ਹੈ ਤਾਂ ਤੁਰੰਤ ਪੁਲਿਸ ਨੂੰ ਸੂਚਿਤ ਕਰਨ ਤਾਂ ਕਿ ਇਲਾਕੇ 'ਚ ਅਮਨ ਕਾਨੂੰਨ ਬਣਿਆ ਰਹਿ ਸਕੇ।

## ਪੁਸਤਕ 'ਮਹਾਰਾਣੀ ਜਿੰਦਾਂ' ਲੋਕ ਅਰਪਣ

**ਸੰਗਰੂਰ (ਪ੍ਰਵੀਨ ਸਿੰਘ)**-ਮਹਾਰਾਣੀ ਜਿੰਦਾਂ ਦਾ ਪੰਜਾਬ ਦੇ ਇਤਿਹਾਸ ਵਿਚ ਬਹੁਤ ਹੀ ਗੌਰਵਮਈ ਸਥਾਨ ਹੈ। ਉਹ ਇਕ ਮਹਾਨ ਨਾਇਕਾ ਵਜੋਂ ਉਭਰਦੀ ਹੈ। ਪੰਜਾਬ ਨਾਲ ਪਿਆਰ ਕਰਨ ਵਾਲੀ ਮਹਾਰਾਣੀ ਨੇ ਪੰਜਾਬ ਨੂੰ ਅੰਗਰੇਜ਼ਾਂ ਦੀ ਗੁਲਾਮੀ ਤੋਂ ਮੁਕਤ ਕਰਾਉਣ ਤੇ ਪੰਜਾਬੀ ਦੀ ਆਨ, ਬਾਨ ਤੇ ਸ਼ਾਨ ਬਹਾਲ ਕਰਨ ਲਈ ਆਖ਼ਰੀ ਸਾਹ ਤੱਕ ਸੰਘਰਸ਼ ਕੀਤਾ। ਮਹਾਰਾਣੀ ਜਿੰਦਾ, ਮਾਈ ਭਾਗੋ, ਸਦਾ ਕੌਰ ਤੇ ਸਾਹਿਬ ਕੌਰ ਦੀ ਉਹ ਵਾਰਸ ਸੀ ਅਤੇ ਗੱਦਾਰ ਉਸ ਤੋਂ ਭੈਅ ਖਾਂਦੇ ਸਨ। ਪੁਸਤਕ ਸਬੰਧੀ ਗੁਰਤੇਜ ਸਿੰਘ ਆਈ.ਏ.ਐਸ.ਦੇ ਇਹ ਕਥਨ 'ਸਾਨੂੰ ਪਰਉਪਕਾਰੀ ਡਾ. ਭਗਵੰਤ ਸਿੰਘ ਸ਼ੁਕਰਗੁਜ਼ਾਰ ਹੋਣਾ ਚਾਹੀਦਾ ਹੈ ਕਿ ਉਨ੍ਹਾਂ ਵਧੀਆ ਮੋਤੀ ਚੁਣ ਕੇ ਪੰਜਾਬ ਮਾਤਾ ਦੀ ਯਾਦ ਨੂੰ ਤਾਜ਼ਾ ਕੀਤਾ ਹੈ। ਰੱਬ ਕਰੇ ਕਿ ਇਨ੍ਹਾਂ ਦਾ ਇਹ ਯਤਨ ਏਨਾ ਸਫ਼ਲ ਹੋਵੇ ਕਿ ਪੰਜਾਬ ਦੀ ਹਰ ਧੀ, ਮਾਈ ਜਿੰਦਾ ਦੀ ਵਿਸਰੀ ਵਿਰਾਸਤ ਨੂੰ ਅਪਨਾ ਕੇ ਪੰਜਾਬੀ ਲਈ ਜੂਝਣ ਨੂੰ ਆਪਣੇ ਜੀਨ ਦਾ ਵੱਡਾ ਮਕਸਦ ਸਮਝਣ ਲਗ ਜਾਵੇ।' ਇਹ ਭਾਵ ਮਾਲਵਾ ਰਿਸਰਚ ਸੈਂਟਰ ਪਟਿਆਲਾ ਵੱਲੋਂ ਡਾ. ਭਗਵੰਤ ਸਿੰਘ ਤੇ ਸੰਦੀਪ ਸਿੰਘ ਦੀ ਪੁਸਤਕ ਮਹਾਰਾਣੀ ਜਿੰਦਾ ਦੇ ਲੋਕ ਅਰਪਣ ਸਮੇਂ ਵਿਦਵਾਨ ਚਿੰਤਕਾਂ ਤੇ ਦਾਰਸ਼ਨਿਕਾਂ ਰਾਹੀਂ ਚਲਾਏ ਗਏ ਸੰਵਾਦ ਦੌਰਾਨ ਉਭਰ ਕੇ ਸਾਹਮਣੇ ਆਏ। ਸਮਾਗਮ ਦੇ ਮੁੱਖ ਮਹਿਮਾਨ ਸੰਤ ਬਾਬਾ ਸੁਖਜੀਤ ਸਿੰਘ ਸੀਚੇਵਾਲ ਨੇ ਹਾਜ਼ਰੀ ਲਵਾਈ। ਪੁਸਤਕ ਮਹਾਰਾਣੀ ਜਿੰਦਾ 'ਚ ਖੋਜ ਭਰਪੂਰ ਲੇਖ ਦਰਜ ਕੀਤੇ ਗਏ ਹਨ। ਇਨ੍ਹਾਂ ਰਾਹੀਂ ਮਹਾਰਾਣੀ ਜਿੰਦਾ ਬਾਰੇ ਅੰਗਰੇਜ਼ਾਂ ਦੁਆਰਾ ਸਿਰਜੇ ਝੂਠੇ ਬਿਰਤਾਂਤ ਨੂੰ ਤਰਕ ਦੀ ਦ੍ਰਿਸ਼ਟੀ ਨਾਲ ਰੱਦ ਕੀਤਾ ਗਿਆ ਹੈ। ਮਹਾਰਾਣੀ ਦੇ ਜੀਵਨ ਤੇ ਸੰਘਰਸ਼ ਦਾ ਮਾਰਮਿਕ ਚਿੱਤਰ ਪ੍ਰਸਤੁਤ ਕਰਕੇ ਭਰਮਾਂ ਭੁਲੇਖਿਆਂ ਦਾ ਖੰਡਨ ਕੀਤਾ ਹੈ ਤੇ ਗੱਦਾਰਾਂ ਦੇ ਕਿਰਦਾਰ ਨੰਗੇ ਕੀਤੇ ਗਏ ਹਨ।

## ਗਣਤੰਤਰ ਦਿਵਸ ਮਨਾਉਣ ਸੰਬੰਧੀ ਬੈਠਕ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਦੀਆਂ ਤਿਆਰੀਆਂ ਸਬੰਧੀ ਇੱਕ ਬੈਠਕ ਅੱਜ ਸ਼ਹੀਦ ਭਗਤ ਸਿੰਘ ਬਹੁ ਮੰਤਵੀਂ ਸਟੇਡੀਅਮ ਵਿਖੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਡਾ: ਮਨਦੀਪ ਕੌਰ ਦੀ ਪ੍ਰਧਾਨਗੀ ਹੇਠ ਹੋਈ। ਬੈਠਕ ਦੌਰਾਨ ਉਨ੍ਹਾਂ ਨੇ ਨਿਰਦੇਸ਼ ਦਿੱਤੇ ਕਿ ਸਾਰੇ ਵਿਭਾਗ ਦਿੱਤੇ ਗਏ ਕੰਮ ਨੂੰ ਤਨਦੇਹੀ ਨਾਲ ਪੂਰਾ ਕਰਨ। ਉਹਨਾਂ ਨੇ ਕਿਹਾ ਕਿ ਗਣਤੰਤਰ ਦਿਵਸ ਦੇਸ਼ ਵਿੱਚ ਆਜ਼ਾਦੀ ਤੋਂ ਬਾਅਦ ਸੰਵਿਧਾਨ ਲਾਗੂ ਹੋਣ ਦੇ ਦਿਨ ਵਜੋਂ ਮਨਾਇਆ ਜਾਂਦਾ ਹੈ ਅਤੇ ਇਹ ਇੱਕ ਲੋਕਤਾਂਤਰਿਕ ਦੇਸ਼ ਭਾਰਤ ਦਾ ਕੌਮੀ ਤਿਉਹਾਰ ਹੈ।

**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ਮਾਲਭਾੜਾ, ਉੱਤਰ ਰੇਲਵੇ, ਫ਼ਿਰੋਜ਼ਪੁਰ ਦੁਆਰਾ ਹੇਠਾ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫ਼ਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ :

| ਨੀਲਾਮੀ ਸੂਚੀ ਨੰ: | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | |
|---|---|---|
| EAFZR-SLR25-13 | 05/02/2025 ਨੂੰ 11.00 Hrs. | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ ਉਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਮਪਾਰਟਮੈਂਟ):14618/F1, 14624/F1, 14730/F2, 12242/F1, 14730/F1, 14505/F1, 14028/F2, 14028/R1, 14028/F1 & 14730/R1. |
| EAFZR-SLR25-14 | 06/02/2025 ਨੂੰ 11:00 Hrs | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ ਉਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਮਪਾਰਟਮੈਂਟ): 12238/R1, 12478/F1, 12238/F2, 12460/F1, 14604/F1, 14036/F1, 14650/F1, 19804/F1, 14036/F2 & 22942/F1. |

ਪੂਰੀ ਜਾਣਕਾਰੀ ਅਤੇ ਰਜਿਸਟਰੈਸ਼ਨ ਦੇ ਲਈ ਕ੍ਰਿਪਾ ਰੇਲਵੇ ਦੀ ਵੈੱਬਸਾਈਟ www.ireps.gov.in ਉਤੇ ਜਾਉ । 237/25

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਉਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ਮਾਲਭਾੜਾ ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25-15 | 07/02/2025 ਨੂੰ 11:00 Hrs. | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ): 15098/F1, 12422/F1, 22446/F1, 22552/F1, 11450/F1, 12498/F1, 22462/F1, 12476/F1, 14632/F1, 14632/R1, 12446/F1 & 15532/F1. |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। 245/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

Punjab Land of Unlimited Opportunities

# ਰੰਗਲਾ ਪੰਜਾਬ,
# ਸਿਹਤਮੰਦ ਪੰਜਾਬ










- ਸਰਕਾਰੀ ਹਸਪਤਾਲਾਂ ਵਿੱਚ ਕਿਫਾਇਤੀ ਦਰਾਂ 'ਤੇ **ਐਕਸ-ਰੇ ਅਤੇ ਅਲਟ੍ਰਾਸਾਉਂਡ ਸਹੂਲਤਾਂ**
- **ਸਟੈਮੀ ਅਤੇ ਸਟ੍ਰੋਕ ਕੇਅਰ ਪ੍ਰੋਜੈਕਟ** ਦੇ ਤਹਿਤ ਦਿਲ ਦੇ ਦੌਰੇ ਅਤੇ ਇਸਕੈਮਿਕ ਸਟ੍ਰੋਕ ਦਾ ਮੁਫ਼ਤ ਇਲਾਜ
- **32,800 ਮੁਫ਼ਤ ਡਾਇਲਸਿਸ ਸੈਸ਼ਨਜ਼** ਨਾਲ 4,831 ਕਿਡਨੀ ਮਰੀਜ਼ਾਂ ਨੂੰ ਰਾਹਤ ਮਿਲੀ
- ਸੀ.ਐਮ. ਦੀ ਯੋਗਸ਼ਾਲਾ - ਹੁਣ ਤੱਕ **1 ਲੱਖ ਲੋਕਾਂ** ਨੇ ਯੋਗ ਦਾ ਲਾਭ ਲਿਆ
- **881** ਆਮ ਆਦਮੀ ਕਲੀਨਿਕ
- **80+** ਦਵਾਈਆਂ ਤੇ **38+** ਟੈਸਟ ਮੁਫ਼ਤ

"ਪੰਜਾਬ ਸਰਕਾਰ ਹਰ ਨਾਗਰਿਕ ਨੂੰ ਵਿਸ਼ਵ ਪੱਧਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਪੂਰੀ ਤਰਾਂ ਵਚਨਬੱਧ ਹੈ। ਸਾਡਾ ਟੀਚਾ ਹੈ ਕਿ ਹਰ ਇੱਕ ਵਿਅਕਤੀ ਨੂੰ ਮੁਫ਼ਤ ਤੇ ਉੱਚ ਪੱਧਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਹੈ।"

**ਭਗਵੰਤ ਸਿੰਘ ਮਾਨ**
ਮੁੱਖ ਮੰਤਰੀ, ਪੰਜਾਬ



**ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵੱਟਸਐਪ ਚੈਨਲ ਨਾਲ ਜੁੜੋ**

ਇੱਥੇ ਸਕੈਨ ਕਰੋ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

23-jan-PAGE-4.qxd 1/22/2025 10:47 PM Page 1



# ਮੁ.ਫਤ ਰਿਓੜੀਆਂ

ਦਿੱਲੀ ਦੀਆਂ ਵਿਧਾਨ ਸਭਾ ਚੋਣਾਂ ਜਿੱਤਣ ਲਈ ਪਾਰਟੀਆਂ ਜਿਸ ਤਰ੍ਹਾਂ ਦੇ ਐਲਾਨ ਕਰ ਰਹੀਆਂ ਹਨ, ਉਸ ਨੇ ਲੋਕਤੰਤਰ ਦਾ ਇੱਕ ਨਵਾਂ ਦੌਰ ਸ਼ੁਰੂ ਕਰ ਦਿੱਤਾ ਹੈ। ਇੱਕ ਸਮਾਂ ਸੀ, ਜਦੋਂ ਚੋਣ ਮੁਹਿੰਮ ਦੌਰਾਨ ਸੱਤਾਧਾਰੀ ਪਾਰਟੀਆਂ ਆਪਣੇ ਕਾਰਜਕਾਲ ਵਿੱਚ ਕੀਤੇ ਗਏ ਕੰਮਾਂ ਨੂੰ ਆਪਣੀ ਚੋਣ ਮੁਹਿੰਮ ਦਾ ਮੁੱਖ ਏਜੰਡਾ ਬਣਾਉਂਦੀਆਂ ਸਨ ਤੇ ਸੱਤਾ ਤੋਂ ਬਾਹਰ ਰਹੀਆਂ ਪਾਰਟੀਆਂ ਉਸ ਦੇ ਕੰਮਾਂ ਵਿੱਚ ਮੀਨ-ਮੇਖ ਕੱਢ ਕੇ ਜਨਤਾ ਨਾਲ ਧੋਖਾ ਕਰਨ ਦੇ ਦੋਸ਼ ਲਾਉਂਦੀਆਂ ਸਨ। ਹੁਣ ਚੋਣਾਂ ਵਿੱਚ ਨਾ ਲੋਕਾਂ ਦੇ ਬੁਨਿਆਦੀ ਮੁੱਦਿਆਂ ਦੀ ਗੱਲ ਹੁੰਦੀ ਹੈ ਤੇ ਨਾ ਹੀ ਵਿਕਾਸ ਦਾ ਕੋਈ ਭਵਿੱਖੀ ਨਕਸ਼ਾ ਪੇਸ਼ ਕੀਤਾ ਜਾਂਦਾ ਹੈ। ਹੁਣ ਹਰ ਪਾਰਟੀ ਲੋਕਾਂ ਨਾਲ ਅਜਿਹੇ ਵਾਅਦੇ ਕਰਦੀ ਹੈ, ਜਿਨ੍ਹਾਂ ਨੂੰ ਅਸਿੱਧੇ ਤੌਰ 'ਤੇ ਵੋਟਾਂ ਖ਼ਰੀਦਣ ਦੇ ਖਾਨੇ ਵਿੱਚ ਰੱਖਿਆ ਜਾ ਸਕਦਾ ਹੈ। ਅੱਜ ਦਿੱਲੀ ਵਿੱਚ ਜਾਮ ਦੀ ਸਮੱਸਿਆ, ਪ੍ਰਦੂਸ਼ਣ, ਗੰਦਗੀ, ਅਪਰਾਧ, ਸ਼ਰਾਬਖੋਰੀ, ਮਹਿੰਗਾਈ ਤੇ ਬੇਰੁਜ਼ਗਾਰੀ ਮੁੱਖ ਮੁੱਦੇ ਹਨ, ਪਰ ਇਹ ਚੋਣ ਚਰਚਾ 'ਚੋਂ ਗਾਇਬ ਹਨ।

ਦਿੱਲੀ ਚੋਣਾਂ ਤੋਂ ਪਹਿਲਾਂ ਭਾਜਪਾ ਅਜਿਹੇ ਵਾਅਦਿਆਂ ਨੂੰ 'ਰਿਓੜੀ ਕਲਚਰ' ਕਹਿ ਕੇ ਭੰਡਦੀ ਰਹੀ, ਪਰ ਹੁਣ ਖੁਦ ਉਹ ਇਸੇ ਰਾਹ ਪੈ ਚੁੱਕੀ ਹੈ। ਕਰਨਾਟਕ ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਜਦੋਂ ਕਾਂਗਰਸ ਨੇ 200 ਯੂਨਿਟ ਮੁ.ਫਤ ਬਿਜਲੀ ਤੇ ਹਰ ਪਰਵਾਰ ਦੀ ਔਰਤ ਮੁਖੀ ਨੂੰ 2000 ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਸੀ ਤਾਂ ਮੋਦੀ ਨੇ ਇਸ ਦੀ ਸਖ਼ਤ ਆਲੋਚਨਾ ਕੀਤੀ ਸੀ। ਮੋਦੀ ਨੇ ਕਿਹਾ ਸੀ ਕਿ ਸਾਡੇ ਦੇਸ਼ ਦੇ ਸਿਆਸੀ ਆਗੂਆਂ ਨੇ ਰਾਜਨੀਤੀ ਨੂੰ ਸਿਰ.ਫ ਸੱਤਾ ਤੇ ਭ੍ਰਿਸ਼ਟਾਚਾਰ ਦਾ ਸਾਧਨ ਬਣਾ ਦਿੱਤਾ ਹੈ। ਉਹ ਇਸ ਨੂੰ ਹਾਸਲ ਕਰਨ ਲਈ ਸਾਮ, ਦਾਮ, ਦੰਡ, ਭੇਦ ਹਰ ਤਰੀਕਾ ਅਪਣਾ ਰਹੇ ਹਨ। ਇਨ੍ਹਾਂ ਨੂੰ ਨਾ ਦੇਸ਼ ਦੇ ਭਵਿੱਖ ਦੀ ਚਿੰਤਾ ਹੈ, ਨਾ ਆਉਣ ਵਾਲੀਆਂ ਪੀੜ੍ਹੀਆਂ ਦੀ। ਮੁ.ਫਤ ਦੀਆਂ ਰਿਓੜੀਆਂ ਦੀ ਰਾਜਨੀਤੀ ਕਾਰਨ ਕਈ ਰਾਜ ਬੇਤਹਾਸ਼ਾ ਖ਼ਰਚ ਇਨ੍ਹਾਂ ਸਕੀਮਾਂ ਨੂੰ ਲਾਗੂ ਕਰਨ ਲਈ ਕਰ ਰਹੇ ਹਨ। ਇਹ ਲੋਕ ਭਵਿੱਖੀ ਪੀੜ੍ਹੀਆਂ ਦਾ ਖ਼ਰਚਾ ਵੀ ਖਾਈ ਜਾ ਰਹੇ ਹਨ। ਦੇਸ਼ ਇਸ ਤਰ੍ਹਾਂ ਨਹੀਂ ਚਲਦਾ, ਸਰਕਾਰਾਂ ਏਦਾਂ ਨਹੀਂ ਚਲਦੀਆਂ। ਸਰਕਾਰਾਂ ਨੂੰ ਵਰਤਮਾਨ ਦੇ ਨਾਲ-ਨਾਲ ਭਵਿੱਖ ਬਾਰੇ ਵੀ ਸੋਚਣਾ ਹੁੰਦਾ ਹੈ। ਇਸ ਤੋਂ ਬਾਅਦ ਵੀ ਪ੍ਰਧਾਨ ਮੰਤਰੀ ਕਈ ਰਾਜਾਂ ਦੀਆਂ ਚੋਣਾਂ ਦੌਰਾਨ 'ਮੁ.ਫਤ ਰਿਓੜੀਆਂ' ਨੂੰ ਲੈ ਕੇ ਅਜਿਹੇ ਹੀ ਬਿਆਨ ਦਿੰਦੇ ਰਹੇ ਹਨ।

ਹੁਣ ਤੱਕ ਭਾਜਪਾ ਆਮ ਆਦਮੀ ਪਾਰਟੀ ਦੇ ਜਿਨ੍ਹਾਂ ਵਾਅਦਿਆਂ ਬਾਰੇ ਰਿਓੜੀਆਂ ਵੰਡਣ ਦੇ ਦੋਸ਼ ਲਾਉਂਦੀ ਰਹੀ ਹੈ, ਹੁਣ ਖ਼ੁਦ 'ਆਪ' ਤੋਂ ਅੱਗੇ ਲੰਘਦੀ ਦਿਖਾਈ ਦੇ ਰਹੀ ਹੈ। ਦਿੱਲੀ ਚੋਣਾਂ ਵਿੱਚ ਭਾਜਪਾ ਨੇ ਆਪਣੇ ਸੰਕਲਪ ਪੱਤਰ ਦੇ ਦੋ ਹਿੱਸਿਆਂ ਨੂੰ ਪੇਸ਼ ਕਰਕੇ ਕਈ ਐਲਾਨ ਕੀਤੇ ਹਨ, ਜਿਸ ਦਾ ਵੇਰਵਾ ਹੇਠਾਂ ਦਿੱਤਾ ਜਾ ਰਿਹਾ ਹੈ। ਸਰਕਾਰੀ ਅਦਾਰਿਆਂ ਵਿੱਚ ਦਿੱਲੀ ਦੇ ਜ਼ਰੂਰਤਮੰਦ ਵਿਦਿਆਰਥੀਆਂ ਲਈ ਕੇ ਜੀ ਤੋਂ ਪੀ ਜੀ ਤੱਕ ਮੁ.ਫਤ ਵਿਦਿਆ, ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ 15 ਹਜ਼ਾਰ ਰੁਪਏ ਦੀ ਸਹਾਇਤਾ, ਔਰਤਾਂ ਨੂੰ 2500 ਰੁਪਏ ਮਾਸਿਕ ਸਹਾਇਤਾ ਤੇ 500 ਰੁਪਏ ਵਿੱਚ ਗੈਸ ਸਿਲੰਡਰ, ਹਰ ਗਰਭਵਤੀ ਔਰਤ ਨੂੰ 21000 ਰੁਪਏ, ਬਜ਼ੁਰਗਾਂ ਲਈ ਪੈਨਸ਼ਨ 2500 ਰੁਪਏ ਮਹੀਨਾ, 70 ਸਾਲ ਤੋਂ ਉਪਰਲਿਆਂ ਲਈ 3000 ਰੁਪਏ, ਤਕਨੀਕੀ ਅਦਾਰਿਆਂ ਵਿੱਚ ਸਿੱਖਿਆ ਲੈਂਦੇ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ 1000 ਰੁਪਏ ਮਹੀਨਾ ਵਜ਼ੀ.ਫਾ ਤੇ ਆਟੋ ਤੇ ਟੈਕਸੀ ਚਾਲਕਾਂ ਲਈ 10 ਲੱਖ ਦਾ ਬੀਮਾ ਆਦਿ।

ਆਮ ਆਦਮੀ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ, ਜਿਹੜੇ ਮੁ.ਫਤ ਰਿਆਇਤਾਂ ਦੇਣ ਦੇ ਮੋਢੀ ਹਨ, ਨੇ ਪ੍ਰਧਾਨ ਮੰਤਰੀ ਉੱਤੇ ਭਾਜਪਾ ਦੇ ਐਲਾਨਾਂ ਬਾਰੇ ਤਨਜ਼ ਕੀਤਾ ਹੈ, ਉਨ੍ਹਾ ਕਿਹਾ , 'ਕੀ ਜੇ ਪੀ ਨੱਢਾ ਨੇ ਰਿਓੜੀਆਂ ਦਾ ਐਲਾਨ ਕਰਨ ਤੋਂ ਪਹਿਲਾਂ ਮੋਦੀ ਤੋਂ ਇਸ ਬਾਰੇ ਪੁੱਛ ਲਿਆ ਸੀ, ਕਿਉਂਕਿ ਉਹ ਕਈ ਵਾਰ ਕਹਿ ਚੁੱਕੇ ਹਨ ਕਿ ਅਰਵਿੰਦ ਕੇਜਰੀਵਾਲ ਜਨਤਾ ਨੂੰ ਮੁ.ਫਤ ਰਿਓੜੀਆਂ ਵੰਡ ਕੇ ਗਲਤ ਕਰ ਰਹੇ ਹਨ। ਪ੍ਰਧਾਨ ਮੰਤਰੀ ਨੂੰ ਇਸ ਬਾਰੇ ਸਪੱਸ਼ਟੀਕਰਨ ਦੇਣਾ ਚਾਹੀਦਾ ਹੈ।'

ਉਂਜ ਮੁ.ਫਤ ਵਾਅਦਿਆਂ ਦੇ ਸੰਬੰਧ ਵਿੱਚ ਮੋਦੀ ਖੁਦ ਵੀ ਪਿੱਛੇ ਨਹੀਂ ਰਹੇ। 2014 ਦੀਆਂ ਲੋਕ ਸਭਾ ਚੋਣਾਂ ਸਮੇਂ ਉਨ੍ਹਾ ਹਰ ਭਾਰਤੀ ਦੇ ਖਾਤੇ ਵਿੱਚ 15 ਲੱਖ ਰੁਪਏ ਪਾਉਣ ਦਾ ਵਾਅਦਾ ਕੀਤਾ ਸੀ, ਜਿਸ ਨੂੰ ਬਾਅਦ ਵਿੱਚ 'ਜੁਮਲਾ' ਕਹਿ ਦਿੱਤਾ ਗਿਆ ਸੀ। 2019 ਦੀਆਂ ਚੋਣਾਂ ਤੋਂ ਪਹਿਲਾਂ ਕਿਸਾਨਾਂ ਲਈ 6000 ਰੁਪਏ ਦਾ ਐਲਾਨ, 80 ਕਰੋੜ ਲੋਕਾਂ ਲਈ ਮੁ.ਫਤ ਰਾਸ਼ਨ, 3 ਗੈਸ ਸਿਲੰਡਰ ਮੁ.ਫਤ, ਵਿਦਿਆਰਥਣਾਂ ਨੂੰ ਮੁ.ਫਤ ਸਕੂਟੀ, ਔਰਤਾਂ ਲਈ ਮੁ.ਫਤ ਬੱਸ ਸ.ਫਰ, ਮਛਿਆਰਿਆਂ ਲਈ 4 ਹਜ਼ਾਰ ਰੁਪਏ ਮਹੀਨਾ ਆਦਿ ਭਾਜਪਾ ਦੇ ਚੋਣ ਮੈਨੀਫੈਸਟੋ ਵਿੱਚ ਦਰਜ ਹਨ।

ਬਹੁਤ ਦੂਰ ਨਾ ਜਾਈਏ, ਮਹਾਰਾਸ਼ਟਰ ਦੀਆਂ ਵਿਧਾਨ ਸਭਾ ਚੋਣਾਂ ਮੌਕੇ ਸਰਕਾਰ ਵੱਲੋਂ 'ਲਾਡਲੀ ਬਹਿਨ' ਯੋਜਨਾ ਅਧੀਨ ਔਰਤਾਂ ਦੇ ਖਾਤਿਆਂ ਵਿੱਚ 1500 ਰੁਪਏ ਪਾ ਕੇ ਵੋਟਾਂ ਬਟੋਰੀਆਂ ਗਈਆਂ ਸਨ। ਇਸ ਤੋਂ ਪਹਿਲਾਂ ਮੱਧ ਪ੍ਰਦੇਸ਼ ਦੀਆਂ ਚੋਣਾਂ ਜਿੱਤਣ ਲਈ ਵੀ ਇਹੋ ਦਾਅ ਖੇਡਿਆ ਗਿਆ ਸੀ।

ਇਨ੍ਹਾਂ ਮੁ.ਫਤ ਦੀਆਂ ਯੋਜਨਾਵਾਂ ਬਾਰੇ ਸੁਆਲ ਉਠਦੇ ਰਹੇ ਹਨ, ਪਰ ਹਰ ਮੱਦ ਦੀ ਅਲੋਚਨਾ ਠੀਕ ਨਹੀਂ। ਲੋਕਾਂ ਦੀ ਭਲਾਈ ਹਰ ਸਰਕਾਰ ਦੀ ਜ਼ਿੰਮੇਵਾਰੀ ਹੁੰਦੀ ਹੈ, ਪਰ ਜਨਤਾ ਦਾ ਪੈਸਾ ਖਰਚਣ ਲਈ ਸਹੀ ਤਰੀਕਾ ਹੋਣਾ ਚਾਹੀਦਾ ਹੈ। ਮੁ.ਫਤ ਵਿਦਿਆ, ਮੁ.ਫਤ ਪੀਣ ਵਾਲੇ ਪਾਣੀ, ਮੁ.ਫਤ ਸਿਹਤ ਸਹੂਲਤਾਂ ਤੇ ਇਕ ਹੱਦ ਤੱਕ ਮੁ.ਫਤ ਬਿਜਲੀ ਨੂੰ ਰਿਓੜੀਆਂ ਨਹੀਂ ਕਿਹਾ ਜਾ ਸਕਦਾ, ਇਹ ਬੁਨਿਆਦੀ ਲੋੜਾਂ ਹਨ। ਇਸ ਖਾਨੇ ਵਿੱਚ ਹੋਰ ਵੀ ਬਹੁਤ ਸਾਰੀਆਂ ਲੋੜਾਂ ਹੋ ਸਕਦੀਆਂ ਹਨ। ਇਸ ਦੇ ਉਲਟ ਧਾਰਮਕ ਸਥਾਨਾਂ ਦੀਆਂ ਮੁ.ਫਤ ਯਾਤਰਾਵਾਂ ਆਦਿ ਮੁ.ਫਤ ਰਿਓੜੀਆਂ ਹੋ ਸਕਦੀਆਂ ਹਨ, ਜੋ ਲੋਕ ਕਲਿਆਣ ਯੋਜਨਾਵਾਂ ਦੇ ਖਾਨੇ ਵਿੱਚ ਨਹੀਂ ਆਉਂਦੀਆਂ। ਉਨ੍ਹਾਂ 'ਤੇ ਰੋਕ ਲੱਗਣੀ ਚਾਹੀਦੀ ਹੈ।

- ਚੰਦ ਫਤਿਹਪੁਰੀ

ਜਨਮ ਦਿਨ 'ਤੇ ਵਿਸ਼ੇਸ਼

# ਨੇਤਾ ਜੀ ਸੁਭਾਸ਼ ਚੰਦਰ ਬੋਸ ਮਹਾਨ ਦੇਸ਼ ਭਗਤ ਸਨ

**ਪ੍ਰਮੋਦ ਧੀਰ**

*("ਜੈ ਹਿੰਦ" ਅਤੇ "ਤੁਸੀਂ ਮੈਨੂੰ ਖ਼ੂਨ ਦਿਓ, ਮੈਂ ਤੁਹਾਨੂੰ ਆਜ਼ਾਦੀ ਦੇਵਾਂਗਾ" ਦੋਨੋਂ ਨਾਅਰੇ ਨੇਤਾ ਜੀ ਦੁਆਰਾ ਦਿੱਤੇ ਗਏ)*

ਨੇਤਾ ਜੀ ਸੁਭਾਸ਼ ਚੰਦਰ ਬੋਸ ਦਾ ਜਨਮ 23 ਜਨਵਰੀ 1897 ਨੂੰ ਕਟਕ (ਉੜੀਸਾ) ਵਿੱਚ ਉੱਘੇ ਵਕੀਲ ਪਿਤਾ ਜਾਨਕੀ ਨਾਥ ਬੋਸ ਅਤੇ ਮਾਤਾ ਪ੍ਰਭਾਵਤੀ ਬੋਸ ਦੇ ਘਰ ਹੋਇਆ। ਨੇਤਾ ਜੀ ਨੇ ਸ਼ੁਰੂਆਤੀ ਪੜ੍ਹਾਈ ਕਟਕ ਦੇ ਰੇਵੇਂਸੋਵ ਕਾਲਜੀਏਟ ਸਕੂਲ ਤੋਂ ਹਾਸਲ ਕੀਤੀ। ਉਹ ਪੜ੍ਹਾਈ ਵਿੱਚ ਸ਼ੁਰੂ ਤੋਂ ਹੀ ਬਹੁਤ ਹੁਸ਼ਿਆਰ ਸਨ। ਇਸ ਤੋਂ ਬਾਅਦ ਉਹਨਾਂ ਨੇ ਕਲਕੱਤਾ ਦੇ ਪ੍ਰੈਜ਼ੀਡੈਂਸੀ ਕਾਲਜ ਅਤੇ ਸਕਾਟਿਸ਼ ਚਰਚ ਕਾਲਜ ਤੋਂ ਸਿੱਖਿਆ ਹਾਸਲ ਕੀਤੀ। 1919 ਵਿੱਚ ਉਹਨਾਂ ਨੇ ਫਿਲਾਸਫ਼ੀ ਵਿਸ਼ੇ ਵਿੱਚ ਆਪਣੀ ਗ੍ਰੈਜੂਏਸ਼ਨ ਪੂਰੀ ਕੀਤੀ। ਬਾਅਦ ਵਿੱਚ ਭਾਰਤੀ ਪ੍ਰਸ਼ਾਸਨਿਕ ਸੇਵਾ (ਇੰਡੀਅਨ ਸਿਵਲ ਸਰਵਿਸ) ਦੀ ਤਿਆਰੀ ਲਈ ਉਨ੍ਹਾਂ ਦੇ ਮਾਤਾ-ਪਿਤਾ ਨੇ ਬੋਸ ਨੂੰ ਇੰਗਲੈਂਡ ਦੀ ਕੈਂਬ੍ਰਿਜ ਯੂਨੀਵਰਸਿਟੀ ਭੇਜ ਦਿੱਤਾ। ਅੰਗਰੇਜ਼ਾਂ ਦੇ ਰਾਜ ਵਿੱਚ ਭਾਰਤੀਆਂ ਦੇ ਲਈ ਸਿਵਲ ਸਰਵਿਸ ਵਿੱਚ ਜਾਣਾ ਬਹੁਤ ਹੀ ਮੁਸ਼ਕਲ ਸੀ, ਪਰ ਉਨ੍ਹਾਂ ਨੇ ਸਿਵਲ ਸਰਵਿਸ ਦੀ ਪ੍ਰੀਖਿਆ ਸਿਰ.ਫ 8 ਮਹੀਨਿਆਂ ਵਿੱਚ ਪਾਸ ਕਰਕੇ ਚੌਥਾ ਸਥਾਨ ਪ੍ਰਾਪਤ ਕੀਤਾ। ਸੰਨ 1919 ਵਿੱਚ ਜਲ੍ਹਿਆਂਵਾਲਾ ਬਾਗ ਸਾਕੇ ਤੋਂ ਬਾਅਦ ਮਹਾਤਮਾ ਗਾਧੀ ਜੀ ਵੱਲੋਂ ਸ਼ੁਰੂ ਕੀਤੇ "ਨਾਨ ਕੋਪਰੇਸ਼ਨ ਮੂਵਮੈਂਟ" ਵਿੱਚ ਲੱਖਾਂ ਲੋਕਾਂ ਨੇ ਰੋਸ ਵਜੋਂ ਨੌਕਰੀਆਂ ਤੋਂ ਅਸਤੀਫ਼ੇ ਦਿੱਤੇ, ਵਿਦੇਸ਼ੀ ਚੀਜ਼ਾਂ ਦਾ ਬਾਈਕਾਟ ਕੀਤਾ, ਉਸ ਸਮੇਂ ਸੁਭਾਸ਼ ਚੰਦਰ ਬੋਸ ਵੀ ਆਪਣੀ ਭਾਰਤ ਦੀ ਸਭ ਤੋਂ ਵੱਡੀ ਸਿਵਲ ਸਰਵਿਸ ਪੋਸਟ ਨੂੰ ਠੁਕਰਾ ਕੇ ਅਸਤੀਫ਼ਾ ਦੇ ਕੇ ਭਾਰਤੀ ਸੁਤੰਤਰਤਾ ਸੰਗਰਾਮ ਵਿੱਚ ਸ਼ਾਮਲ ਹੋ ਗਏ।

"ਜੈ ਹਿੰਦ" ਦਾ ਨਾਅਰਾ ਨੇਤਾ ਜੀ ਨੇ ਹੀ ਦਿੱਤਾ ਸੀ, ਜੋ ਅੱਜ ਭਾਰਤ ਦਾ ਰਾਸ਼ਟਰੀ ਨਾਅਰਾ ਹੈ। ਸੁਭਾਸ਼ ਚੰਦਰ ਬੋਸ ਭਾਰਤੀ ਰਾਸ਼ਟਰਵਾਦੀ ਸਨ, ਜਿਨ੍ਹਾਂ ਵਿੱਚ ਦੇਸ਼ ਭਗਤੀ ਕੁੱਟ-ਕੁੱਟ ਕੇ ਭਰੀ ਹੋਈ ਸੀ, ਜਿਸ ਦੇ ਸਿੱਟੇ ਵਜੋਂ ਉਹ ਭਾਰਤ ਵਿੱਚ ਨਾਇਕ ਬਣੇ। 1921 ਵਿੱਚ ਉਹ ਭਾਰਤ ਵਾਪਸ ਆ ਗਏ ਤੇ ਭਾਰਤੀ ਰਾਸ਼ਟਰ ਕਾਂਗਰਸ ਨਾਲ ਜੁੜ ਗਏ। 1929 ਵਿੱਚ ਉਹ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ ਦੇ ਪ੍ਰਧਾਨ ਚੁਣੇ ਗਏ। 1931 ਵਿੱਚ ਕਲਕੱਤਾ ਕਾਰਪੋਰੇਸ਼ਨ ਦੇ ਪ੍ਰਧਾਨ ਬਣੇ। ਫਿਰ 1938 ਵਿੱਚ ਉਹ 51ਵੇਂ ਇਜਲਾਸ ਦੌਰਾਨ ਇੰਡੀਅਨ ਨੈਸ਼ਨਲ ਕਾਂਗਰਸ ਦੇ ਪ੍ਰਧਾਨ ਚੁਣੇ ਗਏ ਅਤੇ ਉਨ੍ਹਾਂ ਨੇ ਰਾਸ਼ਟਰੀ ਯੋਜਨਾ ਆਯੋਗ ਦਾ ਗਠਨ ਕੀਤਾ। ਇਹ ਨੀਤੀ ਗਾਂਧੀਵਾਦੀ ਆਰਥਿਕ ਵਿਚਾਰਾਂ ਦੇ ਅਨੁਕੂਲ ਨਹੀਂ ਸੀ। 1939 ਵਿੱਚ ਬੋਸ ਦੁਬਾਰਾ ਫਿਰ ਇਕ ਗਾਂਧੀਵਾਦੀ ਵਿਰੋਧੀ ਨੂੰ ਹਰਾ ਕੇ ਇੰਡੀਅਨ ਨੈਸ਼ਨਲ ਕਾਂਗਰਸ ਦੇ ਪ੍ਰਧਾਨ ਵਜੋਂ ਜੇਤੂ ਬਣੇ, ਪਰ ਉਹਨਾਂ ਨੇ ਇਹ ਪੋਸਟ ਠੁਕਰਾ ਦਿੱਤੀ, ਕਿਉਂਕਿ ਉਹਨਾਂ ਦਾ ਮੰਨਣਾ ਸੀ ਕਿ ਅਹਿੰਸਾ ਦੇ ਨਾਲ ਆਜ਼ਾਦੀ ਹਾਸਲ ਨਹੀਂ ਕੀਤੀ ਜਾ ਸਕਦੀ। 20 ਜੂਨ 1940 ਵਿੱਚ ਉਹਨਾਂ ਨੇ ਵੀਰ ਸਾਵਰਕਰ ਨਾਲ ਮੁਲਾਕਾਤ ਕੀਤੀ। 16 ਜਨਵਰੀ 1941 ਨੂੰ ਨੇਤਾ ਜੀ ਭੇਸ ਬਦਲ ਕੇ ਕਲਕੱਤਾ ਤੋਂ ਪਿਸ਼ਾਵਰ ਚਲੇ ਗਏ। ਫਿਰ ਉਥੋਂ ਉਹ ਕਾਬਲ ਅਤੇ ਅੱਗੇ ਜਰਮਨੀ ਚਲੇ ਗਏ। 1921 ਤੋਂ 1941 ਦੌਰਾਨ ਉਹ ਕਈ ਵਾਰ ਜੇਲ੍ਹ ਵੀ ਗਏ। ਸਕ੍ਰਿਆ ਰਾਜਨੀਤੀ ਵਿੱਚ ਆਉਣ ਤੋਂ ਪਹਿਲਾਂ ਨੇਤਾਜੀ ਨੇ ਲੱਗਭੱਗ ਪੂਰੀ ਦੁਨੀਆ ਦੀ ਸੈਰ ਕੀਤੀ। ਉਹ 1933 ਤੋਂ 36 ਤੱਕ ਯੂਰਪ ਵਿੱਚ ਰਹੇ। ਯੂਰਪ ਵਿੱਚ ਇਹ ਦੌਰ ਹਿਟਲਰ ਦੇ ਨਾਜ਼ੀਵਾਦ ਅਤੇ ਮੁਸੋਲਿਨੀ ਦੇ ਫਾਸ਼ੀਵਾਦ ਦਾ ਸੀ। ਨਾਜ਼ੀਵਾਦ ਅਤੇ ਫਾਸ਼ੀਵਾਦ ਦਾ ਨਿਸ਼ਾਨਾ ਇੰਗਲੈਂਡ ਸੀ, ਜਿਸ ਨੇ ਪਹਿਲੇ ਵਿਸ਼ਵ ਯੁੱਧ ਦੇ ਬਾਅਦ ਜਰਮਨੀ 'ਤੇ ਇਕਤਰਫ਼ਾ ਸਮਝੌਤੇ ਥੋਪੇ ਸੀ। ਉਹ ਉਸ ਦਾ ਬਦਲਾ ਇੰਗਲੈਂਡ ਤੋਂ ਲੈਣਾ ਚਾਹੁੰਦੇ ਸਨ। ਉਸ ਸਮੇਂ ਭਾਰਤ 'ਤੇ ਵੀ ਅੰਗਰੇਜ਼ਾਂ ਦਾ ਕਬਜ਼ਾ ਸੀ ਅਤੇ ਦੂਜੇ ਵਿਸ਼ਵ ਯੁੱਧ ਦੌਰਾਨ ਇੰਗਲੈਂਡ ਦੇ ਖਿਲਾਫ਼ ਲੜਾਈ ਵਿੱਚ ਨੇਤਾ ਜੀ ਨੂੰ ਹਿਟਲਰ ਅਤੇ ਮੁਸੋਲਿਨੀ ਵਿੱਚ ਭਵਿੱਖ ਦਾ ਮਿੱਤਰ ਦਿਖਾਈ ਦੇ ਰਿਹਾ ਸੀ, ਕਿਉਂਕਿ ਦੁਸ਼ਮਣ ਦਾ ਦੁਸ਼ਮਣ ਦੋਸਤ ਹੁੰਦਾ ਹੈ। ਉਨ੍ਹਾਂ ਦਾ ਮੰਨਣਾ ਸੀ ਕਿ ਆਜ਼ਾਦੀ ਹਾਸਲ ਕਰਨ ਲਈ ਰਾਜਨੀਤਕ ਗਤੀਵਿਧੀਆਂ ਦੇ ਨਾਲ-ਨਾਲ ਕੂਟਨੀਤਕ ਅਤੇ ਸੈਨਾ ਦੇ ਸਹਿਯੋਗ ਦੀ ਵੀ ਜ਼ਰੂਰਤ ਪੈਂਦੀ ਹੈ। ਉਹਨਾਂ ਜਪਾਨ ਵਿੱਚ ਜਪਾਨ ਦੀ ਹੀ ਮਦਦ ਨਾਲ ਪਹਿਲਾਂ ਭਾਰਤੀ ਆਰਮਡ ਫੋਰਸ ਦੀ ਸਥਾਪਨਾ ਕੀਤੀ, ਜਿਸ ਦਾ ਨਾਂਅ 'ਆਜ਼ਾਦ ਹਿੰਦ ਫੌਜ' ਰੱਖਿਆ ਗਿਆ, ਜਿਸ ਨੇ ਅੰਗਰੇਜ਼ੀ ਰਾਜ ਦੀਆਂ ਜੜ੍ਹਾਂ ਪੁੱਟਣ ਵਿੱਚ ਵੱਡੀ ਭੂਮਿਕਾ ਨਿਭਾਈ। ਔਰਤਾਂ ਲਈ 'ਰਾਣੀ ਝਾਂਸੀ ਰੈਜ਼ੀਮੈਂਟ' ਦਾ ਗਠਨ ਕੀਤਾ, ਜਿਸ ਦੀ ਕੈਪਟਨ ਲੱਛਮੀ ਸਹਿਗਲ ਬਣੀ। ਨੇਤਾ ਜੀ ਦੇ ਨਾਂਅ ਨਾਲ ਮਸ਼ਹੂਰ ਸੁਭਾਸ਼ ਚੰਦਰ ਨੇ ਦ੍ਰਿੜ੍ਹ ਕ੍ਰਾਂਤੀ ਰਾਹੀਂ ਭਾਰਤ ਨੂੰ ਸੁਤੰਤਰ ਕਰਨ ਦੇ ਉਦੇਸ਼ ਨਾਲ 21 ਅਕਤੂਬਰ, 1943 ਨੂੰ 'ਆਜ਼ਾਦ ਹਿੰਦ ਸਰਕਾਰ' ਦੀ ਸਥਾਪਨਾ ਕੀਤੀ । ਨੇਤਾ ਜੀ ਆਪਣੀ ਆਜ਼ਾਦ ਹਿੰਦ ਫੌਜ ਨਾਲ 4 ਜੁਲਾਈ 1944 ਨੂੰ ਬਰਮਾ ਪਹੁੰਚੇ। ਇੱਥੇ ਹੀ ਉਨ੍ਹਾਂ ਆਪਣਾ ਮਸ਼ਹੂਰ ਨਾਅਰਾ "ਤੁਸੀਂ ਮੈਨੂੰ ਖ਼ੂਨ ਦਿਓ, ਮੈਂ ਤੁਹਾਨੂੰ ਆਜ਼ਾਦੀ ਦੇਵਾਂਗਾ" ਦਿੱਤਾ ਸੀ, ਜੋ ਕਿ ਭਾਰਤੀਆਂ ਦੇ ਦਿਲ ਵਿੱਚ ਦੇਸ਼ ਭਗਤੀ ਦੀ ਭਾਵਨਾ ਨੂੰ ਮਜ਼ਬੂਤ ਕਰਦਾ ਹੈ। ਉਹਨਾਂ ਨੇ ਜਰਮਨ ਵਿੱਚ 'ਆਜ਼ਾਦ ਹਿੰਦ ਰੇਡੀਓ ਸਟੇਸ਼ਨ' ਦੀ ਸ਼ੁਰੂਆਤ ਕੀਤੀ। ਉਹਨਾਂ ਨੇ ਅੰਗਰੇਜੀ ਸਾਮਰਾਜ ਦੇ ਹੁੰਦਿਆਂ ਹੀ ਭਾਰਤ ਦੀ ਧਰਤੀ 'ਤੇ ਆਜ਼ਾਦ ਭਾਰਤ ਦਾ ਝੰਡਾ ਲਹਿਰਾ ਦਿੱਤਾ ਸੀ।



18 ਅਗਸਤ, 1945 ਨੂੰ ਟੋਕੀਓ (ਜਾਪਾਨ) ਜਾਂਦੇ ਸਮੇਂ ਤਾਈਵਾਨ ਦੇ ਕੋਲ ਤਾਈਹੋਕੂ ਹਵਾਈ ਅੱਡੇ 'ਤੇ ਹਵਾਈ ਜਹਾਜ਼ ਦੁਆਰਾ ਉਡਾਣ ਭਰਨ ਸਮੇਂ ਜਹਾਜ਼ ਨੂੰ ਅਚਾਨਕ ਅੱਗ ਲੱਗਣ ਕਾਰਨ ਦੁਰਘਟਨਾ ਵਿੱਚ ਸੁਭਾਸ਼ ਚੰਦਰ ਬੋਸ ਦੀ ਮੌਤ ਹੋਈ ਦੱਸੀ ਜਾਂਦੀ ਹੈ, ਲੇਕਿਨ ਉਨ੍ਹਾਂ ਦੀ ਮ੍ਰਿਤਕ ਦੇਹ ਨਹੀਂ ਮਿਲ ਪਾਈ। ਨੇਤਾ ਜੀ ਦੀ ਮੌਤ ਦੇ ਕਾਰਨਾਂ 'ਤੇ ਅੱਜ ਵੀ ਵਿਵਾਦ ਬਣਿਆ ਹੋਇਆ ਹੈ।

ਲੇਖਕ ਜੁਗਰਾਜ ਗਿੱਲ (ਅਮਰੀਕਾ) ਨੇ ਆਪਣੀ ਕਿਤਾਬ "ਗੁੰਮਨਾਮੀ ਬਾਬਾ ਸੀ ਸੁਭਾਸ਼ ਚੰਦਰ ਬੋਸ ?" ਵਿੱਚ ਨੇਤਾ ਜੀ ਦੇ ਜੀਵਨ ਬਾਰੇ 11 ਸਾਲ ਲਗਾਤਾਰ ਖੋਜ ਕਰਕੇ ਕਾਫੀ ਜਾਣਕਾਰੀ ਦਿੱਤੀ ਹੈ। ਉਹਨਾਂ ਰੋਸ ਵੀ ਪ੍ਰਗਟ ਕੀਤਾ ਕਿ ਭਾਰਤ ਦੀ ਆਜ਼ਾਦੀ ਵਿੱਚ ਸਭ ਤੋਂ ਅਹਿਮ ਯੋਗਦਾਨ ਦੇਣ ਵਾਲੇ ਦੇਸ਼ ਭਗਤ ਸੁਭਾਸ਼ ਚੰਦਰ ਬੋਸ ਨੂੰ ਵਿਰੋਧੀ ਤਾਕਤਾਂ ਬਿਲਕੁੱਲ ਭੁੱਲ ਚੁੱਕੀਆਂ ਹਨ ।

ਨੇਤਾ ਜੀ ਭਾਵੇਂ ਇਸ ਦੁਨੀਆ 'ਚ ਮੌਜੂਦ ਨਹੀਂ ਹਨ, ਪਰ ਫਿਰ ਵੀ ਰਹਿੰਦੀ ਦੁਨੀਆ ਤੱਕ ਉਹਨਾਂ ਦੀ ਭਾਰਤ ਲਈ ਦੇਣ ਸਦਾ ਯਾਦ ਰਹੇਗੀ। ਉਹ ਸਾਡੇ ਸਭ ਦੇ ਆਦਰਸ਼ ਹਨ । ਆਓ ਅੱਜ ਨੇਤਾ ਜੀ ਦੇ ਜਨਮ ਦਿਨ 'ਤੇ ਵਾਅਦਾ ਕਰੀਏ ਕਿ ਅਸੀਂ ਵੀ ਉਹਨਾਂ ਵਾਂਗ ਆਪਣੇ ਭਾਰਤ ਦੇਸ਼ ਲਈ ਅਤੇ ਸਮਾਜ ਦੀ ਭਲਾਈ ਲਈ ਕੁਝ ਨਾ ਕੁਝ ਯੋਗਦਾਨ ਜ਼ਰੂਰ ਪਾਵਾਂਗੇ, ਇਹੀ ਸਾਡੀ ਉਹਨਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

ਜੈ ਹਿੰਦ !

*ਸੰਪਰਕ : 98550-31081*

# ਸੋਲਾਂ ਆਨੇ ਝੂਠ ਬਨਾਮ ਸੱਚ !

**ਹਰਬਿੰਦਰ ਸਿੰਘ ਰਾਣਾ**

ਅੱਜ-ਕੱਲ੍ਹ ਸੱਚੀਮੁੱਚੀਂ ਓਨਾ ਹੀ ਝੂਠ ਹੈ, ਜਿੰਨਾ ਕਿ ਸੱਚ। ਕੀ ਕਹੀਏ ਤੇ ਕੀ ਨਾ ਕਹੀਏ । ਜੇ ਝੂਠ ਆਖਦੇ ਹਾਂ, ਤਾਂ ਕੁਝ ਬਚਦਾ ਹੈ । ਤੇ ਜੇ ਸੱਚ ਆਖਦੇ ਹਾਂ, ਤਦ ਕੁਝ ਨਹੀਂ ਬਚਦਾ ਹੈ । ਫਿਰ ਇਹੋ ਜਿਹੀ ਸਥਿਤੀ 'ਚ ਕਰੀਏ ਕੀ ਤੇ ਨਾ ਕੀ ਕਰੀਏ ? ਅੱਜ ਹਾਲਾਤ ਬਦ ਤੋਂ ਬਦਤਰ ਬਣ ਗਏ ਹਨ ਜਾਂ ਇੰਝ ਆਖ ਲਈਏ ਕਿ ਸਭ ਪਾਸੇ ਹਾਹਾਕਾਰ/ਹਲਚਲ ਜਿਹੀ ਮਚੀ ਹੋਈ ਹੈ । ਕਿਹੜਾ ਖੇਤਰ ਬਚਿਆ ਹੈ ਜਾਂ ਬਚਿਆ ਹੋਵੇਗਾ ।ਜਿਹਦੀ ਗੱਲ ਕਰੀਏ। ਇੰਝ ਜਾਪਦੈ ਜਿਵੇਂ ਸਾਰਾ ਕੁਝ ਸਾਰੇ ਹੀ ਖ਼ਤਮ ਕਰਨ 'ਚ ਲੱਗੇ ਪਏ ਹਨ । ਹੁਣ ਇੱਥੇ ਅਟੱਲ ਝੂਠ ਹੈ ਕਿ ਕੋਈ ਆਵੇਗਾ ਤੇ ਸਭ ਕੁਝ ਠੀਕਠਾਕ ਕਰ ਦੇਵੇਗਾ । ਬਿਲਕੁਲ ਵੀ ਨਹੀਂ, ਓਨਾ ਹੀ ਇੱਕ ਸੱਚ ਹੈ, ਜਿੰਨਾ ਕਿ ਅਜੋਕਾ ਝੂਠ ਹੈ। ਮੁਆਫ ਕਰਨਾ ਉਪਰੋਕਤ ਹਰੇਕ ਖੇਤਰ ਵਿੱਚ ਹੀ ਐਨ ਸੱਚ ਵਰਗਾ ਅੱਜਕੱਲ੍ਹ ਦਾ ਬੋਲਿਆ ਜਾਣ ਵਾਲਾ/ਬੋਲਿਆ ਜਾ ਰਿਹਾ ਝੂਠ ਕੈਂਸਰ ਵਾਂਗੂੰ ਜਾਨਲੇਵਾ ਰੋਗ ਹੈ । ਉਹ ਵੀ ਕੈਂਸਰ ਅੰਤਿਮ ਪੜਾਅ ਤੱਕ ਪੁੱਜ ਗਿਆ ਹੈ ।ਜ਼ਰਾ ਸੋਚੋ, ਬਦਲਾਅ ਲਿਆਉਣ ਲਈ ਝੂਠ ਤੇ ਸੱਚ ਦਾ ਆਸਰਾ ਲੈਣਾ ਹੀ ਕੀ ਅਤਿਅੰਤ ਜ਼ਰੂਰੀ ਹੈ, ਜਾਂ ਫਿਰ ਮਜਬੂਰੀ ਹੈ । ਕੀ ਜਿਹੜਾ ਹੈ ਤੇ ਸੀ, ਕਾਫੀ ਨਹੀਂ ਸੀ । ਸੱਚ ਤਾਂ ਹੀ ਰਹਿਣਾ ਹੈ। ਸਾਨੂੰ ਸੱਭਿਅਕ ਤੇ ਬੁੱਧੀਮਾਨ ਬਣਾਉਣ ਲਈ ਹੁਣ ਨਵੇਂ ਬੁੱਧੀਜੀਵੀ/ ਵਿਗਿਆਨਕ ਸੋਚ ਦੇ ਮਾਲਕ ਆਉਣਗੇ । ਜਿਹੜੇ ਮੁੜ ਤੋਂ ਫਿਰ ਨਵਾਂ ਕਈ ਕੁਝ ਹੋਰ ਲੈ ਕੇ ਆਉਣਗੇ । ਸਾਨੂੰ ਵੀ ਸ਼ਾਇਦ ਨਿੱਤ ਨਵਾਂ ਅਤੇ ਨਵਿਆਂ ਦੀ ਆਦਤ ਪੈ ਗਈ ਲੱਗਦੀ ਹੈ ਜਾਂ ਨਿਕਟ-ਭਵਿੱਖ ਵਿੱਚ ਪੈ ਜਾਣ ਵਾਲੀ ਹੈ। ਜਿਵੇਂ ਕਿ ਅਜੋਕੀ ਨੌਜਵਾਨੀ ਨੂੰ ਨਸ਼ਿਆਂ ਦੀ ਆਦਤ ਪੈ ਗਈ ਹੈ। ਜਿਸ ਤਰੀਕੇ ਉਹ ਨਸ਼ੇ ਦੇ ਆਦੀ ਬਣ ਗਏ ਹਨ। ਸਾਨੂੰ ਉਪਰੋਕਤ ਮਾਮਲੇ ਵਿੱਚ ਆਦੀ ਬਣਾਇਆ ਜਾਣਾ ਹੈ ਜਾਂ ਫਿਰ ਬਣਾ ਲਿਆ ਜਾਵੇਗਾ । ਜਿੱਥੇ ਕੀ ਝੂਠ ਹੈ ਤੇ ਕੀ ਸੱਚ ਸ਼ਾਇਦ ਪਰਖ ਕਰਨੀ ਬੜੀ ਕਠਿਨ ਹੋ ਜਾਵੇਗੀ । ਜਿਵੇਂ ਕਿ ਅੱਜ ਸੱਚ ਨੂੰ ਸੱਚ ਸਾਬਿਤ ਕਰਨ ਵਾਸਤੇ ਹੁਣ ਸਬੂਤ ਨਹੀਂ ਚਾਹੀਦਾ ਹੈ, ਪਰ ਝੂਠੇ ਨੂੰ ਝੂਠਾ ਕਹਿਣ ਲਈ ਤੱਥ/ਸਬੂਤ ਦੇਣੇ ਅਤਿਅੰਤ ਜ਼ਰੂਰੀ ਹਨ। ਹੁਣ ਸਮਾਂ ਬਦਲਿਆ, ਸੋਚ ਬਦਲੀ, ਵਿਚਾਰਧਾਰਾ ਬਦਲ ਗਈ, ਲੋਕ ਨਜ਼ਰੀਆ ਬਦਲਿਆ ਅਤੇ ਨਾਲ ਹੀ ਨਾਲ ਲੋਕ ਰਹਿਣ-ਸਹਿਣ ਬਦਲਿਆ। ਇੱਥੋਂ ਤੱਕ ਕਿ ਲੋਕ ਨੀਅਤ ਬਦਲੀ, ਨੀਤੀ ਨਾਲ ਸਮੇਂ ਮੁਤਾਬਿਕ ਢੁੱਕਵਾਂ ਪਹਿਰਾਵਾ ਅਤੇ ਵਰਤਾਓ ਬਦਲ ਗਿਆ ਹੈ । ਸਮਾਂ ਆਪਣੇ-ਆਪ ਵਿੱਚ ਇੱਕ ਅਤੁੱਲ ਸੱਚਾਈ ਹੈ। ਜਿਹੜਾ ਹਰ ਇੱਕ ਮਨੁੱਖ ਨੂੰ ਸਮਾਂ ਰਹਿੰਦਿਆਂ ਉਸ ਦੀ ਅਸਲ ਔਕਾਤ ਜ਼ਰੂਰ ਦਿਖਾ ਦਿੰਦਾ ਹੈ । ਭਾਵੇਂ ਕੋਈ ਮੰਨੇ ਜਾਂ ਨਾ ਮੰਨੇ, ਪਰ ਸਮੇਂ ਦੀ ਕਸੌਟੀ 'ਤੇ ਖਰਾ ਉਤਰਨ ਲਈ ਝੂਠ ਨੇ ਨਹੀਂ ਟਿਕਣਾ ਹੁੰਦਾ ਹੈ । ਮੇਰੀ ਸਮਝ ਮੁਤਾਬਿਕ ਸ਼ਾਇਦ ਕੋਈ ਖੇਤਰ ਇਹੋ ਜਿਹਾ ਨਹੀਂ ਬਚਿਆ ਹੈ, ਜਿੱਥੇ ਸੱਚ ਨੂੰ ਝੂਠਾ ਅਤੇ ਝੂਠ ਨੂੰ ਸੱਚ ਸਾਬਿਤ ਕਰਨ ਲਈ ਕਈ ਹੱਥਕੰਡੇ ਅਪਣਾਏ ਨਾ ਜਾਂਦੇ ਹੋਣ । ਅੱਜ ਦੇ ਦੌਰ ਵਿੱਚ ਝੂਠ ਹੱਥੋ-ਹੱਥੀ ਵਿਕਦਾ ਹੈ । ਸਿਰਫ਼ ਫਰਕ ਏਨਾ ਹੈ ਕਿ ਝੂਠ ਵੇਚਣਾ ਆਉਣਾ ਚਾਹੀਦਾ ਹੈ। ਬੱਸ ਹੁਨਰਮੰਦ ਵਿਅਕਤੀ ਹੋਣਾ ਲਾਜ਼ਮੀ ਹੈ। ਲੋਕਾਂ ਦਾ ਕੀ ਐ, ਉਹ ਤਾਂ ਲਾਈਲੱਗ ਹਨ। ਜਿੱਧਰ ਲਾਲਚ ਦੇ ਕੇ ਲਾਓਗੇ, ਉਧਰ ਹੀ ਲੱਗ ਜਾਣਗੇ। ਉਨ੍ਹਾਂ ਨੂੰ ਸਮੱਸਿਆਵਾਂ, ਔਕੜਾਂ ਨਾਲ ਕੋਈ ਸਰੋਕਾਰ ਨਹੀਂ। ਉਨ੍ਹਾਂ ਸਾਹਮਣੇ ਤਾਂ ਸੱਚ ਨੂੰ ਫਿਰ ਝੂਠ ਤੇ ਭਾਵੇਂ ਝੂਠ ਨੂੰ ਹੀ ਸੱਚ ਆਖੀ ਜਾਓ । ਕੋਈ ਫਰਕ ਨਹੀਂ ਪੈਣ ਲੱਗਾ ਹੈ। ਬੱਸ ਉਕਤ ਬਾਬਤ ਲੋਕਾਂ ਨੂੰ ਬੋਲਣ/ਦੱਸਣ ਵਾਲੇ ਉਸ ਭੱਦਰਪੁਰਸ਼ ਨੂੰ ਜ਼ਰੂਰ ਪਤਾ ਹੋਏ ਕਿ ਸੱਚ ਕੀ ਅਤੇ ਝੂਠ ਕੀ ਹੈ ? ਇਸ ਸਭ ਮਾਮਲੇ ਦੌਰਾਨ ਕਿਧਰੇ ਉਹ ਨਾ ਅਨਜਾਣ/ਅਨਾੜੀ ਹੋਵੇ। ਬੱਸ ਫਿਰ ਕੀ ਸਾਰੀਆਂ ਪੌ ਬਾਰਾਂ ਹਨ। ਜਿਵੇਂ ਅੱਜ ਕੱਲ੍ਹ ਵਿਆਹ-ਸ਼ਾਦੀਆਂ ਦੇ ਦੌਰ ਵਿੱਚ ਵਿਆਹ ਵੇਖਣ ਲਈ ਆਏ ਇੱਕ ਅਜੋਕੇ ਅਧਿਆਪਕ ਨੂੰ ਖਾਣ-ਪੀਣ ਵਾਸਤੇ ਵੇਟਰ (ਬਹਿਰੇ) ਨੂੰ ਟਿੱਪ/ਪੈਸੇ ਦੇਣ ਦੀ ਲੋੜ ਨਹੀਂ ਪੈਂਦੀ ਹੈ। ਬੱਸ ਉਨ੍ਹਾਂ ਦੀ ਸੇਵਾ ਖਾਤਰ ਆਪਣੇ-ਆਪ ਹੀ ਹੋਈ ਜਾਂਦੀ ਹੈ । ਜਿਸ ਨੂੰ ਆਸ-ਪਾਸ ਦੇ ਸਭ ਮਹਿਮਾਨ ਵੇਖ ਕੇ ਹੈਰਾਨ-ਪ੍ਰੇਸ਼ਾਨ ਰਹਿੰਦੇ ਹਨ । ਇਸੇ ਤਰ੍ਹਾਂ ਸਰਕਾਰੀ ਸਕੂਲ ਬੱਚੇ ਪੜ੍ਹਾਉਣ ਵਾਲਾ ਟੀਚਰ ਸਰਕਾਰ ਦੀਆਂ ਵਿਦਿਆਰਥੀਆਂ ਪ੍ਰਤੀ ਸਿੱਖਿਆ ਨੀਤੀਆਂ, ਉਨ੍ਹਾਂ ਨੂੰ ਦਿੱਤੀਆਂ ਜਾਣ ਵਾਲੀਆਂ ਸੁਵਿਧਾਵਾਂ/ਸਹੂਲਤਾਂ, ਤਜਰਬੇਕਾਰ ਤੇ ਵੱਧ ਪੜ੍ਹਿਆ-ਲਿਖਿਆ ਸਟਾਫ ਮੌਜੂਦ ਹੋਣ, ਡਿਜੀਟਲ ਤਕਨੀਕ ਅਤੇ ਉੱਚਤਮ ਸਿੱਖਿਆ ਦੇਣ ਦੀਆਂ ਡੀਂਗਾਂ/ਦਾਅਵੇ ਕਰਦਾ ਨਹੀਂ ਥੱਕਦਾ ਹੈ, ਪ੍ਰੰਤੂ ਆਪਣੇ ਬੱਚੇ ਸਰਕਾਰੀ, ਮੁਫ਼ਤ ਵਿੱਦਿਆ ਅਤੇ ਅਨੇਕਾਂ ਸਹੂਲਤਾਂ ਦਿੰਦੇ ਸਕੂਲ ਵਿੱਚ ਪੜ੍ਹਾਉਣ ਦੀ ਬਜਾਏ ਮਹਿੰਗੇ ਭਾਅ ਸਿੱਖਿਆ ਵੇਚਦੇ ਪ੍ਰਾਈਵੇਟ/ ਨਿੱਜੀ ਨਾਮੀ ਵਿੱਦਿਅਕ ਅਦਾਰੇ ਵਿੱਚ ਪੜ੍ਹਾਉਣ ਨੂੰ ਪਹਿਲ ਦਿੰਦੇ ਹਨ । ਸਾਡੇ ਰਾਜ ਅੰਦਰ ਕਈ ਰਾਜਨੀਤਕ ਇਮਾਨਦਾਰ ਮੁੱਖ/ਪ੍ਰਮੁੱਖ ਹਸਤੀਆਂ ਸਰਕਾਰੀ ਹਸਪਤਾਲਾਂ ਨੂੰ ਮਰੀਜ਼ਾਂ ਦਾ ਇਲਾਜ ਅਜੋਕੀ ਵਿਗਿਆਨਕ ਤਕਨੀਕ ਦੇ ਢੰਗ ਨਾਲ ਕਰਨ ਪੱਖੋਂ ਮਾਹਿਰ/ ਮੋਹਰੀ ਦੱਸਦੀਆਂ ਹਨ, ਪ੍ਰੰਤੂ ਆਪਣਾ ਛੋਟਾ-ਮੋਟਾ ਇਲਾਜ ਵੀ ਕਿਸੇ ਨਾਮੀ-ਗਰਾਮੀ ਪ੍ਰਾਈਵੇਟ ਹਸਪਤਾਲ ਜਾਂ ਫਿਰ ਵਿਦੇਸ਼ਾਂ ਵਿੱਚੋਂ ਕਰਵਾਉਣ ਨੂੰ ਤਰਜੀਹ ਦਿੱਤੀ ਜਾਂਦੀ ਹੈ । ਭਾਵ ਕਿ ਸਿਹਤ-ਸੰਭਾਲ ਪੱਖੋਂ ਕੋਈ ਕਿਸੇ ਕਿਸਮ ਦਾ ਸਮਝੌਤਾ ਮਨਜ਼ੂਰ ਨਹੀਂ ਹੁੰਦਾ ਹੈ। ਨਸ਼ੇ ਦੇ ਮਾਮਲੇ ਵਿੱਚ ਵੀ ਹੁਣ ਨਸ਼ਾ ਵੇਚਣ ਵਾਲੇ ਆਖਣ ਲੱਗ ਪਏ ਹਨ ਕਿ ਭਰਾਵਾ ਅੱਜ ਮੁੱਕ ਗਿਆ, ਹੁਣ ਕੱਲ੍ਹ ਨੂੰ ਆਵੀਂ ।ਅੱਜ ਮਿਲਾਵਟ/ਮਿਲਾਵਟੀ ਖਾਧ ਪਦਾਰਥਾਂ ਦੀ ਭਰਮਾਰ ਦਾ ਜ਼ਿਕਰ-ਏ-ਖਾਸ ਹੁੰਦਾ ਹੈ, ਜਿਸ ਬਾਬਤ ਲੋਕ ਭਾਵੇਂ ਭਲੀਭਾਂਤ ਜਾਣਦੇ ਹੋਣ, ਪ੍ਰੰਤੂ ਸ਼ਾਸਨ-ਪ੍ਰਸ਼ਾਸਨ ਬੇਖ਼ਬਰ ਹੈ, ਕਿਉਂਕਿ ਉਨ੍ਹਾਂ ਨੂੰ ਲੋਕਾਂ ਤੋਂ ਪਹਿਲਾਂ ਹੀ ਪਤਾ ਹੈ ਕਿ ਮਿਲਾਵਟੀ ਖਾਧ ਪਦਾਰਥ/ਚੀਜ਼ ਵਿੱਚ ਹੋਰ ਮਿਲਾਵਟ ਹੋ ਨਹੀਂ ਸਕਦੀ। ਇੱਥੇ ਦੱਸਣਯੋਗ ਸੱਚ ਹੈ ਕਿ ਮਹਿੰਗਾਈ ਹੋਰ ਵਧ ਨਹੀਂ ਸਕਦੀ, ਬੇਰੁਜ਼ਗਾਰੀ, ਬੇਇਨਸਾਫ਼ੀ, ਭ੍ਰਿਸ਼ਟਾਚਾਰੀ, ਲੁੱਟਖੋਹ, ਗੁੰਡਾਗਰਦੀ, ਕਤਲੇਆਮ ਅਤੇ ਨਿਯਮਾਂ ਦੀ ਅਣਦੇਖੀ, ਰੇਤ, ਬੱਜਰੀ ਦੀ ਵਧੀ ਕੀਮਤ ਤੇ ਕਾਲਾ ਬਾਜ਼ਾਰੀ ਹੋਰ ਕਿੰਨੀ ਕੁ ਵਧ ਸਕਦੀ ਹੈ। ਵਧ ਗਈ ਹੈ, ਜਿੰਨੀ ਕੁ ਵਧ ਸਕਦੀ ਸੀ । ਹੁਣ ਸਭ ਕੁਝ ਹੀ ਠੀਕਠਾਕ ਹੈ। ਨਾਲੇ ਲੋਕ ਵੀ ਤਾਂ ਆਦੀ ਬਣ ਚੁੱਕੇ/ਬਣ ਗਏ ਹਨ। ਲੋਕ ਹਿਤੈਸ਼ੀ ਬਣ ਕੇ ਲੋਕਾਂ ਦੇ ਨਾਲ-ਨਾਲ ਚੱਲਣਾ ਪੈਂਦਾ ਹੈ। ਨਹੀਂ ਤਾਂ ਲੋਕ ਬੜੇ ਭੈੜੇ, ਵਿਸਾਰ ਦਿੰਦੇ ਹਨ। ਜਿੱਥੇ ਲੋਕ, ਜਿੰਦਾਂ ਖੁਸ਼ ਹੋਣ, ਰੱਖਣੇ ਹਨ ਅਤੇ ਰੱਖਣੇ ਚਾਹੀਦੇ ਵੀ ਹਨ, ਕਿਉਂਕਿ ਲੋਕ ਰਾਜ ਜੁ ਹੋਇਆ। ਸੱਚੀਂ ਹੁਣ ਝੂਠ ਤੇ ਸੱਚ ਵਿੱਚ ਅੰਤਰ/ਫਰਕ ਕਰਨਾ ਕਠਿਨ ਹੋਇਆ ਪਿਆ ਹੈ।

**# ਸੰਪਰਕ : 98881-45991**

# ਸੰਵਿਧਾਨ ਦੇ ਉਦੇਸ਼ਾਂ ਦੀ ਪੂਰਤੀ ਹੀ ਉਸ ਦੀ ਰਾਖੀ ਦੀ ਜ਼ਾਮਨ

**ਚਰਨ ਸਿੰਘ ਸਰਾਭਾ**

26 ਜਨਵਰੀ 2025 ਤੱਕ ਅਸੀਂ ਭਾਰਤੀ ਜਨ ਸਮੂਹ ਭਾਰਤੀ ਜਮਹੂਰੀ ਗਣਰਾਜ ਦੀ ਸਥਾਪਨਾ ਦੇ 76 ਸਾਲ ਪੂਰੇ ਕਰ ਚੁੱਕੇ ਹੋਵਾਂਗੇ। ਅਸੀਂ ਸਭ ਜਾਣਦੇ ਹਾਂ ਕਿ 15 ਅਗਸਤ 1947 ਨੂੰ ਆਜ਼ਾਦੀ ਪ੍ਰਾਪਤੀ ਉਪਰੰਤ ਵਰਤਮਾਨ ਭਾਰਤੀ ਗਣਰਾਜ ਦੀ ਸਥਾਪਨਾ ਦੇ ਨਿਰਦੇਸ਼ ਦੇਂਦਾ ਭਾਰਤੀ ਸੰਵਿਧਾਨ 26 ਜਨਵਰੀ 1950 ਤੋਂ ਲਾਗੂ ਕੀਤਾ ਗਿਆ ਸੀ। ਇਸ ਇਤਿਹਾਸਕ ਸੰਦਰਭ ਵਿੱਚ ਭਾਰਤੀ ਗਣਰਾਜ ਦੀ ਸਥਾਪਨਾ ਦਾ ਦਿਵਸ ਮਨਾਉਂਦੇ ਸਮੇਂ ਜ਼ਰੂਰੀ ਬਣਦਾ ਹੈ ਕਿ ਸਾਡੇ ਅਜ਼ਾਦੀ ਪ੍ਰਾਪਤੀ ਸੰਗਰਾਮ ਦੇ ਮਹਾਨ ਸ਼ਹੀਦਾਂ, ਆਜ਼ਾਦੀ ਘੁਲਾਟੀਆਂ ਅਤੇ ਦੇਸ਼ ਭਗਤਾਂ ਦੀਆਂ ਕੀਤੀਆਂ ਵੱਡੀਆਂ ਕੁਰਬਾਨੀਆਂ ਨੂੰ ਸਿਜਦਾ ਕਰਦੇ ਹੋਏ ਉਨ੍ਹਾਂ ਵੱਲੋਂ ਭਾਰਤੀ ਆਜ਼ਾਦੀ ਪ੍ਰਾਪਤੀ ਉਪਰੰਤ ਭਾਰਤ ਦੀ ਨਵ-ਉਸਾਰੀ ਸੰਬੰਧੀ ਚਿਤਵੇ ਸੁਪਨੇ ਅਤੇ ਸੰਕਲਪਾਂ ਨੂੰ ਯਾਦ ਕਰੀਏ ਅਤੇ ਸਮਝੀਏ। ਅਜਿਹੀ ਵਿਚਾਰਧਾਰਕ ਪਹੁੰਚ ਜ਼ਰੂਰੀ ਹੈ, ਕਿਉਂਕਿ ਸਾਡੇ ਭਾਰਤੀ ਸੰਵਿਧਾਨ ਦੇ ਉਦੇਸ਼ ਅਤੇ ਵਿਵਸਥਾਵਾਂ ਵਧੇਰੇ ਕਰਕੇ ਆਜ਼ਾਦੀ ਸੰਗਰਾਮ ਸਮੇਂ ਉੱਭਰੇ ਵਿਚਾਰਾਂ ਨਾਲ ਨੇੜਿਉਂ ਜੁੜੇ ਹੋਏ ਹਨ। ਸਾਡੀ ਭਾਰਤ ਦੀ ਅਜੋਕੀ ਗੁੰਝਲਦਾਰ ਬਣੀ ਸਥਿਤੀ ਅਤੇ ਭੰਬਲਭੂਸਿਆਂ ਵਿੱਚੋਂ ਨਿਕਲਣ ਲਈ ਵੀ ਆਜ਼ਾਦੀ ਸੰਗਰਾਮ ਦੇ ਮਹਾਨ ਆਗੂਆਂ ਦੇ ਦਰਸਾਏ ਮਾਰਗ ਹੀ ਸਹਾਈ ਹੋ ਸਕਦੇ ਹਨ ਅਤੇ ਸਹੀ ਰਸਤਾ ਦਿਖਾ ਸਕਦੇ ਹਨ।

ਅਜਿਹੇ ਪਿਛੋਕੜ ਵਿੱਚੋਂ ਕੁਝ ਸੰਖੇਪ ਹਵਾਲੇ ਦਿੱਤੇ ਜਾਂਦੇ ਹਨ। ਜਿਵੇਂ ਕਿ ਇਤਿਹਾਸ ਦੇ ਕਈ ਸੰਬੰਧਤ ਵਰਕੇ ਦੱਸਦੇ ਹਨ ਕਿ ਗ਼ਦਰ ਪਾਰਟੀ ਦੀ ਸਥਾਪਨਾ ਸਮੇਂ ਅਜ਼ਾਦੀ ਪ੍ਰਾਪਤੀ ਦੇ ਸੰਗਰਾਮ ਦੀ ਸਫ਼ਲਤਾ ਲਈ ਅੰਗਰੇਜ਼ ਸਰਕਾਰ ਦੀਆਂ ਬੇਈਮਾਨ ਫੁੱਟਪਾਊ ਫਿਰਕੂ ਚਾਲਾਂ ਤੋਂ ਸਾਵਧਾਨ ਰਹਿਣ ਅਤੇ ਸਮੁੱਚੇ ਭਾਰਤੀਆਂ ਦੀ ਇਕਮੁੱਠਤਾ ਲਈ ਇਹ ਨਿਰਧਾਰਤ ਕੀਤਾ ਗਿਆ ਸੀ ਕਿ ਗ਼ਦਰ ਪਾਰਟੀ ਦੇ ਮੈਂਬਰਾਂ ਦਾ ਧਾਰਮਿਕ ਵਿਸ਼ਵਾਸ ਨਿੱਜੀ ਵਿਸ਼ਵਾਸ ਹੋਵੇਗਾ। ਪਾਰਟੀ ਵਿੱਚ ਕੋਈ ਧਾਰਮਿਕ ਵਿਵਾਦ ਨਹੀਂ ਹੋਵੇਗਾ। ਇਸ ਤੋਂ ਬਿਨਾਂ ਗ਼ਦਰ ਪਾਰਟੀ ਨੇ ਭਾਰਤ ਦੀ ਸੰਪੂਰਨ ਅਜ਼ਾਦੀ ਦਾ ਨਾਅਰਾ ਦਿੱਤਾ ਸੀ ਅਤੇ ਅਜ਼ਾਦੀ ਪ੍ਰਾਪਤੀ ਉਪਰੰਤ ਭਾਰਤ ਦੀ ਨਵ-ਉਸਾਰੀ ਲਈ ਨਵੇਂ ਇਨਸਾਫ਼ ਅਧਾਰਤ ਰਾਜ ਪ੍ਰਬੰਧ ਦੀ ਸਿਰਜਣਾ ਲਈ ਕਿਹਾ ਜਾਂਦਾ ਸੀ,-"ਨਵਾਂ ਰੂਪ ਰਚਨਾ : ਹਿੰਦ ਦੇ ਸਮਾਜ ਦਾ ਤੁਖਮ ਉਡਾਉਣਾ ਜ਼ੁਲਮ ਦੇ ਰਾਜ ਦਾ।" ਗਦਰ ਪਾਰਟੀ ਨੇ ਇਹ ਵੀ ਚਿਤਵਿਆ ਸੀ ਕਿ ਨਵੇਂ ਆਜ਼ਾਦ ਭਾਰਤ ਵਿੱਚ ਨਵਾਂ ਸਮਾਜਿਕ-ਰਾਜਨੀਤਕ ਪ੍ਰਬੰਧ ਹੋਵੇਗਾ। ਹਲਵਾਹਕ ਜ਼ਮੀਨ ਦਾ ਮਾਲਕ ਹੋਵੇਗਾ। ਭਾਰਤ ਵਿੱਚ ਪੈਦਾ ਕੀਤਾ ਹੋਇਆ ਸਰਮਾਇਆ ਜਨ ਸਮੂਹਾਂ ਵਿੱਚ ਇਨਸਾਫ਼ ਦੇ ਅਧਾਰ 'ਤੇ ਵੰਡਿਆ ਜਾਵੇਗਾ ਅਤੇ ਦੇਸ਼ ਵਿੱਚ ਕੋਈ ਜਾਤ-ਪਾਤ ਜਾਂ ਫਿਰਕੂ-ਵਖਰੇਵੇਂ ਨਹੀਂ ਹੋਣਗੇ।

ਗ਼ਦਰ ਪਾਰਟੀ ਦੇ ਵਾਰਸ ਅਤੇ ਗਦਰ ਪਾਰਟੀ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਆਪਣਾ ਆਗੂ ਮੰਨਣ ਵਾਲੇ ਵੱਡੇ ਦੇਸ਼-ਭਗਤ ਅਤੇ ਮਹਾਨ ਸ਼ਹੀਦ ਭਗਤ ਸਿੰਘ ਨੇ ਭਾਰਤੀ ਆਜ਼ਾਦੀ ਪ੍ਰਾਪਤੀ ਉਪਰੰਤ ਭਾਰਤ ਵਿੱਚ ਸਮਾਜਵਾਦੀ ਰਾਜ ਪ੍ਰਬੰਧ ਜਿਸ ਵਿੱਚ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਨਾ ਹੋ ਸਕੇ, ਦੀ ਸਥਾਪਨਾ ਦਾ ਰਾਹ ਦਿਖਾਇਆ, ਇਸੇ ਦਿਸ਼ਾ ਵੱਲ ਮਾਰਗ ਦਰਸ਼ਨ ਕਰਦੇ ਹੋਏ ਸ਼ਹੀਦ ਭਗਤ ਸਿੰਘ ਹੁਰਾਂ ਨੇ 1928 ਵਿੱਚ ਆਪਣੀ ਜਥੇਬੰਦੀ 'ਹਿੰਦੁਸਤਾਨ ਰਿਪਬਲਿਕ ਐਸੋਸੀਏਸ਼ਨ' ਦਾ ਨਾਂਅ ਬਦਲ ਕੇ 'ਹਿੰਦੁਸਤਾਨ ਸੋਸ਼ਲਿਸਟ ਰਿਪਬਲਿਕ ਐਸੋਸੀਏਸ਼ਨ ਰੱਖ ਲਿਆ ਸੀ। ਇਸ ਤੋਂ ਵੀ ਅੱਗੇ ਸ਼ਹੀਦ ਭਗਤ ਸਿੰਘ ਵਿਰੁੱਧ ਅੰਗਰੇਜ਼ ਸਰਕਾਰ ਵੱਲੋਂ ਚਲਾਏ ਗਏ ਮੁਕੱਦਮੇ ਦੀਆਂ ਪੇਸ਼ੀਆਂ ਭੁਗਤਣ ਸਮੇਂ ਵੀ ਸ਼ਹੀਦ ਭਗਤ ਸਿੰਘ-'ਸਮਾਜਵਾਦੀ ਇਨਕਲਾਬ-ਜ਼ਿੰਦਾਬਾਦ' ਦੇ ਨਾਅਰੇ ਮਾਰਦੇ ਰਹੇ ਸਨ।

ਇਸੇ ਦਿਸ਼ਾ ਵਿੱਚ ਅੱਗੇ ਚੱਲਦੇ ਹੋਏ ਇਕ ਹੋਰ ਵੱਡੇ ਦੇਸ਼ ਭਗਤ ਸੁਤੰਤਰਤਾ ਸੰਗਰਾਮੀ ਆਗੂ ਸੁਭਾਸ਼ ਚੰਦਰ ਬੋਸ ਨੇ ਵੱਖ-ਵੱਖ ਸਮਿਆਂ ਅਤੇ ਵੱਖ-ਵੱਖ ਥਾਵਾਂ ਤੇ' ਕੀਤੀਆਂ ਤਕਰੀਰਾਂ ਅਤੇ ਲਿਖੇ ਲੇਖਾਂ ਵਿੱਚ ਜੋ ਕਿਹਾ ਸੀ, ਵਿੱਚੋਂ ਸੰਕੇਤਕ ਤੌਰ 'ਤੇ ਕੁਝ ਇਕ ਦਾ ਜ਼ਿਕਰ ਕੀਤਾ ਜਾਂਦਾ ਹੈ। ਅੰਗਰੇਜ਼ੀ ਦੇ ਇਕ ਸਪਤਾਹਕ ਰਸਾਲੇ 'ਮੇਨ-ਸਟਰੀਮ' ਦੇ 25 ਜਨਵਰੀ 2014 ਦੇ ਅੰਕ ਵਿੱਚ ਸੁਭਾਸ਼ ਚੰਦਰ ਬੋਸ ਦੀ 1936 ਵਿੱਚ ਕੀਤੀ ਗਈ ਤਕਰੀਰ ਦੇ ਅੰਸ਼ ਹਨ, ਜਿਸ ਵਿੱਚ ਸੁਭਾਸ਼ ਚੰਦਰ ਬੋਸ ਨੇ ਕਿਹਾ ਸੀ, "ਸਾਡਾ ਸੰਘਰਸ਼ ਅਜ਼ਾਦੀ ਪ੍ਰਾਪਤੀ ਤੱਕ ਹੀ ਨਹੀਂ। ਇਹ ਸਮਾਜਿਕ ਆਜ਼ਾਦੀ ਪ੍ਰਾਪਤੀ ਤੱਕ ਜਾਰੀ ਰਹੇਗਾ। ਪਾਰਟੀ ਵਿੱਚ ਹੁਣ ਇਹ ਅਨੁਭਵ ਕੀਤਾ ਜਾ ਰਿਹਾ ਹੈ ਕਿ ਦੇਸ਼ ਵਿੱਚ ਵੱਡੇ ਜਗੀਰਦਾਰ ਅਤੇ ਕਿਸਾਨ ਹਨ, ਸਰਮਾਏਦਾਰ ਹਨ ਅਤੇ ਮਜ਼ਦੂਰ ਵਰਗ ਹੈ। ਪਾਰਟੀ ਵਿੱਚ ਹੁਣ ਇਹ ਅਨੁਭਵ ਕੀਤਾ ਜਾ ਰਿਹਾ ਹੈ ਕਿ 'ਨੈਸ਼ਨਲ ਕਾਂਗਰਸ' ਨੂੰ ਲੋਕਾਂ ਦੇ ਪੱਖ ਵਿੱਚ ਖੜਨਾ ਚਾਹੀਦਾ ਹੈ। ਇਸ ਵਿਵਾਦ ਦੇ ਨਤੀਜੇ ਵਜੋਂ ਕੌਮੀ ਪਾਰਟੀ ਦੇ ਲੋਕ ਸਮਾਜ ਸੰਬੰਧੀ ਪ੍ਰਸ਼ਨ 'ਤੇ ਸੋਚਦੇ ਹੋਏ ਸਮਾਜਵਾਦ ਦੀ ਦਿਸ਼ਾ ਵੱਲ ਜਾ ਰਹੇ ਹਨ।" ਇਸੇ ਤਰ੍ਹਾਂ 'ਮੇਨ - ਸਟਰੀਮ' ਦੇ ਹੀ 28.1.2017 ਦੇ ਅੰਕ ਅਨੁਸਾਰ ਸੁਭਾਸ਼ ਚੰਦਰ ਬੋਸ ਦੇ ਲੇਖ ਵਿੱਚ ਜੋ ਉਨ੍ਹਾ 1942 ਵਿੱਚ ਲਿਖਿਆ ਸੀ, ਵਿੱਚ ਕਿਹਾ ਗਿਆ ਸੀ, "ਆਜ਼ਾਦੀ ਪ੍ਰਾਪਤੀ ਉਪਰੰਤ ਭਾਰਤ ਵਿੱਚ ਸਾਰੇ ਨਾਗਰਿਕਾਂ ਅਤੇ ਵਰਗਾਂ ਨੂੰ ਸੰਪੂਰਨ ਧਾਰਮਿਕ, ਸਮਾਜਿਕ ਅਤੇ ਸੱਭਿਆਚਾਰਕ ਆਜ਼ਾਦੀ ਪ੍ਰਾਪਤ ਹੋਵੇਗੀ ਅਤੇ ਦੇਸ਼ ਵਿੱਚ ਕੋਈ ਸਰਕਾਰੀ ਧਰਮ ਨਹੀਂ ਹੋਵੇਗਾ। ਰਾਜਨੀਤਕ ਅਤੇ ਆਰਥਿਕ ਹੱਕਾਂ ਸੰਬੰਧੀ ਸਾਰੇ ਭਾਰਤੀਆਂ ਨੂੰ ਬਰਾਬਰਤਾ ਪ੍ਰਾਪਤ ਹੋਵੇਗੀ। ਜਦੋਂ ਹਰ ਨਾਗਰਿਕ ਨੂੰ ਰੁਜ਼ਗਾਰ, ਭੋਜਨ, ਸਿੱਖਿਆ ਅਤੇ ਧਾਰਮਿਕ ਅਤੇ ਸੱਭਿਆਚਾਰਕ ਆਜ਼ਾਦੀ ਪ੍ਰਾਪਤ ਹੋਵੇਗੀ ਤਾਂ ਦੇਸ਼ ਵਿੱਚ ਘੱਟ-ਗਿਣਤੀਆਂ ਵਾਲੀ ਕੋਈ ਸਮੱਸਿਆ ਨਹੀਂ ਰਹੇਗੀ।' ਭਾਰਤੀ ਆਜ਼ਾਦੀ ਸੰਗਰਾਮ ਦੇ ਇਤਿਹਾਸ ਵਿੱਚੋਂ ਸਾਡੇ ਆਗੂਆਂ ਦੀ ਅਜਿਹੀ ਵੱਡੀ ਭੂਮਿਕਾ ਵਿੱਚੋਂ ਇਨ੍ਹਾਂ ਸੰਖੇਪ ਹਵਾਲਿਆਂ ਤੋਂ ਸਪੱਸ਼ਟ ਹੋ ਜਾਂਦਾ ਹੈ ਕਿ ਸਾਡੇ ਸੰਵਿਧਾਨ ਦੀ ਪ੍ਰਸਤਾਵਨਾ, 'ਆਤਮ ਨਿਰਭਰ, ਸਮਾਜਵਾਦੀ, ਧਰਮ ਨਿਰਪੱਖ ਜਮਹੂਰੀ ਗਣਰਾਜ' ਦੇ ਉਦੇਸ਼ ਅਤੇ ਵਿਵਸਥਾਵਾਂ ਆਜ਼ਾਦੀ ਸੰਗਰਾਮ ਸਮੇਂ ਹੀ ਚਿਤਵੇ ਗਏ ਸੁਪਨਿਆਂ 'ਤੇ ਹੀ ਅਧਾਰਤ ਹਨ। ਜੋ ਸਾਡੇ ਦੂਰਅੰਦੇਸ਼ੀ ਵਾਲੇ ਆਗੂਆਂ ਦੀ ਸੋਚ ਦੇ ਪ੍ਰਤੱਖ ਸਬੂਤ ਹਨ। ਇਨ੍ਹਾਂ ਉਦੇਸ਼ਾਂ ਅਤੇ ਸੰਕਲਪਾਂ ਦੀ ਪੂਰਤੀ ਲਈ ਆਜ਼ਾਦ ਭਾਰਤ ਦੀਆਂ ਸਰਕਾਰਾਂ ਦੀ ਕਾਰਕਰਦਗੀ ਨੂੰ ਨਿਰਦੇਸ਼ਕ ਕਰਦੇ ਹੋਏ ਸੰਵਿਧਾਨ ਦੇ ਨਿਰਦੇਸ਼ਤ ਸਿਧਾਂਤਾਂ ਨੂੰ ਕੇਂਦਰੀ ਬਿੰਦੂ ਮੰਨਿਆ ਗਿਆ ਸੀ, ਜਿਨ੍ਹਾਂ ਵਿੱਚ ਕੁਝ ਹਨ, ਹਰ ਇਕ ਇਸਤਰੀ-ਪੁਰਸ਼ ਨੂੰ ਜੀਵਨ ਲਈ ਲੋੜੀਂਦੇ ਸਾਧਨਾਂ ਦੀ ਪ੍ਰਾਪਤੀ ਦਾ ਬਰਾਬਰ ਹੱਕ ਹੋਵੇਗਾ। ਸਮਾਜ ਦੇ ਪਦਾਰਥਕ ਸੋਮਿਆਂ ਦੀ ਮਾਲਕੀ ਅਤੇ ਕੰਟਰੋਲ ਦੀ ਵੰਡ ਅਜਿਹੀ ਹੋਵੇਗੀ, ਜੋ ਸਾਰਿਆਂ ਲਈ ਲਾਹੇਵੰਦ ਹੋਵੇ। ਆਰਥਿਕ ਪ੍ਰਬੰਧ ਦੀ ਕਾਰਜਵਿਧੀ ਦੇ ਨਤੀਜੇ ਵਜੋਂ ਧਨ ਅਤੇ ਉਤਪਾਦਨ ਦੇ ਸਾਧਨ ਇਸ ਤਰ੍ਹਾਂ ਕੇਂਦਰਤ ਨਾ ਹੋਣ, ਜੋ ਆਮ ਲੋਕਾਂ ਲਈ ਹਾਨੀਕਾਰਕ ਹੋਣ। ਇਸਤਰੀ ਅਤੇ ਪੁਰਸ਼ ਨੂੰ ਬਰਾਬਰ ਕੰਮ ਲਈ ਬਰਾਬਰ ਉਜਰਤ ਹੋਵੇਗੀ। ਪੁਰਸ਼, ਇਸਤਰੀ, ਬੱਚਿਆਂ ਅਤੇ ਬੁੱਢਿਆਂ ਲਈ ਸਿਹਤ ਨਾਲ ਖਿਲਵਾੜ ਨਾ ਕੀਤਾ ਜਾਵੇ। ਆਰਥਿਕ ਲੋੜਾਂ ਦੀ ਮਜਬੂਰੀ ਵਜੋਂ ਅਜਿਹਾ ਕੰਮ ਨਾ ਕਰਨਾ ਪਵੇ, ਜੋ ਉਸ ਦੀ ਉਮਰ ਜਾਂ ਸਰੀਰਕ ਅਵਸਥਾ ਅਨੁਸਾਰ ਨਾ ਹੋਵੇ।

ਅੱਜ ਜਦੋਂ ਅਸੀਂ ਭਾਰਤੀ ਲੋਕਤੰਤਰ ਗਣਰਾਜ ਦੀ ਸਥਾਪਨਾ ਦੀ 76ਵੀਂ ਵਰ੍ਹੇਗੰਢ ਮਨਾ ਰਹੇ ਹਾਂ ਅਤੇ ਬੀਤੇ 75-76 ਸਾਲਾਂ ਵਿੱਚ ਉੱਪਰ ਦੱਸੇ ਨਿਰਦੇਸ਼ਕ ਸਿਧਾਂਤਾਂ ਅਧਾਰਤ ਪ੍ਰਾਪਤੀਆਂ ਸੰਬੰਧੀ ਸੋਚਦੇ ਹਾਂ ਤਾਂ ਕਈ ਪੱਖ ਸਾਹਮਣੇ ਆ ਜਾਂਦੇ ਹਨ, ਜਿਵੇਂ ਭਾਰਤ ਦੇ ਅੱਸੀ ਕਰੋੜ ਲੋਕਾਂ ਨੂੰ ਪੰਜ ਕਿਲੋ ਅਨਾਜ ਪ੍ਰਤੀ ਮੈਂਬਰ ਮੁਫ਼ਤ ਕੇਂਦਰ ਸਰਕਾਰ ਵੱਲੋਂ ਦੇਣ ਦੀ ਵਿਵਸਥਾ ਹੈ। ਮਾਰਚ 2024 ਦੇ ਕਈ ਅਖ਼ਬਾਰਾਂ ਦੀਆਂ ਸੰਪਾਦਕੀਆਂ ਅਨੁਸਾਰ ਸਾਲ 2023 ਵਿੱਚ ਭਾਰਤ ਦੇ 1 ਪ੍ਰਤੀਸ਼ਤ ਲੋਕਾਂ ਕੋਲ ਦੇਸ਼ ਦੇ ਸਰਮਾਏ ਦਾ 40.1 ਪ੍ਰਤੀਸ਼ਤ ਕੇਂਦਰਤ ਸੀ। ਇਹ ਆਰਥਿਕ ਪਾੜਾ ਸੰਸਾਰ ਭਰ ਵਿੱਚ ਸਭ ਤੋਂ ਵੱਧ ਮੰਨਿਆ ਗਿਆ ਸੀ। ਵੱਖ-ਵੱਖ ਸਮਿਆਂ ਤੋਂ ਲੈ ਕੇ ਭਾਰਤ ਵਿੱਚ ਅਜਿਹੇ ਆਰਥਿਕ ਪਾੜਿਆਂ ਸੰਬੰਧੀ ਭਾਰਤ ਦੇ ਇਕ ਕੌਮੀ ਪੱਧਰ ਦੇ ਅੰਗਰੇਜ਼ੀ ਅਖ਼ਬਾਰ ਦੇ 27.11.2024 ਦੇ ਅੰਕ ਵਿੱਚ ਛਪੇ ਲੇਖ ਅਨੁਸਾਰ ਅੰਗਰੇਜ਼ੀ ਰਾਜ ਸਮੇਂ 1930 ਵਿੱਚ 1 ਪ੍ਰਤੀਸ਼ਤ ਲੋਕਾਂ ਕੋਲ ਆਮਦਨ ਦਾ 21 ਪ੍ਰਤੀਸ਼ਤ ਸੀ। ਭਾਰਤੀ ਆਜ਼ਾਦੀ ਪ੍ਰਾਪਤੀ ਉਪਰੰਤ ਕੁਝ ਲੋਕ ਭਲਾਈ ਵਾਲੀਆਂ ਸਰਕਾਰੀ ਵਿਵਸਥਾਵਾਂ ਕਾਰਨ 1980 ਤੱਕ ਇਹ ਹਿੱਸਾ ਘਟ ਕੇ 6 ਪ੍ਰਤੀਸ਼ਤ ਰਹਿ ਗਿਆ ਅਤੇ ਹੁਣ 1990-91 ਤੋਂ ਨਵ-ਉਦਾਰਵਾਦੀ ਨੀਤੀਆਂ ਦੇ ਸਿੱਟੇ ਵਜੋਂ ਫਿਰ 1 ਪ੍ਰਤੀਸ਼ਤ ਦੀ ਆਮਦਨ ਦਾ ਵਧ ਕੇ 22 ਪ੍ਰਤੀਸ਼ਤ ਹੋ ਗਿਆ ਹੈ। ਪ੍ਰੈੱਸ ਦੀਆਂ ਟਿੱਪਣੀਆਂ ਅਨੁਸਾਰ ਹੀ 1990-91 ਦੇ ਸਾਲਾਂ ਤੋਂ ਲੈ ਕੇ ਭਾਰਤੀ ਆਰਥਿਕ ਅਤੇ ਸਮਾਜਿਕ ਮੁੱਦਿਆਂ ਨੂੰ ਸੰਸਾਰ ਬੈਂਕ ਮਾਰਕਾ ਰਾਜਨੀਤਕ ਪਹਿਲ ਅਨੁਸਾਰ ਹੀ ਚਲਾਇਆ ਜਾਂਦਾ ਹੈ। ਭਾਰਤ ਦੇ ਵੱਖ-ਵੱਖ ਵਰਗਾਂ ਦੇ ਜਨ ਸਮੂਹਾਂ ਦੇ ਸੰਵਿਧਾਨਕ ਜਮਹੂਰੀ ਹੱਕਾਂ ਨੂੰ ਦਬਾਇਆ ਜਾ ਰਿਹਾ ਹੈ। ਇਨ੍ਹਾਂ ਨੀਤੀਆਂ ਦੇ ਪ੍ਰਭਾਵ ਵਾਲੀ ਸਿੱਖਿਆ ਨੀਤੀ-2020 ਅਧੀਨ ਹੀ ਚੋਣਵੇਂ ਬੱਚਿਆਂ ਨੂੰ ਆਧੁਨਿਕਤਾ ਦੇ ਨਾਂਅ 'ਤੇ ਕੁਝ ਚੋਣਵੀਆਂ ਸ੍ਰੇਸ਼ਟ ਆਖੀਆਂ ਜਾਂਦੀਆਂ ਸਿੱਖਿਆ ਸੰਸਥਾਵਾਂ ਰਾਹੀਂ ਸ੍ਰੇਸ਼ਟ ਸਿੱਖਿਆ ਦੇਣ ਅਤੇ ਬਾਕੀ ਆਮ ਜਨ ਸਮੂਹਾਂ ਦੇ ਵੱਡੀ ਗਿਣਤੀ ਬੱਚਿਆਂ ਨੂੰ ਮੁਢਲੀ ਗੁਣਾਤਮਕ ਸਿੱਖਿਆ ਤੋਂ ਵਾਂਝੇ ਰੱਖ ਕੇ ਸਮਾਜਿਕ ਵੰਡੀਆਂ ਪੱਕੇ ਪੈਰੀਂ ਕੀਤੀਆਂ ਜਾ ਰਹੀਆਂ ਹਨ। 27.11.2024 ਦੇ ਇਕ ਪ੍ਰਸਿੱਧ ਅਖ਼ਬਾਰ ਦੇ ਇਕ ਲੇਖ ਵਿੱਚ ਦਸੇ ਜਾਣ ਅਨੁਸਾਰ ਹੀ ਭਾਰਤ ਵਿੱਚ ਨਵ-ਉਦਾਰਵਾਦੀ ਆਰਥਿਕ ਸੁਧਾਰਾਂ ਦੀ ਨੀਤੀ ਅਪਨਾਉਣ ਉਪਰੰਤ ਭਾਰਤੀ ਸੰਵਿਧਾਨ ਦੀ ਵਿਚਾਰਧਾਰਾ ਅਤੇ ਸਰਕਾਰੀ ਨੀਤੀਆਂ ਦਾ ਲੋਕ ਭਲਾਈ ਵਾਲਾ ਸੰਕਲਪ, ਜੋ ਭਾਰਤੀ ਸੰਵਿਧਾਨ ਦੇ ਇਕਸਾਰਤਾ ਵਾਲੇ ਸਮਾਜਿਕ ਵਿਕਾਸ ਦਾ ਦ੍ਰਿਸ਼ਟੀਕੋਣ ਹੈ, ਨੂੰ ਛੱਡ ਦਿੱਤਾ ਗਿਆ ਹੈ।

ਅਜਿਹੀ ਸਥਿਤੀ ਕਾਰਨ ਸਾਡਾ ਅਨੁਭਵ ਬਣਦਾ ਹੈ ਕਿ ਜੇਕਰ ਪਿਛਲੇ ਲੰਘੇ ਸਾਲਾਂ ਵਿੱਚ ਭਾਰਤੀ ਸੰਵਿਧਾਨ ਦੇ ਉਦੇਸ਼ਾਂ ਅਤੇ ਨਿਰਦੇਸ਼ਕ ਸਿਧਾਂਤਾਂ ਦੀ ਸੰਜੀਦਗੀ ਨਾਲ ਪੂਰਤੀ ਕੀਤੀ ਹੁੰਦੀ ਤਾਂ ਦੇਸ਼ ਵਿੱਚ ਅਮੀਰ-ਗਰੀਬ ਦਾ ਏਨਾ ਪਾੜਾ ਨਾ ਹੁੰਦਾ। ਭਾਰਤ ਵਿੱਚ ਸਰਕਾਰੀ ਵਿਭਾਗਾਂ ਅਤੇ ਅਦਾਰਿਆਂ ਦੇ ਪ੍ਰਾਈਵੇਟਕਰਨ ਦੀ ਨੀਤੀ ਅਧੀਨ ਪੈਦਾ ਹੋਈ ਏਨੀ ਵੱਡੀ ਪੱਧਰ 'ਤੇ ਬੇਰੁਜ਼ਗਾਰੀ ਨਾ ਹੁੰਦੀ। ਭਾਰਤ ਦੇ ਲੱਖਾਂ ਪੜ੍ਹੇ-ਲਿਖੇ ਮੁੰਡੇ-ਕੁੜੀਆਂ ਨੂੰ ਲੱਖਾਂ ਰੁਪਏ ਖ਼ਰਚ ਕਰਕੇ ਆਪਣੇ ਘਰ-ਪਰਵਾਰ ਛੱਡ ਕੇ ਵਿਦੇਸ਼ਾਂ ਵਲ ਜਾਣ ਅਤੇ ਉਥੋਂ ਦੀਆਂ ਸਰਕਾਰਾਂ ਦੇ ਰਹਿਮ 'ਤੇ ਰਹਿਣ ਵਾਲੀ ਅਵਸਥਾ ਪੈਦਾ ਨਾ ਹੁੰਦੀ। ਭਾਰਤ ਦੇ ਕਿਸਾਨ ਖੁਦਕੁਸ਼ੀਆਂ ਕਰਨ ਅਤੇ ਸਾਲਾਂਬੱਧੀ ਸੜਕਾਂ 'ਤੇ ਰੋਸ ਧਰਨੇ ਦੇਣ ਲਈ ਮਜਬੂਰ ਨਾ ਹੁੰਦੇ।

ਸਾਡੇ ਦੇਸ਼ ਦੀਆਂ ਸਿਆਸੀ ਪਾਰਟੀਆਂ ਅਤੇ ਆਗੂਆਂ ਵੱਲੋਂ 'ਸੰਵਿਧਾਨ ਬਚਾਓ' ਦੀ ਗੱਲ ਵੱਡੀ ਪੱਧਰ 'ਤੇ ਕੀਤੀ ਜਾ ਰਹੀ ਹੈ, ਜੋ ਇਕ ਹਾਂ-ਪੱਖੀ ਗੱਲ ਹੈ, ਪਰ ਇਸ ਦੇ ਨਾਲ ਹੀ ਲੋੜ ਹੈ ਕਿ 1990-91 ਵਾਲੀਆਂ ਨਵ-ਉਦਾਰਵਾਦੀ ਆਰਥਿਕ ਨੀਤੀਆਂ ਨੂੰ ਸੰਵਿਧਾਨਕ ਉਦੇਸ਼ਾਂ ਦੇ ਪਿਛੋਕੜ ਵਿੱਚ ਵਿਚਾਰਿਆ ਜਾਵੇ ਅਤੇ ਸਰਕਾਰਾਂ ਦੀ ਕਾਰਕਰਦਗੀ ਨੂੰ ਨਿਰਦੇਸ਼ਕ ਸਿਧਾਂਤਾਂ ਅਨੁਸਾਰ ਚਲਾਇਆ ਜਾਵੇ। ਭਾਰਤੀ ਸੰਵਿਧਾਨ ਦੇ ਉਦੇਸ਼ਾਂ ਅਤੇ ਨਿਰਦੇਸ਼ਕ ਸਿਧਾਂਤਾਂ ਦੀ ਪੂਰਤੀ ਹੀ ਸੰਵਿਧਾਨ ਦੀ ਰਾਖੀ ਦੀ ਜ਼ਾਮਨ ਹੋ ਸਕਦੀ ਹੈ।

**# ਸੰਪਰਕ : 94177-51888**

CMYK

# 90 ਘੰਟੇ ਕੰਮ ਹ.ਫਤੇ ਦੀ ਤਜਵੀਜ਼ ਖਿਲਾਫ ਡੀ ਸੀ ਦਫਤਰ ਅੱਗੇ ਰੋਸ ਪ੍ਰਦਰਸ਼ਨ



**ਫਾਜ਼ਿਲਕਾ (ਰਣਬੀਰ ਕੌਰ ਢਾਬਾਂ, ਗੁਰਪ੍ਰੀਤ ਸਿੰਘ ਬੇਦੀ)**-ਸਰਬ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਬਨੇਗਾ ਪ੍ਰਾਪਤੀ ਮੁਹਿੰਮ ਦੇ ਬੈਨਰ ਹੇਠ ਅੱਜ ਇਥੇ ਡਿਪਟੀ ਕਮਿਸ਼ਨਰ ਦਫਤਰ ਅੱਗੇ 90 ਘੰਟੇ ਕੰਮ ਹਫਤੇ ਦੀ ਤਜਵੀਜ਼ ਖਿਲਾਫ ਅਤੇ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ( ਬਨੇਗਾ)ਅਤੇ 6 ਘੰਟੇ ਦੀ ਕਾਨੂੰਨੀ ਕੰਮ ਦਿਹਾੜੀ ਦੀ ਪ੍ਰਾਪਤੀ ਲਈ ਇੱਥੇ ਬਨੇਗਾ ਪ੍ਰਦਰਸ਼ਨ ਕੀਤਾ ਗਿਆ। ਇਸ ਪ੍ਰਦਰਸ਼ਨ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਦੇ ਜਿਲ੍ਹਾ ਆਗੂ ਕੁਲਦੀਪ ਬੱਖੂਸ਼ਾਹ, ਬਲਵਿੰਦਰ ਘੁਬਾਇਆ,ਅਸ਼ੋਕ ਢਾਬਾਂ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾਈ ਖਿਜਾਨਚੀ ਸੰਜਨਾ ਢਾਬਾਂ,ਜਗਸੀਰ ਟਾਹਲੀਵਾਲਾ ਅਤੇ ਸੁਮਨ ਸੈਦੋਕੇ ਹਿਠਾੜ ਨੇ ਕੀਤੀ।ਇਸ ਮੌਕੇ ਉਕਤ ਦੋਨਾਂ ਜਥੇਬੰਦੀਆਂ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਸਰਬ ਭਾਰਤ ਨੌਜਵਾਨ ਸਭਾ ਦੇ ਸਾਬਕਾ ਸੂਬਾ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ ਅਤੇ ਬਲਾਕ ਪ੍ਰਧਾਨ ਕੁਲਦੀਪ ਬੱਖੂਸ਼ਾਹ ਨੇ ਕਿਹਾ ਕਿ ਮੌਜੂਦਾ ਕੇਂਦਰ ਦੀ ਸਰਕਾਰ ਅਤੇ ਦੇਸ਼ ਦੇ ਪੂੰਜੀਪਤੀਆਂ ਵੱਲੋਂ 12 ਦੀ ਘੰਟੇ ਕਾਨੂੰਨੀ ਕੰਮ ਦਿਹਾੜੀ ਅਤੇ 90 ਘੰਟੇ ਦਾ ਹਫਤਾ ਨੀਤੀਆਂ ਲਾਗੂ ਕਰਨ ਦੀਆਂ ਤਜਵੀਜ਼ਾ ਲਿਆਂਦੀਆਂ ਜਾਂ ਰਹੀਆਂ ਹਨ ਜਿਸ ਨਾਲ ਕਿਰਤੀਆਂ ਦੀ ਭਾਰੀ ਆਰਥਿਕ ਲੁੱਟ ਲਈ ਪੂੰਜੀਪਤੀਆਂ ਨੂੰ ਖੁਲ੍ਹੀ ਛੋਟ ਮਿਲ ਜਾਵੇਗੀ। ਇਸ ਤਜਵੀਜ ਦੇ ਲਾਗੂ ਹੋਣ ਨਾਲ ਕੰਮ ਤੇ ਲੱਗੇ ਕਾਮਿਆਂ ਦਾ ਕੰਮ ਬੋਝ ਖਤਰਨਾਕ ਹੱਦ ਤੱਕ ਵੱਧ ਜਾਵੇਗਾ ਅਤੇ ਦੂਜੇ ਪਾਸੇ ਐਤਵਾਰ ਦੀ ਛੁੱਟੀ ਵੀ ਖ਼ਤਮ ਹੋ ਜਾਵੇਗੀ ਜੋ ਕਿ ਦੇਸ਼ ਅਤੇ ਕਿਰਤੀਆਂ ਵਿਰੋਧੀ ਹੈ ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਆਗੂਆਂ ਨੇ ਅੱਗੇ ਸੰਬੋਧਨ ਕਰਦਿਆਂ ਕਿਹਾ ਇਸ ਏ ਆਈ ਭਾਵ ਆਰਟੀਫਿਸ਼ੀਅਲ ਇੰਟੈਲੀਜੇਂਸੀ ਦੇ ਦੌਰ ਵਿੱਚ ਪੈਦਵਾਰ ਅਤੇ ਸੇਵਾਵਾਂ ਦੇ ਖੇਤਰ ਵਿਚ ਏ ਆਈ ਮਸ਼ੀਨਾਂ ਨੇ ਚਮਤਕਾਰੀ ਤਬਦੀਲੀਆਂ ਲਿਆਂਦੀਆਂ ਹਨ ਤੇ ਸਾਲਾਂ ਵਾਲਾ ਕੰਮ ਕੁੱਝ ਕੁ ਦਿਨਾਂ ਵਿੱਚ ਹੋਣ ਲੱਗਿਆ ਹੈ।ਸਮਾਜ ਵਿਗਿਆਨ ਦੇ ਸਿਧਾਂਤ ਮੁਤਾਬਿਕ ਹੁਣ ਕੰਮ ਸਮਾਂ ਘੱਟ ਕਰਨ ਦੀ ਲੋੜ ਹੈ ਤਾਂ ਕਿ ਬੇਰੁਜ਼ਗਾਰਾਂ ਨੂੰ ਕੰਮ ਦਿੱਤਾ ਜਾਂ ਸਕੇ।ਇਸ ਮੌਕੇ ਸੰਬੋਧਨ ਕਰਦਿਆਂ ਨੌਜਵਾਨ ਆਗੂ ਗੁਰਦਿਆਲ ਸਿੰਘ ਅਤੇ ਨਰਿੰਦਰ ਢਾਬਾਂ ਨੇ ਕਿਹਾ ਕਿ ਬਨੇਗਾ ਪ੍ਰਾਪਤੀ ਮੁਹਿੰਮ ਵੱਲੋਂ ਹਰ ਇੱਕ ਲਈ ਰੁਜ਼ਗਾਰ ਦੀ ਗਰੰਟੀ ਕਰਦੇ ਬਨੇਗਾ ਭਾਵ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਨੂੰ ਪਾਰਲੀਮੈਂਟ ਵਿਚੋਂ ਪਾਸ ਕਰਵਾਉਣ ਅਤੇ 6 ਘੰਟੇ ਦੀ ਕਾਨੂੰਨੀ ਕੰਮ ਦਿਹਾੜੀ ਲਾਗੂ ਕਰਵਾਉਣ ਲਈ ਸੰਘਰਸ਼ ਕੀਤਾ ਜਾ ਰਿਹਾ ਹੈ ਜੋ ਜਿੱਤ ਪ੍ਰਾਪਤੀ ਤੱਕ ਜਾਰੀ ਰਹੇਗਾ।ਉਕਤ ਆਗੂਆਂ ਨੇ ਇਹ ਵੀ ਕਿਹਾ ਕਿ ਬਨੇਗਾ ਪ੍ਰਾਪਤੀ ਮੁਹਿੰਮ ਵੱਲੋਂ ਇਹਨਾਂ ਮੰਗਾਂ ਦੀ ਪ੍ਰਾਪਤੀ ਲਈ ਪੰਜਾਬ ਦੇ ਜਿਲ੍ਹਾ ਹੈਡ ਕੁਆਟਰ ਤੇ ਡਿਪਟੀ ਕਮਿਸ਼ਨਰ ਦਫਤਰਾਂ ਅੱਗੇ ਮਹੀਨਾ ਵਾਰ ਬਨੇਗਾ ਪ੍ਰਦਰਸ਼ਨ ਕੀਤੇ ਜਾਇਆ ਕਰਨਗੇ ਜਿਸ ਦੀ ਅੱਜ ਇਥੋਂ ਸ਼ੁਰੂਆਤ ਕੀਤੀ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਹਨਾਂ ਪ੍ਰਦਰਸ਼ਨਾਂ ਨੂੰ ਦੇਸ਼ ਪੱਧਰ ਤੱਕ ਵਿਸਥਾਰ ਦੇਣ ਦੇ ਯਤਨ ਵੀ ਕੀਤੇ ਜਾਣਗੇ। ਇਸ ਬਨੇਗਾ ਪ੍ਰਦਰਸ਼ਨ ਨੂੰ ਹੋਰਨਾਂ ਤੋਂ ਇਲਾਵਾ ਸੀਤਾ ਤੇਜਾ ਰਹਿਲਾ, ਰਾਜਵਿੰਦਰ ਨਿਓਲਾ,ਖਰੈਤ ਬੱਗੇ ਕੇ, ਸਤੀਸ਼ ਛੱਪੜੀ ਵਾਲਾ,ਹੈਪੀ ਗੰਜੂਆਣਾ, ਬਲਵਿੰਦਰ ਬੱਖੂ ਸ਼ਾਹ, ਸੰਦੀਪ ਮੁਹੰਮਦ ਅਮੀਰਾ,ਮਨਜਿੰਦਰ ਰਾਣੀ ਬੱਘੇ ਕੇ,ਮੰਗਤ ਕਾਲੂਵਾਲਾ,ਬਲਦੇਵ ਘੁਬਾਇਆ,ਜੰਮੂਰਾਮ ਅਤੇ ਰਮੇਸ਼ ਨਵਾਂ ਮੂੰਬਾ ਨੇ ਵੀ ਸੰਬੋਧਨ ਕੀਤਾ।

# ਲੜਕੀ ਦੇ ਫਾਇਰ ਲੱਗਣ ਦੀ ਘਟਨਾ ਨੂੰ 24 ਘੰਟਿਆਂ 'ਚ ਸੁਲਝਾ ਕੇ ਦੋਸ਼ੀਆਂ ਨੂੰ ਕੀਤਾ ਕਾਬੂ



**ਬਠਿੰਡਾ (ਪਰਵਿੰਦਰਜੀਤ ਸਿੰਘ/ਰਾਜੀਵ ਗੋਇਲ)**

ਅਣਪਛਾਤੇ ਵਿਅਕਤੀ/ਵਿਅਕਤੀਆਂ ਵੱਲੋਂ ਪਿੰਡ ਭਗਤਾ ਭਾਈ ਕਾ ਵਿਖੇ ਦਾਣਾ ਮੰਡੀ ਵਿੱਚ ਆਪਣੇ ਪਤੀ ਨਾਲ ਸੈਰ ਕਰ ਰਹੀ ਇੱਕ ਲੜਕੀ ਦੇ ਉਪਰ ਫਾਇਰ ਆਰਮਜ ਨਾਲ ਹਮਲਾ ਹੋਇਆ ਹੈ ।ਪੜਤਾਲ ਕਰਨ 'ਤੇ ਜ਼ਖ਼ਮੀ ਲੜਕੀ ਦੀ ਪਛਾਣ ਹਰਪ੍ਰੀਤ ਕੌਰ ਵਜੋਂ ਹੋਈ, ਜੋ ਪਤਨੀ ਦੇ ਤੌਰ 'ਤੇ ਅਰਸ਼ਦੀਪ ਸਿੰਘ ਉਰਫ ਆਸਕੀ ਪੁੱਤਰ ਜਗਸੀਰ ਸਿੰਘ ਵਾਸੀ ਭਗਤਾ ਭਾਈ ਕਾ ਨਾਲ ਰਹਿ ਰਹੀ ਸੀ, ਜਿਸ ਨੂੰ ਇਲਾਜ ਲਈ ਸਿਵਲ ਹਸਪਤਾਲ ਭਗਤਾ ਭਾਈਕਾ ਤੋਂ ਫ਼ਰੀਦਕੋਟ ਮੈਡੀਕਲ ਵਿਖੇ ਰੈਫਰ ਕੀਤਾ ਗਿਆ।ਘਟਨਾ ਨੂੰ ਟਰੇਸ ਕਰਨ ਲਈ ਸੀਨੀਅਰ ਕਪਤਾਨ ਪੁਲਿਸ, ਬਠਿੰਡਾ ਵੱਲੋਂ ਸੀ ਆਈ ਏ ਸਟਾਫ-1 ਬਠਿੰਡਾ, ਸੀ ਆਈ ਏ ਸਟਾਫ-2 ਬਠਿੰਡਾ ਤੇ ਥਾਣਾ ਦਿਆਲਪੁਰਾ ਦੀਆਂ ਟੀਮਾਂ ਦਾ ਗਠਨ ਕੀਤਾ ਗਿਆ ਸੀ।ਅਮਨੀਤ ਕੌਂਡਲ ਆਈ.ਪੀ.ਐਸ., ਸੀਨੀਅਰ ਕਪਤਾਨ ਪੁਲਸ, ਬਠਿੰਡਾ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ਼੍ਰੀ ਨਰਿੰਦਰ ਸਿੰਘ ਪੀ.ਪੀ.ਐਸ, ਐਸ.ਪੀ. (ਸਿਟੀ) ਬਠਿੰਡਾ ਦੀ ਰਹਿਨੁਮਾਈ ਹੇਠ ਸ਼੍ਰੀ ਮਨਜੀਤ ਸਿੰਘ ਪੀ.ਪੀ.ਐਸ., ਡੀ.ਐਸ.ਪੀ. (ਪੀ.ਬੀ.ਆਈ/ਡੀਟੈਕਟਿਵ) ਬਠਿੰਡਾ ਦੀ ਅਗਵਾਈ ਵਿੱਚ ਸੀ.ਆਈ.ਏ.ਸਟਾਫ-2 ਬਠਿੰਡਾ, ਮੁੱਖ ਅਫਸਰ ਥਾਣਾ ਦਿਆਲਪੁਰਾ ਦੀ ਟੀਮ ਵੱਲੋਂ ਇਸ ਮਾਮਲੇ ਦੀ ਤਫ਼ਤੀਸ਼ ਦੌਰਾਨ 21.01.2025 ਨੂੰ ਭਰੋਸੇਯੋਗ ਇਤਲਾਹ 'ਤੇ ਮਜਰੂਬਾ ਦੇ ਪਤੀ ਅਰਸ਼ਦੀਪ ਸਿੰਘ ਉਰਫ਼ ਆਸਕੀ ਪੁੱਤਰ ਜਗਸੀਰ ਸਿੰਘ, ਸੁਖਚੈਨ ਸਿੰਘ ਉਰਫ ਘੋਨੂੰ ਪੁੱਤਰ ਗੁਰਤੇਜ ਸਿੰਘ, ਸੰਦੀਪ ਸਿੰਘ ਉਰਫ ਸਨੀ ਪੁੱਤਰ ਚਰਨਜੀਤ ਸਿੰਘ ਵਾਸੀਆਨ ਭਗਤਾ ਭਾਈ ਕਾ ਤੇ ਟਹਿਲ ਸਿੰਘ ਉਰਫ ਸਤਨਾਮ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਸੁਖਾਨੰਦ ਜ਼ਿਲ੍ਹਾ ਮੋਗਾ ਨੂੰ 02 ਮੋਟਰਸਾਇਕਲ ਸਪਲੈਂਡਰ ਪਲੱਸ ਤੋਂ ਭਗਤਾ-ਕੋਠਾ ਗੁਰੂ ਰੋਡ ਬਾਹੱਦ ਪਿੰਡ ਕੋਠਾ ਗੁਰੂ ਤੋਂ ਕਾਬੂ ਕਰਕੇ ਇਹਨਾ ਪਾਸੋਂ ਮੌਕੇ 'ਤੇ 02 ਪਿਸਤੌਲ .32 ਬੋਰ ਦੇਸੀ ਸਮੇਤ 04 ਜ਼ਿੰਦਾ ਰੌਂਦ .32 ਬੋਰ, ਤਿੰਨ ਮੋਬਾਇਲ ਫੋਨ ਬਰਾਮਦ ਕਰਾਏ।ਦੌਰਾਨੇ ਪੁੱਛ-ਗਿੱਛ ਗੱਲ ਸਾਹਮਣੇ ਆਈ ਕਿ ਸੰਦੀਪ ਸਿੰਘ ਉਰਫ਼ ਸਨੀ, ਟਹਿਲ ਸਿੰਘ ਉਰਫ਼ ਸਤਨਾਮ ਸਿੰਘ ਅਤੇ ਸੁਖਚੈਨ ਸਿੰਘ ਉਰਫ ਘੋਨੂੰ ਸੈਲੂਨ ਦਾ ਕੰਮ ਕਰਦੇ ਹਨ ਅਤੇ ਆਪਸ ਵਿੱਚ ਅਰਸ਼ਦੀਪ ਸਿੰਘ ਉਰਫ ਅਰਸ਼ੀ ਦੇ ਦੋਸਤ ਹਨ ।

ਹਰਪ੍ਰੀਤ ਕੌਰ ਉਕਤ ਪਰ ਫਾਇਰ ਹੋਣ ਦੀ ਕਹਾਣੀ ਇਹਨਾਂ ਸਾਰਿਆਂ ਵੱਲੋਂ ਮਨਘੜਤ ਬਣਾਈ ਗਈ ਸੀ, ਜਿਸ ਤੋਂ ਬਾਅਦ ਇਹ ਮਾਮਲਾ ਸ਼ੱਕੀ ਜਾਪਦਿਆਂ ਹੋਇਆਂ ਤਫ਼ਤੀਸ਼ ਦੌਰਾਨ ਪੁਲਸ ਟੀਮਾਂ ਵੱਲੋਂ ਇਸ ਦੀ ਪੜਤਾਲ ਗਹਿਰਾਈ ਨਾਲ ਕਰਦੇ ਹੋਏ ਦੋਸ਼ੀਆਨ ਨੂੰ ਨਜਾਇਜ਼ ਹਥਿਆਰਾਂ ਸਮੇਤ ਕਾਬੂ ਕਰਕੇ ਇਸ ਮਾਮਲੇ ਦੀ ਗੁੱਥੀ ਨੂੰ 24 ਘੰਟਿਆਂ ਦਰਮਿਆਨ ਸੁਲਝਾਇਆ ਹੈ।ਹਰਪ੍ਰੀਤ ਕੌਰ ਫਿਲਹਾਲ ਜੇਰੇ ਇਲਾਜ ਹੈ।

# ਰੇਲਵੇ ਸਟੇਸ਼ਨ 'ਤੇ ਗੱਡੀਆਂ ਰੁਕਵਾਉਣ ਲਈ ਦਿੱਤਾ ਮੰਗ ਪੱਤਰ

**ਸੰਗਰੂਰ (ਪ੍ਰਵੀਨ ਸਿੰਘ)**

ਹਿੰਦੂ-ਸਿੱਖ ਏਕਤਾ ਦੀ ਪ੍ਰਤੀਕ ਅਰੋੜਾ ਮਹਾਂਸਭਾ ਦਾ ਵਫ਼ਦ ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਰਵਿੰਦਰ ਖੰਨਾ ਨੂੰ ਉਨ੍ਹਾਂ ਦੇ ਦਫ਼ਤਰ ਵਿਖੇ ਮਹਾਂਸਭਾ ਦੇ ਪ੍ਰਧਾਨ ਡਾ. ਮਹਿੰਦਰ ਬਾਬਾ, ਜਨਰਲ ਸਕੱਤਰ ਤਿਲਕ ਰਾਜ ਸਤੀਜਾ, ਮੁੱਖ ਸਲਾਹਕਾਰ ਹਰੀਸ਼ ਟੁਟੇਜਾ, ਵਿੱਤ ਸਕੱਤਰ ਸਰਵਨ ਸਚਦੇਵਾ, ਸੀਨੀਅਰ ਮੀਤ ਪ੍ਰਧਾਨ ਨੰਦ ਲਾਲ ਅਰੋੜਾ ਅਤੇ ਮੀਤ ਪ੍ਰਧਾਨ ਪ੍ਰੇਮ ਗਰੋਵਰ ਤੇ ਉਨ੍ਹਾਂ ਨਾਲ ਸੰਗਰੂਰ ਸੋਸ਼ਲ ਵੈਲਫੇਅਰ ਐਸੋ: ਦੀ ਪ੍ਰਧਾਨ ਤੇ ਸੂਬਾਈ ਪੈਨਸ਼ਨਰ ਆਗੂ ਰਾਜ ਕੁਮਾਰ ਅਰੋੜਾ ਵੀ ਮੌਜੂਦ ਸਨ। ਇਸ ਦੌਰਾਨ ਵਫ਼ਦ ਵੱਲੋਂ ਕੇਂਦਰੀ ਰੇਲਵੇ ਮੰਤਰੀ ਅਸ਼ਵਨੀ ਵੈਸ਼ਨਵ ਤੇ ਕੇਂਦਰੀ ਰੇਲ ਮੰਤਰੀ ਰਵਨੀਤ ਸਿੰਘ ਬਿੱਟੂ ਦੇ ਨਾਂਅ ਮੰਗ ਪੱਤਰ ਸੌਂਪਦੇ ਹੋਏ ਮੰਗ ਕੀਤੀ ਕਿ ਸੰਗਰੂਰ ਰੇਲਵੇ ਸਟੇਸ਼ਨ ਤੇ ਕਈਂ ਰੇਲ ਗੱਡੀਆਂ ਨਹੀਂ ਰੁੱਕਦੀਆਂ, ਜਿਸ ਕਾਰਨ ਇਲਾਕਾ ਨਿਵਾਸੀਆਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਡਾ. ਬਾਬਾ ਅਤੇ ਤਿਲਕ ਰਾਜ ਸਤੀਜਾ ਨੇ ਕਿਹਾ ਕਿ ਇੰਦੋਰ ਤੋਂ ਊਧਮਪੁਰ ਗੱਡੀ ਨੰ:22941-22942 ਬਾਂਦਰਾਂ ਤੋਂ ਜੰਮੂ ਵਿਵੇਕ ਐਕਸਪ੍ਰੈਸ 19027-28 ਭਾਵ ਨਗਰ ਤੋਂ ਹਰਿਦੁਆਰ 197172 ਤੇ ਕੋਟਾ, ਊਧਮਪੁਰ 20985 ਇਨ੍ਹਾਂ ਗੱਡੀਆਂ ਨੂੰ ਸੰਗਰੂਰ ਰੇਲਵੇ ਸਟੇਸ਼ਨ ਤੇ ਕੁੱਝ ਸਮੇਂ ਲਈ ਜੇਕਰ ਰੁਕਵਾਇਆ ਜਾਵੇ ਤਾਂ ਇਸਦੇ ਨਾਲ ਕੋਈ ਫ਼ਰਕ ਨਹੀਂ ਪੈਣਾ, ਸਗੋਂ ਲੋਕਾਂ ਨੂੰ ਸਹੂਲਤ ਮਿਲੇਗੀ। ਇਸ ਤੋਂ ਇਲਾਵਾ ਸੰਗਰੂਰ ਰੇਲਵੇ ਟਰੈਕ ਲੁਧਿਆਣਾ ਤੋਂ ਜਾਖ਼ਲ ਤੱਕ ਡਬਲ ਲਾਇਨ ਕਰਨ ਲਈ ਵੀ ਬੇਨਤੀ ਕੀਤੀ। ਅਰਵਿੰਦ ਖੰਨਾ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਜਲਦੀ ਹੀ ਕੇਂਦਰੀ ਰੇਲ ਮੰਤਰੀ ਤੇ ਕੇਂਦਰੀ ਰੇਲ ਰਾਜ ਮੰਤਰੀ ਨਾਲ ਇਸ ਸਬੰਧੀ ਗੱਲ ਕਰਨਗੇ ਤੇ ਸ਼ਹਿਰ ਨਿਵਾਸੀਆਂ ਨੂੰ ਇਨ੍ਹਾਂ ਰੇਲ ਗੱਡੀਆਂ ਦੇ ਸੰਗਰੂਰ ਰੇਲਵੇ ਸਟੇਸ਼ਨ 'ਤੇ ਨਾ ਠਹਿਰਣ ਕਾਰਨ ਆ ਰਹੀਆਂ ਦਿੱਕਤਾਂ ਨੂੰ ਦੱਸਦੇ ਹੋਏ ਜਲਦ ਤੋਂ ਜਲਦ ਇਹ ਮਾਮਲਾ ਹੱਲ ਕਰਾਉਣਗੇ।



## ਕਾਤਰਾਂ

### ਨਸੀਬ ਸਿੰਘ ਵਿਰਕ ਸੂਬਾ ਕੋਆਰਡੀਨੇਟਰ ਨਿਯੁਕਤ



**ਜਗਰਾਉਂ (ਸੰਜੀਵ ਅਰੋੜਾ)**-ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਦੇ ਕੌਮੀ ਪ੍ਰਧਾਨ ਦਰਸ਼ਨ ਸਿੰਘ ਕਾਂਗੜਾ ਵੱਲੋਂ ਮੈਡਮ ਪੂਨਮ ਕਾਂਗੜਾ ਮੁੱਖ ਸਰਪ੍ਰਸਤ ਦੀ ਅਨੁਮਤੀ ਨਾਲ ਮਿਸ਼ਨ ਨੂੰ ਸਹੀ ਦਿਸ਼ਾ ਵੱਲ ਲਿਜਾਣ ਤੇ ਮਿਸ਼ਨ ਦੀਆਂ ਸੇਵਾਵਾਂ ਨੂੰ ਜਨ-ਜਨ ਤੱਕ ਪੁਚਾਉਣ ਲਈ ਸਾਲ 2025 ਲਈ ਪੰਜਾਬ ਦੇ 18 ਸੂਬਾ ਸਲਾਹਕਾਰ ਤੇ 25 ਸੂਬਾ ਮੀਡੀਆ ਕੋਆਰਡੀਨੇਟਰ ਨਿਯੁਕਤ ਕੀਤੇ ਗਏ, ਜਿਸ ਤਹਿਤ ਜ਼ਿਲ੍ਹਾ ਲੁਧਿਆਣਾ ਦੀ ਤਹਿਸੀਲ ਜਗਰਾਉਂ ਦੇ ਪਿੰਡ ਵਿਰਕ ਦੇ ਵਾਸੀ ਪੱਤਰਕਾਰ ਨਸੀਬ ਸਿੰਘ ਵਿਰਕ ਨੂੰ ਭਾਰਤੀਆਂ ਅੰਬੇਡਕਰ ਮਿਸ਼ਨ 'ਚ ਸੂਬਾ ਪੱਧਰੀ ਮੀਡੀਆ ਕੁਆਰਡੀਨੇਟਰ ਨਿਯੁਕਤ ਕੀਤਾ ਗਿਆ। ਪੱਤਰਕਾਰ ਨਸੀਬ ਸਿੰਘ ਵਿਰਕ ਨੇ ਭਾਰਤੀਆਂ ਅੰਬੇਡਕਰ ਮਿਸ਼ਨ ਦੇ ਸਰਪ੍ਰਸਤ ਦਰਸ਼ਨ ਸਿੰਘ ਕਾਂਗੜਾ ਅਤੇ ਮੈਡਮ ਪੂਨਮ ਕਾਂਗੜਾ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਮਿਸਨ ਵੱਲੋਂ ਸੌਂਪੀ ਜ਼ਿੰਮੇਵਾਰੀ ਨੂੰ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਨਿਭਾਵਾਂਗਾ ਤੇ ਮਿਸ਼ਨ ਲਈ ਦਿਨ-ਰਾਤ ਇੱਕ ਕਰਕੇ ਬਣਦੇ ਫ਼ਰਜ਼ਾਂ ਨੂੰ ਬਾਖੂਬੀ ਨੇਪਰੇ ਚੜ੍ਹਾਵਾਗਾਂ ਤਾਂ ਜੁ ਭਵਿੱਖ 'ਚ ਮਿਸ਼ਨ ਨੂੰ ਹੋਰ ਮਜ਼ਬੂਤ ਸਕੀਏ।

### ਅਣਪਛਾਤੇ ਵਿਅਕਤੀਆਂ ਨੇ ਘਰ 'ਚ ਕੀਤੀ ਚੋਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੱਲਾਂਵਾਲਾ ਦੇ ਅਧੀਨ ਆਉਂਦੇ ਪਿੰਡ ਫੱਤੇ ਵਾਲਾ ਵਿਖੇ ਇਕ ਔਰਤ ਦੇ ਘਰ 'ਚੋਂ ਅਣਪਛਾਤੇ ਵਿਅਕਤੀਆਂ ਵੱਲੋਂ 60 ਹਜ਼ਾਰ ਰੁਪਏ ਦੀ ਨਗਦੀ, 81 ਗ੍ਰਾਮ ਸੋਨਾ ਚੋਰੀ ਕਰਨ ਦੀ ਖਬਰ ਹੈ। ਇਸ ਸੰਬੰਧ ਵਿਚ ਥਾਣਾ ਮੱਲਾਂਵਾਲਾ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਜਸਵਿੰਦਰ ਕੌਰ ਪਤਨੀ ਸੁਖਵਿੰਦਰ ਸਿੰਘ ਵਾਸੀ ਪਿੰਡ ਫੱਤੇ ਵਾਲਾ ਨੇ ਦੱਸਿਆ ਕਿ 6 ਜਨਵਰੀ ਨੂੰ ਉਸ ਦੇ ਪਤੀ ਦੀ ਮੌਤ ਹੋਣ ਕਰਕੇ ਉਸ ਦੇ ਫੁੱਲ ਚੁਗਣ ਲਈ ਸ਼ਮਸ਼ਾਨਘਾਟ ਗਏ ਸੀ, ਜਦੋਂ ਘਰ ਵਾਪਸ ਆਏ ਤਾਂ ਘਰ ਵਿਚ ਪਈ ਅਲਮਾਰੀ ਖੁੱਲ੍ਹੀ ਪਈ ਸੀ, ਜਿਸ 'ਚੋਂ 60 ਹਜ਼ਾਰ ਰੁਪਏ ਨਗਦੀ ਤੇ 81 ਗ੍ਰਾਮ ਸੋਨਾ ਗਾਇਬ ਸੀ, ਜੋ ਸਾਨੂੰ ਸ਼ੱਕ ਹੈ ਕਿ ਕਿਸੇ ਵਿਅਕਤੀ ਵੱਲੋਂ ਸਾਡੇ ਪੈਸੇ ਤੇ ਸੋਨਾ ਚੋਰੀ ਕਰ ਲਿਆ ਗਿਆ। ਸਹਾਇਕ ਥਾਣੇਦਾਰ ਦਰਸ਼ਨ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

### ਗਣਤੰਤਰ ਦਿਵਸ 'ਤੇ ਐੱਸ ਡੀ ਐੱਮ ਡਾ. ਸੰਜੀਵ ਕੁਮਾਰ ਲਹਿਰਾਉਣਗੇ ਰਾਸ਼ਟਰੀ ਝੰਡਾ

**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਦਾਣਾ ਮੰਡੀ ਵਿਖੇ ਗਣਤੰਤਰ ਦਿਵਸ ਸਮਾਰੋਹ 26 ਜਨਵਰੀ, ਦਿਨ ਐਤਵਾਰ ਨੂੰ ਮਨਾਇਆ ਜਾ ਰਿਹਾ ਹੈ। ਸਮਾਰੋਹ ਦੌਰਾਨ ਐਸ.ਡੀ.ਐਮ ਡਾ. ਸੰਜੀਵ ਕੁਮਾਰ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ। ਇਸ ਮੌਕੇ ਵੱਖ-ਵੱਖ ਸਕੂਲ ਅਤੇ ਕਾਲਜ ਦੇ ਬੱਚਿਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। ਸਮਾਰੋਹ ਦੌਰਾਨ ਮੁੱਖ ਮਹਿਮਾਨ ਵੱਲੋਂ ਵੱਖ-ਵੱਖ ਖੇਤਰ ਵਿਚ ਮੱਲਾਂ ਮਾਰਨ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਸਮਾਰੋਹ ਦੀ ਸਮਾਪਤੀ ਰਾਸ਼ਟਰੀ ਗਾਣ ਨਾਲ ਕੀਤੀ ਜਾਵੇਗੀ।

### ਫਰੀਡਮ ਫਾਈਟਰ ਜੱਥੇਬੰਦੀ ਵੱਲੋਂ ਭਾਗਵਤ ਦੇ ਬਿਆਨ ਦੀ ਨਿਖੇਧੀ

**ਮਲੋਟ (ਗੁਰਮੀਤ ਸਿੰਘ ਮੱਕੜ)**-ਫਰੀਡਮ ਫਾਈਟਰ ਉੱਤਰਾਧਿਕਾਰੀ ਜੱਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਲੋਟ ਨੇ ਪ੍ਰੈਸ ਨਾਲ ਬਿਆਨ ਸਾਂਝਾ ਕਰਦਿਆਂ ਕਿਹਾ ਕਿ ਆਰ ਐਸ ਐਸ ਦੇ ਮੁੱਖੀ ਮੋਹਨ ਭਾਗਵਤ ਦੇ ਆਜ਼ਾਦੀ ਬਾਰੇ ਦਿੱਤੇ ਬਿਆਨ ਕਿ ਦੇਸ਼ ਵਾਸੀਆਂ ਨੂੰ ਆਜ਼ਾਦੀ ਅਸਲ 2024 ਵਿੱਚ ਰਾਮ ਮੰਦਰ ਪ੍ਰਾਣ ਪ੍ਰਤਿਸ਼ਠਾ ਮੌਕੇ ਮੋਦੀ ਸਰਕਾਰ ਨੇ ਦਿਵਾਈ ਹੈ। ਮੋਹਨ ਭਾਗਵਤ ਦੇ ਇਸ ਨਿੰਦਣਯੋਗ ਬਿਆਨ ਬਾਰੇ ਪ੍ਰਤੀਕਿਰਿਆ ਦਿੰਦਿਆਂ ਜਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਲੋਟ ਨੇ ਕਿਹਾ ਕਿ ਅਸਲ ਵਿੱਚ ਮੋਹਨ ਭਾਗਵਤ ਨੇ ਉਨ੍ਹਾਂ ਲੱਖਾਂ ਸੂਰਬੀਰ ਯੋਧਿਆਂ ਅਤੇ ਆਜ਼ਾਦੀ ਘੁਲਾਟੀਆ ਦਾ ਅਪਮਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਨੇ ਆਪਣੀਆਂ ਜਾਨਾਂ ਵਾਰੀਆਂ ਅਤੇ ਆਜ਼ਾਦੀ ਲਈ ਬੇਸ਼ੁਮਾਰ ਤਸੀਹੇ ਝੱਲ ਕੇ ਦੇਸ਼ ਨੂੰ ਆਜ਼ਾਦ ਕਰਵਾਇਆ ਆਰ.ਐਸ.ਐਸ ਦੇ ਮੁੱਖੀ ਦਾ ਇਹ ਬਿਆਨ ਅਸਲ ਵਿੱਚ ਦੇਸ਼ ਦੇ ਸੰਵਿਧਾਨ 'ਤੇ ਜਮਹੂਰੀਅਤ ਨੂੰ ਵੀ ਨਾ ਮੰਨਣ ਦਾ ਸੰਕੇਤ ਦਿੰਦਾ ਹੈ ਜੋ ਕਿ ਬਹੁਤ ਹੀ ਨਿੰਦਣਯੋਗ ਹੈ।

### ਮਾਲਵਾ ਲਿਖਾਰੀ ਸਭਾ ਦਾ ਸਾਹਿਤਕ ਸਮਾਗਮ 26 ਨੂੰ

**ਸੰਗਰੂਰ (ਪ੍ਰਵੀਨ ਸਿੰਘ)**-ਮਾਲਵਾ ਲਿਖਾਰੀ ਸਭਾ ਦਾ ਮਹੀਨਾਵਾਰ ਸਾਹਿਤਕ ਸਮਾਗਮ 26 ਜਨਵਰੀ ਨੂੰ ਸਵੇਰੇ 10:00 ਵਜੇ ਲੇਖਕ ਭਵਨ ਹਰੇੜੀ ਰੋਡ ਸੰਗਰੂਰ ਹੋ ਰਿਹਾ ਹੈ, ਜਿਸ ਵਿੱਚ ਕਰਮ ਸਿੰਘ ਜ਼ਖ਼ਮੀ ਵੱਲੋਂ ਅਨੁਵਾਦਿਤ ਸਵੇਟ ਮਾਡਰਨ ਦੀਆਂ ਤਿੰਨ ਪੁਸਤਕਾਂ 'ਜੀਵਨ ਦਾ ਮੂਲ ਮੰਤਰ, ਸਫ਼ਲਤਾ ਦੀ ਕੁੰਜੀ ਤੇ ਸਮੇਂ ਦੀ ਕੀਮਤ' ਲੋਕ ਲਰਪਣ ਕੀਤੀਆਂ ਜਾਣਗੀਆਂ। ਸਮਾਗਮ ਦੌਰਾਨ ਉਘੇ ਸਾਹਿਤਕਾਰ ਅਨੋਖ ਸਿੰਘ ਵਿਰਕ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਸਭਾ ਦੇ ਪ੍ਰੈਸ ਸਕੱਤਰ ਪਵਨ ਕੁਮਾਰ ਹੋਸ਼ੀ ਨੇ ਦੱਸਿਆ ਕਿ ਇਸ ਮੌਕੇ ਸਕੂਲ ਸ਼ੁਰੂ ਕੀਤਾ ਜਾਵੇਗਾ ਤੇ ਗਣਤੰਤਰ ਦਿਵਸ ਨੂੰ ਸਮਰਪਤ ਕਵੀ ਦਰਬਾਰ ਵੀ ਹੋਵੇਗਾ।

# ਰੁਕੀਆਂ ਤਨਖਾਹਾਂ ਵਾਧੇ ਸਮੇਤ ਜਾਰੀ ਕਰਨ ਦੀ ਮੰਗ ਨੂੰ ਲੈ ਕੇ ਜਲ ਸਪਲਾਈ ਵਿਭਾਗ ਦੇ ਠੇਕਾ ਵਰਕਰ ਪਾਣੀ ਵਾਲੀ ਟੈਂਕੀ 'ਤੇ ਚੜ੍ਹੇ

**ਜਲਾਲਾਬਾਦ (ਜੀਤ ਕੁਮਾਰ)**

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ 'ਚ ਬਤੌਰ ਇਨਲਿਸਟਮੈਂ ਅਤੇ ਆਊਟਸੋਰਸ ਕੈਟਾਗਿਰੀ ਅਧੀਨ ਫੀਲਡ ਅਤੇ ਦਫਤਰਾਂ ਵਿਚ ਸੇਵਾਵਾਂ ਦੇ ਰਹੇ ਸਬ ਡਵੀਜਨ ਜਲਾਲਾਬਾਦ ਦੇ ਠੇਕਾ ਅਧਾਰਿਤ ਮੁਲਾਜਮਾਂ ਵੱਲੋਂ ਰੁਕੀਆ ਤਨਖਾਹਾਂ ਵਾਧੇ ਸਮੇਤ ਜਾਰੀ ਕਰਵਾਉਣ ਦੀ ਮੰਗ ਨੂੰ ਲੈ ਕੇ ਪਿੰਡ ਗੁੰਮਾਨੀਵਾਲਾ ਵਿਖੇ ਜਲ ਘਰ ਵਿਖੇ ਸਥਿਤ ਜਲ ਸਪਲਾਈ ਦਫਤਰ ਵਿਖੇ ਪਾਣੀ ਵਾਲੀ ਟੈਂਕੀ 'ਤੇ 2 ਵਰਕਰ ਚੜ੍ਹ ਗਏ ਅਤੇ ਕੁਝ ਵਰਕਰਾਂ ਵੱਲੋਂ ਥੱਲੇ ਬੈਠ ਕੇ ਰੋਸ਼ ਧਰਨਾ ਦਿੱਤਾ ਗਿਆ। ਜਾਣਕਾਰੀ ਦੇ ਅਨੁਸਾਰ ਟੈਂਕੀ 'ਤੇ ਚੜ ਗਏ, ਗੁਰਮੀਤ ਸਿੰਘ ਉਰਫ ਰਮਨ ਹਾਂਡਾ ਅਤੇ ਗੁਰਪ੍ਰੀਤ ਸਿੰਘ ਹਨਸਵੇਰੇ ਕਰੀਬ 10 ਵਜੇ ਟੈਂਕੀ 'ਤੇ ਚੜ੍ਹ ਗਏ ਅਤੇ ਇਹਨ੍ਹਾਂ ਸਾਥੀਆ ਦੇ ਟੈਂਕੀ ਤੇ ਚੜਨ ਤੋਂ ਕੁਝ ਦੇਰ ਬਾਅਦ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਜਲਾਲਾਬਾਦ ਵੱਲੋਂ ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ, ਜਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ, ਦਫਤਰਾ ਸਟਾਫ ਦੇ ਸੂਬਾਈ ਆਗੂ ਸੁਖਚੈਨ ਸਿੰਘ ਸੋਢੀ, ਸਰਕਲ ਸਕੱਤਰ ਜਸਵਿੰਦਰ ਸਿੰਘ ਚੱਕ ਜਾਨੀਸਰ, ਜਿਲ੍ਹਾ ਜਨਰਲ ਸਕੱਤਰ ਬਲਵਿੰਦਰ ਸਿੰਘ ਨੂਰ ਸਮੰਦ ਦੀ ਅਗੁਵਾਈ ਹੇਠ ਧਰਨਾ ਲਾਇਆ ਗਿਆ ਅਤੇ ਇਨ੍ਹਾਂ ਆਗੂਆਂ ਨੇ ਕਿਹਾ ਕਿ ਉਹ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵਿਚ ਬਤੌਰ ਆਊਟਸੋਰਸ ਅਤੇ ਇਨਲਿਸਟਮੈਂਟ ਕੈਟਾਗਿਰੀ ਅਧੀਨ ਫੀਲਡ ਅਤੇ ਦਫਤਰਾਂ ਵਿਚ ਪਿਛਲੇ ਲੰਬੇ ਸਮੇਂ ਤੋਂ ਸੇਵਾਵਾਂ ਦੇ ਰਹੇ ਹਾਂ, ਪਿਛਲੇ ਕਰੀਬ 3 ਸਾਲਾਂ ਤੋਂ ਉਨ੍ਹਾਂ ਦੀਆਂ ਤਨਖਾਹਾਂ ਵਿਚ ਵਾਧਾ ਨਹੀਂ ਹੋਇਆ ਅਤੇ ਹੁਣ ਜੋ ਫੰਡ ਆਇਆ ਹੈ, ਉਹ ਤਨਖਾਹ ਦੇ ਵਾਧੇ ਮੁਤਾਬਿਕ ਆਇਆ ਹੈ, ਪਰ ਤ੍ਰਾਸਦੀ ਇਹ ਹੈ ਕਿ ਐਕਸੀਆਨ ਫਾਜਿਲਕਾ ਵੱਲੋਂ ਵਧੇ ਹੋਏ ਰੇਟ ਮੁਤਾਬਿਕ ਤਨਖਾਹ ਦੇਣ ਦਾ ਭਰੋਸਾ ਦਿੱਤਾ ਗਿਆ ਸੀ ਲੇਕਿਨ ਹੁਣ ਇਹ ਤਨਖਾਹ ਪੁਰਾਣੇ ਰੇਟ ਅਧੀਨ ਹੀ ਦੇਣ ਲਈ ਕਹਿ ਰਹੇ ਹਨ। ਜਿਸ ਦੇ ਕਾਰਨ ਉਨ੍ਹਾਂ ਵਿੱਚ ਭਾਰੀ ਰੋਸ਼ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦਸੰਬਰ 2024 ਮਹੀਨੇ ਦੀ ਵਰਕਰਾਂ ਨੂੰ ਤਨਖਾਹ ਅੱਜ 22 ਜਨਵਰੀ 2025 ਹੋ ਜਾਣ ਦੇ ਬਾਵਜੂਦ ਵੀ ਨਹੀਂ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਐਕਸੀਆਨ ਫਾਜਿਲਕਾ ਵੱਲੋਂ ਪੈਦਾ ਕੀਤੀ ਗਈ ਮਜਬੂਰੀ ਦੇ ਚਲਦੇ ਹੀ ਅੱਜ ਧਰਨਾ ਦੇਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਇਸ ਲਈ ਜੇਕਰ ਐਕਸੀਅਨ ਫਾਜਿਲਕਾ ਵੱਲੋਂ ਵਰਕਰਾਂ ਦੀਆਂ ਤਨਖਾਹਾਂ ਵਧੇ ਸਮੇਤ ਜਾਰੀ ਨਹੀਂ ਕੀਤੀਆਂ ਗਈਆ ਤਾਂ ਇਸ ਸੰਘਰਸ਼ ਨੂੰ ਉਸ ਵੇਲੇ ਤੱਕ ਜਾਰੀ ਰੱਖਿਆ ਜਾਵੇਗਾ ਅਤੇ ਟੈਂਕੀ 'ਤੇ ਚੱੜੇ ਵਰਕਰ ਸਾਥੀ ਵੀ ਉਸ ਵੇਲੇ ਤੱਕ ਥੱਲੇ ਨਹੀਂ ਉਤਰਨਗੇ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਉਹ ਪਿਛਲੇ 15-20 ਸਾਲਾਂ ਤੋਂ ਜਲ ਸਪਲਾਈ ਵਿਭਾਗ ਦੀਆਂ ਵਾਟਰ ਸਪਲਾਈ ਸਕੀਮਾਂ ਅਤੇ ਦਫਤਰਾਂ ਵਿਚ ਇਨਲਿਸਟਮੈਂਟ ਅਤੇ ਆਊਟਸੋਰਸ ਅਧੀਨ ਸੇਵਾਵਾਂ ਦੇ ਰਹੇ ਹਨ ਅਤੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਵਿਭਾਗ ਵਿਚ ਮਰਚ ਕਰਕੇ ਪੱਕੇ ਰੁਜਗਾਰ ਦਾ ਪ੍ਰਬੰਧ ਕੀਤਾ ਜਾਵੇ। ਧਰਨਾਕਾਰੀਆ ਨੇ ਇਹ ਵੀ ਕਿਹਾ ਕਿ ਲੋਕ ਅਤੇ ਵਰਕਰ ਵਿਰੋਧੀ ਨੀਤੀਆ ਦਾ ਵਿਰੋਧ ਕੀਤਾ ਜਾਵੇਗਾ। ਇਸ ਬਾਰੇ ਜਿਵੇਂ ਹੀ ਪੁਲਿਸ ਪ੍ਰਸ਼ਾਸਨ ਨੂੰ ਪਤਾ ਚੱਲਿਆ ਤਾਂ ਥਾਣਾ ਸਦਰ ਦੀ ਐਸ ਐਚ ਓ ਅਮਰਜੀਤ ਕੌਰ ਪੁਲਿਸ ਪਾਰਟੀ ਸਮੇਤ ਮੌਕੇ 'ਤੇ ਪੁੱਜੀ ਅਤੇ ਸਬੰਧਤ ਵਿਭਾਗ ਦੇ ਅਫਸਰਾਂ ਨਾਲ ਗੱਲਬਾਤ ਕਰਕੇ ਵਰਕਰਾਂ ਦੀਆਂ ਮੰਗਾਂ ਦੇ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ। ਲੇਕਿਨ ਸਮਾਚਾਰ ਲਿਖੇ ਜਾਣ ਤੱਕ ਇਹ ਧਰਨਾ ਲਗਾਤਾਰ ਜਾਰੀ ਸੀ। ਪੱਤਰਕਾਰਾਂ ਵੱਲੋਂ ਮੌਕੇ 'ਤੇ ਪੁੱਜ ਕੇ ਐਸ ਡੀਓ ਨਾਲ ਸੰਪਰਕ ਕਰਕੇ ਪੱਖ ਜਾਨਣ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਇਹੀ ਕਿਹਾ ਗਿਆ ਕਿ ਇਨ੍ਹਾਂ ਵਰਕਰਾਂ ਦੇ ਮਸਲੇ ਨੂੰ ਲੈ ਕੇ ਕਾਰਵਾਈ ਚੱਲ ਰਹੀ ਹੈ।

**ਯੂਨੀਅਨ ਵੱਲੋਂ ਰੋਹ ਭਰਪੂਰ ਰੋਸ ਧਰਨਾ**



# ਡੇਢ ਸਾਲ ਤੋਂ ਨਰਕ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਨੇ ਲੋਕ

## ਮੈਨੂੰ ਇਸ ਸਮੱਸਿਆ ਬਾਰੇ ਹੁਣ ਤੱਕ ਕੋਈ ਜਾਣਕਾਰੀ ਨਹੀਂ : ਕਾਰਜ ਸਾਧਕ ਅ.ਫਸਰ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਨਗਰ ਪੰਚਾਇਤ ਮਮਦੋਟ ਦੇ ਵਾਰਡ ਨੰਬਰ 2 ਦੇ ਵਸਨੀਕ ਗੰਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਨਰਕ ਵਰਗੇ ਮਾਹੌਲ ਵਿੱਚ ਆਪਣਾ ਜੀਵਨ ਗੁਜ਼ਾਰ ਰਹੇ ਹਨ।ਇਸ ਸਬੰਧੀ ਮਮਦੋਟ ਵਾਰਡ ਨੰਬਰ 2 (ਬਸਤੀ ਪਠਾਣਾ ਵਾਲੇ) ਦੇ ਵਸਨੀਕ ਬੂਟਾ ਸਿੰਘ, ਸਤਪਾਲ ਸਿੰਘ, ਨਿਰਮਲ ਸਿੰਘ, ਅਵਤਾਰ ਸਿੰਘ ਅਤੇ ਜੱਸਾ ਸਿੰਘ ਆਦਿ ਨੇ ਦੱਸਿਆ ਕਿ ਪਿਛਲੇ ਲਗਭਗ ਡੇਢ ਸਾਲ ਤੋਂ ਉਹ ਇਸ ਸੀਵਰੇਜ ਦੇ ਪਾਣੀ ਦੀ ਸਹੀ ਤੋਰ ਤੇ ਨਿਕਾਸੀ ਨਾ ਹੋਣ ਕਾਰਨ ਇਸ ਸਮੱਸਿਆ ਨਾਲ ਜੂਝ ਰਹੇ ਹਨ ਤੇ ਉਹਨਾਂ ਦੇ ਪਰਿਵਾਰਾਂ ਨੂੰ ਗੰਦੇ ਪਾਣੀ ਵਿੱਚੋਂ ਦੀ ਲੰਘ ਕੇ ਹੀ ਕਿਸੇ ਕੰਮ ਕਾਰ ਲਈ ਗਲੀ ਤੋਂ ਬਾਹਰ ਜਾਣਾ ਪੈ ਰਿਹਾ ਹੈ। ਇਸ ਤੋਂ ਇਲਾਵਾ ਉਹਨਾਂ ਦੇ ਬੱਚਿਆਂ ਨੂੰ ਵੀ ਗੰਦੇ ਪਾਣੀ ਵਿੱਚੋਂ ਲੰਘ ਕੇ ਬੜੀ ਹੀ ਮੁਸ਼ਕਿਲ ਨਾਲ ਸਕੂਲ ਜਾਣਾ ਪੈਂਦਾ ਹੈ। ਜਿਸ ਕਾਰਨ ਵਾਰਡ ਵਿੱਚ ਭਿਆਨਕ ਬਿਮਾਰੀਆਂ ਫੈਲਣ ਦਾ ਖਦਸ਼ਾ ਬਣਿਆ ਹੋਇਆਂ ਹੈ।ਵਾਰਡ ਵਾਸੀਆਂ ਨੇ ਨਗਰ ਪੰਚਾਇਤ ਦੇ ਅਧਿਕਾਰੀਆਂ ਉੱਪਰ ਆਪਣਾ ਗੁੱਸਾ ਪ੍ਰਗਟ ਕਰਦੇ ਹੋਏ ਕਿਹਾ ਕਿ ਸੀਵਰੇਜ ਦਾ ਗੰਦਾ ਪਾਣੀ ਗਲੀ ਵਿੱਚ ਇਕੱਠਾ ਹੋਣ ਤੋਂ ਬਾਅਦ ਘਰਾਂ ਦੇ ਅੰਦਰ ਵੀ ਸੀਵਰੇਜ ਦਾ ਪਾਣੀ ਜਾ ਰਿਹਾ ਹੈ ਤੇ ਓਹਨਾ ਵੱਲੋਂ ਇਸ ਸਮੱਸਿਆ ਸਬੰਧੀ ਨਗਰ ਪੰਚਾਇਤ ਅਧਿਕਾਰੀਆਂ, ਚੁਣੇ ਹੋਏ ਨੁਮਾਇੰਦਿਆਂ (ਐੱਮ ਸੀ,, ਪ੍ਰਧਾਨ ਵਗੈਰਾ) ਅਤੇ ਇਥੋਂ ਤੱਕ ਕੇ ਐੱਮ ਐੱਲ ਏ ਸਾਬ ਨੂੰ ਵੀ ਇਸ ਗਲੀ ਦੇ ਅੱਗੇ ਰੋਕ ਕੇ ਮੌਕਾ ਦਿਖਾਉਂਦਿਆਂ ਸਮੱਸਿਆ ਦੇ ਹੱਲ ਵਾਸਤੇ ਬੇਨਤੀ ਕੀਤੀ ਸੀ ਪਰੰਤੂ ਓਹਨਾ ਵੱਲੋਂ ਵੀ ਮਹਿਜ ਲਾਰਿਆਂ ਨਾਲ ਹੀ ਢੰਗ ਟਪਾਇਆ ਜਾਂ ਰਿਹਾ ਹੈ. ਇੱਥੇ ਇਹ ਵੀ ਵਰਨਣਯੋਗ ਹੈ ਕਿ ਵਾਰਡ ਦੇ ਵਾਸੀ ਸਤਪਾਲ ਸਿੰਘ ਜਿਸ ਨੂੰ ਅੱਖਾਂ ਤੋਂ ਬਿਲਕੁਲ ਦਿਖਾਈ ਨਹੀਂ ਦਿੰਦਾ ਉਸ ਨੇ ਵੀ ਕਿਹਾ ਕਿ ਸਾਨੂੰ ਬਹੁਤ ਹੀ ਮੁਸ਼ਕਿਲ ਪੇਸ਼ ਆ ਰਹੀ ਹੈ ਅਤੇ ਇਸ ਸਮੱਸਿਆਂ ਦਾ ਜਲਦੀ ਤੋਂ ਜਲਦੀ ਹੱਲ ਕੀਤਾ ਜਾਵੇ ਨਹੀਂ ਤਾਂ ਮਜ਼ਬੂਰਨ ਵਾਰਡ ਵਾਸੀ ਨਗਰ ਪੰਚਾਇਤ ਮਮਦੋਟ ਦੇ ਦਫਤਰ ਸਾਹਮਣੇ ਰੋਸ ਧਰਨਾ ਦੇਣ ਵਾਸਤੇ ਮਜ਼ਬੂਰ ਹੋਣਗ।ਇਸ ਸੰਬੰਧੀ ਜਦੋਂ ਨਗਰ ਪੰਚਾਇਤ ਮਮਦੋਟ ਦੇ ਕਾਰਜ ਸਾਧਕ ਅਫ਼ਸਰ ਅਸ਼ੀਸ਼ ਕੁਮਾਰ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਨੇ ਕਿਹਾ ਕਿ ਮੈਨੂੰ ਇਸ ਸਮੱਸਿਆਂ ਬਾਰੇ ਅੱਜ ਤੱਕ ਕੋਈ ਜਾਣਕਾਰੀ ਨਹੀਂ ਸੀ, ਹੁਣ ਇਹ ਸਮੱਸਿਆਂ ਮੇਰੇ ਧਿਆਨ ਵਿੱਚ ਆ ਚੁੱਕੀ ਹੈ ਅਤੇ ਜਲਦੀ ਇਸ ਦਾ ਪੱਕੇ ਤੌਰ ਤੇ ਹੱਲ ਕੀਤਾ ਜਾਵੇਗਾ।ਇੱਕ ਪਾਸੇ ਜਿਥੇ ਸਫਾਈ ਕਰਮਚਾਰੀਆਂ ਵੱਲੋਂ ਕਈ ਵਾਰ ਇਸ ਵਾਰਡ ਦੇ ਸੀਵਰੇਜ ਵਾਲੇ ਗੰਦੇ ਪਾਣੀ ਨੂੰ ਪੰਪ ਨਾਲ ਕੱਢਦੇ ਹੋਏ ਵੀ ਦੇਖਿਆ ਗਿਆ ਹੈ ਓਥੇ ਕਾਰਜ ਸਾਧਕ ਅਫ਼ਸਰ ਦਾ ਜਾਣਕਾਰੀ ਨਾ ਹੋਣ ਵਾਲਾ ਦਿੱਤਾ ਬਿਆਨ ਵੀ ਵਾਰਡ ਵਾਸੀਆਂ ਦੇ ਕੁੱਝ ਹਜਮ ਨਹੀਂ ਹੋ ਰਿਹਾ। ਹੁਣ ਦੇਖਣਾ ਹੈ ਕਿ ਜਾਣਕਾਰੀ ਹੋਣ 'ਤੇ ਕਦ ਤੱਕ ਨਗਰ ਪੰਚਾਇਤ ਆਧਿਕਾਰੀ ਇਸ ਸਮੱਸਿਆ ਨੂੰ ਹੱਲ ਕਰਕੇ ਲੋਕਾਂ ਨੂੰ ਇਸ ਸਮੱਸਿਆ ਤੋਂ ਨਿਜਾਤ ਦਿਵਾਉਣਗੇ।

# ਦਾਜ ਬਿਨਾਂ ਕੀਤੇ ਗਏ ਵਿਆਹ 'ਤੇ ਮੰਡੀ ਕਲਾਂ ਦੀ ਪੰਚਾਇਤ ਦੇਵੇਗੀ 11 ਹਜ਼ਾਰ ਸ਼ਗਨ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਜਿੱਥੇ ਪਿੰਡਾਂ ਦੇ ਵਿਕਾਸ ਲਈ ਅਹਿਮ ਕਦਮ ਚੁੱਕੇ ਜਾ ਰਹੇ ਹਨ, ਉਥੇ ਹੀ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਦੀ ਰਹਿਨੁਮਾਈ ਤੇ ਪ੍ਰੇਰਨਾ ਸਦਕਾ ਜ਼ਿਲ੍ਹੇ ਦੀਆਂ ਪੰਚਾਇਤਾਂ ਵੱਲੋਂ ਵੀ ਨਿਵੇਕਲੀਆਂ ਪਹਿਲ ਕਦਮੀਆਂ ਕੀਤੀਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਪੇਂਡੂ ਵਿਕਾਸ ਦੇ ਨਕਸੇ ਤੇ ਨੌਜਵਾਨ ਸਰਪੰਚਾਂ ਨੇ ਨਵੇਂ ਰੰਗ ਭਰਦਿਆਂ ਸਮਾਜਿਕ ਕੁਰੀਤੀਆਂ ਦੇ ਖਾਤਮੇ ਲਈ ਉਪਰਾਲੇ ਕਰਨੇ ਸ਼ੁਰੂ ਕਰ ਦਿੱਤੇ ਹਨ।ਇਨ੍ਹਾਂ ਨਵੇਂ ਪੋਜ ਦੇ ਸਰਪੰਚਾਂ ਨੇ ਰਿਵਾਇਤੀ ਵਿਕਾਸ ਤੋ ਲਾਂਭੇ ਹੁੰਦਿਆ ਪਿੰਡਾਂ ਨੂੰ ਨਵੇ ਸਮਾਜ ਦੀ ਸਿਰਜਣਾ ਵੱਲ ਮੋੜਿਆ ਹੈ ।

ਮੰਡੀ ਕਲਾਂ ਦੀ ਨੌਜਵਾਨ ਮਹਿਲਾ ਸਰਪੰਚ ਮਨਜਿੰਦਰ ਕੌਰ ਨੇ ਗ੍ਰਾਮ ਸਭਾ ਦੇ ਆਮ ਇਜਲਾਸ 'ਚ ਮਤਾ ਪਾਸ ਕਰ ਦਿੱਤਾ ਕਿ ਜੋ ਪਰਵਾਰ ਬਿਨਾਂ ਦਾਜ ਦਹੇਜ ਦੇ ਵਿਆਹ ਕਰੇਗਾ, ਪੰਚਾਇਤ ਵੱਲੋਂ ਪਰਵਾਰ ਨੂੰ 11 ਹਜ਼ਾਰ ਰੁਪਏ ਦਾ ਸ਼ਗਨ ਦੇ ਕੇ ਸਨਮਾਨਤ ਕੀਤਾ ਜਾਵੇਗਾ ਅਤੇ ਮਰਗ ਦੇ ਭੋਗ 'ਤੇ ਜਲੇਬੀਆਂ, ਪਕੌੜੇ ਬਣਾਉਣ 'ਤੇ ਵੀ ਪਾਬੰਦੀ ਲਗਾ ਦਿੱਤੀ ਗਈ।ਗ੍ਰਾਮ ਸਭਾ ਦੇ ਮੈਬਰਾਂ ਦੀ ਪ੍ਰਵਾਨਗੀ ਨਾਲ ਫੈਸਲਾ ਲਿਆ ਗਿਆ ਕਿ ਹੁਣ ਕੋਠਿਆਂ 'ਤੇ ਸਪੀਕਰ ਨਹੀਂ ਵੱਜਣਗੇ ਤੇ ਡੀ.ਜੇ. ਲਾਉਣ ਦਾ ਸਮਾਂ ਰਾਤ ਦੇ 10 ਵਜੇ ਤੱਕ ਹੋਵੇਗਾ 'ਤੇ ਅਵਾਜ਼ ਉੱਚੀ ਕਰਨ ਤੇ ਪਾਬੰਦੀ ਲਾ ਦਿੱਤੀ ਗਈ ਹੈ।ਮਕਾਨ ਨੂੰ ਕਿਰਾਏ 'ਤੇ ਦੇਣ ਤੋਂ ਪਹਿਲਾਂ ਮਕਾਨ ਮਾਲਕ ਪੰਚਾਇਤ ਨੂੰ ਸੂਚਨਾ ਦੇਵੇਗਾ ਤਾਂ ਜੁ ਗ਼ਲਤ ਅਨਸਰ ਪਿੰਡ ਵਿੱਚ ਘੁਸਪੈਠ ਨਾ ਕਰ ਸਕਣ।ਨੰਬਰਦਾਰ ਤੇ ਪੰਚਾਇਤ ਵੱਲੋਂ ਨਸ਼ੇ ਵੇਚਣ ਵਾਲੇ ਤੇ ਚੋਰੀ ਕਰਨ ਵਾਲਿਆਂ ਦੀ ਜ਼ਮਾਨਤ ਨਹੀਂ ਕਰਾਈ ਜਾਵੇਗੀ।ਪਿੰਡ ਵਿੱਚ ਖੁਸ਼ੀ ਮੌਕੇ ਵਧਾਈ ਲੈਣ ਆਉਣ ਵਾਲੇ ਮਹੰਤਾਂ ਦੇ ਰੁਪਏ ਵੀ ਫਿਕਸ ਕਰ ਦਿੱਤੇ ਗਏ ਹਨ।

ਇਸ ਤੋਂ ਇਲਾਵਾ ਹੋਰਨਾਂ ਫ਼ੈਸਲਿਆਂ ਵਿੱਚ ਦੁਕਾਨਦਾਰ ਚਾਇਨਾ ਡੋਰ, ਸਟਿੰਗ, ਕੂਲਿੱਪ ਨਹੀਂ ਵੇਚੇਗਾ, ਚੋਰੀ ਦਾ ਸਮਾਨ ਤੇ ਗਹਿਣੇ ਵਗੈਰਾ ਲੈਣ ਵਾਲੇ 'ਤੇ ਕਾਰਵਾਈ ਹੋਵੇਗੀ ਅਤੇ ਪਿੰਡ ਦੀ ਹਦੂਦ 'ਚ, ਉੱਚੀ ਅਵਾਜ਼ 'ਤੇ ਡੈੱਕ ਲਾਉਣ ਦੀ ਪਾਬੰਦੀ ਕਰ ਦਿੱਤੀ ਗਈ ਹੈ।ਇਨ੍ਹਾਂ ਫ਼ੈਸਲਿਆਂ ਦੇ ਖਿਲਾਫ਼ ਜਾਣ ਵਾਲਿਆਂ ਨੂੰ ਹੋਣਗੇ ਜੁਰਮਾਨੇ ਹੋਣਗੇ।ਇਸ ਮੌਕੇ ਆਮ ਇਜਲਾਸ ਦੀ ਮੀਟਿੰਗ ਵਿੱਚ ਚੇਅਰਪਰਸਨ ਮਨਜਿੰਦਰ ਕੌਰ ਨੇ ਪਿੰਡ ਦੇ ਸਰਬਪੱਖੀ ਵਿਕਾਸ ਦੇ ਲਈ 1 ਕਰੋੜ 40 ਲੱਖ ਰੁਪਏ ਦਾ ਅਗਲੇ ਵਰ੍ਹੇ ਦਾ ਅਨੁਮਾਨਤ ਬੱਜਟ ਪੇਸ਼ ਕੀਤਾ ਤੇ ਸਭਾ ਦੇ ਮੈਬਰਾਂ ਨੇ ਹੱਥ ਖੜੇ ਕਰਕੇ ਪ੍ਰਵਾਨਗੀ ਦਿੱਤੀ।ਇਸ ਮੌਕੇ ਮਗਨਰੇਗਾ ਦੇ ਏ ਪੀ ਓ ਮੈਡਮ ਸੰਦੀਪ ਕੌਰ ਨੇ ਨਰੇਗਾ ਅਧੀਨ ਹੋਣੇ ਵਾਲੇ ਕੰਮਾ ਦੀ ਜਾਣਕਾਰੀ ਸਾਂਝੀ ਕੀਤੀ।ਵਾਟਰ ਸਪਲਾਈ ਵਿਭਾਗ ਦੇ ਹਰਿੰਦਰ ਸਿੰਘ ਤੇ ਜੇ.ਈ ਜਸਵੀਰ ਸਿੰਘ ਨੇ ਪਾਣੀ ਦੀ ਮਹੱਤਤਾ ਬਾਰੇ ਦੱਸਿਆ।

# ਤਿੰਨ ਕਿੱਲੋ ਅ.ਫੀਮ ਸਮੇਤ ਪਤੀ-ਪਤਨੀ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜੀ ਆਰ ਪੀ ਥਾਣਾ ਸਰਹਿੰਦ ਦੀ ਪੁਲਿਸ ਵੱਲੋਂ ਇੱਕ ਵਿਆਹੁਤਾ ਜੋੜੇ ਨੂੰ ਤਿੰਨ ਕਿੱਲੋ ਅਫ਼ੀਮ ਸਮੇਤ ਸਰਹਿੰਦ ਰੇਲਵੇ ਸਟੇਸ਼ਨ ਤੋਂ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸ ਜੀ ਆਰ ਪੀ ਥਾਣਾ ਸਰਹਿੰਦ ਦੀ ਪੁਲਿਸ ਪਾਰਟੀ ਵੱਲੋਂ ਸਰਹਿੰਦ ਰੇਲਵੇ ਸਟੇਸ਼ਨ ਵਿਖੇ ਕੀਤੀ ਜਾ ਰਹੀ ਚੈਕਿੰਗ ਦੌਰਾਨ ਪਲੇਟਫਾਰਮ ਨੰਬਰ ਇੱਕ ਤੋਂ ਸ਼ੱਕ ਦੇ ਆਧਾਰ 'ਤੇ ਇੱਕ ਆਦਮੀ ਅਤੇ ਔਰਤ ਨੂੰ ਚੈਕਿੰਗ ਲਈ ਰੋਕਿਆ ਗਿਆ, ਜਿਨਾਂ ਨੇ ਪੁਲਿਸ ਕਰਮਚਾਰੀਆਂ ਵੱਲੋਂ ਪੁੱਛੇ ਜਾਣ 'ਤੇ ਆਪਣੀ ਪਹਿਚਾਣ ਮੋਹਨ ਮਹਾਤੋ ਪੁੱਤਰ ਮੁੱਖਿਤ ਮਹਾਤੋ ਅਤੇ ਅਨੀਤਾ ਦੇਵੀ ਪਤਨੀ ਮੋਹਨ ਮਹਾਤੋ ਵਾਸੀਆਨ ਪਿੰਡ ਰਾਮਕਰਨ ਪਕੜੀ ਜ਼ਿਲ੍ਹਾ ਮੋਤੀਹਾਰੀ( ਬਿਹਾਰ) ਵਜੋਂ ਦੱਸੀ।ਮਾਮਲੇ ਸਬੰਧੀ ਜਾਣਕਾਰੀ ਦਿੰਦੇ ਹੋਏ ਜੀ ਆਰ ਪੀ ਥਾਣਾ ਸਰਹਿੰਦ ਦੇ ਐਸ ਐਚ ਓ ਥਾਣੇਦਾਰ ਰਤਨ ਲਾਲ ਨੇ ਦੱਸਿਆ ਕਿ ਉਨ੍ਹਾਂ ਦੀ ਇੱਕ ਪੁਲਿਸ ਪਾਰਟੀ ਵੱਲੋਂ ਚੈਕਿੰਗ ਦੌਰਾਨ ਸ਼ੱਕ ਦੇ ਆਧਾਰ ਤੇ ਰੋਕੇ ਗਏ ਜੋੜੇ ਦੀ ਡੀਐਸਪੀ ਜਗਮੋਹਣ ਸਿੰਘ ਦੀ ਹਾਜਰੀ ਵਿੱਚ ਲਈ ਗਈ ਤਲਾਸ਼ੀ ਦੌਰਾਨ ਉਕਤ ਪਤੀ-ਪਤਨੀ ਦੇ ਕਬਜ਼ੇ ਵਿੱਚੋਂ ਤਿੰਨ ਕਿੱਲੋ ਅਫ਼ੀਮ ਬਰਾਮਦ ਹੋਈ। ਉਹਨਾਂ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਉਕਤ ਜੋੜੇ ਨੂੰ ਫਤਿਹਗੜ੍ਹ ਸਾਹਿਬ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ ਜਿੱਥੇ ਅਦਾਲਤ ਨੇ ਦੋਵਾਂ ਨੂੰ ਦੋ ਦਿਨ ਦੇ ਪੁਲਿਸ ਰਿਮਾਂਡ ਤੇ ਭੇਜਣ ਦੇ ਹੁਕਮ ਸੁਣਾਏ। ਸਬ-ਇੰਸਪੈਕਟਰ ਜਸਵੀਰ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਖੇਤੀ ਮੰਡੀਕਰਨ ਬਾਰੇ ਨਵਾਂ ਪਾਲਸੀ ਡਰਾਫਟ ਕਾਰੋਬਾਰ ਦੀਆਂ ਜੜ੍ਹਾਂ 'ਚ ਤੇਲ ਦਾ ਕੰਮ ਕਰੇਗਾ : ਹਮੀਰ ਸਿੰਘ



**ਮਾਨਸਾ (ਆਤਮਾ ਸਿੰਘ ਪਮਾਰ)**-ਮੁਨਾਫ਼ੇ ਦੀ ਹੋੜ 'ਚ ਅੰਨ੍ਹੇ ਹੋਏ ਕਾਰਪੋਰੇਟ ਘਰਾਣੇ ਸਾਡੀਆਂ ਉਪਜਾਊ ਜ਼ਮੀਨਾਂ ਤੇ ਖ਼ੁਰਾਕ ਕਾਰੋਬਾਰ ਉਤੇ ਕਾਬਜ਼ ਹੋਣ ਲਈ ਮੋਦੀ ਸਰਕਾਰ ਤੋਂ ਅਪਣੇ ਪੱਖੀ ਨਵੇਂ ਨਵੇਂ ਕਾਨੂੰਨ ਬਣਵਾ ਰਹੇ ਹਨ।ਇਸ ਗੱਲ ਦੀ ਸਖ਼ਤ ਜ਼ਰੂਰਤ ਹੈ ਕਿ ਸਮਾਜ ਦੇ ਸਾਰੇ ਵਰਗ ਅਜਿਹੇ ਕਾਨੂੰਨਾਂ ਖਿਲਾਫ਼ ਇਕਜੁਟ ਹੋ ਕੇ ਫੈਸਲਾਕੁੰਨ ਅੰਦੋਲਨ ਦੀ ਸ਼ੁਰੂਆਤ ਕਰਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਉੱਘੇ ਪੱਤਰਕਾਰ ਹਮੀਰ ਸਿੰਘ ਨੇ ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਕੀਤਾ।ਪੈਨਸ਼ਨਰਜ਼ ਭਵਨ ਵਿਖੇ ਸ਼ਹੀਦ ਲਾਭ ਸਿੰਘ ਮਾਨਸਾ ਦੀ 44ਵੀਂ ਬਰਸੀ ਮੌਕੇ ਸ਼ਹੀਦ ਲਾਭ ਸਿੰਘ ਯਾਦਗਾਰ ਕਮੇਟੀ ਮਾਨਸਾ ਵਲੋਂ ਕਰਾਈ ਗਈ। ਇਸ ਕਨਵੈਨਸ਼ਨ ਦੀ ਪ੍ਰਧਾਨਗੀ ਕਾਮਰੇਡ ਨਛੱਤਰ ਸਿੰਘ ਖੀਵਾ, ਅੰਗਰੇਜ਼ ਕੌਰ ਤੇ ਮੁਖਤਿਆਰ ਪੂਹਲਾ 'ਤੇ ਅਧਾਰਤ ਪ੍ਰਧਾਨਗੀ ਮੰਡਲ ਵੱਲੋਂ ਕੀਤੀ ਗਈ।ਕਨਵੈਨਸ਼ਨ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਕਮੇਟੀ ਦੇ ਕਨਵੀਨਰ ਹਰਗਿਆਨ ਸਿੰਘ ਢਿੱਲੋਂ, ਕੁਦਰਤ ਮਾਨਵ ਕੇਂਦਰਤ ਲੋਕ ਲਹਿਰ ਦੇ ਆਗੂ ਸੁਖਦੇਵ ਸਿੰਘ ਭੁਪਾਲ, ਸੀਪੀਆਈ (ਐਮ ਐਲ) ਲਿਬਰੇਸ਼ਨ ਆਗੂ ਕਾਮਰੇਡ ਸੁਖਦਰਸ਼ਨ ਸਿੰਘ ਨੱਤ, ਉੱਘੇ ਕਿਸਾਨ ਆਗੂ ਰੁਲਦੂ ਸਿੰਘ ਮਾਨਸਾ, ਨਾਟਕਕਾਰ ਮੇਘ ਰਾਜ ਰੱਲਾ, ਰਿਟਾ. ਇੰਪਲਾਈਜ਼ ਐਸੋਸੀਏਸ਼ਨ ਦੇ ਪ੍ਰਧਾਨ ਸਿਕੰਦਰ ਸਿੰਘ ਘਰਾਂਗਣਾ, ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਮੁਖਤਿਆਰ ਪੂਹਲਾ ਅਤੇ ਆਈਡੀਪੀ ਦੇ ਪ੍ਰਧਾਨ ਕਰਨੈਲ ਸਿੰਘ ਜਖੇਪਲ ਸ਼ਾਮਲ ਸਨ।ਕਨਵੈਨਸ਼ਨ ਦਾ ਸੰਚਾਲਨ ਸੁਰਿੰਦਰ ਪਾਲ ਸ਼ਰਮਾ, ਜਗਰਾਜ ਸਿੰਘ ਰੱਲਾ ਤੇ ਤਾਰਾ ਚੰਦ ਬਰੇਟਾ ਨੇ ਅਤੇ ਮੰਚ ਸੰਚਾਲਨ ਭਜਨ ਸਿੰਘ ਘੁੰਮਣ ਵੱਲੋਂ ਕੀਤਾ ਗਿਆ।ਮੁੱਖ ਬੁਲਾਰੇ ਵਜੋਂ ਬੋਲਦਿਆਂ ਹਮੀਰ ਸਿੰਘ ਨੇ ਕਿਹਾ ਕਿ ਕਾਰਪੋਰੇਟ ਕੰਪਨੀਆਂ ਅਪਣੀਆਂ ਕਠਪੁਤਲੀ ਸਰਕਾਰਾਂ ਰਾਹੀਂ ਹਰ ਕਾਰੋਬਾਰ ਉੱਤੇ ਕਾਬਜ਼ ਹੋ ਰਹੀਆਂ ਹਨ।ਮਸਲਨ ਇੱਕ ਵੱਡਾ ਮਾਲ ਖੁੱਲ੍ਹਣ ਦੇ ਨਤੀਜੇ ਵਜੋਂ ਉਹ ਔਸਤ 1800 ਦੁਕਾਨਾਂ ਦਾ ਧੰਦਾ ਚੌਪਟ ਹੋ ਜਾਂਦਾ ਹੈ।ਇਸੇ ਤਰ੍ਹਾਂ ਕਾਰਪੋਰੇਟ ਕੰਪਨੀਆਂ ਦਾ ਸਰਵੇਖਣ ਹੈ ਕਿ ਪੂੰਜੀਵਾਦ ਦੇ ਜਾਰੀ ਮੰਦਵਾੜੇ ਵਿੱਚ ਸਿਰਫ ਖ਼ੁਰਾਕ ਦਾ ਕਾਰੋਬਾਰ ਹੀ ਸਭ ਤੋਂ ਜ਼ਿਆਦਾ ਮੁਨਾਫ਼ਾ ਦੇਵੇਗਾ, ਇਸ ਲਈ ਉਹ ਹਿਮਾਲਿਆਂ ਦੇ ਇਸ ਖਿੱਤੇ ਭਾਵ ਗੰਗਾ ਸਿੰਧ ਦੇ ਮੈਦਾਨ ਵਿੱਚ ਪੈਂਦੀਆਂ ਸਾਡੀਆਂ ਬੇਹੱਦ ਉਪਜਾਊ ਜ਼ਮੀਨਾਂ ਉਤੇ ਕਿਸੇ ਵੀ ਕੀਮਤ 'ਤੇ ਕਬਜ਼ਾ ਕਰਨਾ ਚਾਹੁੰਦੀਆਂ ਹਨ।ਸੁਖਦੇਵ ਸਿੰਘ ਭੁਪਾਲ ਨੇ ਧਰਤੀ ਦੇ ਵਧ ਰਹੇ ਤਾਪਮਾਨ ਦੇ ਵਾਤਾਵਰਨ, ਮਨੁੱਖ ਤੇ ਫ਼ਸਲਾਂ ਉਤੇ ਪੈ ਰਹੇ ਮਾਰੂ ਅਸਰਾਂ ਦੀ ਵਿਸਥਾਰਿਤ ਵਿਆਖਿਆ ਕੀਤੀ।ਲਿਬਰੇਸ਼ਨ ਆਗੂ ਸੁਖਦਰਸ਼ਨ ਸਿੰਘ ਨੱਤ ਦਾ ਕਹਿਣਾ ਸੀ ਕਿ ਕਾਰਪੋਰੇਟ ਕੰਪਨੀਆਂ ਆਬਾਦੀ ਦੇ ਸਿਰਫ਼ ਉਂਨੇ ਹਿੱਸੇ ਨੂੰ ਹੀ ਆਬਾਦੀ ਮੰਨਦੇ ਹਨ, ਜੋ ਉਨ੍ਹਾਂ ਦੀ ਖਪਤਕਾਰ ਹੈ।ਬਾਕੀ ਆਬਾਦੀ ਨੂੰ ਉਹ ਅਜਿਹਾ ਬੋਝ ਮੰਨਦੇ ਨੇ, ਜਿਸ ਤੋਂ ਜਲਦੀ ਤੋਂ ਜਲਦੀ ਛੁਟਕਾਰਾ ਹਾਸਲ ਹੋ ਸਕੇ।ਇਸੇ ਮਨੋਰਥ ਲਈ ਉਨ੍ਹਾਂ ਨੇ ਚੰਦੇ ਦੇ ਨਾਂਅ 'ਤੇ ਅਰਬਾਂ ਰੁਪਏ ਖ਼ਰਚ ਕੇ ਫਾਸ਼ਿਸ਼ਟ ਸੰਘ-ਬੀਜੇਪੀ ਗਿਰੋਹ ਨੂੰ ਦੇਸ਼ ਦੀ ਸੱਤਾ ਸੌਂਪੀ ਹੈ।ਇਸ ਲਈ ਸਾਨੂੰ ਸੁਚੇਤ ਤੇ ਇਕਜੁੱਟ ਹੋਣ ਦੀ ਸਖ਼ਤ ਲੋੜ ਹੈ, ਕਿਉਂਕਿ ਇਹ ਫਾਸ਼ਿਸ਼ਟ ਲਾਣਾ ਜਨਤਾ ਨੂੰ ਧਾਰਮਿਕ ਤੇ ਜਾਤੀ ਅਧਾਰ 'ਤੇ ਪਾੜ ਕੇ ਵਿਰੋਧ ਦੀ ਆਵਾਜ਼ ਨੂੰ ਬੇਅਸਰ ਕਰਨ ਦੇ ਕੋਝੇ ਹੱਥਕੰਡੇ ਵਰਤ ਰਹੇ ਹਨ।

# ਪਸ਼ੂ-ਧਨ ਗਣਨਾ ਲਈ ਦਿੱਤੀ ਟਰੇਨਿੰਗ

**ਫਾਜਿਲਕਾ (ਨਿਸ਼ਾ ਸ਼ਰਮਾ)**-ਪਸ਼ੂ ਪਾਲਣ ਵਿਭਾਗ ਪੰਜਾਬ ਵਲੋਂ 21ਵੀਂ ਪਸ਼ੂ ਧਨ ਗਣਨਾ ਦੇ ਕੰਮ ਦਾ ਰਿਵੀਊ ਕਰਨ ਅਤੇ ਕੰਮ ਵਿਚ ਹੋਰ ਤੇਜੀ ਲਿਆਉਣ ਦੇ ਮਕਸਦ ਨਾਲ ਜ਼ਿਲ੍ਹਾ ਫਾਜ਼ਿਲਕਾ ਦੇ ਸਮੂਹ ਸੁਪਰਵਾਈਜ਼ਰ ਅਤੇ ਇਨਮੂਰੈਟਰ ਦੀ ਰਿਫਰੈਸ਼ਰ ਟ੍ਰੇਨਿੰਗ ਫਾਜ਼ਿਲਕਾ ਵਿਖੇ ਕਰਵਾਈ ਗਈ,ਜਿਸ ਵਿੱਚ ਡਾ. ਪਰਮਦੀਪ ਸਿੰਘ ਵਾਲੀਆ ਸੰਯੁਕਤ ਨਿਰਦੇਸ਼ਕ ਪਸ਼ੂ ਪਾਲਣ ਵਿਭਾਗ ਪੰਜਾਬ ਅਤੇ ਡਾ. ਰਵੀ ਕਾਂਤ ਸਟੇਟ ਨੋਡਲ ਅਫਸਰ ਪਸ਼ੂ ਗਣਨਾ ਵਿਸ਼ੇਸ ਤੌਰ 'ਤੇ ਸ਼ਾਮਲ ਹੋਏ।ਇਸ ਟ੍ਰੇਨਿੰਗ ਸਬੰਧੀ ਜਾਣਕਾਰੀ ਦਿੰਦਿਆ ਡਾ ਮਨਦੀਪ ਸਿੰਘ ਜੋਨਲ ਨੋਡਲ ਅਫਸਰ ਅਤੇ ਡਾ ਸੁਨੀਤ ਸ਼ਰਮਾ ਜਿਲਾ ਨੋਡਲ ਅਫਸਰ ਫਾਜਿਲਕਾ ਨੇ ਦੱਸਿਆ ਕਿ ਟ੍ਰੇਨਿੰਗ ਦੀ ਸ਼ੁਰੂਆਤ ਵਿਚ ਡਾ ਰਾਜੀਵ ਛਾਬੜਾ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਫਾਜਿਲਕਾ ਨੇ ਜੀ ਆਇਆਂ ਨੂੰ ਕਿਹਾ ਅਤੇ ਫਾਜਿਲਕਾ ਜਿਲੇ ਦੀ ਪ੍ਰਗਤੀ ਰਿਪੋਰਟ ਪੇਸ਼ ਕੀਤੀ। ਡਾ ਛਾਬੜਾ ਨੇ ਦੱਸਿਆ ਕਿ ਹੁਣ ਤੱਕ 214 ਪਿੰਡ/ਵਾਰਡਾਂ ਦੇ 92841 ਘਰਾਂ ਦੀ ਗਿਣਤੀ ਕੀਤੀ ਜਾ ਚੁੱਕੀ ਹੈ।

ਡਾ ਰਵੀ ਕਾਂਤ ਨੇ ਐਪ ਚਲਾਉਣ ਵਿਚ ਆ ਰਹੀਆਂ ਦਿੱਕਤਾਂ ਬਾਰੇ ਇਨਮੂਰੇਟਰਾਂ ਤੋ ਜਾਣਕਾਰੀ ਪ੍ਰਾਪਤ ਕੀਤੀ ਅਤੇ ਉਹਨਾਂ ਦਾ ਹੱਲ ਦੱਸਿਆ।ਡਾ. ਪਰਮਦੀਪ ਸਿੰਘ ਵਾਲੀਆ ਨੇ ਫਾਜ਼ਿਲਕਾ ਜ਼ਿਲ੍ਹੇ ਵਿਚ ਸਭ ਤੋ ਵੱਧੀਆ ਕੰਮ ਕਰਨ ਵਾਲੇ ਇਨਮੂਰੇਟਰ ਸ੍ਰੀ ਗੁਰਪ੍ਰੀਤ, ਜੀਵਨ ਸਿੰਘ, ਸੁਖਜੀਤ ਸਿੰਘ ਅਤੇ ਸੁਰਿੰਦਰ ਸਿੰਘ ਦੀ ਹੌਸਲਾ ਅਫਜਾਈ ਕੀਤੀ। ਉਹਨਾਂ ਨੇ ਸਾਰੇ ਸਟਾਫ ਨੂੰ ਕੰਮ ਵਿਚ ਤੇਜੀ ਲਿਆਉਣ ਦੀ ਹਦਾਇਤ ਕੀਤੀ ਤਾਂ ਜੋ ਪਸ਼ੂ ਗਣਨਾ ਦੇ ਕੰਮ ਨੂੰ ਨਿਸ਼ਚਿਤ ਸਮੇਂ ਵਿਚ ਪੂਰਾ ਕੀਤਾ ਜਾ ਸਕੇ।ਪ੍ਰੋਗਰਾਮ ਦੇ ਅਖੀਰ ਵਿਚ ਡਾ ਗੁਰਚਰਨ ਸਿੰਘ ਸਹਾਇਕ ਨਿਰਦੇਸ਼ਕ ਪਸ਼ੂ ਪਾਲਣ ਵਿਭਾਗ ਫਾਜਿਲਕਾ ਨੇ ਆਏ ਹੋਏ ਮਹਿਮਾਨਾ ਦਾ ਧੰਨਵਾਦ ਕੀਤਾ ਅਤੇ ਵਿਸ਼ਵਾਸ਼ ਦਿਵਾਇਆ ਕਿ ਜਿਲੇ ਵਿਚ ਪਸ਼ੂ ਗਣਨਾ ਦੇ ਕੰਮ ਨੂੰ ਸਮੇ ਸਿਰ ਪੂਰਾ ਕਰ ਦਿੱਤਾ ਜਾਵੇਗਾ।ਇਸ ਮੌਕੇ ਡਾ. ਵਿਜੇ ਕੁਮਾਰ ਸੀਨੀਅਰ ਵੈਟਨਰੀ ਅਫਸਰ ਅਤੇ ਡਾ. ਰਾਜ ਸਿੰਘ ਸੀਨੀਅਰ ਵੈਟਨਰੀ ਅਫਸਰ ਵੀ ਹਾਜ਼ਰ ਸਨ।

# ਸ਼ੂਟਿੰਗ ਚੈਂਪੀਅਨਸ਼ਿਪ 'ਚ ਨਿਸ਼ਾਨੇਬਾਜ਼ਾਂ ਨੇ ਸੋਨੇ ਤੇ ਚਾਂਦੀ ਦੇ ਮੈਡਲ ਜਿੱਤੇ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੋ ਦਿਨਾ ਤੀਜੀ ਆਰਮਰ ਪੰਜਾਬ ਓਪਨ ਸ਼ੂਟਿੰਗ ਚੈਂਪੀਅਨਸ਼ਿਪ 2025 ਦੇ ਸਮਾਪਤੀ ਸਮਾਰੋਹ ਵਿੱਚ ਚੈਂਪੀਅਨਸ਼ਿਪ ਦੇ ਭਾਗੀਦਾਰਾਂ ਨੂੰ ਸੋਨੇ ਅਤੇ ਚਾਂਦੀ ਦੇ ਮੈਡਲ ਪਹਿਨਾ ਕੇ ਉਤਸ਼ਾਹਤ ਕੀਤਾ ਗਿਆ। ਦਾਸ ਐਂਡ ਬ੍ਰਾਊਨ ਵਰਲਡ ਸਕੂਲ ਵਿੱਚ ਆਯੋਜਿਤ ਇਸ ਚੈਂਪੀਅਨਸ਼ਿਪ ਵਿੱਚ ਰੈੱਡ ਕਰਾਸ ਦੇ ਸਕੱਤਰ ਅਸ਼ੋਕ ਬਹਿਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ । ਨੌਜਵਾਨ ਸਮਾਜ ਸੇਵਕ ਵਿਪੁਲ ਨਾਰੰਗ, ਖੇਡ ਵਿਭਾਗ ਦੇ ਸਾਬਕਾ ਡਿਪਟੀ ਡਾਇਰੈਕਟਰ ਸੁਨੀਲ ਸ਼ਰਮਾ, ਡੀ ਸੀ ਐੱਮ ਗਰੁੱਪ ਦੇ ਡਾਇਰੈਕਟਰ ਐਡਮਿਨ ਮਨਜੀਤ ਸਿੰਘ ਢਿੱਲੋਂ, ਬੁਲਾਰੇ ਵਿਕਰਮਾਦਿੱਤਿਆ ਸ਼ਰਮਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਪ੍ਰਿੰਸੀਪਲ ਡਾ. ਰਾਜੇਸ਼ ਚੰਦੇਲ ਨੇ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਚੈਂਪੀਅਨਸ਼ਿਪ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਸ ਚੈਂਪੀਅਨਸ਼ਿਪ ਵਿੱਚ ਵੱਖ-ਵੱਖ ਜ਼ਿਲ੍ਹਿਆਂ ਦੇ 250 ਤੋਂ ਵੱਧ ਭਵਿੱਖ ਦੇ ਨਿਸ਼ਾਨੇਬਾਜ਼ਾਂ ਨੇ ਹਿੱਸਾ ਲਿਆ। ਇਹ ਚੈਂਪੀਅਨਸ਼ਿਪ ਵੱਖ-ਵੱਖ ਸ਼੍ਰੇਣੀਆਂ ਜਿਵੇਂ ਕਿ ਲਿਟਲ ਚੈਂਪੀਅਨਸ਼ਿਪ, ਸਬ-ਯੂਥ, ਯੂਥ, ਜੂਨੀਅਰ, ਸੀਨੀਅਰ, ਮਾਸਟਰਜ਼, ਐੱਨ ਆਰ ਮੈਚ, ਆਈ ਐੱਸ ਐੱਸ ਐੱਫ ਮੈਚ ਦੇ ਤਹਿਤ ਕਰਵਾਈ ਗਈ ਸੀ ਅਤੇ ਇਸ ਵਿੱਚ 19 ਮੀਟਰ ਏਅਰ ਰਾਈਫਲ ਪੀਪ ਸਾਈਟ, 10 ਮੀਟਰ ਏਅਰ ਰਾਈਫਲ ਓਪਨ ਸਾਈਟ, 10 ਮੀਟਰ ਏਅਰ ਪਿਸਟਲ ਮੁਕਾਬਲੇ ਸ਼ਾਮਲ ਸਨ। ਮਹਿਮਾਨਾਂ ਨੇ ਜੇਤੂ ਨਿਸ਼ਾਨੇਬਾਜ਼ਾਂ ਨੂੰ ਮੈਡਲ ਦੇ ਕੇ ਉਤਸ਼ਾਹਤ ਕੀਤਾ। ਇਸ ਮੌਕੇ ਡੀ ਸੀ ਐਮ ਗਰੁੱਪ ਸਪੋਰਟਸ ਅਫ਼ਸਰ ਵਿਨੈ ਪਵਾਰ, ਸਕੂਲ ਸਪੋਰਟਸ ਅਫ਼ਸਰ ਆਕਾਸ਼ ਦੱਤਾ, ਸ਼ੂਟਿੰਗ ਕੋਚ ਮਨਪ੍ਰੀਤ ਕੌਰ ਬਰਾੜ ਅਤੇ ਹੋਰ ਹਾਜ਼ਰ ਸਨ। ਚੈਂਪੀਅਨਸ਼ਿਪ ਵਿੱਚ, ਪ੍ਰਭਜੋਤ ਕੌਰ ਨੇ 10 ਮੀਟਰ ਏਅਰ ਰਾਈਫਲ ਯੂਥ ਵੂਮੈਨ ਵਿੱਚ ਸੋਨੇ ਦਾ ਮੈਡਲ, ਜੈਦੀਪ ਸਿੰਘ ਨੇ 10 ਮੀਟਰ ਏਅਰ ਰਾਈਫਲ ਓਪਨ ਸਾਈਟ ਜੂਨੀਅਰ ਪੁਰਸ਼ਾਂ ਵਿੱਚ ਸੋਨੇ ਦਾ ਮੈਡਲ ਜਿੱਤਿਆ। ਜਸਪ੍ਰੀਤ ਨੇ 10 ਮੀਟਰ ਏਅਰ ਪਿਸਟਲ ਯੂਥ ਵੂਮੈਨ ਐੱਨ ਆਰ ਵਿੱਚ ਸੋਨੇ ਦਾ ਮੈਡਲ , ਅਭੈਜੋਤ ਸਿੰਘ ਨੇ ਏਅਰ ਪਿਸਟਲ ਸਬ ਵਿੱਚ ਸੋਨੇ ਦਾ ਮੈਡਲ ਜਿੱਤਿਆ। ਯੂਥ ਮੈਨ ਐਨਆਰ, ਮੈਨ ਅੰਗਦ ਸਿੰਘ ਢਿੱਲੋਂ ਨੇ 10 ਮੀਟਰ ਏਅਰ ਪਿਸਟਲ ਸਬ-ਯੂਥ ਮੈਨ ਐੱਨ ਆਰ, ਨਿਕਿਤਾ ਡੇ ਨੇ 10 ਮੀਟਰ ਏਅਰ ਰਾਈਫਲ ਓਪਨ ਸਾਈਟ ਸਬ ਯੂਥ ਵੂਮੈਨ ਵਿੱਚ ਸੋਨੇ ਦਾ ਮੈਡਲ ਜਿੱਤਿਆ। ਚੈਂਪੀਅਨਸ਼ਿਪ ਵਿੱਚ ਦਿਲਦੀਪ ਸਿੰਘ ਨੇ ਸਬ-ਯੂਥ ਮੈਨ ਐਨ ਆਰ ਵਿੱਚ ਸੋਨੇ ਦਾ ਮੈਡਲ ਜਿੱਤਿਆ, ਗਗਨਦੀਪ ਸਿੰਘ ਨੇ 10 ਮੀਟਰ ਏਅਰ ਰਾਈਫਲ ਪੀਪ ਸਾਈਟ ਵਿੱਚ ਸਬ-ਯੂਥ ਵੂਮੈਨ ਵਿੱਚ ਸੋਨੇ ਦਾ ਮੈਡਲ ਜਿੱਤਿਆ, ਏਕਮਜੋਤ ਸਿੰਘ ਨੇ 10 ਮੀਟਰ ਏਅਰ ਰਾਈਫਲ ਪੀਪ ਸਾਈਟ ਵਿੱਚ ਸੀਨੀਅਰ ਪੁਰਸ਼ਾਂ ਵਿੱਚ ਸੋਨੇ ਦਾ ਮੈਡਲ ਜਿੱਤਿਆ, ਸੁਖਮਨ ਸਿੰਘ ਨੇ ਰਾਈਫਲ ਓਪਨ ਸਾਈਟ ਸੀਨੀਅਰ ਪੁਰਸ਼ ਵਰਗ ਵਿੱਚ ਸੋਨੇ ਦਾ ਮੈਡਲ ਜਿੱਤਿਆ, ਘ੍ਰਿਤਵ ਨੇ ਪੀਪ ਸਾਈਟ ਸਬ ਯੂਥ ਮੈਨ ਐਨ ਆਰ ਵਿੱਚ ਸੋਨੇ ਦਾ ਮੈਡਲ, ਅਵੀਰਿਤ ਕੌਰ ਨੇ ਪੀਪ ਸਾਈਟ ਸਬ ਯੂਥ ਵੂਮੈਨ ਵਿੱਚ ਸੋਨੇ ਦਾ ਮੈਡਲ, ਤਨਵੀਰ ਕੌਰ ਨੇ ਪੀਪ ਸਾਈਟ ਜੂਨੀਅਰ ਮਹਿਲਾਵਾਂ ਵਿੱਚ ਸੋਨੇ ਦਾ ਮੈਡਲ ਜਿੱਤਿਆ। ਸ਼ਾਨ ਨੇ 10 ਮੀਟਰ ਏਅਰ ਰਾਈਫਲ ਸੋਲੋਮਨ ਨੇ ਜੂਨੀਅਰ ਪੁਰਸ਼ਾਂ ਵਿੱਚ ਸੋਨੇ ਦਾ ਮੈਡਲ ਜਿੱਤਿਆ, ਬਿਕਰਮਜੀਤ ਸਿੰਘ ਨੇ ਓਪਨ ਸਾਈਟ ਯੂਥ ਪੁਰਸ਼ਾਂ ਵਿੱਚ ਸੋਨੇ ਦਾ ਮੈਡਲ, ਹਰਗੁਣ ਭੁੱਲਰ ਨੇ ਏਅਰ ਪਿਸਟਲ ਬੁਆਇਜ਼ ਲਿਟਲ ਚੈਂਪ ਵਿੱਚ ਸੋਨੇ ਦਾ ਮੈਡਲ, ਉਦੈਵੀਰ ਸਿੰਘ ਨੇ ਏਅਰ ਰਾਈਫਲ ਬੁਆਇਜ਼ ਲਿਟਲ ਚੈਂਪ ਵਿੱਚ ਸੋਨੇ ਦਾ ਮੈਡਲ ਜਿੱਤਿਆ, ਏਅਰ ਰਾਈਫਲ ਗਰਲਜ਼ ਲਿਟਲ ਚੈਂਪ ਦਿਲਨੂਰ ਨੇ ਜਿੱਤਿਆ। 10 ਮੀਟਰ ਏਅਰ ਰਾਈਫਲ ਵਿੱਚ ਸੋਨੇ ਦਾ ਮੈਡਲ ਮਨਪ੍ਰੀਤ ਕੌਰ ਨੇ ਮਹਿਲਾ ਐਨ ਆਰ ਸਬ ਯੂਥ ਵੂਮੈਨ ਵਿੱਚ ਸੋਨੇ ਦਾ ਮੈਡਲ, ਨੇਹਾ ਸ਼ਰਮਾ ਨੇ 10 ਮੀਟਰ ਏਅਰ ਰਾਈਫਲ ਸੀਨੀਅਰ ਵੂਮੈਨ ਵਿੱਚ ਸੋਨੇ ਦਾ ਮੈਡਲ, ਆਦਿੱਤਿਆ ਪ੍ਰਤਾਪ ਸਿੰਘ ਨੇ 10 ਮੀਟਰ ਪਿਸਟਲ ਯੂਥ ਮੈਨ ਵਿੱਚ ਸੋਨੇ ਦਾ ਮੈਡਲ ਜਿੱਤਿਆ।

# ਭਾਈ ਸਾਹਿਬ ਨਾਹਰ ਸਿੰਘ ਨੂੰ ਸ਼ਰਧਾਂਜਲੀਆਂ ਭੇਟ



**ਦੋਰਾਹਾ (ਹਰਮਿੰਦਰ ਸੇਠ)**

ਟਰੇਡ ਯੂਨੀਅਨ ਆਗੂ ਸਾਥੀ ਕਰਮ ਸਿੰਘ ਜਟਾਣਾ ਦੇ ਭਰਾ ਭਾਈ ਸਾਹਿਬ ਨਾਹਰ ਸਿੰਘ ਦਾ ਸ਼ਰਧਾਂਜਲੀ ਸਮਾਰੋਹ ਸੰਤ ਨਿਰੰਕਾਰੀ ਸਾਧ ਸੰਗਤ ਭਵਨ ਦੋਰਾਹਾ ਵਿਖੇ ਹੋਇਆ। ਇਸ ਮੌਕੇ ਸਾਹਨੇਵਾਲ, ਸਮਰਾਲਾ, ਪਾਇਲ ਅਤੇ ਖੰਨਾ ਤੋਂ ਮਹਾਤਮਾ ਸ਼ਾਮਲ ਹੋਏ। ਇਸ ਮੌਕੇ ਸੰਤ ਨਿਰੰਕਾਰੀ ਸਤਿਸੰਗ ਲੁਧਿਆਣਾ ਦੇ ਸੰਯੋਜਕ ਸੰਤ ਅਮਿਤ ਕੁੰਦਰਾ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੰਤ ਮਹਾਤਮਾ ਹਮੇਸ਼ਾ ਹੀ ਦੁਨੀਆਂ ਤੇ ਪਰਉਪਕਾਰ ਕਰਨ ਵਾਸਤੇ ਆਉਂਦੇ ਹਨ। ਉਹਨਾਂ ਦਾ ਇੱਕੋ ਹੀ ਮਕਸਦ ਹੁੰਦਾ ਹੈ ਕਿ ਸੰਸਾਰ ਵਿੱਚ ਸਾਰੇ ਹੀ ਲੋਕ ਆਪਸੀ ਭਾਈਚਾਰਕ ਸਾਂਝ ਨਾਲ ਰਹਿਣ। ਧਰਮ ਦਾ ਵੀ ਇਹੀ ਅਰਥ ਹੈ। ਅਖੀਰ ਵਿੱਚ ਦੋਰਾਹਾ ਬਰਾਂਚ ਦੇ ਮੁਖੀ ਭਾਈ ਸਾਹਿਬ ਗੁਰਮੇਲ ਸਿੰਘ ਨੇ ਆਈ ਹੋਈ ਸਾਧ ਸੰਗਤ ਦਾ ਧੰਨਵਾਦ ਕੀਤਾ।

ਇਸ ਸਮੇਂ ਦੋਰਾਹਾ ਬਰਾਂਚ ਦੇ ਸੰਚਾਲਕ ਹਰਮਿੰਦਰ ਸਿੰਘ ਸੇਠ, ਸਿਕਸ਼ਕ ਜੀਤ ਸਿੰਘ, ਸਾਹਨੇਵਾਲ ਤੋਂ ਮੁਖੀ ਮਹਾਤਮਾ ਭਾਈ ਸਾਹਿਬ ਜਗਜੀਤ ਸਿੰਘ ਸੇਠੀ, ਪ੍ਰਿਤਪਾਲ ਸਿੰਘ, ਗੁਰਪ੍ਰੀਤ ਸਿੰਘ, ਗਗਨਦੀਪ ਸਿੰਘ, ਰਛਪਾਲ ਸਿੰਘ, ਪਰਮਾਣ ਸਿੰਘ ਰਾਜਗੜ੍ਹ, ਟਰੇਡ ਯੂਨੀਅਨ ਆਗੂ ਸਾਥੀ ਕਰਮ ਸਿੰਘ ਜਟਾਣਾ, ਕੁਲਵੰਤ ਸਿੰਘ ਕੱਦੋਂ, ਲਾਲ ਸਿੰਘ ਮਹਿੰਦੀਪੁਰ, ਪਰਮਜੀਤ ਸਿੰਘ ਚਣਕੋਈਆ ਸ਼ਰਨਜੀਤ ਚਣਕੋਈਆ, ਸਤਨਾਮ ਸਿੰਘ ਜਟਾਣਾ, ਗੁਰਮੁੱਖ ਸਿੰਘ ਚਣਕੋਈਆ, ਭੈਣ ਗੁਰਮੀਤ ਕੌਰ, ਪਰਮਜੀਤ ਕੌਰ, ਗੁਰਦੀਪ ਕੌਰ, ਗੀਤਾ ਰਾਣੀ ਅਤੇ ਕੰਵਲਜੀਤ ਕੌਰ ਆਦਿ ਇਸ ਸੰਤ ਸਮਾਗਮ ਮੌਕੇ ਹਾਜ਼ਰ ਸਨ।

# ਵਰਲਡ ਕੈਂਸਰ ਕੇਅਰ ਕੈਂਪ 22 ਫਰਵਰੀ ਨੂੰ

ਬੁਤਾਲਾ ( ਨਿਰਮਲ ਸਿੰਘ ਸੰਘਾ) ਬਾਬਾ ਪੱਲਾ? ਸਪੋਰਟਸ ਕਲੱਬ ਐਂਡ ਵੈਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ ਵੱਰਲਡ ਕੈਂਸਰ ਕੇਅਰ ਕੈਂਪ ਪਿੰਡ ਬੁਤਾਲਾ, ਤਹਿਸੀਲ ਬਾਬਾ ਬਕਾਲਾ ਸਾਹਿਬ, ਜਿਲ੍ਹਾ ਅੰਮ੍ਰਿਤਸਰ ਵਿਖੇ ਕੈਂਸਰ ਚੈਂਕ ਅਪ ਕੈਂਪ 22 ਫਰਵਰੀ ਨੂੰ ਲਾਇਆ ਜਾ ਰਿਹਾ ਹੈ । ਪੱਤਰਕਾਰਾ ਨੂੰ ਇਹ ਜਾਣਕਾਰੀ ਕਲੱਬ ਦੇ ਸੀਨੀਅਰ ਮੈਂਬਰ ਹਰਪਾਲ ਸਿੰਘ ਬੱਲ ਨੇ ਦਿੱਤੀ ਅਤੇ ਦੱਸਿਆ ਕਿ ਇਸ ਕੈਂਪ ਵਿੱਚ ਔਰਤਾਂ ਅਤੇ ਮਰਦਾਂ ਦੇ ਕੈਂਸਰ ਦੀ ਸ਼ਰੀਰਕ ਜਾਂਚ, ਔਰਤਾਂ ਦੇ ਛਾਤੀ ਦੇ ਕੈਂਸਰ ਦੀ ਜਾਂਚ ਲਈ (ਮੈਮੋਗਾ ?ਫੀ) ਟੈਸਟ, ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ (ਪੈਪ ਸਮੀਅਰ ) ਮਰਦਾਂ ਦੇ ਗਦੂਦਾ ਦੇ ਕੈਂਸਰ ਦੀ ਜਾਂਚ ਲਈ (ਪੀ.ਐਸ.ਏ.) ਟੈਸਟ, ਔਰਤਾਂ ਅਤੇ ਮਰਦਾਂ ਦੇ ਮੂੰਹ ਦੇ ਕੈਂਸਰ ਦੀ ਜਾਂਚ, ਔਰਤਾਂ ਅਤੇ ਮਰਦਾਂ ਦੇ ਬਲੱਡ ਕੈਂਸਰ ਦੀ ਜਾਂਚ, ਹੱਡੀਆਂ ਦੇ ਟੈਸਟ ਕੀਤੇ ਜਾਣਗੇ। ਇਸ ਕੈਂਪ ਲਈ ਗਰਾਮ ਪੰਚਾਇਤ ਬੁਤਾਲਾ, ਗਰਾਮ ਪੰਚਾਇਤ ਨਰੰਗਪੁਰ, ਗਰਾਮ ਪੰਚਾਇਤ ਰਾਜਪੁਰ, ਗਰਾਮ ਪੰਚਾਇਤ ਕੰਮੋਕੇ ਅਤੇ ਐਨ. ਆਰ. ਆਈ. ਵੀਰ ਸਹਿਯੋਗ ਦੇਣਗੇ। ਇਸ ਕੈਂਪ ਵਿੱਚ ਤੰਦਰੁਸਤ ਵਿਅਕਤੀ ਅਤੇ ਛੋਟੇ ਬੱਚੇ ਦਾ ਟੈਸਟ ਨਹੀਂ ਕੀਤਾ ਜਾਵੇਗਾ। ਇਸ ਕੈਂਪ ਦਾ ਸਮਾਂ ਸਵੇਰੇ 10 ਵਜੇ ਤੋਂ 4 ਵਜੇ ਤੱਕ ਹੋਵੇਗਾ।

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਹਿਰਦੇਪਾਲ ਸਿੰਘ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ, ਦਰਜਾ ਦੂਜਾ, ਸਬ-ਤਹਿਸੀਲ ਤਰਸਿੱਕਾ, ਤਹਿਸੀਲ ਬਾਬਾ ਬਕਾਲਾ ਸਾਹਿਬ ਅਤੇ ਜ਼ਿਲ੍ਹਾ ਅੰਮ੍ਰਿਤਸਰ।

ਇਸ ਅਖਬਾਰੀ ਇਸ਼ਤਿਹਾਰ ਰਾਹੀਂ ਪ੍ਰਭਾਵਿਤ ਵਿਅਕਤੀਆਂ, ਪਿੰਡ ਦੇ ਆਮ/ਖਾਸ ਵਿਅਕਤੀ/ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗੁਰਵਿੰਦਰ ਸਿੰਘ ਪੁੱਤਰ ਦਿਲਬਾਗ ਸਿੰਘ ਪੁੱਤਰ ਸ਼ੇਰ ਸਿੰਘ ਵਾਸੀ ਪਿੰਡ ਕਾਦਰਾਬਾਦ, ਤਹਿਸੀਲ ਮਜੀਠਾ ਅਤੇ ਜ਼ਿਲ੍ਹਾ ਅੰਮ੍ਰਿਤਸਰ ਦਾ ਨਾਮ ਖੇਵਟ/ਖਤੌਨੀ ਨੰਬਰ 29/61, 30/69, 173/378, 383, 388, 174/391, 395, 397, 175/400, 184/ 417 ਹੱਦਬਸਤ ਨੰਬਰ 190, ਜਮ੍ਹਾਂਬੰਦੀ ਸਾਲ 2021-2022 ਵਾਕਿਆ ਪਿੰਡ ਗਦਰਜਾਦਾ, ਸਬ-ਤਹਿਸੀਲ ਤਰਸਿੱਕਾ, ਤਹਿਸੀਲ ਬਾਬਾ ਬੰਕਾਲਾ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੀ ਜ਼ਮੀਨ ਉੱਤੇ ਦਰਜ ਹੈ ਪਰ ਉਸ ਦਾ ਨਾਂਅ ਗੁਰਬਿੰਦਰ ਸਿੰਘ ਪੁੱਤਰ ਦਿਲਬਾਗ ਸਿੰਘ ਪੁੱਤਰ ਸ਼ੇਰ ਸਿੰਘ ਹੈ।ਉਸ ਨੇ ਮਾਲ ਰਿਕਾਰਡ ਵਿੱਚ ਆਪਣਾ ਨਾਂਅ ਗੁਰਵਿੰਦਰ ਸਿੰਘ ਤੋਂ ਗੁਰਬਿੰਦਰ ਸਿੰਘ ਦਰੁਸਤ ਕਰਨ ਲਈ ਦਰਖਾਸਤ ਪੇਸ਼ ਕੀਤੀ ਹੈ।ਗੁਰਵਿੰਦਰ ਸਿੰਘ ਦਾ ਨਾਂਅ ਗੁਰਬਿੰਦਰ ਸਿੰਘ ਕਰਨ ਸੰਬੰਧੀ ਖਸਰਾ ਨੰਬਰਾਂ ਦੇ ਪ੍ਰਭਾਵਿਤ ਵਿਅਕਤੀਆਂ, ਪਿੰਡ ਦੇ ਆਮ/ਖਾਸ ਵਿਅਕਤੀ/ਵਿਅਕਤੀਆਂ ਨੂੰ ਇਤਰਾਜ਼ ਹੋਵੇ ਤਾਂ ਉਹ ਮਿਤੀ 30.01.2025 ਤੱਕ ਅਸਾਲਤਨ ਜਾਂ ਵਕਾਲਤਨ ਅਦਾਲਤ ਵਿੱਚ ਪੇਸ਼ ਹੋ ਕੇ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ। ਬਾਅਦ ਗੁਜ਼ਰਨੇ ਮਿਆਦ ਪੇਸ਼ ਕੀਤੇ ਇਤਰਾਜ਼/ਇਤਰਾਜ਼ਾਂ ਉੱਤੇ ਗੌਰ ਨਹੀਂ ਕੀਤਾ ਜਾਵੇਗਾ ਅਤੇ ਗੁਰਵਿੰਦਰ ਸਿੰਘ ਤੋਂ ਗੁਰਬਿੰਦਰ ਸਿੰਘ ਦੇ ਨਾਂਅ ਦੀ ਦਰੁਸਤੀ ਕਰ ਦਿੱਤੀ ਜਾਵੇਗੀ।

ਨਾਇਬ ਤਹਿਸੀਲਦਾਰ, ਤਰਸਿੱਕਾ।

ਨੰਬਰ 2054 ਮਿਤੀ : 20.01.2025

## COURT NOTICE

(U/o 5 Rule 20 CPC)
In The Court of Ms. Suman Pathak
Civil Judge (Senior Division), Kapurthala
CNR No. PBKP02-000101-2024
Next Date:- 28-02-2025

Kamalpreet Kaur(aged about 46 years) W/o Savrajinder Pal Singh D/o Charanjit Singh R/o 3623, Street No.1, Batala Road, Near Kulcha Shop, Tandan Nagar, Amritsar.
Vs.
Kanwaljit Singh S/o Charanjit Singh C/o BG Sanitaryware, Jalandhar Road, Opp. Chopra Furniture House, Kapurthala and another.

Suit for Permanent Injunction
Publication Issued to : : Defendants
1. Kanwaljit Singh S/o Charanjit Singh, 2. Harpreet Singh S/o Charanjit Singh. Both C/o BG Sanitaryware, Jalandhar Road, Opp. Chopra Furniture House, Kapurthala

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 28-02-2025 at 10:00 a.m.

For details logon to https://highcourtchd.gov.in/?mod=district_notice&district=Kapurthala

Civil Judge (Senior Division)
Kapurthala
Dated, This day of 20.01.2025

## ਦਫਤਰ ਡਿਪਟੀ ਰਜਿਸਟਰਾਰ ਸਹਿਕਾਰੀ ਸਭਾਵਾਂ ਅੰਮ੍ਰਿਤਸਰ

ਹੁਕਮ

ਜਿਵੇਂ ਕਿ ਦੀ ਮਜੀਠਾ ਕੋਆਪ੍ਰੇਟਿਵ ਮਾਰਕੀਟਿੰਗ-ਕਮ-ਪ੍ਰੋਸੈਸਿੰਗ ਸਭਾ ਲਿਮ: ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ ਦੀ ਪ੍ਰਬੰਧਕ ਕਮੇਟੀ ਦੀ ਚੋਣ ਕਰਵਾਉਣ ਲਈ ਸਭਾ ਦੇ ਪ੍ਰਸ਼ਾਸਕ, ਸ੍ਰੀ ਗੁਰਯਾਦਵਿੰਦਰ ਸਿੰਘ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਬਾਬਾ ਬਕਾਲਾ ਸਾਹਿਬ ਵੱਲੋਂ ਚੋਣ ਪ੍ਰੋਗਰਾਮ ਤਿਆਰ ਕਰਕੇ ਪ੍ਰਵਾਨ ਕਰਨ ਹਿਤ ਇਸ ਦਫਤਰ ਵਿੱਚ ਪ੍ਰਾਪਤ ਹੋਇਆ ਹੈ।ਸਭਾ ਦੇ ਕੰਮ-ਕਾਜ ਦੇ ਹਿੱਤ ਨੂੰ ਮੁੱਖ ਰੱਖਦੇ ਹੋਏ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਕਰਵਾਉਣ ਲਈ ਇਹ ਚੋਣ ਪ੍ਰੋਗਰਾਮ ਪ੍ਰਵਾਨ ਕਰਨਾ ਬਣਦਾ ਹੈ।

ਉਪਰੋਕਤ ਨੂੰ ਮੁੱਖ ਰੱਖਦੇ ਹੋਏ ਮੈਂ, ਗਗਨਦੀਪ ਕੌਰ ਪੀ.ਸੀ.ਐੱਸ.-1, ਡਿਪਟੀ ਰਜਿਸਟਰਾਰ ਸਹਿਕਾਰੀ ਸਭਾਵਾਂ ਅੰਮ੍ਰਿਤਸਰ, ਰਜਿਸਟਰਾਰ ਸਹਿਕਾਰੀ ਸਭਾਵਾਂ, ਪੰਜਾਬ ਚੰਡੀਗੜ੍ਹ ਜੀ ਦੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਕੋਆਪ੍ਰੇਟਿਵ ਸੁਸਾਇਟੀਜ਼ ਰੂਲਜ਼ 1963 ਦੇ ਰੂਲ ਨੰਬਰ 23, ਅਪੈਨਡਿਕਸ (ਸੀ) ਅਧੀਨ ਸਮੇਂ-ਸਮੇਂ ਸਿਰ ਹੋਈਆਂ ਸੋਧਾਂ ਅਨੁਸਾਰ "ਦੀ ਮਜੀਠਾ ਕੋਆਪ੍ਰੇਟਿਵ ਮਾਰਕੀਟਿੰਗ-ਕਮ-ਪ੍ਰੋਸੈਸਿੰਗ ਸਭਾ ਲਿਮ: ਮਜੀਠਾ" ਦਾ ਚੋਣ ਪ੍ਰੋਗਰਾਮ ਪ੍ਰਵਾਨ ਕਰਦੀ ਹਾਂ।ਪ੍ਰਵਾਨਿਤ ਚੋਣ ਪ੍ਰੋਗਰਾਮ ਅਨੁਸਾਰ ਸਭਾ ਦੀ ਚੋਣ ਲਈ ਮਿਤੀ 05.02.2025 ਅਤੇ 07.02.2025 ਨਿਸ਼ਚਿਤ ਕੀਤੀ ਜਾਂਦੀ ਹੈ।ਕਾਨੂੰਨ ਅਨੁਸਾਰ ਸਮੂਹ ਸੰਬੰਧਤਾਂ ਅਤੇ ਮੈਂਬਰਾਂ ਨੂੰ ਇਸ ਸੰਬੰਧੀ ਸੂਚਿਤ ਕੀਤਾ ਜਾਵੇ।

ਸਹੀ/-ਡਿਪਟੀ ਰਜਿਸਟਰਾਰ, ਸਹਿਕਾਰੀ ਸਭਾਵਾਂ ਅੰਮ੍ਰਿਤਸਰ। (ਰਜਿਸਟਰਾਰ ਸਹਿਕਾਰੀ ਸਭਾਵਾਂ, ਪੰਜਾਬ ਜੀ ਦੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ)
ਪਿੱਠ ਅੰਕਣ ਨੰ. ਆਰ.ਕੇ./ ਡੀ.ਆਰ. ਅੰਮ੍ਰਿਤਸਰ 456-58
ਮਿਤੀ : 21-01-2025

## COURT NOTICE

(U/o 5 Rule 20 CPC)
In The Court of
Tripat Jot Kaur
Additional District and Sessions Judge Amritsar
CNR No. PBAS01-006338-2018
Next Date : 04.03.2025

Davinder Kaur
Vs
Satpal Singh

Publication Issued To:
Satpal Singh S/o Gurdial Singh, 2. Gurdial Singh S/o Unknown both R/o Gali No. 5, Kite Kot Baba Deep Singh Amritsar, 3. Simmi W/o Babla, 4. Babla S/o Unknown both R/o Near Gumtala, Near old Gentral Jail, Amritsar

In above titled case, the accused could not be served. It is ordered that accused should appear in person or through counsil on 04.03.2025 at 10:00 A.M.

For details logon to https://highcourtchd.gov.in/?trs=district_notice&district=Amritsar

Additional District and Sessions Judge Amritsar
Dated this day of 22-01-2025

## COURT NOTICE

(U/o 5 Rule 20 CPC)
(Under Guardian and Ward Act)
In the Court of Ms. Rashmi Sharma
Additional Principal Judge Family Court-1, Jalandhar
Camp Court at Phillaur
CNR No. PBJL01-009987-2024
Next Date :- 28.02.2025

Manpreet Singh S/o Resham Singh R/o House No. 1914, Ward No. 8, Sagran Mohalla Adampur, Jalandhar.
VS
1. Neujay Rani D/o Mohan Lal R/o Village Nangal, Tehsil Phillaur, District Jalandhar.

Petition under Guardian and Wards Act.
Notice To :
2. General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 28.02.2025 at 10 a.m.

For details logon to https://highcourtchd.gov.in/?mod=district_notice&district=Jalandhar

Additional Principal Judge Family Court-1, Jalandhar
Camp Court at Phillaur
Dated, this day of 22.01.2025

## COURT NOTICE

(U/o 5 Rule 20 Cpc)
(Succession Case)
In The Court of
Ms. Daljeet Kaur
Additional Civil Judge (Senior Division), Dhuri
Succession/5/2024
CNR No. PBSGB0-000664-2024
Next Date:- 21-03-2025

Rani aged 39 Years widow of Mandeep Singh S/o Sukhdev Singh resident of H.No. 311, W.No. 11/17, Madopuri, Dhuri, Tehsil Dhuri, District Sangrur
Vs.
General Public

Notice To :
General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 21.03.2025 at 10 a.m.

For details logon to https://highcourtchd.gov.in/?trs=district_notice&district=Sangrur

Additional Civil Judge (Senior Division), Dhuri
Dated, this day of 20.01.2025

## COURT NOTICE

(U/o 5 Rule 20 CPC)
In The Court of
Hasan Deep Singh Bajwa
Additional Civil Judge (Senior Division), Kharar
CNR No. PBSAA0-001993-2024
Next Date:- 28-03-2025
Gw/37/2024

Rekha Rawat Wd/o Jagt Singh Rawat, R/o H.No. 945, Housing Board, Colony, Dhanas, Chandigarh
Vs.
General Public

Publication Issued To:
General Public
General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 28-03-2025 at 10:00 a.m.

For details logon to https://highcourtchd.gov.in/?trs=district_notice&district=SAS Nagar

Additional Civil Judge (Senior Division), Kharar
Dated, this day of 22-01-2025

## ਪਬਲਿਕ ਨੋਟਿਸ

ਦੀ ਨਰੋਟ ਮਹਿਰਾ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮ. ਨਰੋਟ ਮਹਿਰਾ ਵਿਖੇ ਸੇਲਜ਼ਮੈਨ ਦੀ ਭਰਤੀ ਕੀਤੀ ਜਾਣੀ ਹੈ। ਭਰਤੀ ਸਬੰਧੀ ਇੰਟਰਵਿਊ ਦੀ ਪ੍ਰਕਿਰਿਆ ਮਿਤੀ 11.02.2025 ਨੂੰ ਸਵੇਰੇ 10 ਵਜੇ ਸਭਾ ਦੇ ਦਫਤਰ ਪਿੰਡ ਨਰੋਟ ਮਹਿਰਾ ਤਹਿ. ਤੇ ਜ਼ਿਲਾ ਪਠਾਨਕੋਟ ਵਿਖੇ ਕੀਤੀ ਜਾਵੇਗੀ। ਭਰਤੀ ਸਬੰਧੀ ਯੋਗਤਾ:- 1) ਉਮੀਦਵਾਰ ਦੀ ਉਮਰ 18 ਸਾਲ ਤੋਂ 37 ਸਾਲ, 2) ਮਾਨਤਾ ਪ੍ਰਾਪਤ ਯੂਨੀਵਰਸਿਟੀ ਤੋਂ ਗ੍ਰੈਜੂਏਸ਼ਨ ਦੀ ਡਿਗਰੀ ਅਤੇ ਦਸਵੀਂ ਪੱਧਰ ਦੀ ਪੰਜਾਬੀ, 3) ਭਾਰਤ ਸਰਕਾਰ ਦੇ ਇਲੈਕਟ੍ਰੋਨਿਕਸ ਵਿਭਾਗ ਦੇ 'ਓ' ਲੈਵਲ ਦੇ ਸਰਟੀਫਿਕੇਟ ਦਾ ਕੋਰਸ ਜਾਂ ਪ੍ਰਵਾਨਿਤ ਕਿਸੇ ਸੰਸਥਾ ਦੇ ISO-9001 ਅਨੁਸਾਰ ਘੱਟੋ-ਘੱਟ 120 ਘੰਟੇ ਦਾ ਪਰਸਨਲ ਕੰਪਿਊਟਰ ਦਾ ਕੋਰਸ, 4) ਪੇਂਡੂ ਪਿਛੋਕੜ ਅਤੇ ਸਭਾ ਦੇ ਦਾਇਰਾ ਕਾਰੋਬਾਰ ਦਾ ਨਿਵਾਸੀ, 5) ਨਿਯੁਕਤ ਕੀਤੇ ਜਾਣ ਵਾਲੇ ਕਰਮਚਾਰੀ ਨੂੰ ਆਪਣੀ ਨਿਯੁਕਤੀ ਦੇ ਸਮੇਂ ਪ੍ਰਬੰਧਕ ਕਮੇਟੀ ਵਲੋਂ ਦਰਸਾਈ ਗਈ ਜ਼ਮਾਨਤ ਉਮੀਦਵਾਰ ਕੋਲੋਂ ਗਾਰੰਟੀ ਦੇ ਤੌਰ 'ਤੇ ਦੇਣੀ ਪਵੇਗੀ।

ਉਮੀਦਵਾਰ ਆਪਣੀ ਅਰਜ਼ੀ ਨਾਲ ਆਪਣੀ ਯੋਗਤਾ ਸਬੰਧੀ ਸਰਟੀਫਿਕੇਟ ਦੀਆਂ ਤਸਦੀਕਸ਼ੁਦਾ ਕਾਪੀਆਂ, ਪਾਸਪੋਰਟ ਸਾਈਜ਼ ਫੋਟੋ ਅਤੇ ਹਲਫੀਆ ਬਿਆਨ ਸਭਾ ਦੇ ਦਫਤਰ ਵਿਖੇ ਮਿਤੀ 04.02.2025 ਤੋਂ ਸ਼ਾਮ 5 ਵਜੇ ਤੱਕ ਦਸਤੀ ਜਾਂ ਡਾਕ ਰਾਹੀਂ ਕਿਸੇ ਵੀ ਕੰਮਕਾਜ ਦੇ ਦਿਨ ਜਮ੍ਹਾ ਕਰਵਾ ਸਕਦੇ ਹਨ। ਭਰਤੀ ਪ੍ਰਕਿਰਿਆ ਅਤੇ ਇੰਟਰਵਿਊ ਸਬੰਧੀ ਕੋਈ ਵੀ ਜਾਣਕਾਰੀ ਕਿਸੇ ਵੀ ਕੰਮਕਾਜ ਦੇ ਦਿਨ ਸਭਾ ਦੇ ਦਫਤਰ ਵਿਖੇ ਹਾਜ਼ਰ ਹੋ ਕੇ ਜਾਂ 9876898055 'ਤੇ ਸੰਪਰਕ ਕਰ ਕੇ ਪ੍ਰਾਪਤ ਕੀਤੀ ਜਾ ਸਕਦੀ ਹੈ। ਉਮੀਦਵਾਰ ਦੀ ਭਰਤੀ ਕਰਨ ਜਾਂ ਨਾ ਕਰਨ ਸਬੰਧੀ ਹੱਕ ਸਿਲੈਕਸ਼ਨ ਕਮੇਟੀ ਕੋਲ ਰਾਖਵੇਂ ਹੋਣਗੇ।

ਸਹੀਂ/ ਦਸਤਖਤ ਪੰਜਾਬੀ, ਪ੍ਰਧਾਨ ਦੀ ਨਰੋਟ ਮਹਿਰਾ, ਬਹੁਮੰਤਵੀ ਖੇਤੀਬਾੜੀ ਸਭਾ ਲਿ.

## ਪੰਜਾਬ ਨੈਸ਼ਨਲ ਬੈਂਕ
punjab national bank

ਬਰਾਂਚ : ਨਕੋਦਰ ਰੋਡ, (351200), ਜਲੰਧਰ-144001

ਸਾਡੀ ਬਰਾਂਚ ਵਿਖੇ ਲਾਕਰਾਂ ਦੇ ਕਿਰਾਏ 'ਚ ਬਕਾਇਆਂ ਲਈ ਨੋਟਿਸ

ਪੰਜਾਬ ਨੈਸ਼ਨਲ ਬੈਂਕ, ਬਰਾਂਚ ਦਫਤਰ : ਨਕੋਦਰ ਰੋਡ, (351200), ਜਲੰਧਰ-144001 ਨੇ ਹੇਠਾਂ ਸਾਰਣੀ 'ਚ ਦਰਸਾਏ ਲਾਕਰ ਕਿਰਾਏ 'ਤੇ ਲੈਣ ਵਾਲਿਆਂ ਨੂੰ ਸੇਫ ਡਿਪਾਜ਼ਟ ਵੈਲਟਸ (ਲਾਕਰਜ਼) ਕਿਰਾਏ 'ਤੇ ਦਿੱਤੇ ਸਨ। ਲਾਕਰ ਧਾਰਕਾਂ ਨੂੰ 3 ਸਾਲ ਤੋਂ ਵੱਧ ਸਮੇਂ ਤੋਂ ਲਾਕਰਾਂ ਦਾ ਕਿਰਾਇਆ ਅਦਾ ਨਹੀਂ ਕੀਤਾ। ਉਨ੍ਹਾਂ ਦੇ ਕਿਰਾਏ ਦਾ ਬਕਾਇਆ ਹੇਠਾਂ ਦਰਸਾਈ ਸਾਰਣੀ 'ਚ ਦਰਸਾਇਆ ਗਿਆ ਹੈ। ਬੈਂਕ ਨੇ ਲਾਕਰ ਕਿਰਾਏ 'ਤੇ ਲੈਣ ਵਾਲੇ ਸੰਬੰਧਤਾਂ ਨੂੰ ਲਾਕਰਾਂ ਦੇ ਬਕਾਇਆ ਕਿਰਾਏ ਲਈ ਤਿੰਨ ਨੋਟਿਸ ਜਾਰੀ ਕੀਤੇ ਸਨ, ਪਰ ਅਜੇ ਤੱਕ ਕੋਈ ਕਿਰਾਇਆ ਜਮ੍ਹਾਂ ਨਹੀਂ ਹੋਇਆ।

| SR NO. | LOCKER NO. | ਨਾਂਅ | ਬਰਾਂਚ |
|---|---|---|---|
| 1 | AA00072 | ਬੱਬੂ ਅਤੇ ਨੀਲਮ ਰਾਣੀ | ਨਕੋਦਰ ਰੋਡ ਜਲੰਧਰ |

ਇਹ ਨੋਟਿਸ ਉਨ੍ਹਾਂ ਲਾਕਰ ਧਾਰਕਾਂ ਨੂੰ ਜਾਰੀ ਕੀਤਾ ਜਾਂਦਾ ਹੈ, ਜਿਨ੍ਹਾਂ ਉੱਪਰ ਦਰਸਾਏ ਲਾਕਰਾਂ ਦੇ ਕਿਰਾਏ ਅਜੇ ਤੱਕ ਅਦਾ ਨਹੀਂ ਕੀਤੇ ਕਿ ਜੇਕਰ ਬੈਂਕ ਨੂੰ ਉਨ੍ਹਾਂ ਦੇ ਕਿਰਾਏ ਤਿੰਨ ਮਹੀਨਿਆਂ ਦੇ ਵਿੱਚ-ਵਿੱਚ ਅਦਾ ਨਹੀਂ ਕੀਤੇ ਜਾਂਦੇ ਤਾਂ ਕਿਰਾਇਆ ਬੈਨਾਮਾ ਦੀ ਕਲਾਜ਼ ਨੰ: 9 ਅਨੁਸਾਰ ਬੈਂਕ ਵੱਲੋਂ ਸੰਬੰਧਤ ਲਾਕਰ ਧਾਰਕਾਂ ਦੇ ਲਾਕਰ ਉਨ੍ਹਾਂ ਦੇ ਜੋਖ਼ਮ ਅਤੇ ਲਾਗਤ ਦੇ ਖੋਲ੍ਹ ਦਿੱਤੇ ਜਾਣਗੇ ਅਤੇ ਬੈਂਕ ਇਸ ਦੇ ਕਿਸੇ ਇੱਕ ਹਿੱਸੇ ਜਾਂ ਸਮੁੱਚੀ ਸਮੱਗਰੀ ਦੀ ਜਨਤਕ ਜਾਂ ਨਿੱਜੀ ਵਿਕਰੀ ਦੁਆਰਾ ਇਸ ਦੀ ਅਦਾਇਗੀ ਨੂੰ ਪ੍ਰਾਪਤ ਕਰ ਸਕਦਾ ਹੈ। ਲਾਕਰ ਧਾਰਕ ਵੱਲੋਂ ਬੈਂਕ ਦੇ ਬਕਾਏ ਦੇ ਸੰਤੁਸ਼ਟ ਕਰਨ ਤੋਂ ਬਾਅਦ ਲਾਕਰ ਦੀ ਕੋਈ ਵੀ ਰਕਮ ਅਤੇ ਸਮੱਗਰੀ, ਜੋ ਬਾਕੀ ਬਚੀ ਹੈ, ਲਾਕਰ ਕਿਰਾਏ ਦੇ ਲੈਣ-ਦੇਣ ਦੇ ਪੂਰੇ ਜੋਖ਼ਮ 'ਤੇ ਪੂਰੀ ਜ਼ਿੰਮੇਵਾਰੀ ਅਤੇ ਲਾਗਤ 'ਤੇ ਬੈਂਕ ਦੁਆਰਾ ਰੱਖੀ ਜਾਵੇਗੀ। ਜੇਕਰ ਬੈਂਕ ਨੂੰ ਅਜਿਹੀ ਵਿਕਰੀ ਕਰਨ 'ਤੇ ਅਦਾਇਗੀ ਨਾਕਾਫੀ ਹੋਵੇਗੀ ਤਾਂ ਲਾਕਰ ਧਾਰਕ ਇਸ ਘਾਟ ਲਈ ਜ਼ਿੰਮੇਵਾਰ ਹੋਵੇਗਾ।

ਮਿਤੀ : 22.01.2025 ਸਥਾਨ : ਜਲੰਧਰ ਪੰਜਾਬ ਨੈਸ਼ਨਲ ਬੈਂਕ

## ਉੱਤਰ ਰੇਲਵੇ

ਈ-ਟੈਂਡਰ ਸੂਚਨਾ

ਬੰਦ ਹੋਣ ਦੀ ਮਿਤੀ/ਸਮਾਂ: 17.02.2025 ਨੂੰ 15:00 ਵਜੇ

ਸੀਨੀਅਰ ਡਵੀਜਨ ਸਾਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉੱਤਰ ਰੇਲਵੇ, ਫ਼ਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਟੈਂਡਰ ਨੰ: 433-ਸਿੰਗ-ਟੀ-21-24-25 ਈ-ਟੈਂਡਰਿੰਗ ਦੁਆਰਾ ਤੋਂ ਮਿਤੀ 17.02.2025ਨੂੰ 15.00 ਵਜੇ ਤਕ https://www.ireps.gov.in ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ । ਟੈਂਡਰਕਰਤਾ ਅਪਣੀ ਟੈਂਡਰਾਂ ਅਸਲੀ/ਸੰਸ਼ੋਧਿਤ ਨਿਸ਼ਚਿਤ ਕੀਤੇ ਗਏ ਸਮੇਂ ਅਤੇ ਮਿਤੀ ਤਕ ਜ਼ਰੂਰ ਜਮਾਂ ਕਰਵਾਏ । ਇਸ ਟੈਂਡਰ ਦੇ ਤਹਿਤ ਮੈਨੂਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ । ਠੇਕੇਦਾਰਾਂ ਦੁਵਾਰਾ ਟੈਂਡਰ ਡਾਕਯੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਸ ਤਰ੍ਹਾਂ ਕਿ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਆਦਿ ਦੁਵਾਰਾ ਹੀ ਸਵੀਕਾਰ ਕੀਤੀ ਜਾਵੇਗੀ ਇਸਦੇ ਅਤਿਰਿਕਤ ਡਿਮਾਂਡ ਡਰਾਫਟ, ਬੈਂਕਰ ਚੈਂਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਦੁਵਾਰਾ ਜਮਾਂ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ ।

| | | | |
|---|---|---|---|
| ਕੰਮ ਦਾ ਨਾਮ | ਫ਼ਿਰੋਜ਼ਪੁ ਡਵੀਜਨ ਵਿਚ VJPJ, JRC, DDL, KWJ, , GHA, KKP, GJUT, GNA, LKW, BPRS ਸਟੇਸ਼ਨਾਂ ਉਤੇ ਆਰਜੀਐਮ/ਟੀਟੀਐਮ ਸਾਈਡਿੰਗ ਦੇ ਪ੍ਰਾਵਧਾਨ ਦੇ ਸਬੰਧ ਵਿਚ ਐਸਐਂਡਟੀ ਕੰਮ । | | |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 17/02/2025 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 20/01/2025 17:40 |
| ਅਨੁਮਾਨਿਤ ਕੀਮਤ | 35278797.52 | ਬਿਡਿੰਗ ਸ਼ੁਰੂ ਦੀ ਮਿਤੀ (ਆਈਆਰਈਪੀਐਸ) | 03/02/2025 |
| ਬਿਆਨਾ ਰਾਸ਼ੀ (ਰੁ:) | 326400.00 | ਕੰਮ ਪੂਰਾ ਕਰਨ ਦਾ ਸਮਾਂ | 12 ਮਹੀਨੇ |

ਟੈਂਡਰ ਸੂਚਨਾ ਨੰ: 433-ਸਿਗ/ਟੀ/21-24-25 ਮਿਤੀ : 21.01.2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 234/25

## ਉੱਤਰ ਰੇਲਵੇ

ਈ-ਟੈਂਡਰ ਸੂਚਨਾ

ਬੰਦ ਹੋਣ ਦੀ ਮਿਤੀ/ਸਮਾਂ: 13.02.2025 ਨੂੰ 15:00 ਵਜੇ

ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਦੀ ਤਰਫ ਤੋਂ ਕੰਮ ਕਰਨ ਵਾਲੇ ਸੀਨੀਅਰ ਡੀਐਸਟੀਈ/ਐਫਜੇਡਆਰ ਟੈਂਡਰ ਸੂਚਨਾ ਨੰਬਰ ਦੇ ਵਿਰੁਧ https://www.ireps.gov.in ਉਤੇ ਈ-ਟੈਂਡਰਾ ਮੰਗ ਕਰਦੇ ਹਨ । 433-ਸਿਗ-ਟੀ-44-24-25 ਪੂਰਾ ਕਰਨ ਦੀ ਮਿਤੀ 13.02.2025 15:00 ਵਜੇ । ਬੋਲੀਦਾਤਾ ਅਪਣੀ ਮੂਲ/ਸੰਸ਼ੋਧਿਤ ਬੋਲੀਆਂ ਆਖਰੀ ਮਿਤੀ ਅਤੇ ਸਮੇਂ ਤਕ ਜਮਾਂ ਕਰ ਸਕਣਗੇ । ਇਸ ਟੈਂਡਰ ਦੇ ਵਿਰੁਧ ਮੈਨੂੰਅਲ ਆਫਰ ਦੀ ਅਨੁਮਤੀ ਨਹੀਂ ਹੈ, ਅਤੇ ਪ੍ਰਾਪਤ ਐਸੇ ਕਿਸੀ ਵੀ ਮੈਨੂੰਅਲ ਆਫਰ ਨੂੰ ਅਣਦੇਖਿਆ ਕਰ ਦਿਤਾ ਜਾਵੇਗਾ । ਠੇਕੇਦਾਰਾਂ ਨੂੰ ਇਸ ਟੈਂਡਰ ਦੇ ਲਈ ਟੈਂਡਰ ਦਸਤਾਵੇਜ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟਲ ਉਤੇ ਉਪਲਬਧ ਆਨਲਈਨ ਭੁਗਤਾਨ ਮੋਡ ਜਿਸਤਰ੍ਹਾ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਆਦਿ ਦੇ ਦੁਵਾਰਾ ਤੋਂ ਕਰਨ ਦੀ ਅਨੁਮਤੀ ਹੈ । ਡਿਮਾਂਡ ਡਰਾਫਟ, ਬੈਂਕਰ ਚੇਕ, ਜਮਾਂ ਰਸੀਦਾਂ, ਐਫਡੀਆਰ ਆਦਿ ਦੇ ਦੁਵਾਰਾ ਤੋਂ ਮੈਨੂੰਅਲ ਭੁਗਤਾਨ ਦੀ ਅਨੁਮਤੀ ਨਹੀਂ ਹੈ ।

| | | | |
|---|---|---|---|
| ਕੰਮ ਦਾ ਨਾਮ | ਫ਼ਿਰੋਜ਼ਪੁਰ ਮੰਡਲ ਉਤੇ ਤਿੰਨ (03) ਸਾਲਾਂ ਦੇ ਲਈ 5 ਵਾਟ ਅਤੇ 25 ਵਾਟ ਵਾਕੀ ਟਾਕੀ ਸੇਟ ਦਾ ਸਲਾਨਾ ਮੁਰੰਮਤ ਅਨੁਬੰਧ (ਏਆਰਸੀ) । | | |
| ਟਾਇਪ ਆਫ ਟੈਂਡਰ | ਖੁਲੀ ਟੈਂਡਰ ਟੈਂਡਰ | ਪਾਉਣ ਦਾ ਸਿਸਟਮ | ਸਿੰਗਲ ਪੈਕੇਟ ਸਿਸਟਮ |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 13/02/2025 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 20/01/2025 13:10 |
| ਅਨੁਮਾਨਿਤ ਕੀਮਤ | Rs. 3427995.00 | ਬਿਡਿੰਗ ਸ਼ੁਰੂ ਦੀ ਮਿਤੀ (ਆਈਆਰਈਪੀਐਸ) | 30/01/2025 |
| ਬਿਆਨਾ ਰਾਸ਼ੀ (ਰੁ:) | Rs. 68600.00 | ਕੰਮ ਪੂਰਾ ਕਰਨ ਦਾ ਸਮਾਂ | 36 ਮਹੀਨੇ |

ਟੈਂਡਰ ਸੂਚਨਾ ਨੰ:- 433-ਸਿਗ/ਟੀ/44-24-25 ਮਿਤੀ : 20.01.2025 025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 222/25

## ਅਦਾਲਤੀ ਇਸ਼ਤਿਹਾਰ

ਬਾ: ਅਦਾਲਤ ਸ੍ਰੀ ਮਨਜੀਤ ਸਿੰਘ ਬਰਾੜ, ਆਈ.ਏ.ਐੱਸ., ਕਮਿਸ਼ਨਰ, ਫਰੀਦਕੋਟ ਮੰਡਲ, ਫਰੀਦਕੋਟ।

ਵਿਸ਼ਾ: ਕੇਸ ਨੰ: ਤਕਸੀਮ 28/2023 (203/2023 ਅਪੀਲ) ਅਜੇ ਕੁਮਾਰ ਬਨਾਮ ਭੂਸ਼ਨ ਕੁਮਾਰ ਪਿੰਡ ਝੁਨੀਰ, ਤਹਿਸੀਲ ਮਾਨਸਾ, ਜ਼ਿਲ੍ਹਾ ਮਾਨਸਾ

ਨੋਟਿਸ ਬਨਾਮ ਉੱਤਰਵਾਦੀ ਨੰ: 6) ਭਗਵਾਨ ਦਾਸ ਪੁੱਤਰ ਲੇਖ ਰਾਮ ਪੁੱਤਰ ਮਨਸੁਖ 9) ਕਰਨ ਸਿੰਘ ਪੁੱਤਰ ਪਾਤੀ ਰਾਮ ਪੁੱਤਰ ਭੂਰਾ ਸਿੰਘ 10) ਅਜੈਬ ਸਿੰਘ ਪੁੱਤਰ ਜੰਗੀਰ ਸਿੰਘ ਪੁੱਤਰ ਮੇਹਰ ਸਿੰਘ 11) ਸ਼ਾਂਤੀ ਦੇਵੀ ਮਾਤਾ ਮਨੀਆ ਰਾਮ ਪੁੱਤਰ ਕਰਨੈਲ ਸਿੰਘ 12) ਬਚਨ ਕੌਰ ਵਿਧਵਾ ਮਨੀਆ ਰਾਮ ਪੁੱਤਰ ਕਰਨੈਲ ਸਿੰਘ 15) ਬਿੰਦੂ ਸਿੰਘ ਪੁੱਤਰ ਮਨੀਆ ਰਾਮ ਪੁੱਤਰ ਕਰਨੈਲ ਸਿੰਘ 17) ਰੋਸ਼ਨ ਸਿੰਘ ਪੁੱਤਰ ਮਨਿੰਦਰਜੀਤ ਸਿੰਘ ਪੁੱਤਰ ਦਲੀਪ ਸਿੰਘ 23) ਸੁਰਜੀਤ ਸਿੰਘ ਪੁੱਤਰ ਭੂਰਾ ਸਿੰਘ ਪੁੱਤਰ ਕਰਮ ਸਿੰਘ 24) ਨਿਰੰਜਨ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਕਰਮ ਸਿੰਘ 32) ਪਰਮਜੀਤ ਕੌਰ ਪਤਨੀ ਜਗਸੀਰ ਸਿੰਘ ਪੁੱਤਰ ਹਰਦੇਵ ਸਿੰਘ 34) ਅਮਰਜੀਤ ਕੌਰ ਪਤਨੀ ਜਗਸੀਰ ਸਿੰਘ ਪੁੱਤਰ ਹਰਦੇਵ ਸਿੰਘ 36) ਤਰਸੇਮ ਚੰਦ ਪੁੱਤਰ ਹਰਬੰਸ ਲਾਲ 37) ਅਸ਼ੋਕ ਕੁਮਾਰ ਪੁੱਤਰ ਮੇਲਾ ਰਾਮ ਪੁੱਤਰ ਰਾਮਜੀ ਦਾਸ 38) ਰਿੰਪੀ ਰਾਣੀ ਪੁੱਤਰੀ ਮੇਲਾ ਰਾਮ ਪੁੱਤਰ ਰਾਮਜੀ ਦਾਸ 39) ਸ਼ਕੁੰਤਲਾ ਦੇਵੀ ਵਿਧਵਾ ਮੇਲਾ ਰਾਮ ਪੁੱਤਰ ਰਾਮਜੀ ਦਾਸ 40) ਸੰਜੀਵ ਕੁਮਾਰ ਪੁੱਤਰ ਮੇਲਾ ਰਾਮ ਪੁੱਤਰ ਰਾਮਜੀ ਦਾਸ 42) ਅਜੈਬ ਸਿੰਘ ਪੁੱਤਰ ਜ਼ੋਰਾ ਸਿੰਘ ਪੁੱਤਰ ਮੈਹਲਾ ਸਿੰਘ 43) ਅੰਗਰੇਜ਼ ਸਿੰਘ ਪੁੱਤਰ ਜ਼ੋਰਾ ਸਿੰਘ ਪੁੱਤਰ ਮੈਹਲਾ ਸਿੰਘ 44) ਰਾਜ ਰਾਣੀ ਪਤਨੀ ਕੇਵਲ ਕ੍ਰਿਸ਼ਨ ਪੁੱਤਰ ਪਿਆਰਾ ਲਾਲ 45) ਸੁਰੁਚੀ ਪੁੱਤਰੀ ਪਵੰਨ ਕੁਮਾਰ ਪੁੱਤਰ ਪਿਆਰਾ ਲਾਲ 46) ਵਰਿੰਦਰ ਕੁਮਾਰ ਪੁੱਤਰ ਭੂਸ਼ਨ ਕੁਮਾਰ ਪੁੱਤਰ ਬਾਬੂ ਰਾਮ 49) ਪ੍ਰਸ਼ੋਤਮ ਦਾਸ ਪੁੱਤਰ ਦੇਸ ਰਾਜ 52) ਚਰਨਜੀਤ ਕੌਰ ਪਤਨੀ ਮਲੂਕ ਸਿੰਘ ਪੁੱਤਰ ਗੁਰਜੰਟ ਸਿੰਘ 53) ਮਨਜੀਤ ਕੌਰ ਵਿਧਵਾ ਬਲਵਿੰਦਰ ਸਿੰਘ ਪੁੱਤਰ ਭੂਰਾ ਸਿੰਘ 55) ਭੁਪਿੰਦਰ ਕੌਰ ਪਤਨੀ ਪਰਮਜੀਤ ਸਿੰਘ ਪੁੱਤਰ ਜੋਗਿੰਦਰ ਸਿੰਘ 57) ਪੂਨਮ ਰਾਣੀ ਪਤਨੀ ਕੁਲਦੀਪ ਕੁਮਾਰ ਪੁੱਤਰ ਸੁਭਾਸ਼ ਚੰਦ 59) ਸੁਖਵੰਤ ਸਿੰਘ ਪੁੱਤਰ ਜਗਜੀਤ ਸਿੰਘ ਪੁੱਤਰ ਕਰਤਾਰ ਸਿੰਘ 62) ਬਲਵੀਰ ਕੌਰ ਪਤਨੀ ਬਚਿੱਤਰ ਸਿੰਘ ਪੁੱਤਰ ਜੱਗਰ ਸਿੰਘ 63) ਹਰਜੀਤ ਕੌਰ ਪਤਨੀ ਰਜਿੰਦਰ ਸਿੰਘ ਪੁੱਤਰ ਜੱਗਰ ਸਿੰਘ ਸਾਰੇ ਵਾਸੀਆਨ ਪਿੰਡ ਝੁਨੀਰ, ਤਹਿਸੀਲ ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ, 66) ਆਈ. ਸੀ.ਆਈ.ਸੀ.ਆਈ ਬੈਂਕ, ਬਰਾਂਚ ਮਾਨਸਾ, ਰਾਹੀਂ ਬਰਾਂਚ ਮੈਨੇਜਰ ਆਈ.ਸੀ.ਆਈ.ਸੀ.ਆਈ. ਬੈਂਕ, ਬਰਾਂਚ ਮਾਨਸਾ। 20) ਤੇਜ਼ ਕੌਰ ਵਿਧਵਾ ਬਚਨ ਸਿੰਘ ਪੁੱਤਰ ਚਤਿੰਨ ਸਿੰਘ 22) ਗਮਦੂਰ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਕਰਮ ਸਿੰਘ 29) ਬਿੱਕਰ ਸਿੰਘ ਪੁੱਤਰ ਨਰ ਸਿੰਘ ਪੁੱਤਰ ਕਾਕੂ ਸਿੰਘ 56) ਮੋਹਨ ਸਿੰਘ ਪੁੱਤਰ ਨੌਹਰ ਚੰਦ ਪੁੱਤਰ ਗੋਪੀ ਰਾਮ ਸਾਰੇ ਵਾਸੀਆਨ ਪਿੰਡ ਝੁਨੀਰ, ਤਹਿਸੀਲ ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ (ਸਾਰੇ ਮ੍ਰਿਤਕ) ਜੇਕਰ ਇਨ੍ਹਾਂ ਦਾ ਕੋਈ ਵਾਰਿਸ ਹੋਵੇ।

ਇਸ ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਉਕਤ ਉੱਤਰਵਾਦੀ ਦੀ ਇਤਲਾਹ ਸਰਸਰੀ ਢੰਗ ਨਾਲ ਨਹੀਂ ਹੋ ਸਕਦੀ। ਇਸ ਲਈ ਇਸ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਉਕਤ ਉੱਤਰਵਾਦੀ ਵਿਸ਼ੇ ਵਿੱਚ ਦਰਜ ਕੇਸ ਦੀ ਪੈਰਵੀ ਕਰਨੀ ਚਾਹੁੰਦਾ/ਚਾਹੁੰਦੀ ਹੈ ਤਾਂ ਉਹ ਅਸਾਲਤਨ/ਵਕਾਲਤਨ ਇਸ ਅਦਾਲਤ ਵਿੱਚ ਮਿਤੀ 29.01.2025 ਤੋਂ ਪਹਿਲਾਂ-ਪਹਿਲਾਂ ਪੇਸ਼ ਹੋ ਕਰ ਕੇਸ ਦੀ ਪੈਰਵੀ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ। ਇਹ ਕੇਸ ਮਿਤੀ 29.01.2025 ਨੂੰ ਸੁਣਵਾਈ ਲਈ ਨਿਯਤ ਹੈ।

ਇਹ ਨੋਟਿਸ ਅੱਜ ਮੇਰੇ ਦਸਤਖਤਾਂ ਅਤੇ ਮੋਹਰ ਹੇਠ ਜਾਰੀ ਕੀਤਾ ਗਿਆ ਹੈ।

ਸਹੀ/-ਕਮਿਸ਼ਨਰ, ਫਰੀਦਕੋਟ ਮੰਡਲ, ਫਰੀਦਕੋਟ

ਪਿੱਠ ਅੰਕਣ ਨੰ: ਮਾਲ/ਪੇਸ਼ੀ-2025/04 ਮਿਤੀ: 09.01.2025

# ਕਲਾਸੀਫਾਈਡ ਇਸ਼ਤਿਹਾਰ

## Change of Name

I, Major Sjngh S/o Daya Singh R/o 43/3, Doordarshan Enclave, Opp. Partap Nagar, Jalandhar City, Punjab have changed my name from Major Singh to Major Singh Gill. All concerned please note.

I Riya W/O Anuraag Arora R/O 777/A Jail Gali Nr. Police Station Ram Bhag Amritsar-1 Amritsar Have Changed My Name From Riya To Riya Arora.

I Kartik S/O Ashok Kumar R/O 808 Badar Kali Amritsar-1 District Amritsar Have Changed My Name From Kartik To Kartik Luthra.

I, Keval Singh S/o Piara Singh R/o Purana Pind, Tehsil Patti, Harike, Distt. Tarn Taran, Punjab-143412 have changed my name from Keval Singh to Kewal Singh.

I Barinderbeer Singh S/O Gurcharan Singh R/O Village Beharwal Tehsil Lopoke Distt Amritsar Have Changed My Name From Barinderbeer Singh To Barinderbir Singh.

I, Mahinder Kaur W/o Mohinder Singh R/o H. No. 13 Khuh Fagurhe Kishan Garh Road Village Cheema, PO Kartarpur, Distt. Jalandhar have changed my name from Mahinder Kaur to Mohinder Kaur. Please note. (B)

I Shama W/o Sanjeev Kumar R/o H.No.WS 388, Mohalla Satran , Basti Sheikh Jalandhar , Punjab 144002 has changed my name from Shama to Shama Sonik concern note.

Karamjit singh uppal S/o Sohan singh R/o Nangal Wanja wala, Nangal Wanjhanwala, po ajnala, Distt. Amritsar, punjab have changed my name from karamjit singh uppal to karamjeet singh. Concerned note.

I, Kewal Singh S/O Jagir Singh R/O VPO Mehta Chowk Tehsil Baba Bakala Distt. Amritsar, Punjab have changed my name from Kewal Singh to Kewal as my Given name and Singh as my Surname.Concerned note.

I, Parveen Bala W/O Gursharan Singh R/O H.No.712, First Floor, Co-Opeative Housing Complex CHBS Ltd. Phase-2,New Amritsar, Amritsar, Punjab have changed my name from Parveen Bala to Parveen Kaur. Concerned note.

I, Sarbjeet Kaur W/O Jagdeep Singh R/O 204, F.G.C Road, Preet Nagar, Daya Nand Nagar, Nangli Bhatha, Amritsar, Punjab have changed my name from Sarbjeet Kaur to Sarabjit Kaur. Concerned note.

I, Vandna Sharma W/O Pankaj Kumar Sharma R/O H.No. 826/8, Bazar Narsingh Dass, Majith Mandi, Amritsar, Punjab have changed my name from Vandna Sharma to Bandhna Sharma. Concerned note.

I Satwant Rani wife of Amarjit Singh Sidhu resident of village Wariana, District Jalandhar have changed my name to Satwant Kaur Sidhu. All Concerned please note.

I Binder W/o Sh. Hem Raj R/o VPO Randhawa Masandan Distt Jalandhar-144004, Punjab have changed my name from Binder to BINDER KAUR. All Please note.

I, Jasbir Kaur W/O Kartar Singh R/O #114 Master's House, Ward Number 9, Mohalla Baghwala Shahkot, Tehsil Shahkot, Distt. Jalandhar -144702, Punjab, India have changed my name to Jasbir Sachdeva. Note Please.

I, Ranjeet Singh S/O Sukhdev Singh R/O V.P.O. Poonian, Tehsil Shahkot, Distt. Jalandhar-144702, Punjab, India have changed my name to Singh Ranjeet, Singh Considered as Surname and Ranjeet Considered as Given Name. Note Please.

I, Sartaj Kaur Sandhu W/o Arjan Singh, R/o H No 86, Gali No 11, Hargobind Nagar, Near Radha Swami Dera, Chheharta, Amritsar. 143105 have changed my name from Sartaj Kaur Sandhu to Sartaj Kaur.

I, Poonam W/o Gurjit Singh R/o H.No.19 Gali No 5 Fateh Singh Nagar Bhagarhiwal District Amritsar have changed my name from Poonam to Poonam Babbar.

I, Shashi Bala W/o Sham Sunder R/o Village Rupowali Brahmna Tehsil Baba Bakala District Amritsar have changed my name from Shashi Bala to Sunita Sunder.

I, Swaranjit Singh S/o Satnam Singh R/o Vill. Thathian Mahantan Pati Gaji Ki Distt Tarn Taran that declare Singh is my Surname and Swaranjit is my Given name.

I, Dalip Singh S/o Budh Singh R/o Sarangra PO Sarangra District Amritsar have changed my name from Dalip Singh to Dalip Siingh Kambow.

I, Vijay Kumar S/o Jodha Ram Taneja R/o VPO Mehta Chowk Tehsil Baba Bakala District Amritsar have changed my name from Vijay Kumar to Vijay Kumar to Vijay Kumar Taneja

I, Jaspreet Kaur Sidhu W/o Manjit Singh Sidhu R/o 1 C, Sarkaria House Dr. Surat Singh Road, Near Punjab National Bank Amritsar have changed my name from Jaspreet Kaur Sidhu to Jaspreet Kaur.

I, Mandeep Kaur D/o Gurdev Singh R/o House No. E8/802, Gali No. 6, Harkrishan Nagar, kale Road, Chheharta, Amritsar have declare that Mandeep is my Given name and Kaur is my Surname.

I, Vinod Kumar S/o Chaman Lal R/o H.No.13, Joshi Colony, The Mall Amritsar have changed my name from Vinod Kumar to Vinod Kumar Samra.

I, Jagdeesh Lal S/o Sahib Chand R/o 158, New Model Town, Chheharta, Amritsar-143105, have changed my name from Jagdeesh Lal to Jagdish Lal.

I, Rakesh S/o Tilak Raj R/o H.No.2758/B, Baba Deep Singh Gali, Chatiwind Gate Amritsar have changed my name from Rakesh to Rakesh Kumar Aggarwal.

I, Gurmeet Kaur W/o Ranjodh Singh R/o VPO Chabba Amritsar have changed my name from Gurmeet Kaur to Gurmeet Kaur Warraich.

I, Rajesh Varmani S/o Banwari Lal Varmani R/o 517, Loharka Road, R.B Estate, Amritsar have changed my name from Rajesh Varmani to Rajesh Vermani.

I, Pinky W/o Mandeep Singh R/o Patti Baz Ki, VPO. Bundala Distt Amritsar have changed my name from Pinky to Pinky Kaur.

## Change of Name

I, Resham Singh S/o Balveer Singh R/o Vill. Balehar PO Bhikhiwind Tehsil Patti District Tarn Taran have changed my name Resham is my Given name and Singh is my Surname

I, Deepak Paul S/o Ramji Paul, R/O H.NO: 295, Ward no:10, Arya Nagar, Kartarpur,Jalandhar-144801 (Punjab), have changed my name to Given name: Deepak, Surname: Paul.

I, Renu Bala Alias Renu Sharma W/o Maithle Sharan, R/O H.NO:84-A, New Deol Nagar, Near Gurudwara Singh Sabha, Boota Pind, Wadala, Jalandhar- (PB), have changed my name from Renu Bala Alias Renu Sharma to Renu Sharma.

I, Poonam Narula W/o Raj Kumar D/o Yash Paul Narula, R/o Cheema Colony , VPO. Beas Baba Bakala, Amritsar have changed my name from Poonam to Poonam Narula

I, Sonia W/o Davinder Kumar, R/o H.no: 105, Gali no:3, Central Town, Jalandhar-144001 (Punjab), have changed my name from Sonia to Sonia Dhawan. All concerned please note.

I, Malkeet Singh S/o Tarsem Singh, R/o VPO Ghoman, Ghuman, Teh.Batala, Distt. Gurdaspur have changed my name from Malkeet Singh to Malkit Singh.

I, Sukhwinder Singh S/o Santokh Singh R/o Village Budho Punder, PO. Ibban, Tehsil & Distt. Kapurthala, Punjab, India have changed my name from Sukhwinder Singh to Given Name as Sukhwinder & Surname as Singh. All concerned please note.

I, Vikram Middha S/O Sewak Ram Middha, R/o 3404, M3M Latitude, Sector 65, Police Station, Sector 65, Vtc: Badshahpur Tethar (222), Gurgaon, Haryana- 122101, I have changed the name of my minor daughter Ayesha Middha aged about 13 Years and She shall hereafter be known as Janvi Middha.

I, Omi, W/O Prem Chand, R/o Jawahra, Sonipat, Haryana- 131306 . have changed my name and shall hereafter be Known as Om Wati.

I, Sumitter Singh S/O Gurdial Singh, R/o Manjpur, Hoshiarpur, Punjab- 144306, have changed my name and shall hereafter be Known as Samitter Singh.

I, Parajyoth Kaur, W/O Baljit Singh, R/o Tehsil Gurdaspur, Narad, Sahowal, Gurdaspur, Punjab-143531. have changed my name and shall hereafter be Known as Prabhjot Kaur.

I, Sonia Arora D/O Bal Krishan Dhall, R/o House No T3442, RSD Colony Shahpurkandi Township, Pathankot, Shahpur, Kandi, Punjab-145029. have changed my name and shall hereafter be Known as Sonia.

I, Renuka Gupta D/O Mohan Gupta, R/o Hosue No-204, Street No-2, Sanjay Gandhi Nagar, Jalandhar- I, PO: Industrial Town, Jalandhar, Punjab- 144004. have changed my name and shall hereafter be Known as Sweety.

I, Simran Singh S/O Dev Raj, R/o Hosue No-174, Ward No-7, Adarsh Nagar, Dasuya, Hoshiarpur, Punjab-144205, I have changed the name of my minor daughter Sanaya aged about 8 Years and She shall hereafter be known as Sanaya Kaur.

I, Raj Kumar S/O Ashraf, R/o Chhangla And Teh Dasuya, Hoshiarpur, Punjab- 144205, I have changed the name of my minor Son Abhishek aged about 16 Years and He shall hereafter be known as Abhishek Mattu.

I, Vivek Sud S/o Rajinder Paul Sood R/o N.J - 264, Mitha Bazar, Jalandhar, Punjab, India have changed my name from Vivek Sud to Vivek Sood. All concerned please note.

I, Poonam Sud W/o Vivek Sood R/o N.J - 264, Mitha Bazar, Jalandhar, Punjab, India have changed my name from Poonam Sud to Poonam Sood. All concerned please note.

I, Bikkar s/o Santokh Singh r/o H.No. 200/6, Nagra, Distt. Jalandhar, Punjab, India have changed my name from Bikkar to Bikkar Singh. All concerned please note.

I, Preeti Alias Rajpreet Luthra w/o Sanjeev Kumar r/o H.No.8, New Gobind Nagar, Basti Guzan, Jalandhar have changed my name to Rajpreet Luthra. All concerned please note.

I, Paramjit Kaur w/o Manjit Singh r/o H.No. 2, Jaina Nagar, Basti Sheikh, Jalandhar have changed my name to Paramjeet Kaur. All concerned please note.

I, Vishal s/o Kamal r/o VPO. Thopia, Distt. SBS Nagar have added my surname from Vishal to Vishal Singh (Surname as Singh) All concerned please note.

I, Karan Veer Gambhir s/o Narinder Singh Gambhir r/o H.No.486, St.No.14, New Defence Colony, Phase-1, Paragpur, Po.Jalandhar Cantt, Jalandhar have changed my name to Karanveer Gambhir. All concerned please note.

I, Ravinder Singh s/o Surjeet Singh r/o NB-73, Preet Nagar, Sodal Road, Jalandhar have changed my name to Given name as Ravinder & Surname as Singh. All concerned please note.

I, Tanveer Kaur w/o Ravinder Singh r/o NB-73, Preet Nagar, Sodal Road, Jalandhar have changed my name to Given name as Tanveer & Surname as Kaur. All concerned please note.

I, Som Nath s/o Ram Chand r/o Near Bye Pass r/o VPO. Reru, Distt. Jalandhar-144012, Punjab have changed my name to Som Raj. All concerned please note.

I, Rano Mahey w/o Surinder Singh r/o Village Alipur, Po. Mithapur, Jalandhar, Punjab have changed my name from Rano Mahey to Rano. All concerned please note.

I, Jasvir Singh S/o Ajit Singh R/o Village Mugarala, PO. Dinanagar, Punjab. Have Changed my name from Jasvir Singh to Jasbir Singh.

## Change of Name

I, Ritik S/o Kuldeep Singh R/o Village Sadarpur, Po. Khanpur, Tehsil Garhshankar, Distt. Hoshiarpur, Punjab have changed my name from Ritik to Ritik Singh (Singh as Surname). All please note.

I, Pawan Kumar S/o Manohar Lal R/o Gali No. 4, Sahibjada Ajit Singh Nagar, Khalwara Road Phagwara, Distt. Kapurthala have changed my name from Pawan Kumar to Pawan Kumar Aijtan. (Surname as Aijtan). All please note.

I, Rajiv Vasantlal Solanki S/o Vasantlal Laljibhai Solanki R/o Flat No. C-602 Hamilton Mayfair Residency, 66 Feet Road, Near Jalandhar Heights-II, Po.Garha, Jalandhar, Punjab-144022 have changed my name to Rajiv Solanki. All please note.

I, Manjit Singh S/o Kashmir Singh R/o Vill. Sonspur, Po. Badla, Dasuya, Distt. Hoshiarpur have changed my minor daughter name from Diya to Diya Thakur. All please note.

I. Neha Sharma W/o Krishan Gopal R/o H.No. 32/38, Mohalla Khazanchian, Kapurthala have changed my name from Neha to Neha Sharma. All please note.

I, Dalvir Singh Bding S/o Gursewak Singh R/o H.No. 1169, Urban Estate, Phase-II, Jalandhar-144022, Punjab have delete my surname from Dalvir Singh Bding to Dalvir Singh. All please note.

I, Sanjeev Kumar S/o Joginder Paul Sharma r/o H.No. 59, Green Avenue, Kapurthala-144601, Punjab have changed my name from Sanjeev Kumar to Sanjeev Kumar Sharma. All please note.

I, hitherto known as Neha Goyal W/o Kartik Gupta R/o H.No. 473, J.P Nagar, Jalandhar, Punjab-144002 have changed my name and shall hereafter be known as Neha Gupta.

I, hitherto known as Arun Kalair S/o Anant Klair R/o Jandu Singha, Po. Jandu Singha, Distt. Jalandhar, Punjab-144025, have changed my name and shall hereafter be known as Arun Klair.

I, hitherto known as Kaushalya Kumari W/o Mangat Rai R/o VPO. Bhojowal, Distt. Jalandhar-144101, Punjab have changed my name and shall hereafter be known as Krishna Kumari.

I, hitherto known as Ram Lal Mehmi S/o Haria Ram R/o VPO. Boparai Kalan, Tehsil Nakodar, Distt. Jalandhar-144030, Punjab have changed my name and shall hereafter be known as Lal Chand.

I, hitherto known as Bakhshish Kaur W/o Harjinder Singh R/o Vill. Tanda Churian, Teh. Mukerian, Distt. Hoshiarpur-144306, Punjab have changed my name and shall hereafter be known as Manjit Kaur.

## ਨਾਂਅ ਦੀ ਬਦਲੀ

ਮੈਂ, ਰੋਹਿਤ ਪੁੱਤਰ ਕਮਲੇਸ਼ ਕੁਮਾਰ ਵਾਸੀ ਮਕਾਨ ਨੰ. 13, ਗੁਲਮੋਹਰ ਸਿਟੀ ਐਕਸਟੈਂਸ਼ਨ, ਜਲੰਧਰ ਨੇ ਆਪਣਾ ਨਾਮ ਰੋਹਿਤ ਤੋਂ ਬਦਲ ਕੇ ਰੋਹਿਤ ਬੈਂਸ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਅਰਜੁਨ ਪੁੱਤਰ ਸੰਦੀਪ ਕੁਮਾਰ ਵਾਸੀ ਮਕਾਨ ਨੰ. 40, ਬਸਤੀ ਸ਼ੇਖ, ਮਦਨ ਵਿਹਾਰ, ਜਲੰਧਰ ਨੇ ਆਪਣਾ ਨਾਮ ਅਰਜੁਨ ਤੋਂ ਬਦਲ ਕੇ ਅਰਜੁਨ ਕੁਮਾਰ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਅਮਰੀਕਾ ਕੁਮਾਰੀ ਪਤਨੀ ਸੰਦੀਪ ਕੁਮਾਰ ਵਾਸੀ ਮਕਾਨ ਨੰ. 40, ਬਸਤੀ ਸ਼ੇਖ, ਮਦਨ ਵਿਹਾਰ, ਜਲੰਧਰ ਨੇ ਆਪਣਾ ਨਾਮ ਅਮਰੀਕਾ ਕੁਮਾਰੀ ਤੋਂ ਬਦਲ ਕੇ ਅਮਿਰਕਾ ਕੁਮਾਰੀ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## ਆਮ ਸੂਚਨਾ

ਮੈਂ, ਗੁਰਦੇਵ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਚੂਹੜ ਚੱਕ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ - 152028 ਪੰਜਾਬ ਬਿਆਨ ਕਰਦਾ ਹਾਂ ਕਿ ਮਿਤੀ 24.06.2024 ਨੂੰ ਪਬਲਿਕ ਨੋਟਿਸ ਰਾਹੀਂ ਆਪਣੇ ਲੜਕੇ ਗੁਲਾਬ ਸਿੰਘ ਅਤੇ ਉਸ ਦੀ ਪਤਨੀ ਅਮਨਦੀਪ ਕੌਰ ਨੂੰ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਗੁਲਾਬ ਸਿੰਘ ਅਤੇ ਇਸ ਦੀ ਪਤਨੀ ਅਮਨਦੀਪ ਕੌਰ ਮੇਰੇ ਕਹਿਣੇ ਵਿਚ ਹੈ। ਮੈਂ ਆਪਣੇ ਵੱਲੋਂ ਦਿੱਤੇ ਬੇਦਖਲੀ ਨੋਟਿਸ ਨੂੰ ਰੱਦ ਕਰਦਾ ਹਾਂ।

ਮੈਂ ਅਜੀਤ ਸਿੰਘ ਪੁੱਤਰ ਸਵਰਨ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਡੇਰਾ ਬਾਬਾ ਨਾਨਕ ਰੋਡ ਮੋੜ ਨਵੀਂ ਦਾਣਾ ਮੰਡੀ ਬਟਾਲਾ, ਤਹਿ ਬਟਾਲਾ, ਜ਼ਿਲ੍ਹਾ ਗੁਰਦਾਸਪੁਰ। ਮੈਂ ਆਪਣੇ ਲੜਕੇ ਸੰਦੀਪ ਸਿੰਘ ਨੂੰ 11/06/2022 ਨੂੰ ਆਪਣੀ ਚਲ ਅੱਚਲ ਜ਼ਾਇਦਾਦ ਤੋਂ ਬੇਦਖਲ ਕੀਤਾ ਸੀ। ਪਰ ਹੁਣ ਮੇਰਾ ਲੜਕਾ ਮੇਰੇ ਕਹਿਣੇ ਅਨੁਸਾਰ ਹੈ ਅਤੇ ਮੇਰੀ ਪੂਰੀ ਤਰ੍ਹਾਂ ਸੇਵਾ ਸੰਭਾਲ ਕਰਦਾ ਹੈ। ਇਹ ਕੀ ਹੁਣ ਮੇਰਾ ਲੜਕਾ ਮੇਰੀ ਚਲ ਅੱਚਲ ਜ਼ਾਇਦਾਦ ਦਾ ਬਰਾਬਰ ਦਾ ਹਿੱਸੇਦਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ ਅਮਨਦੀਪ ਕੌਰ ਪਤਨੀ ਹਰਜੀਤ ਸਿੰਘ ਵਾਸੀ ਵਾਰਡ ਨੰਬਰ 6 ਮਾਤਾ ਗੁਜਰੀ ਸਕੂਲ ਰੈਸਟ ਹਾਊਸ ਕਲੋਨੀ ਮੋਰਿੰਡਾ ਜ਼ਿਲ੍ਹਾ ਰੂਪਨਗਰ ਬਿਆਨ ਕਰਦੀ ਹਾਂ ਕਿ ਮੇਰਾ ਪਤੀ ਹਰਜੀਤ ਸਿੰਘ ਗਲਤ ਸੰਗਤ ਵਿੱਚ ਪੈ ਗਿਆ ਕੋਈ ਕੰਮਕਾਜ ਨਹੀਂ ਕਰਦਾ ਉਹ ਮੇਰੇ ਅਤੇ ਬੱਚਿਆਂ ਤੋਂ ਅਲੱਗ ਰਹਿ ਰਿਹਾ ਹੈ । ਅੱਜ ਤੋਂ ਬਾਅਦ ਮੇਰੇ ਅਤੇ ਮੇਰੇ ਬੱਚਿਆਂ ਦਾ ਇਸ ਨਾਲ ਕੋਈ ਸੰਬਧ ਵਾ ਰਿਸ਼ਤਾ ਨਹੀਂ ਹੋਵੇਗਾ। ਅਗਰ ਮੇਰਾ ਪਤੀ ਹਰਜੀਤ ਸਿੰਘ ਕਿਸੇ ਨਾਲ ਕੋਈ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰਦਾ ਹੈ ਤਾਂ ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ। ਇਸ ਵਿੱਚ ਮੇਰੀ ਅਤੇ ਮੇਰੇ ਬੱਚਿਆਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਇਕ ਟਿਊਬਵੈੱਲ ਕੁਨੈਕਸ਼ਨ ਪੁਰਾਣਾ ਖਾਤਾ ਨੰ: ਡੀ-433, ਨਵਾਂ ਖਾਤਾ ਨੰ: ਏ-32 ਏ ਪੀ 290909ਏ, ਸਾਢੇ 7 ਹਾਰਸ ਪਾਵਰ, ਜੋ ਕਿ ਗੁਰਸੁਖਦੇਵ ਸਿੰਘ ਪੁੱਤਰ ਅਜੀਤ ਸਿੰਘ ਅਤੇ ਹਰਪਾਲ ਸਿੰਘ ਪੁੱਤਰ ਗੁਰਸੁਖਦੇਵ ਸਿੰਘ ਵਾਸੀਆਨ ਪਿੰਡ ਦਾਲਮ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ 'ਤੇ ਚੱਲ ਰਿਹਾ ਹੈ, ਨੂੰ ਗੁਰਮੁੱਖ ਸਿੰਘ ਪਲਵਿੰਦਰ ਸਿੰਘ ਪੁੱਤਰਾਨ ਮੇਜਰ ਸਿੰਘ ਵਾਸੀਆਨ ਪਿੰਡ ਮੋੜਾ, ਤਹਿਸੀਲ ਲੋਪੋਕੇ ਦੇ ਨਾਂਅ 'ਤੇ ਤਬਦੀਲ ਕਰਨ ਦੀ ਅਰਜ਼ੀ ਆਈ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 7 ਦਿਨਾਂ ਦੇ ਅੰਦਰ-ਅੰਦਰ ਪੀ ਐੱਸ ਪੀ ਸੀ ਐੱਲ ਉਪ-ਮੰਡਲ ਅਫਸਰ ਚੋਗਾਵਾਂ ਨੂੰ ਆਪਣਾ ਇਤਰਾਜ਼ ਪੇਸ਼ ਕਰਨ। ਬਾਅਦ ਵਿਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

## ਬੇਦਖਲੀ ਨੋਟਿਸ

ਮੈਂ, ਗੁਰਭੇਜ ਸਿੰਘ ਪੁੱਤਰ ਬਲਰਾਜ ਸਿੰਘ ਵਾਸੀ ਪਿੰਡ ਧੋਲਪੁਰ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਗੁਰਸਿਮਰਨ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖ਼ੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਦਰਸ਼ਨ ਕੌਰ ਪਤਨੀ ਪਾਲ ਸਿੰਘ ਅਤੇ ਰਾਜਵੰਤ ਕੌਰ ਪਤਨੀ ਪਾਲ ਸਿੰਘ ਵਾਸੀਆਨ ਪਿੰਡ ਖਾਨਕੇ ਫਤਿਹਗੜ੍ਹ, ਡਾਕ. ਮੁਸਤਫਾਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੁਖਜਿੰਦਰ ਸਿੰਘ ਅਤੇ ਉਸ ਦੀ ਪਤਨੀ ਕਿਰਨ ਕੌਰ ਅਤੇ ਦੂਜਾ ਪੁੱਤਰ ਮਨਜੀਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਰਾਮ ਸਿੰਘ ਪੁੱਤਰ ਹਰਦੀਪ ਸਿੰਘ ਵਾਸੀ ਪਿੰਡ ਪਾਹੜਾ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ, ਪੰਜਾਬ। ਮੇਰੀ ਲੜਕੀ ਅਨਮੋਲਦੀਪ ਕੌਰ, ਜੋ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਬੇਦਖਲੀ ਨੋਟਿਸ

ਮੈਂ, ਮੁਸਤਕ ਪੁੱਤਰ ਸ਼੍ਰੀ ਬੇਲੀ ਰਾਮ ਵਾਸੀ ਮਕਾਨ ਨੰਬਰ 311 ਵਾਰਡ ਨੰਬਰ 05 ਗੁਰੂ ਨਾਨਕ ਨਗਰ ਭੋਗਪੁਰ ਜਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਕੁਲਜਿੰਦਰ ਸਿੰਘ ਅਤੇ ਉਸਦੀ ਪਤਨੀ ਮੱਧੂ ਮੇਰੇ ਕਹਿਣੇਂ ਤੋਂ ਬਾਹਰ ਹੋਣ ਕਾਰਨ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤੀ ਹੈ। ਹੁਣ ਉਹਨਾਂ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸੰਬਧ ਨਹੀਂ ਹੈ। ਉਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਸੁਨੀਤਾ ਪਤਨੀ ਬਲਦੇਵ ਰਾਜ, ਵਾਸੀ ਕਟੜਾ ਬਾਜ਼ਾਰ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ, ਇਹ ਹੈ ਕਿ ਮੇਰਾ ਲੜਕਾ ਪੰਕਜ ਮੇਰੇ ਕਹਿਣੇ ਤੋਂ ਬਾਹਰ ਹੈ। ਨਸ਼ੇ, ਸ਼ਰਾਬ ਆਦਿ ਦਾ ਸੇਵਨ ਕਰਦਾ ਹੈ, ਸਾਡੀ ਦੇਖ-ਰੇਖ ਨਹੀਂ ਕਰਦਾ, ਨੂੰ ਆਪਣੀ ਕੁੱਲ ਚੱਲ ਅਤੇ ਅਚੱਲ ਜ਼ਮੀਨ-ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਹੀ ਜ਼ਿੰਮੇਵਾਰ ਹੋਵੇਗਾ।

ਮੈਂ, ਮੰਗਲ ਰਾਮ ਪੁੱਤਰ ਰਾਮ ਰੱਖਾ ਵਾਸੀ ਪਿੰਡ ਹੱਸਨ ਮੁੰਡਾ, ਡਾਕ. ਕਰਤਾਰਪੁਰ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਬਲਵਿੰਦਰ ਕੁਮਾਰ ਤੇ ਮੇਰੀ ਨੂੰਹ ਭਾਵਨਾ ਕੰਵਲ ਮੇਰੇ ਕਹਿਣੇ ਤੇ ਕੰਟਰੋਲ ਤੋਂ ਬਾਹਰ ਹਨ ਤੇ ਮੇਰੀ ਤੇ ਮੇਰੇ ਪਰਿਵਾਰ ਦੀ ਇੱਜ਼ਤ-ਮਾਣ ਨਹੀਂ ਕਰਦੇ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ, ਜੋ ਵੀ ਇਨ੍ਹਾਂ ਨਾਲ ਕਿਸੇ ਕਿਸਮ ਦਾ ਲੈਣ-ਦੇਣ ਜਾਂ ਸੰਬੰਧ ਰੱਖੇਗਾ, ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਇਸ ਵਿਚ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ। (11405)

ਮੈਂ, ਅਮਰਜੀਤ ਪੁੱਤਰ ਕੇਹਰੂ, ਵਾਸੀ ਪਿੰਡ ਪੰਡੋਰੀ ਮੁਸ਼ਾਰਕਤੀ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਕਾਮਨਾ ਮੇਰੇ ਕਹਿਣੇ ਵਿਚ ਨਹੀਂ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ।

ਮੈਂ, ਜਸਵਿੰਦਰ ਸਿੰਘ ਔਲਖ ਪੁੱਤਰ ਤੇਜਾ ਸਿੰਘ ਵਾਸੀ ਮਕਾਨ ਨੰ: 900, ਵਾਰਡ ਨੰ: 24, ਸ੍ਰੀ ਗੁਰੂ ਚੰਦਰ ਨਗਰ, ਮੋਗਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਤਲਵਿੰਦਰ ਸਿੰਘ ਔਲਖ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਮਨਜੀਤ ਕੌਰ ਪਤਨੀ ਰਾਜਿੰਦਰ ਸਿੰਘ ਪਿੰਡ ਕੋਰੇਵਾਲਾ ਕਲਾਂ, ਤਹਿਸੀਲ ਤੇ ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮਨਜਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀ ਰਾਕੇਸ਼ ਕੁਮਾਰ ਸਪੁੱਤਰ ਰਾਜਪਾਲ ਸਪੁੱਤਰ ਸ਼ੰਕਰ ਦਾਸ ਅਤੇ ਸੁਨੀਤਾ ਪਤਨੀ ਰਾਕੇਸ਼ ਕੁਮਾਰ ਸਪੁੱਤਰ ਰਾਜਪਾਲ ਵਾਸੀਆਨ ਸ਼ਾਸ਼ਤਰੀ ਨਗਰ, ਮਜੀਠਾ ਰੋਡ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਸਪੁੱਤਰ ਅਭਿਨਵ ਅਤੇ ਨੂੰਹ ਸੁਰਬੀ ਮਹਾਜਨ ਅਤੇ ਬੱਚਿਆਂ ਨੈਤਿਕ ਅਤੇ ਨਿਰਵਾਨ ਸਾਡੇ ਕਹਿਣੇ ਤੋ ਬਾਹਰ ਹਨ। ਅਸੀ ਉਹਨਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਉਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਕਰਮ ਚੰਦ ਪੁੱਤਰ ਗੁਰਦਿੱਤਾ ਰਾਮ ਵਾਸੀ ਪਿੰਡ ਸੜੀਆਂ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ, ਪੂਜਾ ਜਿਸ ਦੀ ਸ਼ਾਦੀ ਕਰੀਬ 4 ਸਾਲ ਪਹਿਲਾ ਗੁਰਪ੍ਰੀਤ ਸਿੰਘ ਪੁੱਤਰ ਹਰਭਜਨ ਲਾਲ, ਵਾਸੀ ਪਿੰਡ ਅਰਾਈਆਂ ਵਾਲਾ, ਤਹਿਸੀਲ ਜਲਾਲਾਬਾਦ ਨਾਲ ਹੋਈ ਸੀ। ਜੋ ਮੇਰੇ ਕਹਿਣੇ ਤੋਂ ਬਾਹਰ ਹੋ ਕੇ 21.01.2025 ਨੂੰ ਘਰੋ ਕਿਸੇ ਵਿਅਕਤੀ ਨਾਲ ਚਲੀ ਗਈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਬਲਵਿੰਦਰ ਸਿੰਘ ਪੁੱਤਰ ਛੋਟਾ ਸਿੰਘ ਵਾਸੀ ਪਿੰਡ ਧੱਲੇਕੇ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸਪਾਲ ਸਿੰਘ ਅਤੇ ਉਸ ਦੀ ਪਤਨੀ ਹਰਦੀਪ ਕੌਰ, ਜੋ ਸਾਡੇ ਨਾਲ ਲੜਾਈ-ਝਗੜਾ ਕਰਦੇ ਹਨ ਅਤੇ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਿਮਲਾ ਕੁਮਾਰੀ ਪਤਨੀ ਲੇਟ ਫਕੀਰ ਚੰਦ ਵਾਸੀ ਪਿੰਡ ਸ਼ੀਤਲਪੁਰ, ਡਾਕ. ਕਾਲਾ ਬੱਕਰਾ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਹਰਪ੍ਰੀਤ ਕੁਮਾਰ ਅਤੇ ਉਸ ਦੀ ਪਤਨੀ ਸਪਨਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਗੁਰਮੀਤ ਸਿੰਘ ਪੁੱਤਰ ਅਰਜਨ ਸਿੰਘ ਵਾਸੀ ਮਕਾਨ ਨੰ: ਬੀ. ਐੱਕਸ-8, ਕਿਸ਼ਨਪੁਰਾ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਵਿੰਦਰ ਸਿੰਘ ਵਾ ਉਸ ਦੀ ਪਤਨੀ ਹਰਪ੍ਰੀਤ ਕੌਰ ਅਤੇ ਉਨ੍ਹਾਂ ਦੀ ਬੇਟੀ ਕੀਰਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਕੁਲਵਿੰਦਰ ਕੌਰ ਪਤਨੀ ਗੁਰਮੀਤ ਸਿੰਘ ਵਾਸੀ ਮਕਾਨ ਨੰ: ਬੀ. ਐੱਕਸ-8, ਕਿਸ਼ਨਪੁਰਾ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਵਿੰਦਰ ਸਿੰਘ ਵਾ ਉਸ ਦੀ ਪਤਨੀ ਹਰਪ੍ਰੀਤ ਕੌਰ ਅਤੇ ਉਨ੍ਹਾਂ ਦੀ ਬੇਟੀ ਕੀਰਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ ਹਰਚਰਨ ਸਿੰਘ ਪੁੱਤਰ ਟਹਿਲ ਸਿੰਘ ਅਤੇ ਗੁਰਜੀਤ ਕੌਰ ਪਤਨੀ ਹਰਚਰਨ ਸਿੰਘ, ਵਾਸੀ ਪਾਲਮ ਵਿਹਾਰ ਕਲੋਨੀ, ਨਕੋਦਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਜਗਜੀਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜ਼ੀ ਕਰਦਾ ਹੈ। ਅਸੀਂ ਆਪਣੇ ਲੜਕੇ ਜਗਜੀਤ ਸਿੰਘ ਨੂੰ ਆਪਣੀ ਚੱਲ ਅਤੇ ਅਚੱਲ ਸੰਪਤੀ ਤੋਂ ਬੇਦਖਲ ਕਰਦੇ ਹਾਂ। ਹੁਣ ਜੋ ਕੋਈ ਵੀ ਇਸ ਨਾਲ ਲੈਣ-ਦੇਣ ਕਰੇਗਾ, ਉਹ ਖ਼ੁਦ ਜ਼ਿੰਮੇਵਾਰ ਹੋਵੇਗਾ।

ਮੈਂ, ਪ੍ਰੇਮ ਘਈ ਪੁੱਤਰ ਦੇਸ ਰਾਜ ਵਾਸੀ ਮਕਾਨ ਨੰਬਰ ਡਬਲਿਯੂ. ਐੱਕਸ 144, ਬਸਤੀ ਨੌ, ਸ਼ਾਹ ਕੁਲੀ ਮੁਹੱਲਾ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਡੋਲੀ, ਜੋ ਮੇਰੇ ਪੁੱਛੇ ਬਗੈਰ ਘਰ ਛੱਡ ਕੇ ਚਲੀ ਗਈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਜਸਵਿੰਦਰ ਪਤਨੀ ਲੇਟ ਸਵਰਨ ਲਾਲ ਵਾਸੀ ਗਲੀ ਨੰਬਰ 3, ਨਜ਼ਦੀਕ ਸੈਨਿਕ ਪੈਲੇਸ, ਪ੍ਰੇਮ ਨਗਰ, ਬਾਉਲੀ ਸਾਹਿਬ ਰੋਡ, ਕੋਟ ਖਾਲਸਾ, ਅੰਮ੍ਰਿਤਸਰ ਦੀ ਵਸਨੀਕ ਹਾਂ। ਮੇਰੀ ਸ਼ਾਦੀਸ਼ੁਦਾ ਲੜਕੀ ਜੋਤੀ ਆਪਣੀ ਮਨਮਰਜ਼ੀ ਕਰਦੀ ਹੈ, ਪਰਵਾਰ ਦੇ ਮੈਂਬਰਾਂ ਦੇ ਨਾਲ ਅਕਸਰ ਲੜਦੀ-ਝਗੜਦੀ ਹੈ, ਜੋ ਮੇਰੇ ਪਰਵਾਰ ਦੇ ਮੈਂਬਰਾਂ ਦੇ ਕਹਿਣੇ-ਸੁਣਨੇ ਤੋਂ ਬਾਹਰ ਹੈ। ਜਿਸ ਲਈ ਮੈਂ ਆਪਣੀ ਲੜਕੀ ਜੋਤੀ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਦੇ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਆਸ਼ਾ ਪਤਨੀ ਪ੍ਰਵੇਸ਼ ਕੁਮਾਰ ਵਾਸੀ ਮਕਾਨ ਨੰ: ਜੇਡ ਬੀ3/165, ਈਸਾ ਨਗਰਾ ਬੈਕ ਸਾਈਡ ਆਰ.ਡੀ ਖੋਸਲਾ ਸਕੂਲ, ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਜਵਾਈ ਰੋਹਿਤ ਮੈਸੀ ਪੁੱਤਰ ਅਨਵਰ ਮੈਸੀ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਦਵਿੰਦਰ ਸਿੰਘ ਪੁੱਤਰ ਸ੍ਰੀ ਜੀਤ ਸਿੰਘ ਵਾਸੀ ਪਿੰਡ ਰਾਮਪੁਰ, ਡਾਕ: ਰਾਮਪੁਰ ਬਿਲੜੋਂ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰੀ ਪੁੱਤਰੀ ਅਮਨਪ੍ਰੀਤ ਕੌਰ (ਹਾਲ ਵਾਸੀ ਮੋਇਲਾ ਵਾਹਿਦਪੁਰ, ਤਹਿਸੀਲ ਗੜ੍ਹਸ਼ੰਕਰ) ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਵਾ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ ਇੰਦਰਜੀਤ ਸਿੰਘ ਪੁੱਤਰ ਹਰਬੰਸ ਸਿੰਘ ਵਾ ਜਸਵੀਰ ਕੌਰ ਪਤਨੀ ਇੰਦਰਜੀਤ ਸਿੰਘ ਵਾਸੀਆਨ ਪਿੰਡ ਗੰਭੋਵਾਲ, ਡਾਕਖਾਨਾ ਖੁੱਡਾ, ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਸੂਚਿਤ ਕਰਦੇ ਹਾਂ ਕਿ ਸਾਡਾ ਪੁੱਤਰ ਦਵਿੰਦਰ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਚਰਨਜੀਤ ਕੌਰ ਪਤਨੀ ਦਰਸ਼ਨ ਸਿੰਘ ਵਾਸੀ ਪਿੰਡ ਕਾਹਲਵਾਂ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਿਜੈਪਾਲ ਸਿੰਘ ਅਤੇ ਉਸਦੀ ਪਤਨੀ ਮਨਦੀਪ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਵੋਟਰ ਸੂਚੀਆਂ ਤਿਆਰ ਕਰਨ ਲਈ ਪ੍ਰੋਗਰਾਮ ਜਾਰੀ



ਡੇਰਾ ਬਾਬਾ ਨਾਨਕ, ਗੁਰਦਾਸਪੁਰ (ਰਮੇਸ਼ ਸ਼ਰਮਾ/ਜਨਕ ਮਹਾਜਨ)-ਮਾਣਯੋਗ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਸੂਬੇ ਵਿੱਚ ਨਗਰ ਨਿਗਮ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਆਮ ਚੋਣਾਂ-2025 ਕਰਵਾਉਣ ਲਈ ਯੋਗਤਾ ਮਿਤੀ 01 ਜਨਵਰੀ 2025 ਦੇ ਅਧਾਰ 'ਤੇ ਵੋਟਰ ਸੂਚੀਆਂ ਤਿਆਰ ਕਰਨ ਲਈ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣਕਾਰ ਅਫ਼ਸਰ, ਗੁਰਦਾਸਪੁਰ ਗੁਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਡਰਾਫਟ ਵੋਟਰ ਸੂਚੀਆਂ (ਯੋਗਤਾ ਮਿਤੀ 01 ਜਨਵਰੀ 2025 ਦੇ ਆਧਾਰ ਤੇ) ਮਿਤੀ 20 ਜਨਵਰੀ 2025 ਤੋਂ 24 ਜਨਵਰੀ 2025 ਤੱਕ ਤਿਆਰ ਕੀਤੀਆਂ ਜਾਣਗੀਆਂ। ਇਸ ਤੋਂ ਬਾਅਦ 25 ਜਨਵਰੀ 2025 ਨੂੰ ਡਰਾਫਟ ਵੋਟਰ ਸੂਚੀਆਂ ਦੀ ਪ੍ਰਕਾਸ਼ਨਾ ਕੀਤੀ ਜਾਵੇਗੀ ਅਤੇ 27 ਜਨਵਰੀ ਤੋਂ 3 ਫਰਵਰੀ 2025 ਤੱਕ ਵੋਟਰ ਸੂਚੀਆਂ ਸਬੰਧੀ ਦਾਅਵੇ ਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ।ਉਨ੍ਹਾਂ ਦੱਸਿਆ ਕਿ 11 ਫਰਵਰੀ 2025 ਤੱਕ ਦਾਅਵੇ ਤੇ ਇਤਰਾਜ਼ਾਂ ਨੂੰ ਦੂਰ ਕੀਤਾ ਜਾਵੇਗਾ ਅਤੇ ਇਸ ਉਪਰੰਤ 14 ਫਰਵਰੀ 2025 ਨੂੰ ਵੋਟਰ ਸੂਚੀਆਂ ਦੀ ਫਾਈਨਲ ਪ੍ਰਕਾਸ਼ਨਾ ਕੀਤੀ ਜਾਵੇਗੀ।ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੇ ਕਿਹਾ ਕਿ ਉਕਤ ਪ੍ਰੋਗਰਾਮ ਅਨੁਸਾਰ ਨਵੀਆਂ ਵੋਟਾਂ ਬਣਾਉਣ, ਕਟਾਉਣ ਜਾਂ ਕਿਸੇ ਕਿਸਮ ਦੀ ਸੋਧ ਲਈ ਫਾਰਮ ਨੰਬਰ 7, 8 ਅਤੇ 9 ਭਰੇ ਜਾਣਗੇ ਅਤੇ ਇਹ ਫਾਰਮ ਸੰਬੰਧਿਤ ਨਗਰ ਨਿਗਮ, ਨਗਰ ਕੌਂਸਲ, ਸੰਬੰਧਿਤ ਉਪ ਮੰਡਲ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਜਾਂ ਰਾਜ ਚੋਣ ਕਮਿਸ਼ਨ ਦੀ ਵੈੱਬਸਾਈਟ ਤੋਂ ਵੀ ਡਾਊਨਲੋਡ ਕੀਤੇ ਜਾ ਸਕਦੇ ਹਨ।ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਜ਼ਿਲ੍ਹੇ ਵਿੱਚ ਨਗਰ ਕੌਂਸਲ ਡੇਰਾ ਬਾਬਾ ਨਾਨਕ ਦੀ ਆਮ ਚੋਣ-2025 ਕਰਵਾਈ ਜਾਣੀ ਹੈ।

# ਪੱਤਰਕਾਰ ਹਰਵਿੰਦਰ ਭਾਟੀਆ ਨੂੰ ਸਦਮਾ, ਮਾਤਾ ਦਾ ਦਿਹਾਂਤ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਹਲਕਾ ਖੇਮਕਰਨ ਤੋਂ ਸੀਨੀਅਰ ਪੱਤਰਕਾਰ ਹਰਵਿੰਦਰ ਸਿੰਘ ਭਾਟੀਆ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਮਾਤਾ ਬਲਵੰਤ ਕੌਰ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ।



ਉਹ 71 ਸਾਲਾਂ ਦੇ ਸਨ ਤੇ ਕਾਫ਼ੀ ਸਮੇਂ ਤੋਂ ਬੀਮਾਰ ਚੱਲ ਰਹੇ ਸਨ।ਉਨ੍ਹਾਂ ਦਾ ਅੰਤਿਮ ਸੰਸਕਾਰ ਅੱਜ 12 ਵਜੇ ਖਾਲੜਾ ਦੇ ਸ਼ਮਸ਼ਾਨ ਘਾਟ ਵਿੱਚ ਕੀਤਾ ਜਾਵੇਗਾ।ਇਸ ਮੌਕੇ ਹਲਕੇ ਦੀਆਂ ਸਮੂਹ ਰਾਜਨੀਤਿਕ, ਧਾਰਮਿਕ, ਸਮਾਜ ਸੇਵੀ ਜਥੇਬੰਦੀਆਂ ਤੇ ਪੱਤਰਕਾਰ ਭਾਈਚਾਰੇ ਵੱਲੋਂ ਹਰਵਿੰਦਰ ਭਾਟੀਆ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ।

## ਬੇਦਖਲੀ ਨੋਟਿਸ

ਮੈਂ, ਪਰਮਜੀਤ ਕੌਰ ਪਤਨੀ ਲੇਟ ਦੇਸ ਰਾਜ ਵਾਸੀ ਮਕਾਨ ਨੰ. B-II-364, ਮੁਹੱਲਾ ਚੁਗਿੱਟੀ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਲਖਵਿੰਦਰ ਕੁਮਾਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## Public Notice

I Mohinder Pal s/o Jawand Lal R/O 32, Near Kali Mata Mandir , Sodal Saipur Road Jalandhar have two my names Mohinder Pal and Mohinder Pal Sharma therefore Mohinder Pal and Mohinder Pal Sharma is one and the same person Please note all concerned

## DEBAR NOTICE

I, Harmanpreet Singh Son of Sh. Karnail Singh resident of Village Ghumiara, Post Office Kartarpur, Tehsil and District Jalandhar as attorney of Karnail Singh son of Late Sh. Gurdev Singh (father of the deponent) at present resident of 12599, 66B Avenue, Surrey, B.C. V3W IV8, Canada, declare that the daughter of Karnail Singh namely Simranjit Kaur is out of the control of her parents. That said Simranjit Kaur ran away from her house and got married with someone without the consent of their parents.That said Karnail Singh through his attorney i.e. through present deponent disinherited said Simranjit Kaur from his movable and immovable properties. Said Simranjit Kaur has no right, interest in the movable and immovable properties of said Karnail Singh. Said Karnail Singh and his family has no concern in future with said Simranjit Kaur and is not responsible in any way of her acts.

## PUBLIC NOTICE

We, Raksha widow, Ravi Kamal, Rajeshwar Kumar and Pooja Sons and daughter of Late Shri Raj Kumar R/o H.No. 173, Gali No. 4, Kaki Pind, P.O. Dakoha, Rama Mandi, Jalandhar Stated that we all the aforesaid four persons are the legal heirs of the deceased Raj Kumar son of Shanti Ram. Our husband/father Late Raj Kumar was owner in possession of the property bearing H.No. 173, Gali No. 4, Kaki Pind, P.O. Dakoha, Rama Mandi, Jalandhar who died on 09.09.2022 at H.No. 173, Gali No. 4, Kaki Pind, P.O. Dakoha, Rama Mandi, Jalandhar. There is no any other legal heirs of deceased Raj Kumar except us. If any other legal heir come forwarded and raise objection with respect to the legal heir within seven days from the date of publication of this notice, he can present his claim.

## ਗਣਤੰਤਰ ਦਿਵਸ ਸੰਬੰਧੀ ਪੂਰੇ ਰਾਜ 'ਚ ਵਿਸ਼ੇਸ਼ ਪ੍ਰਬੰਧ : ਜਤਿੰਦਰ ਜੈਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਗਣਤੰਤਰ ਦਿਵਸ ਨੂੰ ਲੈ ਕੇ ਪੰਜਾਬ ਪੁਲਸ ਵੱਲੋਂ ਪੂਰੇ ਰਾਜ ਵਿੱਚ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ।ਪੁਲਸ ਵੱਲੋਂ ਵੀ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ।ਇਸੇ ਲੜੀ ਦੇ ਤਹਿਤ ਜਤਿੰਦਰ ਜੈਨ ਸਪੈਸ਼ਲ ਡੀ.ਜੀ.ਪੀ. ਪੰਜਾਬ (ਵਿਜੀਲੈਂਸ ਅਤੇ ਸਕਿਊਰਿਟੀ) ਵੱਲੋਂ ਮੋਗਾ ਜ਼ਿਲ੍ਹੇ ਅੰਦਰ ਗਣਤੰਤਰ ਦਿਵਸ ਦੀਆਂ ਤਿਆਰੀਆਂ ਅਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਗਣਤੰਤਰ ਦਿਵਸ ਸੰਬੰਧੀ ਕੀਤੇ ਜਾਣ ਵਾਲੇ ਸੁਰੱਖਿਆ ਪ੍ਰਬੰਧਾਂ ਸੰਬੰਧੀ ਜਤਿੰਦਰ ਜੈਨ ਵੱਲੋਂ ਮੋਗਾ ਪੁਲਸ ਦੇ ਸਮੂਹ ਗਜ਼ਟਿਡ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵਿਸ਼ੇਸ਼ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ।ਇਸ ਤੋਂ ਬਾਅਦ ਸਪੈਸ਼ਲ ਡੀ.ਜੀ.ਪੀ. ਪੰਜਾਬ ਵੱਲੋਂ ਅਨਾਜ ਮੰਡੀ ਮੋਗਾ ਵਿੱਚ ਬਣਾਏ ਗਏ ਪਰੇਡ ਗਰਾਊਂਡ ਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਐਸ.ਐਸ.ਪੀ. ਮੋਗਾ ਅਜੈ ਗਾਂਧੀ ਨੇ ਦੱਸਿਆ ਕਿ ਗਣਤੰਤਰ ਦਿਵਸ ਨੂੰ ਮੱਦੇਨਜ਼ਰ ਵਿਸ਼ੇਸ਼ ਮੁਹਿੰਮਾਂ ਚਲਾਈਆਂ ਗਈਆਂ ਹਨ।

## ਇੰਡੀਅਨ ਟੈਲੇਂਟ ਓਲੰਪੀਆਡ 'ਚ ਬਾਲ ਵਾਟਿਕਾ ਪਬਲਿਕ ਸਕੂਲ ਦਾ ਵਧੀਆ ਪ੍ਰਦਰਸ਼ਨ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਸਿਰਸਾ ਮਾਨਸਾ ਰੋਡ ਸਥਿਤ ਬਾਲ ਵਾਟਿਕਾ ਪਬਲਿਕ ਸਕੂਲ ਟਿੱਬੀ ਹਰੀ ਸਿੰਘ ਸਰਦੂਲਗੜ੍ਹ ਵਿਖੇ ਇੰਡੀਅਨ ਟੈਲੇਂਟ ਓਲੰਪੀਆਡ ਦੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਕਰਾਈਆਂ ਗਈਆਂ। ਸੰਸਥਾ ਵੱਲੋਂ ਸਕੂਲ ਵਿਦਿਆਰਥੀਆਂ ਲਈ ਪ੍ਰੀਖਿਆਵਾਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਪ੍ਰੀਖਿਆਵਾਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਪਹਿਲੇ ਰਾਊਂਡ ਦੇ ਮੁਕਾਬਲੇ ਵਿੱਚ 100 ਅੰਕ ਦੇ ਪ੍ਰਤੀ ਸਬਜੈਕਟ 'ਤੇ ਪ੍ਰੀਖਿਆ ਆਯੋਜਿਤ ਕੀਤੀ ਗਈ, ਜਿਸ ਵਿੱਚ ਪਵਿੱਤ ਸੇਠੀਆ ਮੈਥ 'ਚ 92% ਲੈ ਕੇ ਪਾਸ ਹੋਇਆ, ਦਿਲਪ੍ਰੀਤ ਸਿੰਘ ਜਮਾਤ ਛੇਵੀਂ 68, ਅਸਮੀਤ ਸਿੰਘ ਜਮਾਤ ਛੇਵੀਂ 80, ਪਰਵ ਛੇਵੀਂ ਕਲਾਸ 74 ਸੁਖਮਣੀ ਕੌਰ ਜਮਾਤ ਅੱਠਵੀਂ 70, ਵੰਸ਼ ਵਰਗ ਜਮਾਤ ਨੌਵੀਂ 66, ਡਿੰਪਲ ਰਾਣੀ ਜਮਾਤ ਨੌਵੀਂ 70, ਨਲਿਨ ਗਰਗ ਨੌਵੀਂ 67 ਤੇ ਬੁਪੇਸ਼ ਕੁਮਾਰ ਨੇ ਨੌਵੀਂ 90 ਅੰਕ ਪ੍ਰਾਪਤ ਕੀਤੇ ਕ੍ਰਮਵਾਰ ਆਪਣੀ ਆਪਣੀ ਜਮਾਤ 'ਚ ਟੌਪ ਕੀਤਾ। ਮੁਕਾਬਲੇ 'ਚ ਅੱਗੇ ਰਹਿਣ ਵਾਲੇ ਵਿਦਿਆਰਥੀਆਂ ਦੀ ਆਰਥਿਕ ਮੱਦਦ ਕੀਤੀ ਜਾਵੇਗੀ।

## ਡਾ. ਸ਼ਾਮ ਲਾਲ ਥਾਪਰ ਨਰਸਿੰਗ ਕਾਲਜ 'ਚ ਲੋਹੜੀ ਮਨਾਈ




**ਮੋਗਾ (ਇਕਬਾਲ ਸਿੰਘ ਖਹਿਰਾ)**-ਡਾ ਸ਼ਾਮ ਲਾਲ ਥਾਪਰ ਨਰਸਿੰਗ ਕਾਲਜ ਵਿੱਚ ਆਪਸੀ ਪ੍ਰੇਮ ਤੇ ਭਾਈਚਾਰੇ ਦੀ ਖਿੱਚ ਨੂੰ ਇਕੱਠ ਰੂਪ ਵਿੱਚ ਦਰਸਾਉਂਦਾ ਹੋਇਆ ਲੋਹੜੀ ਦਾ ਪਵਿੱਤਰ ਤਿਉਹਾਰ ਮਨਾਇਆ ਗਿਆ।ਇਸ ਦੀ ਵਿਸ਼ੇਸ਼ਤਾ ਇਹ ਸੀ ਕਿ ਇਸ ਵਿੱਚ ਹਿੰਦੂ, ਮੁਸਲਿਮ, ਸਿੱਖ, ਇਸਾਈ, ਪੰਜਾਬੀ ਤੇ ਬਿਹਾਰੀ ਅਤੇ ਜੰਮੂ ਕਸ਼ਮੀਰ ਆਦਿ ਦੇ ਵਿਦਿਆਰਥੀ ਬੜੇ ਚਾਅ ਨਾਲ ਸ਼ਾਮਲ ਹੋਏ ਸਨ ਤੇ ਇੱਕ ਦੂਜੇ ਨੂੰ ਮੁਬਾਰਕਾਂ ਦਿੱਤੀਆਂ।ਇਸ ਮੌਕੇ ਕਾਲਜ ਦੇ ਡਾਇਰੈਕਟਰ ਡਾ. ਪਵਨ ਥਾਪਰ ਤੇ ਕਾਲਜ ਦੇ ਚੈਅਰਪਰਸਨ ਅਤੇ ਸਾਬਕਾ ਮੰਤਰੀ, ਪੰਜਾਬ ਡਾ. ਮਾਲਤੀ ਥਾਪਰ, ਕਾਲਜ ਦੇ ਪ੍ਰਿੰਸੀਪਲ ਮੈਡਮ ਸੁਨੀਤਾ ਜੋਸਫ ਤੇ ਸਮੂਹ ਸਟਾਫ ਸ਼ਾਮਲ ਹੋਏ।ਇਸ ਮੌਕੇ ਡਾ. ਮਾਲਤੀ ਥਾਪਰ ਸਾਬਕਾ ਮੰਤਰੀ ਪੰਜਾਬ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਦੇ ਅਜੋਕੇ ਦੌਰ ਅੰਦਰ ਲੋਹੜੀ ਦਾ ਮਤਲਬ ਲੋਕਾਂ ਨੇ ਬਦਲ ਕੇ ਹੀ ਰੱਖ ਦਿੱਤਾ ਹੈ, ਜਿੱਥੇ ਪਹਿਲਾਂ ਪੁੱਤਰਾਂ ਦੀ ਲੋਹੜੀ ਮਨਾਈ ਜਾਂਦੀ ਸੀ, ਉੱਥੇ ਹੁਣ ਧੀਆਂ ਦੀ ਲੋਹੜੀ ਵੀ ਮਨਾਉਣੀ ਸ਼ੁਰੂ ਕੀਤੀ ਗਈ ਹੈ।ਇਸ ਦਾ ਸਹਿਰਾ ਸਾਡੀ ਪੰਜਾਬ ਸਰਕਾਰ ਨੂੰ ਜਾਂਦਾ ਹੈ, ਜਿਸ ਨੇ ਮੁੰਡਿਆਂ ਤੇ ਕੁੜੀਆਂ ਨੂੰ ਬਰਾਬਰ ਦੇ ਹੱਕ ਦਿੱਤੇ ਹਨ।ਕਾਲਜ ਦੇ ਡਾਇਰੈਕਟਰ ਡਾ. ਪਵਨ ਥਾਪਰ ਨੇ ਖਾਸ ਮੌਕੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਲੋਹੜੀ ਅਤੇ ਮਾਘੀ ਦੀਆਂ ਵਧਾਈਆਂ ਦਿੰਦੇ ਹੋਏ ਕਿਹਾ ਕਿ ਸਮਾਜ ਦੇ ਅੰਦਰ ਆਪਸੀ ਭਾਈਚਾਰਾ ਤੇ ਪ੍ਰੇਮ ਸਭ ਧਰਮਾਂ ਤੋਂ ਉੱਪਰ ਹੈ ਅਤੇ ਸਾਂਝੀਵਾਲਤਾ ਸਾਡੀ ਸਭ ਦੀ ਤਾਕਤ ਹੈ।

## ਅਵਾਰਾ ਘੁੰਮਦੇ ਪਸ਼ੂਆਂ ਦੇ ਗਲਾਂ 'ਚ ਰਿਫਲੈਕਟਰ ਪਾਏ



**ਸੁਨਾਮ/ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਚੱਲ ਰਹੇ ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਦੌਰਾਨ ਟਰੈਫਿਕ ਪੁਲਸ ਸੁਨਾਮ ਅਤੇ ਲਾਇਨ ਕਲੱਬ ਸੁਨਾਮ ਵੱਲੋਂ ਸੜਕ ਹਾਦਸਿਆਂ ਨੂੰ ਘਟਾਉਣ ਲਈ ਇੱਕ ਮੁਹਿੰਮ ਸ਼ੁਰੂ ਕੀਤੀ ਗਈ, ਜਿਸ ਵਿੱਚ ਅਵਾਰਾ ਘੁੰਮਦੇ ਪਸ਼ੂਆਂ ਦੇ ਗਲਾਂ ਵਿੱਚ ਰਿਫਲੈਕਟਰ ਪਾਉਣ ਦਾ ਕੰਮ ਸ਼ੁਰੂ ਕੀਤਾ ਗਿਆ। ਹੁਣ ਤੱਕ 50 ਤੋਂ ਵੱਧ ਪਸ਼ੂਆਂ ਦੇ ਗਲਾਂ 'ਚ ਰਿਫਲੈਕਟਰ ਪਾ ਚੁੱਕੇ ਹਨ ਅਤੇ ਇਹ ਰਿਫਲੈਕਟਰ ਪਾਉਣ ਦਾ ਕੰਮ ਲਗਾਤਾਰ ਜਾਰੀ ਹੈ। ਟਰੈਫਿਕ ਇੰਚਾਰਜ ਸੁਨਾਮ ਨਿਰਭੈ ਸਿੰਘ ਨੇ ਕਿਹਾ ਕਿ ਜਿੱਥੇ ਕਿ ਟਰੈਫਿਕ ਪੁਲਸ ਸਮਾਜ ਵਿਰੋਧੀ ਅੰਸਰਾਂ ਨਾਲ ਸਖਤੀ ਨਾਲ ਨਿਪਟ ਰਹੀ ਹੈ, ਟਰੈਫਿਕ ਨਿਯਮਾਂ ਦੇ ਕਾਨੂੰਨ ਤੋੜਨ ਵਾਲਿਆਂ ਦੇ ਚਲਾਨ ਕਰ ਰਹੀ ਹੈ, ਉੱਥੇ ਹਮੇਸ਼ਾ ਹੀ ਸੜਕ ਸੁਰੱਖਿਆ ਲਈ ਕੰਮ ਕਰਦੇ ਰਹਿੰਦੇ ਹਾਂ। ਲਾਇਨ ਕਲੱਬ ਸੁਨਾਮ ਦੇ ਪ੍ਰਧਾਨ ਰਮਨ ਗਰਗ ਨੇ ਕਿਹਾ ਕਿ ਇਹ ਸਾਡਾ ਉਪਰਾਲਾ ਲਗਾਤਾਰ ਜਾਰੀ ਹੈ। ਜਿੰਨਾ ਵੀ ਇਸ ਇਸ ਪ੍ਰੋਜੈਕਟ 'ਤੇ ਖਰਚਾ ਆਵੇਗਾ, ਲਾਇਨ ਕਲੱਬ ਸੁਨਾਮ ਕਰਨ ਦਾ ਵਚਨਬੱਧ ਹੈ ਸਾਡੀ ਕੋਸ਼ਿਸ਼ ਰਹੇਗੀ ਕਿ ਸ਼ਹਿਰ ਦੇ ਹਰ ਇੱਕ ਅਵਾਰਾ ਪਸ਼ੂ ਦੇ ਗਲੇ ਵਿੱਚ ਰਿਫਲੈਕਟਰ ਪੈ ਸਕੇ। ਟਰੈਫਿਕ ਮਾਰਸ਼ਲ ਟੀਮ ਦੇ ਇੰਚਾਰਜ ਪੰਕਜ ਅਰੋੜਾ ਨੇ ਕਿਹਾ ਕਿ ਅਵਾਰਾ ਪਸ਼ੂਆਂ ਦੇ ਰਿਫਲੈਕਟਰ ਨਾਲ ਰਾਤ ਸਮੇਂ ਆਉਂਦੇ ਵਾਹਨ ਚਾਲਕਾਂ ਨੂੰ ਰੋਸ਼ਨੀ ਨਾਲ ਇਨ੍ਹਾਂ ਦਾ ਆਸਾਨੀ ਨਾਲ ਪਤਾ ਲੱਗ ਸਕਦਾ ਹੈ। ਇਸ ਮੌਕੇ ਉਹਨਾਂ ਤੋਂ ਇਲਾਵਾ ਸੁਸ਼ੀਲ ਗੋਇਲ, ਦਿਨੇਸ਼ ਕੁਮਾਰ, ਭੂਸ਼ਣ ਕਾਂਸਲ, ਰੋਡ ਸੇਫਟੀ ਮੈਂਬਰ ਸੁਖਦੇਵ ਸਿੰਘ, ਭਾਰਤ ਗਰਗ, ਏ ਐਸ ਆਈ ਰਣਜੀਤ ਸਿੰਘ ਅਤੇ ਹੋਰ ਮੈਂਬਰ ਹਾਜ਼ਰ ਸਨ।

## ਪੰਜਾਬ 'ਚ ਅਮਨ-ਕਾਨੂੰਨ ਦੀ ਸਥਿਤੀ ਤਰਸਯੋਗ : ਦੌਲਤਪੁਰ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਅਤੇ ਹਲਕਾ ਧੂਰੀ ਤੋਂ ਪਾਰਟੀ ਦੇ ਪ੍ਰਮੁੱਖ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਪੰਜਾਬ ਦੀ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਵਿੱਚ 50 ਦਿਨਾਂ ਵਿੱਚ 10 ਤੋਂ ਵੱਧ ਗ੍ਰਨੇਡ ਹਮਲੇ ਹੋਏ ਜੋ ਪਹਿਲਾਂ ਕਦੇ ਨਹੀਂ ਹੋਏ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨੇ ਗੱਡੀ ਦਾ ਸਟੇਅਰਿੰਗ ਗਲਤ ਹੱਥਾਂ ਵਿਚ ਦੇ ਦਿੱਤਾ ਹੈ ਜੋ ਸਾਨੂੰ ਖਾਈ ਵਿੱਚ ਸੁੱਟ ਰਿਹਾ ਹੈ। ਉਨ੍ਹਾਂ ਕਿਹਾ ਕਿ 20-25 ਸਾਲਾਂ ਵਿੱਚ ਪੰਜਾਬ ਵਿੱਚ ਕੀਤੇ ਸਾਰੇ ਚੰਗੇ ਕੰਮਾਂ ਨੂੰ ਆਮ ਆਦਮੀ ਪਾਰਟੀ ਨੇ ਪੂਰੀ ਤਰ੍ਹਾਂ ਬਰਬਾਦ ਕਰ ਦਿੱਤਾ। ਸ਼ੁਰੂ ਤੋਂ ਹੀ ਆਮ ਆਦਮੀ ਪਾਰਟੀ ਅਮਨ-ਕਾਨੂੰਨ ਦੀ ਸਥਿਤੀ ਨੂੰ ਸੰਭਾਲਣ ਵਿੱਚ ਕਾਮਯਾਬ ਨਹੀਂ ਹੋਈ, ਪਹਿਲਾਂ ਮਸ਼ਹੂਰ ਗਾਇਕ ਸਿੱਧੂ ਮੂਸੇਵਾਲਾ ਦੀ ਸੁਰੱਖਿਆ ਵਾਪਸ ਲੈ ਕੇ ਇਸ ਦਾ ਪ੍ਰਚਾਰ ਕੀਤਾ ਜਿਸ ਕਾਰਨ ਉਸ ਦੀ ਮੌਤ ਹੋ ਗਈ। ਉਨ੍ਹਾਂ ਨੂੰ ਮਾਰਨ ਵਾਲੇ ਲਾਰੈਂਸ ਬਿਸ਼ਨੋਈ ਜੇਲ੍ਹ ਵਿਚ ਹੋਣ ਦੇ ਬਾਵਜੂਦ ਕਾਰੋਬਾਰੀਆਂ ਨੂੰ ਖੁੱਲ੍ਹੇਆਮ ਧਮਕੀਆਂ ਦੇ ਕੇ ਫਿਰੌਤੀਆਂ ਮੰਗ ਰਿਹਾ ਹੈ ਅਤੇ ਉਸ ਦੀ ਦੋ ਟੀ ਵੀ ਚੈਨਲਾਂ 'ਤੇ ਇੰਟਰਵਿਊ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਹਰ ਰੋਜ਼ ਗੈਂਗਸਟਰ ਪੰਜਾਬੀਆਂ ਨੂੰ ਧਮਕੀਆਂ ਅਤੇ ਗੋਲੀਆਂ ਚਲਾ ਰਹੇ ਹਨ, ਇਥੋਂ ਤੱਕ ਕਿ ਹੁਣ ਗ੍ਰਨੇਡਾਂ ਅਤੇ ਬੰਬਾਂ ਨਾਲ ਥਾਣਿਆਂ 'ਤੇ ਵੀ ਹਮਲੇ ਸ਼ੁਰੂ ਹੋ ਗਏ ਜਦੋਂ ਕਿ ਸਰਕਾਰ ਨੇ ਭੇਦਭਰੀ ਚੁਪ ਧਾਰੀ ਹੋਈ ਹੈ, ਜਿਸ ਕਾਰਨ ਕੋਈ ਵੀ ਕਾਰੋਬਾਰੀ ਪੰਜਾਬ ਵਿਚ ਆਪਣਾ ਕਾਰੋਬਾਰ ਕਰਨ ਲਈ ਤਿਆਰ ਨਹੀਂ। ਉਨ੍ਹਾਂ ਕਿਹਾ ਕਿ ਅਮਿਤ ਸ਼ਾਹ ਦੀ ਡਾ. ਅੰਬੇਡਕਰ ਪ੍ਰਤੀ ਭੱਦੀ ਸ਼ਬਦਾਵਲੀ ਭਾਜਪਾ ਦੀ ਸਮਾਜ ਦੇ ਗਰੀਬ ਵਰਗਾਂ ਅਤੇ ਪਛੜੇ ਲੋਕਾਂ ਪ੍ਰਤੀ ਮਾੜੀ ਨੀਤੀ ਦਾ ਸਬੂਤ ਹੈ। ਉਨ੍ਹਾਂ ਭਾਜਪਾ ਦੇ ਇਸ ਰਵੱਈਏ ਦਾ ਤਿੱਖਾ ਵਿਰੋਧ ਕਰਦਿਆਂ ਮੰਗ ਕੀਤੀ ਕਿ ਅਮਿਤ ਸ਼ਾਹ ਆਪਣਾ ਬਿਆਨ ਤੁਰੰਤ ਵਾਪਸ ਲੈਣ ਅਤੇ ਜਨਤਾ ਤੋਂ ਮੁਆਫ਼ੀ ਮੰਗਣ।

## 3 ਨਵੇਂ ਟਿਊਬਵੈੱਲ ਦੇ ਕੰਮਾਂ ਦੀ ਸ਼ੁਰੂਆਤ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਚੇਤਨ ਸਿੰਘ ਜੌੜਾਮਾਜਰਾ ਵੱਲੋਂ ਅੱਜ ਸਮਾਣਾ ਵਿੱਚ 3 ਨਵੇਂ ਟਿਊਬਵੈੱਲ ਦੇ ਕੰਮਾਂ ਦਾ ਉਦਘਾਟਨ ਕੀਤਾ ਗਿਆ। ਨਗਰ ਕੌਂਸਲ ਸਮਾਣਾ ਵੱਲੋਂ ਸ਼ਹਿਰ ਵਿੱਚ ਪਾਣੀ ਦੀ ਸਪਲਾਈ ਨੂੰ ਸਹੀ ਬਣਾਉਣ ਲਈ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਸਹਿਯੋਗ ਨਾਲ ਇਹ ਪ੍ਰਾਜੈਕਟ ਸ਼ੁਰੂ ਕੀਤਾ ਗਿਆ ਹੈ।ਇਹ ਤਿੰਨ ਨਵੇਂ ਟਿਊਬਵੈੱਲ ਜੱਟਾਂ ਪੱਤੀ, ਗੁਗਾ ਮਾੜੀ ਨੇੜੇ ਅਤੇ ਸੇਖੋਂ ਕਲੋਨੀ ਵਿੱਚ ਲਗਾਏ ਜਾਣਗੇ। ਪ੍ਰਾਜੈਕਟ ਦੀ ਕੁੱਲ ਲਾਗਤ 86 ਲੱਖ ਰੁਪਏ ਹੈ। ਇਸ ਮੌਕੇ ਜੌੜਾਮਾਜਰਾ ਨੇ ਕਿਹਾ ਕਿ ਇਹ ਟਿਊਬਵੈੱਲ ਸ਼ਹਿਰ ਵਿੱਚ ਪਾਣੀ ਦੀ ਸਪਲਾਈ ਦੀ ਮੁਸ਼ਕਲ ਨੂੰ ਦੂਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ।ਇਹ ਪ੍ਰਾਜੈਕਟ ਸਮਾਣਾ ਸ਼ਹਿਰ ਵਿੱਚ ਪਾਣੀ ਸਪਲਾਈ ਦੇ ਮੁੱਦੇ ਨੂੰ ਹੱਲ ਕਰਨ ਵੱਲ ਇੱਕ ਅਹਿਮ ਕਦਮ ਹੈ।

## ਧੂਰੀ ਦੇ ਸਰਪੰਚ ਤੇ ਪਾਰਟੀਆਂ ਦੇ ਆਗੂ ਮੁੱਖ ਮੰਤਰੀ ਨੂੰ ਮਿਲਣ ਲਈ ਤਰਸੇ


**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਹਲਕਾ ਧੂਰੀ 'ਚੋਂ ਨਵੇਂ ਜਿੱਤੇ ਸਰਪੰਚਾਂ ਤੋਂ ਇਲਾਵਾ ਕਈ ਪਾਰਟੀਆਂ ਦੇ ਆਗੂ ਤੇ ਵਰਕਰ ਮੁੱਖ ਮੰਤਰੀ ਭਗਵੰਤ ਮਾਨ ਨੂੰ ਮਿਲਣ ਲਈ ਤਰਸ ਗਏ ਹਨ। ਅੱਜ ਮੁੱਖ ਮੰਤਰੀ ਕੈਂਪ ਦਫ਼ਤਰ ਧੂਰੀ ਵਿੱਚ ਪੁੱਜੇ ਸਰਪੰਚਾਂ ਵੱਲੋਂ ਹੋਰ ਮੰਗਾਂ ਦੇ ਨਾਲ-ਨਾਲ ਸੀ ਐੱਮ ਨਾਲ ਮੁਲਾਕਾਤ ਦੀ ਰੱਖੀ ਗਈ ਮੰਗ ਦੇ ਮੱਦੇਨਜ਼ਰ ਓ ਐੱਸ ਡੀ ਮੁੱਖ ਮੰਤਰੀ ਵੱਲੋਂ 22 ਜਨਵਰੀ ਦੀ ਮੀਟਿੰਗ ਦਾ ਸਮਾਂ ਦਿੱਤਾ ਗਿਆ ਹੈ। ਜਾਣਕਾਰੀ ਅਨੁਸਾਰ ਰੰਗਲਾ ਸੰਘਰਸ਼ ਕਮੇਟੀ ਦੇ ਪ੍ਰਧਾਨ ਤੇ ਸਰਪੰਚ ਹਰਜੀਤ ਸਿੰਘ ਬੁਗਰਾ, ਬਲਾਕ ਪੰਚਾਇਤ ਯੂਨੀਅਨ ਦੇ ਪ੍ਰਧਾਨ ਜਗਜੀਤ ਸਿੰਘ ਜੱਗਾ ਭੋਜੋਵਾਲੀ ਅਤੇ ਸਰਪੰਚ ਭਗਵਾਨ ਸਿੰਘ ਭਲਵਾਨ ਸਮੇਤ ਕਈ ਸਰਪੰਚਾਂ ਦੇ ਵਫ਼ਦ ਨੇ ਅੱਜ ਮੁੱਖ ਮੰਤਰੀ ਦਫ਼ਤਰ ਧੂਰੀ ਪਹੁੰਚ ਕੇ ਦਫ਼ਤਰੀ ਅਮਲੇ ਕੋਲ ਗਿਲਾ ਜਤਾਇਆ ਕਿ ਹੱਕੀ ਮੰਗਾਂ ਲਈ ਸੰਘਰਸ਼ ਦੇ ਰਾਹ ਪਏ ਸਰਪੰਚਾਂ ਦੀ ਗੱਲ ਸੁਣਨ ਦੀ ਥਾਂ ਬੀ ਡੀ ਪੀ ਓ ਦਫ਼ਤਰ ਦੇ ਅਧਿਕਾਰੀ/ਮੁਲਾਜ਼ਮ ਉਲਟਾ ਅੱਖਾਂ ਦਿਖਾ ਰਹੇ ਹਨ। ਉਨ੍ਹਾਂ ਦੱਸਿਆ ਕਿ ਆਪਣੇ ਹਲਕੇ ਦੇ ਨੁਮਾਇੰਦੇ ਹੋਣ ਦੇ ਨਾਤੇ ਆਪਣੀਆਂ ਪੰਚਾਇਤਾਂ ਮੁੱਖ ਮੰਤਰੀ ਨੂੰ ਸਿੱਧੇ ਤੌਰ 'ਤੇ ਮਿਲ ਕੇ ਆਪਣਾ ਦੁੱਖ ਦੱਸਣਾ ਚਾਹੁੰਦੀਆਂ ਹਨ ਪਰ ਹੁਣ ਮੁੱਖ ਮੰਤਰੀ ਤੋਂ ਪਹਿਲਾਂ ਦੇ ਦੌਰਾਨ ਓ ਐੱਸ ਡੀ ਰਾਜਵੀਰ ਸਿੰਘ ਵੱਲੋਂ ਪੰਚਾਇਤਾਂ ਨਾਲ ਮੀਟਿੰਗ ਲਈ 22 ਜਨਵਰੀ ਦਾ ਸਮਾਂ ਤੈਅ ਕੀਤਾ ਗਿਆ ਹੈ ਜਦੋਂ ਕਿ ਇਸੇ ਦਿਨ ਪੰਚਾਇਤ ਅਧਿਕਾਰੀਆਂ ਨੇ ਵੀ ਸਰਪੰਚਾਂ ਦੀ ਮੀਟਿੰਗ ਸੱਦੀ ਹੈ। ਮੁੱਖ ਮੰਤਰੀ ਦੇ ਹਲਕੇ ਨਾਲ ਸਬੰਧਤ ਸਰਪੰਚਾਂ ਤੇ ਬੀ ਡੀ ਪੀ ਓ ਦਫ਼ਤਰ ਧੂਰੀ ਦਰਮਿਆਨ ਚੱਲ ਰਹੀ ਤਲਖੀ ਖਤਮ ਕਰਨ ਲਈ ਏ ਡੀ ਸੀ ਸੰਗਰੂਰ ਨੇ ਬੀ ਡੀ ਪੀ ਓ ਦਫ਼ਤਰ ਦੇ ਅਮਲੇ ਤੇ ਸਰਪੰਚਾਂ ਦੀ ਸਾਂਝੀ ਮੀਟਿੰਗ ਦਾ ਸਮਾਂ ਵੀ 22 ਜਨਵਰੀ ਦਾ ਰੱਖਿਆ ਹੈ। ਏ ਡੀ ਸੀ (ਵਿਕਾਸ) ਸੁਖਚੈਨ ਸਿੰਘ ਨੇ ਸੰਪਰਕ ਕਰਨ 'ਤੇ ਉਕਤ ਮੀਟਿੰਗ ਦੀ ਪੁਸ਼ਟੀ ਕੀਤੀ ਹੈ।

## ਦਰਜਾ ਚਾਰ ਮੁਲਾਜ਼ਮਾਂ ਦੀਆਂ ਪ੍ਰਮੋਸ਼ਨਾਂ ਬਿਨਾਂ ਸ਼ਰਤ ਕੀਤੀਆਂ ਜਾਣ : ਸਿੱਧੂ/ਮੈਣੀ



**ਜ਼ੀਰਾ (ਨਰਿੰਦਰ ਅਨੇਜਾ)**
ਡਰੇਨਜ ਵਿਭਾਗ ਪੰਜਾਬ ਦੇ ਮੁਲਾਜ਼ਮਾਂ ਦੀਆਂ ਪ੍ਰਮੋਸ਼ਨਾਂ ਬਿਨਾਂ ਸ਼ਰਤ ਤੁਰੰਤ ਕੀਤੀਆਂ ਜਾਣ ਤਾਂ ਜੁ ਸੇਵਾਮੁਕਤੀ 'ਤੇ ਬੈਠੇ ਮੁਲਾਜ਼ਮ ਵੀ ਪ੍ਰਮੋਸ਼ਨਾਂ ਦਾ ਲਾਭ ਲੈ ਸਕਣ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਗੁਰਦੇਵ ਸਿੰਘ ਸਿੱਧੂ ਜ਼ਿਲ੍ਹਾ ਪ੍ਰਧਾਨ ਤੇ ਸੁਖਦੇਵ ਸਿੰਘ ਮੈਣੀ ਜ਼ਿਲ੍ਹਾ ਜਨਰਲ ਸਕੱਤਰ ਦੀ ਡਰਜ਼ਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਫਿਰੋਜ਼ਪੁਰ ਨੇ ਗੁਰਦੁਆਰਾ ਸ੍ਰੀ ਸਾਰਾਗੜ੍ਹੀ ਸਾਹਿਬ ਫਿਰੋਜ਼ਪੁਰ ਵਿਖੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਡਰੇਨਜ ਵਿਭਾਗ ਵਿੱਚ ਦਰਜਾ ਚਾਰ ਦੀਆਂ ਪਦਉਨਤੀਆਂ ਮੇਟ ਤੇ ਵਰਕ ਮਿਸਤਰੀ ਦੀਆਂ ਖਾਲੀ ਪੋਸਟ ਉਪਰ ਸਨਿਊਰਟੀ ਮੁਤਾਬਕ ਬਣਦੀ ਪਦਉਨਤੀ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਦਰਜਾ ਚਾਰ ਮੁਲਾਜ਼ਮਾਂ ਦੀ ਭਰਤੀ ਮੌਕੇ ਪਦਉਂਨਤੀ ਲਈ ਕੋਈ ਵਿੱਦਿਅਕ ਯੋਗਤਾ ਨਹੀਂ ਰੱਖੀ ਗਈ ਸੀ, ਪਰ ਹੁਣ ਦਸਵੀਂ ਪਾਸ ਦੀ ਸਰਤ ਰੱਖਣ ਕਰਕੇ ਸੇਵਾ ਮੁਕਤੀ ਤੇ ਬੈਠੇ ਦਰਜਾ ਚਾਰ ਮੁਲਾਜ਼ਮ ਇਨ੍ਹਾਂ ਸ਼ਰਤਾਂ ਨੂੰ ਪੂਰਾ ਨਹੀਂ ਕਰਦੇ, ਜਿਸ ਕਰਕੇ ਉਹ ਕੇਵਲ ਦਰਜਾ ਚਾਰ ਹੀ ਸੇਵਾਮੁਕਤ ਹੋ ਜਾਣਗੇ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਾਸੋਂ ਮੰਗ ਕੀਤੀ ਕਿ ਦਰਜਾ ਚਾਰ ਮੁਲਾਜ਼ਮਾਂ ਉੱਪਰ ਜੋ 2004 ਤੋਂ ਪਹਿਲਾਂ ਦੇ ਭਰਤੀ ਹਨ, ਦੀਆਂ ਪ੍ਰਮੋਸ਼ਨਾਂ ਉੱਪਰ ਲਾਈ ਗਈ ਦਸਵੀਂ ਦੀ ਸ਼ਰਤ ਹਟਾਈ ਜਾਵੇ ਤੇ ਸਭ ਡਵੀਜ਼ਨ ਪੱਧਰ 'ਤੇ ਮੇਟ ਅਤੇ ਵਰਕ ਮਿਸਤਰੀ ਦੀਆਂ ਪੋਸਟਾਂ ਨੂੰ ਖਤਮ ਕੀਤਾ ਜਾ ਰਿਹਾ ਹੈ, ਨੂੰ ਰੋਕਿਆ ਜਾਵੇ ਤੇ ਹਰ ਸਬ ਡਵੀਜ਼ਨ ਪੱਧਰ ਤੇ ਮੇਟ ਅਤੇ ਵਰਕ ਮਿਸਤਰੀ ਦੀਆਂ ਪੋਸਟਾਂ ਮੁੜ ਸੁਰਜੀਤ ਕਰਕੇ ਦਰਜਾ ਚਾਰ ਤੇ ਬੇਲਦਾਰਾਂ ਨੂੰ ਪਦ ਉੱਨਤ ਕੀਤਾ ਜਾਵੇ।ਦਰਜਾ ਚਾਰ ਕਰਮਚਾਰੀਆਂ ਦੇ ਮੈਡੀਕਲ ਬਿਲ ਜੋ ਪੈਂਡਿੰਗ ਪਏ ਹਨ, ਬਿਨਾਂ ਦੇਰੀ ਪਾਸ ਕੀਤੇ ਦਿੱਤੇ ਜਾਣ, ਬੇਲਦਾਰਾਂ ਦੀ ਘਾਟ ਨੂੰ ਰੈਗੂਲਰ ਭਰਤੀ ਕਰਕੇ ਪੂਰਾ ਕੀਤਾ ਜਾਵੇ, ਦਰਜਾ ਚਾਰ ਦੀ ਮੌਤ ਹੋ ਜਾਣ 'ਤੇ ਤਰਸ ਦੇ ਅਧਾਰ ਤੇ ਪੈਂਡਿੰਗ ਕੇਸਾਂ ਦਾ ਨਿਪਟਾਰਾ ਤੁਰੰਤ ਕਰਕੇ ਪਰਵਾਰਕ ਮੈਂਬਰਾਂ ਨੂੰ ਨੌਕਰੀ ਤੇ ਪੈਨਸ਼ਨ ਦਿੱਤੀ ਜਾਵੇ, ਦਰਜਾ ਚਾਰ ਮੁਲਾਜ਼ਮਾਂ ਦੀਆਂ ਤਰੱਕੀਆਂ, ਬਦਲੀਆਂ, ਜੀਪੀਐਫ਼, ਮੈਡੀਕਲ ਬਿੱਲ ਆਦਿ ਡਵੀਜ਼ਨ ਪੱਧਰ ਤੇ ਪਾਸ ਕਰਨ ਦੇ ਅਧਿਕਾਰ ਦਿੱਤੇ ਜਾਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਹੇਠ ਡਵੀਜ਼ਨ ਪੱਧਰ ਤੇ ਮੰਗ ਪੱਤਰ ਦਿੱਤੇ ਜਾਣਗੇ।

## ਦਲਜੀਤ ਦੋਸਾਂਝ ਦੀ ਫਿਲਮ 'ਪੰਜਾਬ 95' ਰਿਲੀਜ ਨਾ ਹੋਣ ਦੇਣਾ ਨਿੰਦਣਯੋਗ : ਕਾਲੀ




ਦੋਰਾਹਾ (ਹਰਮਿੰਦਰ ਸੇਠ)-ਉੱਘੇ ਮਨੁੱਖੀ ਕਾਰਕੁੰਨ ਜਸਵੰਤ ਸਿੰਘ ਖਾਲੜਾ ਦੇ ਨਾਂ 'ਤੇ 'ਪੰਜਾਬ 95' ਬਣੀ ਫਿਲਮ ਨੂੰ ਭਾਰਤ ਵਿੱਚ ਚੱਲਣ 'ਤੇ ਰੋਕ ਲਗਾ ਦਿੱਤੀ ਗਈ ਹੈ। ਇਸ ਤੋਂ ਸਪੱਸ਼ਟ ਹੈ ਕਿ ਅੱਜ ਵੀ ਭਾਰਤ ਵਿੱਚ ਸਿੱਖਾਂ ਨੂੰ ਦੂਜੇ ਦਰਜੇ ਦਾ ਜਾਂ ਗੁਲਾਮਾਂ ਦੀ ਤਰ੍ਹਾਂ ਸਮਝਿਆ ਜਾਂਦਾ ਹੈ ਤਾਂ ਹੀ ਇਹੋ ਜਿਹੀ ਫਿਲਮ ਪੰਜਾਬ ਅਤੇ ਭਾਰਤ ਵਿੱਚ ਰਿਲੀਜ਼ ਨਹੀਂ ਹੋਣ ਦਿੱਤੀ ਗਈ ਤਾਂ ਜੋ ਭਾਰਤੀ ਸਟੇਟ ਅਤੇ ਤੱਤਕਾਲੀਨ ਕਾਂਗਰਸ ਦਾ ਨੰਗਾ ਚਿੱਠਾ ਲੋਕਾਂ ਦੇ ਸਾਹਮਣੇ ਨਾ ਆ ਜਾਵੇ। ਇਹਨਾਂ ਗੱਲਾਂ ਦਾ ਪ੍ਰਗਟਾਵਾ ਉਘੇ ਸਮਾਜ ਸੇਵੀ ਗੁਰਦੀਪ ਸਿੰਘ ਕਾਲੀ ਨੇ ਕੀਤਾ। ਉਹਨਾਂ ਨੇ ਅੱਗੇ ਕਿਹਾ ਕਿ ਆਰ ਐਸ ਐਸ ਭਾਰਤ ਨੂੰ ਹਿੰਦੂ ਰਾਸ਼ਟਰ ਬਣਾਉਣਾ ਚਾਹੁੰਦੀ ਹੈ। ਉਹ ਹੋਰ ਕਿਸੇ ਵੀ ਧਰਮ ਨੂੰ ਇਸ ਭਾਰਤ ਦੇਸ਼ ਵਿੱਚ ਬਰਦਾਸ਼ਤ ਨਹੀਂ ਕਰ ਸਕਦੀ। ਆਰ ਐਸ ਐਸ ਦੁਆਰਾ ਆਪਣੇ ਰਾਜਨੀਤਿਕ ਵਿੰਗ ਕਾਂਗਰਸ, ਭਾਜਪਾ, ਝਾੜੂ ਅਤੇ ਅਕਾਲੀ ਦਲ ਵੱਲੋਂ ਸਿੱਖਾਂ ਸਮੇਤ ਵੱਖ-ਵੱਖ ਧਰਮਾਂ ਨੂੰ ਖਤਮ ਕਰਨ ਲਈ ਉਹਨਾਂ ਦਾ ਸਮੇਂ ਸਮੇਂ 'ਤੇ ਇਹਨਾਂ ਦਾ ਇਸਤੇਮਾਲ ਕੀਤਾ ਜਾਂਦਾ ਹੈ, 1984 ਵਿੱਚ ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ ਪੰਜਾਬ ਦੇ ਸਿੱਖਾਂ ਨੂੰ ਕੋਹ ਕੋਹ ਕੇ ਮਾਰਿਆ। ਭਾਰਤ ਸਮੇਤ ਪੰਜਾਬ ਦਾ ਸੱਚ ਲੋਕਾਂ ਸਾਹਮਣੇ ਨਾ ਆ ਜਾਵੇ, ਇਸੇ ਕਰਕੇ ਇਸ ਫਿਲਮ ਨੂੰ ਭਾਰਤ ਵਿੱਚ ਰਿਲੀਜ਼ ਨਹੀਂ ਹੋਣ ਦਿਤਾ ਜਾ ਰਿਹਾ, ਜੋ ਭਾਰਤ ਸਰਕਾਰ ਦਾ ਬਹੁਤ ਹੀ ਘਟੀਆ ਅਤੇ ਨਿੰਦਣਯੋਗ ਕਦਮ ਹੈ।

## ਡਾ. ਪ੍ਰਤੀਕ ਵਾਟਸ ਫਾਜ਼ਿਲਕਾ ਮੈਡੀਕਲ ਅਫ਼ਸਰ ਨਿਯੁਕਤ

**ਫਾਜ਼ਿਲਕਾ ( ਨਿਸ਼ਾ ਸ਼ਰਮਾ)** ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਘਰ ਦੇ ਨੇੜੇ ਉਪਲੱਬਧ ਕਰਵਾਉਣ ਲਈ ਵਚਨਬੱਧ ਹੈ।ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਆਯੂਸ਼ਮਾਨ ਆਰੋਗਿਆ ਕੇਂਦਰ ਸਥਾਪਿਤ ਕੀਤੇ ਗਏ ਹਨ। ਜਿਸ ਵਿੱਚ ਵੱਖ ਵੱਖ ਸਿਹਤ ਸਹੂਲਤਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ।ਇਨ੍ਹਾਂ ਕਲੀਨਿਕਾਂ ਵਿੱਚ ਇੱਕ ਡਾਕਟਰ, ਫਾਰਮੇਸੀ ਅਫ਼ਸਰ, ਕਲੀਨੀਕਲ ਅਸਿਸਟੈਂਟ ਅਤੇ ਹੋਰ ਸਹਾਇਕ ਸਟਾਫ਼ ਕੰਮ ਕਰ ਰਹੇ ਹਨ।ਡਾ ਲਹਿੰਬਰ ਰਾਮ ਸਿਵਲ ਸਰਜਨ ਫਾਜ਼ਿਲਕਾ ਦੇ ਹੁਕਮਾਂ ਅਨੁਸਾਰ ਆਯੂਸ਼ਮਾਨ ਆਰੋਗਿਆ ਕੇਂਦਰ ਜੰਡਵਾਲਾ ਭੀਮੇਸ਼ਾਹ ਵਿੱਚ ਮੈਡੀਕਲ ਅਫ਼ਸਰ ਦੀ ਖਾਲੀ ਪਈ ਆਸਾਮੀ ਲਈ ਡਾ. ਪ੍ਰਤੀਕ ਵਾਟਸ ਨੂੰ ਨਿਯੁਕਤੀ ਪੱਤਰ ਦਿੱਤਾ।ਇਸ ਦੌਰਾਨ ਐੱਸ ਐਮ ਓ ਅਬੋਹਰ ਡਾ. ਨੀਰਜਾ ਗੁਪਤਾ, ਡਾ. ਐਰਿਕ, ਡਾ. ਨਵੀਨ ਮਿੱਤਲ, ਡਾਕਟਰ ਵਿਕਾਸ ਗਾਂਧੀ, ਡਾ. ਖੋਸਾ, ਰਾਜੇਸ਼ ਕੁਮਾਰ, ਮਾਸ ਮੀਡੀਆ ਅਫਸਰ ਵਿਨੋਦ ਕੁਮਾਰ, ਦਿਵੇਸ਼ ਕੁਮਾਰ, ਹਰਮੀਤ ਸਿੰਘ ਤੇ ਆਕਾਸ਼ ਕੁਮਾਰ ਹਾਜ਼ਰ ਸਨ।ਉਨ੍ਹਾਂ ਦੱਸਿਆ ਕਿ ਜਿਲ੍ਹਾ ਫਾਜ਼ਿਲਕਾ ਵਿੱਚ ਆਯੂਸ਼ਮਾਨ ਆਰੋਗਿਆ ਕੇਂਦਰ ਲੋਕਾਂ ਲਈ ਵਰਦਾਨ ਸਿੱਧ ਹੋ ਰਹੇ ਹਨ ਅਤੇ ਲੋਕ ਇਨ੍ਹਾਂ ਕਲੀਨਿਕਾਂ ਵਿੱਚ ਵਿਸ਼ਵਾਸ ਰੱਖ ਕੇ ਇਲਾਜ ਕਰਵਾ ਰਹੇ ਹਨ। ਜ਼ਿਲ੍ਹਾ ਫਾਜ਼ਿਲਕਾ ਵਿਚ ਚੱਲ ਰਹੇ 26 ਆਯੂਸ਼ਮਾਨ ਆਰੋਗਿਆ ਕੇਂਦਰ ਵਿੱਚੋਂ ਦਸੰਬਰ 2024 ਤੱਕ 812182 ਮਰੀਜਾਂ ਨੇ ਚੈੱਕਅੱਪ ਕਰਵਾਇਆ ਹੈ ਅਤੇ ਮੁਫਤ ਦਵਾਈਆਂ ਪ੍ਰਾਪਤ ਕੀਤੀਆਂ ਹਨ ਅਤੇ 150699 ਮਰੀਜਾਂ ਦੇ ਲੈਬ ਟੈਸਟ ਵੀ ਮੁਫਤ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਆਯੂਸ਼ਮਾਨ ਆਰੋਗਿਆ ਕੇਂਦਰ ਵਿੱਚ ਮੌਕੇ ਤੇ ਹੀ ਮਰੀਜਾਂ ਦਾ ਚੈੱਕਅੱਪ ਕਰਕੇ ਲੋੜੀਦੀਆਂ ਦਵਾਈਆਂ ਮੁਫਤ ਦਿੱਤੀਆਂ ਜਾ ਰਹੀਆਂ ਹਨ।ਆਯੂਸ਼ਮਾਨ ਆਰੋਗਿਆ ਕੇਂਦਰ ਵਿਚ 38 ਤਰ੍ਹਾਂ ਦੇ ਲੈਬ ਟੈਸਟ ਮੁਫਤ ਕੀਤੇ ਜਾ ਰਹੇ ਹਨ ਅਤੇ 90 ਤਰ੍ਹਾਂ ਦੀਆਂ ਦਵਾਈਆਂ ਮੁਫਤ ਦਿੱਤੀਆਂ ਜਾ ਰਹੀਆਂ ਹਨ ਅਤੇ ਮਰੀਜਾਂ ਦਾ ਆਨਲਾਇਨ ਰਿਕਾਰਡ ਰੱਖਿਆ ਜਾ ਰਿਹਾ ਹੈ, ਜਿਸ ਨਾਲ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਨਹੀਂ ਕਰਨਾ ਪੈਂਦਾ। ਉਨ੍ਹਾਂ ਲੋਕਾਂ ਨੂੰ ਆਯੂਸ਼ਮਾਨ ਆਰੋਗਿਆ ਕੇਂਦਰ ਵਿਚ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਅਪੀਲ ਕੀਤੀ।

## ਫਿਰੋਜ਼ਪੁਰ ਚੈਂਬਰ ਆਫ਼ ਕਾਮਰਸ ਵੱਲੋਂ ਯੰਗ ਅਚੀਵਰਜ਼ ਐਵਾਰਡ 2025 ਦਾ ਸਫਲਤਾਪੂਰਵਕ ਆਯੋਜਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਨੌਜਵਾਨਾਂ ਨੂੰ ਅੱਗੇ ਵਧਣ ਲਈ ਉਤਸ਼ਾਹਤ ਕਰਨ ਅਤੇ ਉਨ੍ਹਾਂ ਨੂੰ ਇੱਕ ਪਲੇਟਫਾਰਮ ਦੇਣ ਦੇ ਉਦੇਸ਼ ਨਾਲ ਫਿਰੋਜ਼ਪੁਰ ਚੈਂਬਰ ਆਫ਼ ਕਾਮਰਸ ਨੇ ਫਿਰੋਜ਼ਪੁਰ ਯੰਗ ਅਚੀਵਰਜ਼ ਐਵਾਰਡ 2025 ਦਾ ਆਯੋਜਨ ਕੀਤਾ, ਜਿਸ ਵਿੱਚ ਸਰਕਾਰੀ ਅਤੇ ਗੈਰ-ਸਰਕਾਰੀ ਸਕੂਲਾਂ ਦੇ ਵੱਖ-ਵੱਖ ਵਰਗਾਂ ਦੇ ਵਿਦਿਆਰਥੀ ਪੁਰਸਕਾਰ ਪ੍ਰਾਪਤ ਕਰਨ ਲਈ ਪਹੁੰਚੇ। ਡੀ ਸੀ ਐੱਮ ਇੰਟਰਨੈਸ਼ਨਲ ਸਕੂਲ ਦੇ ਬਾਜਵਾ ਆਡੀਟੋਰੀਅਮ ਵਿੱਚ ਆਯੋਜਿਤ ਇਸ ਸ਼ਾਨਦਾਰ ਸਮਾਗਮ ਵਿੱਚ ਉਪ-ਮੰਡਲ ਅਧਿਕਾਰੀ ਦਿਵਿਆ ਪੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦਕਿ ਫੌਜ ਦੇ ਅਧਿਕਾਰੀ ਸੀ ਐੱਸ ਸ਼ਰਮਾ, ਅਰਵਿੰਦਨ, ਜ਼ਿਲ੍ਹਾ ਖੇਡ ਅਧਿਕਾਰੀ ਰੁਪਿੰਦਰ ਸਿੰਘ ਬਰਾੜ, ਸੀਮਾ ਸੁਰੱਖਿਆ ਬਲ ਦੇ ਅਧਿਕਾਰੀ ਮਦਨ ਮੌਜੂਦ ਸਨ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਫਿਰੋਜ਼ਪੁਰ ਚੈਂਬਰ ਆਫ਼ ਕਾਮਰਸ ਦੇ ਚੇਅਰਮੈਨ ਡਾ. ਅਨਿਰੁਧ ਗੁਪਤਾ ਨੇ ਕੀਤੀ। ਪ੍ਰਿੰਸੀਪਲ ਅਨੁਰਾਧਾ ਚੰਦੇਲ ਨੇ ਸਾਰਿਆਂ ਦਾ ਸਵਾਗਤ ਕੀਤਾ। ਚੇਅਰਮੈਨ ਡਾ. ਅਨਿਰੁਧ ਗੁਪਤਾ ਨੇ ਸਾਰਿਆਂ ਨੂੰ ਪੁਰਸਕਾਰ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਅਜਿਹੇ ਪੁਰਸਕਾਰ ਪ੍ਰੋਗਰਾਮਾਂ ਦਾ ਆਯੋਜਨ ਕਰਕੇ, ਫਿਰੋਜ਼ਪੁਰ ਚੈਂਬਰ ਆਫ਼ ਕਾਮਰਸ ਨੌਜਵਾਨਾਂ ਨੂੰ ਇੱਕ ਨਵਾਂ ਪਲੇਟਫਾਰਮ ਪ੍ਰਦਾਨ ਕਰ ਰਿਹਾ ਹੈ।

ਮੁੱਖ ਮਹਿਮਾਨ ਐੱਸ ਡੀ ਐੱਮ ਦਿਵਿਆ ਪੀ ਨੇ ਇਸ ਸਮਾਗਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹਾ ਪੁਰਸਕਾਰ ਸਮਾਰੋਹ ਆਯੋਜਿਤ ਕਰਨਾ ਸਮੇਂ ਦੀ ਬਹੁਤ ਵੱਡੀ ਲੋੜ ਹੈ।

ਡਿਪਟੀ ਡੀ ਈ ਓ ਡਾ. ਸਤਿੰਦਰ ਸਿੰਘ ਨੇ ਕਿਹਾ ਕਿ ਫਿਰੋਜ਼ਪੁਰ ਯੰਗ ਅਚੀਵਰਜ਼ ਐਵਾਰਡ ਦੇ ਆਯੋਜਨ ਨਾਲ ਪ੍ਰਾਈਵੇਟ ਸਕੂਲਾਂ ਦੇ ਨਾਲ-ਨਾਲ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਵੱਡਾ ਹੁਲਾਰਾ ਮਿਲੇਗਾ। ਇਹ ਪੁਰਸਕਾਰ 10, 12, 14, 18 ਸਾਲ ਤੋਂ ਘੱਟ ਉਮਰ ਦੇ ਵਿਦਿਆਰਥੀਆਂ ਨੂੰ ਸਪੋਰਟਸ ਚੈਂਪੀਅਨ, ਅਕਾਦਮਿਕ ਉੱਤਮਤਾ, ਸੰਗੀਤ ਤੇ ਡਾਂਸ, ਰਚਨਾਤਮਕ ਕਲਾ, ਕਮਿਊਨਿਟੀ ਹੀਰੋਜ਼, ਤਕਨਾਲੋਜੀ ਤੇ ਨਵੀਨਤਾ ਵਰਗਾਂ ਵਿੱਚ ਦਿੱਤੇ ਗਏ। ਅਕਾਦਮਿਕ ਅਤੇ ਖੇਡ ਸ਼੍ਰੇਣੀ ਵਿੱਚ ਸਭ ਤੋਂ ਵੱਧ ਅਰਜ਼ੀਆਂ ਪ੍ਰਾਪਤ ਹੋਈਆਂ ਅਤੇ ਜਿਊਰੀ ਮੈਂਬਰਾਂ ਦੁਆਰਾ ਸਭ ਤੋਂ ਵਧੀਆ ਵਿਦਿਆਰਥੀਆਂ ਦੀ ਚੋਣ ਕੀਤੀ ਗਈ ਅਤੇ ਉਨ੍ਹਾਂ ਨੂੰ ਪੁਰਸਕਾਰਾਂ ਲਈ ਸਨਮਾਨਤ ਕੀਤਾ ਗਿਆ ਜਦੋਂ ਕਿ ਬਾਕੀ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨ ਲਈ ਸਰਟੀਫਿਕੇਟ ਦਿੱਤੇ ਗਏ।ਇਸ ਪੁਰਸਕਾਰ ਸਮਾਰੋਹ ਵਿੱਚ ਫਿਰੋਜ਼ਪੁਰ ਚੈਂਬਰ ਆਫ਼ ਕਾਮਰਸ ਤੋਂ ਇਲਾਵਾ ਭਾਰਤ ਵਿਕਾਸ ਪ੍ਰੀਸ਼ਦ, ਕਬੀਰਾ ਫਾਊਂਡੇਸ਼ਨ ਅਤੇ ਮਯੰਕ ਫਾਊਂਡੇਸ਼ਨ ਨੇ ਯੋਗਦਾਨ ਪਾਇਆ। ਇਸ ਪੁਰਸਕਾਰ ਲਈ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਅਤੇ ਗੈਰ-ਸਰਕਾਰੀ ਸਕੂਲਾਂ ਦੇ 500 ਤੋਂ ਵੱਧ ਵਿਦਿਆਰਥੀਆਂ ਨੇ ਅਰਜ਼ੀਆਂ ਦਿੱਤੀਆਂ ਸਨ। ਇਸ ਪੁਰਸਕਾਰ ਵਿੱਚ ਰੈੱਡ ਕਰਾਸ ਦੇ ਸਕੱਤਰ ਅਸ਼ੋਕ ਬਹਿਲ, ਡਿਪਟੀ ਡੀ ਈ ਓ ਸੈਕੰਡਰੀ ਡਾ. ਸਤਿੰਦਰ ਸਿੰਘ, ਐਸ ਬੀ ਐਸ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਗਜ਼ਲਪ੍ਰੀਤ ਸਿੰਘ ਅਨਰੇਜਾ, ਡਾ. ਨੀਤੂ ਕੱਕੜ ਅਤੇ ਨਰਿੰਦਰਜੀਤ ਕੌਰ ਨੇ ਜਿਊਰੀ ਮੈਂਬਰਾਂ ਦੀ ਭੂਮਿਕਾ ਨਿਭਾਈ।

## ਸਿਰ 'ਤੇ ਕੇਸਰੀ ਪੱਗ ਬੰਨ੍ਹ ਖਿੱਚ ਦਾ ਕੇਂਦਰ ਬਣੀ ਇਹ ਪੰਜਾਬੀ ਅਦਾਕਾਰਾ, ਪ੍ਰਸ਼ੰਸਕਾਂ ਨੇ ਕੀਤੀ ਤਾਰੀਫ਼, ਬੋਲੇ-ਵੱਖਰਾ ਰੂਪ...



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਹਾਲ ਹੀ ਵਿੱਚ ਅਦਾਕਾਰਾ ਗੁਰਲੀਨ ਚੋਪੜਾ ਨੇ ਆਪਣੇ ਇੰਸਟਾਗ੍ਰਾਮ ਉਤੇ ਸਿਰ ਉਤੇ ਬੰਨ੍ਹੀ ਪੱਗ ਦੀਆਂ ਸ਼ਾਨਦਾਰ ਫੋਟੋਆਂ ਸਾਂਝੀਆਂ ਕੀਤੀਆਂ। ਹਾਲ ਦੇ ਗਲਿਆਰੇ ਵਿੱਚ ਇਸ ਸਮੇਂ ਪੰਜਾਬੀ ਫਿਲਮ 'ਗੁਰਮੁਖ' ਛਾਈ ਹੋਈ ਹੈ। ਇਹ ਫਿਲਮ 24 ਜਨਵਰੀ ਨੂੰ ਓ ਟੀ ਟੀ ਪਲੇਟਫਾਰਮ ਕੇਬਲਵਨ ਉਤੇ ਰਿਲੀਜ਼ ਹੋਣ ਜਾ ਰਹੀ ਹੈ। ਫਿਲਮ ਦੀ ਪੂਰੀ ਟੀਮ ਜ਼ੋਰਾਂ-ਸ਼ੋਰਾਂ ਨਾਲ ਫਿਲਮ ਦੇ ਪ੍ਰਮੋਸ਼ਨ ਵਿੱਚ ਰੁੱਝੀ ਹੋਈ ਹੈ।ਇੱਕ ਸਿੱਖ ਨੂੰ ਪੱਗ ਦੀ ਮਹੱਤਤਾ ਬਾਰੇ ਸਮਝਾਉਂਦੀ ਇਸ ਫਿਲਮ ਵਿੱਚ ਕਈ ਵੱਡੇ ਚਿਹਰੇ ਮੁੱਖ ਭੂਮਿਕਾ ਨਿਭਾਉਂਦੇ ਨਜ਼ਰ ਆਉਣਗੇ।ਹੁਣ ਇਸੇ ਫਿਲਮ ਦੀ ਸਟਾਰ ਅਦਾਕਾਰਾ ਗੁਰਲੀਨ ਚੋਪੜਾ ਨੇ ਇੱਕ ਵੀਡੀਓ ਅਤੇ ਕੁੱਝ ਤਸਵੀਰਾਂ ਸਾਂਝੀਆਂ ਕੀਤੀਆਂ ਹਨ, ਜਿਸ ਵਿੱਚ ਅਦਾਕਾਰਾ ਨੇ ਸਿਰ ਉਤੇ ਕੇਸਰੀ ਰੰਗ ਦੀ ਪੱਗ ਬੰਨ੍ਹੀ ਹੈ, ਪ੍ਰਸ਼ੰਸਕ ਇਸ ਨੂੰ ਦੇਖ ਕੇ ਪਿਆਰ ਦੀ ਵਰਖਾ ਕਰ ਰਹੇ ਹਨ।ਤਸਵੀਰਾਂ ਅਤੇ ਵੀਡੀਓਜ਼ ਨੂੰ ਸਾਂਝਾ ਕਰਦੇ ਹੋਏ ਅਦਾਕਾਰਾ ਨੇ ਲਿਖਿਆ, 'ਸਾਨੂੰ ਆਪਣੇ ਸਿੱਖ ਹੋਣ ਉਤੇ ਮਾਣ ਮਹਿਸੂਸ ਹੋਣਾ ਚਾਹੀਦਾ, ਸਿਰ ਉਤੇ ਬੰਨ੍ਹੀ ਪੱਗ ਕੀ ਹੁੰਦੀ ਹੈ? ਅਸੀਂ ਕਿਉਂ ਇਹ ਪੱਗ ਬੰਨ੍ਹਦੇ ਹਾਂ? ਕਿਵੇਂ ਸਾਨੂੰ ਗੁਰੂ ਸਾਹਿਬਾਨਾਂ ਨੇ ਇਸ ਪੱਗ ਦੀ ਦਾਤ ਦਿੱਤੀ? ਕਿਉਂ ਦਿੱਤੀ? ਇੱਕ ਸਿੱਖ ਜਿੱਥੇ ਖੜ੍ਹ ਜਾਵੇ ਕਿਵੇਂ ਕੋਈ ਕੁੜੀ ਸੁਰੱਖਿਅਤ ਮਹਿਸੂਸ ਕਰਦੀ ਹੈ? ਇਹ ਸਭ ਦੇਖੋ ਫਿਲਮ 'ਗੁਰਮੁਖ' ਵਿੱਚ, ਜੋ 24 ਜਨਵਰੀ ਨੂੰ ਕੇਬਲਵਨ ਉਤੇ ਰਿਲੀਜ਼ ਹੋ ਰਹੀ ਹੈ।ਹੁਣ ਅਦਾਕਾਰਾ ਦੀਆਂ ਇੰਨ੍ਹਾਂ ਪੋਸਟਾਂ ਉਤੇ ਪ੍ਰਸ਼ੰਸਕ ਵੀ ਕਈ ਤਰ੍ਹਾਂ ਦੇ ਕੁਮੈਂਟ ਕਰ ਰਹੇ ਹਨ, ਇੱਕ ਨੇ ਲਿਖਿਆ,'ਬਹੁਤ ਮਾਣ ਮਹਿਸੂਸ ਹੁੰਦਾ ਸਿਰ ਉਤੇ ਕੇਸਰੀ ਪੱਗ ਦੇਖ ਕੇ' ਇੱਕ ਹੋਰ ਨੇ ਲਿਖਿਆ,'ਵੱਖਰਾ ਰੂਪ ਸਰੂਪ ਦਿੱਤਾ ਬਾਜਾਂ ਵਾਲੇ ਨੇ' । ਇਸ ਤੋਂ ਇਲਾਵਾ ਹੋਰ ਬਹੁਤ ਸਾਰਿਆਂ ਨੇ ਲਾਲ ਦਿਲ ਦਾ ਇਮੋਜੀ ਸਾਂਝਾ ਕੀਤਾ ਅਤੇ ਪੋਸਟ ਉਤੇ ਪਿਆਰ ਦੀ ਵਰਖਾ ਕੀਤੀ ਹੈ।

ਤੁਹਾਡੇ ਵਿੱਚੋਂ ਬਹੁਤ ਘੱਟ ਨੂੰ ਪਤਾ ਹੋਵੇਗਾ ਕਿ ਗੁਰਲੀਨ ਚੋਪੜਾ 'ਮਿਸ ਚੰਡੀਗੜ੍ਹ' ਵੀ ਰਹਿ ਚੁੱਕੀ ਹੈ। ਗੁਰਲੀਨ ਨੇ 1999 ਵਿੱਚ ਪੰਜਾਬੀ ਗੀਤ 'ਟੇਢੀ ਟੇਢੀ ਤੱਕਦੀ ਤੂੰ' ਨਾਲ ਬਤੌਰ ਮਾਡਲ ਪੰਜਾਬੀ ਮਨੋਰੰਜਨ ਜਗਤ ਵਿੱਚ ਐਂਟਰੀ ਕੀਤੀ ਸੀ। ਇਸ ਤੋਂ ਇਲਾਵਾ ਅਦਾਕਾਰਾ ਨੇ ਦੂਜੀਆਂ ਕਈ ਭਾਸ਼ਾਵਾਂ ਵਿੱਚ ਆਪਣੀ ਕਲਾ ਦਾ ਲੋਹਾ ਮੰਨਵਾਇਆ ਹੈ।

## ਲਿਖਤੀ ਪ੍ਰੀਖਿਆ ਤੇ ਫਿਜ਼ੀਕਲ ਟ੍ਰੇਨਿੰਗ ਦੀ ਤਿਆਰੀ ਲਈ ਕੈਂਪ ਸ਼ੁਰੂ

**ਫਾਜਿਲਕਾ (ਨਿਸ਼ਾ ਸ਼ਰਮਾ)** ਸੀ-ਪਾਈਟ ਕੈਂਪ, ਹਕੂਮਤ ਸਿੰਘ ( ਫਿਰੋਜ਼ਪੁਰ ) ਦੇ ਕੈਂਪ ਟ੍ਰੇਨਿੰਗ ਅਫਸਰ ਕੈਪਟਨ ਗੁਰਦਰਸ਼ਨ ਸਿੰਘ ਨੇ ਇਹ ਜਾਣਕਾਰੀ ਦਿੱਤੀ ਹੈ ਕਿ ਅਗਨੀਵੀਰ ਫੌਜ ਦੀ ਭਰਤੀ ਰੈਲੀ ਦਾ ਕੰਪਿਊਟਰ ਬੇਸਿਸ ਲਿਖਤੀ ਪੇਪਰ ਅਪ੍ਰੈਲ 2025 ਨੂੰ ਹੋ ਰਿਹਾ ਹੈ। ਜਿਸ ਤਰ੍ਹਾਂ ਦਾ ਲਿਖਤੀ ਪੇਪਰ ਅਪ੍ਰੈਲ 2025 ਨੂੰ ਹੋਣਾ ਹੈ ਉਸ ਤਰ੍ਹਾਂ ਹੀ ਲਿਖਤੀ ਪੇਪਰ ਦੀ ਤਿਆਰੀ ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ ਵਿਖੇ ਮਿਤੀ 16 ਜਨਵਰੀ 2025 ਤੋਂ ਕਰਵਾਈ ਜਾ ਰਹੀ ਹੈ । ਲਿਖਤੀ ਪੇਪਰ ਦੀ ਆਨ ਲਾਈਨ ਰਿਜ਼ਟਰੇਸਨ ਮਿਤੀ: 06.02. 2025 ਤੋਂ www.joinindianarmy.nic.in ਤੇ ਕਰਵਾਈ ਜਾ ਸਕਦੀ ਹੈ । ਫਿਰੋਜ਼ਪੁਰ, ਫਾਜਿਲਕਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ ਅਤੇ ਮੋਗਾ ਜਿਲ੍ਹੇ ਦੇ ਯੁਵਕ ਜੋ ਅਗਨੀਵੀਰ ਫੌਜ ਵਿੱਚ ਭਰਤੀ ਹੋਣਾ ਚਾਹੁੰਦੇ ਹਨ, ਉਹ ਯੁਵਕ ਆਪਣੇ ਲਿਖਤੀ ਪੇਪਰ ਦੀ ਤਿਆਰੀ ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ ਵਿਖੇ ਆ ਕੇ ਕਰ ਸਕਦੇ ਹਨ। ਲਿਖਤੀ ਪੇਪਰ ਦੀ ਤਿਆਰੀ ਮਿਤੀ 16 ਜਨਵਰੀ 2025 ਤੋਂ ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ ਵਿਖੇ ਸ਼ੁਰੂ ਹੋ ਗਈ ਹੈ ।ਕੈਂਪ ਵਿੱਚ ਆਉਣ ਸਮੇਂ ਦੱਸਵੀਂ ਦਾ ਅਸਲ ਸਰਟੀਫਿਕੇਟ, ਦਸਵੀਂ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਪੰਜਾਬ ਰੈਜੀਡੈਂਸ ਦੀ ਫੋਟੋ ਸਟੇਟ ਕਾਪੀ, ਜਾਤਿ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਆਧਾਰ ਕਾਰਡ ਦੀ ਫੋਟੋ ਸਟੇਟ ਕਾਪੀ, ਬੈਂਕ ਖਾਤੇ ਦੀ ਫੋਟੋ ਸਟੇਟ ਕਾਪੀ ਤੇ ਖਾਤਾ ਚਾਲੂ ਹਾਲਤ ਵਿੱਚ ਹੋਵੇ ਅਤੇ ਦੋ ਪਾਸਪੋਰਟ ਸਾਈਜ਼ ਦੀ ਫੋਟੋ, ਇੱਕ ਕਾਪੀ ਇੱਕ ਪੈੱਨ, ਖਾਣਾ ਖਾਣ ਲਈ ਬਰਤਨ, ਰਹਿਣ ਲਈ ਬਿਸਤਰਾ ਆਦਿ ਨਾਲ ਲੈ ਕੇ ਆਉਣ । ਕੈਂਪ ਵਿੱਚ ਆਉਣ ਦਾ ਸਮਾਂ ਸਵੇਰੇ 09:00 ਵਜੇ ।ਯੁਵਕ ਦੀ ਉਮਰ 17 1/2ਸਾਲ ਤੋਂ 21 ਸਾਲ ਤੱਕ ਹੋਵੇ ਛਾਤੀ ਬਿਨ੍ਹਾਂ ਫੁਲਾ ਕੇ 77 ਸੈਂਟੀਮੀਟਰ ਤੇ ਫੁਲਾ ਕੇ 82 ਸੈਂਟੀਮੀਟਰ ਅਤੇ ਕੱਦ 05 ਫੁੱਟ 07 ਇੰਚ ਹੋਵੇ । ਯੁਵਕ ਘੱਟੋ-ਘੱਟ 10ਵੀਂ 45% ਅੰਕਾਂ ਨਾਲ ਪਾਸ ਹੋਵੇ ਜਾਂ 10+2 ਪਾਸ ਹੋਵੇ।ਕੈਂਪ ਵਿੱਚ ਰਹਿਣ ਸਮੇਂ ਖਾਣਾ ਅਤੇ ਰਿਹਾਇਸ਼ ਬਿਲਕੁੱਲ ਮੁਫ਼ਤ ਦਿੱਤੀ ਜਾਵੇਗੀ ਅਤੇ ਫਿਜੀਕਲ ਤੇ ਲਿਖਤੀ ਪੇਪਰ ਦੀ ਤਿਆਰੀ ਦੀ ਕੋਈ ਵੀ ਫੀਸ ਨਹੀਂ ਲਈ ਜਾਵੇਗੀ।ਵਧੇਰੇ ਜਾਣਕਾਰੀ ਲਈ 88728-02046, 78888-48823 ਅਤੇ 78891-75575 ਨੰਬਰਾਂ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## 10 ਲਾਇਬ੍ਰੇਰੀਆਂ ਦਾ ਕੰਮ ਕੀਤਾ ਜਾਵੇ ਮੁਕੰਮਲ : ਡਾ. ਸੋਨਾ ਥਿੰਦ

**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮਹੀਨਾਵਾਰ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਪਿੰਡਾਂ ਵਿੱਚ ਬਣਾਈਆਂ ਜਾ ਰਹੀਆਂ ਲਾਇਬ੍ਰੇਰੀਆਂ ਵਿੱਚੋਂ 10 ਲਾਇਬ੍ਰੇਰੀਆਂ ਦਾ ਕੰਮ 31 ਜਨਵਰੀ ਤੱਕ ਮੁਕੰਮਲ ਕਰਨ ਨੂੰ ਯਕੀਨੀ ਬਣਾਉਣ ਤੇ ਬਾਕੀ ਰਹਿੰਦੀਆਂ 08 ਲਾਇਬ੍ਰੇਰੀਆਂ ਵੀ ਸਮੇਂ ਸਿਰ ਤਿਆਰ ਕੀਤੀਆਂ ਜਾਣ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੇ ਬੌਧਿਕ ਵਿਕਾਸ ਲਈ ਪਿੰਡਾਂ ਵਿੱਚ ਲਾਇਬ੍ਰੇਰੀਆਂ ਬਣਾਈਆਂ ਜਾ ਰਹੀਆਂ ਹਨ, ਜਿੱਥੇ ਲੋਕਾਂ ਨੂੰ ਵੱਖ-ਵੱਖ ਵਿਸ਼ਿਆਂ ਵਿੱਚ ਗਿਆਨ ਹਾਸਲ ਹੋਵੇਗਾ। ਡਾ. ਸੋਨਾ ਥਿੰਦ ਨੇ ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਪਿੰਡਾਂ ਦੇ ਵੱਖ-ਵੱਖ ਵਿਕਾਸ ਕਾਰਜਾਂ ਲਈ ਜਾਰੀ ਕੀਤੀਆਂ ਗ੍ਰਾਂਟਾਂ ਦੇ ਵਰਤੋਂ ਸਰਟੀਫ਼ਿਕੇਟ ਸਮੇਂ ਸਿਰ ਜਮ੍ਹਾਂ ਕਰਾਏ ਜਾਣ ਤਾਂ ਜੋ ਸਰਕਾਰ ਤੋਂ ਹੋਰ ਗ੍ਰਾਂਟਾਂ ਦੀ ਮੰਗ ਕਰਕੇ ਪਿੰਡਾਂ ਦਾ ਸਰਵਪੱਖੀ ਵਿਕਾਸ ਕਰਾਇਆ ਜਾ ਸਕੇ।ਉਨ੍ਹਾਂ ਇਹ ਵੀ ਕਿਹਾ ਕਿ ਅਣ-ਵਰਤੇ ਫੰਡਾਂ ਨੂੰ ਜਾਂ ਤਾਂ ਸਬੰਧਤ ਵਿਭਾਗ ਨੂੰ ਵਾਪਸ ਕੀਤਾ ਜਾਵੇ ਜਾਂ ਵਿਕਾਸ ਕਾਰਜਾਂ ਸਬੰਧੀ ਰੂਪ ਰੇਖਾ ਤਿਆਰ ਕੀਤੀ ਜਾਵੇ ਤਾਂ ਜੁ ਪਿੰਡਾਂ ਦੇ ਵਿਕਾਸ ਕਾਰਜ ਮੁਕੰਮਲ ਹੋ ਸਕਣ।

## ਮੂਨ ਲਾਈਟ ਹਾਈ ਸਕੂਲ 'ਚ ਵਿਦਿਆਰਥੀਆਂ ਦੀਆਂ ਅੱਖਾਂ ਦਾ ਚੈੱਕਅੱਪ

**ਬੁਢਲਾਡਾ (ਅਸ਼ੋਕ ਲਾਕੜਾ)**-ਮੂਨ ਲਾਈਟ ਹਾਈ ਸਕੂਲ ਵਿੱਚ ਬੱਚਿਆਂ ਦੀਆਂ ਅੱਖਾਂ ਸੰਬੰਧੀ ਸੈਮੀਨਾਰ ਕਰਾਇਆ ਗਿਆ।ਸੈਮੀਨਾਰ ਵਿੱਚ ਅੱਖਾਂ ਦੀ ਦੇਖਭਾਲ ਕਰਨ ਸੰਬੰਧੀ ਬੱਚਿਆਂ ਨੂੰ ਜਾਗਰੂਕ ਕੀਤਾ ਗਿਆ।ਪ੍ਰਿੰਸੀਪਲ ਸਨੀਤਾ ਗਰਗ ਨੇ ਕਿਹਾ ਕਿ ਬੱਚਿਆ ਨੂੰ ਰੋਜ਼ਾਨਾ ਜ਼ਿੰਦਗੀ ਵਿੱਚ ਟੀ.ਵੀ. ਤੇ ਮੋਬਾਇਲ ਦੀ ਵਰਤੋਂ ਲੋੜ ਅਨੁਸਾਰ ਹੀ ਕਰਨੀ ਚਾਹੀਦੀ ਹੈ।ਜ਼ਿਆਦਾ ਟਿਕਟਕੀ ਲਗਾਉਣ ਨਾਲ ਅਸੀਂ ਆਪਣੀ ਨਜ਼ਰ ਘਟਾ ਬੈਠਦੇ ਹਾਂ ਤੇ ਛੋਟੀ ਜਿਹੀ ਉਮਰ ਵਿੱਚ ਐਨਕ ਦਾ ਸਹਾਰਾ ਲੈਣਾ ਪੈਂਦਾ ਹੈ। ਇਸ ਲਈ ਲੋੜ ਅਨੁਸਾਰ ਹੀ ਮੋਬਾਇਲ, ਟੀ.ਵੀ. ਆਦਿ ਦੀ ਵਰਤੋਂ ਕਰਨ ਸੰਬੰਧੀ ਪ੍ਰੇਰਤ ਕੀਤਾ ਗਿਆ।ਚੇਅਰਮੈਨ ਸ਼ਿਵ ਕਾਸਲ ਤੇ ਬਿਕਰਮ ਅਰੋੜਾ ਨੇ ਕਿਹਾ ਕਿ ਸਕੂਲ ਵੱਲੋਂ ਸਮੇਂ ਸਮੇਂ ਤੇ ਸਿਹਤ ਸਹੂਲਤਾਂ ਸੰਬੰਧੀ ਸੈਮੀਨਾਰ ਤੋਂ ਇਲਾਵਾ ਮਾਹਿਰ ਕੋਚਾਂ ਵੱਲੋਂ ਵੱਖ-ਵੱਖ ਵਿਸ਼ਿਆਂ 'ਤੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਜਾਂਦਾ ਹੈ। ਇਸ ਮੌਕੇ ਸਕੂਲ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

## ਰੋਗੀ ਕਲਿਆਣ ਸੰਮਤੀ ਦੀ ਜਨਰਲ ਬਾਡੀ ਦੀ ਮੀਟਿੰਗ

**ਫਾਜਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਪੰਜਾਬ ਦੇ ਲੋਕਾਂ ਨੂੰ ਵਧੀਆਂ ਅਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਾਉਣ ਦੇ ਮਕਸਦ ਨਾਲ ਜਿਲ੍ਹਾ ਅਤੇ ਸਬ ਡਵੀਜ਼ਨ ਹਸਪਤਾਲਾਂ ਵਿਖੇ ਰੋਗੀ ਕਲਿਆਣ ਸੰਮਤੀ ਦੀ ਸਥਾਪਨਾ ਕੀਤੀ ਗਈ ਹੈ, ਜੋ ਸਰਕਾਰ ਵੱਲੋਂ ਪ੍ਰਾਪਤ ਫੰਡਾਂ ਵਿੱਚੋਂ ਮਰੀਜਾਂ ਦੀ ਭਲਾਈ ਲਈ ਲੋਕਲ ਪੱਧਰ ਤੇ ਫੈਸਲੇ ਲੈ ਕੇ ਸਮਾਨ ਮੁਹੱਈਆ ਕਰਵਾ ਸਕਦੀ ਹੈ।ਇਸ ਰੋਗੀ ਕਲਿਆਣ ਸੰਮਿਤੀ ਸਿਵਲ ਹਸਪਤਾਲ ਫਾਜਿਲਕਾ ਦੀ ਮੀਟਿੰਗ ਮਾਨਯੋਗ ਡਿਪਟੀ ਕਮਿਸ਼ਨਰ—ਕਮ—ਚੇਅਰਪਰਸਨ ਰੋਗੀ ਕਲਿਆਣ ਸੰਮਿਤੀ ਮੈਡਮ ਅਮਰਪ੍ਰੀਤ ਕੌਰ ਦੀ ਪ੍ਰਧਾਨਗੀ ਵਿੱਚ ਡਿਪਟੀ ਕਮਿਸ਼ਨਰ ਦਫ਼ਤਰ ਫਾਜਿਲਕਾ ਵਿਖੇ ਹੋਈ।ਇਸ ਸਮੇਂ ਡਾ. ਐਰਿਕ ਸੀਨੀਅਰ ਮੈਡੀਕਲ ਅਫ਼ਸਰ, ਡਾ. ਗੁਰਮੀਤ ਸਿੰਘ ਜ਼ਿਲ੍ਹਾ ਹੋਮਿਓਪੈਥਿਕ ਮੈਡੀਕਲ ਅਫ਼ਸਰ, ਨਵਦੀਪ ਕੌਰ ਡੀਪੀਓ, ਵਿਨੋਦ ਖੁਰਾਣਾ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ, ਵਿਕਰਮ, ਪ੍ਰਵੀਨ, ਰਿਧਮਪ੍ਰੀਤ ਹਾਜ਼ਰ ਸਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਸੰਮਿਤੀ ਕੋਲ ਪ੍ਰਾਪਤ ਸੀਮਿਤ ਫੰਡਾਂ ਨੂੰ ਮਰੀਜਾਂ ਦੀ ਸਹੂਲਤ ਲਈ ਵਰਤਿਆ ਜਾਵੇ ਅਤੇ ਕਿਸੇ ਵੀ ਫੰਡ ਦੀ ਦੁਰਵਰਤੋਂ ਨਾ ਕੀਤੀ ਜਾਵੇ।


### ਉੱਤਰ ਰੇਲਵੇ
**ਈ-ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਟੀ.ਆਰ./ ਉੱਤਰ ਰੇਲਵੇ, ਜੰਮੂ ਤਵੀ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜ਼ਨ ਲਾਗਤ (₹) | ਬਿਆਨਾ ਰਾਸ਼ੀ (₹) | ਕੰਮ ਦਾ ਸਮਾਂ | ਬੋਲੀ ਸਮਾਪਤੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|
| ਜੀਈਐਮ/ 2025/ ਬੀ/ 5806174 | ਫਿਰੋਜਪੁਰ ਮੰਡਲ ਵਿਚ ਜੰਮੂ ਅਤੇ ਕਸ਼ਮੀਰ, ਹਿਮਾਚਲ ਅਤੇ ਪੰਜਾਬ ਆਦਿ ਵਿਚ ਯਾਤਰਾ ਦੇ ਲਈ ਡੀਈਈ/ ਤਾਲਮੇਲ/ਬਡਗਾਮ ਅਤੇ ਏ ਡੀ ਈ ਈ/ਜੀ/ ਕਟਰਾ ਦੇ ਆਧਿਕਾਰਿਕ ਉਪਯੋਗ ਦੇ ਲਈ ਚੌਵੀ ਘੰਟਿਆਂ (ਲਗਭਗ 2000 ਕਿਮੀ ਪ੍ਰਤੀ ਮਹੀਨਾ) ਅਤੇ ਬਹੁਤ ਜਰੂਰਤ ਅਨੁਸਾਰ 3 ਸਾਲ ਦੇ ਸਮੇਂ ਦੇ ਲਈ ਬ੍ਰੇਕਡਾਊਨ ਵਾਹਨ (ਗੈਰ-ਏਸੀ) ਦਾ ਕਿਰਾਏ ਤੇ ਪਰਿਚਾਲਨ। | 35,93,856.00 | 71,880/- | 36 ਮਹੀਨੇ | 13.02.2025 15:00 ਵਜੇ | www.gem.gov.in |

ਨੰ.: GEM/2025/B/5806174 ਮਿਤੀ: 21.01.2025 239/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

### pnb PUNJAB NATIONAL BANK
Branch Office:- Mansuran, Distt- Ludhiana PIN-142029

**( ਰੂਲ-8 (1) ) ਕਬਜ਼ਾ ਨੋਟਿਸ (ਅਚੱਲ-ਜਾਇਦਾਦ ਲਈ)**

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਮਿਤੀਆਂ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।
ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸ਼ੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ (ਭੌਤਿਕ/ਸੰਕੇਤਕ ਕਬਜ਼ਾ) ਪ੍ਰਾਪਤ ਕਰ ਲਿਆ ਹੈ।
ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਰਾਏਕੋਟ ਦੀ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਦੀ ਵਸੂਲੀ ਹੇਠ ਹੋਵੇਗਾ।
**ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀ ਜਾਇਦਾਦ/ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ ਅਤੇ ਰਹਿਣਕਾਰ) : ਸ੍ਰੀ ਹਿਤੇਸ਼ ਕੁਮਾਰ ਪੁੱਤਰ ਸ੍ਰੀ ਰਮੇਸ਼ ਕੁਮਾਰ ਪਤਾ : ਮਕਾਨ ਨੰ. 68, ਗਲੀ ਨੰ. 4, ਨਾਨਕ ਨਗਰ, ਨਵੀਂ ਸਬਜ਼ੀ ਮੰਡੀ, ਲੁਧਿਆਣਾ-141008 (ਕਰਜ਼ਦਾਰ ਅਤੇ ਰਹਿਣਕਾਰ) : ਸ੍ਰੀਮਤੀ ਮਨਦੀਪ ਕੌਰ ਪੁੱਤਰੀ ਸ੍ਰੀ ਗੁਰਨਾਮ ਸਿੰਘ ਪਤਾ : ਮਕਾਨ ਨੰ. 68, ਗਲੀ ਨੰ. 4, ਨਾਨਕ ਨਗਰ, ਨਵੀਂ ਸਬਜ਼ੀ ਮੰਡੀ, ਲੁਧਿਆਣਾ-141008 | ਸਬ-ਰਜਿਸਟਰਾਰ ਲੁਧਿਆਣਾ ਈਸਟ ਵਿਖੇ ਰਜਿਸਟਰਡ ਵਿਕਰੀ ਬੈਨਾਮਾ ਵਸੀਕਾ ਨੰ. 4165 ਮਿਤੀ 01.09.2014 ਅਨੁਸਾਰ ਸ੍ਰੀ ਹਿਤੇਸ਼ ਕੁਮਾਰ ਪੁੱਤਰ ਸ੍ਰੀ ਰਮੇਸ਼ ਕੁਮਾਰ ਦੇ ਨਾਂਅ 'ਤੇ ਪਿੰਡ ਲਲਤੋਂ ਕਲਾਂ-1, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਜਮ੍ਹਾਂਬੰਦੀ ਵਾਸਤੇ ਸਾਲ-2009-2010 ਅਨੁਸਾਰ ਖਾਤਾ ਨੰ. 567/589, ਖਸਰਾ ਨੰ. 1381 ਵਿੱਚ ਸ਼ਾਮਲ ਅਚੱਲ ਜਾਇਦਾਦ (ਰਿਹਾਇਸ਼ੀ) ਰਕਬਾ 105 ਵਰਗ ਗਜ਼ ਦਾ ਉਚਿਤ ਰਹਿਣਨਾਮਾ। ਹੱਦਾਂ : ਪੂਰਬ : ਸ੍ਰੀ ਲਾਲ ਸਿੰਘ ਪੈਮਾਇਸ਼ 19', ਪੱਛਮ : ਸੜਕ ਪੈਮਾਇਸ਼ 19', ਉੱਤਰ : ਸ੍ਰੀ ਪੱਪੂ ਪੈਮਾਇਸ਼ 50', ਦੱਖਣ : ਜਿਮੀਂਦਾਰ ਐਗਰੀਕਚਲਰ ਸੈਂਟਰ/ਬੁੱਟਰ ਕਮਿਊਨੀਕੇਸ਼ਨ ਪੈਮਾਇਸ਼ 50' | 18.04.2024 | 21.01.2025 | ਸੰਕੇਤਕ ਕਬਜ਼ਾ / ਰੁਪਏ 8,07,815.82 (ਰੁਪਏ ਅੱਠ ਲੱਖ ਸੱਤ ਹਜ਼ਾਰ ਅੱਠ ਸੌ ਪੰਦਰਾਂ ਅਤੇ ਬਿਆਸੀ ਪੈਸੇ ਕੇਵਲ) ਮਿਤੀ 31.03.2024 ਤੱਕ ਵਿਆਜ ਸਮੇਤ ਜਮ੍ਹਾਂ ਮਿਤੀ 01.04.2024 ਤੋਂ ਠੇਕਾ ਦਰ 'ਤੇ ਲਾਗੂ ਹੋਰ ਵਿਆਜ ਜਮ੍ਹਾਂ ਇਸ ਤੋਂ ਬਾਅਦ ਬਣਦੇ ਹੋਰ ਖਰਚੇ ਅਤੇ ਦੇਣਦਾਰੀਆਂ। |

ਮਿਤੀ : 22.01.2025 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

### ਇੰਡੀਅਨ ਬੈਂਕ Indian Bank
ਇਲਾਹਾਬਾਦ ALLAHABAD
Zonal Office: S.C.F. 88, Urban Estate, Phase -1, Dugri, Ludhiana.
EMAIL: zoludhiana@indianbank.co.in

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ ਬੈਂਕ ਤੋਂ ਪ੍ਰਾਪਤ ਕੀਤੀਆਂ ਕਰਜ਼ਾ ਸਹੂਲਤਾਂ ਦੇ ਮੂਲ ਅਤੇ ਵਿਆਜ ਦੀ ਅਦਾਇਗੀ 'ਚ ਅਸਫਲ ਰਹੇ ਹਨ ਅਤੇ ਇਹ ਸਹੂਲਤਾਂ ਨਾਨ-ਪ੍ਰਫਾਰਮਿੰਗ ਐੱਸਟਸ 'ਚ ਤਬਦੀਲ ਹੋ ਗਈਆਂ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਤਹਿਤ ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤਾ ਗਿਆ। ਬੇਸ਼ੱਕ ਕੁਝ ਮਾਮਲਿਆਂ 'ਚ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ ਹਨ ਅਤੇ ਹੋਰ ਮਾਮਲਿਆਂ 'ਚ ਪ੍ਰਾਪਤੀ ਰਸੀਦਾਂ ਹਾਸਲ ਨਹੀਂ ਹੋਈਆਂ। ਇਸ ਲਈ ਕਰਜ਼ਦਾਰਾਂ/ਗਰੰਟਰਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਬ੍ਰਾਂਚ/ਕਰਜ਼ਦਾਰਾਂ/ਗਰੰਟਰਾਂ/ਭਾਈਵਾਲਾਂ/ ਰਹਿਣਕਾਰਾਂ ਦੇ ਨਾਂਅ | ਰਹਿਣ ਕੀਤੀ ਜਾਇਦਾਦ/ ਜਾਇਦਾਦਾਂ ਦਾ ਪਤਾ | ਨਾਨ-ਪਰਫਾਰਮਿੰਗ ਐੱਸਟ ਦੀ ਮਿਤੀ (ਐੱਨ ਪੀ ਏ ) | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ |
|---|---|---|---|---|
| ਬਰਾਂਚ ਦਫਤਰ : ਦੁੱਗਰੀ, ਲੁਧਿਆਣਾ<br>(1)(ਕਰਜ਼ਦਾਰ) : ਸ੍ਰੀ ਕੇਵਲ ਕ੍ਰਿਸ਼ਨ ਪੁੱਤਰ ਸ੍ਰੀ ਹੰਸਰਾਜ, ਮਕਾਨ ਨੰ. 631, ਗਲੀ ਨੰ. 4, ਈਸ਼ਰ ਨਗਰ, ਜੀ ਐੱਨ ਈ ਕਾਲਜ ਦੇ ਪਿੱਛੇ, ਲੁਧਿਆਣਾ, ਪੰਜਾਬ, ਪਿੰਨ-141003 (2) (ਸਹਿ-ਕਰਜ਼ਦਾਰ ਅਤੇ ਗਿਰਵੀਕਾਰ) : ਸਵ. ਸ੍ਰੀਮਤੀ ਪੂਜਾ ਰਾਣੀ ਪਤਨੀ ਸ੍ਰੀ ਕੇਵਲ ਕ੍ਰਿਸ਼ਨ ਦੀ ਜਾਇਦਾਦ ਰਾਹੀਂ ਉਸ ਦੇ ਕਾਨੂੰਨੀ ਵਾਰਸਾਂ, ਮਕਾਨ ਨੰ. 631, ਗਲੀ ਨੰ. 4, ਈਸ਼ਰ ਨਗਰ, ਜੀ ਐੱਨ ਈ ਕਾਲਜ ਦੇ ਪਿੱਛੇ, ਲੁਧਿਆਣਾ, ਪੰਜਾਬ-ਪਿੰਨ-141003 (ਏ) (ਪਤੀ) ਸ੍ਰੀ ਕੇਵਲ ਕ੍ਰਿਸ਼ਨ ਪੁੱਤਰ ਸ੍ਰੀ ਹੰਸਰਾਜ ਮਕਾਨ ਨੰ. 631, ਗਲੀ ਨੰ. 4, ਈਸ਼ਰ ਨਗਰ, ਜੀ ਐੱਨ ਈ ਕਾਲਜ ਦੇ ਪਿੱਛੇ, ਲੁਧਿਆਣਾ, ਪੰਜਾਬ, ਪਿੰਨ-141003 (ਬੀ) (ਪੁੱਤਰੀ) : ਬਲਜੀਤ ਕੌਰ ਪੁੱਤਰੀ ਕੇਵਲ ਕ੍ਰਿਸ਼ਨ, ਮਕਾਨ ਨੰ. 631, ਗਲੀ ਨੰ. 4, ਈਸ਼ਰ ਨਗਰ, ਜੀ ਐੱਨ ਈ ਕਾਲਜ ਦੇ ਪਿੱਛੇ, ਲੁਧਿਆਣਾ, ਪੰਜਾਬ-ਪਿੰਨ-141003 (ਸੀ) (ਪੁੱਤਰੀ) : ਸੁਸ਼ਮਾ ਰਾਣੀ ਪੁੱਤਰੀ ਕੇਵਲ ਕ੍ਰਿਸ਼ਨ, ਮਕਾਨ ਨੰ. 631, ਗਲੀ ਨੰ. 4, ਜੀ ਐੱਨ ਈ ਕਾਲਜ ਦੇ ਪਿੱਛੇ, ਲੁਧਿਆਣਾ, ਪੰਜਾਬ-141003 | ਰਿਹਾਇਸ਼ੀ ਜਾਇਦਾਦ ਰਕਬਾ 50 ਵਰਗ ਗਜ਼ ਦੇ ਸਾਰੇ ਹਿੱਸੇ, ਖਸਰਾ ਨੰ. 1064, ਖੇਵਟ ਨੰ. 1550, ਖਤੌਨੀ ਨੰ. 2091 ਮੁਤਾਬਕ ਪਿੰਡ ਗਿੱਲ-1, ਹਦਬਸਤ ਨੰ. 263, ਅਬਾਦੀ ਈਸ਼ਰ ਨਗਰ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਦੀ ਜਮ੍ਹਾਂਬੰਦੀ ਵਾਸਤੇ ਸਾਲ 1995-96, ਵਰਤਮਾਨ 'ਚ ਗਲੀ ਨੰ. 6 ਐੱਲ, ਗੁਰਦੁਆਰਾ ਗੁਰੂ ਨਾਨਕ ਮਿਸ਼ਨ ਦੇ ਪਿੱਛੇ, ਈਸ਼ਰ ਨਗਰ ਲੁਧਿਆਣਾ ਵਿਖੇ ਸਥਿਤ ਹੈ, ਸਬ-ਰਜਿਸਟਰਾਰ, ਜ਼ਿਲ੍ਹਾ ਲੁਧਿਆਣਾ ਵਿਖੇ ਵਿਕਰੀ ਬੈਨਾਮਾ ਵਸੀਕਾ ਨੰ. 6056 ਮਿਤੀ 22-09-2017 ਤਹਿਤ ਸ੍ਰੀਮਤੀ ਪੂਜਾ ਰਾਣੀ ਪਤਨੀ ਕੇਵਲ ਕ੍ਰਿਸ਼ਨ ਦੇ ਨਾਂਅ 'ਤੇ ਦਰਜ ਹੈ। ਹੱਦਾਂ : ਪੂਰਬ : ਗਲੀ 10' ਚੌੜੀ 16'-8'', ਪੱਛਮ : ਗੁਆਂਢੀ -16'-8'', ਉੱਤਰ : ਸੈਲਰ 27'-0'', ਦੱਖਣ : ਸੈਲਰ 27'-0'' | 09-01-2025 | 16-01-2025 | ਰੁਪਏ 7,50,433/- (ਰੁਪਏ ਸੱਤ ਲੱਖ ਪੰਜਾਹ ਹਜ਼ਾਰ ਚਾਰ ਸੌ ਤੇਤੀ ਕੇਵਲ) ਮਿਤੀ 15.01.2025 ਅਨੁਸਾਰ ਅਤੇ ਮਿਤੀ 16.01.2025 ਤੋਂ ਸਮਝੌਤਾ ਦਰ 'ਤੇ ਦਰਸਾਈ ਰਕਮ ਉਪਰ ਵਿਆਜ ਅਤੇ ਖਰਚੇ, ਪੂਰੀ ਅਦਾਇਗੀ ਕਰਨ ਤੱਕ। |

ਧਿਆਨ ਦਿੱਤਾ ਜਾਵੇ ਕਿ ਐਕਟ ਦੇ ਸੈਕਸ਼ਨ 13 (8) ਦੀਆਂ ਵਿਵਸਥਾਵਾਂ ਤਹਿਤ ਤੁਹਾਨੂੰ ਸਕਿਉਰਡ ਐੱਸਟਸ ਦੀ ਵਿਕਰੀ ਲਈ ਜਨਤਾ ਤੋਂ ਜਨਤਕ ਨਿਲਾਮੀ ਜਾਂ ਕੁਟੇਸ਼ਨਾਂ ਜਾਂ ਟੈਂਡਰ ਸੱਦ ਕੇ ਜਾਂ ਲੀਜ ਰਾਹੀਂ ਤਬਾਦਲੇ ਸੰਬੰਧੀ ਨਿੱਜੀ ਸੰਧੀ ਕਰਨ, ਕਾਰਜਭਾਰ ਸੰਭਾਲਣ ਲਈ ਜਾਰੀ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਬੈਂਕ ਦਾ ਬਕਾਇਆਂ ਸਮੇਤ ਬੈਂਕ ਵੱਲੋਂ ਸਹਿਣ ਕੀਤੀਆਂ ਗਈਆਂ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ ਅਦਾ ਕੀਤੇ ਜਾਣ 'ਤੇ ਪੁਨਰ ਗ੍ਰਹਿਣ ਦਾ ਅਧਿਕਾਰ ਉਪਲੱਬਧ ਹੈ। ਉਪਰੋਕਤ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕੀਤੇ ਜਾਣ ਦੀ ਹਦਾਇਤ ਕੀਤੀ ਜਾਂਦੀ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨ ਗੁਜ਼ਰ ਜਾਣ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ ਦੀਆਂ ਵਿਵਸਥਾਵਾਂ ਤਹਿਤ ਅਗਲੇ ਕਦਮ ਉਠਾਏ ਜਾਣਗੇ।
ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੀ ਪ੍ਰਾਪਤੀ 'ਤੇ ਬੈਂਕ ਦੀ ਮਨਜ਼ੂਰੀ ਤੋਂ ਬਿਨਾਂ ਬਿਜ਼ਨੈੱਸ ਦੇ ਆਮ ਕੋਰਸ ਤੋਂ ਇਲਾਵਾ ਉਪਰੋਕਤ ਸਕਿਉਰਟੀਜ਼ ਦੇ ਨਿਪਟਾਰੇ ਜਾਂ ਸੌਦੇਬਾਜ਼ੀ ਕਰਨ ਸੰਬੰਧੀ ਤੁਹਾਡੇ 'ਤੇ ਪਾਬੰਦੀ ਹੈ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਇਸ ਸੈਕਸ਼ਨ ਦੀ ਕਿਸੇ ਤਰ੍ਹਾਂ ਦੀ ਉਲੰਘਣਾ ਦੇ ਗੰਭੀਰ ਨਤੀਜੇ ਹੋ ਸਕਦੇ ਹਨ।
ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ ਦੀ ਨਕਲ ਸੰਬੰਧਤ ਬਰਾਂਚ ਤੋਂ ਪ੍ਰਾਪਤ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 22.01.2025 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

### AXIS BANK
**Retail Assets Center:** AXIS Bank Ltd., "2nd and 3rd Floor, Property No. 7-E, Malhar Road, Saraabha Nagar, Ludhiana -141001.
**Retail Assets Center:** AXIS Bank Ltd., 3rd Floor, SCO 367-368, Above Akash Institute, Sector 34A, Chandigarh -160022.
**Corporate Office:** 3rd Floor, Block-B, Bombay Dyeing Mills Compound, Pandurang Budhakar Marg, Worli, Mumbai-400 025.
**Registered Office:** 'Trishul', 3rd floor, Opposite Samartheswar Temple, Law Garden, Ellisbridge, Ahmedabad-380006.

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਹਾਸਲ ਕਰਨ ਦੇ ਬਾਵਜੂਦ, ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀਆਂ 'ਤੇ ਮੂਲ ਅਤੇ ਵਿਆਜ ਦੀਆਂ ਰਕਮਾਂ ਦੀ ਮੁੜ ਅਦਾਇਗੀ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਨਿਰਦੇਸ਼ਾਂ/ਗਾਈਡ ਲਾਈਨਾਂ ਅਨੁਸਾਰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ 'ਤੇ ਖਾਤੇ ਨੂੰ ਨਾਨ-ਪ੍ਰਫਾਰਮਿੰਗ ਐੱਸਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਨਤੀਜੇ ਵਜੋਂ ਐਕਸਿਸ ਬੈਂਕ ਦੇ ਅਧਿਕਾਰਤ ਅਫਸਰ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਅਧੀਨ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਸਰਫੇਸੀ ਐਕਟ, 2002 ਦੇ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ਨੂੰ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਇਸ ਉੱਪਰ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤ ਚਾਰਜਿਜ਼ ਆਦਿ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ, ਇਸ ਲਈ ਉਨ੍ਹਾਂ ਨੂੰ ਉਹੀ ਜਾਣਕਾਰੀ ਹਿਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਕਰਜ਼ਦਾਰ ਦਾ ਨਾਂਅ ਤੇ ਪਤਾ | ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ਕਾਨੂੰਨੀ ਵਾਰਸਾਂ ਦਾ ਪਤਾ | ਐੱਨ ਪੀ ਏ ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ | ਕਰਜ਼ਾ ਰਕਮ | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ |
|---|---|---|---|---|---|---|
| ਮੈਸਰਜ ਪਰਿਸ਼ਾ ਇੰਟਰਪ੍ਰਾਈਜਜ਼ ਰਾਹੀਂ ਇਸ ਦੇ ਮਾਲਕ ਸ੍ਰੀ ਲਲਿਤ ਸ਼ਰਮਾ, ਪਤਾ : ਪਿੰਡ ਬੈਹਰਾ, ਆਈ ਐੱਨ ਡੀ ਲੈਬਾਰਟਰੀਜ਼ ਦੇ ਪਿੱਛੇ ਡੇਰਾਬੱਸੀ, ਐੱਸ ਏ ਐੱਸ ਨਗਰ, ਮੁਹਾਲੀ-140507 | ਸ੍ਰੀ ਲਲਿਤ ਸ਼ਰਮਾ ਪੁੱਤਰ ਰਮੇਸ਼ ਸ਼ਰਮਾ, ਪਤਾ : ਮਕਾਨ ਨੰ. 1185-ਬੀ-1, ਰਤਪੁਰ ਕਾਲੋਨੀ, ਪਿੰਜੌਰ, ਕਾਲਕਾ, ਪੰਚਕੂਲਾ, ਹਰਿਆਣਾ-134102 | 28th-Sep-2024 | 11th-Oct-2024 | ਰੁਪਏ 12,24,863/- (ਰੁਪਏ ਬਾਰਾਂ ਲੱਖ ਚੌਵੀ ਹਜ਼ਾਰ ਅੱਠ ਸੌ ਤਰੇਹਠ ਕੇਵਲ) | ਰੁਪਏ 10,01,000/- ਰੁਪਏ 477,000/- ਰੁਪਏ 10,000/- | ਕਮਰਸ਼ੀਅਲ ਜਾਇਦਾਦ ਜ਼ਮੀਨ ਰਕਬਾ 0 ਬਿਘਾ 16 ਬਿਸਵਾ 13 ਬਿਸਵਾਸੀ ਦੇ ਸਾਰੇ ਹਿੱਸੇ, ਖੇਵਟ ਖਤੌਨੀ ਨੰ. 392/513, ਖਸਰਾ ਨੰ. 18//10 (2-14), 11 (4-0), 12 (4-2), 13 (1-16), 17/2 (0-5), 18/1 (1-4, 19 (4-0), 20 (4-0), 19//16/1 (1-15), 38//16 (0-19) ਕਿੱਤੇ 10 ਏਰੀਆ 24 ਬਿਘੇ, 05 ਬਿਸਵਾ ਵਿੱਚੋਂ 333/9700 ਸ਼ੇਅਰ ਬਕਦਾਰ ਏਰੀਆ 0 ਬਿਘਾ 16 ਬਿਸਵਾ 13 ਬਿਸਵਾਸੀ, ਪਿੰਡ ਬੈਹਰਾ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਮੁਹਾਲੀ, ਹੱਦਬਸਤ ਨੰ. 198 ਵਿਖੇ ਸਥਿਤ। ਹੱਦਾਂ : ਪੂਰਬ : ਐੱਨ/ਏ, ਪੱਛਮ : ਐੱਨ/ਏ, ਉੱਤਰ : ਐਨ/ਏ, ਦੱਖਣ : ਐੱਨ/ਏ |

ਉਪਰੋਕਤ ਦਰਸਾਏ ਹਾਲਤਾਂ 'ਚ ਉਕਤ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ /ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂ ਹੋਣ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਉਪਰੋਕਤ ਦਰਸਾਏ ਬਕਾਇਆਂ ਸਮੇਤ ਭਵਿੱਖੀ ਵਿਆਜ ਅਤੇ ਲਾਗੂ ਚਾਰਜਿਜ਼ ਅਦਾ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੇ 60 ਦਿਨ ਗੁਜ਼ਰਨ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (4) ਅਤੇ ਇਸ ਤਹਿਤ ਲਾਗੂ ਨਿਯਮਾਂ ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਦੇ ਸਕਿਉਰਡ ਐੱਸਟਸ ਵਿਰੁੱਧ ਸਮੇਤ ਕਬਜ਼ਾ ਹਾਸਲ ਕਰਨ ਜਿਹੇ ਅਗਲੇ ਕਦਮ ਉਠਾਏ ਜਾਣਗੇ। ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਉਕਤ ਐਕਟ ਦੇ ਸੈਕਸ਼ਨ 13 (13) ਤਹਿਤ ਕਰਜ਼ਦਾਰ ਸਕਿਉਰਡ ਕ੍ਰੈਡਿਟਸ ਤੋਂ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਇਸ ਨੋਟਿਸ 'ਚ ਹਵਾਲੇ ਵਾਲੇ ਕਿਸੇ ਸਕਿਉਰਡ ਐੱਸਟਸ ਨੂੰ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।

ਮਿਤੀ : 23-01-2025, ਸਥਾਨ : ਪੰਜਾਬ ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

# ਬਾਹੋਵਾਲ 'ਚ ਆਮ ਆਦਮੀ ਕਲੀਨਿਕ ਦੀ ਉਸਾਰੀ ਸ਼ੁਰੂ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਆਧੁਨਿਕ ਸਿਹਤ ਸੇਵਾਵਾਂ ਪਿੰਡ-ਪਿੰਡ ਪਹੁੰਚਾਉਣ ਦੀ ਆਪਣੀ ਸੋਚ ਸਦਕਾ ਹੁਸ਼ਿਆਰਪੁਰ ਸੰਸਦ ਮੈਂਬਰ ਡਾ. ਰਾਜ ਕੁਮਾਰ ਅਤੇ ਚੱਬੇਵਾਲ ਵਿਧਾਇਕ ਡਾ. ਇਸ਼ਾਂਕ ਕੁਮਾਰ ਦੁਆਰਾ ਹਲਕਾ ਚੱਬੇਵਾਲ ਦੇ ਪਿੰਡ ਬਾਹੋਵਾਲ ਵਿੱਚ ਆਮ ਆਦਮੀ ਕਲੀਨਿਕ ਦੀ ਸਥਾਪਨਾ ਲਈ 26 ਲੱਖ ਦੀ ਗ੍ਰਾਂਟ ਜਾਰੀ ਕੀਤੀ ਗਈ । ਇਸ ਰਾਸ਼ੀ ਦੇ ਨਾਲ ਬਾਹੋਵਾਲ ਵਿਚ ਆਮ ਆਦਮੀ ਕਲੀਨਿਕ ਦੀ ਉਸਾਰੀ ਸ਼ੁਰੂ ਕਰ ਦਿੱਤੀ ਗਈ ਹੈ । ਆਮ ਆਦਮੀ ਕਲੀਨਿਕ ਰਾਹੀਂ ਆਮ ਜਨਤਾ ਨੂੰ ਵਧੀਆ ਸਿਹਤ ਸਹੂਲਤਾਂ ਪਹੁੰਚਾਉਣ ਦੇ ਉਦੇਸ਼ ਨਾਲ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਜਾਰੀ ਕੀਤੀ ਗਈ ਇਸ ਗ੍ਰਾਂਟ ਨਾਲ ਇਹ ਪ੍ਰਾਜੈਕਟ ਲਗਾਇਆ ਜਾ ਰਿਹਾ ਹੈ । ਸਿਹਤ ਕੇਂਦਰ ਦੇ ਨਿਰਮਾਣ ਦੇ ਪਹਿਲੇ ਪੜਾਅ ਵਜੋਂ ਸਰਪੰਚ ਠੇਕੇਦਾਰ ਹਰਦੀਪ ਸਿੰਘ ਨੇ ਨੀਂਹ ਪੱਥਰ ਰੱਖਿਆ। ਉਹਨਾਂ ਨੇ ਕਿਹਾ ਕਿ ਹੁਸ਼ਿਆਰਪੁਰ ਤੋਂ ਸੰਸਦ ਮੈਂਬਰ ਡਾ. ਰਾਜਕੁਮਾਰ ਅਤੇ ਚੱਬੇਵਾਲ ਵਿਧਾਇਕ ਡਾ. ਇਸ਼ਾਂਕ ਕੁਮਾਰ ਦੀ ਮਿਹਨਤ ਅਤੇ ਯਤਨਾਂ ਨਾਲ ਹੀ ਇਹ ਸੰਭਵ ਹੋਇਆ ਹੈ ਅਤੇ ਇਸ ਦੇ ਲਈ ਪਿੰਡ ਵਾਸੀ ਦਿਲੋਂ ਧੰਨਵਾਦੀ ਹਨ । ਇਸ ਮੌਕੇ 'ਤੇ ਪਿੰਡ ਦੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ ਰਹੀ, ਜਿਸ ਵਿੱਚ ਪੰਚ ਸੁਖਵੀਰ ਕੌਰ, ਬਲਵੀਰ ਕੌਰ, ਮਮਤਾ ਰਾਣੀ, ਕਸਤੂਰੀ ਲਾਲ, ਨਰਿੰਦਰ ਕੌਰ, ਗੋਬਿੰਦਰ ਸਿੰਘ, ਸਾਬਕਾ ਸਰਪੰਚ ਦਲਜੀਤ ਕੌਰ, ਰਾਮ ਪ੍ਰਕਾਸ਼, ਸਤਨਾਮ ਸਿੰਘ ਅਤੇ ਨਿਰਮਲਾ ਦੇਵੀ ਆਦਿ ਸ਼ਾਮਲ ਸਨ। ਜਰਨੈਲ ਮੂਲਾ ਸਿੰਘ ਸਪੋਰਟਸ ਕਲੱਬ ਅਤੇ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਵੀ ਇਸ ਮੌਕੇ 'ਤੇ ਪਹੁੰਚ ਕੇ ਪਿੰਡ ਵਾਸੀਆਂ ਨੂੰ ਵਧਾਈ ਦਿੱਤੀ। ਸਾਰਿਆਂ ਨੇ ਆਸ ਜ਼ਾਹਿਰ ਕੀਤੀ ਕਿ ਇਹ ਸਿਹਤ ਕੇਂਦਰ ਪਿੰਡ ਦੇ ਵਸਨੀਕਾਂ ਲਈ ਆਧੁਨਿਕ ਸਿਹਤ ਸੇਵਾਵਾਂ ਪ੍ਰਦਾਨ ਕਰੇਗਾ, ਜਿਸ ਨਾਲ ਉਹਨਾਂ ਨੂੰ ਉੱਚ ਗੁਣਵੱਤਾ ਵਾਲੀ ਸਿਹਤ ਸੇਵਾਵਾਂ ਮਿਲਣਗੀਆਂ।

# ਸਾਦੇ ਵਿਆਹ ਕਰਨ ਨਾਲ ਧੀਆਂ ਦਾ ਸਤਿਕਾਰ ਵਧੇਗਾ : ਪਿੰਦੂ ਜੌਹਲ



**ਅੱਪਰਾ (ਨਿਰਮਲ ਗੁੜਾ)**-ਜੌਹਲ਼ ਫਾਰਮ ਘੁੜਕਾ ਤੋਂ 11 ਬਰਾਤੀਆਂ ਨਾਲ ਨੌਜਵਾਨ ਦਾ ਸਾਦਾ ਵਿਆਹ ਕਰਕੇ ਸਮਾਜ ਨੂੰ ਚੰਗੀ ਸੇਧ ਦੇਣ ਦਾ ਯਤਨ ਕੀਤਾ ਗਿਆ ਇਥੋਂ ਸ਼ਰਨਪ੍ਰੀਤ ਸਿੰਘ ਦੀ ਬਰਾਤ, ਤਪੁ ਅਸਥਾਨ ਨਿਰਮਲ ਕੁਟੀਆ ਛੰਭਵਾਲੀ ਪੰਡਵਾ ਵਿਖੇ ਮੱਥਾ ਟੇਕ ਕੇ ਅਰਦਾਸ ਕਰਨ ਉਪਰੰਤ ਰਵਾਨਾ ਕੀਤੀ ਗਈ। ਤਪੁ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਗੁਰਚਰਨ ਸਿੰਘ ਨੇ ਪਰਵਾਰ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ। ਇਸ ਖੁਸ਼ੀ ਦੇ ਮੌਕੇ 'ਤੇ ਪਿੰਦੂ ਜੌਹਲ ਨੇ ਦੱਸਿਆ ਕਿ ਜੋ ਜੌਹਲ਼ ਫਾਰਮ ਘੁੜਕਾ ਤੋਂ ਬਰਾਤ ਰਵਾਨਾ ਕੀਤੀ ਗਈ ਹੈ ਇਹ ਵਿਆਹ ਵੀ ਸਮਾਜ ਲਈ ਪ੍ਰੇਰਨਾ ਸਰੋਤ ਹੋਵੇਗਾ, ਕਿਉਂਕਿ ਭਾਵੇਂ ਕਿ ਜੌਹਲ਼ ਫਾਰਮ ਵਿਖੇ ਇਸ ਵਿਆਹ ਦੇ ਹਰ ਤਰ੍ਹਾਂ ਦੇ ਚਾਅ ਲਾਡ ਅਤੇ ਰੀਤੀ ਰਿਵਾਜ ਕੀਤੇ ਗਏ ਤੇ ਬੈਂਡ ਵਾਜਿਆਂ ਨਾਲ ਬਰਾਤ ਨੂੰ ਰਵਾਨਾ ਕੀਤਾ ਗਿਆ ਹੈ, ਪਰ ਬਰਾਤ ਵਿੱਚ ਵਿਆਂਦੜ ਸਮੇਤ ਸਿਰਫ 11 ਵਿਅਕਤੀ ਹੀ ਬਰਾਤ ਵਿੱਚ ਗਏ। ਪਿੰਦੂ ਜੌਹਲ਼ ਨੇ ਕਿਹਾ ਕਿ ਹਰ ਪਰਵਾਰ ਨੂੰ ਆਪਣੇ ਪੁੱਤਰ ਦੇ ਵਿਆਹ 'ਤੇ ਇਸੇ ਤਰ੍ਹਾਂ ਘੱਟ ਬਰਾਤ ਲਿਜਾ ਕਿ ਵਿਆਹ ਕਰਨਾ ਚਾਹੀਦਾ ਹੈ। ਜਦੋਂ ਕਿਸੇ ਵੀ ਧੀ ਦੇ ਵਿਆਹ ਵੇਲੇ ਮਾਂ ਬਾਪ ਦੇ ਸਿਰ 'ਤੇ ਕਰਜਾ ਚੜ੍ਹਦਾ ਹੈ ਤਾਂ ਉਹਨਾਂ ਮਾਪਿਆਂ ਨੂੰ ਧੀਆਂ ਬੋਝ ਲਗਦੀਆਂ ਹਨ, ਇਸ ਲਈ ਪੁਰਾਣੇ ਤੇ ਸਿਆਣੇ ਤੇ ਸਮਿਆਂ ਵਾਂਗ ਫਜ਼ੂਲ ਖਰਚ ਤੋਂ ਬਚ ਕੇ ਸਾਦੇ ਵਿਆਹ ਕਰਨੇ ਚਾਹੀਦੇ ਹਨ, ਜਿਸ ਨਾਲ ਧੀਆਂ ਦੇ ਸਤਿਕਾਰ ਵਿੱਚ ਹੋਰ ਵੀ ਵਾਧਾ ਹੋਵੇਗਾ। ਮਾਪੇ ਧੀਆਂ ਦੇ ਵਿਆਹ ਦੀ ਚਿੰਤਾ ਛੱਡ ਕੇ ਧੀਆਂ ਨੂੰ ਵੱਧ ਤੋਂ ਵੱਧ ਪੜ੍ਹਾ ਕੇ ਉਹਨਾਂ ਨੂੰ ਪੈਰਾਂ 'ਤੇ ਖੜ੍ਹੇ ਕਰਨ ਦਾ ਯਤਨ ਕਰਨਗੇ ਤੇ ਸਮਾਜ ਵਿੱਚ ਕ੍ਰਾਂਤੀ ਅਵੇਗੀ।

# ਆਈ ਜੀ (ਇੰਟੈਲੀਜੈਂਸ) ਮੀਨਾ ਨੇ ਲਿਆ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ



**ਹੁਸ਼ਿਆਰਪੁਰ, (ਓ ਪੀ ਰਾਣਾ )** : ਪੰਜਾਬ ਦੇ ਆਈ.ਜੀ (ਇੰਟੈਲੀਜੈਂਸ) ਬਾਬੂ ਲਾਲ ਮੀਨਾ ਨੇ ਇਥੇ ਗਣਤੰਤਰ ਦਿਵਸ ਦੇ ਮੱਦੇਨਜ਼ਰ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਪੁਲਸ ਅਧਿਕਾਰੀਆਂ ਨੂੰ ਡਿਊਟੀ ਦੌਰਾਨ ਪੂਰੀ ਚੌਕਸੀ ਵਰਤਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਪੁਲਸ ਨਾਕਿਆਂ 'ਤੇ ਚੈਕਿੰਗ ਤੇਜ਼ ਕੀਤੀ ਜਾਵੇ ਅਤੇ ਕਿਸੇ ਵੀ ਤਰ੍ਹਾਂ ਦੀ ਸ਼ੱਕੀ ਸਰਗਰਮੀ ਪਾਏ ਜਾਣ 'ਤੇ ਤੁਰੰਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ। ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਐਸ.ਐਸ.ਪੀ ਸੁਰੇਂਦਰ ਲਾਂਬਾ ਸਮੇਤ ਪੁਲਸ ਅਧਿਕਾਰੀਆਂ ਨਾਲ ਸੁਰੱਖਿਆ ਪ੍ਰਬੰਧਾਂ ਬਾਰੇ ਸਮੀਖਿਆ ਮੀਟਿੰਗ ਕਰਦਿਆਂ ਆਈ.ਜੀ ਮੀਨਾ ਨੇ ਕਿਹਾ ਕਿ ਸ਼ਹਿਰਾਂ ਅਤੇ ਕਸਬਿਆਂ ਵਿਚ ਭੀੜ ਵਾਲੇ ਇਲਾਕਿਆਂ ਵਿਚ ਗਸ਼ਤ ਤੇਜ਼ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਗਣਤੰਤਰ ਦਿਵਸ ਮੌਕੇ ਸੁਰੱਖਿਆ ਦੇ ਨਾਲ-ਨਾਲ ਸੁਚਾਰੂ ਟ੍ਰੈਫਿਕ ਵਿਵਸਥਾ ਨੂੰ ਵੀ ਯਕੀਨੀ ਬਣਾਇਆ ਜਾਵੇ। ਅਧਿਕਾਰੀਆਂ ਨਾਲ ਮੀਟਿੰਗ ਉਪਰੰਤ ਆਈ.ਜੀ ਨੇ ਪੁਲਸ ਲਾਈਨ ਗਰਾਊਂਡ, ਬੱਸ ਸਟੈਂਡ, ਥਾਣਾ ਸਦਰ ਆਦਿ ਥਾਵਾਂ 'ਤੇ ਜਾ ਕੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਆਈ.ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੁਲਿਸ ਵਲੋਂ ਸੁਰੱਖਿਆ ਦੇ ਪੁਖਤਾ ਇੰਤਜਾਮ ਕਰਦਿਆਂ 11 ਅੰਤਰਰਾਜੀ ਅਤੇ 11 ਅੰਤਰ ਜ਼ਿਲ੍ਹਾ ਨਾਕੇ ਲਾਏ ਗਏ ਹਨ ਅਤੇ ਪੈਟਰੋਲਿੰਗ ਪਾਰਟੀਆਂ ਵਲੋਂ ਲਗਾਤਾਰ ਗਸ਼ਤ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸੁਰੱਖਿਆ ਦੇ ਮੱਦੇਨਜ਼ਰ ਨਾਈਟ ਡੋਮੀਨੇਸ਼ਨ ਵਧਾਈ ਗਈ ਹੈ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਸ਼ੱਕੀ ਗਤੀਵਿਧੀ 'ਤੇ ਨਜ਼ਰ ਰੱਖੀ ਜਾ ਸਕੇ। ਉਨ੍ਹਾਂ ਕਿਹਾ ਕਿ ਚੈਕਿੰਗ ਟੀਮਾਂ ਨੂੰ ਖਾਸ ਹਦਾਇਤ ਕੀਤੀ ਗਈ ਹੈ ਕਿ ਦੋ ਪਹੀਆ ਵ੍ਹੀਕਲਾਂ ਦੀ ਚੈਕਿੰਗ 'ਤੇ ਵਿਸ਼ੇਸ਼ ਤਵੱਜੋਂ ਦਿੱਤੀ ਜਾਵੇ। ਉਨ੍ਹਾਂ ਦੱਸਿਆ ਕਿ ਸੁਰੱਖਿਆ ਪ੍ਰਬੰਧਾਂ ਤਹਿਤ ਜ਼ਿਲ੍ਹੇ ਵਿਚ 1200 ਦੇ ਕਰੀਬ ਪੁਲਸ ਮੁਲਾਜ਼ਮਾਂ ਦੀ ਤਾਇਨਾਤੀ ਕੀਤੀ ਗਈ ਹੈ। ਇਸ ਮੌਕੇ ਐਸ.ਪੀ (ਹੈਡਕੁਆਰਟਰ) ਮਨੋਜ ਠਾਕੁਰ, ਐਸ.ਪੀ (ਡੀ) ਸਰਬਜੀਤ ਸਿੰਘ, ਐਸ.ਪੀ (ਪੀ.ਬੀ.ਆਈ) ਮੇਜਰ ਸਿੰਘ, ਐਸ.ਪੀ (ਓਪਰੇਸ਼ਨ) ਨਵਨੀਤ ਕੌਰ ਗਿੱਲ ਅਤੇ ਸੀਨੀਅਰ ਪੁਲਸ ਅਧਿਕਾਰੀ ਵੀ ਮੌਜੂਦ ਸਨ।

# ਆਗਾਮੀ ਬਜਟ 'ਚ ਖੇਤੀਬਾੜੀ 'ਤੇ ਰਹੇਗਾ ਖ਼ਾਸ ਫ਼ੋਕਸ : ਸ਼ਿਆਮ ਸਿੰਘ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਸੂਬਾ ਸਰਕਾਰ ਦੀ ਕਿਸਾਨਾਂ ਦੀ ਭਲਾਈ ਅਤੇ ਖੇਤੀ ਖੇਤਰ ਨੂੰ ਸਸ਼ਕਤ ਬਣਾਉਣ ਦੀ ਵਚਨਬੱਧਤਾ ਦੋਹਰਾਈ ਹੈ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਡਬਲ ਇੰਜਨ ਸਰਕਾਰ ਆਗਾਮੀ ਬਜਟ ਵਿੱਚ ਕਿਸਾਨਾਂ ਦੀ ਭਲਾਈ 'ਤੇ ਖ਼ਾਸ ਫ਼ੋਕਸ ਕਰੇਗੀ।ਰਾਣਾ ਨੇ ਦੱਸਿਆ ਕਿ ਵਿਤ ਸਾਲ 2025-26 ਲਈ ਮੁੱਖ ਮੰਤਰੀ ਨੇ ਹਿਸਾਰ ਦੀ ਚੌਧਰੀ ਚਰਣ ਸਿੰਘ ਹਰਿਆਣਾ ਖੇਤੀਬਾੜੀ ਯੂਨਿਵਰਸਿਟੀ ਵਿੱਚ ਪ੍ਰੀ-ਬਜਟ ਕੰਸਲਟੇਸ਼ਨ ਮੀਟਿੰਗ ਆਯੋਜਿਤ ਕੀਤੀ ਸੀ। ਇਸ ਮੀਟਿੰਗ ਵਿੱਚ ਕਿਸਾਨਾਂ, ਖੇਤੀਬਾੜੀ ਵਿਗਿਆਨਿਕਾਂ ਅਤੇ ਕਿਸਾਨ ਉਤਪਾਦਕ ਸੰਗਠਨਾਂ ਦੇ ਪ੍ਰਤੀਨਿਧੀਆਂ ਨਾਲ ਚਰਚਾ ਕੀਤੀ ਗਈ। ਮੀਟਿੰਗ ਦੌਰਾਨ 52 ਤੋਂ ਵੱਧ ਸੁਝਾਅ ਕਿਸਾਨਾਂ ਅਤੇ ਮਾਹਿਰ ਵਲੋਂ ਸਾਂਝਾ ਕੀਤੇ ਗਏ। ਇਨ੍ਹਾਂ ਵਿੱਚ ਕਿਸਾਨ ਯੂਨੀਅਨਾਂ, ਕਿਸਾਨ ਉਤਪਾਦਕ ਸੰਗਠਨਾਂ ਅਤੇ ਫੈਡਰੇਸ਼ਨ ਦੇ ਮੈਂਬਰਾਂ ਨਾਲ ਇਨਪੁੱਟ ਸ਼ਾਮਲ ਸਨ। ਮੁੱਖ ਮੰਤਰੀ ਨੇ ਮੀਟਿੰਗ ਵਿੱਚ ਭਰੋਸਾ ਦਿੱਤਾ ਕਿ ਸਰਕਾਰ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਉਨ੍ਹਾਂ ਦੀ ਆਰਥਿਕ ਸਥਿਤੀ ਸੁਧਾਰਨ ਲਈ ਇੱਕ ਖ਼ਾਸ ਪਲਾਨਿੰਗ 'ਤੇ ਕੰਮ ਕਰ ਰਹੀ ਹੈ।ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਹਾਲ ਹੀ ਵਿੱਚ ਕਿਸਾਨਾਂ ਨਾਲ ਵਿਸਥਾਰ ਨਾਲ ਗੱਲਬਾਤ ਕੀਤੀ ਹੈ ਤਾਂ ਜੋ ਉਨ੍ਹਾਂ ਦੀ ਸੱਮਸਿਆਵਾਂ ਨੂੰ ਸਮਝਿਆ ਜਾ ਸਕੇ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਆਗਾਮੀ ਬਜਟ ਸੈਸ਼ਨ ਵਿੱਚ ਇਨ੍ਹਾਂ ਸਮੱਸਿਆਵਾਂ ਦੇ ਹਲ ਲਈ ਕਦਮ ਚੁੱਕੇ ਜਾਣਗੇ।ਕੇਂਦਰ ਅਤੇ ਸੂਬਾ ਸਰਕਾਰ ਦੀ ਸਾਂਝੀਆਂ ਪਹਿਲਕਦਮੀ ਦਾ ਜ਼ਿਕਰ ਕਰਦੇ ਹੋਏ ਰਾਣਾ ਨੇ ਦੱਸਿਆ ਕਿ ਹਰਿਆਣਾ ਦੇ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧਿ, ਪ੍ਰਧਾਨ ਮੰਤਰੀ ਫ਼ਸਲ ਬੀਮਾ ਯੋਜਨਾ, ਪ੍ਰਧਾਨ ਮੰਤਰੀ ਖੇਤੀਬਾੜੀ ਸਿੰਚਾਈ ਯੋਜਨਾ, ਮਿੱਟੀ ਹੈਲਥ ਕਾਰਡ ਯੋਜਨਾ, ਈ-ਨਾਮ (ਨੇਸ਼ਨਲ ਐਗਰੀਕਲਚਰ ਮਾਰਕਿਟ), ਮੇਰਾ ਪਾਣੀ-ਮੇਰੀ ਵਿਰਾਸਤ, ਕਿਸਾਨ ਮਿੱਤਰ ਯੋਜਨਾ ਅਤੇ ਭਾਵਾਂਤਰ ਭਰਪਾਈ ਯੋਜਨਾ ਵਰਗੀ ਯੋਜਨਾਵਾਂ ਦਾ ਲਾਭ ਮਿਲ ਰਿਹਾ ਹੈ।ਉਨ੍ਹਾਂ ਨੇ ਦਾਅਵਾ ਕੀਤਾ ਕਿ ਹਰਿਆਣਾ ਦੇਸ਼ ਦਾ ਇਕਲੌਤਾ ਸੂਬਾ ਹੈ ਜੋ ਕੇਂਦਰ ਸਰਕਾਰ ਵੱਲੋਂ ਤੈਅ ਘੱਟੋ ਘੱਟ ਸਹਾਇਕ ਮੁੱਲ 'ਤੇ ਸਾਰੀਆਂ 24 ਫ਼ਸਲਾਂ ਦੀ ਖਰੀਦ ਕਰਦਾ ਹੈ। ਉਨ੍ਹਾਂ ਨੇ ਇਹ ਵੀ ਯਕੀਨੀ ਕੀਤਾ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਫ਼ਸਲ ਦਾ ਭੁਗਤਾਨ ਸਮੇਂ ਸਿਰ ਮਿਲ ਸਕੇ, ਇਸ ਦੇ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।ਖੇਤੀਬਾੜੀ ਮੰਤਰੀ ਨੇ ਕੇਂਦਰ ਸਰਕਾਰ ਵੱਲੋਂ ਡਾਈ-ਅਮੋਨਿਯਮ ਫਾਸਫੇਟ ਖਾਦ 'ਤੇ ਇੱਕ ਵਾਰ ਦੇ ਖ਼ਾਸ ਪੈਕੇਜ ਨੂੰ ਮੰਜੂਰੀ ਦਿੱਤੇ ਜਾਣ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਨੇ ਦੱਸਿਆ ਕਿ 3,850 ਕਰੋੜ ਦੀ ਵਿੱਤ ਪ੍ਰਬੰਧ ਨਾਲ ਇਸ ਪੈਕੇਜ ਦੇ ਤਹਿਤ 3500 ਪ੍ਰਤੀ ਟਨ ਦੀ ਸਬਸਿਡੀ ਦਿੱਤੀ ਗਈ ਹੈ। ਇਸ ਨਾਲ ਕਿਸਾਨਾਂ ਨੂੰ ਗਲੋਬਲ ਬਾਜਾਰ ਵਿੱਚ ਉਤਾਰ ਚੜ੍ਹਾਓ ਦੇ ਬਾਵਜੂਦ ਸਸਤੀ ਦਰਾਂ 'ਤੇ ਡੀਏਪੀ ਖਾਦ ਉਪਬਧ ਹੋ ਰਹੀ ਹੈ।

# ਲੋਕਾਂ ਨੂੰ ਗ਼ੈਰ-ਕਾਨੂੰਨੀ ਤਰੀਕੇ ਨਾਲ ਵਿਦੇਸ਼ ਭੇਜਣ ਦੇ ਦੋਸ਼ ਹੇਠ ਕੌਮੀ ਕਬੱਡੀ ਖਿਡਾਰੀ ਗ੍ਰਿਫ਼ਤਾਰ







**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**—
ਬੀਤੇ ਦਿਨੀ ਇੰਦਰਾ ਗਾਂਧੀ ਕੌਮਾਂਤਰੀ (ਆਈਜੀਆਈ) ਹਵਾਈ ਅੱਡਾ ਪੁਲਸ ਨੇ ਲੋਕਾਂ ਨੂੰ ਗੈਰ-ਕਾਨੂੰਨੀ ਤਰੀਕੇ ਨਾਲ ਵਿਦੇਸ਼ ਭੇਜਣ ਦੇ ਦੋਸ਼ ਹੇਠ ਕੌਮੀ ਪੱਧਰ ਕਬੱਡੀ ਖਿਡਾਰੀ ਅਤੇ ਸਰਕਾਰੀ ਅਧਿਆਪਕ ਨੂੰ ਮੋਗਾ ਤੋਂ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮ ਦੀ ਪਛਾਣ ਮਨਦੀਪ ਸਿੰਘ (42) ਵਾਸੀ ਪਿੰਡ ਤਲਵੰਡੀ ਚੌਧਰੀਆਂ (ਕਪੂਰਥਲਾ) ਵਜੋਂ ਹੋਈ ਹੈ। ਅਧਿਕਾਰੀ ਨੇ ਦੱਸਿਆ ਕਿ ਇਹ ਮਾਮਲਾ ਉਦੋਂ ਸਾਹਮਣੇ ਆਇਆ ਜਦੋਂ ਅਮਰੀਕਾ ਤੋਂ ਡਿਪੋਰਟ ਕੀਤੇ ਜਲੰਧਰ ਦੇ 20 ਸਾਲਾ ਮਨਿੰਦਰ ਪਾਲ ਸਿੰਘ ਨੂੰ 14 ਦਸੰਬਰ ਨੂੰ ਆਈ ਜੀ ਆਈ ਹਵਾਈ ਅੱਡੇ 'ਤੇ ਪਾਸਪੋਰਟ ਨਾਲ ਛੇੜਛਾੜ ਕਰਨ ਦੇ ਹੇਠ ਗ੍ਰਿਫਤਾਰ ਕੀਤਾ ਗਿਆ। ਪੁੱਛ-ਪੜਤਾਲ ਦੌਰਾਨ ਮਨਿੰਦਰ ਨੇ ਦੱਸਿਆ ਕਿ ਮਨਦੀਪ ਸਿੰਘ ਨੇ ਉਸ ਕੋਲੋਂ 41 ਲੱਖ ਰੁਪਏ ਲੈ ਕੇ ਗੈਰ-ਕਾਨੂੰਨੀ ਰੂਟਾਂ ਰਾਹੀਂ ਅਮਰੀਕਾ ਭੇਜਣ ਦਾ ਭਰੋਸਾ ਦਿੱਤਾ ਸੀ। ਉਸ ਨੇ ਕਜ਼ਾਖਸਤਾਨ, ਦੁਬਈ, ਸੈਨੇਗਲ, ਲੀਬੀਆ, ਨਿਕਾਰਾਗੁਆ, ਹੋਂਡੂਰਸ ਅਤੇ ਮੈਕਸੀਕੋ ਰਾਹੀਂ ਉਸ ਨੂੰ ਅਮਰੀਕਾ ਭੇਜਿਆ। ਉਸ ਦੇ ਕਹਿਣ 'ਤੇ ਮਨਿੰਦਰ ਨੇ ਪਾਸਪੋਰਟ ਤੋਂ ਛੇੜਛਾੜ ਕੀਤੇ ਪੰਨੇ ਹਟਾ ਦਿੱਤੇ ਪਰ ਅਮਰੀਕੀ ਅਧਿਕਾਰੀਆਂ ਨੂੰ ਇਸ ਬਾਰੇ ਪਤਾ ਲੱਗ ਗਿਆ ਅਤੇ ਉਸ ਨੂੰ ਵਾਪਸ ਭੇਜ ਦਿੱਤਾ ਗਿਆ। ਪੁਲਸ ਨੇ ਦੱਸਿਆ ਕਿ ਮਨਦੀਪ ਕਪੂਰਥਲਾ ਵਿੱਚ ਆਈਲੈਟਸ ਕੋਚਿੰਗ ਸੈਂਟਰ ਦੀ ਆੜ ਹੇਠ ਇਹ ਧੰਦਾ ਚਲਾ ਰਿਹਾ ਸੀ। ਉਂਝ ਉਹ ਸਰਕਾਰੀ ਸਕੂਲ ਵਿੱਚ ਅਧਿਆਪਕ ਹੈ ਪਰ ਜਲਦੀ ਪੈਸਾ ਕਮਾਉਣ ਲਈ ਉਸ ਨੇ ਇਹ ਕੰਮ ਕਰਨਾ ਸ਼ੁਰੂ ਕਰ ਦਿੱਤਾ।

ਅਧਿਕਾਰੀ ਨੇ ਦੱਸਿਆ ਕਿ ਮਨਦੀਪ ਨੂੰ ਮੋਗਾ ਤੋਂ ਗ੍ਰਿਫਤਾਰ ਕਰਕੇ ਉਸ ਕੋਲੋਂ ਇਕ ਲਾਇਸੈਂਸੀ ਪਿਸਤੌਲ ਬਰਾਮਦ ਕੀਤਾ ਗਿਆ ਹੈ। ਉਸ ਨੇ ਦੋਸ਼ ਕਬੂਲ ਲਏ ਹਨ। ਪੁਲਸ ਅਨੁਸਾਰ ਮਨਦੀਪ ਸਕੂਲ ਪੜ੍ਹਦਿਆਂ ਕੌਮੀ ਪੱਧਰ ਦਾ ਕਬੱਡੀ ਅਤੇ ਹੈਂਡਬਾਲ ਖਿਡਾਰੀ ਰਿਹਾ ਹੈ।

## ਬੈਂਸ ਗੋਤਰ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ 26 ਨੂੰ

**ਫਗਵਾੜਾ ( ਡਾ. ਰਮਨ )** ਬੈਂਸ ਗੋਤਰ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ ਪਿੰਡ ਪੰਡੋਰੀ ਤਹਿਸੀਲ ਫਗਵਾੜਾ ਵਿਖੇ ਪ੍ਰਬੰਧਕ ਕਮੇਟੀ ਵਲੋਂ ਸਮੂਹ ਬੈਂਸ ਪਰਵਾਰਾਂ ਦੇ ਸਹਿਯੋਗ ਨਾਲ 26 ਜਨਵਰੀ ਦਿਨ ਐਤਵਾਰ ਨੂੰ ਬੜੀ ਸ਼ਰਧਾ 'ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਪ੍ਰਬੰਧਕਾਂ ਚੌਧਰੀ ਜੀਤ ਰਾਮ, ਮੇਜਰ ਸਿੰਘ, ਸੁਖਵੀਰ ਸਿੰਘ, ਪਰਮਿੰਦਰ ਬੈਂਸ ਤੇ ਵਿੱਕੀ ਬੈਂਸ ਨੇ ਦੱਸਿਆ ਕਿ ਸਵੇਰੇ ਝੰਡੇ ਦੀ ਰਸਮ ਉਪਰੰਤ ਚਰਾਗ਼ ਰੁਸ਼ਨਾਏ ਜਾਣਗੇ ਅਤੇ ਸਰਬੱਤ ਦੇ ਭਲੇ ਅਤੇ ਬੈਂਸ ਪਰਵਾਰਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਜਾਵੇਗੀ। ਉਪਰੰਤ ਵੱਡੇ ਵਡੇਰਿਆਂ ਦੀ ਪੂਜਾ ਤੋਂ ਬਾਅਦ ਦੁਪਿਹਰ ਨੂੰ ਸੱਭਿਆਚਾਰਕ ਸਟੇਜ ਸਜਾਈ ਜਾਵੇਗੀ। ਜਿਸ ਵਿਚ ਪੰਜਾਬ ਦੀ ਨਾਮਵਰ ਗਾਇਕ ਜੋੜੀ ਭੁਪਿੰਦਰ ਗਿੱਲ ਤੇ ਬੀਬਾ ਜਸਵਿੰਦਰ ਜੀਤੂ ਆਪਣੇ ਪ੍ਰਸਿੱਧ ਗੀਤਾਂ ਰਾਹੀਂ ਭਰਵੀਂ ਹਾਜਰੀ ਲਗਵਾਉਣਗੇ। ਚਾਹ ਪਕੌੜੇ ਤੇ ਲੰਗਰ ਦੀ ਸੇਵਾ ਅਤੁੱਟ ਵਰਤਾਈ ਜਾਵੇਗੀ। ਇਸ ਮੌਕੇ ਗਿਆਨ ਚੰਦ, ਹਰਨੇਕ ਸਿੰਘ, ਤਰਸੇਮ ਲਾਲ, ਮੀਤ ਜੰਡਿਆਲਾ, ਸਤਨਾਮ ਸਿੰਘ ਜੱਲੋਵਾਲ ਕਲੋਨੀ, ਮੋਤੀ ਰਾਮ ਕਿੰਗਰਾ, ਪਰਦੇਸੀ ਗੰਨਾ ਪਿੰਡ ਆਦਿ ਹਾਜਰ ਸਨ।

## ਸੁਰਿੰਦਰ ਪਾਲ ਨੰਬਰਦਾਰ ਦੇ ਨਮਿਤ ਅੰਤਮ ਅਰਦਾਸ ਭਲਕੇ



**ਫਗਵਾੜਾ ( ਡਾ. ਰਮਨ )** ਪਿੰਡ ਮਸਤ ਨਗਰ ਦੇ ਸਾਬਕਾ ਸਰਪੰਚ ਸੁਰਿੰਦਰ ਪਾਲ ਨੰਬਰਦਾਰ ਦੇ ਅਕਾਲ ਚਲਾਣਾ ਕਰ ਜਾਣ 'ਤੇ ਨੰਬਰਦਾਰ ਯੂਨੀਅਨ ਫਗਵਾੜਾ, ਅਧਿਆਪਕ ਯੂਨੀਅਨ, ਵੱਖ-ਵੱਖ ਪਿੰਡਾਂ ਦੇ ਸਰਪੰਚਾਂ, ਪੰਚਾਇਤ ਮੈਂਬਰਾਂ ਤੋਂ ਇਲਾਵਾ ਧਾਰਮਿਕ, ਸਮਾਜਿਕ ਤੇ ਸਿਆਸੀ ਜੱਥੇਬੰਦੀਆਂ ਦੇ ਆਗੂਆਂ ਨੇ ਪਰਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ। ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਸੁਰਿੰਦਰ ਪਾਲ ਨੰਬਰਦਾਰ ਦੇ ਨਮਿੱਤ ਸ਼੍ਰੀ ਅੰਮ੍ਰਿਤ ਬਾਣੀ ਦੇ ਪਾਠ, ਵੈਰਾਗਮਈ ਕੀਰਤਨ ਅਤੇ ਅੰਤਿਮ ਅਰਦਾਸ 24 ਜਨਵਰੀ ਦਿਨ ਸ਼ੁੱਕਰਵਾਰ ਨੂੰ ਸ਼੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਮਸਤ ਨਗਰ ਨਜਦੀਕ ਹਦੀਆਬਾਦ ਫਗਵਾੜਾ ਵਿਖੇ ਹੋਵੇਗੀ।

## ਸ਼ਲਾਘਾਯੋਗ ਕੰਮ ਕਰਨ ਵਾਲੇ ਕਰਮਚਾਰੀਆਂ ਦਾ ਹੋਵੇਗਾ ਸਨਮਾਨ-ਮਹਾਜਨ

**ਜਲੰਧਰ (ਸੁਰਿੰਦਰ ਕੁਮਾਰ)** —ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਿਤ ਮਹਾਜਨ ਨੇ ਦੱਸਿਆ ਕਿ 26 ਜਨਵਰੀ ਨੂੰ ਗਣਤੰਤਰ ਦਿਵਸ 'ਤੇ ਜ਼ਿਲ੍ਹਾ ਪੱਧਰੀ ਸਮਾਗਮ ਗੁਰੂ ਗੋਬਿੰਦ ਸਿੰਘ ਸਟੇਡੀਅਮ ਜਲੰਧਰ ਵਿਖੇ ਪੂਰੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਜ਼ਿਲ੍ਹੇ ਦੇ ਸੁਤੰਤਰਤਾ ਸੰਗਰਾਮੀਆਂ ਤੇ ਵੱਖ-ਵੱਖ ਖੇਤਰਾਂ ਵਿੱਚ ਵਿਲੱਖਣ ਕਾਰਗੁਜ਼ਾਰੀ ਵਾਲੀਆਂ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸ਼ਲਾਘਾਯੋਗ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਵੀ ਸਨਮਾਨਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਵਿਭਾਗਾਂ ਦੇ ਮੁਖੀਆਂ ਨੂੰ ਅਜਿਹੇ ਕਰਮਚਾਰੀਆਂ ਦੀ ਸਿਫ਼ਾਰਿਸ਼ 20 ਜਨਵਰੀ ਤੱਕ ਭੇਜਣ ਲਈ ਨਿਰਦੇਸ਼ ਦਿੱਤੇ ਗਏ ਸਨ। ਉਨ੍ਹਾਂ ਦੱਸਿਆ ਕਿ ਨਿਸ਼ਚਿਤ ਕੀਤੀ ਆਖ਼ਰੀ ਮਿਤੀ ਤੱਕ 65 ਸਿਫ਼ਾਰਿਸ਼ਾਂ ਪ੍ਰਾਪਤ ਹੋਈਆਂ ਹਨ, ਜਿਨ੍ਹਾਂ ਵਿੱਚੋਂ ਮੈਰਿਟ ਦੇ ਅਧਾਰ 'ਤੇ ਅੰਤਿਮ ਸੂਚੀ ਤਿਆਰ ਕੀਤੀ ਜਾਵੇਗੀ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਵਿਭਾਗਾਂ ਵੱਲੋਂ ਵਿਕਾਸ ਕਾਰਜਾਂ ਨੂੰ ਦਰਸਾਉਂਦੀਆਂ ਝਾਕੀਆਂ ਕੱਢੀਆਂ ਜਾਣਗੀਆਂ। ਇਸ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸ਼ਾਨਦਾਰ ਮਾਰਚ ਪਾਸਟ ਵੀ ਖਿੱਚ ਦਾ ਕੇਂਦਰ ਹੋਵੇਗਾ।

## ਫਿਨਲੈਂਡ 'ਵਰਸਿਟੀ ਦੇ ਮਾਹਿਰਾਂ ਦਾ ਵਫ਼ਦ ਪੰਜਾਬ ਦੌਰੇ 'ਤੇ

**ਚੰਡੀਗੜ੍ਹ, ( ਗੁਰਜੀਤ ਬਿੱਲਾ )**—ਪੰਜਾਬ ਦੇ ਸਕੂਲ ਅਤੇ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸੂਬੇ ਦੇ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਵਿਸ਼ਵ ਪੱਧਰੀ ਬਣਾਉਣ ਦੀ ਦਿਸ਼ਾ ਵਿੱਚ ਇੱਕ ਹੋਰ ਠੋਸ ਕਦਮ ਚੁੱਕਦਿਆਂ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਯੂਨੀਵਰਸਿਟੀ ਆਫ਼ ਤੁਰਕੂ, ਫਿਨਲੈਂਡ ਦੇ ਮਾਹਿਰਾਂ ਨਾਲ ਇੱਕ ਰੋਜ਼ਾ ਸਿਖਲਾਈ ਅਤੇ ਵਿਚਾਰ-ਵਟਾਂਦਰਾ ਪ੍ਰੋਗਰਾਮ ਕਰਵਾਇਆ ਗਿਆ। ਇਥੇ ਮੈਗਸੀਪਾ ਵਿਖੇ ਕਰਵਾਏ ਗਏ ਇਸ ਪ੍ਰੋਗਰਾਮ ਵਿੱਚ ਸੂਬੇ ਦੇ ਵੱਖ-ਵੱਖ ਸਰਕਾਰੀ ਪ੍ਰਾਇਮਰੀ ਸਕੂਲਾਂ ਦੇ 296 ਅਧਿਆਪਕਾਂ ਨੇ ਹਿੱਸਾ ਲਿਆ। ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਫਿਨਲੈਂਡ ਵਿਖੇ ਤਿੰਨ ਹਫ਼ਤਿਆਂ ਦੇ ਸਿਖਲਾਈ ਪ੍ਰੋਗਰਾਮ ਲਈ ਭੇਜੇ ਗਏ 72 ਅਧਿਆਪਕਾਂ ਦੇ ਪਹਿਲੇ ਬੈਚ ਦੀ ਸ਼ਾਨਦਾਰ ਸਫ਼ਲਤਾ ਉਪਰੰਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 273 ਪ੍ਰਾਇਮਰੀ ਅਧਿਆਪਕਾਂ ਅਤੇ 23 ਡੀ.ਈ.ਓ. (ਐਲੀਮੈਂਟਰੀ) ਲਈ ਇੱਕ ਰੋਜ਼ਾ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ।ਸਕੂਲ ਸਿੱਖਿਆ ਮੰਤਰੀ ਨੇ ਦੱਸਿਆ ਕਿ ਇਸ ਪ੍ਰੋਗਰਾਮ ਦਾ ਉਦੇਸ਼ ਅਧਿਆਪਕਾਂ ਨੂੰ ਪ੍ਰਭਾਵਸ਼ਾਲੀ ਪ੍ਰਾਇਮਰੀ ਸਕੂਲ ਅਧਿਆਪਨ ਤਕਨੀਕਾਂ ਨਾਲ ਲੈਸ ਕਰਨਾ ਹੈ। ਉਹਨਾਂ ਦੱਸਿਆ ਕਿ ਇਹ ਪਹਿਲ ਟ੍ਰੇਨਰਾਂ ਨੂੰ ਸੂਬੇ ਦੇ ਪ੍ਰਾਇਮਰੀ ਸਕੂਲਾਂ ਵਿੱਚ ਸਿੱਖਿਆ ਪ੍ਰਣਾਲੀ ਨੂੰ ਬਿਹਤਰ ਢੰਗ ਨਾਲ ਸਮਝਣ ਦੇ ਯੋਗ ਬਣਾਏਗੀ।ਕੌਮਾਂਤਰੀ ਮਾਹਿਰਾਂ ਦਾ ਸਮੂਹ, ਜਿਸ ਵਿੱਚ ਐਰੀ ਕਿਓਸਕੀ, ਮਿਸ ਮਿਰਜਾਮੀ ਈਨੋਲਾ ਅਤੇ ਮਿਸ ਸਾਰੀ ਇਸੋਕਯਟੋ-ਸਿੰਜੋਈ ਸ਼ਾਮਲ ਸਨ, ਦਾ ਨਿੱਘਾ ਸਵਾਗਤ ਕਰਦਿਆਂ ਸਕੂਲ ਸਿੱਖਿਆ ਵਿਭਾਗ ਦੇ ਸਕੱਤਰ ਕਮਲ ਕਿਸ਼ੋਰ ਯਾਦਵ ਨੇ ਇਸ ਸਿਖਲਾਈ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਾਸਤੇ ਟ੍ਰੇਨਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਇਹ ਪ੍ਰੋਗਰਾਮ ਪ੍ਰਾਇਮਰੀ ਸਕੂਲ ਦੇ ਅਧਿਆਪਕਾਂ ਨੂੰ ਉਨ੍ਹਾਂ ਤਕਨੀਕਾਂ ਨੂੰ ਅਪਣਾਉਣ ਵਿੱਚ ਮਦਦ ਕਰੇਗਾ ਜੋ ਵਿਦਿਆਰਥੀਆਂ ਲਈ ਸਿੱਖਣ ਪ੍ਰਕਿਰਿਆ ਨੂੰ ਰੁਮਾਂਚਕ ਅਤੇ ਤਣਾਅ-ਮੁਕਤ ਬਣਾਉਣ ਦੇ ਨਾਲ-ਨਾਲ ਉਨ੍ਹਾਂ ਦੇ ਸਮੁੱਚੇ ਵਿਕਾਸ ਵਿੱਚ ਯੋਗਦਾਨ ਪਾਉਣਗੀਆਂ।ਇਸ ਮੌਕੇ ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ ਚਰਚਿਲ ਕੁਮਾਰ, ਡਾਇਰੈਕਟਰ ਅਮਨਿੰਦਰ ਕੌਰ ਬਰਾੜ ਅਤੇ ਸਕੂਲ ਸਿੱਖਿਆ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# ਸਰਕਾਰ ਵੱਲੋਂ ਖੇਡਾਂ ਦੇ ਪੱਧਰ ਨੂੰ ਉਤਾਂਹ ਚੁੱਕਣ ਲਈ ਕੀਤੇ ਜਾ ਰਹੇ ਹਨ ਸਾਰਥਿਕ ਯਤਨ : ਕੁਲਵੰਤ ਸਿੰਘ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, ( ਗੁਰਜੀਤ ਬਿੱਲਾ)**-ਬ੍ਰਹਮਲੀਨ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਦੇ ਆਸ਼ੀਰਵਾਦ ਸਦਕਾ ਬੈਦਵਾਨ ਸਪੋਰਟਸ ਕਲੱਬ (ਰਜਿ:) ਸੁਹਾਣਾ ਵੱਲੋਂ ਅਮਰ ਸ਼ਹੀਦ ਬਾਬਾ ਹਨੂਮਾਨ ਸਿੰਘ ਜੀ ਯਾਦਗਾਰੀ ਅਤੇ ਪੰਮੇ ਸੁਹਾਣੇ ਦੀ ਯਾਦ ਨੂੰ ਸਮਰਪਿਤ, 28ਵਾਂ ਕਬੱਡੀ ਕੱਪ 'ਚ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕਰਦੇ ਹੋਏ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਖੇਡਾਂ ਦੇ ਪੱਧਰ ਨੂੰ ਉਤਾਂਹ ਚੁੱਕਣ ਦੇ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਖੇਡ ਜਗਤ ਵਿੱਚ ਸਕਾਰਾਤਮਕ ਸਕੀਮਾਂ ਨੂੰ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਕੰਮਾਂ ਦੇ ਚਲਦਿਆਂ ਪੰਜਾਬ ਦੀ ਜਵਾਨੀ ਦਾ ਨਸ਼ਿਆਂ ਨੇ ਵੱਡਾ ਨੁਕਸਾਨ ਕੀਤਾ, ਜਿਸ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਕੇ ਲੀਹ ਤੇ ਲਿਆਂਦਾ ਜਾ ਰਿਹਾ ਹੈ ਅਤੇ ਨੌਜਵਾਨ ਨਸ਼ਿਆਂ ਤੋਂ ਦੂਰ ਹੋ ਕੇ ਖੇਡ ਮੈਦਾਨ ਵਿੱਚ ਸਮਾਂ ਬਿਤਾਉਣਾ ਵਧੇਰੇ ਪਸੰਦ ਕਰ ਰਹੇ ਹਨ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਖਿਡਾਰੀਆਂ ਨੂੰ ਖੇਡ ਲਈ ਲੋੜੀਂਦੇ ਸਮਾਨ ਦੀ ਜ਼ਰੂਰਤ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਜਿਹੜੀਆਂ ਖੇਡ ਸੰਸਥਾਵਾਂ ਖਿਡਾਰੀਆਂ ਨੂੰ ਖੇਡਾਂ ਲਈ ਪ੍ਰਮੋਟ ਕਰਦੀਆਂ ਹਨ, ਉਨ੍ਹਾਂ ਨੂੰ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਹਰ ਮਹੀਨੇ, ਹਰ ਦਿਨ ਅਤੇ ਹਰ ਅਹਿਮ ਮੌਕਿਆਂ ਤੇ ਪੰਜਾਬ ਭਰ ਵਿੱਚ ਕਿਤੇ ਨਾ ਕਿਤੇ ਕੋਈ ਨਾ ਕੋਈ ਟੂਰਨਾਮੈਂਟ ਚੱਲ ਰਿਹਾ ਹੁੰਦਾ ਹੈ ਜਿਸ ਤੋਂ ਭਗਵੰਤ ਮਾਨ ਸਰਕਾਰ ਦੇ ਖੇਡਾਂ ਪ੍ਰਤੀ ਸੁਹਿਰਦ ਅਤੇ ਸਾਰਥਿਕ ਵਾਤਾਵਰਣ ਪ੍ਰਦਾਨ ਕਰਨ ਬਾਰੇ ਪਤਾ ਚਲਦਾ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਲਾਕੇ ਦੇ ਲੋਕਾਂ ਦਾ ਉਹ ਕਦੇ ਵੀ ਦੇਣਾ ਨਹੀਂ ਦੇ ਸਕਦੇ, ਜਿਨਾਂ ਨੇ ਏਡੇ ਵੱਡੇ ਅੰਤਰ ਨਾਲ ਜਿਤਾ ਕੇ ਉਹਨਾਂ ਨੂੰ ਪੰਜਾਬ ਵਿਧਾਨ ਸਭਾ ਵਿੱਚ ਭੇਜਿਆ ਹੈ। ਇਸ ਮੌਕੇ ਤੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਬੈਦਵਾਨ ਸਪੋਰਟਸ ਕਲੱਬ ਨੂੰ 51 ਹਜ਼ਾਰ ਰੁਪਏ ਦੇਣ ਦਾ ਐਲਾਨ ਕੀਤਾ ਗਿਆ। ਕਬੱਡੀ ਕੱਪ ਦੇ ਦੌਰਾਨ ਇੱਕ ਪਿੰਡ ਓਪਨ ਵਿੱਚ, ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਟੀਮ ਨੂੰ ਡੇਢ ਲੱਖ ਰੁਪਏ ਜਦਕਿ ਦੂਸਰੇ ਸਥਾਨ 'ਤੇ ਰਹਿਣ ਵਾਲੀ ਟੀਮ ਨੂੰ 1 ਲੱਖ ਰੁਪਏ ਇਨਾਮ ਦਿੱਤੇ ਗਏ, ਜਦਕਿ ਇੱਕ ਪਿੰਡ ਓਪਨ ਦੇ ਬੈਸਟ ਰੇਡਰ ਅਤੇ ਬੈਸਟ ਜਾਫੀ ਨੂੰ ਬੁਲਟ ਮੋਟਰਸਾਈਕਲ ਇਨਾਮ ਵਜੋਂ ਦਿੱਤੇ ਗਏ। ਇਸ ਕਬੱਡੀ ਕੱਪ ਦੇ ਵਿੱਚ ਵੱਡੀ ਗਿਣਤੀ ਵਿੱਚੋਂ ਪੰਜਾਬ ਭਰ ਵਿੱਚੋਂ ਖੇਡ ਪ੍ਰੇਮੀਆਂ ਅਤੇ ਖਿਡਾਰੀਆਂ ਨੇ ਹਿੱਸਾ ਲਿਆ। ਇਸ ਮੌਕੇ 'ਤੇ ਅਵਤਾਰ ਮੌਲੀ, ਹਰਮੇਸ਼ ਕੁੰਬੜਾ,ਗੁਰਪ੍ਰੀਤ ਕੁਰੜਾ, ਜਗਵਿੰਦਰ ਧਾਲੀਵਾਲ,ਸਨੀ, ਤਰਲੋਚਨ ਮਟੌਰ,ਬਲਜੀਤ ਸਿੰਘ ਵਿੱਕੀ,ਧਰਮਪ੍ਰੀਤ ਸਿੰਘ,ਜਸਪਾਲ ਮਟੌਰ,ਤਰਲੋਚਨ ਸਿੰਘ ਸਰਪੰਚ ਕੈਲੋ ਅਤੇ ਪ੍ਰਗਟ ਸਿੰਘ ਹਾਜ਼ਰ ਸਨ।

## ਮੁਫ਼ਤ ਮੈਡੀਕਲ ਚੈੱਕਅਪ ਕੈਂਪ 11 ਤੋਂ



**ਕਾਲਾ ਸੰਘਿਆਂ (ਮਨਜੀਤ ਮਾਨ)**— ਗੁਰੂ ਰਵਿਦਾਸ ਜੀ ਦੇ 648 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬੇਗਮਪੁਰਾ ਏਡ ਇੰਟਰਨੈਸ਼ਨਲ ਦੇ ਮੁਖੀ ਰਾਮ ਸਿੰਘ ਮੈਂਦੜਾ ਫਰਾਂਸ ਵੱਲੋਂ ਸੀਰ ਗੋਵਰਧਨ ਕਾਸ਼ੀ ਵਿਖੇ 11,12,13 ਫਰਵਰੀ ਨੂੰ ਤੀਸਰਾ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਇਸ ਕੈਂਪ ਵਿੱਚ ਹਰੇਕ ਤਰ੍ਹਾਂ ਦੀਆ ਬੀਮਾਰੀਆਂ ਦੇ ਮਾਹਿਰ ਡਾਕਟਰ ਮਰੀਜ਼ਾਂ ਦਾ ਚੈੱਕਅਪ ਕਰਨਗੇ। ਇਹ ਜਾਣਕਾਰੀ ਉੱਘੇ ਸਮਾਜ ਸੇਵਕ ਬਾਬਾ ਅਵਤਾਰ ਸਿੰਘ ਸਿੱਧਵਾਂ ਦੋਨਾਂ ਵਾਲਿਆਂ ਨੇ ਦਿੱਤੀ।

## ਗੁਰੂ ਰਵਿਦਾਸ ਦਾ ਪ੍ਰਕਾਸ਼ ਪੁਰਬ 22-23 ਫਰਵਰੀ ਨੂੰ ਮਨਾਇਆ ਜਾਵੇਗਾ



**ਬੰਗਾ (ਅਵਤਾਰ ਕਲੇਰ)** ਗੁਰਦੁਆਰਾ ਸ਼੍ਰੀ ਗੁਰੂ ਰਵਿਦਾਸ ਜੀ ਸਰਹਾਲ ਕਾਜ਼ੀਆਂ ਵਿਖੇ ਸ਼੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਸਬੰਧੀ ਇੱਕ ਜ਼ਰੂਰੀ ਤੇ ਪਹਿਲੀ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਗਿਆਨੀ ਪਾਲ ਸਿੰਘ ਵਲੋਂ ਕੀਤੀ ਗਈ। ਮੀਟਿੰਗ ਵਿੱਚ ਪਾਸ ਕੀਤਾ ਗਿਆ ਕਿ ਗੁਰੂ ਜੀ ਦਾ ਪ੍ਰਕਾਸ਼ ਪੁਰਬ 21, 22 ਅਤੇ 23 ਫਰਵਰੀ ਨੂੰ ਮਨਾਇਆ ਜਾਵੇਗਾ। 21 ਫਰਵਰੀ ਨੂੰ ਸ੍ਰੀ ਅਖੰਡ ਪਾਠ ਦੀ ਆਰੰਭਤਾ ਕੀਤੀ ਜਾਵੇਗੀ। 22 ਫਰਵਰੀ ਨੂੰ ਸਾਰੇ ਪਿੰਡ ਵਿੱਚ ਨਗਰ ਕੀਰਤਨ ਸਜਾਇਆ ਜਾਵੇਗਾ ਅਤੇ 23 ਫਰਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਰਾਗੀ, ਢਾਡੀ ਅਤੇ ਕਲਾਕਾਰ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਪ੍ਰਧਾਨ ਪਾਲ ਸਿੰਘ, ਰਣਜੀਤ ਸਿੰਘ ਪੰਚ, ਮਾਸਟਰ ਜਗਦੀਪ ਸੈਂਪਲੇ, ਨਵੀਨ ਮਹੇ, ਨਰਿੰਦਰ ਮਹੇ, ਮਹਿੰਦਰ ਜੱਸਲ ਪੰਚ , ਤਜਿੰਦਰ ਕੁਮਾਰ ਪੰਚ ,ਮਨੋਹਰ ਲਾਲ, ਗੁਰਨੇਕ ਲਾਲ, ਲਖਵੀਰ ਰਾਮ, ਦੀਪੂ ਬਗਲਾ, ਗੋਗੀ, ਵਿਜੇ ਮਹੇ, ਬਲਜੀਤ ਮਹੇ, ਬੰਟੀ, ਗੋਪਾਲ ਦਾਸ, ਗੋਰਖਾ ਅਤੇ ਗਗਨਦੀਪ ਗੱਗੀ ਹਾਜ਼ਰ ਸਨ।

## ਦਿਹਾਤੀ ਮਜ਼ਦੂਰ ਸਭਾ ਵੱਲੋਂ ਮੋਟਰਸਾਈਕਲ ਮਾਰਚ 25 ਤੋਂ



**ਜਲੰਧਰ ( ਰਾਜੇਸ਼ ਥਾਪਾ )** ਦਿਹਾਤੀ ਮਜ਼ਦੂਰ ਸਭਾ ਜ਼ਿਲ੍ਹਾ ਜਲੰਧਰ ਦੀ ਵਰਕਿੰਗ ਕਮੇਟੀ ਦੀ ਮੀਟਿੰਗ ਸਾਥੀ ਜ਼ਿਲ੍ਹਾ ਪ੍ਰਧਾਨ ਸਾਥੀ ਨਿਰਮਲ ਸਿੰਘ ਮਲਸੀਆਂ ਦੀ ਪ੍ਰਧਾਨਗੀ ਹੇਠ ਹੋਈ। ਜਥੇਬੰਦੀ ਦੇ ਸੂਬਾ ਪ੍ਰਧਾਨ ਸਾਥੀ ਦਰਸ਼ਨ ਨਾਹਰ ਨੇ ਦੇਸ਼ ਅਤੇ ਪੰਜਾਬ ਦੀ ਮੌਜੂਦਾ ਸਥਿਤੀ 'ਤੇ ਵਿਸਥਾਰ ਸਹਿਤ ਚਾਨਣਾ ਪਾਇਆ।ਉਨਾਂ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵਲੋਂ ਸਵਿੰਧਾਨ ਰਚੇਤਾ ਡਾਕਟਰ ਭੀਮ ਰਾਓ ਅੰਬੇਡਕਰ ਵਿਰੁੱਧ ਅਪਮਾਨਜਨਕ ਟਿੱਪਣੀ ਕਰਨਾ ਦਲਿਤਾਂ ਅਤੇ ਸੰਵਿਧਾਨ ਖ਼ਿਲਾਫ਼ ਮਾਨਸਿਕਤਾ ਦਾ ਪ੍ਰਗਟਾਵਾ ਹੈ ।ਮੋਦੀ ਸਰਕਾਰ ਇਸ ਨੂੰ ਮੰਤਰੀ ਮੰਡਲ ਵਿਚੋਂ ਬਰਖਾਸਤ ਕਰੇ। ਜ਼ਿਲ੍ਹਾ ਸਕੱਤਰ ਪਰਮਜੀਤ ਰੰਧਾਵਾ ਨੇ ਕਿਹਾ ਕਿ ਦਿਹਾਤੀ ਮਜ਼ਦੂਰ ਸਭਾ ਵੱਲੋਂ 25 ਜਨਵਰੀ ਨੂੰ ਨਕੋਦਰ,28 ਜਨਵਰੀ ਨੂੰ ਜਲੰਧਰ ਅਤੇ ਸ਼ਾਹਕੋਟ ਅਤੇ 30 ਜਨਵਰੀ ਨੂੰ ਫਿਲੌਰ ਵਿਚ ਮੋਟਰਸਾਈਕਲ ਮਾਰਚ ਕਰਕੇ ਮਜ਼ਦੂਰਾਂ ਨੂੰ ਮੋਦੀ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਖਿਲਾਫ ਜਾਗਰੂਕ ਕੀਤਾ ਜਾਵੇਗਾ। ਸੂਬਾ ਪ੍ਰੈਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਕਿਹਾ ਕਿ ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਬਹੁਤ ਬਦ ਤੋਂ ਬਦਤਰ ਹੋ ਗਈ ਹੈ ਲੁੱਟਾਂ ਖੋਹਾਂ,ਕਤਲ, ਡਕੈਤੀਆਂ ਸ਼ਰੇਆਮ ਹੋ ਰਹੀਆਂ ਹਨ। ਸਰਕਾਰ,ਸਮਾਜ ਵਿਰੋਧੀ ਅਨਸਰ ਅਤੇ ਪੁਲਸ ਗਠਜੋੜ ਕਾਰਨ ਪੁਲਸ ਲੋਕਾਂ ਦੀ ਗੱਲ ਨਹੀਂ ਸੁਣਦੀ। ਸਭਾ ਵਲੋਂ ਪਹਿਲੀ ਫਰਵਰੀ ਨੂੰ ਮਾਸ ਡੈਪੂਟੇਸ਼ਨ ਰਾਹੀਂ ਐਸ ਐਸ ਪੀ ਦਿਹਾਤੀ ਜਲੰਧਰ ਅਤੇ ਕਮਿਸ਼ਨਰ ਪੁਲਿਸ ਜਲੰਧਰ ਨੂੰ ਮੰਗ ਪੱਤਰ ਦੇਣ ਦਾ ਫੈਸਲਾ ਕੀਤਾ ਗਿਆ। ਜ਼ਿਲ੍ਹਾ ਕਮੇਟੀ ਵਿੱਚ ਸਾਥੀ ਕੁਲਦੀਪ ਵਾਲੀਆ ਬਿਲਗਾ ਨੂੰ ਮੈਂਬਰ ਚੁਣਿਆ ਗਿਆ। ਮੀਟਿੰਗ ਵਿਚ ਸਾਥੀ ਜਰਨੈਲ ਫਿਲੌਰ, ਰੀਨਾ ਕੋਟਲੀ,ਦਲਵੀਰ ਸਹੋਤਾ ਮਾਹੂੰਵਾਲ, ਨਛੱਤਰ ਨਾਹਰ, ਸੁਨੀਤਾ ਨੂਰਪੁਰੀ, ਜਸਵਿੰਦਰ ਕੌਰ ਮਾਹੂੰਵਾਲ, ਮਾ ਹੰਸ ਰਾਜ ਫਿਲੌਰ, ਤਾਰਾ ਸਿੰਘ ਥੰਮੂਵਾਲ, ਬਲਕਾਰ ਸਿੰਘ ਨੂਰਪੁਰ, ਮੇਜਰ ਫਿਲੌਰ,ਭਜਨ ਸਿੰਘ ਜਮਸ਼ੇਰ, ਸਰਬਜੀਤ ਢੇਰੀਆਂ ਅਤੇ ਗੁਰਮੇਲ ਤਲਵੰਡੀ ਭਰੋ ਹਾਜ਼ਰ ਸਨ।

## ਪਾਰਕ ਦੀ ਦਿੱਖ ਸੰਵਾਰਨ ਲਈ ਵਿਦਿਆਰਥੀ ਕਰ ਸਕਣਗੇ ਆਪਣੀ ਕਲਾ ਦਾ ਪ੍ਰਦਰਸ਼ਨ : ਡੀ ਸੀ

**ਜਲੰਧਰ (ਸੁਰਿੰਦਰ ਕੁਮਾਰ)** ਬਰਲਟਨ ਪਾਰਕ ਦੇ ਸੁੰਦਰੀਕਰਨ ਅਤੇ ਦਿੱਖ ਸੰਵਾਰਨ ਦੇ ਕੰਮ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਕਾਲਜਾਂ ਦੇ ਫਾਈਨ ਆਰਟਸ ਦੇ ਵਿਦਿਆਰਥੀਆਂ ਨੂੰ ਸ਼ਾਮਲ ਕਰਨ ਦੀ ਰੂਪ-ਰੇਖਾ ਉਲੀਕੀ ਗਈ ਹੈ, ਜਿਸ ਨਾਲ ਜਿਥੇ ਵਿਦਿਆਰਥੀਆਂ ਨੂੰ ਆਪਣੀ ਕਲਾ ਨੂੰ ਪ੍ਰਦਰਸ਼ਿਤ ਕਰਨ ਦਾ ਮੌਕਾ ਮਿਲੇਗਾ ਅਤੇ ਉਨ੍ਹਾਂ ਦੇ ਡਿਜ਼ਾਈਨ ਪਾਰਕ ਦੀ ਖੂਬਸੂਰਤੀ ਦਾ ਹਿੱਸਾ ਬਣਨਗੇ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਹਾਇਕ ਕਮਿਸ਼ਨਰ (ਯੂ.ਟੀ.) ਸੁਨੀਲ ਫੋਗਟ ਸਮੇਤ ਬਰਲਟਨ ਪਾਰਕ 'ਚ ਚੱਲ ਰਹੇ ਕੰਮ ਦਾ ਲਿਆ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਵੱਖ-ਵੱਖ ਕਾਲਜਾਂ ਦੇ ਪ੍ਰਿੰਸੀਪਲਾਂ ਅਤੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਰਲਟਨ ਪਾਰਕ ਨੂੰ ਸਪੋਰਟਸ ਹੱਬ ਦੇ ਨਾਲ-ਨਾਲ ਸ਼ਹਿਰ ਵਿੱਚ ਖਿੱਚ ਦੇ ਕੇਂਦਰ ਵਜੋਂ ਵਿਕਸਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬਰਲਟਨ ਪਾਰਕ ਦੀ ਨੁਹਾਰ ਬਦਲਣ ਦੇ ਇਸ ਪ੍ਰਾਜੈਕਟ ਰਾਹੀਂ ਨੌਜਵਾਨਾਂ ਨੂੰ ਆਪਣੀ ਕਲਾ, ਹੁਨਰ ਤੇ ਰਚਨਾਤਮਕਤਾ ਦਿਖਾਉਣ ਦਾ ਮੌਕਾ ਦਿੱਤਾ ਜਾ ਰਿਹਾ ਹੈ।ਡਾ. ਅਗਰਵਾਲ ਨੇ ਦੱਸਿਆ ਕਿ ਬਰਲਟਨ ਪਾਰਕ ਦੇ ਅੰਦਰ ਅਤੇ ਬਾਹਰ ਆਕਰਸ਼ਕ ਵਾਲ ਪੇਂਟਿੰਗ ਤੋਂ ਇਲਾਵਾ ਸਕਲਪਚਰ ਅਤੇ ਲੈਂਡਸਕੇਪਿੰਗ ਕਰਵਾਈ ਜਾਣੀ ਹੈ। ਉਨ੍ਹਾਂ ਦੱਸਿਆ ਕਿ ਵਾਲ ਪੇਂਟਿੰਗਜ਼ ਲਈ ਪਹਿਲੇ ਪੜਾਅ ਵਿੱਚ ਵਿਦਿਆਰਥੀਆਂ ਵਿੱਚ ਮੁਕਾਬਲੇ ਕਰਵਾਏ ਜਾਣਗੇ ਅਤੇ ਚੁਣੇ ਗਏ ਡਿਜ਼ਾਈਨ ਬਰਲਟਨ ਪਾਰਕ ਦੀਆਂ ਦੀਵਾਰਾਂ 'ਤੇ ਪੇਂਟ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਸਕਲਪਚਰ ਅਤੇ ਲੈਂਡਸਕੇਪਿੰਗ ਲਈ ਵੀ ਵਿਦਿਆਰਥੀਆਂ ਦੇ ਆਈਡੀਆਜ਼ ਨੂੰ ਸ਼ਾਮਲ ਕੀਤਾ ਜਾਵੇਗਾ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਾਰਕ ਦੇ ਸੁੰਦਰੀਕਰਨ ਦਾ ਹਿੱਸਾ ਬਣਨ ਵਾਲੇ ਵਿਦਿਆਰਥੀਆਂ ਦੀ ਪ੍ਰਸ਼ਾਸਨ ਵੱਲੋਂ ਹੌਸਲਾ ਅਫ਼ਜ਼ਾਈ ਵੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਦਾ ਮਕਸਦ ਨਾ ਸਿਰਫ਼ ਪਾਰਕ ਨੂੰ ਸੁੰਦਰ ਬਣਾਉਣਾ ਹੈ, ਸਗੋਂ ਲੋਕਾਂ ਖਾਸ ਕਰ ਨੌਜਵਾਨਾਂ ਵਿੱਚ ਸਮੂਹਿਕ ਭਾਗੀਦਾਰੀ ਦੀ ਭਾਵਨਾ ਨੂੰ ਵਧਾਉਣਾ ਵੀ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਬਰਲਟਨ ਪਾਰਕ ਨੂੰ ਸਪੋਰਟਸ ਹੱਬ ਦੇ ਨਾਲ-ਨਾਲ ਇਸ ਰਾਹੀਂ ਕਲਾ ਨੂੰ ਪ੍ਰਫੁੱਲਿਤ ਕਰਨ ਲਈ ਵਚਨਬੱਧ ਹੈ ਅਤੇ ਇਸ ਕੰਮ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਨਗਰ ਨਿਗਮ ਜਲੰਧਰ ਦੇ ਅਧਿਕਾਰੀ ਅਤੇ ਵੱਖ-ਵੱਖ ਕਾਲਜਾਂ ਦੇ ਪ੍ਰਿੰਸੀਪਲ ਅਤੇ ਨੁਮਾਇੰਦੇ ਵੀ ਮੌਜੂਦ ਸਨ।

## ਕਿਰਤੀ ਕਿਸਾਨ ਯੂਨੀਅਨ 26 ਨੂੰ ਕਰੇਗੀ ਟਰੈਕਟਰ ਪਰੇਡ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**— ਕਿਰਤੀ ਕਿਸਾਨ ਯੂਨੀਅਨ ਵਲੋਂ ਮਾਡਲ ਟਾਊਨ ਨੂਰਮਹਿਲ ਵਿਖੇ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਸੰਧੂ ਜਿਲਾ ਸਕੱਤਰ ਗੁਰਕਮਲ ਸਿੰਘ ਅਤੇ ਸੁਰਜੀਤ ਸਿੰਘ ਸਮਰਾ ਜ਼ਿਲ੍ਹਾ ਆਗੂ ਵਲੋਂ ਵੱਖ ਵੱਖ ਪਿੰਡਾਂ ਤੋਂ ਆਏ ਕਿਸਾਨਾਂ ਦੀ ਇਕ ਭਰਵੀਂ ਮੀਟਿੰਗ 26 ਜਨਵਰੀ ਦੀ ਟਰੈਕਟਰ ਪਰੇਡ ਕਰਨ ਲਈ ਕਰਵਾਈ ਗਈ। ਜਿਸ ਵਿਚ ਕਿਸਾਨਾਂ ਨੇ ਭਰਵੀਂ ਸ਼ਮੂਲੀਅਤ ਕਰਨ ਦਾ ਵਿਸ਼ਵਾਸ ਦੁਆਇਆ। ਕਿਸਾਨ ਆਗੂਆਂ ਨੇ ਦੱਸਿਆ ਕਿ ਠੀਕ ਗਿਆਰਾਂ ਵਜੇ ਪੁਰਾਣੀ ਦਾਣਾ ਮੰਡੀ ਨੂਰਮਹਿਲ ਵਿਖੇ ਇਕੱਠੇ ਹੋਣਗੇ।ਮੀਟਿੰਗ ਵਿਚ ਬਹੁਤ ਸਾਰੇ ਪਿੰਡਾਂ ਦੇ ਨਵੇਂ ਨੌਜਵਾਨ ਇਕੱਠੇ ਹੋਏ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਮੈਂਬਰ ਬਣਕੇ ਨਾਲ ਚਲਣ ਦਾ ਵਿਸ਼ਵਾਸ ਦੁਆਇਆ।

# ਗੌਰਵ ਤੂਰਾ ਨੇ ਲਵਲੀ 'ਵਰਸਿਟੀ 'ਚ ਫਗਵਾੜਾ ਦੇ ਲੋਕਾਂ ਨਾਲ ਕੀਤੀ ਸੰਪਰਕ ਮੀਟਿੰਗ



**ਫਗਵਾੜਾ ( ਡਾ. ਰਮਨ )** ਸੀਨੀਅਰ ਪੁਲਸ ਕਪਤਾਨ ਕਪੂਰਥਲਾ ਗੌਰਵ ਤੂਰਾ ਦੀ ਅਗਵਾਈ ਹੇਠ ਸਬ ਡਵੀਜਨ ਫਗਵਾੜਾ ਦੇ ਵੱਖ-ਵੱਖ ਸਿਆਸੀ, ਧਾਰਮਿਕ, ਸਮਾਜਿਕ ਆਗੂਆਂ ਤੇ ਪਿੰਡਾਂ ਦੇ ਸਰਪੰਚਾਂ ਨਾਲ ਇੱਕ ਉਸਾਰੂ ਅਤੇ ਪ੍ਰਭਾਵੀ ਮੀਟਿੰਗ ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਫਗਵਾੜਾ ਵਿਖੇ ਕੀਤੀ ਗਈ। ਜਿਸ ਦਾ ਉਦੇਸ਼ ਆਮ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਨਾਉਣਾ, ਪ੍ਰਤਿਬੰਧਤ ਨਸ਼ੀਲੇ ਪਦਾਰਥਾਂ ਦੀ ਵਿਕਰੀ ਨੂੰ ਠੱਲ੍ਹ ਪਾਉਣਾ ਅਤੇ ਸਥਾਨਕ ਕਾਨੂੰਨ ਵਿਵਸਥਾ ਨੂੰ ਦਰਪੇਸ਼ ਚੁਣੌਤੀਆਂ ਤੋਂ ਨਿਪਟਨ ਲਈ ਆਮ ਲੋਕਾਂ ਦਾ ਸਹਿਯੋਗ ਲੈਣਾ ਸੀ। ਮੀਟਿੰਗ ਦੌਰਾਨ ਹਾਜਰ ਆਏ ਵੱਖ-ਵੱਖ ਆਗੂਆਂ ਨੇ ਕਈ ਮਹੱਤਵਪੂਰਨ ਨੁਕਤੇ ਉਠਾਏ ਜੋ ਸਮਾਜ ਦੀਆਂ ਚਿੰਤਾਵਾਂ ਦਾ ਪ੍ਰਗਟਾਵਾ ਕਰਨ ਦੇ ਨਾਲ ਹੀ ਨਸ਼ਿਆਂ ਵਿਰੁੱਧ ਸਮੂਹਿਕ ਕਾਰਵਾਈ ਲਈ ਸੁਝਾਅ ਦੇ ਰੂਪ ਵਿਚ ਸਨ। ਜਿਹਨਾਂ ਵਿਚ ਮੁੱਖ ਤੌਰ 'ਤੇ ਪਿੰਡ-ਪੱਧਰੀ ਨਸ਼ਾ ਵਿਰੋਧੀ ਕਮੇਟੀਆਂ ਦਾ ਗਠਨ, ਸਪੋਰਟਸ ਕਲੱਬਾਂ ਅਤੇ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨਾ, ਖੇਡਾਂ, ਖਾਸ ਕਰਕੇ ਵਾਲੀਬਾਲ ਨੂੰ ਉਤਸ਼ਾਹਿਤ ਕਰਨ ਦੀ ਮਹੱਤਤਾ ਨੂੰ ਉਜਾਗਰ ਕੀਤਾ ਗਿਆ। ਇਸ ਤੋਂ ਇਲਾਵਾ ਓਵਰਵਰਕਡ ਪੁਲਿਸ ਫੋਰਸ, ਟਰੈਫਿਕ ਦੀ ਸਮੱਸਿਆ ਨਾਲ ਸਬੰਧਤ ਮੁੱਦਿਆਂ ਤੇ ਵਿਚਾਰਾਂ ਕੀਤੀਆਂ ਗਈਆਂ। ਐਸ.ਐਸ.ਪੀ. ਗੌਰਵ ਤੂਰਾ ਨੇ ਆਵਾਜਾਈ ਸਮੱਸਿਆ ਨੂੰ ਹੱਲ ਕਰਨ ਲਈ ਇੱਕ ਐਂਟੀ-ਐਂਕਰੋਚਮੈਂਟ ਮੁਹਿਮ ਦਾ ਐਲਾਨ ਵੀ ਕੀਤਾ। ਹਾਜਰੀਨਾਂ ਨੇ ਸਬ-ਡਿਵੀਜ਼ਨ ਫਗਵਾੜਾ ਵਿੱਚ ਪੁਲਸ ਮੁਲਾਜ਼ਮਾਂ ਦੀ ਘਾਟ, ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਹੋਰ ਪੁਲਿਸ ਅਧਿਕਾਰੀਆਂ ਦੀ ਲੋੜ, ਵਿਦਿਅਕ ਸੰਸਥਾਵਾਂ ਦੇ ਬਾਹਰ ਛੇੜਛਾੜ ਦੀਆਂ ਘਟਨਾਵਾਂ ਨੂੰ ਰੋਕਣ ਲਈ ਲੇਡੀ ਪੀ.ਸੀ.ਆਰ. ਵੈਨਾਂ ਦੀ ਸ਼ੁਰੂਆਤ ਬਾਰੇ ਕਈ ਸੁਝਾਅ ਦਿੱਤੇ। ਜਿਹਨਾਂ ਨੂੰ ਹਾਜਰ ਪੁਲਿਸ ਅਧਿਕਾਰੀਆਂ ਨੇ ਗੰਭੀਰਤਾ ਨਾਲ ਲਿਆ। ਭੀੜ ਨੂੰ ਘੱਟ ਕਰਨ ਲਈ ਬੱਸ ਸਟੈਂਡ ਨੂੰ ਸ਼ਹਿਰ ਦੀ ਸੀਮਾ ਤੋਂ ਬਾਹਰ ਲਿਜਾਣ ਦੇ ਪ੍ਰਸਤਾਵ 'ਤੇ ਵੀ ਚਰਚਾ ਕੀਤੀ ਗਈ। ਆਗੂਆਂ ਨੇ ਸੀਨੀਅਰ ਅਫਸਰਾਂ ਲਈ ਕਮਿਊਨਿਟੀ ਗੱਲਬਾਤ ਅਤੇ ਸਹਾਇਤਾ ਲਈ ਨਿੱਜੀ ਸਮਾਂ ਸਮਰਪਿਤ ਕਰਨ ਦੀ ਗੱਲ ਕਹੀ। ਚੋਰੀਆਂ ਤੇ ਲੁੱਟਾਂ-ਖੋਹਾਂ ਨੂੰ ਰੋਕਣ ਅਤੇ ਜ਼ਮਾਨਤ 'ਤੇ ਬਾਹਰ ਆਏ ਵਿਅਕਤੀਆਂ ਦੀ ਨਿਗਰਾਨੀ ਬਾਰੇ ਵੀ ਵਢਮੁੱਲੇ ਸੁਝਾਅ ਪੇਸ਼ ਕੀਤੇ ਗਏ। ਐਸ.ਐਸ.ਪੀ. ਤੂਰਾ ਅਤੇ ਐਸ.ਪੀ. ਫਗਵਾੜਾ ਰੁਪਿੰਦਰ ਕੌਰ ਭੱਟੀ ਨੇ ਕਿਹਾ ਕਿ ਨਸ਼ਾ ਤਸਕਰਾਂ ਵਿਰੁੱਧ ਪੁਲਿਸ ਦਾ ਰੁੱਖ ਬਹੁਤ ਸਖ਼ਤ ਹੈ। ਅਜਿਹੇ ਕੇਸਾਂ ਵਿਚ ਸਿਫਾਰਸ਼ਾਂ ਤੋਂ ਗੁਰੇਜ ਕੀਤਾ ਜਾਵੇ। ਕਿਉਂਕਿ ਅਜਿਹੇ ਸੰਗੀਨ ਜੁਰਮਾਂ ਲਈ ਕਿਸੇ ਤਰ੍ਹਾਂ ਦੀ ਢਿੱਲ ਨਹੀਂ ਦਿੱਤੀ ਜਾਵੇਗੀ। ਉਹਨਾਂ ਨੇ ਨਸ਼ੇ ਦੇ ਆਦੀ ਲੋਕਾਂ ਲਈ ਨਸ਼ਾ ਛੁਡਾਊ ਪ੍ਰੋਗਰਾਮ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਲਈ ਖਾਸ ਤੌਰ 'ਤੇ ਕਬਾੜੀਆਂ ਦੀਆਂ ਦੁਕਾਨਾਂ 'ਤੇ ਸੀ.ਸੀ.ਟੀ.ਵੀ. ਕੈਮਰੇ ਲਾਜਮੀ ਕਰਨ ਬਾਰੇ ਜੋਰ ਦਿੱਤਾ ਗਿਆ। ਇਸ ਦੌਰਾਨ ਸੜਕ ਸੁਰੱਖਿਆ ਯਕੀਨੀ ਬਨਾਉਣ ਲਈ ਟਰੈਫਿਕ ਨਿਯਮਾਂ ਦੀ ਜਾਣਕਾਰੀ ਵੀ ਦਿੱਤੀ ਗਈ। ਐਸ.ਐਸ.ਪੀ. ਗੌਰਵ ਤੂਰਾ ਨੇ ਹਾਜਰੀਨ ਨੂੰ ਭਰੋਸਾ ਦਿੱਤਾ ਕਿ ਸਾਰੇ ਸੁਝਾਵਾਂ ਨੂੰ ਗੰਭੀਰਤਾ ਨਾਲ ਵਿਭਾਗ ਦੀ ਰਣਨੀਤੀ ਵਿੱਚ ਸ਼ਾਮਲ ਕੀਤਾ ਜਾਵੇਗਾ। ਅਖੀਰ ਉਹਨਾਂ ਜੁਰਮ ਨੂੰ ਰੋਕਣ ਅਤੇ ਅਮਨ ਕਾਨੂੰਨ ਵਿਚ ਜਨਤਾ ਨੂੰ ਸਹਿਯੋਗ ਕਰਨ ਦੀ ਅਪੀਲ ਕੀਤੀ। ਉਹਨਾਂ ਦੱਸਿਆ ਕਿ ਇਸ ਸਬੰਧੀ ਸੂਚਨਾ ਹੈਲਪ ਲਾਈਨ 112 'ਤੇ ਵੀ ਦਿੱਤੀ ਜਾ ਸਕਦੀ ਹੈ। ਇਸ ਮੌਕੇ ਆਮ ਆਦਮੀ ਪਾਰਟੀ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ, ਸੂਬਾ ਸਪੋਕਸ ਪਰਸਨ ਹਰਜੀ ਮਾਨ, ਡੀ.ਐਸ.ਪੀ. ਫਗਵਾੜਾ ਭਾਰਤ ਭੂਸ਼ਣ, ਸਾਰੇ ਥਾਣਿਆਂ ਦੇ ਮੁਖੀਆਂ ਤੋਂ ਇਲਾਵਾ ਸ਼ਿਵ ਸੈਨਾ ਆਗੂ ਇੰਦਰਜੀਤ ਕਰਵਲ, ਗੁਰਦੀਪ ਸੈਣੀ, ਹਿੰਦੂ ਸੁੱਰਖਿਆ ਸੰਮਤੀ ਦੇ ਪ੍ਰਧਾਨ ਦੀਪਕ ਭਾਰਦਵਾਜ, ਲਾਇਨ ਗੁਰਦੀਪ ਸਿੰਘ ਕੰਗ, ਪ੍ਰਦੀਪ ਸਰਦਾਨਾ, ਕੌਂਸਲਰ ਪ੍ਰਿਤਪਾਲ ਕੌਰ ਤੁਲੀ, ਰਜਨੀ ਬਾਲਾ, ਬਲਵੀਰ ਠਾਕੁਰ, ਰਵਿੰਦਰ ਸਿੰਘ ਰਾਏ, ਕੁਲਵਿੰਦਰ ਸਿੰਘ ਕਾਲਾ, ਗੁਰਪਾਲ ਸਿੰਘ ਪਾਲਾ ਮੌਲੀ, ਰਿੰਪਲ ਕੁਮਾਰ ਸਰਪੰਚ ਵਜੀਦੋਵਾਲ, ਗੁਰਮੀਤ ਸਿੰਘ ਗੋਗੀ ਸਰਪੰਚ ਲੱਖਪੁਰ, ਵਿਜੇ ਕੁਮਾਰ ਸਰਪੰਚ ਢੱਕ ਪੰਡੋਰੀ, ਅਮਰੀਕ ਸਿੰਘ ਸੀਕਰੀ, ਪਿਆਰਾ ਸਿੰਘ ਢੱਡਵਾਲ, ਰੇਸ਼ਮ ਸਿੰਘ, ਇੰਦਰਜੀਤ ਸਿੰਘ ਲੱਖਪੁਰ, ਬਲਿਹਾਰ ਚੰਦ, ਮੋਹਨ ਸਿੰਘ, ਹਰਜਿੰਦਰ ਸਿੰਘ, ਜਰਨੈਲ ਸਿੰਘ, ਭਜਨ ਸਿੰਘ, ਗੁਰਦੀਪ ਸਿੰਘ ਆਦਿ ਹਾਜਰ ਸਨ।

# ਭਰੂਣ ਹੱਤਿਆ ਵਰਗੀ ਸਮਾਜਿਕ ਬੁਰਾਈ ਨੂੰ ਰੋਕਣਾ ਸਾਡੀ ਸਭ ਦੀ ਜ਼ਿੰਮੇਵਾਰੀ : ਸਿਵਲ ਸਰਜਨ

**ਜਲੰਧਰ -(ਸ਼ੈਲੀ ਐਲਬਰਟ)**- ਜ਼ਿਲ੍ਹਾ ਐਡਵਾਇਜ਼ਰੀ ਕਮੇਟੀ ( ਪੀ.ਸੀ.-ਪੀ.ਐਂਨ.ਡੀ.ਟੀ.) ਦੀ ਮੀਟਿੰਗ ਮੰਗਲਵਾਰ ਨੂੰ ਸਿਵਲ ਸਰਜਨ ਦਫ਼ਤਰ ਜਲੰਧਰ ਵਿਖੇ ਸਿਵਲ ਸਰਜਨ ਡਾ. ਗੁਰਮੀਤ ਲਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਸਕੈਨ ਸੈਂਟਰਾਂ ਦੀ ਨਵੀਂ ਰਜਿਸਟ੍ਰੇਸ਼ਨ ਅਤੇ ਰੀਨਿਊਲ ਲਈ ਪ੍ਰਾਪਤ ਪ੍ਰਤੀ ਬੇਨਤੀਆਂ ਉੱਤੇ ਆਧਾਰਿਤ ਏਜੰਡਿਆਂ ਤੇ ਵਿਚਾਰ ਚਰਚਾ ਕੀਤੀ ਗਈ । ਮੀਟਿੰਗ ਵਿੱਚ ਐਸ.ਐਮ.ਓ. ਡਾ. ਵਰਿੰਦਰ ਕੌਰ ਥਿੰਦ, ਸਹਾਇਕ ਜ਼ਿਲ੍ਹਾ ਅਟਾਰਨੀ ਗਗਨਦੀਪ, ਸ਼ਾਂਤ ਕੁਮਾਰ ਗੁਪਤਾ, ਸ੍ਰੀਮਤੀ ਪਰਵੀਨ ਅਬਰੋਲ, ਜਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਗੁਰਦੀਪ ਸਿੰਘ, ਜ਼ਿਲ੍ਹਾ ਪੀ.ਸੀ.-ਪੀ.ਐਂਨ.ਡੀ.ਟੀ. ਕੋਆਰਡੀਨੇਟਰ ਦੀਪਕ ਬਪੋਰੀਆ ਮੌਜੂਦ ਸਨ । ਸਿਵਲ ਸਰਜਨ ਡਾ. ਗੁਰਮੀਤ ਲਾਲ ਨੇ ਕਿਹਾ ਕਿ ਜ਼ਿਲ੍ਹੇ ਅੰਦਰ ਪੀ.ਸੀ.-ਪੀ.ਐਂਨ.ਡੀ.ਟੀ. ਐਕਟ ਨੂੰ ਸਖਤੀ ਨਾਲ ਲਾਗੂ ਕੀਤਾ ਜਾ ਰਿਹਾ ਹੈ ਤਾਂ ਜੋ ਭਰੂਣ ਹੱਤਿਆ ਵਰਗੀ ਸਮਾਜਿਕ ਬੁਰਾਈ ਨੂੰ ਰੋਕਿਆ ਜਾ ਸਕੇ। ਭਰੂਣ ਹੱਤਿਆ ਨੂੰ ਰੋਕਣਾ ਸਾਡੀ ਸਭ ਦੀ ਜਿੰਮੇਵਾਰੀ ਹੈ। ਪੀ.ਸੀ.-ਪੀ.ਐਂਨ.ਡੀ.ਟੀ. ਐਕਟ ਦੀ ਉਲੰਘਣਾ ਕਰਨ ਵਾਲਿਆਂ 'ਤੇ ਸਿਹਤ ਵਿਭਾਗ ਦੀ ਪੈਨੀ ਨਜ਼ਰ ਹੈ ਅਤੇ ਜ਼ਿਲ੍ਹੇ ਵਿਚ ਨਿਰੰਤਰ ਅਲਟਰਾਸਾਊਂਡ ਸੈਂਟਰਾਂ ਦੀ ਚੈੱਕਿੰਗ ਕੀਤੀ ਜਾ ਰਹੀ ਹੈ। । ਲੜਕੇ-ਲੜਕੀ ਦੇ ਲਿੰਗ ਅਨੁਪਾਤ ਦੇ ਪਾੜ੍ਹੇ ਨੂੰ ਘੱਟ ਕਰਨ ਲਈ ਸਮਾਜ ਅੰਦਰ ਜਾਗਰੂਕਤਾ ਪੈਦਾ ਕਰਨ ਦੇ ਨਾਲ-ਨਾਲ ਹਰ ਵਰਗ ਨੂੰ ਸਹਿਯੋਗ ਲਈ ਅੱਗੇ ਆਉਣਾ ਚਾਹੀਦਾ ਹੈ । ਉਨ੍ਹਾਂ ਕਿਹਾ ਕਿ ਭਰੂਣ ਦੇ ਲਿੰਗ ਦੀ ਜਾਂਚ ਕਰਵਾਉਣਾ/ਕਰਨਾ ਗੈਰਕਾਨੂੰਨੀ ਹੈ ਅਤੇ ਇਸ ਜ਼ੁਰਮ ਵਿੱਚ ਪਾਏ ਗਏ ਦੋਸ਼ੀਆਂ ਖਿਲਾਫ ਪੀ.ਸੀ. -ਪੀ.ਐਨ.ਡੀ.ਟੀ. ਐਕਟ ਤਹਿਤ ਸਖਤ ਕਾਰਵਾਈ ਕੀਤੀ ਜਾਵੇਗੀ । ਸਿਵਲ ਸਰਜਨ ਡਾ. ਗੁਰਮੀਤ ਲਾਲ ਵੱਲੋਂ ਵਿਸ਼ੇਸ਼ ਤੌਰ 'ਤੇ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਜ਼ਿਲ੍ਹੇ ਦੇ ਲਿੰਗ ਅਨੁਪਾਤ ਦੀ ਦਰ ਵਿੱਚ ਸੁਧਾਰ ਹੋਇਆ ਹੈ, 2023 ਵਿੱਚ ਜਿੱਥੇ ਲਿੰਗ ਅਨੁਪਾਤ ਦਰ 1000 ਲੜਕਿਆਂ ਪਿੱਛੇ 918 ਲੜਕੀਆਂ ਸੀ, ਉੱਥੇ ਹੁਣ ਲਿੰਗ ਅਨੁਪਾਤ ਦਰ ਸੁਧਰ ਕੇ 2024 ਵਿੱਚ 1000 ਲੜਕਿਆਂ ਦੇ ਪਿੱਛੇ 939 ਲੜਕਿਆਂ ਤੱਕ ਪਹੁੰਚ ਗਈ ਹੈ। ਜ਼ਿਲ੍ਹਾ ਪਰਵਾਰ ਭਲਾਈ ਅਫਸਰ ਕਮ ਨੋਡਲ ਅਫਸਰ ਪੀ.ਸੀ.-ਪੀ.ਐਨ.ਡੀ.ਟੀ. ਡਾ. ਰਮਨ ਗੁਪਤਾ ਵਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ 1 ਨਵੇਂ ਸਕੈਨ ਸੈਂਟਰਾਂ ਵਲੋਂ ਰਜਿਸਟ੍ਰੇਸ਼ਨ ਕਰਵਾਉਣ ਲਈ ਪ੍ਰਤੀ ਬੇਨਤੀ ਪ੍ਰਾਪਤ ਹੋਈ ਸੀ, ਜਿਸ ਨੂੰ ਦਸਤਾਵੇਜ਼ ਵਾਚਣ ਉਪਰੰਤ ਵਿਚਾਰ ਅਧੀਨ ਰੱਖਿਆ ਗਿਆ। ਇਸ ਤੋਂ ਇਲਾਵਾ 3 ਸਕੈਨ ਸੈਂਟਰਾਂ ਵਲੋਂ ਰਜਿਸਟ੍ਰੇਸ਼ਨ ਰੀਨਿਊ ਕਰਵਾਉਣ ਲਈ ਪ੍ਰਤੀ ਬੇਨਤੀਆਂ ਦਿੱਤੀਆਂ ਗਈਆਂ ਸਨ, ਜਿਨ੍ਹਾਂ ਨੂੰ ਲੋੜੀਂਦੇ ਦਸਤਾਵੇਜ ਪੂਰੇ ਹੋਣ ਅਤੇ ਕਮੇਟੀ ਮੈਂਬਰਾਂ ਵਲੋਂ ਪੜਚੋਲ ਕਰਨ ਉਪਰੰਤ ਮਨਜੂਰੀ ਦੇ ਦਿੱਤੀ ਗਈ ।

23- jan- PAGE 9.qxd 1/22/2025 10:50 PM Page 1



# ਸੜਕ ਸੁਰੱਖਿਆ ਪ੍ਰਤੀ ਜਾਗਰੂਕ ਰਹਿਣ ਨਾਗਰਿਕ : ਸਿਹਤ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਭਾਰਤੀ ਕੌਮੀ ਰਾਜਮਾਰਗ ਅਥਾਰਿਟੀ ਅਤੇ ਸੜਕ ਟ੍ਰਾਂਸਪੋਰਟ ਅਤੇ ਰਾਜਮਾਰਗ ਮੰਤਰਾਲੇ ਵੱਲੋਂ ਮਨਾਏ ਜਾ ਰਹੇ ਸੜਕ ਸੁਰੱਖਿਆ ਹਫਤੇ ਤਹਿਤ ਗੁਰੂਗ੍ਰਾਮ ਵਿਚ ਇਕ ਜਾਗਰੂਕਤਾ ਪ੍ਰੋਗਰਾਮ ਦਾ ਪ੍ਰਬੰਧ ਕੀਤਾ ਗਿਆ। ਹਰਿਆਣਾ ਦੀ ਸਿਹਤ ਅਤੇ ਪਰਵਾਰ ਭਲਾਈ ਮੰਤਰੀ ਆਰਤੀ ਸਿੰਘ ਰਾਓ ਅਤੇ ਲੋਕਨਿਰਮਾਣ ਤੇ ਜਨਸਿਹਤ ਇੰਜੀਨੀਅਰਿੰਗ ਮੰਤਰੀ ਰਣਬੀਰ ਸਿੰਘ ਗੰਗਵਾ ਨੇ ਨਾਗਰਿਕਾਂ ਨੂੰ ਆਵਾਜਾਈ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ।ਸਿਹਤ ਮੰਤਰੀ ਨੇ ਕਿਹਾ ਕਿ ਗੁਰੂਗ੍ਰਾਮ ਸਮੇਤ ਸੂਬੇ ਦੇ ਬਾਕੀ ਹਿੱਸਿਆਂ ਵਿਚ ਵਾਹਨਾਂ ਦੀ ਗਿਣਤੀ ਵਿਚ ਕਾਫੀ ਇਜਾਫਾ ਹੋਇਆ ਹੈ ਜਿਸ ਵਿਚ ਦੁਰਘਟਨਾਵਾਂ ਵੀ ਵੱਧ ਰਹੀਆਂ ਹਨ। ਰੋਜਾਨਾ ਹੋ ਰਹੀ ਦੁਰਘਟਨਾਵਾਂ ਨੂੰ ਦੇਖਦੇ ਹੋਏ ਸੂਬਾ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਮੁੱਖ ਸੜਕਾਂ 'ਤੇ ਹਰ ਯਕੀਨੀ ਦਰਾਂ 'ਤੇ ਇੱਕ ਟਰਾਮਾ ਸੈਂਟਰ ਸਥਾਪਿਤ ਕੀਤਾ ਜਾਵੇ। ਉਨ੍ਹਾਂ ਨੇ ਲੋਕਾਂ ਨੂੰ ਦੁਰਘਟਨਾ ਵਿਚ ਜਖਮੀ ਲੋਕਾਂ ਦੀ ਤੁਰੰਤ ਸਹਾਇਤਾ ਕਰਨ ਦੀ ਅਪੀਲ ਕਰਦੇ ਹੋਏ ਕਿਹਾ ਕਿ ਸੜਕ ਦੁਰਘਟਨਾ ਦੌਰਾਨ ਜਖਮੀ ਦੀ ਜਾਨ ਬਚਾਉਣ ਲਈ ਪਹਿਲਾ ਇੱਕ ਘੰਟਾ ਬਹੁਤ ਮਹੱਤਵਪੂਰਣ ਮੰਨਿਆ ਗਿਆ ਹੈ। ਇਸ ਸਮੇਂ ਵਿਚ ਜਖਮੀ ਦਾ ਸਹੀ ਉਪਚਾਰ ਸ਼ੁਰੂ ਹੋ ਜਾਵੇ ਤਾਂ ਉਸ ਦੀ ਜਾਨ ਨੂੰ ਕਾਫੀ ਹੱਦ ਤੱਕ ਬਚਾਇਆ ਜਾ ਸਕਦਾ ਹੈ। ਇਸ ਤੋਂ ਇਲਾਵਾ, ਸਰਕਾਰੀ ਹਸਪਤਾਲਾਂ ਵਿਚ ਵੀ 24 ਘੰਟੇ ਐਮਰਜੈਂਸੀ ਦੀ ਸਹੂਲਤ ਉਪਲਬਧ ਰਹਿੰਦੀ ਹੈ। ਇਸ ਲਈ ਕੋਈ ਵੀ ਦੁਰਘਟਨਾ ਹੋ ਜਾਵੇ ਤਾਂ ਸੱਭ ਤੋਂ ਪਹਿਲਾਂ ਜਖਮੀ ਨੂੰ ਸਰਕਾਰੀ ਹਸਪਤਾਲ ਵਿਚ ਪਹੁੰਚਾਉਣ ਦਾ ਯਤਨ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਮੈਡੀਕਲ ਅਧਿਕਾਰੀਆਂ ਨੂੰ ਸਰਕਾਰ ਨੇ ਨਿਰਦੇਸ਼ ਦਿੱਤੇ ਹਨ ਕਿ ਪਹਿਲਾਂ ਜਖਮੀ ਦਾ ਇਲਾਜ ਸ਼ੁਰੂ ਕੀਤਾ ਜਾਵੇ, ਪੁਲਿਸ ਕਾਰਵਾਈ ਬਾਅਦ ਵਿਚ ਹੋਵੇਗੀ। ਇਸ ਤੋਂ ਇਲਾਵਾ, ਜੋ ਵਿਅਕਤੀ ਜਖਮੀ ਨੂੰ ਹਸਪਤਾਲ ਵਿਚ ਲੈ ਕੇ ਆਉਂਦਾ ਹੈ, ਉਸ ਨੂੰ ਵੀ ਰੇਡਕ੍ਰਾਸ ਸੋਸਾਇਟੀ ਵੱਲੋਂ ਮਾਨਦੇਯ ਦਿੱਤਾ ਜਾਂਦਾ ਹੈ।ਸਿਹਤ ਮੰਤਰੀ ਕੁਮਾਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਰਿਵਾੜੀ ਵਿਚ ਏਮਸ ਦਾ ਨਿਰਮਾਣ ਕੰਮ ਜਾਰੀ ਹੈ ਅਤੇ ਅਪ੍ਰੈਲ ਮਹੀਨੇ ਤੱਕ ਉਸ ਵਿਚ ਓਪੀਡੀ ਸੇਵਾਵਾਂ ਸ਼ੁਰੂ ਹੋ ਜਾਣ ਦੀ ਉਮੀਦ ਹੈ। ਇਸੀ ਤਰ੍ਹਾਂ ਗੁਰੂਗ੍ਰਾਮ ਵਿਚ ਕਰੀਬ ਇੱਕ ਹਜਾਰ ਕਰੋੜ ਰੁਪਏ ਦੀ ਲਾਗਤ ਨਾਲ 700 ਬਿਸਤਰਿਆਂ ਦਾ ਸੁਪਰ ਸਪੈਸ਼ਲਿਟੀ ਹਸਪਤਾਲ ਦਾ ਨਿਰਮਾਣ ਕਰਵਾਇਆ ਜਾਵੇਗਾ। ਮੁੱਖ ਮੰਤਰੀ ਦੇ ਯਤਨਾਂ ਨਾਲ ਸੂਬੇ ਦੇ ਸਾਰੇ 22 ਜਿਲ੍ਹਿਆਂ ਵਿਚ ਮੈਡੀਕਲ ਕਾਲਜ ਬਣਾਏ ਜਾ ਰਹੇ ਹਨ।ਲੋਕ ਨਿਰਮਾਣ ਅਤੇ ਜਨਸਿਹਤ ਇੰਜੀਨੀਅਰਿੰਗ ਮੰਤਰੀ ਸ੍ਰੀ ਰਣਬੀਰ ਸਿੰਘ ਗੰਗਵਾ ਨੇ ਕਿਹਾ ਕਿ ਸੜਕ ਸੁਰੱਖਿਆ ਦੇ ਲਈ ਧੁੰਦ ਦੇ ਮੌਸਮ ਨੂੰ ਦੇਖਦੇ ਹੋਏ ਸੂਬੇ ਵਿਚ ਮੁੱਖ ਮੰਗਾਂ 'ਤੇ 3700 ਕਿਲੋਮੀਟਰ ਦੀ ਦੂਰੀ ਵਿਚ ਅਤੇ ਹੋਰ ਮਾਰਗਾਂ 'ਤੇ 14 ਹਜਾਰ ਕਿਲੋਮੀਟਰ ਤੱਕ ਚਿੱਟੀ ਪੱਟੀ ਬਣਾ ਦਿੱਤੀ ਗਈ ਹੈ। ਉਨ੍ਹਾਂ ਨੇ ਕਿਹਾ ਕਿ ਸੜਕਾਂ 'ਤੇ ਬੇਸਹਾਰਾ ਪਸ਼ੂਆਂ ਦੀ ਗਿਣਤੀ ਨੂੰ ਘੱਟ ਕਰਨ ਲਈ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਗਾਂਸੇਵਾ ਆਯੋਗ ਦਾ ਬਜਟ ਵਧਾ ਕੇ ਹੁਣ 400 ਕਰੋੜ ਰੁਪਏ ਦਾ ਕਰ ਦਿੱਤਾ ਹੈ। ਕਿਸੇ ਗਾਂਵੰਸ਼ ਦਾ ਗਾਂਸ਼ਾਲਾ ਵੱਲੋਂ ਰਜਿਸਟ੍ਰੇਸ਼ਨ ਕਰਵਾਇਆ ਜਾਂਦਾ ਹੈ ਤਾਂ ਉਸ ਦੀ ਦੇਖਭਾਲ ਲਈ ਵੀ ਗਾਂਸੇਵਾ ਆਯੋਗ ਵੱਲੋਂ ਖਰਚਾ ਦਿੱਤਾ ਜਾਂਦਾ ਹੈ। ਸਰਕਾਰ ਦੇ ਯਤਨਾਂ ਨਾਲ ਹੁਣ ਬੇਸਹਾਰਾ ਪਸ਼ੂਆਂ ਦੀ ਗਿਣਤੀ ਵਿਚ ਕਾਫੀ ਕਮੀ ਆਈ ਹੈ। ਉਨ੍ਹਾਂ ਨੇ ਕਿਹਾ ਕਿ ਲੋਕਾਂ ਨੂੰ ਆਪਣੇ ਘਰਾਂ ਦੇ ਸਾਹਮਣੇ ਅਵੈਧ ਗਤੀ ਅਵਰੋਧਕ ਨਹੀਂ ਬਨਾਉਣੇ ਚਾਹੀਦੇ ਹਨ। ਲੋਕ ਨਿਰਮਾਣ ਵਿਭਾਗ ਵੱਲੋਂ ਅਜਿਹੇ ਅਵੈਧ ਸਪੀਡਬ੍ਰੇਕਰ ਤੁੜਵਾਏ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਸੜਕ ਨਿਰਮਾਣ ਦੇ ਕੰਮ ਵਿਚ ਗੁਣਵੱਤਾ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

# ਜਲ ਬੱਸ ਭ੍ਰਿਸ਼ਟਾਚਾਰ ਦਾ ਪ੍ਰਤੀਕ, ਅਸੀਂ ਇਸ ਦੀ ਕਰ ਰਹੇ ਹਾਂ ਜਾਂਚ : ਸੌਂਦ



**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸਪਸ਼ਟ ਕੀਤਾ ਹੈ ਕਿ ਜਲ ਬੱਸ ਨੂੰ ਚਲਾਉਣ ਦੀ ਫਿਲਹਾਲ ਕੋਈ ਤਜਵੀਜ਼ ਨਹੀਂ ਹੈ। ਉਨ੍ਹਾਂ ਕਿਹਾ ਕਿ ਮੀਡੀਆ ਦੇ ਇੱਕ ਹਿੱਸੇ ਵਿੱਚ ਅਜਿਹੀਆਂ ਖ਼ਬਰਾਂ ਆਈਆਂ ਹਨ ਕਿ ਹਰੀਕੇ ਵਿਖੇ ਖੜ੍ਹੀ ਜਲ ਬੱਸ ਨੂੰ ਪੰਜਾਬ ਸਰਕਾਰ ਦੋਬਾਰਾ ਰਣਜੀਤ ਸਾਗਰ ਝੀਲ ਵਿੱਚ ਚਲਾਉਣ ਲਈ ਯਤਨ ਕਰ ਰਹੀ ਹੈ। ਸੌਂਦ ਨੇ ਕਿਹਾ ਕਿ ਇਹ ਖ਼ਬਰਾਂ ਬਿਲਕੁਲ ਬੇਬੁਨਿਆਦ ਤੇ ਗਲਤ ਹਨ ਅਤੇ ਉਹ ਇਨ੍ਹਾਂ ਦਾ ਖੰਡਨ ਕਰਦੇ ਹਨ। ਉਨ੍ਹਾਂ ਸਪਸ਼ਟ ਕੀਤਾ ਕਿ ਅਜਿਹੀਆਂ ਸਭ ਖ਼ਬਰਾਂ ਅਫਵਾਹ ਤੋਂ ਇਲਾਵਾ ਹੋਰ ਕੁਝ ਨਹੀਂ ਹੈ। ਸੈਰ ਸਪਾਟਾ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ ਜਲ ਬੱਸ ਉੱਤੇ ਖਰਚ ਕੀਤੀ ਕਰੀਬ 8.63 ਕਰੋੜ ਰੁਪਏ ਦੀ ਰਾਸ਼ੀ ਬਹੁਤ ਗਲਤ ਫੈਸਲਾ ਸੀ ਅਤੇ ਪੰਜਾਬ ਦੇ ਲੋਕਾਂ ਉੱਤੇ ਪਾਏ ਇਸ ਬੇਮਤਲਬ ਵਿੱਤੀ ਬੋਝ ਦੀ ਵੀ ਉਹ ਨਿਖੇਧੀ ਕਰਦੇ ਹਨ। ਉਨ੍ਹਾਂ ਕਿਹਾ ਕਿ ਜਲ ਬੱਸ ਭ੍ਰਿਸ਼ਟਾਚਾਰ ਦਾ ਪ੍ਰਤੀਕ ਸੀ ਅਤੇ ਅਸੀਂ ਇਸਦੀ ਜਾਂਚ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਇਹ ਬੱਸ ਚਲਾਉਣ ਲਈ ਬਿਲਕੁਲ ਵੀ ਫਿੱਟ ਨਹੀਂ ਹੈ ਅਤੇ ਇਸ ਨੂੰ ਚਲਾਉਣ ਨਾਲ ਵੱਡਾ ਐਕਸੀਡੈਂਟ ਹੋਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਅਜਿਹਾ ਕੋਈ ਫੈਸਲਾ ਨਹੀਂ ਲਵੇਗੀ ਜਿਸ ਨਾਲ ਪੰਜਾਬ ਦੇ ਲੋਕਾਂ ਦਾ ਜਾਨੀ ਜਾਂ ਮਾਲੀ ਨੁਕਸਾਨ ਹੁੰਦਾ ਹੋਵੇ। ਉਨ੍ਹਾਂ ਕਿਹਾ ਕਿ ਜਲ ਬੱਸ ਨੂੰ ਚਲਾਉਣ ਸਬੰਧੀ ਮੀਡੀਆ ਦੇ ਕਿਸੇ ਵੀ ਹਿੱਸੇ ਵਿੱਚ ਛਪੀ/ਪ੍ਰਸਾਰਿਤ ਹੋਈ ਖ਼ਬਰ ਉੱਤੇ ਪੰਜਾਬ ਵਾਸੀ ਰੱਤੀ ਭਰ ਵੀ ਯਕੀਨ ਨਾ ਕਰਨ ਕਿਉਂਕਿ ਮੌਜੂਦਾ ਸਰਕਾਰ ਲੋਕਾਂ ਦੀ ਭਲਾਈ ਅਤੇ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਜਲ ਬੱਸ ਵੈਸੇ ਵੀ ਵੱਡੇ ਘਾਟੇ ਦਾ ਸੌਦਾ ਰਹੀ ਹੈ ਕਿਉਂਕਿ ਪਿਛਲੀਆਂ ਸਰਕਾਰਾਂ ਨੇ ਇਸ ਉੱਤੇ ਸਰਕਾਰੀ ਖ਼ਜ਼ਾਨੇ ਦੇ ਕਰੋੜਾਂ ਰੁਪਏ ਖਰਚ ਦਿੱਤੇ ਜਦਕਿ ਆਮਦਨੀ ਹਜ਼ਾਰਾਂ ਵਿੱਚ ਵੀ ਨਹੀਂ ਹੋਈ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਇਹ ਜਲ ਬੱਸ ਪੂਰੀ ਤਰ੍ਹਾਂ ਅਣਫਿੱਟ ਹੈ ਅਤੇ ਇਸ ਨੂੰ ਆਗਾਮੀ ਸਮੇਂ ਵਿੱਚ ਬਿਲਕੁਲ ਵੀ ਨਹੀਂ ਚਲਾਇਆ ਜਾਵੇਗਾ। ਸੌਂਦ ਨੇ ਕਿਹਾ ਕਿ ਇਹ 'ਸੁਪਰ ਫੇਲ੍ਹ' ਜਲ ਬੱਸ ਪਿਛਲੀਆਂ ਸਰਕਾਰਾਂ ਦੇ ਗਲਤ ਫੈਸਲਿਆਂ ਦਾ ਨਤੀਜਾ ਹੈ ਜਿਸ ਕਾਰਨ ਲੋਕਾਂ ਦੇ ਪੈਸੇ ਦੀ ਬਰਬਾਦੀ ਹੋਈ ਹੈ। ਇਹ ਪੈਸਾ ਲੋਕ ਭਲਾਈ ਸਕੀਮਾਂ ਲਈ ਵਰਤਿਆ ਜਾ ਸਕਦਾ ਸੀ।

## ਜ਼ਿਲ੍ਹਾ ਹਸਪਤਾਲ ਦੇ ਮਰੀਜ਼ਾਂ ਵਾਸਤੇ ਦਾਨ ਕੀਤੇ ਹੀਟਰ

**ਮੋਹਾਲੀ, (ਗੁਰਜੀਤ ਬਿੱਲਾ)**—ਲਾਇਨਜ਼ ਕਲੱਬ ਮੋਹਾਲੀ ਸੁਪਰੀਮ ਅਤੇ ਮੂਨ ਲਾਈਟ ਫਿਲਮ ਸਿਟੀ ਵੱਲੋਂ ਜ਼ਿਲ੍ਹਾ ਹਸਪਤਾਲ ਮੋਹਾਲੀ ਨੂੰ ਬਲੋਅਰ ਪ੍ਰਦਾਨ ਕੀਤੇ ਗਏ। ਸਿਵਲ ਹਸਪਤਾਲ ਦੇ ਐਸਐਮਓ ਡਾ. ਐਚ ਐਸ ਚੀਮਾ ਅਤੇ ਡਾ. ਵਿਜੇ ਭਗਤ ਨੇ ਟੀਮ ਅਤੇ ਸਮਾਜ ਸੇਵੀਆਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ। ਡਾ. ਚੀਮਾ ਨੇ ਸੰਬੋਧਨ ਕਰਦਿਆਂ ਆਖਿਆ ਕਿ ਲਾਇਨਜ਼ ਕਲੱਬ ਮੋਹਾਲੀ ਅਤੇ ਮੂਨ ਲਾਈਟ ਫਿਲਮ ਸਿਟੀ ਦਾ ਇਹ ਸ਼ਲਾਘਾਯੋਗ ਤੇ ਪਰਉਪਕਾਰੀ ਉਪਰਾਲਾ ਹੈ ਕਿ ਠੰਢ ਦੇ ਮੌਸਮ 'ਚ ਮਰੀਜ਼ਾਂ ਦੀ ਲੋੜ ਨੂੰ ਸਮਝਦਿਆਂ ਬਲੋਅਰ ਦਾਨ ਕੀਤੇ ਗਏ ਹਨ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਸੰਸਥਾਵਾਂ ਦੇ ਅਹੁਦੇਦਾਰ ਭਵਿੱਖ ਵਿਚ ਵੀ ਹਸਪਤਾਲ ਦੀਆਂ ਜ਼ਰੂਰਤਾਂ ਮੁਤਾਬਕ ਯੋਗਦਾਨ ਦਿੰਦੇ ਰਹਿਣਗੇ। ਸਮਾਗਮ ਵਿਚ ਲਾਇਨਜ਼ ਕਲੱਬ ਦੇ ਜ਼ੋਨ ਚੇਅਰਪਰਸਨ ਸ਼੍ਰੀਮਤੀ ਜਗਜੀਤ ਕੌਰ ਕਾਹਲੋਂ ਵਿਸ਼ੇਸ ਤੌਰ 'ਤੇ ਹਾਜ਼ਰ ਰਹੇ। ਸ਼੍ਰੀਮਤੀ ਕਾਹਲੋਂ ਨੇ ਕਿਹਾ ਕਿ ਲਾਇਨਜ਼ ਕਲੱਬ ਹਮੇਸ਼ਾ ਹੀ ਆਪਣੀਆਂ ਸਮਾਜ ਸੇਵੀ ਗਤੀਵਿਧੀਆਂ ਸਦਕਾ ਸਮਾਜ ਵਿੱਚ ਜਾਣਿਆ ਜਾਂਦਾ ਹੈ ਅਤੇ ਅਜਿਹੇ ਕਾਰਜ ਅੱਗੇ ਵੀ ਜਾਰੀ ਰਹਿਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਣਜੀਤ ਰਾਣਾ, ਨਿਰੰਜਨ ਸਿੰਘ ਲਹਿਲ, ਕੁਲਵੰਤ ਗਿੱਲ ਤਜਿੰਦਰ ਕੌਰ, ਰਵਿੰਦਰ ਰਵੀ ਅਤੇ ਹੋਰ ਮੈਂਬਰ ਹਾਜ਼ਰ ਸਨ।



## ਹਲਕਾ ਵਿਧਾਇਕ ਨੇ ਕਲੋਨੀ ਰੱਕੜਾ ਬੇਟ ਨੂੰ ਖੇਡ ਕਿੱਟ ਦਿੱਤੀ

**ਬਲਾਚੌਰ (ਜਸਵਿੰਦਰ ਬੈਂਸ)**—ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਵੱਲੋਂ ਬਲਾਚੌਰ ਦੇ ਪਿੰਡ ਨਿਊ ਕਲੋਨੀ ਰੱਕੜਾ ਬੇਟ ਦੇ ਬੱਚਿਆਂ ਨੂੰ ਖੇਡ ਕਿੱਟ ਦਿੱਤੀ ਗਈ। ਕਟਾਰੀਆ ਨੇ ਕਿਹਾ ਕਿ ਪੰਜਾਬ ਸਰਕਾਰ ਆਮ ਲੋਕਾਂ ਨੂੰ ਤੰਦਰੁਸਤ ਰੱਖਣ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਯਤਨਸੀਲ ਹੈ। ਪੰਜਾਬ ਸਰਕਾਰ ਨਵੀਂ ਖੇਡ ਨੀਤੀ ਲੈ ਕੇ ਆਈ ਹੈ। ਜਿਸ ਵਿੱਚ ਖੇਡਾਂ ਨੂੰ ਉਤਸਸ਼ਹਿਤ ਕਰਨ ਲਈ ਬਹੁਤ ਹੀ ਸਾਰਥਕ ਕਦਮ ਚੁੱਕੇ ਜਾ ਰਹੇ ਹਨ ਅਤੇ ਖਿਡਾਰੀਆਂ ਨੂੰ ਖੇਡਾਂ ਦੀ ਤਿਆਰੀ ਲਈ ਵਿੱਤੀ ਸਹਾਇਤਾ ਵੀ ਦਿੱਤੀ ਜਾ ਰਹੀ ਹੈ। ਇਸ ਮੌਕੇ ਸਰਪੰਚ ਭਾਗ ਸਿੰਘ ਨੇ ਵਿਧਾਇਕ ਦਾ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਭਾਗ ਸਿੰਘ ਅਤੇ ਪਿੰਡ ਦੇ ਨੌਜਵਾਨ ਮੌਜੂਦ ਸਨ।



# ਪੰਚਾਇਤੀ ਰਾਜ ਪੈਨਸ਼ਨਰਜ਼ ਯੂਨੀਅਨ ਨੇ 'ਵਿਕਾਸ ਭਵਨ' ਦੇ ਸਾਹਮਣੇ ਧਰਨਾ ਲਾਇਆ

**ਮੋਹਾਲੀ (ਗੁਰਜੀਤ ਬਿੱਲਾ)**

ਪੰਚਾਇਤੀ ਰਾਜ ਪੈਨਸ਼ਨਰਜ਼ ਯੂਨੀਅਨ ਪੰਜਾਬ ਵੱਲੋਂ ਪੰਚਾਇਤ ਸਮਿਤੀਆਂ/ਜ਼ਿਲ੍ਹਾ ਪ੍ਰੀਸ਼ਦਾਂ ਦੇ ਪੈਨਸ਼ਨਰਾਂ ਦੀ ਲੰਮੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਦੀ ਪੂਰਤੀ ਕਰਾਉਣ ਲਈ ਡਾਇਰੈਕਟਰ ਪੰਚਾਇਤ ਵਿਭਾਗ ਪੰਜਾਬ ਦੇ ਮੁੱਖ ਦਫਤਰ 'ਵਿਕਾਸ ਭਵਨ' ਦੇ ਸਾਹਮਣੇ ਧਰਨਾ ਲਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰਾਂ ਨੇ ਸ਼ਿਰਕਤ ਕਰਦਿਆਂ ਪੰਜਾਬ ਸਰਕਾਰ ਅਤੇ ਵਿਭਾਗ ਦੀ ਅਫਸਰਸ਼ਾਹੀ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਜਾਇਜ਼ ਮੰਗਾਂ ਨਾ ਮੰਨਣ ਪ੍ਰਤੀ ਰੋਸ ਪ੍ਰਗਟਾਇਆ।ਧਰਨੇ ਵਿੱਚ ਪੰਚਾਇਤ ਸੰਮਤੀਆਂ/ਜ਼ਿਲ੍ਹਾ ਪ੍ਰੀਸ਼ਦਾਂ ਦੇ ਪੈਨਸ਼ਨਰਾਂ ਦੀ ਦੂਜੀ ਜਥੇਬੰਦੀ ਦੇ ਪੈਨਸ਼ਨਰ ਵੀ ਜੈ ਦੇਵ ਸਿੰਘ ਜੀ ਦੀ ਅਗਵਾਈ ਵਿੱਚ ਹਾਜ਼ਰ ਆਏ ਜਿਨ੍ਹਾਂ ਦਾ ਪੰਚਾਇਤੀ ਰਾਜ ਪੈਨਸ਼ਨਰਜ਼ ਯੂਨੀਅਨ ਵੱਲੋਂ ਪੁਰਜ਼ੋਰ ਸਵਾਗਤ ਕੀਤਾ ਗਿਆ। ਬੁਲਾਰਿਆਂ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਦਾ ਵਿਸਥਾਰ ਸਾਂਝਾ ਕਰਦਿਆਂ ਕਿਹਾ ਗਿਆ ਕਿ ਸਾਰੇ ਪੈਨਸ਼ਨਰਾਂ ਨੂੰ ਜਨਵਰੀ ਮਹੀਨੇ ਦੀ ਪੈਨਸ਼ਨ ਛੇਵੇਂ ਪੇ ਕਮਿਸ਼ਨ ਅਨੁਸਾਰ ਸੋਧ ਕੇ ਦਿੱਤੀ ਜਾਵੇ। ਜੁਲਾਈ 21 ਤੋਂ ਹੁਣ ਤੱਕ ਦਾ ਬਣਦਾ ਬਕਾਇਆ ਦਿੱਤਾ ਜਾਵੇ। ਬੁਢਾਪਾ ਭੱਤਾ ਅਤੇ ਐੱਲ.ਟੀ.ਸੀ. ਦੂਜੇ ਪੈਨਸ਼ਨਰਾਂ ਦੀ ਤਰਜ 'ਤੇ ਜਾਰੀ ਕੀਤਾ ਜਾਵੇ। ਨਵੰਬਰ 24 ਤੋਂ 4 ਫੀਸਦੀ ਡੀ.ਏ. ਦਾ ਭੁਗਤਾਨ ਕੀਤਾ ਜਾਵੇ। ਪੈਨਸ਼ਨ ਅਤੇ ਫੈਮਲੀ ਪੈਨਸ਼ਨ ਲਾਉਣ ਦੀ ਸਮਾਂ ਸੀਮਾ ਤਹਿ ਕੀਤੀ ਜਾਵੇ। ਪੈਨਸ਼ਨਰਾਂ ਦੇ ਬਕਾਏ ਦੇਣ ਦੀ ਵਿਵਸਥਾ ਵਿੱਚ ਸੁਧਾਰ ਕੀਤਾ ਜਾਵੇ। ਪੈਨਸ਼ਨ ਹਰ ਮਹੀਨੇ ਪਹਿਲੀ ਤਰੀਕ ਨੂੰ ਦਿੱਤੀ ਜਾਵੇ।ਉਪਰੋਕਤ ਮੰਗਾਂ ਦਾ ਪੱਤਰ ਡਾਇਰੈਕਟਰ ਨੇ ਖੁਦ ਧਰਨੇ ਵਿੱਚ ਪੁੱਜ ਕੇ ਪ੍ਰਾਪਤ ਕੀਤਾ। ਉਨ੍ਹਾਂ ਨਾਲ ਸੰਯੁਕਤ ਡਾਇਰੈਕਟਰ ਜਤਿੰਦਰ ਸਿੰਘ ਬਰਾੜ ਵੀ ਹਾਜਰ ਸਨ। ਦੋਵਾਂ ਵੱਲੋਂ ਮੰਗਾਂ ਮੰਨਣ ਦਾ ਭਰੋਸਾ ਧਰਨਾਕਾਰੀਆਂ ਨੂੰ ਦਿਵਾਇਆ ਗਿਆ।ਧਰਨੇ ਨੂੰ ਕੁਲਵੰਤ ਕੌਰ ਬਾਠ, ਗੁਰਮੀਤ ਸਿੰਘ ਭਾਂਖਰਪੁਰ, ਜਾਗੀਰ ਸਿੰਘ ਢਿੱਲੋਂ, ਜੈ ਦੇਵ ਸਿੰਘ, ਸੁਰਿੰਦਰ ਹਾਟਾ, ਦਿਆਲ ਸਿਘ, ਬਲਵਿੰਦਰ ਸਿੰਘ, ਭਗਵਾਨ ਸਿੰਘ, ਜੋਗਿੰਦਰ ਸਿੰਘ, ਮਹਿੰਦਰ ਸਿੰਘ, ਜੋਧ ਸਿੰਘ, ਸਰਵਜੀਤ ਸਿੰਘ, ਮਾਨ ਸਿੰਘ, ਪਾਲ ਸਿੰਘ ਆਦਿ ਆਗੂਆਂ ਵੱਲੋਂ ਸੰਬੋਧਨ ਕੀਤਾ ਗਿਆ।



# ਕਿਰਤੀ ਕਿਸਾਨ ਯੂਨੀਅਨ ਵੱਲੋਂ ਬੀ ਡੀ ਪੀ ਓ ਦਫਤਰ ਅੱਗੇ ਧਰਨਾ

**ਕਪੂਰਥਲਾ (ਮਨਜੀਤ ਮਾਨ)**- ਕਿਰਤੀ ਕਿਸਾਨ ਯੂਨੀਅਨ ਵੱਲੋਂ ਬੀ ਡੀ ਪੀ ਉ ਦਫਤਰ ਢਿੱਲਵਾਂ ਵਿਖੇ ਧਰਨਾ ਦਿੱਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਭੁੱਲਰ ਤੇ ਜ਼ਿਲਾ ਸਕੱਤਰ ਤਰਸੇਮ ਸਿੰਘ ਬੰਨਾਮਲ ਨੇ ਕਿਹਾ ਕਿ ਪੰਚਾਇਤਾਂ ਬਣੀਆਂ ਨੂੰ ਲੱਗਭਗ 3 ਮਹੀਨੇ ਦਾ ਸਮਾਂ ਹੋ ਗਿਆ ਹੈ, ਪਰ ਅਜੇ ਤੱਕ ਪੰਚਾਇਤਾਂ ਨੂੰ ਰਿਕਾਰਡ ਨਹੀਂ ਦਿੱਤਾ ਗਿਆ, ਜੇਕਰ ਇਸ ਵੱਲ ਧਿਆਨ ਨਾ ਦਿੱਤਾ ਤਾਂ ਧਰਨਾ ਲਗਾਤਾਰ ਦਿੱਤਾ ਜਾਵੇਗਾ, ਪਰ ਬੀ ਡੀ ਪੀ ਓ ਨੇ ਗੱਲਬਾਤ ਮਸਲੇ ਹੱਲ ਕਰਨ ਦਾ ਭਰੋਸਾ ਦਿਵਾਇਆ ਕਿ ਦੋ ਦਿਨ ਦੇ ਵਿੱਚ ਵਿੱਚ ਪੰਚਾਇਤਾਂ ਨੂੰ ਰਿਕਾਰਡ ਦਿੱਤਾ ਜਾਵੇਗਾ ਤੇ ਨਰੇਗਾ ਦੇ ਕਿਸੇ ਵੀ ਕੰਮ ਵਿੱਚ ਕੋਈ ਰੁਕਾਵਟ ਨਹੀਂ ਆਵੇਗੀ ਤੇ ਧਰਨਾ ਸਮਾਪਤ ਕਰ ਦਿੱਤਾ ਗਿਆ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਵਿੱਤ ਸਕੱਤਰ ਬਿਕਰਮ ਜੀਤ ਸਿੰਘ,ਨਡਾਲਾ ਬਲਾਕ ਪ੍ਰਧਾਨ ਜਗਜੀਤ ਸਿੰਘ ਔਜਲਾ, ਦਿਲਬਾਗ ਸਿੰਘ ਨੂਰਪੁਰ ਰਾਜ ਪੂਤਾ, ਸੀਤਲ ਸਿੰਘ ਸੰਗੋਜਲਾ,ਬੂਟਾ ਸਿੰਘ ਧਾਲੀਵਾਲ ਬੇਟ ਬਖਸ਼ੀਸ਼ ਸਿੰਘ ਧਾਲੀਵਾਲ ਬੇਟ,ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਮੀਤ ਪ੍ਰਧਾਨ ਗੁਰਦਿਆਲ ਸਿੰਘ ਬੂਹ,ਕਾਲਾ ਸਿੰਘ ਨੂਰਪੁਰ ਰਾਜ ਪੂਤਾ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਨਿਰਮਲ ਸਿੰਘ ਸ਼ੇਰ ਪੁਰ ਸੱਧਾ,ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਜਵਾਲਾ ਪੁਰ,ਕਸ਼ਮੀਰ ਸਿੰਘ ਭੰਡਾਲ ਦੋਨਾ ਆਦਿ ਨੇ ਸੰਬੋਧਨ ਕੀਤਾ।



# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਟਰੈਕਟਰ ਮਾਰਚ 26 ਨੂੰ

**ਨਵਾਂਸ਼ਹਿਰ (ਮਨੋਜ ਲਾਡੀ)**-ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਦਾਣਾ ਮੰਡੀ ਨਵਾਂਸ਼ਹਿਰ 'ਚ ਹੰਗਾਮੀ ਮੀਟਿੰਗ ਹੋਈ । ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ , ਸੂਬਾ ਕਮੇਟੀ ਮੈਂਬਰ ਭੁਪਿੰਦਰ ਸਿੰਘ ਵੜੈਚ ਅਤੇ ਜ਼ਿਲ੍ਹਾ ਸਕੱਤਰ ਤਰਸੇਮ ਸਿੰਘ ਬੈਂਸ ਨੇ ਦੱਸਿਆ ਕਿ ਨਵੇਂ ਖੇਤੀ ਮੰਡੀ ਖਰੜੇ ਨੂੰ ਰੱਦ ਕਰਵਾਉਣ ਅਤੇ ਮੋਦੀ ਸਰਕਾਰ -2 ਵਲੋਂ ਲਿਖ਼ਤੀ ਰੂਪ ਵਿੱਚ ਮੰਨੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਵਿਚਾਰਾਂ ਕੀਤੀਆਂ ਗਈਆਂ । ਆਗੂਆਂ ਨੇ ਕਿਹਾ ਮੋਗਾ ਮਹਾਂ ਰੈਲੀ ਨੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਨੂੰ ਖੇਤੀ ਮੰਡੀ ਖਰੜਾ ਰੱਦ ਕਰਨ ਲਈ ਚੇਤਾਵਨੀ ਦਿੰਦੇ ਹੋਏ ਸਮੂਹ ਪੰਜਾਬ ਵਾਸੀਆਂ ਨੂੰ ਵੱਡੇ ਸੰਘਰਸ਼ਾਂ ਦੀਆ ਤਿਆਰੀਆ ਕਰਨ ਦਾ ਸੱਦਾ ਦਿੱਤਾ । ਅਗਲੇ ਸੰਘਰਸ਼ ਦੀ ਕੜੀ ਵਜੋਂ 26 ਜਨਵਰੀ ਨੂੰ ਪੂਰੇ ਭਾਰਤ ਵਿੱਚ ਤਹਿਸੀਲ ਕੇਂਦਰਾਂ / ਜ਼ਿਲ੍ਹਾ ਕੇਂਦਰਾਂ 'ਤੇ ਟਰੈਕਟਰ ਮਾਰਚ ਕੀਤੇ ਜਾ ਰਹੇ ਹਨ । ਜਿਸਦੀ ਤਿਆਰੀ ਲਈ ਜ਼ਿਲ੍ਹੇ ਭਰ ਤੋਂ ਸਰਗਰਮ ਕਿਸਾਨ ਆਗੂਆਂ ਅਤੇ ਵਰਕਰਾਂ ਨੇ ਮੀਟਿੰਗ ਵਿੱਚ ਸ਼ਿਰਕਤ ਕੀਤੀ ਅਤੇ ਜ਼ਿੰਮੇਵਾਰੀਆਂ ਲਾਈਆਂ ਗਈਆਂ । ਸੈਂਕੜੇ ਟਰੈਕਟਰ 26 ਜਨਵਰੀ ਨੂੰ ਮਾਰਚ ਵਿੱਚ ਸ਼ਾਮਲ ਹੋਣਗੇ ।ਇਸ ਮੌਕੇ ਪਰਮਜੀਤ ਸਿੰਘ ਸ਼ਹਾਬਪੁਰ ਨਵਾਂਸ਼ਹਿਰ ਇਲਾਕੇ ਦੇ ਪ੍ਰਧਾਨ , ਸੁਰਿੰਦਰ ਸਿੰਘ ਮਹਿਰਮ ਪੁਰ ਔੜ ਬਲਾਕ ਪ੍ਰਧਾਨ , ਨਿਰਮਲ ਸਿੰਘ ਮੱਲਪੁਰ ਅੜਕਾ , ਰਾਮ ਜੀ ਦਾਸ ਸਨਾਵਾ , ਅਵਤਾਰ ਸਿੰਘ ਸਕੋਹਪੁਰ , ਬਲਵੀਰ ਸਿੰਘ , ਜਗਤਾਰ ਸਿੰਘ ਜਾਡਲਾ , ਮੱਖਣ ਸਿੰਘ ਭਾਨਮਜਾਰਾ , ਸੁਰਿੰਦਰ ਸਿੰਘ ਸ਼ਹਾਬਪੁਰ , ਕਸ਼ਮੀਰ ਸਿੰਘ , ਮੇਜਰ ਸਿੰਘ , ਅਵਤਾਰ ਸਿੰਘ ਮਾਨ ਸ਼ੇਰ ਸਿੰਘ ਅਤੇ ਹੋਰ ਹਾਜ਼ਰ ਸਨ।

## ਰੜਾ ਵਿਖੇ ਨਸ਼ਾ ਛੁਡਾਊ ਕੈਂਪ ਤੇ ਸੈਮੀਨਾਰ

**ਟਾਂਡਾ ਉੜਮੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੋਧੀ ਚਲਾਈ ਜਾਗਰੁਕਤਾ ਮੁਹਿੰਮ ਤਹਿਤ ਪਿੰਡ ਰੜਾ ਵਿਖੇ ਨਸ਼ਾ ਛਡਾਊ ਕੈਂਪ ਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ ।ਡਾ:ਕਰਨ ਕੁਮਾਰ ਸੈਣੀ ਐਸ.ਐਮ.ਓ ਟਾਂਡਾ ਨੇ ਦੱਸਿਆ ਕਿ ਨਸ਼ੇ ਦੀ ਆਦਤ ਨਾਲ ਸਮਾਜ ਤੇ ਬਹੁਤ ਬੁਰਾ ਅਸਰ ਪੈਂਦਾ ਹੈ। ਸਾਨੂੰ ਨਸ਼ੇ ਦੇ ਆਦੀ ਨਾਲ ਹਮਦਰਦੀ ਵਾਲਾ ਰੱਵਈਆ ਅਪਣਾ ਕੇ ਉਸ ਨੂੰ ਇਸ ਦੇ ਬੁਰੇ ਅਸਰਾਂ ਬਾਰੇ ਜਾਗਰੂਕ ਕਰਕੇ ਇਸ ਤੋਂ ਬਾਹਰ ਆਉਣ ਲਈ ਉਸਦੀ ਮਦਦ ਕਰਨੀ ਚਾਹੀਦੀ ਹੈ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ੇ ਦੇ ਆਦੀ ਨੌਜਵਾਨਾਂ ਨੂੰ ਓਟ ਸੈਂਟਰਾਂ ਵਿੱਚ ਨਸ਼ਾ ਛੱਡਣ ਲਈ ਮੁਫਤ ਇਲਾਜ ਕੀਤਾ ਜਾਂਦਾ ਹੈ। ਉਹਨਾਂ ਨੇ ਸਮੂਹ ਸਮਾਜ ਨੂੰ ਅਪੀਲ ਕੀਤੀ ਕਿ ਨਸ਼ੇ ਦੇ ਸ਼ਿਕਾਰ ਹੋਏ ਲੋਕਾਂ ਨੂੰ ਇਸ ਤੋਂ ਬਚਾਉਣ ਲਈ ਮਿਲ ਕੇ ਹਮਲਾ ਮਾਰਨਾ ਚਾਹੀਦਾ ਹੈ।ਇਸ ਮੌਕੇ ਸਮੂਹ ਡਾਕਟਰੀ ਸਟਾਫ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਆਦਿ ਮੌਜੂਦ ਸਨ।



## ਹਾਦਸਿਆਂ ਤੋਂ ਬਚਣ ਲਈ ਰਿਫਲੈਕਟਰ ਸਟਿੱਕਰ ਲਾਏ ਜਾਣ : ਡਾ. ਸਰਬਜੀਤ ਸਿੰਘ

**ਬਲਾਚੌਰ (ਜਸਵਿੰਦਰ ਬੈਂਸ)**-ਮੈਡੀਕਲ ਪ੍ਰੈਕਟੀਸਨ ਐਸੋਸੀਏਸਨ ਪੰਜਾਬ ਰਜਿ 295 ਬਲੋਕ ਬਲਾਚੌਰ ਦੀ ਮਾਸਿਕ ਮੀਟਿੰਗ ਡਾ. ਸਰਬਜੀਤ ਸਿੰਘ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪਿਛਲੇ ਮਹੀਨੇ ਦੀਆਂ ਗਤੀਵਿਧੀਆਂ ਡਾ। ਗਿਆਨ ਸਿੰਘ ਜਨਰਲ ਸਕੱਤਰ ਨੇ ਪੜ ਕੇ ਸੁਣਾਈਆਂ। ਡਾ. ਸਰਬਜੀਤ ਸਿੰਘ ਮੈਡੀਕਲ ਪ੍ਰੈਕਟੀਸਨ ਨੂੰ ਅਪੀਲ ਕੀਤੀ ਕਿ ਆਪਣੇ ਕਿੱਤੇ ਤੋਂ ਇਲਾਵਾ ਸਮਾਜ ਭਲਾਈ ਕੰਮਾਂ ਨੂੰ ਵੀ ਵੱਧ ਚੜ੍ਹਕੇ ਤਰਜੀਹ ਦੇਣੀ ਚਾਹੀਦੀ ਹੈ। ਵੱਧ ਰਹੇ ਧੁੰਦ ਦੇ ਪ੍ਰਕੋਪ ਤੋਂ ਆਪਣੇ ਇਲਾਕੇ ਵਿੱਚ ਵੱਖ-ਵੱਖ ਵਾਹਨਾਂ ਟਰੈਕਟਰ ਟਰਾਲੀਆਂ, ਬੱਸਾਂ, ਕਾਰਾਂ,ਛੋਟੇ ਟੈਪੂਆਂ ਤੇ ਜੀਪਾਂ ਹੋਰ ਵਹੀਕਲਾਂ ਤੇ ਰਿਫਲੈਕਟਰ, ਸਟਿੱਕਰ,ਚਮਕਦਾਰ ਪੱਟੀਆਂ ਲਗਾਈਆਂ ਜਾਣ। ਲੋਕਾਂ ਨੂੰ ਅਪੀਲ ਕੀਤੀ ਜਾਵੇ ਕਿ ਧੁੰਦ ਦੇ ਮੌਸਮ ਦੌਰਾਨ ਜਰੂਰੀ ਕੰਮਕਾਜ ਲਈ ਹੀ ਘਰੋਂ ਬਾਹਰ ਜਾਵੇ। ਬਲਾਕ ਦੇ ਚੇਅਰਮੈਨ ਡਾ. ਮਨੋਹਰ ਲਾਲ ਟਕਾਰਲਾ ਨੇ ਕਿਹਾ ਕਿ ਸਭ ਧਰਮਾਂ 'ਚ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੱਤਾ ਗਿਆ ਹੈ। ਇਸ ਮੌਕੇ ਡਾ. ਦਿਲਦਾਰ ਸਿੰਘ ਚਾਹਲ ਸੂਬਾ ਕਮੇਟੀ ਉਪ ਪ੍ਰਧਾਨ ਅਤੇ ਡਾ. ਰਾਜਵਿੰਦਰ ਕੌਰ ਮੈਂਬਰ ਵਜੋਂ ਜਥੇਬੰਦੀ 'ਚ ਸ਼ਾਮਿਲ ਹੋਏ, ਇਹਨਾਂ ਦੇ ਨਾਲ ਡਾ. ਰਕੇਸ਼ ਜੋਸ਼ੀ ਉਪ ਪ੍ਰਧਾਨ, ਡਾ. ਬਲਵੰਤ ਉਪ ਪ੍ਰਧਾਨ ਡਾ. ਜਤਿੰਦਰ, ਡਾ. ਬਲਵੀਰ ਸਿੰਘ, ਡਾ. ਸਾਹਿਲ, ਡਾ. ਹਰਜਿੰਦਰ ਸਿੰਘ , ਡਾ. ਗੁਰਦਿਆਲ ਸਿੰਘ, ਡਾ.ਬਹਾਦਰ ਸਿੰਘ, ਡਾ. ਸੁੱਚਾ ਸਿੰਘ, ਡਾ. ਨਰੇਸ,ਡਾ. ਗੁਰਪ੍ਰੀਤ,ਡਾ.ਅੰਗਰੇਜ, ਡਾ. ਜਸਵੀਰ ਆਦਿ ਹਾਜਰ ਸਨ।



# 450 ਮਰੀਜ਼ਾਂ ਦੀਆਂ ਅੱਖਾਂ ਕੀਤੀਆਂ ਚੈੱਕ ਤੇ 90 ਦੇ ਹੋਏ ਅਪ੍ਰੇਸ਼ਨ



**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)**

ਸਥਾਨਕ ਗੁਰਦੁਆਰਾ ਕਲਗੀਧਰ ਸਾਹਿਬ ਵਿਖੇ ਸ਼ੇਰੇ ਪੰਜਾਬ ਸੇਵਾ ਦਲ ਰਜਿ. ਵਲੋਂ ਲਗਾਏ ਗਏ ਅੱਖਾਂ ਦੇ ਫ੍ਰੀ ਚੈਕਅੱਪ/ਅਪ੍ਰੇਸ਼ਨ ਕੈਂਪ ਵਿੱਚ 450 ਮਰੀਜ਼ਾਂ ਦੀਆਂ ਅੱਖਾਂ ਚੈੱਕ ਕੀਤੀਆਂ ਗਈਆਂ । ਇਸ ਉਪੰਰਤ 90 ਮਰੀਜ਼ਾਂ ਦੇ ਲੈਂਜ ਪਾਏ ਗਏ। ਮੁੱਖ ਮਹਿਮਾਨ ਵਲੋਂ ਸਮਾਜ ਸੇਵੀ ਬਰਜਿੰਦਰ ਸਿੰਘ ਹੁਸੈਨਪੁਰ ਨੇ ਫੀਤਾ ਕੱਟ ਕੇ ਕੈਂਪ ਦਾ ਉਦਘਾਟਨ ਕਰਨ ਉਪਰੰਤ ਸੰਬੋਧਨ ਕਰਦਿਆਂ ਕਿਹਾ ਕਿ ਸ਼ੇਰੇ ਪੰਜਾਬ ਸੇਵਾ ਦੱਲ ਵਲੋਂ ਪਿਛਲੇ ਕਰੀਬ 40 ਸਾਲਾਂ ਤੋਂ ਇਹ ਉਪਰਾਲਾ ਕੀਤਾ ਜਾ ਰਿਹਾ ਹੈ ਜੋ ਕਿ ਬਹੁਤ ਸਲਾਹੁਣਯੋਗ ਹੈ। ਇਸ ਤੋਂ ਇਲਾਵਾ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਹੇਮੰਤ ਰਨਦੇਵ, ਜਥੇ. ਤਰਲੋਚਨ ਸਿੰਘ ਨੇ ਵੀ ਸੰਬੋਧਨ ਕੀਤਾ। ਪ੍ਰਬੰਧਕਾਂ ਵਲੋਂ ਇਸ ਵਾਰ ਸੇਠ ਆਈ ਹਸਪਤਾਲ ਬੰਗਾ ਦੀ ਅੱਖਾਂ ਦੇ ਡਾਕਟਰਾਂ ਦੀ ਮਾਹਰ ਟੀਮ ਬੁਲਾਈ ਗਈ।ਉਸ ਵਲੋਂ ਹੀ ਲੋੜਵੰਦ ਮਰੀਜ਼ਾਂ ਦੇ ਅਪ੍ਰੇਸ਼ਨ ਕਰਕੇ ਫ੍ਰੀ ਲੈਂਜ਼ ਪਾਏ ਗਏ। ਸੁਰਜੀਤ ਸਿੰਘ ਸਾਬਕਾ ਐਸ.ਡੀ.ਓ ਗੁਰੂ ਨਾਨਕ ਮਿਸ਼ਨ ਸੇਵਾ ਸੋਸਾਇਟੀ ਨਵਾਂਸ਼ਹਿਰ ਵਲੋਂ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਦਿਲਬਾਗ ਸਿੰਘ, ਪ੍ਰਧਾਨ ਜਥੇ. ਮੰਗਲ ਸਿੰਘ, ਸਤਨਾਮ ਸਿੰਘ, ਗੁਰਨਾਮ ਸਿੰਘ, ਜਗਜੀਤ ਸਿੰਘ ਨਵਾਂਸ਼ਹਿਰ, ਮਨਜੀਤ ਸਿੰਘ ਆਦਿ ਹਾਜ਼ਰ ਸਨ ।

# ਏਕਤਾ ਮੰਚ ਵੈੱਲਫੇਅਰ ਸੁਸਾਇਟੀ ਦੀ ਮੀਟਿੰਗ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਏਕਤਾ ਮੰਚ ਵੈਲਫੇਅਰ ਸੋਸਾਇਟੀ ਨੂਰਮਹਿਲ ਦੀ ਹੋਈ ਮੀਟਿੰਗ ਜਿਸ ਵਿਚ ਸਰਬਸੰਮਤੀ ਨਾਲ ਅਹੁਦੇਦਾਰਾਂ ਅਤੇ ਮੈਂਬਰਾਂ ਦੀ ਚੋਣ ਕੀਤੀ ਗਈ, ਜਿਸ ਵਿਚ ਚੇਅਰਮੈਨ ਨਰਿੰਦਰ ਕੁਮਾਰ ਭੰਡਾਲ , ਜਸਪਾਲ ਜੱਸੀ ਵਾਈਸ ਚੇਅਰਮੈਨ , ਪ੍ਰਧਾਨ ਗਗਨਦੀਪ ਨਈਅਰ , ਫਿਰੋਜ ਕੁਮਾਰ ਲੰਗਾਹ ਵਾਈਸ ਪ੍ਰਧਾਨ , ਜਸਵੀਰ ਸਹਿਜਲ ਜਰਨਲ ਸਕੱਤਰ , ਅਜੈ ਕੁਮਾਰ ਜੱਸਲ ਸਕੱਤਰ , ਹਰਜੀਤ ਸਿੰਘ ਉਰਫ ਹਨੀ ਵਿਰਦੀ ਖਜ਼ਾਨਚੀ , ਬਲਵਿੰਦਰ ਸਿੰਘ ਪੀ ਆਰ ਓ, ਹਰਜਿੰਦਰ ਮੱਟੂ ਅਤੇ ਸਤੀਸ਼ ਕੁਮਾਰ ਮੈਂਬਰ ਚੁਣੇ ਗਏ। ਇਸ ਮੌਕ ਚੇਅਰਮੈਨ ਨਰਿੰਦਰ ਕੁਮਾਰ ਭੰਡਾਲ ਨੇ ਦੱਸਿਆ ਕਿ ਸ਼੍ਰੀ ਗੁਰੂ ਰਵਿਦਾਸ ਮਹਾਰਾਜ 648ਵੇਂ ਪ੍ਰਕਾਸ਼ ਉੱਤਸਵ 'ਤੇ 11 ਫਰਵਰੀ 2025 ਨੂੰ ਸਵੇਰੇ 7.00 ਵਜੇ ਤੋਂ ਮੱਕੀ ਦੀ ਰੋਟੀ , ਸਰੋਂ ਦਾ ਸਾਗ ਦੇਸੀ ਘਿਓ ਪਾ ਕੇ ਸਮੇਤ ਲੱਸੀ ਤੇ ਅਚਾਰ ਲਗਾਇਆ ਜਾਵੇਗਾ। ਇਸ ਸਮਾਗਮ ਦਾ ਸਿੱਧਾ ਪ੍ਰਸਾਰਣ ਯੂ ਟਿਊਬ ਚੈੱਨਲ ਬੀ ਵੰਨ ਲਾਈਵ ਹੋਵੇਗਾ।

# ਸਰਕਾਰੀ ਹਾਈ ਸਕੂਲ ਸੈਲਾ ਖੁਰਦ ਵਿਖੇ ਦਾਖਲਾ ਮੁਹਿੰਮ ਦਾ ਆਗਾਜ਼

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਸਰਕਾਰੀ ਹਾਈ ਸਕੂਲ ਸੈਲਾ ਖੁਰਦ ਵਿਖੇ 2025-26 ਦੀ ਦਾਖਲਾ ਮੁਹਿੰਮ ਦਾ ਆਗਾਜ ਜ਼ਿਲ੍ਹਾ ਸਿੱਖਿਆ ਅਫਸਰ ਹੁਸ਼ਿਆਰਪੁਰ ( ਸ ਸ) ਸ੍ਰੀਮਤੀ ਲਲਿਤਾ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹੈਡਮਾਸਟਰ ਸੰਦੀਪ ਬਡੇਸਰੋਂ ਦੀ ਅਗਵਾਈ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਸੈਲਾ ਖੁਰਦ ਦੇ ਪੰਜਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਛੇਵੀਂ ਕਲਾਸ ਵਿੱਚ ਆਰਜੀ ਤੌਰ 'ਤੇ ਦਾਖਲ ਕਰਕੇ ਕੀਤਾ ਗਿਆ । ਬਡੇਸਰੋਂ ਨੇ ਦੱਸਿਆ ਕਿ ਸੈਸ਼ਨ 2025-26 ਲਈ ਸਕੂਲ ਵਿੱਚ ਦਾਖਲਾ ਕਮੇਟੀ ਦਾ ਗਠਨ ਕੀਤਾ ਗਿਆ ਹੈ ਜਿਸ ਦੁਆਰਾ ਡੋਰ- ਟੂ -ਡੋਰ ਜਾ ਕੇ ਪਿੰਡ ਵਾਸੀਆਂ ਨੂੰ ਸਰਕਾਰੀ ਸਕੂਲ ਵਿੱਚ ਆਪਣੇ ਬੱਚੇ ਦਾਖਲ ਕਰਾਉਣ ਲਈ ਪ੍ਰੇਰਿਆ ਜਾਵੇਗਾ ਅਤੇ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਦਿੱਤੀਆਂ ਬਹੁਤ ਸਾਰੀਆਂ ਸਹੂਲਤਾਂ ਬਾਰੇ ਸਮਾਜ ਨੂੰ ਜਾਣਕਾਰੀ ਦੇ ਕੇ ਸਰਕਾਰੀ ਸਕੂਲਾਂ ਵਿੱਚ ਦਾਖਲਿਆਂ ਨੂੰ ਵਧਾਇਆ ਜਾਵੇਗਾ। ਸਟਾਫ ਮੈਂਬਰ ਸ਼੍ਰੀਮਤੀ ਸੁਖਜਿੰਦਰ ਕੌਰ ,ਕ੍ਰਿਸ਼ਨਾ ਕੁਮਾਰੀ, ਰਵਿੰਦਰ ਕੌਰ, ਪ੍ਰੀਆ, ਹਰਜੀਤ ਕੌਰ, ਨਵਜੋਤ ਵਾਲੀਆ, ਬਲਜਿੰਦਰ ਕੌਰ , ਸੰਦੀਪ ਕੁਮਾਰ, ਸ਼ੇਰ ਸਿੰਘ, ਬੱਗਾ ਸਿੰਘ ਅਤੇ ਪ੍ਰਾਇਮਰੀ ਸਕੂਲ ਤੋਂ ਐਚ ਟੀ ਸ੍ਰੀਮਤੀ ਰਾਜਵੀਰ ਕੌਰ, ਸ਼ੈਲੀ ਗੁਪਤਾ ਅਤੇ ਹੋਰ ਸਟਾਫ ਮੈਂਬਰ ਹਾਜਰ ਸਨ।




## ਗੁਰੂ ਹਰਰਾਏ ਸਾਹਿਬ ਦੇ 395ਵੇਂ ਪ੍ਰਕਾਸ਼ ਪੁਰਬ ਸਬੰਧੀ ਪ੍ਰਭਾਤ ਫੇਰੀਆਂ ਜਾਰੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਇਤਿਹਾਸਿਕ ਪਿੰਡ ਭੁੰਗਰਨੀ ਵਿਖੇ ਸਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਰਾਏ ਸਾਹਿਬ ਜੀ ਦੇ 395ਵੇਂ ਪ੍ਰਕਾਸ਼ ਪੁਰਬ ਮੌਕੇ ਪ੍ਰਭਾਤ ਫੇਰੀਆਂ ਜਾਰੀ ਹ ਨ । ਗੁ ਰ ਦੁ ਆ ਰਾ ਸਾਹਿਬ ਪ੍ਰਧਾਨ ਜਥੇਦਾਰ ਸੁਰਜੀਤ ਸਿੰਘ ਮਸੂਤਾ ਨੇ ਕਿ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ 14 ਜਨਵਰੀ ਤੋਂ ਲਗਾਤਾਰ ਪ੍ਰਭਾਤ ਫੇਰੀਆਂ ਜਾਰੀ ਹਨ। 29 ਜਨਵਰੀ ਨੂੰ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਏ ਜਾਣਗੇ।30 ਜਨਵਰੀ ਨੂੰ ਖੂਨਦਾਨ ਕੈਂਪ ਅਤੇ ਬੱਚਿਆਂ ਦਾ ਚੈੱਕਅੱਪ ਕੈਂਪ ਲਗਾਇਆ ਜਾ ਰਿਹਾ ਹੈ। 31 ਜਨਵਰੀ ਨੂੰ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ ਦੇ 5 ਵਜੇ ਤੱਕ ਸਾਲਾਨਾ 37ਵਾਂ ਮਹਾਨ ਕੀਰਤਨ ਦਰਬਾਰ ਕਰਵਾਇਆ ਜਾ ਰਿਹਾ ਹੈ।ਪ੍ਰਭਾਤ ਫੇਰੀਆਂ ਦੌਰਾਨ ਭਾਈ ਸੁਖਚੈਨ ਸਿੰਘ ਹੈਡ ਗ੍ਰੰਥੀ, ਪ੍ਰਭਾਤ ਫੇਰੀ ਜਥਾ ਆਦਿ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਬਾਣੀ ਗੁਰ ਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰ ਰਹੇ ਹਨ। ਪ੍ਰਬੰਧਕਾਂ ਵੱਲੋਂ ਪ੍ਰਮੁੱਖ ਸ਼ਖਸੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਰਾਜਵੀਰ ਸਿੰਘ, ਬਲਵੀਰ ਸਿੰਘ ਤੰਬੜ, ਗੁਰਪ੍ਰੀਤ ਸਿੰਘ ਗੋਪੀ, ਹਰਿੰਦਰ ਸਿੰਘ, ਰਾਮ ਸਿੰਘ, ਜਗਤਾਰ ਸਿੰਘ ਤਾਰੀ, ਜਤਿੰਦਰ ਸਿੰਘ, ਭੁਪਿੰਦਰ ਸਿੰਘ, ਮੱਖਣ ਸਿੰਘ, ਬੀਬੀ ਸਰਬਜੀਤ ਕੌਰ, ਅਮਰੀਕ ਸਿੰਘ ਲੱਕੀ, ਗੁਰਜੀਤ ਸਿੰਘ, ਜੁਝਾਰ ਸਿੰਘ, ਅਵਤਾਰ ਸਿੰਘ ਤਾਰੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।



# ਡੇਅਰੀ ਵਿਕਾਸ ਵਿਭਾਗ ਨੇ ਲਗਾਇਆ ਦੁੱਧ ਉਤਪਾਦਕ ਜਾਗਰੂਕਤਾ ਕੈਂਪ

**ਨਵਾਂਸ਼ਹਿਰ, (ਮਨੋਜ ਲਾਡੀ)**

ਪੰਜਾਬ ਸਰਕਾਰ ਦੇ ਹੁਕਮਾਂ ਤਹਿਤ ਡੇਅਰੀ ਵਿਕਾਸ ਵਿਭਾਗ ਨਵਾਂਸ਼ਹਿਰ ਵੱਲੋਂ ਬਲਾਕ ਨਵਾਂਸ਼ਹਿਰ ਦੇ ਪਿੰਡ ਸੈਦਪੁਰ ਕਲਾਂ ਵਿਖੇ ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ ਗਿਆ। ਇਹ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਸ਼ਹੀਦ ਭਗਤ ਸਿੰਘ ਨਗਰ ਕਸ਼ਮੀਰ ਸਿੰਘ ਨੇ ਦੱਸਿਆ ਕਿ ਪਿੰਡ ਸੈਦਪੁਰ ਕਲਾਂ ਅਤੇ ਆਸਪਾਸ ਦੇ ਪਿੰਡਾਂ ਵਿਚੋਂ ਲੋਕਾਂ ਨੇ ਪਹੁੰਚ ਕੇ ਇਸ ਕੈਂਪ ਵਿਚ ਦੱਸੀਆਂ ਸਕੀਮਾਂ ਦਾ ਲਾਭ ਪ੍ਰਾਪਤ ਕੀਤਾ। ਇਸ ਮੌਕੇ ਡੇਅਰੀ ਵਿਕਾਸ ਇੰਸਪੈਕਟਰ ਨਵਾਂਸ਼ਹਿਰ ਰਾਮ ਸ਼ਰਨ ਵੱਲੋਂ ਕੈਂਪ ਵਿਚ ਵਿਭਾਗ ਵੱਲੋਂ ਚਲਾਈਆਂ ਜਾਂਦੀਆਂ ਸਕੀਮਾਂ ਬਾਰੇ ਲੋਕਾਂ ਨੂੰ ਵਿਸਥਾਰਪੂਰਵਕ ਜਾਗਰੂਕ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਉੱਦਮੀ ਕਿਸਾਨਾਂ ਨੂੰ ਖੇਤੀ ਦੇ ਧੰਦੇ ਦੇ ਨਾਲ- ਨਾਲ ਦੁੱਧ ਦਾ ਧੰਦਾ ਕਰਨ ਲਈ ਸਬਸਿਡੀ 'ਤੇ ਬੈਂਕਾਂ ਪਾਸੋਂ ਲੋਨ ਵੀ ਮੁਹੱਈਆ ਕਰਵਾਏ ਜਾਂਦੇ ਹਨ। ਇਸ ਮੌਕੇ ਕਮਲਦੀਪ ਸਿੰਘ ਸੰਘਾ ਨੇ ਕਿਸਾਨਾਂ ਨੂੰ ਜੈਵਿਕ ਖੇਤੀ ਅਤੇ ਫ਼ਸਲਾਂ ਦੀ ਰਹਿੰਦ-ਖੂੰਹਦ ਦੀ ਸਹੀ ਵਰਤੋਂ ਬਾਰੇ ਜਾਣਕਾਰੀ ਦਿੱਤੀ। ਬਾਗਬਾਨੀ ਵਿਭਾਗ ਤੋਂ ਆਏ ਨੁਮਾਇੰਦੇ ਵੱਲੋਂ ਲੋਕਾਂ ਨੂੰ ਆਪਣੇ ਵਿਭਾਗ ਦੀਆਂ ਸਕੀਮਾਂ ਤੋਂ ਜਾਣੂ ਕਰਵਾਇਆ ਗਿਆ। ਐਡਵੰਟਾਂ ਕੰਪਨੀ ਵੱਲੋਂ ਆਏ ਡਾ. ਅਸ਼ਵਨੀ ਵੱਲੋਂ ਇਕੱਠ ਨੂੰ ਸੰਬੋਧਨ ਕਰਦਿਆਂ ਪਸ਼ੂਆਂ ਵਾਸਤੇ ਹਰੇ ਚਾਰੇ ਅਤੇ ਹਰੇ ਚਾਰੇ ਦੇ ਅਚਾਰ ਸਬੰਧੀ ਜਾਣਕਾਰੀ ਦਿੱਤੀ ਗਈ। ਪਸ਼ੂਆਂ ਦਾ ਬੀਮਾ ਕਰਨ ਲਈ ਬੀਮਾ ਕੰਪਨੀ ਦੇ ਏਜੰਟ ਅਵਤਾਰ ਸਿੰਘ ਮੌਕੇ 'ਤੇ ਹਾਜ਼ਰ ਸਨ, ਜਿਨ੍ਹਾਂ ਸਰਕਾਰ ਵੱਲੋਂ ਚਲਾਈ ਜਾ ਰਹੀ ਪਸ਼ੂਆਂ ਦੀ ਬੀਮਾ ਸਕੀਮ ਦਾ ਲਾਭ ਲੈਣ ਲਈ ਲੋਕਾਂ ਨੂੰ ਉਤਸ਼ਾਹਿਤ ਕੀਤਾ। ਪਿੰਡ ਸੈਦਪੁਰ ਕਲਾਂ ਦੇ ਸਰਪੰਚ ਵੱਲੋਂ ਕੈਂਪ ਵਿਚ ਹਾਜਰ ਕਿਸਾਨਾਂ ਅਤੇ ਵਿਭਾਗੀ ਨੁਮਾਇੰਦਿਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਡੇਅਰੀ ਇੰਸਪੈਕਟਰ ਆਸ਼ੂਤੋਸ਼ ਅਤੇ ਅਮਨਦੀਪ, ਕਪਤਾਨ ਸਿੰਘ ਆਦਿ ਹਾਜ਼ਰ ਸਨ।



# ਖੂਨਦਾਨ ਤੇ ਨੇਤਰਦਾਨ ਕਰਕੇ ਬੁਝ ਰਹੇ ਮਨੁੱਖੀ ਦੀਵਿਆਂ ਨੂੰ ਰੌਸ਼ਨ ਕਰੋ : ਲਾਇਨ ਐੱਸ ਐੱਮ ਸਿੰਘ

**ਜਲੰਧਰ (ਸ਼ੈਲੀ ਐਲਬਰਟ)**

ਬਹੁ ਮੰਤਵੀ ਸਮਾਜ ਸੇਵੀ ਸੰਸਥਾ ਦਿਸ਼ਾਦੀਪ ਵਲੋਂ ਜਲੰਧਰ ਦੇ ਗੁਰਦੁਆਰਾ ਸਿੰਘ ਸਭਾ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਇੱਕ ਮੈਡੀਕਲ ,ਖ਼ੂਨ ਦਾਨ ਅਤੇ ਅੱਖਾਂ ਦਾਨ ਕੈਂਪ ਲਗਾਇਆ ਗਿਆ ਜਿਸ ਵਿੱਚ ਮਰਹੂਮ ਇੰਦਰਦੇਵ ਸਿੰਘ ਮਿਨਹਾਸ ਸੈਕਟਰੀ ਰੈੱਡ ਕਰਾਸ ਨੂੰ ਉਨ੍ਹਾਂ ਦੇ ਬੇਟੇ ਇਸ਼ਮੀਤ ਸਿੰਘ ਅਤੇ ਪਰਵਾਰਕ ਮੈਂਬਰਾਂ ਵਲੋਂ ਖ਼ੂਨ ਦਾਨ ਕਰਕੇ ਭਾਵਭਿੰਨੀ ਸ਼ਰਧਾਂਜਲੀ ਭੇਂਟ ਕੀਤੀ ਗਈ । ਕੈਂਪ ਵਿੱਚ ਪਹੁੰਚੇ ਮੁੱਖ ਮਹਿਮਾਨ ਰਮਨ ਦੱਤ ਦਾ ਫੁੱਲ ਮਾਲਾਵਾਂ ਨਾਲ ਸਵਾਗਤ ਕੀਤਾ ਗਿਆ ਅਤੇ ਜਲੰਧਰ ਦੇ ਨਵੇਂ ਚੁਣੇ ਗਏ ਸੀਨੀਅਰ ਡਿਪਟੀ ਮੇਅਰ ਬਲਬੀਰ ਸਿੰਘ ਬਿੱਟੂ, ਕੌਂਸਲਰ ਵਿੱਕੀ ਤੁਲਸੀ ਅਤੇ ਅਮਰਦੀਪ ਕੌਂਸਲਰ ਦਾ ਵੀ ਸਨਮਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੈਕਟਰੀ ਹਰਵਿੰਦਰ ਸਿੰਘ ਟੀ ਟੀ, ਖਜ਼ਾਨਚੀ ਸੰਤੋਖ ਸਿੰਘ, ਦਰਬਾਰਾ ਸਿੰਘ, ਰਤਨ ਸਿੰਘ, ਰਤਨ ਪਾਲ, ਸਰਬਣ ਸਿੰਘ ਅਤੇ ਹੋਰ ਮੈਂਬਰਾਂ ਨੇ ਕੀਤਾ । ਕੈਂਪ ਵਿੱਚ ਪੁੱਜੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਲਾਇਨ ਐੱਸ ਐਮ ਸਿੰਘ, ਸੀਨੀਅਰ ਡਿਪਟੀ ਮੇਅਰ ਬਲਬੀਰ ਸਿੰਘ ਬਿੱਟੂ ਅਤੇ ਮੁੱਖ ਮਹਿਮਾਨ ਰਮਨ ਦੱਤ ਨੇ ਕਿਹਾ ਕਿ ਧਾਰਮਿਕ ਸੰਸਥਾਵਾਂ ਨੂੰ ਧਰਮ ਪ੍ਰਚਾਰ ਦੇ ਨਾਲ ਨਾਲ ਨੇਤਰਦਾਨ, ਖ਼ੂਨ ਦਾਨ ਅਤੇ ਨਸ਼ਾ ਮੁਕਤੀ ਜਿਹੇ ਅਤਿ ਜ਼ਰੂਰੀ ਕੰਮ ਨੂੰ ਵੀ ਕਰਨਾ ਚਾਹੀਦਾ ਹੈ। ਇਸ ਕੈਂਪ ਦੇ ਪ੍ਰਾਜੈਕਟ ਡਾਇਰੈਕਟਰ ਸੁਰਿੰਦਰ ਸ਼ਰਮਾ ਭਾਰਤੀ ਅਤੇ ਜਸਵਿੰਦਰ ਕੁਮਾਰ,ਅਮਰ ਗੇਟ ਗਰਿੱਲ, ਦਿਸ਼ਾਦੀਪ ਦੇ ਖ਼ੂਨਦਾਨ ਕੈਂਪਾਂ ਦੇ ਡਾਇਰੈਕਟਰ ਚਮਕੌਰ ਸਿੰਘ ਮਿਨਹਾਸ ਨੇ ਵੀ ਖ਼ੂਨ ਕੀਤਾ ਅਤੇ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ । ਕੁੱਲ 24 ਦਾਨੀਆਂ ਨੇ ਖ਼ੂਨ ਦਾਨ ਅਤੇ ਅੱਖਾਂ ਦਾਨ ਕੀਤੀਆਂ । ਦਿਸ਼ਾਦੀਪ ਦੇ ਚੇਅਰਮੈਨ ਕੈਪਟਨ ਜਸਵਿੰਦਰ ਸਿੰਘ, ਅੱਖਾਂ ਦਾਨ ਦੇ ਇੰਚਾਰਜ ਐਸ ਪੀ ਸਿੰਘ, ਉਪਚੇਅਰਮੈਨ ਤਰਸੇਮ ਜਲੰਧਰੀ,ਰਮੇਸ਼ ਲਖਨਪਾਲ ਅਤੇ ਸੈਕਟਰੀ ਜਨਰਲ ਸੁਰਿੰਦਰ ਸ਼ਰਮਾ ਨੂੰ ਵੀ ਸਨਮਾਨਿਤ ਕੀਤਾ ਗਿਆ । ਸਿਵਲ ਹਸਪਤਾਲ ਜਲੰਧਰ ਦੀ ਟੀਮ ਇੰਚਾਰਜ ਡਾਕਟਰ ਰੁਪਿੰਦਰ ਜੀਤ ਕੌਰ, ਸੁਖਵਿੰਦਰ ਟੈਕਨੀਸ਼ੀਅਨ, ਕੌਂਸਲਰ ਅਜੈ ਕੁਮਾਰ ਅਤੇ ਸਟਾਫ ਨਰਸ ਗਗਨ ਦੀਪ ਕੌਰ ਨੇ ਪੂਰੀ ਤਨਦੇਹੀ ਨਾਲ ਆਪਣੀ ਡਿਊਟੀ ਨਿਭਾਈ। ਸੁਰਿੰਦਰ ਸ਼ਰਮਾ ਨੇ ਗੁਰੂਦੁਆਰਾ ਪ੍ਰਬੰਧਕ ਕਮੇਟੀ ਦਾ ਕੈਂਪ ਦੇ ਸਫ਼ਲ ਆਯੋਜਨ ਅਤੇ ਪ੍ਰਬੰਧਾਂ ਸਬੰਧੀ ਵਿਸ਼ੇਸ਼ ਧੰਨਵਾਦ ਕੀਤਾ ਅਤੇ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਅਜਿਹੇ ਨੇਕ ਉਪਰਾਲੇ ਕੀਤੇ ਜਾਣਗੇ ।




## ਛੇਵੀਂ ਰੱਥ ਯਾਤਰਾ ਧੂਮਧਾਮ ਨਾਲ ਕੱਢੀ



**ਫਿਲੌਰ, (ਨਿਰਮਲ)**- ਸ੍ਰੀ ਰਾਧਾ ਕ੍ਰਿਸ਼ਨ ਪਾਠਸ਼ਾਲਾ ਮੰਦਿਰ ਰਜਿਸਟਰ ਫਿਲੌਰ ਵੱਲੋਂ ਫਿਲੌਰ ਵਿਖੇ 6ਵੀਂ ਵਿਸ਼ਾਲ ਰੱਥ ਯਾਤਰਾ ਬੜੀ ਸ਼ਰਧਾ ਪੂਰਵਕ ਕੱਢੀ ਗਈ, ਜਿਸ ਵਿੱਚ ਭਾਰੀ ਗਿਣਤੀ ਵਿੱਚ ਸ਼ਰਧਾਲੂ ਜਨਾਂ ਨੇ ਭਾਗ ਲਿਆ। ਔਰਤਾਂ ਸ੍ਰੀ ਬਾਲਾ ਜੀ ਦੀ ਮਹਿਮਾ ਦਾ ਗੁਣਗਾਨ ਕਰ ਰਹੀਆਂ ਸਨ। ਇਹ ਰੱਥ ਯਾਤਰਾ ਫਿਲੌਰ ਦੇ ਸੰਕਟ ਮੋਚਨ ਸ੍ਰੀ ਹਨੂਮਾਨ ਮੰਦਰ ਤੋਂ ਆਰੰਭ ਹੋਈ ਜੋ ਸ਼ਹਿਰ ਦੀ ਪਰਿਕ੍ਰਮਾ ਕਰਦੀ ਹੋਈ ਸ੍ਰੀ ਸਨਾਤਨ ਧਰਮ ਸਭਾ ਸ੍ਰੀ ਰਾਧਾ ਕ੍ਰਿਸ਼ਨ ਪਾਠਸ਼ਾਲਾ ਮੰਦਰ ਫਿਲੌਰ ਵਿਖੇ ਸਮਾਪਤ ਹੋਈ। ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਸਵਾਗਤੀ ਗੇਟ ਬਣਾਏ ਗਏ ਅਤੇ ਲੰਗਰ ਵੀ ਲਗਾਏ ਗਏ ਸਨ।

## ਰੋਟਰੀ ਕਲੱਬ ਨੇ ਦੂਸਰਾ ਤਿੰਨ ਦਿਨਾਂ ਡੈਂਟਲ ਚੈਕਅੱਪ ਕੈਂਪ ਲਗਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਰੋਟਰੀ ਕਲੱਬ ਆਫ ਹੁਸ਼ਿਆਰਪੁਰ ਵੱਲੋਂ ਕਲੱਬ ਪ੍ਰਧਾਨ ਸਨੇਹ ਜੈਨ ਦੀ ਅਗਵਾਈ ਵਿਚ ਭਗਵਾਨ ਮਹਾਵੀਰ ਜੈਨ ਡਾਇਗਨਾਸਟਿਕ ਸੈਂਟਰ ਦੇ ਸਹਿਯੋਗ ਨਾਲ ਡਾਇਗਨਾਸਟਿਕ ਸੈਂਟਰ ਵਿਖੇ ਦੰਦਾਂ ਦਾ ਦੂਸਰਾ ਚੈਕਅੱਪ ਕੈਂਪ ਅਤੇ ਪੱਕੇ ਦੰਦਾਂ ਦਾ ਇੰਮਪਲਾਟ ਕੈਂਪ ਲਗਾਇਆ ਗਿਆ ਜਿਸ ਵਿਚ ਡਿਸਟ੍ਰਿਕਟ ਗਵਰਨਰ ਰੋਹਿਤ ਓਬਰਾਏ ਵਿਸ਼ੇਸ ਤੌਰ 'ਤੇ ਪਹੁੰਚੇ। ਇਸ ਤੋਂ ਇਲਾਵਾ ਕਲੱਬ ਵਿਚ ਸਾਬਕਾ ਜ਼ਿਲ੍ਹਾ ਗਵਰਨਰ ਸੁਰਿੰਦਰ ਵਿਜ, ਅਰੁਣ ਜੈਨ, ਜੀ. ਐਸ. ਬਾਵਾ, ਰਜਿੰਦਰ ਮੋਦਗਿਲ, ਅਸ਼ੋਕ ਜੈਨ, ਯੋਗੇਸ਼ ਚੰਦਰ, ਚੰਦਨ ਸਰੀਨ ਅਤੇ ਡਾਇਗਨਾਸਟਿਕ ਸੈਂਟਰ ਵਲੋਂ ਲਾਲਾ ਅਮ੍ਰਿਤ ਲਾਲ ਜੈਨ, ਸੇਠ ਰੋਹਤਾਸ਼ ਜੈਨ, ਸੰਜੀਵ ਜੈਨ, ਮੀਨਾ ਜੈਨ, ਰਵੀ ਜੈਨ ਸ਼ਾਮਿਲ ਹੋਏ। ਉੱਥੇ ਡੈਂਟਨਲ ਸਰਜਨ, ਡਾਕਟਰ ਸ਼ੁਭਕਰਮਨਜੀਤ ਸਿੰਘ ਬਾਵਾ ਅਤੇ ਉਹਨਾਂ ਦੀ ਪਤਨੀ ਡਾ. ਪਾਰੁਲ ਸ਼ਰਮਾ ਨੇ ਮਰੀਜ਼ਾਂ ਦਾ ਚੈੱਕਅੱਪ ਕੀਤਾ। ਡਾ. ਸ਼ੁਭਕਰਮਨ ਜੀਤ ਸਿੰਘ ਬਾਵਾ ਨੇ ਆਪਣੇ ਸੰਬੋਧਨ ਵਿਚ ਪੱਕੇ ਦੰਦਾਂ ਦੀ ਮਹੱਤਤਾ ਬਾਰੇ ਦੱਸਿਆ ਕਿ ਦੰਦ ਹੈ ਤਾਂ ਸੁਆਦ ਹੈ ਇਸ ਲਈ ਜਿਸ ਵੀ ਕਿਸੇ ਦਾ ਕੋਈ ਦੰਦ ਘਟ ਜਾਂਦਾ ਹੈ ਜਾ ਟੁੱਟ ਜਾਂਦਾ ਹੈ ਉਸ ਨੂੰ ਸਮੇਂ ਅਨੁਸਾਰ ਲਗਵਾ ਲੈਣਾ ਚਾਹੀਦਾ ਹੈ ਜਿਸ ਨਾਲ ਉਹਨਾਂ ਦੇ ਜਬਾੜੇ ਦੀ ਆਕਾਰ ਬਣੀ ਰਹਿੰਦੀ ਹੈ ਅਤੇ ਪੇਟ ਦੀਆਂ ਬੀਮਾਰੀਆਂ ਤੋਂ ਬਚਿਆ ਜਾ ਸਕਦਾ ਹੈ।

# ਸਰਕਾਰੀ ਕਾਲਜ ਵਿਖੇ ਹੋਵੇਗਾ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਪ੍ਰੋਗਰਾਮ

**ਮੋਹਾਲੀ (ਗੁਰਜੀਤ ਬਿੱਲਾ)**

ਮੋਹਾਲੀ ਦੇ ਸ਼ਹੀਦ ਮੇਜਰ ਹਰਮਿੰਦਰਪਾਲ ਸਿੰਘ ਸਰਕਾਰੀ ਕਾਲਜ ਦੀ ਗਰਾਊਂਡ ਵਿੱਚ ਮਨਾਏ ਜਾਣ ਵਾਲੇ ਗਣਤੰਤਰ ਦਿਵਸ ਸਮਾਗਮ ਦੀ ਤਿਆਰੀਆਂ ਲਈ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਸੱਭਿਆਚਾਰਕ ਅਤੇ ਰੰਗਾ-ਰੰਗ ਪ੍ਰੋਗਰਾਮਾਂ ਦੀ ਰਿਹਰਸਲ ਕੀਤੀ ਜਾ ਰਹੀ ਹੈ। ਸੂਕਲਾਂ ਦੇ ਬੱਚਿਆਂ ਵੱਲੋਂ ਗਣਤੰਤਰ ਦਿਵਸ ਮੌਕੇ ਪੇਸ਼ ਕੀਤੇ ਜਾਣ ਵਾਲੇ ਦੇਸ ਭਗਤੀ ਅਤੇ ਜੋਸ ਭਰਪੂਰ ਸੱਭਿਆਚਾਰਕ ਗਤੀਵਿਧੀਆਂ ਅਤੇ ਰੰਗਾ-ਰੰਗ ਪ੍ਰੋਗਰਾਾਂ ਦੀਆਂ ਤਿਆਰੀਆਂ ਲਈ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ ਸਿੱਖਿਆ) ਡਾ. ਗਿੰਨੀ ਦੁੱਗਲ ਦੀ ਰਹਿਨੁਮਾਈ ਹੇਠ 20 ਜਨਵਰੀ ਤੋਂ ਸਕੂਲੀ ਬੱਚਿਆਂ ਵੱਲੋਂ ਤਿਆਰੀਆਂ ਲਈ ਰਿਹਰਸਲਾਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਜ਼ਿਲ੍ਹਾ ਸਿੱਖਿਆ ਅਫਸਰ ਡਾ. ਗਿੰਨੀ ਦੁੱਗਲ ਨੇ ਦੱਸਿਆ ਕਿ ਗਣਤੰਤਰ ਦਿਵਸ ਦੀਆਂ ਤਿਆਰੀਆਂ ਸਬੰਧੀ ਬੱਚਿਆਂ ਵਿੱਚ ਪੂਰਾ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ ਰਿਹਾਸਲ ਸਮੇਂ ਬੱਚਿਆਂ ਦੇ ਸਮਾਗਮ ਵਾਲੇ ਸਥਾਨ 'ਤੇ ਪਹੁੰਚਣ ਅਤੇ ਵਾਪਸੀ ਦੇ ਢੁੱਕਵੇਂ ਪ੍ਰਬੰਧ ਕੀਤੇ ਗਏ ਹਨ। ਇਸ ਤੋਂ ਇਲਾਵਾ ਗਣਤੰਤਰ ਦਿਵਸ ਮੌਕੇ ਸਮਾਗਮ ਦੀ ਤਿਆਰੀ ਕਰ ਰਹੇ ਬੱਚਿਆਂ ਨੂੰ ਰਿਫਰੈਸਮੈਂਟ ਵੀ ਦਿੱਤੀ ਜਾ ਰਹੀ ਹੈ। ਕਾਲਜ ਗਰਾਊਂਡ ਵਿਖੇ 24 ਜਨਵਰੀ ਨੂੰ ਫੁੱਲ ਡਰੈੱਸ ਰਿਹਰਸਲ ਹੋਵੇਗੀ।ਇਨ੍ਹਾਂ ਰਿਹਰਸਲਾਂ ਵਿੱਚ ਸ਼ਾਮਿਲ ਸਕੂਲਾਂ ਵਿੱਚ ਸਕੂਲ ਆਫ ਐਮੀਨੈਂਸ ਫੇਜ਼-11, ਮੋਹਾਲੀ, ਸਕੂਲ ਆਫ ਐਮੀਨੈਂਸ ਫੇਜ਼-3 ਬੀ 1, ਮੋਹਾਲੀ, ਸੰਤ ਈਸ਼ਰ ਸਿੰਘ ਪਬਲਿਕ ਸਕੂਲ ਮੋਹਾਲੀ, ਏ.ਪੀ.ਜੇ ਸਕੂਲ ਮੁੰਡੀ ਖਰੜ, ਲਾਰੈਂਸ ਪਬਲਿਕ ਸਕੂਲ ਮੋਹਾਲੀ, ਗਿਲਕੋ ਇੰਟਰਨੈਸ਼ਨਲ ਸਕੂਲ, ਖਰੜ, ਸਵਾਮੀ ਰਾਮ ਤੀਰਥ ਸਕੂਲ, ਬੀ.ਐਸ.ਐਚ ਆਰਿਆ ਸਕੂਲ, ਸੋਹਾਣ, ਸਰਕਾਰੀ ਪ੍ਰਾਇਮਰੀ ਸਕੂਲ, ਫੇਜ਼ 3ਬੀ1, ਮੋਹਾਲੀ, ਸ਼ਿਵਾਲਿਕ ਸਕੂਲ ਫੇਜ਼-6 ਮੋਹਾਲੀ, ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ, ਕੁਰਾਲੀ, ਲਕਸ਼ਮੀ ਤਾਰਾ ਚੰਦ ਸਕੂਲ ਸਿਆਲਬਾ, ਸਰਕਾਰੀ ਕਾਲਜ ਫੇਜ਼-6 ਮੋਹਾਲੀ, ਮਾਤਾ ਸਾਹਿਬ ਕੌਰ ਪਬਲਿਕ ਸਕੂਲ, ਸਵਾੜਾ ਅਤੇ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ, ਸੋਹਾਣਾ ਦੇ ਵਿਦਿਆਰਥੀ ਸ਼ਾਮਿਲ ਸਨ।

# ਰੈੱਡ ਕਰਾਸ ਨੇ ਸਰਦੀ ਦੇ ਮੌਸਮ 'ਚ ਲੋੜਵੰਦਾਂ ਨੂੰ ਵੰਡੇ ਕੱਪੜੇ ਤੇ ਖਿਡੌਣੇ



**ਹੁਸ਼ਿਆਰਪੁਰ, (ਓ ਪੀ ਰਾਣਾ)**- ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀ ਅਗਵਾਈ ਹੇਠ ਚਲਾਈ ਜਾ ਰਹੀ ਰੈੱਡ ਕਰਾਸ ਸੁਸਾਇਟੀ ਵਲੋਂ ਸਮੇਂ- ਸਮੇਂ 'ਤੇ ਕੈਂਪ ਲਗਾ ਕੇ ਲੋੜਵੰਦਾਂ ਨੂੰ ਕੱਪੜੇ, ਦਿਵਿਆਂਗ ਵਿਅਕਤੀਆਂ ਨੂੰ ਟਰਾਈਸਾਈਕਲ, ਔਰਤਾਂ ਨੂੰ ਸਿਲਾਈ ਮਸ਼ੀਨਾਂ, ਹਾਈਜੀਨ ਕਿੱਟਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੱਤਰ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਇਸੇ ਲੜੀ ਦੀ ਲਗਾਤਾਰਤਾ ਵਿੱਚ ਸਮੂਹ ਰੈੱਡ ਕਰਾਸ ਸਟਾਫ ਵਲੋਂ ਝੁੱਗੀਆਂ/ ਝੌਂਪੜੀਆਂ ਵਿੱਚ ਰਹਿਣ ਵਾਲੇ ਲੋੜਵੰਦਾਂ ਨੂੰ ਕੱਪੜੇ ਅਤੇ ਬੱਚਿਆਂ ਨੂੰ ਖਿਡੌਣੇ ਵੰਡੇ ਗਏ ।ਉਨ੍ਹਾਂ ਦੱਸਿਆ ਕਿ ਰੈੱਡ ਕਰਾਸ ਦੀ ਟੀਮ ਵਲੋਂ ਹਰਿਆਣਾ ਭੂੰਗਾ ਦੇ ਸਲੱਮ ਏਰੀਆ ਅਤੇ ਬੱਸੀ ਵਜੀਦ, ਜਨੌੜੀ, ਹੁਸ਼ਿਆਰੁਪਰ ਅਤੇ ਊਨਾ ਰੋਡ, ਹੁਸ਼ਿਆਰਪੁਰ ਦੀਆਂ ਝੁੱਗੀਆਂ/ਝੌਂਪੜੀਆਂ ਵਿੱਚ ਰਹਿਣ ਵਾਲੀਆਂ ਔਰਤਾਂ, ਬੱਚਿਆਂ, ਮਰਦਾਂ ਨੂੰ ਕੱਪੜੇ, ਬੂਟ , ਖਿਡੌਣੇ ਵੰਡੇ ਗਏ ਹਨ।

# ਜੈ ਭੀਮ ਜੈ ਸੰਵਿਧਾਨ ਮੁਹਿੰਮ ਨੂੰ ਜਾਰੀ ਰੱਖਦਿਆਂ ਕਾਂਗਰਸੀ ਅਹੁਦੇਦਾਰਾਂ ਅਤੇ ਵਰਕਰਾਂ ਵੱਲੋਂ ਰੋਸ ਪ੍ਰਦਰਸ਼ਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਕਾਂਗਰਸ ਹਾਈਕਮਾਂਡ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਦੇਸ਼ ਦੇ ਗ੍ਰਹਿ ਮੰਤਰੀ ਵੱਲੋਂ ਬਾਬਾ ਸਾਹਿਬ ਬਾਰੇ ਵਰਤੀ ਭਦੀ ਸ਼ਬਦਾਵਲੀ ਖਿਲਾਫ ਹਲਕਾ ਚੱਬੇਵਾਲ ਵਿਖੇ ਹਲਕਾ ਇੰਚਾਰਜ ਐਡਵੋਕੇਟ ਰਣਜੀਤ ਕੁਮਾਰ ਦੀ ਸਰਪ੍ਰਸਤੀ ਵਿੱਚ 'ਜੈ ਬਾਪੂ ਜੈ ਭੀਮ ਜੈ ਸੰਵਿਧਾਨ' ਮੁਹਿੰਮ ਨੂੰ ਜਾਰੀ ਰੱਖਦਿਆਂ ਕਾਂਗਰਸੀ ਅਹੁਦੇਦਾਰਾਂ ਅਤੇ ਵਰਕਰਾਂ ਵਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ । ਇਸ ਰੋਸ਼ ਪ੍ਰਦਰਸ਼ਨ ਚੱਬੇਵਾਲ ਹਲਕੇ ਦੀ ਸਮੂਹ ਲੀਡਰਸ਼ਿਪ ਅਤੇ ਵਰਕਰਜ ਨੇ ਪੁਰਾਣੀ ਦਾਣਾ ਮੰਡੀ ਤੋਂ ਲੈਕੇ ਮੇਨ ਬਜਾਰਾਂ ਵਿੱਚੋਂ ਨਾਅਰੇ ਲਗਾਉਂਦੇ ਬੱਸੀ ਤੱਕ ਪੈਦਲ ਮਾਰਚ ਕੀਤਾ। ਐਡਵੋਕੇਟ ਰਣਜੀਤ ਕੁਮਾਰ ਨੇ ਕਿਹਾ ਕੇ ਕੇਂਦਰ ਦੀ ਬੀ ਜੇ ਪੀ ਸਰਕਾਰ ਸੰਵਿਧਾਨ ਅਤੇ ਲੋਕਤੰਤਰ ਵਿਰੋਧੀ ਸਰਕਾਰ ਹੈ। ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਅੰਬੇਡਕਰ ਜੀ ਬਾਰੇ ਵਰਤੀ ਸ਼ਬਦਾਵਲੀ ਇਸ ਤੱਥ ਨੂੰ ਸਾਬਤ ਕਰਦੀ ਹੈ । ਕਾਂਗਰਸ ਪਾਰਟੀ ਬਾਬਾ ਸਾਹਿਬ ਅੰਬੇਡਕਰ ਜੀ ਦ , ਮਹਾਤਮਾ ਗਾਂਧੀ ਜੀ ਦਾ ਅਤੇ ਸਾਡੇ ਦੇਸ਼ ਦੇ ਸੰਵਿਧਾਨ ਦਾ ਅਪਮਾਨ ਬਰਦਾਸ਼ਤ ਨਹੀਂ ਕਰੇਗੀ। ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਇਸ ਗਲਤੀ ਨੂੰ ਮਣ ਕੇ ਮਾਫ਼ੀ ਮੰਗ ਕੇ ਅਸਤੀਫ਼ਾ ਦੇਣਾ ਹੀ ਪਵੇਗਾ। ਇਸ ਮੌਕੇ 'ਤੇ ਕਾਂਗਰਸ ਦੇ ਸੀਨੀਅਰ ਆਗੂ ਜੈਲਦਾਰ ਅੱਛਰਵਾਲ, ਸਮਿੱਤਰ ਸਿੰਘ ਸਿਕਰੀ, ਬਲਦੇਵ ਸਿੰਘ ਫੁੱਗਲਾਣਾ, ਕੁਲਵਿੰਦਰ ਬਿੱਟੂ,ਬਲਵਿੰਦਰ ਸਿੰਘ ਬਿੱਟੂ ਚੱਕ ਮੱਲਾ, ਰਾਮ ਲਾਲ ਜੰਡੋਲੀ, ਰਾਜੀਵ ਵਿਕੀ, ਲਵਲੀ ਬੜਲਾਂ, ਭੋਲਾ ਜੈਜੋ, ਮਨਦੀਪ ਸਾਬਕਾ ਸਰਪੰਚ , ਕੁਲਵੰਤ ਸਿੰਘ, ਭੁਪਿੰਦਰ ਸਿੰਘ,ਚਮਨ ਲਾਲ, ਨੌਜਵਾਨ ਆਗੂ ਅਮਨਦੀਪ, ਸੁਖਦੇਵ, ਰਵੀ ਬੰਬੇਲੀ, ਕੁਲਵਿੰਦਰ ਫੌਜੀ, ਪੰਕਜ ਠਾਕੁਰ, ਜੀਤੀ ਹਾਰਤਾ, ਚਰਨਜੀਤ ਸਿੰਘ, ਐਡਵੋਕੇਟ ਮੋਹਨ ਸਿੰਘ, ਐਡਵੋਕੇਟ ਨੀਰਜ, ਐਡਵੋਕੇਟ ਰਾਕੇਸ਼, ਵੰਸ਼, ਹੈਪੀ ਝੰਜੋਵਾਲ, ਗੁਲਸ਼ਨ, ਸਰਪੰਚ ਰਾਮਜੀ ਠੁੱਆਣਾ, ਪਾਲ ਰਾਮ ਹਰਬੰਸ ਆਦਿ ਹਾਜਰ ਸਨ।



## ਗੁਰਪ੍ਰੀਤ ਸਿੰਘ ਬਾਵਾ ਦੀ ਦੂਜੀ ਬਰਸੀ ਮਨਾਈ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਬਾਵਾ ਨਿਊਜ਼ ਏਜੰਸੀ ਵਾਲੇ ਸਵ: ਗੁਰਪ੍ਰੀਤ ਸਿੰਘ ਬਾਵਾ ਦੀ ਦੂਜੀ ਬਰਸੀ ਉਨ੍ਹਾਂ ਦੇ ਘਰ ਵਿੱਚ ਮਨਾਈ ਗਈ। ਇਸ ਮੌਕੇ ਸਹਿਜ ਪਾਠ ਦਾ ਭੋਗ ਪਾਇਆ ਗਿਆ। ਭਾਈ ਗਗਨਦੀਪ ਸਿੰਘ ਦੇ ਰਾਗੀ ਜੱਥੇ ਨੇ ਕੀਰਤਨ ਕੀਤਾ। ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਸਮੇਂ ਵਣ ਰੇਂਜ ਅਫ਼ਸਰ ਹਰਦੀਪ ਸਿੰਘ ਹੁੰਦਲ ਰੁਪਾਣਾ, ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਐਸ ਡੀ ਓ ਰਮਿੰਦਰਜੀਤ ਸਿੰਘ ਬੇਦੀ, ਪੱਤਰਕਾਰ ਸੁਖਪਾਲ ਸਿੰਘ ਢਿੱਲੋਂ, ਮੁੱਖ ਅਧਿਆਪਕ ਹਰਮੀਤ ਸਿੰਘ ਬੇਦੀ, ਅਧਿਆਪਕ ਅਮਰ ਗੁਰਪ੍ਰੀਤ ਸਿੰਘ ਰਾਣਾ ਬੇਦੀ, ਮੁਕਤੀਸਰ ਪੱਤਰਕਾਰ ਏਕਤਾ ਮੰਚ ਦੇ ਪ੍ਰਧਾਨ ਭਜਨ ਸਮਾਘ, ਅਸ਼ਵਕ ਭੁੱਚੀ, ਵਿਕਰੀਤ ਬਾਵਾ, ਅਮਰਜੀਤ ਸਿੰਘ, ਗੁਰਮੀਤ ਸਿੰਘ, ਮਨਵੀਰ ਸਿੰਘ, ਅਮਨਿੰਦਰ ਸਿੰਘ, ਮਨਜੀਤ ਸਿੰਘ ਸਿੰਧਵਾਂ ਬੰਟ, ਜਸਕਰੀਤ ਸਿੰਘ ਅਤੇ ਸਮੂਹ ਪਰਵਾਰ ਹਾਜ਼ਰ ਸੀ।

## ਲਾਇਬ੍ਰੇਰੀ ਨੂੰ ਵਿੱਤੀ ਸਹਾਇਤਾ ਦੇ ਕੇ ਮਨਾਇਆ 80ਵਾਂ ਜਨਮ ਦਿਨ



**ਭੀਖੀ (ਧਰਮਵੀਰ ਸ਼ਰਮਾ)**-ਖੇਤੀਬਾੜੀ ਵਿਭਾਗ ਤੋਂ ਬਤੌਰ ਸਬ-ਇੰਸਪੈਕਟਰ ਸੇਵਾਮੁਕਤ ਹਰਨੇਕ ਸਿੰਘ ਚਹਿਲ ਵੱਲੋਂ ਆਪਣਾ 80ਵਾਂ ਜਨਮ ਦਿਨ ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬ੍ਰੇਰੀ ਨੂੰ ਵਿੱਤੀ ਸਹਾਇਤਾ ਦੇ ਕੇ ਮਨਾਇਆ ਗਿਆ। ਇਸ ਮੌਕੇ ਹਰਨੇਕ ਸਿੰਘ ਚਹਿਲ ਨੇ ਨੌਜਵਾਨ ਪੀੜ੍ਹੀ ਨੂੰ ਸੇਧ ਦਿੰਦਿਆਂ ਕਿਹਾ ਕਿ ਅਜੋਕੀ ਪੀੜ੍ਹੀ ਨੂੰ ਮਿਲਾਵਟੀ ਤੇ ਬਜ਼ਾਰ ਦੀਆਂ ਖਾਣ-ਪੀਣ ਦੀਆਂ ਚੀਜਾਂ ਤੋਂ ਪ੍ਰਹੇਜ਼ ਕਰਕੇ ਸ਼ੁੱਧ ਖਾਣਾ ਚਾਹੀਦਾ ਹੈ ਤੇ ਨਾਲ ਹੀ ਰੋਜ਼ਾਨਾ ਕਸਰਤ ਕਰਕੇ ਆਪਣੇ ਸਰੀਰ ਨੂੰ ਫਿੱਟ ਰੱਖਣਾ ਚਾਹੀਦਾ ਹੈ ਤਾਂ ਜੁ ਉਹ ਲੰਮਾ ਤੇ ਨਰੋਆ ਜੀਵਨ ਜੀਅ ਸਕਣ। ਇਸ ਮੌਕੇ ਸ਼ਹੀਦ ਭਗਤ ਸਿੰਘ ਲਾਇਬ੍ਰੇਰੀ ਦੇ ਪ੍ਰਧਾਨ ਭੁਪਿੰਦਰ ਫੌਜੀ, ਸਕੱਤਰ ਅਮਰੀਕ ਸਿੰਘ, ਰਜਿੰਦਰ ਜਾਫਰੀ, ਵੈਦ ਨਵਜੋਤ ਰੋਹੀ, ਹਰਵਿੰਦਰ ਸਿੰਘ, ਹਰਨੇਕ ਸਿੰਘ ਪਤਨੀ ਹਰਦੇਵ ਕੌਰ, ਦਲਜੀਤ ਸਿੰਘ ਚਹਿਲ, ਡਾ. ਰੁਪਿੰਦਰਪਾਲ ਕੌਰ ਤੇ ਉਦੈਵੀਰ ਸਿੰਘ ਚਹਿਲ ਵੀ ਹਾਜ਼ਰ ਸਨ।

## ਫ਼ਤਿਹ ਦੇ ਜੈਕਾਰਿਆਂ ਨਾਲ ਗੂੰਜਿਆ ਤਿਲੋਕੇਵਾਲਾ ਦਾ ਗੁਰੂਘਰ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਪਿੰਡ ਤਿਲੋਕੇਵਾਲਾ ਦੇ ਗੁਰੂ ਘਰ ਨਿਰਮਲਸਰ ਸਾਹਿਬ ਵਿਖੇ ਪੁੱਜੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜੇਤੂ ਉਮੀਦਵਾਰ ਭਾਈ ਬਿੰਦਰ ਸਿੰਘ ਖਾਲਸਾ ਤੇ ਭਾਈ ਅੰਮ੍ਰਿਤਪਾਲ ਸਿੰਘ ਨੇ ਸੰਯੁਕਤ ਰੂਪ ਵਿੱਚ ਕਿਹਾ ਕਿ ਉਹ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਉਪ ਪ੍ਰਧਾਨ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਮੈਂਬਰ ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ ਸਮੇਤ ਸਮੂਹ ਸੰਗਤਾਂ ਤੋਂ ਅਸ਼ੀਰਵਾਦ ਲੈਣ ਲਈ ਇੱਥੇ ਪੁੱਜੇ ਹਨ। ਇਸ ਮੌਕੇ ਬਾਬਾ ਤਿਲੋਕੇਵਾਲਾ ਅਤੇ ਸੰਗਤ ਵੱਲੋਂ ਭਾਈ ਬਿੰਦਰ ਸਿੰਘ ਖਾਲਸਾ ਅਤੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਸਰੋਪਿਓ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਉਮੀਦਵਾਰਾਂ ਦੀ ਵੱਡੀ ਜਿੱਤ ਦੇ ਜੈਕਾਰੇ ਲਾਏ ਗਏ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਬਾਬਾ ਤਿਲੋਕੇਵਾਲਾ ਨੇ ਕਿਹਾ ਕਿ ਬੇਸ਼ੱਕ ਉਹ ਖੁਦ ਥੋੜ੍ਹੀਆਂ ਵੋਟਾਂ ਦੇ ਫਰਕ ਨਾਲ ਪਛੜ ਗਏ ਹਨ, ਪਰ ਉਨ੍ਹਾਂ ਦੇ ਗਰੁੱਪ ਦੇ ਬਿੰਦਰ ਸਿੰਘ ਖਾਲਸਾ, ਭਾਈ ਅੰਮ੍ਰਿਤਪਾਲ ਸਿੰਘ, ਪ੍ਰਕਾਸ਼ ਸਿੰਘ ਸਾਹੂਵਾਲਾ, ਭਾਈ ਕੁਲਦੀਪ ਸਿੰਘ ਜੋਗੇਵਾਲਾ, ਜਗਤਾਰ ਸਿੰਘ ਮਾਨ, ਗੁਰਮੇਜ ਸਿੰਘ ਸਿਰਸਾ, ਇਕਬਾਲ ਸਿੰਘ ਰਤੀਆ ਅਤੇ ਅੰਗਰੇਜ਼ ਸਿੰਘ ਰਾਣੀਆਂ ਨੇ ਇਤਿਹਾਸਿਕ ਜਿੱਤ ਦਰਜ ਕੀਤੀ ਹੈ। ਸੰਗਤਾਂ ਨੂੰ ਸੰਬੋਧਨ ਕਰਦਿਆਂ ਭਾਈ ਬਿੰਦਰ ਸਿੰਘ ਖਾਲਸਾ ਅਤੇ ਭਾਈ ਅੰਮ੍ਰਿਤ ਪਾਲ ਸਿੰਘ ਨੇ ਕਿਹਾ ਕਿ ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ ਦੀ ਰਹਿਨੁਮਾਈ ਹੇਠ ਸਾਡੀ ਸਾਰੇ ਮੈਂਬਰਾਂ ਦੀ ਟੀਮ ਸਮੂਹ ਗੁਰਦੁਆਰਾ ਪ੍ਰਬੰਧਾਂ ਨੂੰ ਸੁਧਾਰਨ ਹਿੱਤ ਨਿਰੰਤਰ ਯਤਨ ਜਾਰੀ ਰੱਖੇਗੀ।

## ਸ਼੍ਰੋਮਣੀ ਅਕਾਲੀ ਦਲ ਦੀ ਮੈਂਬਰਸ਼ਿਪ ਭਰਤੀ ਸੰਬੰਧੀ ਵਰਕਰਾਂ 'ਚ ਭਾਰੀ ਉਤਸ਼ਾਹ : ਕਲੇਰ/ਗਰੇਵਾਲ



**ਜਗਰਾਉਂ (ਸੰਜੀਵ ਅਰੋੜਾ)**-ਸ਼੍ਰੋਮਣੀ ਅਕਾਲੀ ਦਲ ਦੇ ਦਫ਼ਤਰ ਵਿਖੇ ਹਲਕਾ ਇੰਚਾਰਜ ਐੱਸ.ਆਰ.ਕਲੇਰ ਸਾਬਕਾ ਵਿਧਾਇਕ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਵੱਲੋਂ ਚਲਾਈ ਗਈ ਭਰਤੀ ਮੁਹਿਮ ਸਬੰਧੀ ਮੀਟਿੰਗ ਕੀਤੀ ਗਈ, ਜਿਸ ਵਿੱਚ ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੀ ਮੈਂਬਰਸ਼ਿਪ ਭਰਤੀ, ਜੋ 20 ਫਰਵਰੀ ਤੱਕ ਕੀਤੀ ਜਾਣੀ ਹੈ, ਉਸ ਲਈ ਵੱਧ ਤੋਂ ਵੱਧ ਭਰਤੀ ਕਰਨ ਲਈ ਵਰਕਰਾਂ ਨੂੰ ਉਤਸ਼ਾਹਤ ਕੀਤਾ। ਭਰਤੀ ਮੁਹਿਮ ਦੀ ਸ਼ੁਰੂਆਤ ਸਮੇਂ ਐਸ.ਆਰ.ਕਲੇਰ ਸਾਬਕਾ ਵਿਧਾਇਕ ਤੇ ਜ਼ਿਲ੍ਹਾ ਪ੍ਰਧਾਨ ਭਾਈ ਗੁਰਚਰਨ ਸਿੰਘ ਗਰੇਵਾਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪਹਿਲਾਂ ਆਪਣੇ ਆਪ ਨੂੰ ਅਕਾਲੀ ਦਲ ਦਾ ਮੈਂਬਰ ਬਣਨ ਲਈ ਫਾਰਮ ਭਰ ਕੇ ਭਰਤੀ ਮੁਹਿੰਮ ਦੀ ਸ਼ੁਰੂਆਤ ਕੀਤੀ। ਉਨ੍ਹਾਂ ਸਮੂਹ ਹਲਕਾ ਨਿਵਾਸੀਆਂ ਨੂੰ ਅਪੀਲ ਕੀਤੀ ਆਓ ਪੰਜਾਬ ਦੀ ਬੇਹਤਰੀ ਤੇ ਖੁਸ਼ਹਾਲੀ ਵਾਸਤੇ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਮੁਹਿੰਮ ਦਾ ਹਿੱਸਾ ਬਣੀਏ।

## ਕਾਂਗਰਸ ਕਮੇਟੀ ਵੱਲੋਂ ਭਾਜਪਾ ਖ਼ਿਲਾਫ਼ ਰੋਸ ਪ੍ਰਦਰਸ਼ਨ




**ਪਟਿਆਲਾ (ਅਵਤਾਰ ਸਿੰਘ ਜਟਾਣਾ)**-ਕੁੱਲ ਹਿੰਦ ਕਾਂਗਰਸ ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਨਿਰਦੇਸ਼ਾ ਅਨੁਸਾਰ 'ਜੈ ਬਾਪੂ, ਜੈ ਭੀਮ, ਜੈ ਸੰਵਿਧਾਨ' ਦੀ ਮੁਹਿੰਮ ਤਹਿਤ ਬਲਾਕ ਕਾਂਗਰਸ ਕਮੇਟੀ ਕਿਲ੍ਹਾ ਮੁਬਾਰਕ ਦੇ ਪ੍ਰਧਾਨ ਰਾਜੇਸ਼ ਮੰਡੋਰਾ ਦੀ ਅਗਵਾਈ ਤੇ ਨਰੇਸ਼ ਕੁਮਾਰ ਦੁੱਗਲ ਦੀ ਰਹਿਨੁਮਾਈ ਵਿੱਚ ਬੀਜੇਪੀ ਦੀ ਕੇਂਦਰ ਦੀ ਸਰਕਾਰ ਅਤੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਜੋ ਭੱਦੀ ਸ਼ਬਦਾਵਲੀ ਵਰਤੀ ਗਈ, ਉਸ ਖਿਲਾਫ਼ ਭੀਮ ਰਾਓ ਅੰਬੇਦਕਰ ਦੇ ਸਮਾਰਕ ਤੋਂ ਹੁੰਦੇ ਹੋਏ ਪੁਰਾਣਾ ਬੱਸ ਅੱਡੇ, ਗਾਂਧੀ ਨਗਰ, ਵਾਲਮੀਕਿ ਚੌਂਕ, ਲਾਹੌਰੀ ਗੇਟ, ਆਰੀਆ ਸਮਾਜ ਚੌਕ, ਕੱਚਾ ਪਟਿਆਲਾ ਤੇ ਕਿਤਾਬ ਵਾਲਾ ਬਜ਼ਾਰ ਵਿੱਚ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਦਫ਼ਤਰ ਤੱਕ ਰੋਸ ਮਾਰਚ ਕੱਢਿਆ ਗਿਆ।ਇਸ ਰੋਸ ਮਾਰਚ ਵਿੱਚ ਵਿਸ਼ੇਸ਼ ਤੌਰ 'ਤੇ ਮੈਂਬਰ ਪਾਰਲੀਮੈਂਟ ਡਾਕਟਰ ਧਰਮਵੀਰ ਗਾਂਧੀ ਸ਼ਮੂਲੀਅਤ ਕੀਤੀ। ਉਨ੍ਹਾਂ ਕਿਹਾ ਕਿ ਅਮਿਤ ਸ਼ਾਹ ਮਾਫ਼ੀ ਮੰਗੇ ਤੇ ਇਸ ਤੋਂ ਅਸਤੀਫ਼ਾ ਲਿਆ ਜਾਵੇ। ਇਸ ਨਾਲ ਬੀਜੇਪੀ ਦਾ ਦਲਿਤ ਵਿਰੋਧੀ ਚਿਹਰਾ ਨੰਗਾ ਹੋਇਆ ਤੇ ਇਹ ਸ਼ੁਰੂ ਤੋਂ ਹੀ ਸੰਵਿਧਾਨ ਤੇ ਦਲਿਤ ਸਮਾਜ ਦੇ ਵਿਰੁੱਧ ਹਨ।

## ਖੈਰੜ ਅੱਛਰਵਾਲ ਵਿਖੇ ਮਸੀਹੀ ਸਤਿਸੰਗ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਬੀਤੇ ਦਿਨੀਂ ਹਲਕਾ ਚੱਬੇਵਾਲ ਦੇ ਪਿੰਡ ਖੈਰੜ ਅੱਛਰਵਾਲ ਚਰਚ ਆਫ ਗਾਡ ਵਿਖੇ ਭੈਣ ਬਲਵਿੰਦਰ ਦੀ ਪ੍ਰਧਾਨਗੀ ਹੇਠ ਇਕ ਦਿਨਾ ਮਸੀਹੀ ਸਤਿਸੰਗ ਕੀਤਾ ਗਿਆ।ਇਸ ਮੌਕੇ ਕ੍ਰਿਸਚੀਅਨ ਨੈਸ਼ਨਲ ਫਰੰਟ ਦੇ ਰਾਸ਼ਟਰੀ ਪ੍ਰਧਾਨ ਲਾਰੈਂਸ ਚੌਧਰੀ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਸਮਾਗਮ 'ਚ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਹੋਈ। ਸਤਿਸੰਗ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਕੀਤੀ ਗਈ। ਚਰਚ ਦੀ ਭਜਨ ਮੰਡਲੀ ਨੇ ਭਜਨ ਗਾਏ। ਮੁੱਖ ਪ੍ਰਚਾਰਕ ਸਨੀ ਪਠਾਣੀਆਂ ਨੇ ਕਿਹਾ ਕਿ ਪਵਿੱਤਰ ਆਤਮਾ ਵਿੱਚ ਭਰਪੂਰ ਹੋ ਕੇ ਕੀਤੀ ਪ੍ਰਾਰਥਨਾ ਨੂੰ ਪ੍ਰਮੇਸ਼ਵਰ ਕਦੇ ਵੀ ਅਣਡਿੱਠ ਨਹੀ ਕਰਦੇ। ਇਸ ਮੌਕੇ ਕ੍ਰਿਸਚੀਅਨ ਨੈਸ਼ਨਲ ਫਰੰਟ ਦੇ ਰਾਸ਼ਟਰੀ ਪ੍ਰਧਾਨ ਲਾਰੈਂਸ ਚੌਧਰੀ ਨੇ ਨਵੇਂ ਸਾਲ ਦੀ ਮੁਬਾਰਕਬਾਦ ਦਿੰਦਿਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਗੱਲ ਦਾ ਹਮੇਸ਼ਾ ਖਿਆਲ ਰੱਖਣਾ ਚਾਹੀਦਾ ਹੈ ਕਿ ਸਾਡੇ ਬੋਲਣ ਨਾਲ ਕਿਸੇ ਦੂਜੇ ਨੂੰ ਕੋਈ ਠੋਕਰ ਨਾ ਲੱਗੇ। ਇਸ ਮੌਕੇ ਭੈਣ ਬਲਵਿੰਦਰ ਅਤੇ ਮੁਕੇਸ਼ ਨੇ ਆਈਆਂ ਸ਼ਖਸੀਅਤਾਂ ਨੂੰ ਸਿਰੋਪੇ ਪਾ ਕੇ ਸਨਮਾਨਤ ਕੀਤਾ।ਇਸ ਮੌਕੇ ਪਾਸਟਰ ਧਰਮਿੰਦਰ, ਪਾ. ਮੁਕੇਸ਼ ਟਿੰਕੂ, ਪਾ. ਦੀਪਕ ਮੋਹਨ, ਪਾ. ਪਰਮਜੀਤ, ਪਾ. ਸੁਰਜੀਤ, ਪਾ. ਜੋਏ, ਰਣਜੀਤ, ਹਰਦੀਪ, ਕੈਲਾਸ਼ੋ, ਰੀਤੂ, ਪ੍ਰੀਤ, ਯਮੁਨਾ ਦੇਵੀ ਆਦਿ ਸ਼ਾਮਲ ਹੋਏ।

## ਰਾਸ਼ਟਰੀ ਸੜਕ ਸੁਰੱਖਿਆ ਮੁਹਿੰਮ ਤਹਿਤ ਡਰਾਈਵਰਾਂ ਤੇ ਕੰਡਕਟਰਾਂ ਦੀ ਮੀਟਿੰਗ



**ਸਨੌਰ (ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਵਿਖੇ ਸੇਫ਼ ਸਕੂਲ ਵਾਹਨ ਪੋਲਿਸੀ (ਰਾਸ਼ਟਰੀ ਸੜਕ ਸੁਰੱਖਿਆ ਮੁਹਿੰਮ) ਦੀ ਇੰਨ-ਬਿੰਨ ਪਾਲਣਾ ਕਰਨ ਲਈ ਡਰਾਈਵਰਾਂ ਅਤੇ ਕੰਡਕਟਰਾਂ ਦੀ ਮੀਟਿੰਗ ਹੋਈ।ਐੱਸ ਡੀ ਐਮ ਦੁੱਧਣਸਾਧਾਂ ਸ:ਕਿਰਪਾਲ ਸਿੰਘ, ਸੀਨੀਅਰ ਪੁਲਿਸ ਕਪਤਾਨ ਸਰਦਾਰ ਨਾਨਕ ਸਿੰਘ, ਪਟਿਆਲਾ ਡੀ ਐਸ ਪੀ ਅੱਸ਼ੂ ਰਾਮ ਦੀ ਰਹਿਨੁਮਾਈ ਹੇਠ ਟ੍ਰੈਫ਼ਿਕ ਇੰਚਾਰਜ ਸ. ਤਰਸੇਮ ਸਿੰਘ ਸਰਕਲ ਦੇਵੀਗੜ੍ਹ ਨੇ ਸਕੂਲ ਦੀਆਂ ਬੱਸਾਂ ਦੇ ਡਰਾਈਵਰਾਂ ਅਤੇ ਕੰਡਕਟਰਾਂ ਨੂੰ ਟ੍ਰੈਫ਼ਿਕ ਨਿਯਮਾਂ ਬਾਰੇ ਜਾਣੂ ਕਰਵਾਉਂਦਿਆਂ ਹੋਇਆਂ ਹਦਾਇਤ ਦਿੱਤੀ ਕਿ ਨਸ਼ਾ ਕਰਕੇ ਗੱਡੀ ਨਾ ਚਲਾਓ,ਗੱਡੀ ਚਲਾਉਂਦੇ ਸਮੇਂ ਮੋਬਾਇਲ ਦੀ ਵਰਤੋਂ ਨਾ ਕਰੋ, ਗਲਤ ਓਵਰਟੇਕ ਕਰਨ ਦੀ ਕੋਸ਼ਿਸ਼ ਨਾ ਕਰੋ ਤੇ ਲਾਲ ਬੱਤੀ ਦੀ ਉਲੰਘਣਾ ਨਾ ਕਰ। ਇਸ ਮੀਟਿੰਗ ਵਿੱਚ ਡਾਇਰੈਕਟਰ ਸਰਦਾਰ ਭੁਪਿੰਦਰ ਸਿੰਘ, ਪ੍ਰਿੰਸੀਪਲ ਤਰਨਦੀਪ ਅਰੋੜਾ, ਸਕੂਲ ਟਰਾਂਸਪੋਰਟ ਮੈਨੇਜਰ ਸ:ਗੁਰਪ੍ਰੀਤ ਸਿੰਘ, ਐਚ ਸੀ ਤਰਸੇਮ ਸਿੰਘ ਹਾਜ਼ਰ ਸਨ।

# ਨਤੀਜੇ ਦੇ ਬਿਲਕੁਲ ਨਜ਼ਦੀਕ ਪਹੁੰਚੇ ਕਿਸਾਨੀ ਅੰਦੋਲਨ ਨਾਲ ਹੁਕਮਰਾਨ ਫਿਰ ਤੋਂ ਧੋਖਾ ਤਾਂ ਨਹੀ ਕਰ ਰਹੇ : ਮਾਨ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸ. ਜਗਜੀਤ ਸਿੰਘ ਡੱਲੇਵਾਲ ਕਿਸਾਨ ਆਗੂ ਨੇ ਜ਼ਿਮੀਦਾਰਾਂ ਦੀਆਂ ਫਸਲਾਂ ਦੀ ਐਮ ਐਸ ਪੀ, ਸੁਆਮੀਨਾਥਨ ਰਿਪੋਰਟ ਨੂੰ ਲਾਗੂ ਕਰਵਾਉਣ, ਕਿਸਾਨੀ ਕਰਜ਼ਿਆਂ ਤੇ ਵੱਡੇ ਧਨਾਢਾਂ ਦੇ ਕਰਜ਼ਿਆਂ ਦੀ ਤਰ੍ਹਾਂ ਲੀਕ ਮਾਰਨ ਤੇ ਹੋਰ ਮੰਗਾਂ ਦੀ ਪੂਰਤੀ ਕਰਵਾਉਣ ਹਿੱਤ ਖਨੌਰੀ ਬਾਰਡਰ ਉਤੇ ਬੀਤੇ 56 ਦਿਨਾਂ ਤੋਂ ਮਰਨ ਵਰਤ ਸ਼ੁਰੂ ਕੀਤਾ ਹੋਇਆ ਹੈ, ਉਸ ਦਾ ਪੰਜਾਬ, ਹਰਿਆਣਾ, ਹਿਮਾਚਲ, ਜੰਮੂ-ਕਸ਼ਮੀਰ ਆਦਿ ਸੂਬਿਆਂ ਵਿਚ ਇਨਸਾਫ ਦੀ ਅਵਾਜ ਹੀ ਨਹੀਂ ਉਠ ਰਹੀ, ਬਲਕਿ ਇਸ ਕਿਸਾਨੀ ਸੰਘਰਸ਼ ਦੀ ਆਵਾਜ਼ ਅਮਰੀਕਾ, ਕੈਨੇਡਾ ਵਰਗੇ ਮੁਲਕਾਂ ਵਿਚ ਵੱਸਦੇ ਪੰਜਾਬੀਆਂ ਤੇ ਸਿੱਖਾਂ ਵਿਚ ਵੀ ਇਸ ਕਿਸਾਨੀ ਤਕਲੀਫ ਨੂੰ ਮੁੱਖ ਰੱਖਕੇ ਗੰਭੀਰਤਾ ਨਾਲ ਹਮਦਰਦੀ ਪ੍ਰਕਟ ਕਰਕੇ ਅਮਲ ਹੋ ਰਹੇ ਹਨ ਹੁਣੇ ਇਨ੍ਹਾਂ ਮੁਲਕਾਂ ਦੀਆਂ ਹਕੂਮਤਾਂ ਵਿਚ ਵੀ ਪੰਜਾਬ ਤੇ ਇੰਡੀਆ ਦੇ ਕਿਸਾਨਾਂ ਨਾਲ ਹਕੂਮਤੀ ਪੱਧਰ 'ਤੇ ਹੋ ਰਹੀ ਘੋਰ ਬੇਇਨਸਾਫ਼ੀ ਦੇ ਵਿਰੁੱਧ ਇਕ ਮਜਬੂਤ ਰਾਏ ਬਣ ਰਹੀ ਹੈ ।ਪਰ ਕਿਸਾਨ ਯੂਨੀਅਨ ਦੀ ਅਮਲੀ ਰੂਪ ਵਿਚ ਏਕਤਾ ਨਾ ਹੋਣ ਦੀ ਬਦੌਲਤ ਇਸ ਸੰਘਰਸ਼ 'ਤੇ ਜਿਥੇ ਕਈ ਸਵਾਲ ਉੱਠਦੇ ਹਨ, ਉਥੇ ਸੈਂਟਰ ਵੱਲੋਂ ਕਿਸਾਨ ਆਗੂਆਂ ਨਾਲ ਆਈ ਏ ਐਸ ਅਫਸਰਾਨ ਤੇ ਭੇਜੇ ਗਏ ਨੁਮਾਇੰਦਿਆ ਵੱਲੋ ਜੋ ਸ. ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਨੂੰ ਖਤਮ ਕਰਨ ਅਤੇ ਕਿਸਾਨੀ ਮਸਲਿਆ ਨੂੰ ਹੱਲ ਕਰਨ ਲਈ ਵਫਦ ਭੇਜਿਆ ਗਿਆ ਸੀ, ਉਸ ਨਾਲ ਹੋਈ ਗੱਲਬਾਤ ਅਧੀਨ 111 ਦੇ ਕਰੀਬ ਮਰਨ ਵਰਤ 'ਤੇ ਬੈਠੇ ਕਿਸਾਨਾਂ ਨੇ ਆਪਣਾ ਮਰਨ ਵਰਤ ਖਤਮ ਕਰ ਦਿੱਤਾ ਹੈ ਅਤੇ ਅਗਲੀ ਗੱਲਬਾਤ ਦੇ ਨਤੀਜੇ 'ਤੇ ਪਹੁੰਚਣ ਲਈ ਸ. ਡੱਲੇਵਾਲ ਦੀ ਸਹਿਮਤੀ ਨਾਲ 14 ਫਰਵਰੀ ਰੱਖੀ ਹੈ।ਬੇਸ਼ੱਕ ਕਿਸਾਨ ਆਗੂਆਂ ਨੂੰ ਭਰੋਸਾ ਹੈ ਕਿ ਕਿਸਾਨੀ ਮੰਗਾਂ ਨੂੰ ਮੋਦੀ ਹਕੂਮਤ ਪ੍ਰਵਾਨ ਕਰੇਗੀ ਅਤੇ ਮਸਲੇ ਹੱਲ ਹੋ ਜਾਣਗੇ।ਇਸ ਮੁੱਦੇ 'ਤੇ ਸਮੁੱਚੇ ਪੰਜਾਬੀ, ਸਿੱਖ ਜ਼ਿਮੀਦਾਰ, ਮਜ਼ਦੂਰ ਸ. ਜਗਜੀਤ ਸਿੰਘ ਡੱਲੇਵਾਲ ਦੇ ਕੀਮਤੀ ਜੀਵਨ ਲਈ ਚਿੰਤਾ ਵਿਚ ਸਨ, ਜਿਸ ਨੂੰ ਸੁਰੱਖਿਅਤ ਰਾਹੀਂ ਉਨ੍ਹਾਂ ਵੱਲੋਂ ਡਾਕਟਰੀ ਸਹਾਇਤਾ ਲੈ ਕੇ ਉਸ ਚੱਕਮ ਨੂੰ ਖਤਮ ਕਰਨ ਵਿਚ ਮਦਦ ਹੋਣ ਕੀਤਾ ਹੈ।ਲੇਕਿਨ ਇਸ ਸਥਿਤੀ ਠੀਕ ਹੋਣ ਉਪਰੰਤ ਵੀ ਸਮੁੱਚੇ ਸੰਘਰਸਕਾਰੀਆਂ, ਪੰਜਾਬੀਆਂ ਤੇ ਸਿੱਖਾਂ ਵਿਚ ਇਸ ਗੱਲ ਦੀ ਸੰਕਾ ਖੜ੍ਹੀ ਹੋ ਗਈ ਹੈ ਕਿ ਗੱਲਬਾਤ ਨੂੰ ਸਿਰੇ ਲਗਾਉਣ ਲਈ ਇਕ ਮਹੀਨੇ ਦਾ ਲੰਮਾਂ ਸਮਾਂ ਕਿਉਂ ਰੱਖਿਆ ਗਿਆ ਹੈ ਕੀ ਹੁਕਮਰਾਨ ਦਿੱਲੀ ਵਿਖੇ ਕਿਸਾਨ ਸੰਘਰਸ ਦੀ ਤਰ੍ਹਾਂ ਫਿਰ ਤਾਂ ਕਿਸਾਨਾਂ ਨਾਲ ਧੋਖਾ ਤਾਂ ਨਹੀ ਕਰਨਗੇ? ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸੈਂਟਰ ਵੱਲੋਂ ਭੇਜੇ ਆਈ ਏ ਐਸ ਅਫਸਰਾਨ ਅਤੇ ਨੁਮਾਇੰਦਿਆ ਵੱਲੋਂ ਸ. ਜਗਜੀਤ ਸਿੰਘ ਡੱਲੇਵਾਲ ਨਾਲ ਕਿਸਾਨੀ ਮਸਲਿਆ ਉਤੇ ਕੀਤੀ ਗੱਲ ਅਧੀਨ 111 ਕਿਸਾਨਾਂ ਦੇ ਮਰਨ ਵਰਤ ਨੂੰ ਖਤਮ ਕਰਨ ਅਤੇ ਸ. ਜਗਜੀਤ ਸਿੰਘ ਡੱਲੇਵਾਲ ਵੱਲੋਂ ਸਹੀ ਢੰਗ ਨਾਲ ਡਾਕਟਰੀ ਸਹਾਇਤਾ ਲੈ ਕੇ ਸਥਿਤੀ ਨੂੰ ਠੀਕ ਕਰਨ ਦੇ ਨਾਲ-ਨਾਲ ਸੈਂਟਰ ਦੇ ਹੁਕਮਰਾਨਾਂ ਵੱਲੋਂ 1 ਮਹੀਨਾ ਗੱਲਬਾਤ ਲਈ ਸਮਾਂ ਦੇਣ ਉਤੇ ਪੰਜਾਬੀਆਂ ਤੇ ਸਿੱਖਾਂ ਦੇ ਦਿਲ੍ਹਾਂ 'ਤੇ ਸ਼ੰਕਾ ਖੜ੍ਹੀ ਹੋ ਗਈ ਹੈ ਕਿ ਸੈਂਟਰ ਦੇ ਹੁਕਮਰਾਨ ਫਿਰ ਤੋਂ ਕਿਸਾਨ ਸੰਘਰਸ਼ ਦੀ ਤਰ੍ਹਾਂ ਫਿਰ ਤਾਂ ਨਹੀਂ ਧੋਖਾ ਕਰਨੇ।ਉਨ੍ਹਾਂ ਕਿਹਾ ਕਿ ਜਦੋਂ ਸੈਂਟਰ ਦੇ ਹੁਕਮਰਾਨ ਕਿਸਾਨੀ ਮੰਗਾਂ ਨੂੰ ਪੂਰਨ ਕਰਨ ਤੇ ਪ੍ਰਵਾਨ ਕਰਨ ਲਈ ਸੁਹਿਰਦ ਹੋ ਤਾਂ ਸ. ਜਗਜੀਤ ਸਿੰਘ ਡੱਲੇਵਾਲ ਅਤੇ ਹੋਰ ਕਿਸਾਨ ਆਗੂਆਂ ਨਾਲ ਗੱਲਬਾਤ ਕਰਨ ਲਈ 1 ਮਹੀਨੇ ਦਾ ਲੰਮਾਂ ਸਮਾਂ ਦੇਣ ਤੋਂ ਜਾਪਦਾ ਹੈ ਕਿ ਸਰਕਾਰ ਕਿਸਾਨਾਂ ਨਾਲ ਫਿਰ ਕੋਈ ਕਿਸੇ ਤਰ੍ਹਾਂ ਦੀ ਬੇਇਨਸਾਫ਼ੀ ਜਾਂ ਧੋਖਾ ਨਾ ਕਰ ਦੇਵੇ ਅਤੇ ਚੱਲ ਰਹੇ ਕਿਸਾਨੀ ਸੰਘਰਸ਼, ਜੋ ਇਸ ਸਮੇਂ ਟੀਸੀ 'ਤੇ ਪਹੁੰਚਿਆ ਹੋਇਆ ਹੈ, ਨੂੰ ਸੱਟ ਮਾਰਨ ਦੀ ਸਾਜਿਸ਼ ਨਾ ਰਚ ਦੇਵੇ ? ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਸ. ਡੱਲੇਵਾਲ ਅਤੇ ਹੋਰ ਸਭ ਕਿਸਾਨ ਆਗੂ ਇਨ੍ਹਾਂ ਤੋਖਲਿਆ ਨੂੰ ਸਹੀ ਢੰਗ ਨਾਲ ਦੂਰ ਕਰ ਦੇਣਗੇ ।

# ਸਰਕਾਰ ਔਰਤਾਂ ਦੇ ਖਾਤੇ 'ਚ ਪਾਵੇ 34-34 ਹਜ਼ਾਰ ਰੁਪਏ : ਮੱਟੂ



**ਪਾਤੜਾਂ (ਨਿਸ਼ਾਨ ਸਿੰਘ ਬਟਵਾਲਾ)** ਲੋਕਾਂ ਨੂੰ ਵੱਡੇ ਵੱਡੇ ਸਬਜ਼ਬਾਗ ਦਿਖਾ ਕੇ ਸਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜਿਸ ਤਰ੍ਹਾਂ ਨੌਜਵਾਨਾਂ ਨੂੰ ਲੱਖਾਂ ਨੌਕਰੀਆਂ ਦੇਣ ਦਾ ਝੂਠਾ ਵਾਅਦਾ ਕੀਤਾ, ਉਸੇ ਤਰ੍ਹਾਂ ਪੰਜਾਬ ਦੀਆਂ ਮਹਿਲਾਵਾਂ ਨੂੰ 1 ਹਜ਼ਾਰ ਰੁਪਏ ਮਾਣ ਭੱਤਾ ਦੇਣ ਦੇ ਨਾਮ 'ਤੇ ਠੱਗੀ ਲਾਈ ਹੈ ਤੇ 34 ਮਹੀਨੇ ਬੀਤ ਜਾਣ ਦੇ ਬਾਅਦ ਵੀ ਪੰਜਾਬ ਦੀਆਂ ਮਹਿਲਾਵਾਂ ਦੇ ਖਾਤੇ ਵਿੱਚ ਇਕ ਰੁਪਿਆ ਨਹੀਂ ਆਇਆ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਸ਼ੁਤਰਾਣਾ ਦੇ ਲੋਕ ਆਗੂ ਡਾ. ਜਤਿੰਦਰ ਸਿੰਘ ਮੱਟੂ ਨੇ ਕਸਬਾ ਘੱਗਾ ਦੇ ਵਾਰਡ ਨੰਬਰ 8 ਵਿੱਚ ਬੀਬੀਆਂ, ਭੈਣਾਂ, ਮਾਤਾਵਾਂ ਦੀਆਂ ਦੁੱਖ ਤਕਲੀਫਾਂ ਸੁਣਦਿਆਂ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵਲੋਂ ਇਹ ਐਲਾਨ ਕੀਤਾ ਗਿਆ ਸੀ ਕਿ ਪੰਜਾਬ ਵਿੱਚ 18 ਸਾਲ ਦੀ ਉਮਰ ਤੋਂ ਲੈ ਕੇ ਬਜ਼ੁਰਗ ਮਹਿਲਾਵਾਂ ਤੱਕ ਹਰ ਮਹੀਨੇ 1 ਹਜ਼ਾਰ ਰੁਪਏ ਮਾਣ ਭੱਤਾ ਦਿੱਤਾ ਜਾਵੇਗਾ। ਪੰਜਾਬ ਵਿੱਚ ਸਰਕਾਰ ਦੇ ਕਾਰਜਕਾਲ ਨੂੰ 34 ਮਹੀਨੇ ਬੀਤ ਚੁੱਕੇ ਹਨ। ਪਰ ਅਜੇ ਤਕ ਸਰਕਾਰ ਨੇ ਮਹਿਲਾਵਾਂ ਨਾਲ ਕੀਤਾ ਵਾਅਦਾ ਪੂਰਾ ਨਹੀਂ ਕੀਤਾ। ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤੇ ਵਾਅਦੇ ਦੇ ਹਿਸਾਬ ਨਾਲ ਹੁਣ ਤੱਕ ਹਰ ਮਹਿਲਾ ਦਾ ਸਰਕਾਰ ਵੱਲ 34 ਹਜ਼ਾਰ ਰੁਪਏ ਦਾ ਬਕਾਇਆ ਖੜ੍ਹਾ ਹੈ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਹਰ ਮਹਿਲਾ ਦੇ ਖਾਤੇ ਵਿੱਚ 34-34 ਹਜ਼ਾਰ ਰੁਪਿਆ ਪਾਇਆ ਜਾਵੇ। ਡਾ. ਜਤਿੰਦਰ ਸਿੰਘ ਮੱਟੂ ਨੇ ਕਿਹਾ ਕਿ ਲੋਕ ਸਿਹਤ ਸਹੂਲਤਾਂ ਲਈ ਤਰਸ ਰਹੇ ਹਨ ਤੇ ਬੇਰੁਜ਼ਗਾਰ ਨੌਜਵਾਨ ਨੌਕਰੀਆਂ ਨੂੰ ਤਰਸ ਰਹੇ ਹਨ। ਮਗਨਰੇਗਾ ਸਕੀਮ ਪਿੰਡਾਂ ਵਿੱਚ ਰਾਜਨੀਤੀ ਦੀ ਭੇਂਟ ਚੜ੍ਹ ਰਹੀ ਹੈ, ਪਾਰਟੀਬਾਜੀ ਕਾਰਣ ਮਜ਼ਦੂਰਾਂ ਨੂੰ ਕੰਮ ਦੇਣ ਦੇ ਮਾਮਲੇ ਵਿੱਚ ਵੀ ਵਿਤਕਰੇਬਾਜੀ ਕੀਤੀ ਜਾ ਰਹੀ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾਣ।

# ਗਣਤੰਤਰਤ ਦਿਵਸ ਨੂੰ ਹੋਵੇਗਾ ਟਰੈਕਟਰ ਮਾਰਚ : ਦੌਲਤਪੁਰਾ, ਘੱਲ



**ਮੋਗਾ (ਇਕਬਾਲ ਸਿੰਘ ਖਹਿਰਾ)** ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਦਫਤਰ ਵਿਖੇ ਇਕੱਤਰਤਾ ਦੌਰਾਨ ਜ਼ਿਲ੍ਹਾ ਮੀਡੀਆ ਇੰਚਾਰਜ ਬਲਕਰਨ ਸਿੰਘ ਢਿੱਲੋਂ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਸੂਬਾ ਮੀਤ ਪ੍ਰਧਾਨ ਗੁਲਜ਼ਾਰ ਸਿੰਘ ਘੱਲ ਕਲਾਂ ਨੇ ਦਫ਼ਤਰ ਵਿਖੇ ਵਿਚਾਰਾਂ ਕੀਤੀਆਂ ਤੇ ਕਿਹਾ ਕਿ ਜੋ ਸੰਯੁਕਤ ਕਿਸਾਨ ਮੋਰਚਾ ਵੱਲੋਂ ਕੇਂਦਰ ਦੀ ਤਾਨਾਸ਼ਾਹ ਮੋਦੀ ਸਰਕਾਰ ਦੇ ਖਿਲਾਫ਼ 26 ਜਨਵਰੀ ਗਣਤੰਤਰਤਾ ਦਿਵਸ ਨੂੰ 11 ਵਜੇ ਤੋਂ 3 ਵਜੇ ਤੱਕ ਅਲੱਗ-ਅਲੱਗ ਪੁਆਇੰਟਾਂ ਉੱਪਰ ਕਿਸਾਨ ਕੇਂਦਰ ਸਰਕਾਰ ਖਿਲਾਫ ਟਰੈਕਟਰ ਮਾਰਚ ਪਰੇਡ ਕਰਕੇ ਕੇਂਦਰ ਸਰਕਾਰ ਦੀਆਂ ਕਿਸਾਨ ਮਾਰੂ ਨੀਤੀਆਂ ਦਾ ਵਿਰੋਧ ਕਰਨਗੇ ਤੇ ਲੋਕਾਂ ਨੂੰ ਜਾਣੂ ਕਰਾਉਣਗੇ ਕਿ ਕਿੱਦਾਂ ਕਿਸਾਨਾਂ-ਮਜ਼ਦੂਰਾਂ ਛੋਟੇ ਕਾਰੋਬਾਰੀਆਂ ਛੋਟੇ ਦੁਕਾਨਦਾਰਾਂ ਨੂੰ ਲੁੱਟਿਆ ਤੇ ਕੁੱਟਿਆ ਜਾ ਰਿਹਾ ਹੈ। ਆਗੂਆਂ ਨੇ ਇਹ ਕਿਹਾ ਹੈ ਕਿ ਇਸ ਤੋਂ ਅੱਗੇ ਸੰਯੁਕਤ ਕਿਸਾਨ ਮੋਰਚਾ ਹੋਰ ਕਾਲ ਦੇ ਕੇ ਸੰਘਰਸ਼ ਨੂੰ ਤਿੱਖਾ ਕਰੇਗਾ। ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਕਿਹਾ ਹੈ ਕਿ ਇਸ ਟਰੈਕਟਰ ਮਾਰਚ ਵਿੱਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਜ਼ਿਲ੍ਹਾ ਮੋਗਾ ਵੱਡੀ ਗਿਣਤੀ ਵਿੱਚ ਟਰੈਕਟਰ ਲੈ ਕੇ ਸ਼ਮੂਲੀਅਤ ਕਰੇਗਾ।ਇਸ ਸਮੇਂ ਜ਼ਿਲ੍ਹਾ ਜਨਰਲ ਸਕੱਤਰ ਰਵਿੰਦਰ ਸਿੰਘ ਭੋਲਾ, ਹਰਜੀਤ ਸਿੰਘ ਸੋਢੀ ਮਨਾਵਾਂ, ਬਲਾਕ ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਜ਼ਿਲ੍ਹਾ ਮੀਤ ਪ੍ਰਧਾਨ ਪ੍ਰੇਮ ਲਾਲਪੁਰੀ, ਸੂਬਾ ਆਗੂ ਮੰਦਰਜੀਤ ਸਿੰਘ ਮਨਾਵਾਂ, ਲਖਬੀਰ ਸਿੰਘ ਸਾਬਕਾ ਸਰਪੰਚ ਸੰਧੂਆਣਾ, ਗੁਰਜੀਤ ਸਿੰਘ ਮੋਗਾ, ਜ਼ਿਲ੍ਹਾ ਮੀਤ ਪ੍ਰਧਾਨ ਗੁਰਮੇਲ ਸਿੰਘ ਡਰੋਲੀ ਭਾਈ, ਸੂਬਾ ਆਗੂ ਹਰਨੇਕ ਸਿੰਘ ਫਤਿਹਗੜ੍ਹ ਕੋਰੋਟਾਣਾ, ਦਫ਼ਤਰ ਇੰਚਾਰਜ ਪ੍ਰਕਾਸ਼ ਸਿੰਘ, ਮੇਜਰ ਸਿੰਘ ਡਰੋਲੀ ਭਾਈ, ਗੁਰਦੇਵ ਸਿੰਘ ਫ਼ਤਿਹਗੜ੍ਹ, ਗੁਰਪ੍ਰੀਤ ਸਿੰਘ ਮੋਗਾ, ਗੁਰਦੇਵ ਸਿੰਘ ਮਾਨ ਦੌਲਤਪੁਰਾ, ਜਸਵਿੰਦਰ ਸਿੰਘ ਦੌਲਤਪੁਰਾ, ਨਰਿੰਦਰ ਪਾਲ ਸਿੰਘ ਉੱਪਲ ਦੌਲਤਪੁਰਾ, ਪ੍ਰਧਾਨ ਨਿਰਮਲ ਸਿੰਘ ਕਾਲੀਏ ਵਾਲਾ ਤੇ ਪ੍ਰਧਾਨ ਸੁਖਮੀਤ ਸਿੰਘ ਤਖਾਣ ਵੱਧ ਸਰਪੰਚ ਆਦਿ ਹਾਜ਼ਰ ਸਨ।

## ਹਿਊਮਨ ਰਾਈਟਸ ਨੇ ਪੈਨਸ਼ਨ ਦੇ ਨਾਲ-ਨਾਲ ਰਾਸ਼ਨ ਵੰਡ ਸਮਾਰੋਹ ਦੀ ਸ਼ੁਰੂਆਤ ਕੀਤੀ

**ਜਗਰਾਉਂ (ਅਮਿਤ ਖੰਨਾ)**-ਆਲ ਇੰਡੀਆ ਹਿਊਮਨ ਰਾਈਟਸ ਐਸੋਸੀਏਸ਼ਨ ਦੇ 179ਵੇਂ ਪੈਨਸ਼ਨ ਵੰਡ ਸਮਾਰੋਹ ਵਿੱਚ ਸਾਲ 2025 ਦੇ ਆਗਾਜ਼ ਵਿੱਚ 25 ਬਜ਼ੁਰਗਾਂ ਨੂੰ ਪੈਨਸ਼ਨ ਦੇ ਨਾਲ-ਨਾਲ ਆਟੇ ਦੀਆਂ ਥੈਲੀਆਂ ਵੀ ਸ਼ੁਰੂ ਕੀਤੀਆਂ ਗਈਆਂ। ਇਸ ਮਹੀਨੇ ਦੀ ਪੈਨਸ਼ਨ ਪ੍ਰਧਾਨ ਮਨਜਿੰਦਰ ਪਾਲ ਸਿੰਘ ਹਨੀ ਨੇ ਆਪਣੇ ਪਿਤਾ ਸਵ: ਜੋਗਿੰਦਰ ਪਾਲ ਸਿੰਘ ਰਿਟਾਇਰ ਐਕਸੀਅਨ ਦੀ ਯਾਦ ਵਿੱਚ ਦਿੱਤੀ ਆਟੇ ਦੀ ਥੈਲੀਆਂ ਦੀ ਸੇਵਾ ਸੈਕਟਰੀ ਰਾਜਨ ਜੈਨ ਵੱਲੋਂ ਆਪਣੇ ਜੁੜਵਾਂ ਬੱਚਿਆਂ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਕੀਤੀ ਸਰਦਾਰ ਕਲਾਥ ਹਾਊਸ ਦੇ ਮਾਲਿਕ ਹਰਚਰਨ ਸਿੰਘ ਨੇ ਆਪਣੀ ਨੇਕ ਕਮਾਈ ਵਿੱਚੋਂ ਬਜ਼ੁਰਗਾਂ ਨੂੰ ਗਰਮ ਟੋਪੀਆਂ, ਗਰਮ ਦਸਤਾਨੇ ਤੇ ਗਰਮ ਜੁਰਾਬਾਂ ਦਿੱਤੀਆਂ। ਉਨ੍ਹਾਂ ਦੇ ਭਰਾ ਕੁਲਵੰਤ ਸਿੰਘ ਰਿਟਾਇਰ ਡੀਓ ਵੀ ਬਜ਼ੁਰਗਾਂ ਦੀ ਸੇਵਾ ਹਿੱਤ ਸਹਾਇਤਾ ਭੇਜਦੇ ਰਹਿੰਦੇ ਹਨ। ਗੁਰਪ੍ਰੀਤ ਸਿੰਘ ਗੁਰਦੁਆਰਾ ਭਜਨਗੜ੍ਹ ਦੇ ਪ੍ਰਧਾਨ ਨੇ ਸੰਸਥਾ ਦੇ ਇਸ ਪ੍ਰੋਗਰਾਮ ਪੈਨਸ਼ਨ ਦੇ ਨਾਲ-ਨਾਲ ਆਟੇ ਦੀਆਂ ਥੈਲੀਆਂ ਦੇਣ ਦੀ ਭਰਪੂਰ ਸ਼ਲਾਘਾ ਕੀਤੀ। ਸੈਕਟਰੀ ਫਾਇਨਾਂਸ ਰਾਜਨ ਬਾਂਸਲ ਨੇ ਦਾਨੀ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਦੱਸਿਆ ਕਿ ਹਿਊਮਨ ਰਾਈਟਸ ਦੇ ਇਸ ਕਾਫ਼ਲੇ ਨਾਲ ਇੱਕ ਹੋਰ ਹੀਰਾ ਵਿਕਰਮ ਜੱਸੀ ਐਮਸੀ ਵੀ ਜੁੜ ਗਏ ਹਨ।

## ਖੱਤਰੀ ਸਭਾ ਨੇ ਵਿਨੀਤ ਧੀਰ ਦੇ ਨਗਰ ਨਿਗਮ ਜਲੰਧਰ ਦਾ ਮੇਅਰ ਬਣਨ 'ਤੇ ਪ੍ਰਗਟਾਈ ਖੁਸ਼ੀ




**ਮੋਗਾ (ਇਕਬਾਲ ਸਿੰਘ ਖਹਿਰਾ)**-ਖੱਤਰੀ ਭਾਈਚਾਰੇ ਨਾਲ ਸਬੰਧਤ ਵਿਨੀਤ ਧੀਰ ਨੂੰ ਨਗਰ ਨਿਗਮ ਜਲੰਧਰ ਦਾ ਮੇਅਰ ਚੁਣੇ ਜਾਣ 'ਤੇ ਖੱਤਰੀ ਸਭਾ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ।ਖੱਤਰੀ ਭਵਨ ਵਿਖੇ ਖੱਤਰੀ ਮਹਾਂਸਭਾ ਪੰਜਾਬ ਦੇ ਸੂਬਾ ਪ੍ਰਧਾਨ ਵਿਜੇ ਧੀਰ ਐਡਵੋਕੇਟ ਤੇ ਖੱਤਰੀ ਸਭਾ ਮੋਗਾ ਦੇ ਪ੍ਰਧਾਨ ਡਾ. ਐਮ.ਐੱਲ. ਜੈਦਕਾ ਦੀ ਅਗਵਾਈ ਹੇਠ ਸਭਾ ਦੇ ਮੈਂਬਰਾਂ ਨੇ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਮਹਾਂਸਭਾ ਪੰਜਾਬ ਦੇ ਪ੍ਰਧਾਨ ਐਡਵੋਕੇਟ ਵਿਜੇ ਧੀਰ ਨੇ ਕਿਹਾ ਕਿ ਵਿਨੀਤ ਧੀਰ ਨੇ ਛੋਟੀ ਉਮਰ ਵਿਚ ਜਲੰਧਰ ਨਗਰ ਨਿਗਮ ਦਾ ਮੇਅਰ ਬਣ ਕੇ ਪੰਜਾਬ ਦੇ ਖੱਤਰੀ ਭਾਈਚਾਰੇ ਦਾ ਨਾਂਅ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਵਿਨੀਤ ਧੀਰ ਦੇ ਜਲੰਧਰ ਦਾ ਮੇਅਰ ਬਣਨ ਨਾਲ ਪੰਜਾਬ ਭਰ ਦੇ ਖੱਤਰੀ ਭਾਈਚਾਰੇ ਵਿਚ ਖੁਸ਼ੀ ਦੀ ਲਹਿਰ ਹੈ।ਉਨ੍ਹਾਂ ਕਿਹਾ ਕਿ ਜਲੰਧਰ ਦੇ ਨਵੇਂ ਚੁਣੇ ਗਏ ਵਿਨੀਤ ਧੀਰ ਨੇ ਉੱਘੇ ਅਧਿਆਪਕ, ਪ੍ਰੋ. ਵੀ. ਕੇ. ਖੁਸ਼ੀ ਧੀਰ ਦਾ ਪੁੱਤਰ ਹੈ।ਧੀਰ ਨੇ ਕਿਹਾ ਕਿ ਖੱਤਰੀ ਭਗਵਾਨ ਰਾਮ ਦੇ ਵਾਰਸ ਹਨ।ਦੇਸ਼ ਅਤੇ ਸਮਾਜ ਦੀ ਸੇਵਾ ਕਰਨਾ ਖੱਤਰੀ ਦਾ ਧਰਮ ਹੈ। ਖੱਤਰੀ ਉਨ੍ਹਾਂ ਕਿਹਾ ਕਿ ਪੰਜਾਬ ਦੇ ਖੱਤਰੀ ਭਾਈਚਾਰਾ ਨੂੰ ਪੱਕਾ ਵਿਸ਼ਵਾਸ ਹੈ ਕਿ ਮੇਅਰ ਵਿਨੀਤ ਧੀਰ ਜਲੰਧਰ ਵਾਸੀਆਂ ਦੀਆਂ ਉਮੀਦਾਂ 'ਤੇ ਖਰਾ ਉਤਰਨਗੇ ਅਤੇ ਜਲੰਧਰ ਵਾਸੀਆਂ ਲਈ ਕੁਝ ਨਵਾਂ ਕਰਨਗੇ ਅਤੇ ਪੰਜਾਬ ਵਿਚ ਆਪਣੀ ਲੋਕ ਪੱਖੀ ਕਾਰਜਸ਼ੈਲੀ ਦੀ ਡੂੰਘੀ ਛਾਪ ਛੱਡਣਗੇ।

## ਜੇਲ੍ਹ 'ਚੋਂ ਮੋਬਾਇਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿਚ ਤਲਾਸ਼ੀ ਦੌਰਾਨ 18 ਮੋਬਾਇਲ ਫੋਨ ਬਰਾਮਦ ਹੋਏ। ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 6 ਹਵਾਲਾਤੀਆਂ, 1 ਕੈਦੀ ਅਤੇ ਅਣਪਛਾਤੇ ਵਿਅਕਤੀਆਂ ਖਿਲਾਫ 52-ਏ ਪਰੀਸੰਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਬ ਇੰਸਪੈਕਟਰ ਸਰਵਨ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 229 ਰਾਹੀਂ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ ਉਹ ਮਿਤੀ 11 ਜਨਵਰੀ ਨੂੰ ਸਮੇਤ ਸਾਥੀ ਕਰਮਚਾਰੀਆਂ ਦੇ ਤਲਾਸ਼ੀ ਦੌਰਾਨ ਤੇ ਅਣਪਛਾਤੇ ਵਿਅਕਤੀਆਂ ਵੱਲੋਂ ਕੇਂਦਰੀ ਜੇਲ੍ਹ ਫਿਰੋਜ਼ਪੁਰ ਦੇ ਬਾਹਰੋਂ ਕੇਂਦਰੀ ਜੇਲ੍ਹ ਅੰਦਰ ਥਰੋ ਕੀਤੇ ਪੈਕੇਟ ਵਿਚੋਂ 18 ਮੋਬਾਇਲ ਫੋਨ ਬਰਾਮਦ ਹੋਏ। ਜਾਂਚ ਕਰਤਾ ਸਰਵਨ ਸਿੰਘ ਨੇ ਦੱਸਿਆ ਕਿ ਪੁਲਸ ਨੇ ਹਵਾਲਾਤੀ ਗੁਰਲਾਲ ਸਿੰਘ ਉਰਫ ਗੁਰੀ ਪੁੱਤਰ ਸ਼ਿੰਦਾ ਸਿੰਘ ਵਾਸੀ ਬੁਰਜ ਥਾਣਾ ਸਰਾਏ ਅਮਾਨਤ ਖਾਂ, ਕੈਦੀ ਦਾਰਾ ਸਿੰਘ ਪੁੱਤਰ ਮੱਖਣ ਸਿੰਘ ਵਾਸੀ ਢਾਣੀ ਡੰਡੇ ਵਾਲੀ ਥਾਣਾ ਸਿਟੀ ਅਬੋਹਰ, ਫਾਜ਼ਿਲਕਾ, ਹਵਾਲਾਤੀ ਕੁਲਵਿੰਦਰ ਸਿੰਘ ਉਰਫ ਫੰਮਾ ਪੁੱਤਰ ਮੁਖਤਿਆਰ ਸਿੰਘ ਵਾਸੀ ਚਾਂਦੀ ਵਾਲਾ, ਫਿਰੋਜ਼ਪੁਰ, ਹਵਾਲਾਤੀ ਮਨਪ੍ਰੀਤ ਸਿੰਘ ਉਰਫ ਲਵਪ੍ਰੀਤ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਫੈਕਟਰੀ ਏਰੀਆ ਡੇਰਾ ਬਾਬਾ ਜੱਗਾ ਸ਼ਾਹ, ਜ਼ਿਲ੍ਹਾ ਕਪੂਰਥਲਾ, ਹਵਾਲਾਤੀ ਮਨਪ੍ਰੀਤ ਸਿੰਘ ਉਰਫ ਘੋਨੀ ਪੁੱਤਰ ਬਲਵੀਰ ਸਿੰਘ ਵਾਸੀ ਹੌਲਾਂਵਾਲੀ, ਹਵਾਲਾਤੀ ਗੁਰਪ੍ਰੀਤ ਸਿੰਘ ਪੁੱਤਰ ਅੰਗਰੇਜ਼ ਸਿੰਘ ਵਾਸੀ ਹਾਮਦ ਵਾਲਾ ਉਤਾੜ, ਹਵਾਲਾਤੀ ਵਕੀਲ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਢੰਡੀ ਕਦੀਮ ਜ਼ਿਲ੍ਹਾ ਫਾਜ਼ਿਲਕਾ ਅਤੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਦਵਾਈ ਕੰਪਨੀ 'ਚ ਕੰਮ ਕਰਦੀ ਲੜਕੀ ਨਾਲ ਦੋਸਤ ਵੱਲੋਂ ਜਬਰ-ਜ਼ਨਾਹ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਥਾਣਾ ਅਨਾਜ ਮੰਡੀ ਇਲਾਕੇ 'ਚ ਇੱਕ ਦਵਾਈ ਕੰਪਨੀ 'ਚ ਐੱਮ ਆਰ (ਮੈਡੀਕਲ ਪ੍ਰਤੀਨਿਧੀ) ਵਜੋਂ ਕੰਮ ਕਰਨ ਵਾਲੀ ਇੱਕ ਕੁੜੀ ਨਾਲ ਉਸ ਦੇ ਆਪਣੇ ਹੀ ਦੋਸਤ ਵੱਲੋਂ ਜਬਰ ਜਨਾਹ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।ਇਹ ਲੜਕੀ ਹਰਿਆਣਾ ਇਲਾਕੇ ਦੀ ਰਹਿਣ ਵਾਲੀ ਦੱਸੀ ਜਾ ਰਹੀ ਹੈ, ਜਿਸ ਦੀ ਜਾਣ-ਪਛਾਣ ਉਸੇ ਦਫ਼ਤਰ ਵਿੱਚ ਕੰਮ ਕਰਦੇ ਸਮੇਂ ਹੋਰ ਵਿਅਕਤੀ ਨਾਲ ਹੋਈ ਸੀ।ਇਸ ਤੋਂ ਬਾਅਦ ਉਹ ਸੱਤ ਮਹੀਨਿਆਂ ਤੱਕ ਮੁਲਜ਼ਮ ਨਾਲ ਫੋਨ 'ਤੇ ਗੱਲ ਕਰਦੀ ਰਹੀ ਅਤੇ ਫਿਰ ਮੁਲਜ਼ਮ ਨੇ ਉਸ ਨੂੰ ਪਟਿਆਲਾ ਸ਼ਹਿਰ ਆਉਣ ਲਈ ਬੁਲਾਇਆ, ਜਿੱਥੇ ਉਸ ਨੇ ਇੱਕ ਹੋਟਲ ਦਾ ਕਮਰਾ ਬੁੱਕ ਕੀਤਾ ਅਤੇ ਮਿਲ ਕੇ ਉਸ ਨੂੰ ਨਸ਼ੀਲਾ ਕੋਲਡ ਡਰਿੰਕ ਪਿਲਾਇਆ ਅਤੇ ਉਸ ਨਾਲ ਜਬਰ ਜਨਾਹ ਕੀਤਾ।7 ਜਨਵਰੀ ਨੂੰ ਵਾਪਰੀ ਘਟਨਾ ਤੋਂ ਬਾਅਦ ਲੜਕੀ ਨੇ ਪੁਲਿਸ ਨੂੰ ਸ਼ਿਕਾਇਤ ਕੀਤੀ, ਜਿਸ ਤੋਂ ਬਾਅਦ ਥਾਣਾ ਅਨਾਜ ਮੰਡੀ ਦੀ ਪੁਲਿਸ ਨੇ ਮੁਲਜ਼ਮ ਲਵਨੀਸ਼ ਕੁਮਾਰ ਵਾਸੀ ਜਾਖਲ ਮੰਡੀ ਫਤਿਹਾਬਾਦ ਹਰਿਆਣਾ ਵਿਰੁੱਧ ਮਾਮਲਾ ਦਰਜ ਕੀਤਾ।

ਫਿਲਹਾਲ ਮੁਲਜ਼ਮ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ। ਪੀੜਤਾ ਦੇ ਬਿਆਨ ਅਨੁਸਾਰ ਉਹ ਪਿਛਲੇ ਸੱਤ ਮਹੀਨਿਆਂ ਤੋਂ ਦਵਾਈ ਕੰਪਨੀ 'ਚ ਦਫ਼ਤਰੀ ਕੰਮ ਦੌਰਾਨ ਮੁਲਜ਼ਮ ਲਵਨੀਸ਼ ਕੁਮਾਰ ਨਾਲ ਗੱਲ ਕਰਦੀ ਸੀ।ਜਦੋਂ ਮੁਲਜ਼ਮ ਪਟਿਆਲਾ 'ਚ ਸੀ ਤਾਂ ਗੱਲਬਾਤ ਦੌਰਾਨ ਇਹ ਦੋਵੇਂ ਦੋਸਤ ਬਣ ਗਏ।

ਮੁਲਜ਼ਮ ਨੇ ਕਿਹਾ ਕਿ ਪਟਿਆਲਾ ਇੱਕ ਸ਼ਾਹੀ ਸ਼ਹਿਰ ਹੈ, ਜਿੱਥੇ ਦੇਖਣ ਲਈ ਬਹੁਤ ਸਾਰੇ ਕਿਲ੍ਹੇ ਹਨ।7 ਜਨਵਰੀ ਨੂੰ ਉਹ ਘੁੰਮਣ ਲਈ ਪਟਿਆਲਾ ਪਹੁੰਚੀ ਪਰ ਵਾਪਸ ਆਉਣ 'ਚ ਦੇਰੀ ਹੋ ਗਈ ਤੇ ਮੁਲਜ਼ਮ ਨੇ ਪੀੜਤਾ ਲਈ ਸਰਹਿੰਦ ਰੋਡ ਤੇ ਸਥਿਤ ਨਿਜੀ ਹੋਟਲ 'ਚ ਕਮਰਾ ਬੁੱਕ ਕੀਤਾ। ਮੁਲਜ਼ਮ ਰਾਤ ਨੂੰ ਇੱਥੇ ਮਿਲਣ ਆਇਆ ਅਤੇ ਸ਼ਰਾਬ ਪੀਣ ਲੱਗ ਪਿਆ ਤੇ ਪੀੜਤ ਨੂੰ ਸ਼ਰਾਬ ਅਤੇ ਨਸ਼ੀਲੇ ਪਦਾਰਥਾਂ 'ਚ ਮਿਲਾਇਆ ਹੋਇਆ ਕੋਲਡ ਡਰਿੰਕ ਵੀ ਦਿੱਤਾ ਗਿਆ।ਇਸ ਤੋਂ ਬਾਅਦ ਉਸ ਨੇ ਉਸ ਨਾਲ ਦੁਰਵਿਹਾਰ ਕਰਨਾ ਸ਼ੁਰੂ ਕਰ ਦਿੱਤਾ।ਜਦੋਂ ਕੁੜੀ ਨੇ ਵਿਰੋਧ ਕੀਤਾ ਤਾਂ ਮੁਲਜ਼ਮ ਨੇ ਕਿਹਾ ਕਿ ਉਹ ਉਸ ਨਾਲ ਵਿਆਹ ਕਰਨਾ ਚਾਹੁੰਦਾ ਸੀ ਅਤੇ ਉਸ ਨਾਲ ਜ਼ਬਰਦਸਤੀ ਸਰੀਰਕ ਸੰਬੰਧ ਬਣਾਏ।ਜਬਰ ਜਨਾਹ ਕਰਨ ਤੋਂ ਬਾਅਦ ਅਗਲੇ ਦਿਨ ਮੁਲਜ਼ਮ ਉਸ ਨੂੰ ਜ਼ੀਰਕਪੁਰ ਰੋਡ 'ਤੇ ਛੱਡ ਗਿਆ ਅਤੇ ਉਸ ਦਾ ਫ਼ੋਨ ਚੁੱਕਣਾ ਵੀ ਬੰਦ ਕਰ ਦਿੱਤਾ।ਜਦੋਂ ਮੁਲਜ਼ਮ ਨੇ ਮੰਗਣੀ ਤੋਂ ਬਾਅਦ ਵਿਆਹ ਕਰਨ ਤੋਂ ਇਨਕਾਰ ਕਰ ਦਿੱਤਾ ਤਾਂ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਗਈ ਅਤੇ ਮਾਮਲਾ ਦਰਜ ਕੀਤਾ ਗਿਆ।

## ਚਾਈਨਾ ਡੋਰ ਸਮੇਤ ਗ੍ਰਿਫ਼ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ ਇਕ ਵਿਅਕਤੀ ਨੂੰ 31 ਗੱਟੂ ਚਾਈਨੀਜ਼ ਡੋਰ ਸਮੇਤ ਗ੍ਰਿਫ਼ਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਕ੍ਰਿਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਅੱਡਾ ਖਾਈ ਸਿਟੀ ਫਿਰੋਜ਼ਪੁਰ ਪਾਸ ਪੁੱਜੀ ਤਾਂ ਇਸ ਦੌਰਾਨ ਇਤਲਾਹ ਮਿਲੀ ਕਿ ਦੋਸ਼ੀ ਹਰਮਨਪ੍ਰੀਤ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਗਲੀ ਨੰਬਰ 5 ਬੋਹੜ ਵਾਲੀ, ਦਾਖਲੀ ਬਸਤੀ ਭੱਟੀਆਂ ਵਾਲੀ ਸਿਟੀ ਫਿਰੋਜ਼ਪੁਰ ਜੋ ਚਾਈਨੀਜ਼ ਡੋਰ ਬਾਹਰੋਂ ਲਿਆ ਕੇ ਫਿਰੋਜ਼ਪੁਰ ਵਿਚ ਵੇਚਣ ਦਾ ਕੰਮ ਕਰਦਾ ਹੈ, ਜੋ ਅੱਜ ਵੀ ਡੇਅਰੀ ਨਜ਼ਦੀਕ ਪੈਟਰੋਲ ਪੰਪ ਬਸਤੀ ਭੱਟੀਆਂ ਵਾਲੀ ਦੇ ਕੋਲ ਰੋਡ ਦੇ ਪਿੱਛੇ ਹਟਵਾਂ ਖੜ੍ਹਾ ਹੈ, ਜੇਕਰ ਹੁਣੇ ਇਸ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਚਾਈਨੀਜ਼ ਡੋਰ ਸਮੇਤ ਕਾਬੂ ਆ ਸਕਦਾ ਹੈ। ਜਾਂਚ ਕਰਤਾ ਕ੍ਰਿਪਾਲ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਉਕਤ ਜਗ੍ਹਾ 'ਤੇ ਛਾਪੇਮਾਰੀ ਕਰਕੇ ਦੋਸ਼ੀ ਹਰਮਨਪ੍ਰੀਤ ਸਿੰਘ ਨੂੰ 31 ਗੱਟੂ ਚਾਈਨੀਜ਼ ਡੋਰ ਸਮੇਤ ਕਾਬੂ ਕੀਤਾ ਗਿਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਐਕਟਿਵ ਫੈਮਿਲੀ ਹੈਪੀ ਟੂਗੇਦਰ ਦਾ ਸੰਦੇਸ਼ ਦਿੰਦੇ ਦੀ ਫੈਮਲੀ ਸਪੋਰਟਸ ਫੈਸਟ ਦਾ ਆਯੋਜਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਐਕਟਿਵ ਫੈਮਿਲੀ ਹੈਪੀ ਟੂਗੇਦਰ ਦਾ ਸੁਨੇਹਾ ਦਿੰਦੇ ਹੋਏ ਦਾਸ ਐਂਡ ਬ੍ਰਾਊਨ ਵਰਲਡ ਸਕੂਲ ਨੇ ਰੇਲਵੇ ਪਾਰਕ, ??ਗੁਰੂਹਰਸਹਾਏ ਵਿਖੇ ਦ ਫੈਮਿਲੀ ਸਪੋਰਟਸ ਫੈਸਟ ਦਾ ਆਯੋਜਨ ਕੀਤਾ, ਜਿਸ ਵਿੱਚ ਸੈਂਕੜੇ ਲੋਕਾਂ ਨੇ ਹਿੱਸਾ ਲਿਆ ਅਤੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਹਿੱਸਾ ਲਿਆ।

ਪ੍ਰਿੰਸੀਪਲ ਡਾ. ਰਾਜੇਸ਼ ਚੰਦੇਲ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਸਾਬਕਾ ਵਿਧਾਇਕ ਤੇ ਸਮਾਜ ਸੇਵਕ ਰਾਮਿੰਦਰਾ ਅਮਲਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਿਨ੍ਹਾਂ ਦਾ ਸਕੂਲ ਪ੍ਰਸ਼ਾਸਨ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਤੇ ਖੇਡਾਂ ਦਾ ਉਦਘਾਟਨ ਮੁੱਖ ਮਹਿਮਾਨ ਕੀਤਾ ਗਿਆ।ਪ੍ਰਿੰਸੀਪਲ ਨੇ ਦੱਸਿਆ ਕਿ ਪਾਰਕ ਵਿੱਚ ਮੌਜੂਦ ਭਾਗੀਦਾਰਾਂ ਤੇ ਹੋਰਾਂ ਨੂੰ ਸਰਹੱਦੀ ਜ਼ਿਲ੍ਹੇ ਵਿੱਚ ਸਿੱਖਿਆ ਦੇ ਖੇਤਰ ਵਿੱਚ ਸਕੂਲ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣੂ ਕਰਵਾਇਆ ਗਿਆ ਤੇ ਦੱਸਿਆ ਗਿਆ ਕਿ ਉਨ੍ਹਾਂ ਦੇ ਸਕੂਲ ਵਿੱਚ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਤਾਂ ਜੁ ਉਨ੍ਹਾਂ ਦੇ ਸਰਵਪੱਖੀ ਵਿਕਾਸ ਹੋ ਸਕਦਾ ਹੈ।ਇਸ ਦੇ ਨਾਲ ਹੀ ਉਹ ਹਰ ਖੇਤਰ ਵਿੱਚ ਤਰੱਕੀ ਕਰ ਸਕਦਾ ਹੈ।

ਮੁੱਖ ਮਹਿਮਾਨ ਰਾਮਿੰਦਰਾ ਅਮਲਾ ਨੇ ਸਕੂਲ ਪ੍ਰਸ਼ਾਸਨ ਵੱਲੋਂ ਕਰਾਏ ਗਏ ਪ੍ਰੋਗਰਾਮ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਇਹ ਪ੍ਰੋਗਰਾਮ ਸੱਚਮੁੱਚ ਆਪਸੀ ਪਿਆਰ, ਭਾਈਚਾਰੇ ਨੂੰ ਉਤਸ਼ਾਹਤ ਕਰਦਾ ਹੈ ਅਤੇ ਲੋਕਾਂ ਨੂੰ ਖੇਡਾਂ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਵੀ ਉਤਸ਼ਾਹਤ ਕਰਦਾ ਹੈ।ਪਰਵਾਰਕ ਖੇਡਾਂ ਵਿੱਚ ਸਕੂਲ ਪ੍ਰਸ਼ਾਸਨ ਵੱਲੋਂ ਸਪੋਰਟਸ ਮੇਡਲੇ, ਰੀਲੇਅ ਦੌੜ, ਕੋਨ ਨਾਲ ਸ਼ਟਲ ਦੌੜਾਂ, ਸੋਟੀ ਦੇ ਸੰਤੁਲਨ ਦੀ ਲੜਾਈ ਸ਼ਾਮਲ ਸੀ।ਇਸੇ ਤਰ੍ਹਾਂ ਮਜ਼ੇਦਾਰ ਖੇਡਾਂ ਵਿੱਚ ਫਿਟਨੈਸ ਚੈਲੇਂਜ, ਟਗ ਆਫ਼ ਵਾਰ, ਰੀਚ ਦ ਡੈਸਟੀਨੇਸ਼ਨ, ਫਨ ਵਿਦ ਹਾਕੀ ਸ਼ਾਮਲ ਸਨ। ਇਨ੍ਹਾਂ ਖੇਡਾਂ ਵਿੱਚ ਅਰਸ਼ਲ ਨੇ ਮਿਡਲ ਰੇਸ 2 ਮੈਂਬਰਾਂ ਵਿੱਚ ਜਿੱਤ ਪ੍ਰਾਪਤ ਕੀਤੀ। ਹਯਾਤ ਨੇ ਮਿਡਲ ਰੇਸ 3 ਮੈਂਬਰਾਂ ਵਿੱਚ ਜਿੱਤ ਪ੍ਰਾਪਤ ਕੀਤੀ ਤੇ ਨਵਰਾਜ ਨੇ ਮਿਡਲ ਰੇਸ 4 ਮੈਂਬਰਾਂ ਵਿੱਚ ਜਿੱਤ ਪ੍ਰਾਪਤ ਕੀਤੀ।

ਇਸੇ ਤਰ੍ਹਾਂ ਪੇਅਰ ਗੇਮਜ਼ 4 ਮੈਂਬਰਾਂ ਵਿੱਚ, ਡੀ ਜਰਸੀ ਵਿੱਚ ਹਰਪ੍ਰੀਤ ਸਿੰਘ, ਧਾਰਾਵੀ, ਸਕਿੱਪਿੰਗ ਵਿੱਚ ਪਿਤਾ ਗੌਰਵ ਗਿਰਧਰ, ਪੁਸ਼ਅਪਸ ਵਿੱਚ ਪਿਤਾ ਅਮਨ ਸੀਕਰੀ, ਸਿਟਅਪਸ ਵਿੱਚ ਮਾਂ ਫਰਾਹ ਜੇਤੂ ਰਹੇ, ਜਿਨ੍ਹਾਂ ਨੂੰ ਸਕੂਲ ਪ੍ਰਸ਼ਾਸਨ ਵੱਲੋਂ ਸਨਮਾਨਤ ਕੀਤਾ ਗਿਆ।

# ਪੰਜਾਬੀ ਸਾਹਿਤ ਸਭਾ ਵੱਲੋਂ ਪਹਿਲਾ ਕਹਾਣੀ ਦਰਬਾਰ

**ਸਿਰਸਾ (ਸੁਰਿੰਦਰ ਪਾਲ ਸਿੰਘ)** ਪੰਜਾਬੀ ਸਾਹਿਤ ਸਭਾ ਕਾਲਾਂਵਾਲੀ ਵੱਲੋਂ ਸ਼ਹੀਦ ਭਗਤ ਸਿੰਘ ਪਬਲਿਕ ਲਾਇਬ੍ਰੇਰੀ ਵਿੱਚ ਪਹਿਲਾ ਕਹਾਣੀ ਦਰਬਾਰ ਕਰਾਇਆ ਗਿਆ।ਪ੍ਰੋਗਰਾਮ ਦੇ ਪ੍ਰਧਾਨਗੀ ਮੰਡਲ ਵਿੱਚ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਸਕੱਤਰ ਡਾ. ਹਰਵਿੰਦਰ ਸਿੰਘ ਸਿਰਸਾ, ਨਾਮਧਾਰੀ ਸਾਹਿਤ ਸਭਾ ਦੇ ਪ੍ਰਧਾਨ ਲਖਵਿੰਦਰ ਸਿੰਘ ਬਾਜਵਾ, ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਪਰਮਾਨੰਦ ਸ਼ਾਸਤਰੀ ਅਤੇ ਬਲਜੀਤ ਬਿੱਟੂ ਮਲਕਪੁਰਾ ਸ਼ਾਮਿਲ ਸਨ।ਇਸ ਮੌਕੇ ਪੰਜਾਬੀ ਸਾਹਿਤ ਸਭਾ ਸਿਰਸਾ ਦੇ ਸੀਨੀਅਰ ਮੀਤ ਪ੍ਰਧਾਨ ਮਹਿੰਦਰ ਸਿੰਘ ਨਾਗੀ ਦੇ ਬੇਵਕਤ ਅਕਾਲ ਚਲਾਣੇ 'ਤੇ ਉਹਨਾਂ ਨੂੰ ਸ਼ਰਧਾਂਜਲੀ ਵਜੋ ਉਨ੍ਹਾਂ ਦੀ ਨਵੀਂ ਪ੍ਰਕਾਸ਼ਿਤ ਪੁਸਤਕ 'ਆਪਣੇ ਵਿਹੜੇ' ਨੂੰ ਵੀ ਲੋਕ ਅਰਪਣ ਕੀਤਾ ਗਿਆ।ਇਸ ਮੌਕੇ 'ਤੇ ਕਰਾਏ ਗਏ ਕਹਾਣੀ ਦਰਬਾਰ ਵਿੱਚ ਪ੍ਰਿੰ. ਹਰਭਗਵਾਨ ਚਾਵਲਾ ਨੇ ਆਪਣੀ ਹਿੰਦੀ ਕਹਾਣੀ 'ਸੈਲਾਬ', ਭੁਪਿੰਦਰ ਸਿੰਘ ਫੌਜੀ ਨੇ 'ਲਹੂ ਦੇ ਰੰਗ', ਬੀਬਾ ਅੰਮ੍ਰਿਤਪਾਲ ਕੌਰ ਕਲੇਰ ਨੇ 'ਜਮੈਟੋ ਗਰਲ', ਲਖਵਿੰਦਰ ਸਿੰਘ ਬਾਜਵਾ ਨੇ 'ਆਪਣਿਆਂ ਹੱਥੋਂ' ਤੇ ਗੁਰਦਾਸ ਸਿੰਘ ਪਾਲਣਾ ਨੇ 'ਚਾਨਣ' ਪੇਸ਼ ਕੀਤੀਆਂ। ਮਾ. ਸੁਰਿੰਦਰਪਾਲ ਸਿੰਘ, ਸਿਕੰਦਰ ਸਿੰਘ ਸਿੱਧੂ ਤੇ ਕਰਨੈਲ ਸਿੰਘ ਅਸਪਾਲ ਵੱਲੋਂ ਮਿੰਨੀ ਕਹਾਣੀਆਂ ਪੇਸ਼ ਕੀਤੀਆਂ।ਇਨ੍ਹਾਂ ਕਹਾਣੀਆਂ 'ਤੇ ਡਾ. ਹਰਵਿੰਦਰ ਸਿੰਘ ਸਿਰਸਾ, ਹਰਭਗਵਾਨ ਭੀਖੀ, ਨਾਇਬ ਸਿੰਘ ਗਿੱਲ, ਬਲਜੀਤ ਬਿੱਟੂ ਮਲਕਪੁਰਾ, ਮੁਖਤਿਆਰ ਸਿੰਘ ਚੱਠਾ ਨੇ ਸਟੀਕ ਵਿਚਾਰ ਚਰਚਾ ਕੀਤੀ। ਇਸ ਮੌਕੇ ਜੱਗਾ ਸਿੰਘ ਤਾਰੂਆਣਾ, ਹਰਜੀਤ ਸਿੰਘ ਦੇਸੂ ਮਲਕਾਣਾ, ਮਨਦੀਪ ਮਿੰਟਾ ਔਢਾਂ, ਜੱਗਾ ਜਗਮਾਲਵਾਲੀਆ, ਸਤਨਾਮ ਸਿੰਘ ਭੰਗੂ, ਅਨੀਸ ਕੁਮਾਰ ਸਿਰਸਾ ਵੀ ਹਾਜ਼ਰ ਰਹੇ। ਸਮਾਗਮ ਵਿੱਚ ਭਾਗ ਲੈਣ ਵਾਲੇ ਸਾਰੇ ਕਹਾਣੀਕਾਰਾਂ ਨੂੰ ਸਭਾ ਵੱਲੋਂ ਸਨਮਾਨ ਪੱਤਰ, ਪੁਸਤਕਾਂ ਦਾ ਸੈੱਟ ਤੇ ਸ਼ਾਲ ਦੇ ਕੇ ਸਨਮਾਨਿਤ ਕੀਤਾ ਗਿਆ।ਸਮਾਗਮ ਦੇ ਅੰਤ ਵਿੱਚ ਸਭਾ ਦੇ ਪ੍ਰਧਾਨ ਭੁਪਿੰਦਰ ਪੰਨੀਵਾਲੀਆ ਨੇ ਸਭ ਦਾ ਧੰਨਵਾਦ ਕੀਤਾ।

**ਮਹਿੰਦਰ ਸਿੰਘ ਨਾਗੀ ਦੀ ਪੁਸਤਕ 'ਆਪਣੇ ਵਿਹੜੇ' ਲੋਕ ਅਰਪਣ**



# 26 ਨੂੰ ਘੁਲਾਲ ਟੋਲ ਪਲਾਜ਼ਾ 'ਤੇ ਐੱਸ ਕੇ ਐੱਮ (ਗੈਰ ਸਿਆਸੀ) ਟਰੈਕਟਰਾਂ ਸਮੇਤ ਕਰੇਗਾ ਪ੍ਰਦਰਸ਼ਨ



**ਸਮਰਾਲਾ (ਸੁਰਜੀਤ ਸਿੰਘ)** ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੁਪਿੰਦਰ ਸਿੰਘ ਬੱਗਾ ਦੀ ਅਗਵਾਈ ਵਿੱਚ ਹੋਈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮੰਨੀਆਂ ਗਈਆਂ ਮੰਗਾਂ ਤੇ ਕਿਸਾਨਾਂ ਨਾਲ ਕੀਤੇ ਗਏ ਵਾਅਦਿਆਂ ਨੂੰ ਲਾਗੂ ਕਰਾਉਣ ਲਈ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ 57ਵੇਂ ਦਿਨ ਵੀ ਖਨੌਰੀ ਕਿਸਾਨ ਮੋਰਚੇ ਉੱਪਰ ਜਾਰੀ ਰਿਹਾ ਹੈ ਤੇ ਮੋਰਚੇ ਵੱਲੋਂ 26 ਜਨਵਰੀ ਨੂੰ ਦੇਸ਼ ਭਰ ਵਿੱਚ ਦੁਪਹਿਰ 11 ਵਜੇ ਤੋਂ ਲੈ ਕੇ 1.30 ਵਜੇ ਤੱਕ ਕਾਰਪੋਰੇਟ ਘਰਾਣਿਆਂ ਦੇ ਅਦਾਰਿਆਂ ਤੇ ਭਾਜਪਾ ਆਗੂਆਂ ਦੇ ਦਰਵਾਜ਼ਿਆਂ ਅੱਗੇ ਟ੍ਰੈਕਟਰ ਖੜੇ ਕਰਕੇ ਪ੍ਰਦਰਸ਼ਨ ਕਰਨ ਦੀ ਕਾਲ ਦਿੱਤੀ ਗਈ ਹੈ।

ਸੁਪਿੰਦਰ ਸਿੰਘ ਬੱਗਾ ਨੇ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਤੇ ਉਸਦੀਆਂ ਸਹਿਯੋਗੀ ਜਥੇਬੰਦੀਆਂ ਵੱਲੋਂ 26 ਜਨਵਰੀ ਨੂੰ 11 ਤੋਂ 1.30 ਵਜੇ ਤੱਕ ਘੁਲਾਲ ਟੋਲ ਪਲਾਜੇ ਉੱਪਰ ਟ੍ਰੈਕਟਰ ਖੜੇ ਕਰਕੇ ਕਿਸਾਨਾਂ ਅਤੇ ਮਜ਼ਦੂਰਾਂ ਦੀ ਹੱਕੀ ਮੰਗਾਂ ਸਮਰਥਨ ਮੁੱਲ ਗਾਰੰਟੀ ਕਾਨੂੰਨ, ਸਵਾਮੀਨਾਥਨ ਕਮਿਸਨ ਦੇ ਸੀ+50 ਫਾਰਮੂਲੇ ਅਨੁਸਾਰ ਫਸਲਾਂ ਭਾਅ, ਕਿਸਾਨਾਂ ਤੇ ਮਜ਼ਦੂਰਾਂ ਦੀ ਕੁੱਲ ਕਰਜ਼ ਮੁਕਤੀ, ਮਨਰੇਗਾ ਸਹਿਤ 12 ਮੰਗਾਂ ਨੂੰ ਲੈ ਕੇ ਦਿੱਲੀ ਕੂਚ ਸਮੇਂ 13, 14 ਤੇ 21 ਫਰਵਰੀ ਨੂੰ ਕੇਂਦਰ ਦੀ ਮੋਦੀ ਸਰਕਾਰ ਦੇ ਇਸ਼ਾਰੇ ਉੱਪਰ ਹਰਿਆਣਾ ਦੀ ਸਰਕਾਰ ਵੱਲੋਂ ਨਿਹੱਥੇ ਕਿਸਾਨਾਂ ਉੱਪਰ ਕੀਤੇ ਗਏ ਜ਼ੁਲਮ ਵਿੱਚ ਸ਼ਹੀਦ ਹੋਏ ਸ਼ੁਭਕਰਨ ਸਿੰਘ ਦੇ ਕਾਤਲਾਂ ਉੱਪਰ ਕਾਰਵਾਈ ਕਰਨ ਅਣਗਿਣਤ ਕਿਸਾਨਾਂ ਉੱਪਰ ਤਸ਼ੱਦਦ ਢਾਹ ਕੇ ਉਨ੍ਹਾਂ ਨੂੰ ਗੰਭੀਰ ਜ਼ਖ਼ਮੀ ਕਰਨ ਵਾਲੇ ਦੋਸ਼ੀ ਅਧਿਕਾਰੀਆਂ ਉੱਪਰ ਕਾਰਵਾਈ ਅਤੇ ਸਰਕਾਰੀ ਤਸ਼ੱਦਦ ਦਾ ਸ਼ਿਕਾਰ ਹੋਏ ਕਿਸਾਨਾਂ ਲਈ ਮੁਆਵਜ਼ੇ ਦੀ ਮੰਗ ਨੂੰ ਲੈ ਕੇ ਪ੍ਰਦਰਸ਼ਨ ਕੀਤਾ ਜਾਵੇਗਾ ਤੇ ਇਹ ਉਹ ਹੀ ਮੰਗਾਂ ਹਨ, ਜਿਨ੍ਹਾਂ ਨੂੰ ਲਾਗੂ ਕਰਾਉਣ ਲਈ 13 ਫਰਵਰੀ 2024 ਤੋਂ ਖਨੌਰੀ, ਸੰਭੂ ਤੇ ਰਤਨਪੁਰਾ ਦੇ ਬਾਰਡਰਾਂ ਉੱਪਰ ਮੋਰਚੇ ਤੇ ਜਗਜੀਤ ਸਿੰਘ ਡੱਲੇਵਾਲ ਵੱਲੋਂ 26 ਨਵੰਬਰ 2024 ਤੋਂ ਆਪਣੀ ਜ਼ਿੰਦਗੀ ਦਾਅ ਉੱਪਰ ਲਗਾ ਕੇ ਅੰਦੋਲਨ ਲੜਿਆ ਜਾ ਰਿਹਾ ਹੈ ਤੇ 121 ਕਿਸਾਨਾਂ ਵੱਲੋਂ ਜਗਜੀਤ ਸਿੰਘ ਡੱਲੇਵਾਲ ਦੀ ਨਾਜ਼ੁਕ ਸਿਹਤ ਨੂੰ ਦੇਖਦੇ ਹੋਏ ਤੇ ਗੂੰਗੀ ਬੋਲੀ ਸਰਕਾਰ ਨੂੰ ਜਗਾਉਣ ਲਈ ਖਨੌਰੀ ਮੋਰਚੇ ਉੱਪਰ ਮਰਨ ਵਰਤ ਸ਼ੁਰੂ ਕਰਤਾ ਗਿਆ ਸੀ ਤੇ ਕੇਂਦਰ ਸਰਕਾਰ ਦੇ ਨੁਮਾਇੰਦਿਆਂ ਵੱਲੋਂ ਖਨੌਰੀ ਮੋਰਚੇ ਉੱਪਰ ਪਹੁੰਚ ਕਿ ਕਿਸਾਨਾਂ ਦੀਆਂ ਮੰਗਾਂ ਉੱਪਰ ਗੱਲਬਾਤ ਕਰਨ ਦੀ ਚਿੱਠੀ ਦੇਣ ਤੇ ਮੀਟਿੰਗ ਦੀ ਤਰੀਕ ਤਹਿ ਹੋਣ ਤੋਂ ਬਾਅਦ 121 ਕਿਸਾਨਾਂ ਦਾ ਮਰਨ ਵਰਤ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਸਮਾਪਤ ਕਰਾ ਦਿੱਤਾ ਗਿਆ ਸੀ। ਮੀਟਿੰਗ ਵਿੱਚ ਖਨੌਰੀ ਬਾਰਡਰ ਉੱਪਰ ਮਰਨ ਵਰਤ ਰੱਖਣ ਵਾਲੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਕਿਸਾਨਾਂ ਰਜਿੰਦਰ ਸਿੰਘ ਲੱਲ ਕਲਾਂ, ਨੇਤਰ ਸਿੰਘ ਰੋਹਲੇ ਤੇ ਰਾਜਵੰਤ ਸਿੰਘ ਗਿੱਲ ਦੀ ਵਿਸ਼ੇਸ਼ ਤੌਰ 'ਤੇ ਹਾਜ਼ਰ ਕਿਸਾਨਾਂ ਵੱਲੋਂ ਹੌਸਲਾ ਅਫ਼ਜ਼ਾਈ ਕੀਤੀ ਗਈ। ਗੁਰਦੀਪ ਸਿੰਘ ਬਰਮਾ ਨੇ ਦੱਸਿਆ ਕਿ 57 ਦਿਨ ਤੋਂ ਮਰਨ ਵਰਤ ਉੱਪਰ ਬੈਠੇ ਜਗਜੀਤ ਸਿੰਘ ਡੱਲੇਵਾਲ ਵੱਲੋਂ 121 ਮਰਜੀਵੜਿਆ, ਕਿਸਾਨਾਂ, ਮਜ਼ਦੂਰਾਂ ਅਤੇ ਦੋਨਾਂ ਫੋਰਮਾਂ ਵੱਲੋਂ ਦਿੱਤੇ ਗਏ ਹੁਕਮ ਤੋਂ ਬਾਅਦ ਸਿਰਫ ਮੈਡੀਕਲ ਸਹੂਲਤ ਹੀ ਲਈ ਹੀ ਹਾਮੀ ਭਰੀ ਗਈ ਹੈ ਤੇ ਉਨ੍ਹਾਂ ਦਾ ਮਰਨ ਵਰਤ ਮੰਗਾਂ ਲਾਗੂ ਹੋਣ ਤੱਕ ਉਸੇ ਤਰ੍ਹਾਂ ਜਾਰੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਜਗਜੀਤ ਸਿੰਘ ਡੱਲੇਵਾਲ 57 ਦਿਨ ਤੋਂ ਟਰਾਲੀ ਵਿੱਚ ਹੀ ਹਨ ਤੇ ਉਨ੍ਹਾਂ ਦੀ ਸਿਹਤ ਨੂੰ ਦੇਖਦੇ ਹੋਏ ਕਿਸਾਨਾਂ ਵੱਲੋਂ ਉਨ੍ਹਾਂ ਲਈ ਅਸਥਾਈ ਤੌਰ 'ਤੇ ਇੱਕ ਕਮਰਾ ਤਿਆਰ ਕੀਤਾ ਜਾ ਰਿਹਾ ਹੈ ਤਾਂ ਜੁ ਜਗਜੀਤ ਸਿੰਘ ਡੱਲੇਵਾਲ ਨੂੰ ਟਰਾਲੀ ਤੋਂ ਬਾਹਰ ਧੁੱਪ ਵਿੱਚ ਲਿਆਂਦਾ ਜਾ ਸਕੇ।

# ਪੈਨਸ਼ਨਰਜ਼ ਵੈੱਲ.ਫੇਅਰ ਐਸੋਸੀਏਸ਼ਨ ਦੀ ਚੋਣ ਲਈ ਹੋਈ ਸਰਬਸੰਮਤੀ



**ਧੂਰੀ (ਸੁਖਦੇਵ ਧੂਰੀ)**-ਪੈਨਸ਼ਨਰ ਦਫ਼ਤਰ ਵਿਖੇ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਧੂਰੀ ਰਜਿ (1180) ਦੀ 2025-2027 ਲਈ ਦੋ ਸਾਲਾ ਚੋਣ ਵਾਸਤੇ ਚੋਣ ਪੈਨਲ, ਜਿਸ ਵਿੱਚ ਚੇਅਰਮੈਨ ਰਮੇਸ਼ ਸ਼ਰਮਾ ਦੇ ਨਾਲ਼ ਪ੍ਰਿੰਸੀਪਲ ਸੁਖਵੀਰ ਸਿੰਘ, ਪ੍ਰਿੰਸੀਪਲ ਸ਼ਿਵ ਕੁਮਾਰ ਲੋਮਸ, ਕਰਮ ਸਿੰਘ ਸੋਢੀ, ਸਰਬਜੀਤ ਸਿੰਘ ਮੀਮਸਾ, ਮਾਸਟਰ ਰਾਮ ਸਰੂਪ ਮੌਜੂਦ ਸਨ, ਪਾਸ ਨਾਮਜ਼ਦਗੀ ਪੱਤਰ ਦਾਖਲ ਕਰਨ ਸਮੇਂ ਪ੍ਰਧਾਨ ਤੇ ਜਨਰਲ ਸਕੱਤਰ ਦੇ ਅਹੁਦੇ ਲਈ ਤਿੰਨ ਤਿੰਨ ਉਮੀਦਵਾਰਾਂ ਨੇ ਕਾਗ਼ਜ਼ ਭਰੇ ਸਨ, ਪ੍ਰੰਤੂ ਦੋਵਾਂ ਅਹੁਦਿਆਂ ਤੋਂ ਦੋ-ਦੋ ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਕਾਗ਼ਜ਼ ਵਾਪਸ ਲੈਣ ਕਾਰਨ ਪ੍ਰਧਾਨ ਲਈ ਸੁਖਦੇਵ ਸ਼ਰਮਾ ਤੇ ਜਨਰਲ ਸਕੱਤਰ ਲਈ ਡਾ. ਅਮਰਜੀਤ ਸਿੰਘ ਦੀ ਚੋਣ ਸਰਬਸੰਮਤੀ ਨਾਲ ਨੇਪਰੇ ਚੜ੍ਹੀ।ਚੋਣ ਪੈਨਲ ਦੇ ਚੇਅਰਮੈਨ ਰਮੇਸ਼ ਸ਼ਰਮਾ ਨੇ ਐਲਾਨ ਕੀਤਾ ਕਿ ਪ੍ਰਧਾਨ ਲਈ ਕਾਗ਼ਜ਼ ਦਾਖਲ ਕਰਨ ਵਾਲੇ ਚਰਨਜੀਤ ਸਿੰਘ ਕੈਂਥ ਤੇ ਜਸਦੇਵ ਸਿੰਘ ਅਤੇ ਇਸੇ ਤਰ੍ਹਾਂ ਜਨਰਲ ਸਕੱਤਰ ਲਈ ਕਾਗ਼ਜ਼ ਦਾਖਲ ਕਰਨ ਵਾਲੇ ਗੁਰਦਾਸ ਬਾਂਸਲ ਤੇ ਇੰਦਰਜੀਤ ਸ਼ਰਮਾ ਵੱਲੋਂ ਕਾਗਜ਼ ਵਾਪਸ ਲੈਣ ਕਾਰਨ ਪ੍ਰਧਾਨ ਲਈ ਸੁਖਦੇਵ ਸ਼ਰਮਾ ਅਤੇ ਜਨਰਲ ਸਕੱਤਰ ਲਈ ਡਾ. ਅਮਰਜੀਤ ਸਿੰਘ ਨੂੰ ਸਰਬਸੰਮਤੀ ਨਾਲ ਚੁਣ ਲਿਆ ਗਿਆ ਹੈ।ਇਸ ਮੌਕੇ ਹਾਜ਼ਰੀਨ ਦਾ ਧੰਨਵਾਦ ਕਰਦੇ ਹੋਏ ਸੁਖਦੇਵ ਸ਼ਰਮਾ ਨੇ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀ ਪਿਛਲੀ ਟੀਮ ਨੂੰ ਦੁਬਾਰਾ ਮੌਕਾ ਦੇਣ ਲਈ ਸਮੂਹ ਪੈਨਸ਼ਨਰਜ਼ ਨੂੰ ਵਿਸ਼ਵਾਸ ਦਿਵਾਇਆ ਕਿ ਪੈਨਸ਼ਨਰਜ਼ ਦੀਆਂ ਮੰਗਾਂ ਮਸਲਿਆਂ ਲਈ ਲਗਾਤਾਰ ਜੱਦੋਜਹਿਦ ਜਾਰੀ ਰੱਖੀ ਜਾਵੇਗੀ ਤੇ ਕਿਸੇ ਵੀ ਪੈਨਸ਼ਨਰ ਖ਼ਾਸ ਕਰਕੇ ਫੈਮਿਲੀ ਪੈਨਸ਼ਨਰ ਨੂੰ ਕੋਈ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

23-Jan-PAGE-3.qxd 1/22/2025 10:52 PM Page 1



# ਸਰਕਾਰੀ ਪੇਂਡੂ ਡਿਸਪੈਂਸਰੀਆਂ ਅੰਦਰ ਖੁੱਲ੍ਹੇ ਫਾਰਮੇਸੀ ਤੇ ਲੈਬੋਰਟਰੀ ਕੇਂਦਰ ਮਹਿਜ਼ ਚਿੱਟੇ ਹਾਥੀ !

**ਵੇਰਕਾ (ਰਾਣਾ)**-ਰਾਜ ਸਰਕਾਰ ਵੱਲੋਂ ਪਿੰਡਾਂ ਤੇ ਕਸਬਿਆਂ ਦੇ ਲੋਕਾਂ ਨੂੰ ਵਧੀਆ ਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਏ ਜਾਣ ਦੇ ਮਕਸਦ ਨਾਲ 'ਤੁਹਾਡੀ ਸਿਹਤ ਸਾਡੀ ਤਰਜੀਹ' ਤਹਿਤ ਪਿੰਡਾਂ ਦੀਆਂ ਸਰਕਾਰੀ ਡਿਸਪੈਂਸਰੀਆਂ ਅੰਦਰ ਫਾਰਮੇਸੀ ਤੇ ਲੈਬੋਰਟਰੀ ਕੇਂਦਰ ਧੜਾਧੜ ਖੋਲ੍ਹੇ ਗਏ ਸਨ ਪਰ ਚਾਲੂ ਨਹੀਂ ਕੀਤੇ ਗਏ ਹਨ। ਜਿਕਰਯੋਗ ਹੈ ਕਿ ਪੰਜਾਬ ਸਰਕਾਰ ਜਾਂ ਸਿਹਤ ਤੇ ਪਰਿਵਾਰ ਕਲਿਆਣ ਭਲਾਈ ਵਿਭਾਗ ਪੰਜਾਬ ਸਰਕਾਰ ਵੱਲੋਂ 9 ਸਾਲ ਲੰਘਣ ਉਪਰੰਤ ਅਜੇ ਤੱਕ ਵੀ ਚਾਲੂ ਨਾ ਕੀਤੇ ਜਾਣ ਕਾਰਨ ਮਹਿਜ ਚਿੱਟੇ ਹਾਥੀ ਸਾਬਤ ਹੋਏ ਹਨ ਕਿਉਂਕਿ ਸੂਬਾ ਸਰਕਾਰ ਤੇ ਸਿਹਤ ਵਿਭਾਗ ਪੰਜਾਬ ਵੱਲੋਂ ਇਨ੍ਹਾਂ ਪੇਂਡੂ ਖੇਤਰ ਵਾਲੀਆਂ ਸਰਕਾਰੀ ਡਿਸਪੈਂਸਰੀਆਂ ਅੰਦਰ ਫਾਰਮੇਸੀ ਤੇ ਲੈਬੋਰਟਰੀ ਕੇਂਦਰਾਂ ਵਾਸਤੇ ਬਿਲਡਿੰਗ ਤਾਂ ਖੜੀਆਂ ਕਰ ਦਿੱਤੀਆਂ ਗਈਆਂ ਪ੍ਰੰਤੂ ਇਨ੍ਹਾਂ 'ਚ ਕੰਮ ਕਰਨ ਵਾਲਾ ਲੋੜੀਂਦਾ ਸਟਾਫ ਵੀ ਹਾਲੇ ਤੱਕ ਭਰਤੀ ਨਹੀਂ ਕੀਤਾ ਗਿਆ ਹੈ ਅਤੇ ਨਾ ਹੀ ਇਨ੍ਹਾਂ 'ਚ ਲੋੜੀਂਦਾ ਦਵਾਈ ਦਾਰੂ ਮੁਹੱਈਆ ਕਰਵਾਇਆ ਗਿਆ ਹੈ।ਹੁਣ ਇਨ੍ਹਾਂ ਇਮਾਰਤਾਂ ਅਤੇ ਅੰਦਰ ਪਏ ਹੋਏ ਸਾਮਾਨ ਦੀ ਹਾਲਤ ਦਿਨ ਪ੍ਰਤੀ ਦਿਨ ਖਸਤਾ ਹੋ ਰਹੀ ਹੈ।ਅਸਲੀਅਤ ਵਿੱਚ ਕੋਈ ਵਰਤੋਂ ਜਾਂ ਸਾਂਭ-ਸੰਭਾਲ ਨਾ ਹੋਣ ਕਾਰਨ ਢਾਹ-ਢੇਰੀ ਹੋ ਰਹੀਆਂ ਹਨ।ਮਹਿਜ਼ ਦਿਖਾਵਾ ਬਣ ਕੇ ਰਹਿ ਗਈਆਂ ਹਨ।ਇੱਥੇ ਦੱਸਣਯੋਗ ਹੈ ਕਿ ਸਾਲ 2016 ਦੌਰਾਨ ਰਾਜ ਅੰਦਰ ਅਕਾਲੀ ਦਲ ਤੇ ਭਾਜਪਾ ਗਠਜੋੜ ਦੀ ਸਰਕਾਰ ਮੌਕੇ ਸਭ ਤੋਂ ਵੱਧ ਵਿਧਾਨ ਸਭਾ ਹਲਕਾ ਮਜੀਠਾ ਦੀਆਂ ਸਰਕਾਰੀ ਪੇਂਡੂ ਡਿਸਪੈਂਸਰੀਆਂ ਵਿੱਚ ਉਪਰੋਕਤ ਫਾਰਮੇਸੀ ਤੇ ਲੈਬੋਰਟਰੀ ਕੇਂਦਰ ਸਥਾਪਿਤ ਹੋਏ ਸਨ ਜੋ ਉਦਘਾਟਨ ਸਮਾਰੋਹ ਕਰਨ ਵਾਲੇ ਉਸ ਦਿਨ ਤੋਂ ਲੈ ਕੇ ਹੁਣ ਤੱਕ ਵਰਤਣ ਯੋਗ ਵਰਤੋਂ ਹੋਣ ਅਤੇ ਪਿੰਡਾਂ ਦੇ ਲੋਕਾਂ ਨੂੰ ਆਪਣੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਤਰਸ ਰਹੇ ਹਨ।ਹੁਣ ਇੱਥੇ ਸਵਾਲ ਪੈਦਾ ਹੁੰਦਾ ਹੈ ਕਿ ਜੇਕਰ ਪੇਂਡੂ ਖੇਤਰ ਵਾਲੇ ਇਨ੍ਹਾਂ ਵਸਨੀਕਾਂ ਨੂੰ ਉੱਚ ਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਹੀ ਨਹੀਂ ਕਰਵਾਉਣੀਆਂ ਸਨ ਤਾਂ ਇਨ੍ਹਾਂ ਖੇਤਰ ਬਣ ਰਹੀਆਂ ਇਮਾਰਤਾਂ ਉੱਪਰ ਲੱਖਾਂ/ਕਰੋੜਾਂ ਰੁਪਏ ਖਰਚ ਕਰਨ ਦੀ ਲੋੜ ਕੀ ਸੀ।ਸਿਰਫ ਉਦਘਾਟਨ ਕਰਨ ਜਾਂ ਫੋਕੀ ਟੌਹਰ ਬਣਾਉਣੀ ਤੇ ਵਾਹਵਾ ਹੀ ਖੱਟਣੀ ਸੀ।ਇਨ੍ਹਾਂ ਬਿਲਡਿੰਗਾਂ 'ਤੇ ਹੋਏ ਖਰਚੇ ਦੀ ਭਰਪਾਈ ਆਖਿਰ ਕਦੋਂ ਤੇ ਕੌਣ ਕਰੇਗਾ।ਅਜਿਹੇ ਅਨੇਕਾਂ ਸਵਾਲ ਉਤਪੰਨ ਹੁੰਦੇ ਹਨ।ਇਸ ਪਾਸੇ ਅਜੋਕੀ ਪੰਜਾਬ ਸਰਕਾਰ ਜਾਂ ਸਿਹਤ ਤੇ ਪਰਿਵਾਰ ਕਲਿਆਣ ਵਿਭਾਗ ਪੰਜਾਬ ਸਰਕਾਰ ਕਦੋਂ ਧਿਆਨ ਦੇਵੇਗੀ।ਅਰਥਾਤ ਕਦੋਂ ਪੀੜਤ ਲੋਕਾਂ ਨੂੰ ਇਨ੍ਹਾਂ ਖੁੱਲ੍ਹੇ ਫਾਰਮੇਸੀ ਤੇ ਲੈਬੋਰਟਰੀ ਕੇਂਦਰਾਂ ਦਾ ਸਿਹਤ ਪੱਖੀ ਲਾਭ ਮਿਲੇਗਾ।ਇਸ ਸੰਬੰਧ ਵਿੱਚ ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਜਥੇਬੰਦਕ ਚੀਫ ਆਰਗੇਨਾਈਜ਼ਰ ਕਰਨਰਾਜ ਸਿੰਘ ਗਿੱਲ, ਸੂਬਾਈ ਕਾਨੂੰਨੀ ਸਲਾਹਕਾਰ ਮਨਜੀਤ ਸਿੰਘ ਵਿਰਕ, ਪ੍ਰੈੱਸ ਸਕੱਤਰ ਹਰਵਿੰਦਰ ਸਿੰਘ ਰਾਣਾ (ਖੁਸ਼ੀਪੁਰ), ਸੂਬਾਈ ਮੀਤ ਪ੍ਰਧਾਨ ਤਜਿੰਦਰ ਸਿੰਘ ਸੋਹੀ, ਜ਼ਿਲ੍ਹਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ, ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ, ਸਲਾਹਕਾਰ ਹਰਮਨਦੀਪ ਸਿੰਘ ਛੀਨਾ, ਵਿੱਤ ਸਕੱਤਰ ਹਰਪਾਲ ਸਿੰਘ ਓਠੀਆਂ, ਲੇਖ: ਮੁਖਤਿਆਰ ਸਿੰਘ ਸਹੋਤਾ, ਅਮਰਿੰਦਰ ਸਿੰਘ ਛੀਨਾ, ਮੀਤ ਪ੍ਰਧਾਨ ਮਨਜੀਤ ਸਿੰਘ ਸੋਹੀਆਂ ਖੁਰਦ, ਸੇਵਾਮੁਕਤ ਪ੍ਰਿੰ. ਜਗਤਾਰ ਸਿੰਘ, ਸੇਵਾਮੁਕਤ ਸੀਨੀਅਰ ਸਹਾਇਕ ਸੁਖਬੀਰ ਸਿੰਘ ਸੋਹੀਆਂ, ਹਰੀਸ਼ ਸਿੰਘ ਪਿਆਸਾ ਅਤੇ ਸੂਬਾ ਜਨਰਲ ਸਕੱਤਰ ਦਰਸ਼ਨ ਲਾਲ ਕਲੇਰਾਵ ਆਦਿ ਆਗੂਆਂ ਨੇ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਮਾਨਯੋਗ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਸਿਹਤ ਤੇ ਪਰਿਵਾਰ ਕਲਿਆਣ ਵਿਭਾਗ ਪੰਜਾਬ ਸਰਕਾਰ ਚੰਡੀਗੜ੍ਹ ਪਾਸੋਂ ਮੰਗ ਕੀਤੀ ਹੈ ਕਿ ਸਰਕਾਰੀ ਪੇਂਡੂ ਡਿਸਪੈਂਸਰੀਆਂ ਅੰਦਰ ਵੇਰਵਾ 9-10 ਸਾਲ ਤੋਂ ਖੁੱਲ੍ਹੇ ਫਾਰਮੇਸੀ ਤੇ ਲੈਬੋਰਟਰੀ ਕੇਂਦਰਾਂ ਨੂੰ ਛੇਤੀ ਵਰਤੋਂ ਵਿੱਚ ਲਿਆਂਦਾ ਜਾਵੇ ਤਾਂ ਜੋ ਪੀੜਤ ਲੋਕ ਸਰਕਾਰ ਵੱਲੋਂ ਮਿਲਣ ਵਾਲੀਆਂ ਉਚਤਮ ਤੇ ਮਿਆਰੀ ਸਿਹਤ ਸਹੂਲਤਾਂ ਦਾ ਲਾਭ ਲੈ ਸਕਣ।



# ਡਾ. ਉਬਰਾਏ ਵੱਲੋਂ ਮਨੁੱਖਤਾ ਲਈ ਕੀਤੇ ਜਾ ਰਹੇ ਨੇਕ ਕਾਰਜ ਜਾਰੀ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸਰਬੱਤ ਦਾ ਭਲਾ ਚੈਰੀਟੇਬਲ ਟਰਸਟ ਦੇ ਬਾਨੀ ਅਤੇ ਸੰਸਾਰ ਪ੍ਰਸਿੱਧ ਸਮਾਜ ਸੇਵੀ ਸ਼ਖ਼ਸੀਅਤ ਡਾਕਟਰ ਐਸ. ਪੀ. ਸਿੰਘ ਉਬਰਾਏ ਵੱਲੋਂ ਦੇਸ਼ ਵਿਦੇਸ਼ ਦੇ ਅੰਦਰ ਮਨੁੱਖਤਾ ਨੂੰ ਬਚਾਉਣ ਅਤੇ ਇਨਸਾਨੀਅਤ ਦੀਆਂ ਕਦਰਾਂ ਕੀਮਤਾਂ ਨੂੰ ਹੋਰ ਉਚਾ ਚੁੱਕਣ ਦੇ ਲਈ ਨੇਕ ਅਤੇ ਸ਼ਲਾਘਾਯੋਗ ਉਪਰਾਲੇ ਕੀਤੇ ਜਾ ਰਹੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਨੇ ਟਰੱਸਟ ਦੇ ਜ਼ਿਲ੍ਹਾ ਜਨਰਲ ਸੈਕਟਰੀ ਰਜਿੰਦਰ ਸਿੰਘ ਹੈਪੀ, ਵਿੱਤ ਸਕੱਤਰ ਰਜਿੰਦਰ ਸਿੰਘ ਦੇ ਨਾਲ ਮਿਲ ਕੇ ਚੰਡੀਗੜ੍ਹ ਮੋਹਾਲੀ ਦੇ ਫੇਜ 11 ਵਿਖੇ ਪੈਂਦੇ ਗੁਰਦੁਆਰਾ ਸਿੰਘ ਸਭਾ ਵਿਖੇ ਲੋੜਵੰਦਾਂ ਦੇ ਲਈ ਡੈੱਡ ਬਾਡੀ ਫਰੀਜ਼ਰ ਦੀ ਗੱਡੀ ਨੂੰ ਰਵਾਨਾ ਕਰਵਾਉਣ ਉਪਰੰਤ ਕੀਤਾ।ਸਮਾਜ ਸੇਵੀ ਆਗੂ ਤੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਨੇ ਕਿਹਾ ਕਿ ਸੈਂਕੜੇ ਨੌਜਵਾਨਾਂ ਦੀਆਂ ਜਾਨਾਂ ਬਚਾਉਣ ਵਾਲੇ ਡਾਕਟਰ ਐਸ. ਪੀ. ਸਿੰਘ ਉਬਰਾਏ ਵੱਲੋਂ ਆਪਣੀ ਨੇਕ ਕਿਰਤ ਕਮਾਈ ਦਾ 98 ਫੀਸਦੀ ਹਿੱਸਾ ਗਰੀਬਾਂ ਅਤੇ ਲੋੜਵੰਦਾਂ ਦੀ ਸੇਵਾ ਵਿੱਚ ਖਰਚ ਕੀਤਾ ਜਾ ਰਿਹਾ ਹੈ।ਜਦੋਂ ਕਿ ਹੱਦਾਂ ਅਤੇ ਸਰਹੱਦਾਂ ਤੋਂ ਉੱਪਰ ਉਠ ਕੇ ਭਾਰਤ ਅਤੇ ਪਾਕਿਸਤਾਨ ਤੋਂ ਇਲਾਵਾ ਬੰਗਲਾਦੇਸ਼ ਦੇ ਪੀੜਿਤ ਲੋਕਾਂ ਦੀ ਸਹਾਇਤਾ ਵੀ ਕੀਤੀ ਜਾ ਰਹੀ ਹੈ।ਉਨ੍ਹਾਂ ਨੇ ਕਿਹਾ ਕਿ ਡਾਕਟਰ ਐਸ. ਪੀ. ਸਿੰਘ ਉਬਰਾਏ ਵੱਲੋਂ ਅਰਬ ਦੇਸ਼ਾਂ ਦੇ ਵਿੱਚ ਬਹੁਤ ਸਾਰੇ ਨੌਜਵਾਨਾਂ ਨੂੰ ਫਾਂਸੀ ਦੀ ਸਜ਼ਾ ਤੋਂ ਮੁਕਤ ਕਰਵਾਉਂਦਿਆਂ ਕਰੋੜਾਂ ਰੁਪਏ ਦੀ ਬਲੱਡ ਮਨੀ ਦਿੱਤੀ ਗਈ ਹੈ, ਤਾਂ ਜੋ ਨੌਜਵਾਨਾਂ ਦੀਆਂ ਕੀਮਤੀ ਜ਼ਿੰਦਗੀਆਂ ਨੂੰ ਬਚਾਇਆ ਜਾ ਸਕੇ।ਪ੍ਰਧਾਨ ਰਵਿੰਦਰ ਸਿੰਘ ਮਠਾਰੂ ਨੇ ਕਿਹਾ ਕਿ ਇੱਥੇ ਹੀ ਬੱਸ ਨਹੀਂ ਡਾਕਟਰ ਉਬਰਾਏ ਵੱਲੋਂ ਖਾੜੀ ਦੇਸ਼ਾਂ ਦੇ ਵਿੱਚ ਵੱਖ-ਵੱਖ ਹਾਦਸਿਆਂ ਦੌਰਾਨ ਮੌਤ ਦੇ ਮੂੰਹ ਵਿੱਚ ਜਾਣ ਵਾਲੇ ਬਦਨਸੀਬ ਨੌਜਵਾਨਾਂ ਦੀਆਂ ਮ੍ਰਿਤਕ ਦੇਹਾਂ ਵੀ ਖਾੜੀ ਦੇਸ਼ਾਂ ਤੋਂ ਆਪਣੇ ਦੇਸ਼ ਖਾਸ ਕਰਕੇ ਪੰਜਾਬ ਲਿਆਂਦੀਆਂ ਗਈਆਂ ਹਨ, ਜਦਕਿ ਇਨ੍ਹਾਂ ਪੀੜਿਤ ਪਰਿਵਾਰਾਂ ਦੀ ਸਾਰ ਲੈਂਦੀਆਂ ਡਾਕਟਰ ਉਬਰਾਏ ਵੱਲੋਂ ਪਰਿਵਾਰਾਂ ਦੀਆਂ ਪੈਨਸ਼ਨਾਂ ਵੀ ਲਗਾਈਆਂ ਗਈਆਂ ਹਨ।ਉਨ੍ਹਾਂ ਨੇ ਕਿਹਾ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰਸਟ ਜ਼ਿਲਾ ਗੁਰਦਾਸਪੁਰ ਦੀ ਟੀਮ ਪੂਰੀ ਤਨਦੇਹੀ ਦੇ ਨਾਲ ਗਰੀਬਾਂ ਅਤੇ ਲੋੜਵੰਦਾਂ ਦੀ ਸੇਵਾ ਵਿੱਚ ਲੱਗੀ ਹੋਈ ਹੈ।ਇਸ ਮੌਕੇ ਹੋਰ ਵੀ ਮੈਂਬਰ ਹਾਜ਼ਰ ਸਨ।



# ਸ਼ਹਿਰ 'ਚ ਟਰੈਫਿਕ ਸਮੱਸਿਆ ਦਾ ਪੱਕੇ ਤੌਰ 'ਤੇ ਕੱਢਾਂਗੇ ਕੋਈ ਹੱਲ : ਐੱਸ ਐੱਚ ਓ



**ਅਜਨਾਲਾ (ਸੁਖਵਿੰਦਰ ਸਿੰਘ ਰਾਜੂ)**-ਪੁਲਸ ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਐੱਸਐੱਸਪੀ ਚਰਨਜੀਤ ਸਿੰਘ ਸੋਹਲ ਦੇ ਹੁਕਮਾਂ ਅਨੁਸਾਰ ਥਾਣਾ ਅਜਨਾਲਾ ਐੱਸਐੱਚਓ ਇੰਸਪੈਕਟਰ ਸਤਪਾਲ ਸਿੰਘ ਦਾ ਤਬਾਦਲਾ ਪੁਲਸ ਲਾਈਨ ਹੋਣ ਉਪਰੰਤ ਨਵ ਨਿਯੁਕਤ ਐੱਸਐੱਚਓ ਸਬ ਇੰਸਪੈਕਟਰ ਸਤਨਾਮ ਸਿੰਘ ਨੇ ਅੱਜ ਆਪਣਾ ਕਾਰਜਕਾਰ ਸੰਭਾਲ ਲਿਆ। ਦੱਸ ਦਈਏ ਕਿ ਇਸ ਤੋਂ ਪਹਿਲਾਂ ਵੀ ਸਬ ਇੰਸਪੈਕਟਰ ਸਤਨਾਮ ਸਿੰਘ ਥਾਣਾ ਅਜਨਾਲਾ ਦੇ ਐੱਸਐੱਚਓ ਵਜੋਂ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ। ਇਸ ਦੌਰਾਨ ਉਨ੍ਹਾਂ ਪੱਤਰਕਾਰਾਂ ਨਾਲ ਗੱਲ ਕਰਦਿਆਂ ਦੱਸਿਆ ਕਿ ਅਜਨਾਲਾ ਸ਼ਹਿਰ ਦੇ ਬਾਜ਼ਾਰਾਂ ਵਿੱਚ ਬਹੁਤ ਜ਼ਿਆਦਾ ਟਰੈਫਿਕ ਹੋਣ ਕਰਕੇ ਬਾਹਰੋਂ ਆਏ ਰਾਹਗੀਰਾਂ ਨੂੰ ਬਹੁਤ ਮੁਸ਼ਕਿਲ ਹੁੰਦੀ ਹੈ। ਇਸ ਲਈ ਸ਼ਹਿਰ 'ਚ ਟਰੈਫਿਕ ਸਮੱਸਿਆ ਦਾ ਪੱਕੇ ਤੌਰ 'ਤੇ ਕੋਈ ਹੱਲ ਕੱਢਾਂਗੇ। ਇਸ ਲਈ ਲੋੜੀਂਦੇ ਪ੍ਰਬੰਧ ਕਰਕੇ ਇਸ ਟਰੈਫਿਕ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਉਪਰਾਲੇ ਕੀਤੇ ਜਾਣਗੇ ਅਤੇ ਉਨ੍ਹਾਂ ਨੇ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਨੇ ਇਲਾਕੇ ਦੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਪਿੰਡਾਂ ਅੰਦਰ ਕਰਨ ਲਈ ਪੁਲਸ ਨੂੰ ਪੂਰਨ ਸਹਿਯੋਗ ਦੇਣ ਅਤੇ ਨਸ਼ਿਆਂ ਨਾਲ ਸੰਬੰਧਿਤ ਵਸਤੂਆਂ ਵੇਚਣ ਵਾਲਿਆਂ ਦੀ ਸੂਚਨਾ ਪੁਲਸ ਨੂੰ ਦੇਣ ਵਾਲੇ ਵਿਅਕਤੀ ਦਾ ਨਾਂ ਪਤਾ ਵੀ ਗੁਪਤ ਰੱਖਿਆ ਜਾਵੇਗਾ।ਇਸ ਮੌਕੇ ਉਨ੍ਹਾਂ ਥਾਣਾ ਅਜਨਾਲਾ ਤੈਨਾਤ ਸਮੂਹ ਕਰਮਚਾਰੀਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਲਈ ਨਿਰਦੇਸ਼ ਦਿੱਤੇ। ਇਸ ਮੌਕੇ ਏਐੱਸਆਈ ਬਲਵਿੰਦਰ ਸਿੰਘ ਮੁਨਸ਼ੀ, ਰਣਜੋਧ ਸਿੰਘ ਅਤੇ ਗੁਰਪ੍ਰੀਤ ਸਿੰਘ ਤੋਂ ਇਲਾਵਾ ਹੋਰ ਪੁਲਸ ਅਧਿਕਾਰੀ ਹਾਜ਼ਰ ਸਨ।

# ਜਿਉਣ ਲਈ ਇਨਸਾਨ ਦੇ ਜੀਵਨ ਵਿੱਚ ਸਾਫ-ਸਫਾਈ ਦਾ ਅਹਿਮ ਸਥਾਨ : ਸੁਆਮੀ ਵਿਸ਼ਨੂੰ ਦੇਵਾਨੰਦ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਦਿਵਯ ਜਯੋਤੀ ਜਾਗਰਤੀ ਸੰਸਥਾਨ ਤਰਨ ਤਾਰਨ ਦੁਆਰਾ ਸਪਤਾਹਿਕ ਸਤਿਸੰਗ ਪ੍ਰੋਗਰਾਮ ਆਯੋਜਿਤ ਕੀਤਾ ਗਿਆ ਜਿਸ ਵਿੱਚ ਆਸ਼ੂਤੋਸ਼ ਮਹਾਰਾਜ ਦੇ ਸ਼ਿਸ਼ ਸੁਆਮੀ ਵਿਸ਼ਨੂੰ ਦੇਵਾਨੰਦ ਨੇ ਕਿਹਾ ਕਿ ਸੰਸਾਰ ਅੰਦਰ ਆਪਣਾ ਜੀਵਨ ਜਿਉਣ ਲਈ ਇਨਸਾਨ ਦੇ ਜੀਵਨ ਵਿੱਚ ਸਾਫ-ਸਫਾਈ ਦਾ ਆਪਣਾ ਅਹਿਮ ਸਥਾਨ ਹੈ। ਆਪਣਾ ਘਰ, ਆਲਾ-ਦੁਆਲਾ, ਖਾਣ ਪੀਣ ਅਤੇ ਪਹਿਨਣ ਤੱਕ ਜ਼ਿੰਦਗੀ ਦੇ ਹਰ ਖੇਤਰ ਵਿੱਚ ਹੀ ਸਫਾਈ ਦਾ ਹੋਣਾ ਜ਼ਰੂਰੀ ਸਮਝਿਆ ਜਾਂਦਾ ਹੈ। ਸੰਸਾਰ ਅੰਦਰ ਹਰ ਤਰ੍ਹਾਂ ਦੀ ਮੈਲ ਨੂੰ ਪਾਣੀ ਅਤੇ ਸਾਬਣ ਨਾਲ ਸਾਫ ਕੀਤਾ ਜਾ ਸਕਦਾ ਹੈ ਤੇ ਕਾਫੀ ਹੱਦ ਤੱਕ ਆਦਮੀ ਆਪਣੇ ਆਸ ਪਾਸ ਨਿਰਮਲਤਾ ਰੱਖਣ ਵਿੱਚ ਕਾਮਯਾਬ ਵੀ ਹੋਇਆ ਪ੍ਰੰਤੂ ਮਨ ਦੀ ਮੈਲ ਬਾਰੇ ਸਾਨੂੰ ਕੋਈ ਜਾਣਕਾਰੀ ਨਹੀਂ ਹੈ ਕਿਉਂਕਿ ਅਸੀਂ ਕਦੇ ਮਨ ਨੂੰ ਦੇਖਿਆ ਹੀ ਨਹੀਂ। ਜਿਸ ਚੀਜ਼ ਨੂੰ ਕਦੇ ਦੇਖਿਆ ਹੀ ਨਾ ਹੋਵੇ ਉਸ ਉਪਰ ਵਿਸ਼ਵਾਸ ਕਰਨਾ ਵੀ ਮੁਸ਼ਕਿਲ ਹੁੰਦਾ ਹੈ। ਮਨ ਮੈਲਾ ਉਦੋਂ ਹੁੰਦਾ ਹੈ ਜਦੋਂ ਇਸ ਦੇ ਉਪਰ ਵਿਕਾਰਾਂ ਦੀ ਮੈਲ ਜੰਮਣੀ ਹੋ ਜਾਂਦੀ ਹੈ, ਸੱਚਾਈ ਨੂੰ ਛੱਡ ਕੇ ਇਨਸਾਨ ਝੂਠ ਦਾ ਪੱਲਾ ਫੜ ਲੈਂਦਾ ਹੈ ਤੇ ਇਹ ਸਿਲਸਿਲਾ ਜਨਮ-ਜਨਮਾਂਤਰਾਂ ਤੱਕ ਚੱਲਦਾ ਹੈ, ਮਨ ਕਾਲਾ ਸਿਆਹ ਹੋ ਜਾਂਦਾ ਹੈ। ਹੁਣ ਸਵਾਲ ਪੈਦਾ ਹੁੰਦਾ ਹੈ ਕਿ ਇਸ ਮਨ ਦੀ ਮੈਲ ਤੋਂ ਛੁਟਕਾਰਾ ਕਿਵੇਂ ਪਾਇਆ ਜਾਵੇ। ਮਹਾਂਪੁਰਖਾਂ ਨੇ ਇਸ ਦਾ ਬਹੁਤ ਹੀ ਸਰਲ ਉਪਾਅ ਦੱਸਿਆ ਹੈ ਕਿ ਮਲੀਨ ਮਨ ਨੂੰ ਗੁਰੂ ਦੇ ਨਾਮ ਰੂਪੀ ਸਾਬਣ ਨਾਲ ਧੋ ਕੇ ਸਾਫ ਕੀਤਾ ਜਾ ਸਕਦਾ ਹੈ। ਜਿਸ ਪ੍ਰਕਾਰ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਕੌਡੇ ਰਾਖਸ਼ ਦਾ ਮਨ ਸਾਫ ਕਰਕੇ ਉਸਨੂੰ ਪਵਿੱਤਰ ਕੀਤਾ। ਸੱਜਣ ਠੱਗ ਦੀ ਗਲਤ ਸੋਚ ਨੂੰ ਬਦਲਿਆ। ਗੁਰੂ ਦੀ ਸ਼ਰਨ ਵਿੱਚ ਜਾ ਕੇ ਹੀ ਇਨਸਾਨ ਨੂੰ ਮਨ ਦੀ ਪਵਿੱਤਰਤਾ ਪ੍ਰਾਪਤ ਹੋ ਸਕਦੀ ਹੈ। ਜਦੋਂ ਮਨ ਆਪਣੇ ਨਿੱਜ ਸਵਰੂਪ ਭਾਵ ਗੁਰੂ ਦੀ ਕਿਰਪਾ ਦੁਆਰਾ ਉਸ ਪ੍ਰਕਾਸ਼ ਦਾ ਦਰਸ਼ਨ ਕਰ ਲੈਂਦਾ ਹੈ ਤਾਂ ਉਸਦਾ ਮਨ ਸ਼ਾਂਤ ਹੋ ਕੇ ਪਰਮਾਤਮਾ ਦੇ ਚਿੰਤਨ ਵਿੱਚ ਲੱਗ ਜਾਂਦਾ ਹੈ। ਇਸ ਲਈ ਪੂਰਨ ਸਤਿਗੁਰੂ ਦੀ ਸ਼ਰਨਾਗਤ ਹੋ ਕੇ ਹੀ ਇਸ ਮਨ ਨੂੰ ਪਵਿੱਤਰ ਕੀਤਾ ਜਾ ਸਕਦਾ ਹੈ। ਪ੍ਰੋਗਰਾਮ ਵਿੱਚ ਸਵਾਮੀ ਹਰੀ ਸ਼ੰਕਰ, ਸਵਾਮੀ ਜਸਪਾਲ ਨੇ ਸੁੰਦਰ ਸ਼ਬਦ ਭਜਨਾਂ ਦਾ ਗਾਇਨ ਕੀਤਾ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਸਾਈਕਲ ਰੈਲੀ ਤੇ ਸੈਮੀਨਾਰ ਆਯੋਜਤ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਤਰਨ ਤਾਰਨ ਵਿੱਚ ਚੀਫ ਖ਼ਾਲਸਾ ਦੀਵਾਨ, ਅੰਮ੍ਰਿਤਸਰ ਦੀ ਅਗਵਾਈ ਹੇਠ ਟ੍ਰੈਫਿਕ ਨਿਯਮਾਂ ਬਾਰੇ ਇੱਕ ਸੈਮੀਨਾਰ ਤੇ ਸਾਈਕਲ ਰੈਲੀ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਸਹਾਇਕ ਸੁਪਰਡੈਂਟ ਆਫ਼ ਪੁਲਸ ਬਿਕਰਮਜੀਤ ਸਿੰਘ ਅਤੇ ਮੁਖਤਾਰ ਸਿੰਘ (ਏਐੱਸਆਈ) ਨੇ ਵਿਦਿਆਰਥੀਆਂ ਨੂੰ ਪੰਜਾਬ ਸਰਕਾਰ ਦੁਆਰਾ ਜਾਰੀ ਕੀਤੇ ਗਏ ਨਵੀਨਤਮ ਦਿਸ਼ਾ-ਨਿਰਦੇਸ਼ਾਂ ਬਾਰੇ ਜਾਗਰੂਕ ਕੀਤਾ।ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਮਹੱਤਵਪੂਰਨ ਟ੍ਰੈਫਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ ਗਈ, ਜਿਵੇਂ ਕਿ 18 ਸਾਲ ਦੀ ਕਾਨੂੰਨੀ ਡਰਾਈਵਿੰਗ ਉਮਰ, ਨਿਯਮਾਂ ਦੀ ਉਲੰਘਣਾ ਕਰਨ 'ਤੇ ਜੁਰਮਾਨੇ ਅਤੇ ਲਾਪਰਵਾਹੀ ਦੀ ਸੂਰਤ ਵਿੱਚ ਮਾਪਿਆਂ 'ਤੇ ਲਗਾਏ ਜਾਣ ਵਾਲੇ ਜੁਰਮਾਨੇ।ਸੈਮੀਨਾਰ ਦਾ ਉਦੇਸ਼ ਵਿਦਿਆਰਥੀਆਂ ਵਿੱਚ ਸੜਕ ਸੁਰੱਖਿਆ ਅਤੇ ਜ਼ਿੰਮੇਵਾਰ ਡਰਾਈਵਿੰਗ ਨਿਯਮਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।ਇਸ ਉਪਰੰਤ ਟ੍ਰੈਫਿਕ ਪੁਲਸ ਵੱਲੋਂ ਸਬ-ਇੰਸਪੈਕਟਰ ਅਤੇ ਟ੍ਰੈਫਿਕ ਇੰਚਾਰਜ, ਤਰਨ ਤਾਰਨ ਰਾਣੀ ਕੌਰ ਦੀ ਨਿਗਰਾਨੀ ਹੇਠ ਇੱਕ ਸਾਈਕਲ ਰੈਲੀ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ, ਜਿਸ ਵਿੱਚ ਸਕੂਲੀ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ, ਜਿਨ੍ਹਾਂ ਨੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਲਈ ਸਾਈਕਲ ਰੈਲੀ ਕੱਢੀ।



ਰੈਲੀ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਸਿੱਖਿਅਤ ਕਰਨਾ ਅਤੇ ਸੁਰੱਖਿਅਤ ਸੜਕ ਨਿਯਮਾਂ ਨੂੰ ਉਤਸ਼ਾਹਿਤ ਕਰਨਾ ਸੀ।ਇਸ ਮੌਕੇ ਪ੍ਰਧਾਨ ਸਥਾਨਕ ਕਮੇਟੀ ਅਤੇ ਮੈਂਬਰ ਇੰਚਾਰਜ, ਹਰਜੀਤ ਸਿੰਘ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇੱਕ ਸੁਰੱਖਿਅਤ ਭਵਿੱਖ ਬਣਾਉਣ ਲਈ ਬੱਚਿਆਂ ਨੂੰ ਛੋਟੀ ਉਮਰ ਵਿੱਚ ਹੀ ਟ੍ਰੈਫਿਕ ਨਿਯਮਾਂ ਦੀ ਮਹੱਤਤਾ ਸਿਖਾਉਣਾ ਬਹੁਤ ਜ਼ਰੂਰੀ ਹੈ।ਸੜਕ ਹਾਦਸਿਆਂ ਨੂੰ ਘਟਾਉਣ ਲਈ ਅਜਿਹੇ ਜਾਗਰੂਕਤਾ ਪ੍ਰੋਗਰਾਮ ਜ਼ਰੂਰੀ ਹਨ

# ਕਿਸਾਨ ਮਜ਼ਦੂਰ ਜਥੇਬੰਦੀ ਵੱਲੋਂ ਜਿਉਂਦ 'ਚ ਕਿਸਾਨਾਂ 'ਤੇ ਕੀਤੇ ਲਾਠੀ ਚਾਰਜ ਦੀ ਸਖਤ ਨਿਖੇਧੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਆਗੂ ਸਤਨਾਮ ਸਿੰਘ ਪੰਨੂ ਨੇ ਲਿਖਤੀ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਦੇ ਪਿੰਡ ਜਿਉਂਦ ਵਿੱਚ 1907 ਤੋਂ 650 ਏਕੜ ਜ਼ਮੀਨ ਉਤੇ ਆਬਾਦਕਾਰ ਕਿਸਾਨ ਖੇਤੀ ਕਰ ਰਹੇ ਹਨ ਪਰ ਭਗਵੰਤ ਮਾਨ ਸਰਕਾਰ ਵੱਲੋਂ ਕੋਰਟ ਦੇ ਹੁਕਮ ਨੂੰ ਲਾਗੂ ਕਰਵਾਉਣ ਲਈ ਚਾਰ ਜ਼ਿਲਿਆਂ ਦੀ ਪੁਲਸ ਫੋਰਸ ਭੇਜ ਕੇ ਧਨਾਡਾਂ ਨੂੰ ਕਬਜ਼ਾ ਕਰਵਾਉਣ ਲਈ ਆਬਾਦਕਾਰ ਕਿਸਾਨਾਂ ਉਤੇ ਲਾਠੀ ਚਾਰਜ ਕਰਕੇ ਉਨ੍ਹਾਂ ਦੀਆਂ ਲੱਤਾਂ ਬਾਹਾਂ ਤੋੜੀਆਂ ਤੇ ਜ਼ੁਲਮ ਜਬਰ ਕੀਤਾ ਹੈ।ਪੰਜਾਬ ਸਰਕਾਰ ਦੇ ਇਸ ਕਾਰੇ ਦੀ ਸਖਤ ਨਿਖੇਧੀ ਕਰਦਿਆਂ ਕਿਸਾਨ ਆਗੂ ਨੇ ਪਿੰਡ ਜਿਉਂਦ ਵਿੱਚ ਚੱਲ ਰਹੇ ਪੱਕੇ ਮੋਰਚੇ ਦੀ ਪੂਰਨ ਹਮਾਇਤ ਕੀਤੀ ਹੈ, ਪਿੰਡ ਜਿਉਂਦ ਦੀ 650 ਏਕੜ ਜ਼ਮੀਨ ਸਮੇਤ ਪੰਜਾਬ ਭਰ ਵਿੱਚ ਲੱਖਾਂ ਏਕੜ ਜ਼ਮੀਨ ਉੱਤੇ ਖੇਤੀ ਕਰ ਰਹੇ ਆਬਾਦਕਾਰਾਂ ਨੂੰ ਵਿਧਾਨ ਸਭਾ ਵਿੱਚ ਕਾਨੂੰਨ ਪਾਸ ਕਰਕੇ ਪੱਕੇ ਮਾਲਕੀ ਹੱਕ ਦੇਣ ਦੀ ਮੰਗ ਕੀਤੀ ਹੈ ।ਕਿਸਾਨ ਆਗੂ ਨੇ ਅੱਗੇ ਕਿਹਾ ਕਿ ਪੰਜਾਬ ਖੇਤੀ ਪ੍ਰਧਾਨ ਸੂਬਾ ਹੋਣ ਕਰਕੇ 80% ਲੋਕ ਖੇਤੀ ਉਤੇ ਗੁਜ਼ਾਰਾ ਕਰ ਰਹੇ ਹਨ। ਪੰਜਾਬ ਸਰਕਾਰ ਸੂਬੇ ਭਰ ਵਿੱਚ 1972 ਵਿੱਚ ਬਣੇ ਹੱਦਬੰਦੀ ਕਾਨੂੰਨ ਨੂੰ ਲਾਗੂ ਕਰਕੇ ਰਜਵਾੜਿਆਂ, ਧਨਾਡਾਂ, ਰਾਜਸੀ ਨੇਤਾਵਾਂ, ਵੱਡੀ ਅਫਸਰਸ਼ਾਹੀ, ਵੱਡੇ ਵਪਾਰੀਆਂ, ਪੁਜਾਰੀਆਂ ਤੇ ਦੋ ਨੰਬਰ ਦਾ ਧੰਦਾ ਕਰਨ ਵਾਲੇ ਮਾਫੀਏ ਗਰੁੱਪਾਂ ਦੀ ਅਚੱਲ ਤੇ ਚਲ ਜਾਇਦਾਦਾਂ ਦੀ ਨਿਰਪੱਖ ਜਾਂਚ ਕਰਵਾਏ ਤੇ ਸਾਡੇ ਸਤਾਰਾਂ ਏਕੜ ਤੋਂ ਵੱਧ ਸਰਪਲੱਸ ਜ਼ਮੀਨਾਂ ਤੇ ਆਮਦਨ ਤੋਂ ਵਾਧੂ ਜਾਇਦਾਦ ਜ਼ਬਤ ਕਰੇ ।ਇਹ ਜ਼ਬਤ ਕੀਤੀ ਲੱਖਾਂ ਏਕੜ ਜ਼ਮੀਨ ਬੇਜ਼ਮੀਨਿਆਂ ਤੇ ਵਿੱਚ ਬਰਾਬਰ ਵੰਡੀ ਜਾਵੇ।ਕਿਸਾਨ ਆਗੂ ਨੇ ਪੰਜਾਬ ਭਰ ਦੀਆਂ ਸੰਘਰਸ਼ਸ਼ੀਲ ਕਿਸਾਨ ਮਜ਼ਦੂਰ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਆਓ ਇਕੱਠੇ ਹੋ ਕੇ ਆਪਣੀ ਹੋਂਦ ਨੂੰ ਬਚਾਉਣ ਲਈ ਸੰਘਰਸ਼ ਲਈ ਕਮਰ ਕੱਸੇ ਕਰੀਏ।

# ਸਾਬਕਾ ਸਰਪੰਚ ਸੋਹੀ ਨਮਿਤ ਅੰਤਿਮ ਅਰਦਾਸ ਭਲਕੇ



**ਵੇਰਕਾ (ਰਾਣਾ)**-ਸਾਬਕਾ ਸਰਪੰਚ ਜਗੀਰ ਸਿੰਘ ਸੋਹੀਆਂ ਖੁਰਦ ਜੋ ਬੀਤੇ 15 ਜਨਵਰੀ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਇਸ ਫਾਨੀ ਸੰਸਾਰ ਨੂੰ ਹਮੇਸ਼ਾ ਲਈ ਅਲਵਿਦਾ ਆਖਦੇ ਹੋਏ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ, ਦੀ ਆਤਮਿਕ ਸ਼ਾਂਤੀ ਨਮਿਤ ਸਮੂਹ ਸੋਹੀ ਪਰਿਵਾਰ ਵੱਲੋਂ ਰਖਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਗ੍ਰਹਿ ਪਿੰਡ ਸੋਹੀਆਂ ਖੁਰਦ (ਅੰਮ੍ਰਿਤਸਰ) ਵਿਖੇ ਮਿਤੀ 24 ਜਨਵਰੀ ਦਿਨ ਸ਼ੁੱਕਰਵਾਰ ਨੂੰ ਪਾਏ ਜਾਣਗੇ ਅਤੇ ਅੰਤਿਮ ਅਰਦਾਸ ਦੁਪਹਿਰ 12 ਤੋਂ 1 ਵਜੇ ਹੋਵੇਗੀ। ਉਪਰੰਤ ਰਾਗੀ ਸਿੰਘਾਂ ਵੱਲੋਂ ਵੈਰਾਗਮਈ ਕੀਰਤਨ ਕੀਤਾ ਜਾਵੇਗਾ।ਇਸ ਦੌਰਾਨ ਸਾਬਕਾ ਸਰਪੰਚ ਜਗੀਰ ਸਿੰਘ ਨੂੰ ਵੱਖ-ਵੱਖ ਸਮਾਜਿਕ, ਰਾਜਨੀਤਕ, ਧਾਰਮਿਕ, ਮੁਲਾਜ਼ਮ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਆਗੂ ਸ਼ਰਧਾ ਦੇ ਸੁਮਨ ਭੇਟ ਕਰਨਗੇ।

# ਗੋਦਾਵਰੀ ਇਲੈਕਟ੍ਰਿਕ ਮੋਟਰਜ਼ ਵੱਲੋਂ ਦੋ ਨਵੇਂ ਈ-ਸਕੂਟਰ ਤੇ ਈ-ਆਟੋ ਲਾਂਚ

**ਚੰਡੀਗੜ੍ਹ** : ਗੋਦਾਵਰੀ ਇਲੈਕਟ੍ਰਿਕ ਮੋਟਰਜ਼ ਪ੍ਰਾਈਵੇਟ ਲਿਮਟਿਡ ਇੱਕ ਪ੍ਰਮੁੱਖ ਇਲੈਕਟ੍ਰਿਕ ਵਾਹਨ ਨਿਰਮਾਤਾ ਨੇ ਭਾਰਤ ਮੋਬਿਲਟੀ ਗਲੋਬਲ ਸ਼ੋਅ 2025 ਵਿੱਚ ਆਪਣੇ ਉਤਪਾਦ ਪੋਰਟਫੋਲੀਓ ਵਿੱਚ ਨਵੇਂ ਜੋੜਾਂ ਨੂੰ ਪ੍ਰਦਰਸ਼ਿਤ ਕੀਤਾ।ਕੰਪਨੀ ਨੇ ਬਾਜ਼ਾਰ ਦੇ ਵੱਖ-ਵੱਖ ਹਿੱਸਿਆਂ ਵਿੱਚ ਟਿਕਾਊ ਗਤੀਸ਼ੀਲਤਾ ਹੱਲਾਂ ਪ੍ਰਤੀ ਕੰਪਨੀ ਦੀ ਨਿਰੰਤਰ ਵਚਨਬੱਧਤਾ ਦੇ ਅਨੁਸਾਰ ਏਬਲੂਫੀਓ ਜ਼ੈਡ, ਏਬਲੂਫੀਓ ਡੀਐਕਸ ਅਤੇ ਏਬਲੂਰੋਜ਼ੀ ਈਸੀਓ ਲਾਂਚ ਕੀਤਾ।ਏਬਲੂਰੋਜ਼ੀ ਈਸੀਓ ਦੀ ਕੀਮਤ 9©♣ 2,95,999 ਰੁਪਏ (ਐਕਸ-ਸ਼ੋਰੂਮ) ਹੈ।ਇਸ ਵਿਕਾਸ 'ਤੇ ਟਿੱਪਣੀ ਕਰਦੇ ਹੋਏ ਗੋਦਾਵਰੀ ਇਲੈਕਟ੍ਰਿਕ ਮੋਟਰਜ਼ ਦੇ ਡਾਇਰੈਕਟਰ ਅਤੇ ਸੀਈਓ ਹੈਦਰ ਖਾਨ ਨੇ ਕਿਹਾ ਕਿ ਇਨ੍ਹਾਂ ਤਿੰਨ ਨਵੇਂ ਉਤਪਾਦਾਂ ਦਾ ਉਦਘਾਟਨ ਭਾਰਤ ਦੇ ਇਲੈਕਟ੍ਰਿਕ ਮੋਬਿਲਟੀ ਲੈਂਡਸਕੇਪ ਵਿੱਚ ਕ੍ਰਾਂਤੀ ਲਿਆਉਣ ਵੱਲ ਸਾਡੀ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ।ਸਾਡੀ ਖੋਜ ਅਤੇ ਵਿਕਾਸ ਟੀਮ ਨੇ ਅਜਿਹੇ ਵਾਹਨ ਵਿਕਸਤ ਕਰਨ ਲਈ ਅਣਥੱਕ ਮਿਹਨਤ ਕੀਤੀ ਹੈ।

# ਬਾਜਵਾ ਨੇ ਅੱਗ ਦੀ ਭੇਟ ਚੜ੍ਹੇ ਗੁਰੂ ਲਾਲ ਜਨਰਲ ਸਟੋਰ ਦੇ ਮਾਲਕ ਨੂੰ ਦਿਵਾਇਆ ਇਨਸਾਫ ਦਾ ਭਰੋਸਾ

**ਕਾਦੀਆਂ(ਯਾਦਵਿੰਦਰ ਸਿੰਘ ਮਲਹੋਤਰਾ)**-ਪਿਛਲੇ ਦਿਨੀਂ ਗੁਰੂ ਲਾਲ ਜਨਰਲ ਸਟੋਰ ਕਾਦੀਆਂ ਦੇ ਬੁਟਰ ਰੋਡ ਵਿਖੇ ਲੱਗੀ ਭਿਆਨਕ ਅੱਗ ਨਾਲ ਹੋਏ ਕਰੋੜਾਂ ਦੇ ਨੁਕਸਾਨ ਤੋਂ ਬਾਅਦ ਵਿਰੋਧੀ ਧਿਰ ਦੇ ਨੇਤਾ ਤੇ ਹਲਕਾ ਵਿਧਾਇਕ ਕਾਦੀਆਂ ਪ੍ਰਤਾਪ ਸਿੰਘ ਬਾਜਵਾ ਅਤੇ ਸ਼੍ਰੋਮਣੀ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਿੰਦਰਪਾਲ ਸਿੰਘ ਗੋਰਾ ਵੱਲੋਂ ਪੀੜਤ ਦੇ ਨਾਲ ਹਮਦਰਦੀ ਪ੍ਰਗਟਾਉਂਦੇ ਹੋਏ ਪਰਿਵਾਰ ਨੂੰ ਇਨਸਾਫ ਦਿਵਾਉਣ ਦਾ ਭਰੋਸਾ ਦਵਾਇਆ ਗਿਆ।ਗੁਰੂ ਲਾਲ ਜਨਰਲ ਸਟੋਰ ਦੇ ਮਾਲਕ ਸੰਜੀਵ ਭਾਟੀਆ ਨੇ ਦੱਸਿਆ ਕਿ ਅੱਜ ਤੋਂ ਚਾਰ ਦਿਨ ਪਹਿਲਾਂ ਸਾਡੇ ਜਨਰਲ ਸਟੋਰ ਨੂੰ ਦੋ ਵਿਅਕਤੀਆਂ ਵੱਲੋਂ ਅੱਗ ਲਗਾ ਦਿੱਤੀ ਗਈ ਸੀ ਜਿਸ ਨਾਲ ਸਾਡਾ ਕਰੋੜਾਂ ਦਾ ਨੁਕਸਾਨ ਹੋ ਗਿਆ ਸੀ। ਚਾਰ ਦਿਨ ਬੀਤਣ ਦੇ ਬਾਵਜੂਦ ਵੀ ਪ੍ਰਸ਼ਾਸਨ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ।ਪਿਛਲੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਤੋਂ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਤੇ ਬੀਜੇਪੀ ਤੋਂ ਪੰਜਾਬ ਦੇ ਮੀਤ ਪ੍ਰਧਾਨ ਫਤਿਹ ਜੰਗ ਸਿੰਘ ਬਾਜਵਾ ਅਤੇ ਕਾਂਗਰਸ ਤੋਂ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਵਿਧਾਇਕ ਫਤਿਹਗੜ੍ਹ ਚੂੜੀਆਂ ਅਤੇ ਅੱਜ ਕਾਦੀਆਂ ਤੋਂ ਕਾਂਗਰਸੀ ਵਿਧਾਇਕ ਪ੍ਰਤਾਪ ਸਿੰਘ ਬਾਜਵਾ ਵੱਲੋਂ ਸਾਡੀ ਇਸ ਦੁੱਖ ਦੀ ਘੜੀ ਵਿੱਚ ਸਾਡੇ ਨਾਲ ਹਮਦਰਦੀ ਜਤਾਈ ਗਈ ਹੈ।ਸਾਡੀ ਮੰਗ ਹੈ ਕਿ ਦੋਸ਼ੀਆਂ ਨੂੰ ਤੁਰੰਤ ਫੜਿਆ ਜਾਵੇ ਅਤੇ ਸਾਨੂੰ ਇਨਸਾਫ ਦਵਾਇਆ ਜਾਵੇ। ਉਥੇ ਹੀ ਅੱਜ ਪੀੜਤ ਪਰਿਵਾਰ ਨਾਲ ਹਮਦਰਦੀ ਕਰਨ ਪੁੱਜੇ ਪ੍ਰਤਾਪ ਸਿੰਘ ਬਾਜਵਾ ਵੱਲੋਂ ਗੱਲਬਾਤ ਕਰਦੇ ਹੋਏ ਕਿਹਾ ਗਿਆ ਕਿ ਇਹ ਬਹੁਤ ਹੀ ਮਿਹਨਤੀ ਪਰਿਵਾਰ ਹੈ ਤੇ ਪਿਛਲੇ 25 ਸਾਲਾਂ ਦੌਰਾਨ ਇਨ੍ਹਾਂ ਨੇ ਮਿਹਨਤ ਕਰਕੇ ਕਾਰੋਬਾਰ ਖੜ੍ਹਾ ਕੀਤਾ ਸੀ ਪਰ ਕਿਸੇ ਸ਼ਰਾਰਤੀ ਅਨਸਰ ਵੱਲੋਂ ਇਨ੍ਹਾਂ ਦੇ ਸਟੋਰ ਨੂੰ ਅੱਗ ਲਗਾਉਣ ਕਾਰਨ ਇਨ੍ਹਾਂ ਦਾ ਬਹੁਤ ਜ਼ਿਆਦਾ ਨੁਕਸਾਨ ਹੋ ਗਿਆ ਹੈ।ਇਹ ਬਹੁਤ ਹੀ ਮੰਦਭਾਗੀ ਘਟਨਾ ਹੋਈ ਹੈ। ਉਨ੍ਹਾਂ ਕਿਹਾ ਕਿ ਮੈਂ ਇਸ ਬਾਰੇ ਸੀਐੱਮ ਨਾਲ ਵੀ ਗੱਲ ਕਰਾਂਗਾ ਤਾਂ ਜੋ ਇਨ੍ਹਾਂ ਦੀ ਵੱਧ ਤੋਂ ਵੱਧ ਮਦਦ ਹੋ ਸਕੇ। ਇਸ ਮੌਕੇ ਪ੍ਰਤਾਪ ਸਿੰਘ ਬਾਜਵਾ ਨਾਲ ਕੌਂਸਲਰ ਨਰਿੰਦਰ ਕੁਮਾਰ ਭਾਟੀਆ, ਕੌਂਸਲਰ ਸੁਖਵਿੰਦਰ ਪਾਲ ਸਿੰਘ, ਇੰਜੀ. ਨਰਿੰਦਰ ਪਾਲ ਸਿੰਘ ਸੰਧੂ ਤੇ ਹੋਰ ਸਾਥੀ ਵਰਕਰ ਵੀ ਮੌਜੂਦ ਸਨ।



# ਏਡੀਜੀਪੀ ਟਰੈਫਿਕ ਨੇ ਸਿਟੀ ਪੁਲਸ ਵੱਲੋਂ ਕੀਤੇ ਸੁਰੱਖਿਆ ਪ੍ਰਬੰਧਾਂ ਦਾ ਲਿਆ ਜਾਇਜ਼ਾ



**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**-ਏ. ਐੱਸ ਰਾਏ, ਆਈਪੀਐੱਸ, ਏਡੀਜੀਪੀ ਟਰੈਫਿਕ ਪੰਜਾਬ ਅਤੇ ਗੁਰਪ੍ਰੀਤ ਸਿੰਘ ਭੁੱਲਰ ਆਈਪੀਐੱਸ, ਕਮਿਸ਼ਨਰ ਪੁਲਸ ਅੰਮ੍ਰਿਤਸਰ ਸਿਟੀ ਪੁਲਸ ਵੱਲੋਂ ਕੀਤੇ ਗਏ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ।ਇਸ ਸਮੇਂ ਏਡੀਜੀਪੀ ਟਰੈਫਿਕ ਨੇ ਕਿਹਾ ਕਿ ਮਾਨਯੋਗ ਡੀਜੀਪੀ ਪੰਜਾਬ ਦੀਆਂ ਹਿਦਾਇਤਾਂ ਤੇ ਅੰਮ੍ਰਿਤਸਰ ਸਿਟੀ ਵਿਜ਼ਿਟ ਕੀਤਾ। ਇਹ ਵਿਜ਼ਿਟ ਦਾ ਮੁੱਖ ਮੰਤਵ 26 ਜਨਵਰੀ, ਗਣਤੰਤਰ ਦਿਵਸ ਦੌਰਾਨ ਸੁਰੱਖਿਆ ਪ੍ਰਬੰਧਾਂ ਬਾਰੇ ਜਾਇਜ਼ਾ ਤੇ ਜਾਣਕਾਰੀ ਲੈਣ ਸਬੰਧੀ ਪੁਲਸ ਕਮਿਸ਼ਨਰ, ਅੰਮ੍ਰਿਤਸਰ ਸਮੇਤ ਅਫ਼ਸਰਾਂ ਨਾਲ ਬੈਠਕ ਕਰਕੇ ਸਿਕਿਉਰਿਟੀ ਅਰੇਂਜਮੈਂਟ ਬਾਰੇ ਡਿਸਕਸ ਕਰਨਾ ਸੀ। ਡਿਸਕਸ਼ਨ ਤੋਂ ਬਾਅਦ ਗਰਾਊਂਡ ਤੇ ਜਾ ਕੇ ਪੁਲਸ ਸਟੇਸ਼ਨ ਛੇਹਰਟਾ ਤੇ ਇਸਲਾਮਾਬਾਦ ਜਾ ਕੇ ਥਾਣਿਆਂ ਵਿੱਚ ਕੈਮਰੇ ਦਾ ਸਿਸਟਮ, ਥਾਣਿਆਂ ਦੇ ਸਕਸੈਸ ਕੰਟਰੋਲ ਦਾ ਸਿਸਟਮ ਚੈੱਕ ਕੀਤਾ ਗਿਆ।ਉਪਰੰਤ ਗਾਂਧੀ ਗਰਾਊਂਡ 'ਚ ਸਿਕਿਉਰਟੀ ਅਰੇਂਜਮੈਂਟ ਦੇਖੇ ।ਉਨ੍ਹਾਂ ਅੰਮ੍ਰਿਤਸਰ ਸਿਟੀ ਪੁਲਸ ਵੱਲੋਂ ਜੋ ਨਾਈਟ ਡੋਮੀਨੇਸ਼ਨ ਆਪਰੇਸ਼ਨ ਚਲਾਏ ਜਾ ਰਹੇ ਨੇ ਉਨ੍ਹਾਂ ਬਾਰੇ ਜਾਣਕਾਰੀ ਹਾਸਿਲ ਕੀਤੀ। ਨਾਈਟ ਡੋਮੀਨੇਸ਼ਨਾਂ ਨੂੰ ਕਮਿਸ਼ਨਰ ਪੁਲਸ ਅੰਮ੍ਰਿਤਸਰ ਆਪ ਲੀਡ ਕਰਦੇ ਨੇ। ਡੀਸੀਪੀ, ਏਡੀਸੀਪੀ ਏਸੀਪੀ ਤੇ ਪੁਲਸ ਫੋਰਸ ਵੱਲੋਂ ਬੜੀ ਤਨਦੇਹੀ ਨਾਲ ਡਿਊਟੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਕਮਿਸ਼ਨਰ ਪੁਲਸ ਅੰਮ੍ਰਿਤਸਰ ਦਾ ਪਿਛਲੇ ਸਾਲ ਦਾ ਕਰਾਈਮ ਦੇਖਿਆ ਜਿਸ ਵਿੱਚ 128 ਕਿਲੋ ਹੈਰੋਇਨ ਦੀ ਬਰਾਮਦ ਕੀਤੀ ਗਈ ਹੈ ਜੋ ਕਿ ਬਹੁਤ ਵੱਡੀ ਉਪਲਬਧੀ ਹੈ।ਉਨ੍ਹਾਂ ਕਿਹਾ ਕਿ ਕਿਸੇ ਵੀ ਅਨਸਰ ਨੂੰ ਕੋਈ ਵੀ ਮਾੜਾ ਕੰਮ ਕਰਨ ਦੀ ਇੱਥੇ ਇਜਾਜ਼ਤ ਨਹੀਂ ਦਿੱਤੀ ਜਾਏਗੀ ਤੇ ਆਉਣ ਵਾਲਾ 26 ਜਨਵਰੀ ਦਾ ਦਿਹਾੜਾ ਖੁਸ਼ੀ ਨਾਲ ਮਨਾਇਆ ਜਾਏਗਾ। ਇਸ ਤੋਂ ਇਲਾਵਾ ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਵੱਲੋਂ ਬੱਸ ਸਟੈਂਡ ਤੇ ਰੇਲਵੇ ਸਟੇਸ਼ਨ ਦੀ ਚੱਪੇ-ਚੱਪੇ ਦੀ ਚੈਕਿੰਗ ਕੀਤੀ ਗਈ।

# ਮਾਈ ਟੈਲੇਂਟ ਹੰਟ ਐਪ ਵੱਲੋਂ ਸ਼ਾਨਦਾਰ ਟੈਲੇਂਟ ਸਮਾਰੋਹ ਦਾ ਆਯੋਜਨ

**ਮੋਹਾਲੀ** : ਮਾਈ ਟੈਲੇਂਟ ਹੰਟ ਐਪ ਨੇ ਆਪਣੇ ਪ੍ਰਮੁੱਖ ਮੁਕਾਬਲਿਆਂ, ਡਾਂਸ ਮੈਨੀਆ ਅਤੇ ਸਿੰਗਿੰਗ ਸੈਂਸੇਸ਼ਨ ਦੇ ਸ਼ਾਨਦਾਰ ਆਯੋਜਨ ਨਾਲ ਇੱਕ ਸ਼ਾਨਦਾਰ ਸਮਾਰੋਹ ਦੀ ਮੇਜ਼ਬਾਨੀ ਕੀਤੀ।ਇਸ ਸਮਾਰੋਹ ਵਿੱਚ ਸੈਲੀਬ੍ਰਿਟੀ ਜੱਜ ਧਰਮੇਸ਼ ਯੇਲੰਦੇ, ਮਾਸਟਰ ਸਲੀਮ ਅਤੇ ਕੁਮਾਰ ਸਾਹਿਲ ਮੌਜੂਦ ਸਨ।ਇਸ ਆਯੋਜਨ ਦੇ ਮਾਣਯੋਗ ਮੁੱਖ ਮਹਿਮਾਨ ਵਜੋਂ ਇਕਬਾਲ ਸਿੰਘ ਲਾਲਪੁਰਾ, ਰਾਸ਼ਟਰੀ ਕਮਿਸ਼ਨ ਦੇ ਪ੍ਰਧਾਨ, ਭਾਜਪਾ ਸੰਸਦੀ ਬੋਰਡ ਦੇ ਮੈਂਬਰ ਅਤੇ ਪੂਰਵ ਆਈਪੀਐੱਸ ਅਧਿਕਾਰੀ ਨੇ ਆਪਣੀ ਮੌਜੂਦਗੀ ਦਰਜ ਕਰਵਾਈ।ਸਮਾਰੋਹ ਵਿੱਚ ਵਿਸ਼ੇਸ਼ ਪ੍ਰਾਹੁਣਿਆਂ ਵਿੱਚ ਦਰਸ਼ਨ ਸਿੰਘ ਸੈਣੀ, ਅਜੈ ਵੀਰ ਸਿੰਘ ਲਾਲਪੁਰਾ, ਵਿਨੀਤ ਸਿੰਘ ਅਤੇ ਉਸਤਾਦ ਕਾਲੇ ਰਾਮ ਵੀ ਮੌਜੂਦ ਸਨ।ਮਾਈ ਟੈਲੇਂਟ ਹੰਟ ਐਪ ਦੇ ਸੰਸਥਾਪਕ ਅਤੇ ਲੈਂਡਲਾਰਡ ਵੈਂਚਰਜ਼ ਪ੍ਰਾ. ਲਿ. ਦੇ ਡਾਇਰੈਕਟਰ ਦੀਪਿੰਦਰ ਪਾਲ ਸਿੰਘ ਗਰੇਵਾਲ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਉਦੇਸ਼ ਨਵੇਂ ਆਰਟਿਸਟਾਂ ਨੂੰ ਆਪਣੀ ਸਮਰੱਥਾ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਮੰਚ ਪ੍ਰਦਾਨ ਕਰਨਾ ਹੈ।

# ਹਲਕਾ ਜੰਡਿਆਲਾ ਗੁਰੂ ਤੋਂ ਜਿੱਤੇ ਵਿਧਾਇਕਾਂ ਨੇ ਕਦੇ ਵੀ ਲੋਕਾਂ ਦੀ ਸਾਰ ਨਹੀਂ ਲਈ : ਹਰਦੀਪ ਗਿੱਲ

## * ਮੌਜੂਦਾ ਮੈਂਬਰ ਪੰਚਾਇਤ ਸਣੇ ਵਡਾਲਾ ਜੌਹਲ ਦੇ ਦਰਜਨਾਂ ਪਰਿਵਾਰ ਭਾਜਪਾ 'ਚ ਸ਼ਾਮਲ

**ਮੱਤੇਵਾਲ (ਦਵਿੰਦਰ ਸਿੰਘ ਤਰਸਿੱਕਾ)**-ਭਾਰਤੀ ਜਨਤਾ ਪਾਰਟੀ ਨੂੰ ਪਿੰਡਾਂ ਵਿੱਚ ਲਗਾਤਾਰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ।ਦੂਜੀਆਂ ਪਾਰਟੀਆਂ ਛੱਡ ਕੇ ਲੋਕ ਧੜਾਧੜ ਭਾਜਪਾ ਵਿੱਚ ਸ਼ਾਮਿਲ ਹੋ ਰਹੇ ਹਨ ।ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਵਡਾਲਾ ਜੌਹਲ ਤੋਂ ਨੌਜਵਾਨ ਆਗੂ ਸੁਰਜੀਤ ਸਿੰਘ ਤੇ ਮੌਜੂਦਾ ਮੈਂਬਰ ਪੰਚਾਇਤ ਬੀਬੀ ਭੋਲੀ ਕੌਰ ਸਣੇ 3 ਦਰਜਨ ਪਰਿਵਾਰਾਂ ਨੇ ਅਕਾਲੀ ਦਲ, ਕਾਂਗਰਸ, ਆਮ ਆਦਮੀ ਪਾਰਟੀ ਨੂੰ ਅਲਵਿਦਾ ਕਹਿ ਕੇ ਭਾਜਪਾ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ।ਹਲਕਾ ਜੰਡਿਆਲਾ ਗੁਰੂ ਦੇ ਭਾਜਪਾ ਇੰਚਾਰਜ ਹਰਦੀਪ ਸਿੰਘ ਗਿੱਲ ਨੇ ਪਾਰਟੀ ਵਿੱਚ ਸ਼ਾਮਿਲ ਹੋਏ ਨੌਜਵਾਨਾਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਬਣਦਾ ਮਾਣ ਸਤਿਕਾਰ ਦੇਣ ਦਾ ਭਰੋਸਾ ਦਿੱਤਾ।ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਭਾਜਪਾ ਹੀ ਪੰਜਾਬ ਨੂੰ ਵਿਕਾਸ ਦੀਆਂ ਲੀਹਾਂ 'ਤੇ ਲਿਆਉਣ ਦੀ ਸਮਰੱਥਾ ਰੱਖਦੀ ਹੈ।ਯੂ. ਪੀ. ਵਾਂਗ ਕਾਨੂੰਨ ਵਿਵਸਥਾ ਨੂੰ ਸੁਧਾਰਨਾ ਭਾਜਪਾ ਦਾ ਮੁੱਖ ਏਜੰਡਾ ਹੈ।ਭਾਜਪਾ ਸ਼ਾਸਿਤ ਪ੍ਰਦੇਸ਼ਾਂ ਵਿੱਚ ਗਰੀਬ ਵਰਗ ਦੀਆਂ ਔਰਤਾਂ ਨੂੰ 21-21 ਸੌ ਤੇ ਬੇਰੋਜ਼ਗਾਰ ਨੌਜਵਾਨਾਂ ਨੂੰ 3500 ਬੇਰੁਜ਼ਗਾਰੀ ਭੱਤਾ ਦਿੱਤਾ ਜਾ ਰਿਹਾ ਹੈ ਪਰ ਪੰਜਾਬ ਦੀ ਆਮ ਆਦਮੀ ਪਾਰਟੀ ਮਹਿਲਾਵਾਂ ਨੂੰ ਇੱਕ-ਇੱਕ ਹਜ਼ਾਰ ਰੁਪਏ ਦੇਣ ਦੇ ਵਾਅਦੇ ਤੋਂ ਭੱਜ ਰਹੀ ਹੈ। ਹਰ ਪਾਸੇ ਧਰਨੇ ਪ੍ਰਦਰਸ਼ਨ ਹੋ ਰਹੇ ਹਨ ।ਹਲਕਾ ਜੰਡਿਆਲਾ ਤੋਂ ਰਹਿ ਚੁੱਕੇ ਵਿਧਾਇਕਾਂ ਨੇ ਕਦੇ ਵੀ ਇਲਾਕੇ ਦੀ ਸਾਰ ਨਹੀਂ ਲਈ।ਪਿੰਡਾਂ ਵਿੱਚ ਕੱਚੇ ਕੋਠੇ, ਪਾਣੀ ਦੀ ਨਿਕਾਸੀ, ਪੀਣ ਲਈ ਸਾਫ ਸੁਥਰਾ ਪਾਣੀ ਵਰਗੀਆਂ ਬੁਨਿਆਦੀ ਸਹੂਲਤਾਂ ਅੱਜ ਵੀ ਲੋਕਾਂ ਨੂੰ ਨਹੀਂ ਮਿਲ ਰਹੀਆਂ ।ਕੇਂਦਰੀ ਸਕੀਮਾਂ ਦਾ ਲਾਭ ਪੰਜਾਬ ਸਰਕਾਰ ਦੀ ਅਣਗਹਿਲੀ ਕਾਰਨ ਗਰੀਬ ਵਰਗ ਨੂੰ ਨਹੀਂ ਮਿਲ ਰਿਹਾ।ਨਰੇਗਾ ਦਾ ਸਿਆਸੀਕਰਨ ਹੋਣ ਕਾਰਨ ਲੋਕ ਕੰਮ ਨੂੰ ਤਰਸ ਰਹੇ ਹਨ ।ਨਸ਼ਿਆਂ ਕਾਰਨ ਨੌਜਵਾਨ ਪੀੜ੍ਹੀ ਦਾ ਖਾਤਮਾ ਹੋ ਰਿਹਾ ਹੈ।ਕੇਂਦਰ ਦੀਆਂ ਯੋਜਨਾਵਾਂ ਯੋਜਨਾਵਾਂ ਵਿੱਚ ਪੰਜਾਬ ਸਰਕਾਰ ਅੜਿੱਕੇ ਡਾਹ ਰਹੀ ਹੈ।ਇਸ ਮੌਕੇ ਬੋਲਦਿਆਂ ਚੇਅਰਮੈਨ ਕੰਵਰਬੀਰ ਸਿੰਘ ਮੰਜ਼ਿਲ ਅਤੇ ਅਵਤਾਰ ਸਿੰਘ ਪੱਖੋਕੇ ਨੇ ਕਿਹਾ ਕਿ ਪੰਜਾਬ ਸਰਕਾਰ ਕੀਤੇ ਹਰ ਵਾਅਦੇ ਤੋਂ ਭੱਜ ਰਹੀ ਹੈ ਜਿਸ ਕਾਰਨ ਲੋਕਾਂ ਦਾ ਆਮ ਆਦਮੀ ਪਾਰਟੀ ਤੋਂ ਮਨ ਅੱਕ ਚੁੱਕਾ ਹੈ। ਇਸ ਮੌਕੇ ਚੇਅਰਮੈਨ ਕੰਵਰਬੀਰ ਸਿੰਘ ਮੰਜ਼ਿਲ ਤੋਂ ਇਲਾਵਾ ਅਵਤਾਰ ਸਿੰਘ ਪੱਖੋਕੇ, ਪ੍ਰਧਾਨ ਸਰਵਣ ਸਿੰਘ ਦੇਵੀਦਾਸਪੁਰਾ, ਜੋਗਿੰਦਰ ਕੌਰ, ਜਸਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਸ਼ੇਰ ਸਿੰਘ, ਲਵਪ੍ਰੀਤ ਸਿੰਘ, ਆਕਾਸ਼ਦੀਪ ਸਿੰਘ, ਪ੍ਰਧਾਨ ਸਰਵਣ ਸਿੰਘ ਦੇਵੀਦਾਸਪੁਰਾ, ਕਾਮਰੇਡ ਸੁਰਜੀਤ ਸਿੰਘ, ਸਰਬਜੀਤ ਸਿੰਘ ਵਡਾਲੀ ਵੀ ਹਾਜ਼ਰ ਸਨ। .



# ਸੰਯੁਕਤ ਕਿਸਾਨ ਮੋਰਚਾ ਪਠਾਨਕੋਟ ਵੱਲੋਂ 26 ਨੂੰ ਟਰੈਕਟਰ ਮਾਰਚ ਕਰਨ ਦਾ ਅਹਿਦ

**ਪਠਾਨਕੋਟ (ਦਵਿੰਦਰ ਸਿੰਘ)**-ਸੰਯੁਕਤ ਕਿਸਾਨ ਮੋਰਚੇ ਦੀ ਮੀਟਿੰਗ ਬਾਰਠ ਸਾਹਿਬ ਵਿਖੇ ਹੋਈ ਜਿਸ ਵਿਚ 26 ਜਨਵਰੀ ਨੂੰ ਟਰੈਕਟਰ ਮਾਰਚ ਦੀ ਸਫਲਤਾ ਲਈ ਵਿਚਾਰ ਵਿਟਾਂਦਰਾ ਕੀਤਾ ਗਿਆ।ਇਸ ਮੀਟਿੰਗ ਵਿਚ ਬੀਕੇਯੂ ਰਾਜੇਵਾਲ ਵੱਲੋਂ ਕੇਵਲ ਸਿੰਘ ਕੰਗ, ਜੋਗਾ ਸਿੰਘ, ਕੁੱਲ ਹਿੰਦ ਕਿਸਾਨ ਸਭਾ ਵੱਲੋਂ ਕੇਵਲ ਕਾਲੀਆ ਤੇ ਪਰਸ਼ੋਤਮ ਕੁਮਾਰ, ਜਮਹੂਰੀ ਕਿਸਾਨ ਸਭਾ ਵੱਲੋਂ ਬਲਦੇਵ ਰਾਜ ਭੋਆ, ਰਘਬੀਰ ਧਲੋਰੀਆ, ਕਿਰਤੀ ਕਿਸਾਨ ਯੂਨੀਅਨ ਵੱਲੋਂ ਮੁਖਤਾਰ ਸਿੰਘ, ਬੀਕੇਯੂ ਸ਼ਾਦੀਪੁਰ ਵਲੋਂ ਆਈ ਐੱਸ ਗੁਲਾਟੀ, ਕੁੱਲ ਹਿੰਦ ਕਿਸਾਨ ਸਭਾ ਵੱਲੋਂ ਇਕਬਾਲ ਸਿੰਘ ਤੇ ਅਮਰੀਕ ਸਿੰਘ ਸ਼ਾਮਲ ਹੋਏ।

ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਆਗੂਆਂ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ ਜ਼ਿਲ੍ਹੇ ਵਿੱਚ ਤਿੰਨ ਥਾਵਾਂ ਤੇ ਟਰੈਕਟਰ ਮਾਰਚ ਕੀਤਾ ਜਾਵੇਗਾ।ਇੱਕ ਜਥਾ ਬਮਿਆਲ ਤੋਂ ਸ਼ੁਰੂ ਕਰਕੇ ਕੋਲੀਆ, ਨਰੋਟ ਜੈਮਲ ਸਿੰਘ, ਫਤਿਹਪੁਰ ਵੱਲ ਮਾਰਚ ਕਰੇਗਾ। ਦੂਸਰਾ ਜੱਥਾ ਨੰਗਲ ਭੂਰ ਤੋਂ ਮੀਰਥਲ ਵੱਲ ਟਰੈਕਟਰ ਮਾਰਚ ਕਰੇਗਾ।ਤੀਸਰਾ ਜੱਥਾ ਬਾਰਠ ਸਾਹਿਬ ਦੀ ਪੁਲੀ 'ਤੇ ਇੱਕਠਾ ਹੋਵੇਗਾ।

ਸਰਨਾ ਹੁੰਦਾ ਹੋਇਆ ਪਠਾਨਕੋਟ ਦੇ ਬਾਜ਼ਾਰਾਂ ਵਿੱਚ ਟਰੈਕਟਰ ਮਾਰਚ ਕਰੇਗਾ।ਟਰੈਕਟਰ ਮਾਰਚ ਦੀ ਤਿਆਰੀ ਦੇ ਸਬੰਧ ਵਿੱਚ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ।ਸੰਯੁਕਤ ਕਿਸਾਨ ਮੋਰਚੇ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਨਿਰਧਾਰਤ ਥਾਵਾਂ ਤੇ ਵੱਧ ਤੋਂ ਵੱਧ ਟਰੈਕਟਰਾਂ ਨਾਲ ਸ਼ਾਮਲ ਹੋਵੋ।ਮੰਗਾਂ ਸਬੰਧੀ ਗੱਲ ਕਰਦਿਆਂ ਆਗੂਆਂ ਨੇ ਦੱਸਿਆ ਕਿ ਸਰਕਾਰ ਵੱਲੋਂ ਰਾਸ਼ਟਰੀ ਮਾਰਕੀਟਿੰਗ ਸਬੰਧੀ ਸੂਬਿਆਂ ਨੂੰ ਭੇਜਿਆ ਖਰੜਾ ਕਿਸਾਨ ਵਿਰੋਧੀ ਹੈ।ਇਸ ਨਾਲ ਮੰਡੀਆਂ ਬੰਦ ਹੋ ਜਾਣਗੀਆਂ ਤੇ ਕਾਰਪੋਰੇਟ ਆਪਣੇ ਸੈਲੋ ਬਣਾ ਕੇ ਮੰਡੀਆਂ ਬਣਾ ਲੈਣਗੇ ਤੇ ਕਿਸਾਨਾਂ ਨੂੰ ਉਨ੍ਹਾਂ ਦੀਆਂ ਫ਼ਸਲਾਂ ਦਾ ਬਣਦਾ ਮੁੱਲ ਨਹੀਂ ਮਿਲੇਗਾ।ਕਿਸਾਨੀ ਉੱਜੜ ਜਾਵੇਗੀ।ਇਹ ਖਰੜਾ ਕਿਸਾਨੀ ਸੰਘਰਸ਼ ਨਾਲ ਰੱਦ ਕੀਤੇ ਤਿੰਨ ਕਾਨੂੰਨਾਂ ਨੂੰ ਫਿਰ ਲਿਆਉਣ ਦਾ ਯਤਨ ਹੈ, ਜਿਸਨੂੰ ਕਿਸਾਨ ਕਦੀ ਵੀ ਸਫਲ ਨਹੀਂ ਹੋਣ ਦੇਣਗੇ।ਇਸ ਦੇ ਨਾਲ ਉਨ੍ਹਾਂ ਮੰਗ ਕੀਤੀ ਕਿ ਐੱਮਐੱਸਪੀ ਸਬੰਧੀ ਕਾਨੂੰਨ ਬਣਾ ਕੇ ਲਾਗੂ ਕੀਤਾ ਜਾਵੇ।ਉਨ੍ਹਾਂ ਨੇ ਬਿਜਲੀ ਵਿਭਾਗ ਦਾ ਨਿੱਜੀਕਰਨ ਬੰਦ ਕਰਨ ਦੀ ਵੀ ਮੰਗ ਕੀਤੀ ।ਉਨ੍ਹਾਂ ਕਿਸਾਨਾਂ ਅਤੇ ਮਜ਼ਦੂਰਾਂ ਦੇ ਕਰਜ਼ੇ ਮੁਆਫ ਕੀਤੇ ਜਾਣ ਦੀ ਵੀ ਮੰਗ ਦੁਹਰਾਈ।



# ਦੇਸ਼ ਦੀ ਸੁਤੰਤਰਤਾ, ਏਕਤਾ ਤੇ ਅਖੰਡਤਾ ਭੰਗ ਕਰਨ ਦੇ ਆਰ ਐੱਸ ਐੱਸ-ਭਾਜਪਾ ਦੇ ਮਨਸੂਬੇ ਪਛਾੜੋ : ਪਾਸਲਾ

* ਫੈਡਰਲ ਅਧਿਕਾਰਾਂ ਦਾ ਘਾਣ ਕਰਨ ਦੀ ਨਹੀਂ ਦੇਵਾਂਗੇ ਇਜਾਜ਼ਤ : ਕਰੀਮਪੁਰੀ
* ਪੰਜਾਬ ਨਾਲ ਧੱਕੇ-ਵਿਤਕਰੇ ਖ਼ਿਲਾਫ਼ ਵਿੱਢਾਂਗੇ ਪੰਜਾਬੀਆਂ ਦੀ ਸਾਂਝੀ ਜੱਦੋਜਹਿਦ : ਚੰਦੂਮਾਜਰਾ

**ਜਲੰਧਰ (ਕੇਸਰ, ਰਾਜੇਸ਼ ਥਾਪਾ)**

ਵੱਖੋ-ਵੱਖ ਧਰਮਾਂ ਨੂੰ ਮੰਨਣ ਵਾਲੇ ਸਭਨਾ ਭਾਰਤੀਆਂ ਦੀ ਭਾਈਚਾਰਕ ਸਾਂਝ ਨੂੰ ਖੇਰੂੰ-ਖੇਰੂੰ ਕਰਨ ਵਾਲੇ, ਰਾਸ਼ਟਰੀ ਸੋਇਮ ਸੇਵਕ ਸੰਘ (ਆਰ ਐਸ ਐਸ) ਦੇ ਫਿਰਕੂ-ਫਾਸ਼ੀ, ਫੁੱਟਪਾਊ ਏਜੰਡੇ ਦੀ ਪੂਰਤੀ ਲਈ ਦੇਸ਼ ਦਾ ਰਾਜ-ਭਾਗ ਚਲਾ ਰਹੀ ਭਾਜਪਾ ਦੀ ਅਗਵਾਈ ਹੇਠਲੀ ਮੋਦੀ-03 ਸਰਕਾਰ ਵਲੋਂ ਦੇਸ਼ ਦੇ ਸੰਵਿਧਾਨ ਤੇ ਸੰਘਾਤਮਕ ਢਾਂਚੇ 'ਤੇ ਕੀਤੇ ਜਾ ਰਹੇ ਹਮਲੇ, ਲੱਖਾਂ ਸ਼ਹਾਦਤਾਂ ਤੇ ਅਦੁੱਤੀ ਕੁਰਬਾਨੀਆਂ ਸਦਕਾ ਹਾਸਲ ਕੀਤੀ ਦੇਸ਼ ਦੀ ਆਜ਼ਾਦੀ ਅਤੇ ਭੂਗੋਲਿਕ ਅਖੰਡਤਾ ਲਈ ਅਤਿ ਘਾਤਕ ਸਿੱਧ ਹੋਣਗੇ। ਉਕਤ ਰਾਇ ਸਥਾਨਕ ਦੇਸ਼ ਭਗਤ ਯਾਦਗਾਰ ਦੇ ਗ਼ਦਰੀ ਸ਼ਹੀਦ ਵਿਸ਼ਣੂ ਗਣੇਸ਼ ਪਿੰਗਲੇ ਹਾਲ ਵਿਖੇ ਸਾਥੀ ਰਤਨ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਹੋਈ, ਵੱਖੋ-ਵੱਖ ਸਿਆਸੀ ਤੇ ਸਮਾਜਿਕ ਧਿਰਾਂ ਅਤੇ ਉੱਘੇ ਬੁੱਧੀਜੀਵੀਆਂ ਦੀ ਭਰਵੀਂ ਹਾਜ਼ਰੀ ਵਾਲੀ ਸੰਘੀ ਢਾਂਚਾ ਬਚਾਓ, ਸੰਵਿਧਾਨ ਬਚਾਓ ਦੇਸ਼ ਬਚਾਓ ਨੁਮਾਇੰਦਾ ਕਨਵੈਨਸ਼ਨ ਵਲੋਂ ਸਰਵ ਸੰਮਤੀ ਨਾਲ ਪ੍ਰਵਾਨ ਕੀਤੇ ਗਏ ਮਤੇ ਰਾਹੀਂ ਪ੍ਰਗਟ ਕੀਤੀ ਗਈ ਹੈ। ਸਾਥੀ ਪਰਗਟ ਸਿੰਘ ਜਾਮਾਰਾਏ ਵਲੋਂ ਰੱਖੇ ਗਏ ਉਕਤ ਮਤੇ ਰਾਹੀਂ ਦੇਸ਼ ਦੀਆਂ ਖੱਬੀਆਂ, ਜਮਹੂਰੀ, ਧਰਮ ਨਿਰਪੱਖ ਧਿਰਾਂ ਅਤੇ ਪ੍ਰਗਤੀਸ਼ੀਲ ਤੇ ਨਿਆਂ ਪਸੰਦ ਤਾਕਤਾਂ ਨੂੰ ਦੇਸ਼ ਨੂੰ ਅਸਥਿਰ ਕਰਨ ਵਾਲੇ ਇਸ ਹੱਲੇ ਖਿਲਾਫ ਸਮੂਹ ਦੇਸ਼ ਵਾਸੀਆਂ ਨੂੰ ਇਕਜੁੱਟ ਕਰਨ ਅਤੇ ਭਾਰਤ ਦੇ ਸੰਵਿਧਾਨ ਤੇ ਜਮਹੂਰੀ, ਧਰਮ ਨਿਰਪੱਖ, ਫੈਡਰਲ ਢਾਂਚੇ ਦੀ ਰਾਖੀ ਲਈ ਤਿੱਖੇ, ਬੱਝਵੇਂ ਸੰਘਰਸ਼ ਵਿੱਢਣ ਦੀ ਅਪੀਲ ਕੀਤੀ ਗਈ ਹੈ। ਸੰਘਰਸ਼ ਦੀ ਨਿੱਗਰ ਸ਼ੁਰੂਆਤ ਕਰਨ ਲਈ ਉਕਤ ਮਤੇ ਦੀ ਸੇਧ ਵਿਚ ਵਿਸ਼ਾਲ ਭਾਗੀਦਾਰੀ ਵਾਲੀਆਂ ਜ਼ਿਲ੍ਹਾ ਪੱਧਰੀ ਕਨਵੈਨਸ਼ਨਾਂ ਕਰਨ ਦਾ ਸੱਦਾ ਦਿੱਤਾ ਗਿਆ ਹੈ।





ਮਤੇ ਰਾਹੀਂ ਮੰਗ ਕੀਤੀ ਗਈ ਹੈ ਕਿ ਚੰਡੀਗੜ੍ਹ ਪੰਜਾਬ ਦੇ ਹਵਾਲੇ ਕੀਤਾ ਜਾਵੇ, ਚੰਡੀਗੜ੍ਹ ਵਿਖੇ ਹਰਿਆਣਾ ਦੀ ਸਕੱਤਰੇਤ ਦੀ ਉਸਾਰੀ ਲਈ ਜਗ੍ਹਾ ਤੇ ਫੰਡ ਮੁਹੱਈਆ ਕਰਵਾਉਣ ਦਾ ਫੈਸਲਾ ਰੱਦ ਕੀਤਾ ਜਾਵੇ, ਦਰਿਆਈ ਪਾਣੀਆਂ ਦੀ ਨਿਆਂ ਸੰਗਤ ਵੰਡ ਕੀਤੀ ਜਾਵੇ, ਪੰਜਾਬੀ ਬੋਲਦੇ ਇਲਾਕੇ ਪੰਜਾਬ 'ਚ ਸ਼ਾਮਲ ਕੀਤੇ ਜਾਣ, ਪੰਜਾਬੀ ਭਾਸ਼ਾ ਨੂੰ ਦੇਸ਼ ਭਰ 'ਚ ਉਚਿਤ ਸਨਮਾਨ ਦਿੱਤਾ ਜਾਵੇ, ਭਾਖੜਾ-ਬਿਆਸ ਪ੍ਰਬੰਧਕੀ ਬੋਰਡ 'ਚ ਪੰਜਾਬ ਦੀ ਖਤਮ ਕੀਤੀ ਮੈਂਬਰੀ ਬਹਾਲ ਕੀਤੀ ਜਾਵੇ, ਬੀ ਐਸ ਐਫ ਨੂੰ ਦਿੱਤਾ ਵਧੇਰੇ ਅੰਦਰ ਤਕ ਦਾਖ਼ਲ ਹੋ ਕੇ ਗਸ਼ਤ ਕਰਨ ਦਾ ਅਧਿਕਾਰ ਸਮਾਪਤ ਕੀਤਾ ਜਾਵੇ, ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰ ਨਿਯੁਕਤ ਕਰਨ ਲਈ ਗਵਰਨਰਾਂ ਨੂੰ ਦਿੱਤੇ ਅਧਿਕਾਰ ਵਾਪਸ ਲਏ ਜਾਣ ਅਤੇ ਚੰਡੀਗੜ੍ਹ ਵਿਖੇ ਸਕੱਤਰ ਦੀ ਨਿਯੁਕਤੀ ਦਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ।

ਮੁੱਖ ਬੁਲਾਰਿਆਂ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਦੇ ਜਨਰਲ ਸਕੱਤਰ ਮੰਗਤ ਰਾਮ ਪਾਸਲਾ, ਬਹੁਜਨ ਸਮਾਜ ਪਾਰਟੀ (ਬਸਪਾ) ਦੇ ਸੂਬਾਈ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ, ਨਾਮਵਰ ਅਕਾਲੀ ਆਗੂ ਪ੍ਰੇਮ ਸਿੰਘ ਚੰਦੂਮਾਜਰਾ ਤੋਂ ਇਲਾਵਾ ਉੱਘੇ ਬੁੱਧੀਜੀਵੀ ਸਤਨਾਮ ਸਿੰਘ ਮਾਣਕ ਤੇ ਲਖਵਿੰਦਰ ਸਿੰਘ ਜੌਹਲ ਨੇ ਕਿਹਾ ਹੈ ਕਿ ਸੰਵਿਧਾਨਕ ਕਦਰਾਂ-ਕੀਮਤਾਂ ਅਤੇ ਫੈਡਰਲਿਜ਼ਮ ਖਿਲਾਫ਼ ਵਿੱਢਿਆ ਗਿਆ ਹੱਲਾ ਦੇਸ਼ ਅੰਦਰ ਧਰਮ ਅਧਾਰਤ, ਗੈਰ ਲੋਕਰਾਜੀ, ਕੱਟੜ ਵਿਵਸਥਾ ਦੀ ਕਾਇਮੀ ਦੇ ਆਰ ਐਸ ਐਸ., ਭਾਜਪਾ ਦੇ ਚਿਰੋਕਣੇ ਯਤਨਾਂ ਦਾ ਹਿਸਾ ਹੈ। ਉਨ੍ਹਾਂ ਕਿਹਾ ਕਿ ਆਪਣਾ ਇਹੋ ਨਿਸ਼ਾਨਾ ਪੂਰਾ ਕਰਨ ਲਈ ਹਿੰਦੂਤਵੀ-ਫਾਸਿਸਟ ਟੋਲੇ ਲੋਕਾਂ ਨੂੰ ਪੰਜਾਬ-ਪੰਜਾਬੀਆਂ ਦੀ ਜੁਝਾਰੂ ਵਿਰਾਸਤ ਤੇ ਨਾਬਰੀ ਦੇ ਸੁਭਾਅ, ਮਾਨਵੀ ਸਰੋਕਾਰਾਂ ਨੂੰ ਪ੍ਰਣਾਈ ਸਿਖ ਗੁਰੂ ਸਾਹਿਬਾਨ ਤੇ ਭਗਤੀ ਲਹਿਰ ਦੇ ਰਹਿਬਰਾਂ ਦੀ ਬਾਣੀ ਤੇ ਸਿਖਿਆਵਾਂ ਅਤੇ ਗ਼ਦਰੀ ਸੂਰਬੀਰਾਂ, ਸ਼ਹੀਦ-ਏ-ਆਜ਼ਮ ਭਗਤ ਸਿੰਘ ਤੇ ਸਾਥੀਆਂ ਦੀ ਮਾਨਵ ਹਿਤੈਸ਼ੀ ਵਿਚਾਰਧਾਰਾ ਤੋਂ ਬੇਮੁੱਖ ਕਰਨ ਲਈ ਤਰਲੋ-ਮੱਛੀ ਹੋ ਰਹੇ ਹਨ ਅਤੇ ਪੰਜਾਬ ਖਿਲਾਫ ਨਿੱਤ ਨਵੀਆਂ ਸਾਜ਼ਿਸ਼ਾਂ ਘੜ ਰਹੇ ਹਨ।

ਬੁਲਾਰਿਆਂ ਨੇ ਕਿਹਾ ਹੈ ਕਿ ਮੋਹਨ ਭਾਗਵਤ ਦੇ 'ਦੇਸ਼ ਨੂੰ ਅਸਲੀ ਆਜ਼ਾਦੀ, ਅਯੁੱਧਿਆ ਵਿਚਲੇ ਰਾਮ ਮੰਦਰ ਵਿਖੇ ਮੂਰਤੀ ਸਥਾਪਨਾ ਵਾਲੇ ਦਿਨ, 22 ਜਨਵਰੀ 2023 ਨੂੰ ਮਿਲਣ' ਦੇ ਬਿਆਨ ਤੋਂ ਆਰ.ਐਸ.ਐਸ., ਭਾਜਪਾ ਦੀ ਭਾਰਤ ਦੀ ਸੁਤੰਤਰਤਾ, ਸੰਵਿਧਾਨ ਅਤੇ ਦੇਸ਼ ਦੇ ਲੋਕ ਰਾਜੀ, ਫੈਡਰਲ, ਧਰਮ ਨਿਰਪੱਖ ਢਾਂਚੇ ਪ੍ਰਤੀ ਘਿਰਣਾ ਜਗ ਜਾਹਿਰ ਹੋ ਗਈ ਹੈ।ਸੀਨੀਅਰ ਅਕਾਲੀ ਆਗੂ ਡਾਕਟਰ ਦਲਜੀਤ ਸਿੰਘ ਚੀਮਾ ਨੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਵਲੋਂ ਭੇਜੇ ਇਕ ਸੰਦੇਸ਼ ਰਾਹੀਂ ਕਨਵੈਨਸ਼ਨ ਦੀ ਸੇਧ ਅਤੇ ਫੈਸਲਿਆਂ ਨਾਲ ਸਹਿਮਤੀ ਪ੍ਰਗਟਾਈ ਹੈ।ਮੰਚ ਸੰਚਾਲਕ ਦੇ ਫਰਜ ਪ੍ਰੋ ਜੈਪਾਲ ਸਿੰਘ ਨੇ ਨਿਭਾਏ। ਮੰਚ ਤੇ ਸਾਥੀ ਹਰਕੰਵਲ ਸਿੰਘ ਵੀ ਮੌਜੂਦ ਸਨ। ਸਮਾਪਤੀ ਉਪਰੰਤ ਉਕਤ ਮਤੇ ਦੀਆਂ ਭਾਵਨਾਵਾਂ ਉਜਾਗਰ ਕਰਦੀਆਂ ਤਖਤੀਆਂ ਹੱਥਾਂ 'ਚ ਲੈ ਕੇ ਮਾਰਚ ਵੀ ਕੀਤਾ ਗਿਆ।

# ਪੰਜਾਬ 'ਚ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 1.68 ਕਰੋੜ ਲਾਭਪਾਤਰੀ ਰਜਿਸਟਰਡ: ਬਹਿਲ

**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਪੰਜਾਬ ਦੇ ਲੋਕਾਂ ਲਈ ਮਿਆਰੀ ਸਿਹਤ ਸੇਵਾਵਾਂ ਤੱਕ ਆਸਾਨ ਪਹੁੰਚ ਨੂੰ ਯਕੀਨੀ ਬਣਾਉਣ ਦੀ ਦਿਸ਼ਾ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦਿਆਂ ਸਿਹਤ ਅਤੇ ਪਰਿਵਾਰ ਭਲਾਈ ਵੱਲੋਂ ਇੱਕ ਐਂਡਰਾਇਡ ਮੋਬਾਈਲ ਐਪਲੀਕੇਸ਼ਨ ਸਟੇਟ ਹੈਲਥ ਏਜੰਸੀ ਪੰਜਾਬ ਤਿਆਰ ਕੀਤੀ ਗਈ ਹੈ ਜਿਸ ਦੀ ਵਰਤੋਂ ਕਰਕੇ ਵਿਅਕਤੀ ਹੁਣ ਆਪਣੇ ਮੋਬਾਈਲ ਫੋਨਾਂ ਤੋਂ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਈ ਆਪਣੀ ਯੋਗਤਾ ਦੀ ਆਸਾਨੀ ਨਾਲ ਜਾਂਚ ਕਰ ਸਕਦੇ ਹਨ।ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਐਪ ਇਸ ਸਕੀਮ ਨਾਲ ਸੂਚੀਬੱਧ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਬਾਰੇ ਵੀ ਜਾਣਕਾਰੀ ਪ੍ਰਦਾਨ ਕਰਦੀ ਹੈ ਜਿੱਥੇ ਲੋੜਵੰਦ ਵਿਅਕਤੀ ਇਸ ਸਰਕਾਰੀ ਸਿਹਤ ਬੀਮਾ ਯੋਜਨਾ ਤਹਿਤ ਇਲਾਜ ਕਰਵਾ ਸਕਦੇ ਹਨ।ਚੇਅਰਮੈਨ ਬਹਿਲ ਨੇ ਦੱਸਿਆ ਕਿ ਪੰਜਾਬ ਵਿੱਚ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 1.68 ਕਰੋੜ ਲਾਭਪਾਤਰੀ ਹਨ।ਇਨ੍ਹਾਂ ਵਿੱਚੋਂ ਲਗਭਗ 88 ਲੱਖ ਲਾਭਪਾਤਰੀ ਪਹਿਲਾਂ ਹੀ ਆਪਣੇ ਈ-ਕਾਰਡ ਬਣਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਮੁਹੱਈਆ ਕਰਵਾਈ ਜਾ ਰਹੀ ਇਹ ਮਹੱਤਵਪੂਰਨ ਸਹੂਲਤ ਇੱਕ ਵਿਲੱਖਣ ਸਕੀਮ ਹੈ ਕਿਉਂਕਿ ਇਸ ਵਿੱਚ ਉਨ੍ਹਾਂ ਲੱਖਾਂ ਵਾਧੂ ਵਿਅਕਤੀਆਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ ਜੋ ਆਯੂਸ਼ਮਾਨ ਭਾਰਤ ਸਕੀਮ ਅਧੀਨ ਕਵਰ ਨਹੀਂ ਕੀਤੇ ਜਾਂਦੇ।ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਵਿੱਚ ਜੇ-ਫਾਰਮ ਵਾਲੇ ਕਿਸਾਨ, ਛੋਟੇ ਵਪਾਰੀ, ਸਮਾਰਟ ਰਾਸ਼ਨ ਕਾਰਡ ਧਾਰਕ, ਲੇਬਰ ਬੋਰਡ ਨਾਲ ਰਜਿਸਟਰਡ ਉਸਾਰੀ ਕਾਮੇ ਅਤੇ ਮਾਨਤਾ ਪ੍ਰਾਪਤ ਪੱਤਰਕਾਰਾਂ ਸਮੇਤ ਲਗਭਗ 45 ਲੱਖ ਪਰਿਵਾਰ ਸ਼ਾਮਲ ਹਨ।ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਆਮ ਲੋਕਾਂ ਨੂੰ ਸਿਹਤ ਬੀਮਾ ਯੋਜਨਾ ਸਬੰਧੀ ਕਾਰਡਾਂ ਲਈ ਆਪਣੀ ਯੋਗਤਾ ਦਾ ਪਤਾ ਲਗਾਉਣ ਲਈ ਸਰਕਾਰੀ ਹਸਪਤਾਲਾਂ ਜਾਂ ਸੇਵਾ ਕੇਂਦਰਾਂ ਵਿੱਚ ਜਾਣਾ ਪੈਂਦਾ ਸੀ।ਹੁਣ ਪੰਜਾਬ ਸਰਕਾਰ ਵੱਲੋਂ ਪ੍ਰਦਾਨ ਕੀਤੀ ਗਈ ਇਸ ਮਹੱਤਵਪੂਰਨ ਸਹੂਲਤ ਨਾਲ ਪੰਜਾਬ ਦੇ ਲੋਕ ਮੋਬਾਈਲ ਐਪ ਰਾਹੀਂ ਘਰ ਬੈਠੇ ਹੀ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਈ ਆਪਣੀ ਯੋਗਤਾ ਦੀ ਜਾਂਚ ਕਰ ਸਕਦੇ ਹਨ।

23-Jan-PAGE-12.qxd 1/22/2025 10:58 PM Page 1



## ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਵਿਖੇ ਧਾਰਮਿਕ ਜੋੜ ਮੇਲੇ ਦਾ ਪੋਸਟਰ ਜਾਰੀ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਜੀ ਪਿੰਡ ਨਡਾਲੋਂ ਵਿਖੇ ਸੰਤ ਬਾਬਾ ਨਰਿੰਦਰ ਸਿੰਘ ਜੀ-ਸੰਤ ਬਾਬਾ ਬਲਵਿੰਦਰ ਸਿੰਘ ਜੀ ਸੰਪਰਦਾਇ ਕਾਰ ਸੇਵਾ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੀ ਸਰਪ੍ਰਸਤੀ ਤੇ ਜਥੇਦਾਰ ਬਾਬਾ ਗੁਰਮੀਤ ਸਿੰਘ ਜੀ ਨਡਾਲੋਂ ਵਾਲਿਆਂ ਦੀ ਦੇਖ-ਰੇਖ ਹੇਠ ਸੰਤ ਬਾਬਾ ਨਿਧਾਨ ਸਿੰਘ ਜੀ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੇ ਜਨਮ ਦਿਹਾੜੇ ਨੂੰ ਸਮਰਪਿਤ ਮਨਾਏ ਜਾ ਰਹੇ 35 ਰੋਜ਼ਾ ਧਾਰਮਿਕ ਜੋੜ ਮੇਲੇ ਦੇ ਸਮਾਗਮਾਂ ਸੰਬੰਧੀ ਪੋਸਟਰ ਜਾਰੀ ਕੀਤਾ ਗਿਆ।

ਪੋਸਟਰ ਜਾਰੀ ਜਥੇਦਾਰ ਜਸਬੀਰ ਸਿੰਘ ਭੱਟੀ, ਭਾਈ ਲਖਵਿੰਦਰ ਸਿੰਘ, ਅਮਰਜੀਤ ਸਿੰਘ ਰਾਜਾ ਜਾਂਗਲਿਆਣਾ, ਭਾਈ ਅਰਸ਼ਦੀਪ ਸਿੰਘ ਬਾਸਰਕੇ ਗਿੱਲਾਂ ਨੇ ਸਾਂਝੇ ਤੌਰ 'ਤੇ ਕੀਤਾ। ਸ੍ਰੀ ਅਖੰਡ ਪਾਠ ਸਾਹਿਬ ਜੀ ਦੀਆਂ ਲੜੀਆਂ 1 ਜਨਵਰੀ ਤੋਂ ਨਿਰੰਤਰ ਚੱਲ ਰਹੀਆਂ ਹਨ, ਜਿਨ੍ਹਾਂ ਦੇ ਭੋਗ 4 ਫਰਵਰੀ ਨੂੰ ਪਾਏ ਜਾਣਗੇ। 30 ਜਨਵਰੀ ਨੂੰ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ। 1 ਫਰਵਰੀ ਤੋਂ 4 ਫਰਵਰੀ ਸਵੇਰ ਤੱਕ 24 ਘੰਟੇ ਅਖੰਡ ਨਾਮ ਸਿਮਰਨ ਜਾਪ ਹੋਵੇਗਾ, 4 ਫਰਵਰੀ ਨੂੰ ਨਾਮ ਸਿਮਰਨ ਜਾਪ ਤੇ ਸ੍ਰੀ ਅਖੰਡ ਪਾਠ ਸਾਹਿਬ ਦੀਆਂ ਚੱਲ ਰਹੀਆਂ ਲੜੀਆਂ ਦੇ ਭੋਗ ਪਾਏ ਜਾਣਗੇ, ਉਪਰੰਤ ਗਿਆਨੀ ਸਰਬਜੀਤ ਸਿੰਘ ਲੁਧਿਆਣੇ ਵਾਲੇ, ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਢਾਡੀ ਗਿਆਨੀ ਤਰਸੇਮ ਸਿੰਘ ਜੀ ਮੋਰਾਂਵਾਲੀ, ਕਵੀਸ਼ਰ ਭਾਈ ਕੇਵਲ ਸਿੰਘ ਮਹਿਤਾ, ਢਾਡੀ ਭਾਈ ਮਿਲਖਾ ਸਿੰਘ ਮੌਜੀ, ਭਾਈ ਰਣਜੋਧ ਸਿੰਘ ਨਡਾਲੋਂ, ਭਾਈ ਸੁਖਦੇਵ ਸਿੰਘ ਨਡਾਲੋਂ ਆਈਆਂ ਸੰਗਤਾਂ ਨੂੰ ਗੁਰਬਾਣੀ ਕੀਰਤਨ, ਕਥਾ, ਢਾਡੀ ਵਾਰਾਂ ਤੇ ਕਵੀਸ਼ਰੀ ਵਾਰਾਂ ਰਾਹੀਂ ਨਿਹਾਲ ਕਰਨਗੇ।

ਇਸ ਮੌਕੇ ਜਰਨੈਲ ਸਿੰਘ ਨਡਾਲੋਂ, ਧਰਮਿੰਦਰ ਸਿੰਘ ਸੈਣੀ, ਕਿਰਪਾਲ ਸਿੰਘ, ਗੁਰਦੀਪ ਸਿੰਘ ਨੰਗਲਾਂ, ਕੁਲਵਿੰਦਰ ਸਿੰਘ ਠੱਕਲ, ਮਨਜੀਤ ਸਿੰਘ ਚੇਤਾ, ਮਹਿੰਦਰ ਸਿੰਘ ਪਾਂਸ਼ਟਾ, ਅਵਤਾਰ ਸਿੰਘ ਕੁੱਕੋਵਾਲ, ਹਰਦੀਪ ਸਿੰਘ, ਨੰਬਰਦਾਰ ਭੁਪਿੰਦਰ ਸਿੰਘ ਪੰਡੋਰੀ, ਕਮਲਜੀਤ ਸਿੰਘ ਪੰਜੋੜਾ, ਮੋਹਣ ਸਿੰਘ ਪਾਂਸ਼ਟਾ, ਸੁਰਜੀਤ ਕੁਮਾਰ ਪਾਂਸ਼ਟਾ, ਸੁਰਜੀਤ ਸਿੰਘ ਪਾਂਸ਼ਟਾ, ਸਰਵਣ ਸਿੰਘ ਪਾਂਸ਼ਟਾ, ਸਮਰਜੀਤ ਸਿੰਘ ਪਾਂਸ਼ਟਾ, ਕਿਸ਼ਨ ਸਿੰਘ ਲਾਂਗਰੀ, ਬਿੰਦਰ ਸਿੰਘ, ਪਰਮਜੀਤ ਸਿੰਘ ਪੰਮਾ ਆਦਿ ਹਾਜ਼ਰ ਸਨ।

## ਇਨੋਸੈਂਟ ਹਾਰਟਸ ਸਕੂਲ ਲੋਹਾਰਾਂ ਦਾ ਕਰਾਟੇ ਚੈਂਪੀਅਨਸ਼ਿਪ 'ਚ ਸ਼ਾਨਦਾਰ ਪ੍ਰਦਰਸ਼ਨ



**ਜਲੰਧਰ -(ਸ਼ੈਲੀ ਐਲਬਰਟ)**- ਇਨੋਸੈਂਟ ਹਾਰਟਸ ਸਕੂਲ ਲੋਹਾਰਾਂ ਦੇ ਨੌਜਵਾਨ ਕਰਾਟੇਕਾਰਾਂ ਨੇ ਮਹਨ, ਉੱਤਰ ਪ੍ਰਦੇਸ਼, ਭਾਰਤ ਵਿੱਚ ਆਯੋਜਿਤ ਜੇਕੇਐਸ ਸਾਊਥ ਏਸ਼ੀਆ ਕਰਾਟੇ ਚੈਂਪੀਅਨਸ਼ਿਪ 2025 ਵਿੱਚ ਕਈ ਤਗਮੇ ਜਿੱਤੇ ਹਨ। ਏਂਜਲ ਚਾਹਲ ਅਤੇ ਅਭਿਜੀਤ ਸਿੰਘ ਨੇ ਸੋਨੇ ਦਾ ਤਗਮਾ ਜਿੱਤਿਆ। ਵੈਸ਼ਨਵੀ ਨੇ ਚਾਂਦੀ ਦਾ ਤਗਮਾ ਜਦਕਿ ਸੁਖਮਨੀ ਕੌਰ ਨੇ ਕਾਂਸੇ ਦਾ ਤਗਮਾ ਹਾਸਲ ਕੀਤਾ। ਇਨੋਸੈਂਟ ਹਾਰਟਸ ਸਕੂਲ ਦੀ ਟੀਮ ਦੇ ਸ਼ਾਨਦਾਰ ਪ੍ਰਦਰਸ਼ਨ ਨੇ ਉਨ੍ਹਾਂ ਨੂੰ ਓਸਲੋ, ਨਾਰਵੇ ਵਿੱਚ ਹੋਣੀ ਤਾਏਕਿਊਨ ਇੰਟਰਨੈਸ਼ਨਲ ਕਰਾਟੇ ਚੈਂਪੀਅਨਸ਼ਿਪ ਵਿੱਚ ਭਾਰਤ ਦੀ ਨੁਮਾਇੰਦਗੀ ਕਰਨ ਦਾ ਮਾਣ ਦਿਵਾਇਆ। ਪ੍ਰਿੰਸੀਪਲ ਸ਼੍ਰੀਮਤੀ ਸ਼ਾਲੂ ਸਹਿਗਲ ਦੇ ਨਾਲ ਐਚ.ਓ.ਡੀ ਸਪੋਰਟਸ ਜਗਜੀਤ ਸਿੰਘ ਨੇ ਜੇਤੂਆਂ ਨੂੰ ਉਨ੍ਹਾਂ ਦੀ ਇਸ ਕਾਮਯਾਬੀ ਤੇ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ । ਸਕੂਲ ਮੈਨੇਜਮੈਂਟ ਅਤੇ ਸਟਾਫ਼ ਟੀਮ ਦੀ ਇਸ ਕਾਮਯਾਬੀ ਤੋਂ ਬਹੁਤ ਖੁਸ਼ ਹੈ ਅਤੇ ਮੈਡਲ ਜੇਤੂਆਂ ਨੂੰ ਉਨ੍ਹਾਂ ਦੀ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ ਹੈ।

### 105ਵੇਂ ਜਨਮ ਦਿਵਸ 'ਤੇ ਵਿਸ਼ੇਸ਼

# ਇੱਕ ਯੁੱਗ ਦਾ ਅੰਤ



ਕਾਮਰੇਡ ਗੰਧਰਵ ਸੇਨ ਕੋਛੜ ਦਾ 105ਵਾਂ ਜਨਮ ਦਿਵਸ ਹੈ। ਉਨ੍ਹਾਂ ਦਾ ਜਨਮ 23 ਜਨਵਰੀ 1919 ਨੂੰ ਮਾਤਾ ਅਮਰ ਕੌਰ ਅਤੇ ਪਿਤਾ ਸ੍ਰੀ ਹਰਭਗਵਾਨ ਦਾਸ ਕੋਛੜ ਦੇ ਘਰ ਨੂਰਮਹਿਲ ਵਿਖੇ ਹੋਇਆ। ਉਨ੍ਹਾਂ ਮੁਤਾਬਕ ਕੋਛੜ ਪਰਵਾਰ ਕੁਝ ਪੀੜ੍ਹੀਆਂ ਪਹਿਲਾਂ ਐਮਨਾਬਾਦ (ਜੋ ਕਿ ਹੁਣ ਪਾਕਿਸਤਾਨ ਵਿਚ ਹੈ) ਤੋਂ Migrate ਹੋ ਕੇ ਆਇਆ ਸੀ।

ਕਾਮਰੇਡ ਗੰਧਰਵ ਸੇਨ ਇਕ ਖੱਬੇ-ਪੱਖੀ ਸਿਆਸੀ ਕਾਰਕੁੰਨ ਸਨ ਅਤੇ ਬਚਪਨ ਤੋਂ ਹੀ ਉਨ੍ਹਾਂ ਦਾ ਝੁਕਾਅ ਖੱਬੇ-ਪੱਖੀ ਸਿਆਸਤ ਵੱਲ ਰਿਹਾ। ਸ਼ਹੀਦੇ-ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ, ਲਾਲਾ ਲਾਜਪਤ ਰਾਏ ਆਦਿ ਦੀਆਂ ਸ਼ਹੀਦੀਆਂ ਨੇ ਆਪ ਦੇ ਬਾਲ ਮਨ ਉਪਰ ਗਹਿਰਾ ਅਸਰ ਪਾਇਆ ਹੈ। ਉਹ ਨੂਰਮਹਿਲ ਮਿਊਂਸਿਪਲ ਕਮੇਟੀ ਦੇ ਪ੍ਰਧਾਨ ਵੀ ਬਣੇ।

ਕਾਮਰੇਡ ਗੰਧਰਵ ਸੇਨ ਕੋਛੜ ਜੀ ਨੇ ਲੰਬਾ ਸਮਾਂ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਜਨਰਲ ਸਕੱਤਰ ਦੀ ਭੂਮਿਕਾ ਨਿਭਾਉਂਦਿਆਂ ਯੋਗ ਅਗਵਾਈ ਕੀਤੀ। 'ਮੇਲਾ ਗ਼ਦਰੀ ਬਾਬਿਆਂ ਦਾ' ਨੂੰ ਸਿਖਰਲੀਆਂ ਉਚਾਈਆਂ 'ਤੇ ਪਹੁੰਚਾਉਣ ਵਿਚ ਉਨ੍ਹਾਂ ਅਹਿਮ ਭੂਮਿਕਾ ਅਦਾ ਕੀਤੀ। ਉਨ੍ਹਾਂ ਦੀ ਅਗਵਾਈ ਵਿਚ ਦੇਸ਼ ਭਗਤ ਯਾਦਗਾਰ ਹਾਲ ਵਿਚ ਹਰ ਸਾਲ ਗਰਮੀਆਂ ਦੀਆਂ ਛੁੱਟੀਆਂ ਵਿਚ ਚੇਤਨਾ ਕੈਂਪ ਲਗਾਇਆ ਜਾਂਦਾ ਹੈ, ਜਿਸ ਵਿਚ ਵੱਖ-ਵੱਖ ਵਿਦਵਾਨ ਨੌਜਵਾਨਾਂ ਨੂੰ ਮਾਰਕਸਵਾਦੀ ਵਿਚਾਰਧਾਰਾ ਨਾਲ ਸਿੱਖਿਅਤ ਕਰਦੇ ਹਨ।

ਸਾਰੀ ਜ਼ਿੰਦਗੀ ਲੋਕ ਹਿੱਤਾਂ ਨੂੰ ਪ੍ਰਣਾਏ ਕਾਮਰੇਡ ਗੰਧਰਵ ਸੇਨ ਕੋਛੜ ਜੀ ਹਮੇਸ਼ਾ ਆਪਣੀ ਜ਼ਿੰਦਗੀ ਦੇ ਸਿਆਸੀ ਅਨੁਭਵ ਤੇ ਤਜਰਬਿਆਂ ਨੂੰ ਲੋਕ ਪੱਖੀ ਲਹਿਰਾਂ ਵਿਚ ਕੰਮ ਕਰਦੇ ਕਰਦੇ ਅਗਾਂਹਵਧੂ ਬੁੱਧੀਜੀਵੀਆਂ, ਕਮਿਊਨਿਸਟ ਪਾਰਟੀ ਵਰਕਰਾਂ, ਗਰੁੱਪਾਂ ਆਦਿ ਨਾਲ ਸਾਂਝਾ ਕਰਦੇ ਰਹੇ। ਉਨ੍ਹਾਂ ਹਮੇਸ਼ਾ ਆਪਣੀ ਸਿਆਸੀ ਚੇਤਨਤਾ ਤੇ ਸੂਝ ਰਾਹੀਂ ਹਿੰਦੋਸਤਾਨ ਤੇ ਪੰਜਾਬ ਦੀ ਖੱਬੀ ਸਿਆਸਤ ਵਿੱਚ ਸਮੇਂ-ਸਮੇਂ 'ਤੇ ਆਏ ਉਤਰਾਅ-ਚੜ੍ਹਾਅ, ਸਿਆਸੀ ਤੇ ਵਿਚਾਰਧਾਰਕ ਕਮਜ਼ੋਰੀਆਂ ਆਦਿ ਦਾ ਗਹਿਰਾਈ ਨਾਲ ਵਿਸ਼ਲੇਸ਼ਣ ਕੀਤਾ।

ਉਹ ਤਾਅ ਉਮਰ ਦੇਸ਼ ਦੀ ਗਲੀ-ਸੜੀ ਸਮਾਜਿਕ ਵਿਵਸਥਾ ਨੂੰ ਬਦਲਣ ਦੇ ਚਾਹਵਾਨ ਰਹੇ। ਇਸ ਵਿਵਸਥਾ ਨੂੰ ਬਦਲਣ ਲਈ ਉਨ੍ਹਾਂ ਮਾਰਕਸਵਾਦੀ ਵਿਚਾਰਧਾਰਾ ਦਾ ਰਸਤਾ ਅਖ਼ਤਿਆਰ ਕੀਤਾ। ਉਹ ਮਾਰਕਸਵਾਦ ਨਹੀਂ, ਜੋ ਹਿੰਦੋਸਤਾਨ ਤੇ ਪੰਜਾਬ ਦੀਆਂ ਕਮਿਊਨਿਸਟ ਪਾਰਟੀਆਂ ਜਾਂ ਗਰੁੱਪਾਂ ਵੱਲੋਂ ਅਪਣਾਇਆ ਜਾਂਦਾ ਰਿਹਾ ਹੈ, ਬਲਕਿ ਉਸ ਮਾਰਕਸਵਾਦ ਨੂੰ ਅਪਨਾਉਣ 'ਤੇ ਜ਼ੋਰ ਦਿੰਦੇ ਰਹੇ ਜੋ ਭਾਰਤੀ ਸਮਾਜ ਵਿੱਚੋਂ ਉਤਪੰਨ ਹੋਇਆ ਹੋਵੇ। ਉਹ ਹਮੇਸ਼ਾ ਮਾਰਕਸਵਾਦ ਨੂੰ ਦੇਸ਼ ਦੀਆਂ ਠੋਸ ਹਾਲਤਾਂ ਅਨੁਸਾਰ ਸਮਝਣ ਦਾ ਸੰਦੇਸ਼ ਦਿੰਦੇ ਰਹੇ।

ਉਨ੍ਹਾਂ ਅਨੁਸਾਰ ਸੱਤਾ 'ਤੇ ਵੱਡੀਆਂ ਬਹੁਕੌਮੀ ਕਾਰਪੋਰੇਸ਼ਨਾਂ ਕਾਬਜ਼ ਹਨ। ਉਨ੍ਹਾਂ ਦੇ ਮੁਨਾਫ਼ੇ ਦੀਆਂ ਦਰਾਂ ਨੂੰ ਬੜ੍ਹਾਵਾ ਦੇਣ ਲਈ ਮੌਜੂਦਾ ਮੋਦੀ ਸਰਕਾਰ ਨੇ ਤੁਗਲਕੀ ਫ਼ਰਮਾਨ ਜਾਰੀ ਕਰ ਦਿੱਤੇ। ਖਾਲੀ ਖ਼ਜ਼ਾਨਿਆਂ ਦੀ ਪੂਰਤੀ ਦੇ ਨਾਂਅ ਹੇਠ ਸਰਜੀਕਲ ਸਟਰਾਈਕ ਕਰਕੇ ਕਾਲੇ ਧਨ ਨੂੰ ਰੋਕਣ ਦੇ ਨਾਂਅ ਹੇਠ ਨੋਟਬੰਦੀ ਕਰਕੇ ਆਮ ਲੋਕਾਂ ਦੀਆਂ ਜੇਬਾਂ ਖਾਲੀ ਕਰ ਦਿੱਤੀਆਂ। ਹਰੇਕ ਵਸਤ ਜੀ.ਐੱਸ.ਟੀ. ਲਗਾ ਕੇ ਲੋਕਾਂ ਦਾ ਕਚੂੰਬਰ ਕੱਢ ਦਿੱਤਾ ਗਿਆ।

ਉਹ ਅਜਿਹੇ ਫਾਸ਼ੀਵਾਦੀ ਰੁਝਾਨ ਨੂੰ ਠੱਲ੍ਹ ਪਾਉਣ ਅਤੇ ਡਟ ਕੇ ਮੁਕਾਬਲਾ ਕਰਨ ਲਈ ਮਾਰਕਸਵਾਦੀ ਵਿਚਾਰਧਾਰਾ ਵਾਲੀ ਪਾਰਟੀ ਦੇ ਧਾਰਨੀ ਸਨ। ਉਹ ਸਮਝਦੇ ਸਨ ਕਿ ਮਾਰਕਸਵਾਦੀ ਪਾਰਟੀ ਹੀ ਸਾਰੇ ਕਿਰਤੀ ਵਰਗ ਨੂੰ ਸੁਚੇਤ ਬਣਾ ਕੇ ਆਰਥਿਕ ਅਤੇ ਰਾਜਨੀਤਕ ਸੰਘਰਸ਼ ਲਈ ਤਿਆਰ ਕਰਕੇ ਰਾਜਨੀਤਕ ਸੱਤਾ ਪ੍ਰਾਪਤ ਕਰਕੇ ਲੋਕ ਜਮਹੂਰੀਅਤ ਦਾ ਰਾਜ ਸਥਾਪਤ ਕਰਨ ਦੇ ਯੋਗ ਬਣਾ ਸਕਦੀ ਹੈ।

ਕਾਮਰੇਡ ਜੀ ਤਾਅ ਉਮਰ ਜਿੱਥੇ ਵੱਖ-ਵੱਖ ਪਾਰਟੀਆਂ ਦਾ ਵਿਸ਼ਲੇਸ਼ਣ ਕਰਦੇ ਰਹੇ, ਉਥੇ ਆਪਣੀ ਨਿੱਜੀ ਜ਼ਿੰਦਗੀ ਵਿਚ ਇਨ੍ਹਾਂ ਪਾਰਟੀਆਂ ਦੇ ਪ੍ਰਭਾਵ ਦਾ ਵੀ ਮੁਲਾਂਕਣ ਕਰਦੇ ਰਹੇ।

ਉਨ੍ਹਾਂ ਦਾ ਸੰਬੰਧ ਕਿਰਤੀ ਪਾਰਟੀ, ਪਰਜਾ ਮੰਡਲ, ਕਿਸਾਨ ਸਭਾ, ਭਾਰਤੀ ਕਮਿਊਨਿਸਟ ਪਾਰਟੀ (C.P.I.), ਮਾਰਕਸਵਾਦੀ ਕਮਿਊਨਿਸਟ ਪਾਰਟੀ (C.P.I.M.), ਭਾਰਤੀ ਕਮਿਊਨਿਸਟ ਪਾਰਟੀ (ਐੱਮ.ਐੱਲ.) ਆਦਿ ਨਾਲ ਰਿਹਾ। ਇਸ ਤੋਂ ਇਲਾਵਾ ਉਨ੍ਹਾਂ ਦੀ ਕਾਮਰੇਡ ਭੁੱਝਾ ਸਿੰਘ ਜੀ, ਬਾਬਾ ਕਰਮ ਸਿੰਘ ਚੀਮਾ ਜੀ, ਬਾਬਾ ਬਿਲਗਾ ਜੀ, ਕਾਮਰੇਡ ਗੁਰਚਰਨ ਸਿੰਘ ਰੰਧਾਵਾ ਜੀ, ਕਾਮਰੇਡ ਰਜਿੰਦਰ ਸਿੰਘ ਸਰੀਂਹ ਆਦਿ ਨਾਲ ਬਹੁਤ ਨੇੜਤਾ ਰਹੀ।

ਆਪਣੀ ਲੰਬੀ ਸਿਆਸੀ ਜ਼ਿੰਦਗੀ ਵਿਚ ਕਈ ਅਜਿਹੇ ਮੌਕੇ ਵੀ ਆਏ ਜਦੋਂ ਆਪ ਨੂੰ ਕਿਰਤ ਕਰਕੇ ਰੋਜ਼ੀ-ਰੋਟੀ ਕਮਾਉਣੀ ਪਈ। ਅੰਡਰ-ਗਰਾਊਂਡ ਦੇ ਦਿਨਾਂ ਵਿਚ ਜਾਂ ਅੰਗਰੇਜ਼ਾਂ ਦੇ ਰਾਜ ਵਿਚ ਖੇਤੀ ਕਰਦਿਆਂ ਕਾਮਰੇਡ ਜੀ ਨੇ ਕਦੇ ਵੀ ਵਿਗਿਆਨਕ ਦ੍ਰਿਸ਼ਟੀਕੋਣ ਦਾ ਪੱਲਾ ਨਹੀਂ ਛੱਡਿਆ। ਉਹ ਕਦੇ ਨਿਰਾਸ਼ ਨਾ ਹੋਏ ਅਤੇ ਕਦੇ ਵੀ ਅਸੂਲਾਂ ਅਤੇ ਆਦਰਸ਼ਾਂ ਤੋਂ ਪਿੱਛੇ ਨਹੀਂ ਹਟੇ।

ਉਹ 3 ਮਾਰਚ 2018 ਨੂੰ ਆਪਣੀ ਜ਼ਿੰਦਗੀ ਦੇ 99 ਵਰ੍ਹੇ ਜਿਊ ਕੇ ਭਾਵੇਂ ਸਰੀਰਕ ਤੌਰ 'ਤੇ ਵਿਛੋੜਾ ਦੇ ਗਏ, ਪਰ ਉਨ੍ਹਾਂ ਵੱਲੋਂ ਕੀਤਾ ਗਿਆ ਮੁਲਾਂਕਣ ਸਾਡੇ ਫਾਸ਼ੀਵਾਦ ਦੀ ਸ਼ਕਲ ਵਿਚ ਸਾਡੇ ਸਾਹਮਣੇ ਦਰਪੇਸ਼ ਹੈ। ਜਿਸ ਨੂੰ ਬਦਲਣ ਲਈ ਅਜਿਹੇ ਸੁਹਿਰਦ ਮਾਰਕਸਵਾਦੀ ਧਾਰਨਾ ਵਾਲੇ ਕਮਿਊਨਿਸਟ ਆਗੂਆਂ ਦੀ ਜ਼ਰੂਰਤ ਹੈ।

**-ਕੇਸਰ**

## ਫਿਲੌਰ-ਜੰਡਿਆਲਾ ਬੱਸਾਂ ਦਾ ਰੂਟ ਮੁੜ ਚਾਲੂ




**ਗੁਰਾਇਆ (ਬਿੰਦਰ ਸੁੰਮਨ)**—ਗ੍ਰਾਮ ਪੰਚਾਇਤ ਜੱਜਾਂ ਕਲਾਂ, ਢੀਡਸਾ ਅਤੇ ਬੀੜ ਬੰਸੀਆਂ ਦੇ ਉਦਮ ਸਦਕਾ ਜੰਡਿਆਲਾ-ਫਿਲੌਰ ਬੱਸਾਂ ਦੇ ਰੂਟਾਂ ਨੂੰ ਮੁੜ ਚਾਲੂ ਕੀਤਾ ਗਿਆ। ਇਸ ਸਬੰਧੀ ਗ੍ਰਾਮ ਪੰਚਾਇਤ ਜੱਜਾਂ ਕਲਾਂ, ਢੀਡਸਾ ਅਤੇ ਬੀੜ ਬੰਸੀਆਂ ਦੀਆਂ ਪੰਚਾਇਤਾਂ ਨੇ ਕਿਹਾ ਕਿ ਲੰਮੇ ਸਮੇਂ ਤੋ ਇੰਨਾਂ ਪਿੰਡਾਂ ਵਿੱਚ ਬੱਸਾਂ ਦੇ ਰੂਟ ਬੰਦ ਹੋਣ ਕਰਕੇ ਪਿੰਡਾਂ ਦੀ ਸਵਾਰੀਆਂ ਨੂੰ ਕਾਫੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਇੰਨਾਂ ਪਿੰਡਾਂ ਦੀਆਂ ਪੰਚਾਇਤਾਂ ਨੇ ਵਿਧਾਨ ਸਭਾ ਹਲਕਾ ਫਿਲੌਰ ਦੇ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਬੀੜ ਬੰਸੀਆ ਅਵਤਾਰ ਸਿੰਘ,ਜਸਪਾਲ ਸਿੰਘ ਸਰਪੰਚ ਜੱਜਾਂ ਕਲਾਂ, ਅੰਜੂ ਬਾਲਾ ਸਰਪੰਚ ਢੀਡਸਾ, ਕਰਨੈਲ ਸਿੰਘ ਨੰਬਰਦਾਰ, ਸੁਖਪ੍ਰੀਤ ਸਿੰਘ ਪੰਚ, ਮਨਪ੍ਰੀਤ ਸਿੰਘ, ਅਵਤਾਰ ਸਿੰਘ ਤਾਰੀ, ਕੁਲਦੀਪ ਸਿੰਘ ਪੰਚ, ਡਾਕਟਰ ਹਰਮੇਲ ਚੰਦ ਪੰਚ, ਗੁਰਨਾਮ ਸਿੰਘ ਨੰਬਰਦਾਰ,ਹਰਸੰਬ ਲਾਲ ਸਾਬਕਾ ਸਰਪੰਚ, ਕੀਰਤਾ ਰਾਮ, ਸੁਰਿੰਦਰ ਸਿੰਘ ਤੋ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

## ਡਾਕ ਵਿਭਾਗ ਦੀ ਕਰਮਚਾਰੀ ਨੇ ਖਾਤਾ ਧਾਰਕਾਂ ਨਾਲ ਕੀਤੀ ਲੱਖਾਂ ਦੀ ਠੱਗੀ



**ਮਾਹਿਲਪੁਰ / (ਸਫਰੀ)** ਬਲਾਕ ਮਾਹਿਲਪੁਰ ਅਧੀਨ ਪੈਂਦੇ ਪਿੰਡ ਖੈਰੜ (ਰਾਵਲਬੱਸੀ) ਦੇ ਡਾਕਖਾਨੇ ਵਿੱਚ ਤਾਇਨਾਤ ਮਹਿਲਾ ਬਰਾਂਚ ਪੋਸਟ ਮਾਸਟਰ ਕਾਫੀ ਲੰਬੇ ਸਮੇਂ ਤੋਂ ਖਾਤਾ ਧਾਰਕਾਂ ਨਾਲ 35 ਤੋਂ 40 ਲੱਖ ਰੁਪਏ ਦੀ ਠੱਗੀ ਮਾਰ ਕੇ ਫਰਾਰ ਹੋ ਗਈ ਹੈ। ਪਿੰਡ ਵਾਸੀਆਂ ਦੇ ਅਨੁਸਾਰ ਕੋਈ ਦੋ ਸਾਲ ਤੋਂ ਇੱਕ ਮਹਿਲਾ ਕਰਮਚਾਰੀ ਪਿੰਡ ਵਿੱਚ ਬਤੌਰ ਬਰਾਂਚ ਪੋਸਟ ਮਾਸਟਰ ਕੰਮ ਕਰ ਰਹੀ ਸੀ ।ਲੋਕ ਡਾਕਖਾਨੇ ਵਿੱਚ ਪੈਸੇ ਜਮ੍ਹਾਂ ਕਰਵਾਉਣ ਜਾਂਦੇ ਸਨ ਤੇ ਉਹ ਗ੍ਰਾਹਕਾਂ ਦੀ ਕਾਪੀ ਉੱਤੇ ਐਂਟਰੀ ਪਾ ਦਿੰਦੀ ਸੀ ਤੇ ਸਾਰੇ ਪੈਸੇ ਆਪਣੇ ਪਰਸ ਵਿੱਚ ਪਾ ਲੈਂਦੀ ਸੀ ।

ਜਦੋਂ ਇਸ ਬਾਰੇ ਪਿੰਡ ਵਾਸੀਆਂ ਨੂੰ ਪਤਾ ਲੱਗਾ ਤਾਂ ਉਹਨਾਂ ਨੇ ਆਪਣੇ ਖਾਤੇ ਚੈੱਕ ਕਰਵਾਏ ਤਾਂ ਜਮ੍ਹਾਂ ਕਰਵਾਏ ਲੱਖਾਂ ਰੁਪਏ ਦੇ ਥਾਂ 'ਤੇ ਪੰਜ-ਪੰਜ ਸੌ ਰੁਪਏ ਖਾਤਿਆਂ ਵਿੱਚੋਂ ਨਿਕਲੇ ।ਜਦੋਂ ਇਸ ਬਾਰੇ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਤਾਂ ਉਨ੍ਹਾਂ ਨੇ ਸਾਰੀਆਂ ਪਾਸ ਬੁੱਕਾਂ ਇਕੱਠੀਆਂ ਕਰਕੇ ਛਾਣਬੀਣ ਸ਼ੁਰੂ ਕਰ ਦਿੱਤੀ ਹੈ।

## ਆਮ ਅਜਲਾਸ 'ਚ ਜਾਣ ਸੰਬੰਧੀ ਸਪੱਸ਼ਟੀਕਰਨ

**ਭਲਾਣ - ( ਹਰਭਜਨ ਢਿੱਲੋਂ )** ਪਿਛਲੇ ਦਿਨੀਂ ਨੇੜਲੇ ਪਿੰਡ ਭੱਲੜੀ ਵਿਖੇ ਹੋਏ ਆਮ ਇਜਲਾਸ ਵਿੱਚ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਭੱਲੜੀ ਦੇ ਹੈੱਡ ਅਧਿਆਪਕ ਮਨਮੋਹਨ ਸਿੰਘ ਦੇ ਆਮ ਇਜਲਾਸ ਵਿੱਚ ਪਹੁੰਚਣ ਸਬੰਧੀ ਲੈ ਕੇ ਜੋ ਜਾਣਕਾਰੀ ਪ੍ਰਾਪਤ ਹੋਈ ਸੀ, ਉਸ ਸਬੰਧੀ ਹੈੱਡ ਅਧਿਆਪਕ ਮਨਮੋਹਨ ਸਿੰਘ ਅਤੇ ਉਸਦੇ ਉਚ ਅਧਿਕਾਰੀਆਂ ਨਾਲ ਰਾਬਤਾ ਕਾਇਮ ਹੋਣ ਤੋਂ ਬਾਅਦ ਸਪੱਸ਼ਟੀਕਰਨ ਦਿੱਤਾ ਜਾਂਦਾ ਹੈ।

ਅਧਿਆਪਕ ਸਕੂਲ ਸਮੇਂ ਦੌਰਾਨ ਪੰਚਾਇਤ ਦੇ ਆਮ ਇਜਲਾਸ ਹੋਣ ਕਾਰਨ ਸਕੂਲ ਨੂੰ ਆਉਂਦੀਆਂ ਮੁਸ਼ਕਿਲਾਂ ਸੰਬੰਧੀ ਜਾਣਕਾਰੀ ਦੇਣ ਗਿਆ ਸੀ ਅਤੇ ਸਰਕਾਰ ਦੁਆਰਾ ਭੇਜੇ ਗਏ ਫੰਡਾਂ ਦੀ ਵਰਤੋਂ ਕਰਨ ਸਬੰਧੀ ਚਰਚਾ ਕਰਨ ਗਿਆ ਸੀ, ਤਾਂ ਜੋ ਸਕੂਲ ਵਿੱਚ ਪੜ੍ਹਾਈ ਦੇ ਪੱਧਰ ਨੂੰ ਉੱਚਾ ਚੁੱਕਿਆ ਜਾ ਸਕੇ । ਪੰਚਾਇਤ ਵੱਲੋਂ ਉਹਨਾਂ ਦੀਆਂ ਸਿਖਿਆ ਸਬੰਧੀ ਆ ਰਹੀਆਂ ਮੁਸ਼ਕਿਲਾਂ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ।

## ਚਾਈਨਾ ਡੋਰ ਦੀ ਖ੍ਰੀਦੋ-ਫਰੋਖਤ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ - ਡਾ. ਅਕਸ਼ਿਤਾ

**ਨਵਾਂਸ਼ਹਿਰ,( ਕੁਲਵਿੰਦਰ ਸਿੰਘ ਦੁਰਗਾਪੁਰੀਆ)** —ਜਾਨਾਂ ਦਾ ਖੌਅ ਬਣੀ ਹੋਈ ਚਾਈਨਾ ਡੋਰ ਦੀ ਵਿਕਰੀ ਕਰਨ ਵਾਲੇ ਦੁਕਾਨਦਾਰਾਂ ਅਤੇ ਵਰਤੋਂ ਕਰਨ ਵਾਲੇ ਪਤੰਗਬਾਜਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਇਹ ਪ੍ਰਗਟਾਵਾ ਕਰਦਿਆਂ ਐਸ.ਡੀ.ਐਮ ਨਵਾਂਸ਼ਹਿਰ ਡਾ. ਅਕਸ਼ਿਤਾ ਗੁਪਤਾ ਨੇ ਕਿਹਾ ਕਿ ਚਾਈਨਾ ਡੋਰ ਇਨਸਾਨੀ ਜ਼ਿੰਦਗੀਆਂ ਅਤੇ ਪਸ਼ੂ- ਪੰਛੀਆਂ ਲਈ ਬੇਹੱਦ ਨੁਕਸਾਨਦੇਹ ਸਾਬਤ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਪਤੰਗਬਾਜ਼ੀ ਦੇ ਸ਼ੌਕੀਨਾਂ ਲਈ ਧਾਗੇ ਵਾਲੀ ਡੋਰ ਦਾ ਇਸਤੇਮਾਲ ਕਰਨਾ ਕੋਈ ਬੁਰੀ ਗੱਲ ਨਹੀਂ, ਪਰੰਤੂ ਪਾਬੰਦੀਸ਼ੁਦਾ ਚਾਈਨਾ ਡੋਰ, ਜਿਹੜੀ ਕਿ ਇਨਸਾਨਾਂ ਅਤੇ ਪਸ਼ੂ-ਪੰਛੀਆਂ ਲਈ ਬਹੁਤ ਹੀ ਘਾਤਕ ਹੈ, ਦੀ ਵਰਤੋਂ ਕਰਨ 'ਤੇ ਪੂਰੀ ਤਰ੍ਹਾਂ ਨਾਲ ਮਨਾਹੀ ਹੈ। ਉਨ੍ਹਾਂ ਦੱਸਿਆ ਕਿ ਚਾਈਨਾ ਡੋਰ ਆਮ ਡੋਰ ਨਾਲੋਂ ਕਿਤੇ ਵੱਧ ਪੱਕੀ ਹੁੰਦੀ ਹੈ, ਜਿਹੜੀ ਕਿ ਪਲਾਸਟਿਕ (ਨਾਈਲੋਨ) ਤੋਂ ਤਿਆਰ ਕੀਤੀ ਹੁੰਦੀ ਹੈ। ਪਤੰਗ ਕੱਟ ਹੋਣ ਤੋਂ ਬਾਅਦ ਜਾਂ ਕੰਟਰੋਲ ਤੋਂ ਬਾਹਰ ਹੋਣ ਕਾਰਨ ਜਦ ਧਰਤੀ ਤੋਂ ਕੁਝ ਹੀ ਦੂਰੀ ਤੇ ਉੱਡਦਾ ਹੈ, ਤਾਂ



ਅਜਿਹੇ ਵਿਚ ਜਿਹੜਾ ਵੀ ਪਸ਼ੂ-ਪੰਛੀ ਜਾਂ ਇਨਸਾਨ ਇਸ ਦੀ ਲਪੇਟ ਵਿਚ ਆਉਂਦਾ ਹੈ, ਉਸ ਨੂੰ ਹਾਦਸੇ ਦਾ ਸ਼ਿਕਾਰ ਬਣਾ ਲੈਂਦੀ ਹੈ। ਕਿਉਂਕਿ ਇਹ ਡੋਰਾਂ ਟੁੱਟਣ ਦੀ ਬਜਾਏ ਚਮੜੀ ਚੀਰ ਕੇ ਅੰਦਰ ਵੜ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਅੰਦਰ ਬਹੁਤ ਸਾਰੀਆਂ ਅਜਿਹੀਆਂ ਘਟਨਾਵਾਂ ਸਾਹਮਣੇ ਆਈਆਂ ਹਨ ਅਤੇ ਚਾਈਨਾ ਡੋਰ ਦੀ ਵਰਤੋਂ ਨਾਲ ਜਿਥੇ ਕਈ ਕੀਮਤੀ ਜਾਨਾਂ ਅਜਾਈਂ ਗਈਆਂ ਹਨ, ਉਥੇ ਇਸ ਨਾਲ ਇਨਸਾਨ ਅਤੇ ਪਸ਼ੂ-ਪੰਛੀ ਬੁਰੀ ਤਰ੍ਹਾਂ ਨਾਲ ਜ਼ਖ਼ਮੀ ਵੀ ਹੋਏ ਹਨ। ਇਸ ਲਈ ਸਾਨੂੰ ਸਭਨਾਂ ਨੂੰ ਚਾਈਨਾ ਡੋਰ ਦੇ ਇਸਤੇਮਾਲ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਦੁਕਾਨਦਾਰ ਇਸ ਦੀ ਵਿਕਰੀ ਕਰਦਾ ਹੈ ਜਾਂ ਕੋਈ ਵੀ ਪਤੰਗਬਾਜ ਇਸ ਦੀ ਵਰਤੋਂ ਕਰਦਾ ਹੈ, ਤਾਂ ਇਸ ਦੀ ਸੂਚਨਾ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ ਤਾਂ ਜੋ ਸਮੇਂ ਸਿਰ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਤਹਿਸੀਲਦਾਰ ਨਵਾਂਸ਼ਹਿਰ, ਕਾਰਜ ਸਾਧਕ ਅਫਸਰ, ਨਗਰ ਕੌਂਸਲ ਨਵਾਂਸ਼ਹਿਰ/ਰਾਹੋਂ ਅਤੇ ਬੀ.ਡੀ.ਪੀ.ਓ ਨਵਾਂਸ਼ਹਿਰ/ਔੜ ਨੂੰ ਸਖ਼ਤ ਹਦਾਇਤ ਕੀਤੀ ਕਿ ਪਤੰਗ ਵਿਕਰੇਤਾਵਾਂ ਦੀਆਂ ਦੁਕਾਨਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਜਾਵੇ। ਦੁਕਾਨਦਾਰਾਂ ਨੂੰ ਅਪੀਲ ਕੀਤੀ ਗਈ ਕਿ ਕੋਈ ਵੀ ਦੁਕਾਨਦਾਰ ਚਾਈਨਾ ਡੋਰ ਦੀ ਵਿਕਰੀ ਨਾ ਕਰੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਦੁਕਾਨਦਾਰ ਇਸ ਦੀ ਵਿਕਰੀ ਕਰਦਾ ਜਾਂ ਕੋਈ ਵੀ ਪਤੰਗਬਾਜ਼ ਇਸ ਦੀ ਵਰਤੋਂ ਕਰਦਾ ਪਾਇਆ ਗਿਆ ਤਾਂ ਉਸ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਵਿਸ਼ਵ ਦੋਆਬਾ ਰਾਜਪੂਤ ਸਭਾ ਪੰਜਾਬ ਵੱਲੋਂ ਐਨ ਆਰ ਆਈ ਵੀਰਾਂ ਦਾ ਸਨਮਾਨ



**ਮੇਹਟੀਅਣਾ (ਜਗਤਾਰ ਸਿੰਘ ਭੁੰਗਰਨੀ)** ਵਿਸ਼ਵ ਦੋਆਬਾ ਰਾਜਪੂਤ ਸਭਾ ਪੰਜਾਬ ਦੀ ਅਹਿਮ ਮਿੰਟਿਗ ਸਭਾ ਦੇ ਪ੍ਰਧਾਨ ਫਤਿਹ ਸਿੰਘ ਪਰਹਾਰ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਸਭਾ ਦੇ ਸਮੂਹ ਆਹੁਦੇਦਾਰ, ਸੁਖਜੀਤ ਸਿੰਘ ਪਰਮਾਰ, ਬਲਵੀਰ ਸਿੰਘ ਫੁਗਲਾਣਾ, ਸਤਵੀਰ ਸਿੰਘ ਪਰਮਾਰ, ਜਸਪਾਲ ਸਿੰਘ ਪਰਮਾਰ, ਠਾਕੁਰ ਨਰਿੰਦਰ ਸਿੰਘ ਡਡਵਾਲ, ਉਕਾਰ ਸਿੰਘ ਮਿਨਹਾਸ, ਅਵਤਾਰ ਸਿੰਘ ਡਾਡੀਆਂ, ਤਰਸੇਮ ਸਿੰਘ ਚਖਿਆਰਾ, ਗੁਰਦਿਆਲ ਸਿੰਘ ਜਲਵੇੜਾ, ਬਲਵਿੰਦਰ ਸਿੰਘ ਭਾਮ, ਜਸਵੀਰ ਸਿੰਘ ਭਾਮ, ਸੁਖਵਿੰਦਰ ਸਿੰਘ ਡਰੋਲੀ, ਰਵਿੰਦਰ ਸਿੰਘ ਰਾਣਾ ਕਾਲਰਾ, ਗੁਰਦੇਵ ਸਿੰਘ ਮਿਨਹਾਸ, ਬਲਵਿੰਦਰ ਸਿੰਘ ਕਾਲਰਾ ਅਤੇ ਰਵਿੰਦਰ ਸਿੰਘ ਪਰਮਾਰ ਅਤੇ ਅਮਰੀਕਾ ਇਕਾਈ ਦੇ ਪ੍ਰਧਾਨ ਜਤਿੰਦਰ ਸਿੰਘ ਵਿੱਕੀ ਪਰਮਾਰ ਅਤੇ ਇਟਲੀ ਇਕਾਈ ਦੇ ਪ੍ਰਧਾਨ ਮਨਜੀਤ ਸਿੰਘ ਰਠੌਰ ਸ਼ਾਮਿਲ ਹੋਏ । ਐਨ ਆਰ ਆਈ ਵੀਰਾਂ ਵਲੋਂ ਸਭਾ ਪ੍ਰਤੀ ਕੀਤੇ ਕਾਰਜਾਂ ਨੂੰ ਦੇਖਦਿਆਂ ਲੋਈ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇੱਕ ਵਿਸ਼ੇਸ਼ ਮਤਾ ਪਾਸ ਕੀਤਾ ਗਿਆ ਕਿ ਦੋਆਬ ਨਹਿਰ ਉਪਰ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਆਲੀਸ਼ਾਨ ਯਾਦਗਾਰ ਜਲਦੀ ਹੀ ਉਸਾਰੀ ਜਾਵੇਗੀ, ਜਿਸ ਨੂੰ ਨੇਪਰੇ ਚਾੜਨ ਲਈ ਐਨ ਆਰ ਆਈ ਵੀਰਾਂ ਨੇ ਵਿਸ਼ੇਸ਼ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

## ਡਿਪਟੀ ਕਮਿਸ਼ਨਰ ਵੱਲੋਂ ਪੀ ਏ ਪੀ ਚੌਕ ਫਲਾਈ ਓਵਰ ਲਈ ਨਵੇਂ ਰੈਂਪ ਦੇ ਡਿਜ਼ਾਈਨ ਦਾ ਜਾਇਜ਼ਾ

**ਜਲੰਧਰ -(ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੰਮ੍ਰਿਤਸਰ ਅਤੇ ਪਠਾਨਕੋਟ ਵੱਲ ਜਾਣ ਵਾਲੇ ਯਾਤਰੀਆਂ ਨੂੰ ਆਵਾਜਾਈ ਸਬੰਧੀ ਪੇਸ਼ ਆ ਰਹੀਆਂ ਦਿੱਕਤਾਂ ਦੇ ਹੱਲ ਲਈ ਕੌਮੀ ਹਾਈਵੇ ਅਥਾਰਟੀ ਦੇ ਅਧਿਕਾਰੀਆਂ ਵੱਲੋਂ ਪੀ.ਏ.ਪੀ. ਚੌਕ ਫਲਾਈ ਓਵਰ 'ਤੇ ਨਵੇਂ ਰੈਂਪ ਸਬੰਧੀ ਤਿਆਰ ਡਿਜ਼ਾਈਨ ਦਾ ਜਾਇਜ਼ਾ ਲਿਆ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਨੇ ਐਸ.ਡੀ.ਐਮ. ਆਦਮਪੁਰ ਵਿਵੇਕ ਕੁਮਾਰ ਮੋਦੀ, ਸਹਾਇਕ ਕਮਿਸ਼ਨਰ ਸੁਨੀਲ ਫੋਗਟ, ਐਸ.ਡੀ.ਐਮ. ਰਣਦੀਪ ਸਿੰਘ ਹੀਰ ਸਮੇਤ ਐਨ.ਐਚ.ਏ.ਆਈ. ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਪੀ.ਏ.ਪੀ. ਚੌਕ ਵਿਖੇ ਆਵਾਜਾਈ ਨੂੰ ਸੁਚਾਰੂ ਰੱਖਣ ਅਤੇ ਸ਼ਹਿਰ ਵਾਸੀਆਂ ਨੂੰ ਅੰਮ੍ਰਿਤਸਰ ਤੇ ਪਠਾਨਕੋਟ ਵੱਲ ਆਸਾਨ ਪਹੁੰਚ ਪ੍ਰਦਾਨ ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਉੱਚ ਅਧਿਕਾਰੀਆਂ ਵੱਲੋਂ ਇਕ ਵਾਰ ਇਸ ਪਲਾਨ ਨੂੰ ਪ੍ਰਵਾਨਗੀ ਮਿਲਣ ਤੋਂ ਬਾਅਦ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਨੂੰ ਜੋੜਦੇ ਇਸ ਸਭ ਤੋਂ ਵਿਅਸਤ



ਸਥਾਨ 'ਤੇ ਆਵਾਜਾਈ ਸਬੰਧੀ ਮਸਲੇ ਨੂੰ ਹੱਲ ਕੀਤਾ ਜਾ ਸਕੇਗਾ । ਮੀਟਿੰਗ ਦੌਰਾਨ ਉਨ੍ਹਾਂ ਆਦਮਪੁਰ ਫਲਾਈਓਵਰ ਅਤੇ ਆਦਮਪੁਰ ਏਅਰਪੋਰਟ ਅਪਰੋਚ ਰੋਡ ਨੂੰ ਚਹੁੰ ਮਾਰਗੀ ਕਰਨ ਦੇ ਕੰਮ ਦਾ ਵੀ ਜਾਇਜ਼ਾ ਲਿਆ। ਇਸ ਮੌਕੇ ਸਬੰਧਤ ਅਧਿਕਾਰੀਆਂ ਨੇ ਦੱਸਿਆ ਕਿ ਅਪਰੋਚ ਰੋਡ ਨੂੰ ਚਹੁੰਮਾਰਗੀ ਕਰਨ ਦਾ ਕੰਮ ਤਕਰੀਬਨ ਮੁਕੰਮਲ ਹੋ ਚੁੱਕਾ ਹੈ । ਇਸ ਮੌਕੇ ਐਨ.ਐਚ.ਏ.ਆਈ. ਦੇ ਅਧਿਕਾਰੀਆਂ ਵੱਲੋਂ ਫੋਕਲ ਪੁਆਇੰਟ, ਟਰਾਂਸਪੋਰਟ ਨਗਰ ਵਿਖੇ ਸੀਵਰੇਜ ਦੇ ਪਾਣੀ ਖੜ੍ਹਨ ਸਬੰਧੀ ਸਮੱਸਿਆ ਧਿਆਨ ਵਿੱਚ ਲਿਆਉਣ 'ਤੇ ਡਿਪਟੀ ਕਮਿਸ਼ਨਰ ਨੇ ਨਗਰ ਨਿਗਮ ਜਲੰਧਰ ਦੇ ਅਧਿਕਾਰੀਆਂ ਨੂੰ ਉਕਤ ਥਾਵਾਂ ਦਾ ਦੌਰਾ ਕਰਕੇ ਤੁਰੰਤ ਮਸਲੇ ਦਾ ਹੱਲ ਕਰਨ ਦੀਆਂ ਹਦਾਇਤਾਂ ਦਿੱਤੀਆਂ । ਮੀਟਿੰਗ ਵਿੱਚ ਨਗਰ ਨਿਗਮ ਜਲੰਧਰ, ਲੋਕ ਨਿਰਮਾਣ ਵਿਭਾਗ, ਪੀ.ਐਸ.ਪੀ.ਸੀ.ਐਲ., ਅਤੇ ਕੌਮੀ ਹਾਈਵੇ ਅਥਾਰਟੀ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ ।

## ਅਰਦਾਸ ਉਪਰੰਤ ਸ਼ੁਰੂ ਕੀਤੀ ਮੈਂਬਰਸ਼ਿਪ ਮੁਹਿੰਮ



**ਫਗਵਾੜਾ ( ਡਾ. ਰਮਨ)** —ਸ਼੍ਰੋਮਣੀ ਅਕਾਲੀ ਦਲ ਹਲਕਾ ਫਗਵਾੜਾ ਦੀ ਮੈਂਬਰਸ਼ਿਪ ਭਰਤੀ ਮੁਹਿੰਮ ਦੀ ਸ਼ੁਰੂਆਤ ਰਣਜੀਤ ਸਿੰਘ ਖੁਰਾਣਾ ਹਲਕਾ ਇੰਚਾਰਜ ਫਗਵਾੜਾ ਸ਼ਹਿਰੀ ਅਤੇ ਰਜਿੰਦਰ ਸਿੰਘ ਚੰਦੀ ਹਲਕਾ ਇੰਚਾਰਜ ਦਿਹਾਤੀ ਦੀ ਅਗਵਾਈ ਹੇਠ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਨ ਉਪਰੰਤ ਕੀਤੀ ਗਈ। ਜਰਨੈਲ ਸਿੰਘ ਵਾਹਦ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੈਂਬਰਸ਼ਿਪ ਮੁਹਿੰਮ ਸ਼ੁਰੂ ਕਰਨ ਮੌਕੇ ਹਲਕਾ ਇੰਚਾਰਜ ਖੁਰਾਣਾ ਅਤੇ ਚੰਦੀ ਨੇ ਦੱਸਿਆ ਕਿ ਕੋਈ ਵੀ ਨਾਗਰਿਕ ਸਿਰਫ 10 ਰੁਪਏ ਦੀ ਰਸੀਦ ਲੈ ਕੇ ਪਾਰਟੀ ਦੀ ਮੈਂਬਰਸ਼ਿਪ ਲੈ ਸਕਦਾ ਹੈ। ਉਹਨਾਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੀ ਮੈਂਬਰਸ਼ਿਪ ਲਈ ਪੰਜਾਬੀਆਂ 'ਚ ਭਾਰੀ ਉਤਸ਼ਾਹ ਹੈ। ਕਿਉਂਕਿ ਉਹ ਜਾਣਦੇ ਹਨ ਕਿ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਹੱਕਾਂ ਲਈ ਸਿਰਫ ਇਹੋ ਪਾਰਟੀ ਸੱਚਾ ਸੰਘਰਸ਼ ਕਰਦੀ ਹੈ। ਸ਼ਹਿਰੀ ਇੰਚਾਰਜ ਰਣਜੀਤ ਸਿੰਘ ਖੁਰਾਣਾ ਨੇ ਪੂਰੇ ਵਿਸ਼ਵਾਸ ਨਾਲ ਕਿਹਾ ਕਿ ਮੈਂਬਰਸ਼ਿਪ ਮੁਹਿੰਮ ਪੂਰੀ ਹੋਣ ਤੱਕ ਸ਼੍ਰੋਮਣੀ ਅਕਾਲੀ ਦਲ ਦੂਸਰੀਆਂ ਸਿਆਸੀ ਧਿਰਾਂ ਦੇ ਮੁਕਾਬਲੇ ਬਹੁਤ ਵਿਸ਼ਾਲ ਰੂਪ ਧਾਰਣ ਕਰ ਲਵੇਗਾ। ਦਿਹਾਤੀ ਹਲਕਾ ਇੰਚਾਰਜ ਰਾਜਿੰਦਰ ਸਿੰਘ ਚੰਦੀ ਨੇ ਦੱਸਿਆ ਕਿ ਪਿੰਡ ਪੱਧਰ 'ਤੇ ਮੈਂਬਰਸ਼ਿਪ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਜਿਸ ਦੇ ਲਈ ਵਰਕਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਮੈਂਬਰਸ਼ਿਪ ਮੁਹਿੰਮ ਪੂਰੀ ਹੋਣ ਤੋਂ ਬਾਅਦ ਜੋਰ-ਸ਼ੋਰ ਦੇ ਨਾਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੀ ਤਿਆਰੀ ਸ਼ੁਰੂ ਕੀਤੀ ਜਾਵੇਗੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਫਗਵਾੜਾ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਤੋਂ ਇਲਾਵਾ ਇਸਤਰੀ ਅਕਾਲੀ ਦਲ ਤੇ ਯੂਥ ਆਗੂ ਤੇ ਵਰਕਰ ਮੌਜੂਦ ਸਨ।

## ਦੌਲਤਪੁਰ ਢੱਡਾ ਦਾ ਸਾਲਾਨਾ ਛਿੰਝ ਮੇਲਾ ਅਮਿੱਟ ਯਾਦਾਂ ਛੱਡਦਾ ਸਮਾਪਤ



**ਕਾਲਾ ਸੰਘਿਆਂ (ਮਨਜੀਤ ਮਾਨ)** ਜ਼ਿਲ੍ਹਾ ਜਲੰਧਰ ਦੇ ਅਧੀਨ ਪੈਂਦੇ ਪਿੰਡ ਦੌਲਤਪੁਰ ਢੱਡਾ ਵਿਖੇ ਪੀਰ ਬਾਬਾ ਲੱਖ ਦਾਤਾ ਲਾਲਾਂ ਵਾਲਾ ਪੀਰ ਦੀ ਯਾਦ ਵਿੱਚ ਸਾਲਾਨਾ ਛਿੰਝ ਮੇਲਾ ਬਾਬਾ ਗੱਤ ਰਾਮ ਗਿੱਲ ਤੇ ਮਰਹੂਮ ਮਲਕੀਤ ਸਿੰਘ ਗਿੱਲ ਦੀ ਨਿੱਘੀ ਯਾਦ ਨੂੰ ਸਮਰਪਿਤ ਸਮੂਹ ਗਿੱਲ ਪਰਵਾਰ ਦੇ ਸਹਿਯੋਗ ਨਾਲ ਛਿੰਝ ਮੇਲਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਪੰਚ ਕੁਲਵਿੰਦਰ ਸਿੰਘ ਮਿੰਟੂ, ਗੁਰਮੇਜ ਸਿੰਘ ਗਿੱਲ, ਜਸਪਾਲ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਪਿੰਡ ਸਮੂਹ ਗ੍ਰਾਮ ਪੰਚਾਇਤ ਤੇ ਐਨ ਆਰ ਆਈਜ਼ ਦੇ ਸਹਿਯੋਗ ਨਾਲ ਕਰਵਾਇਆ ਗਿਆ। ਦਰਬਾਰ 'ਤੇ ਚਿਰਾਗ ਰੋਸ਼ਨ ਤੇ ਝੰਡੇ ਦੀ ਰਸਮ ਬਾਬਾ ਬੂਟਾ ਮੁਹੰਮਦ ਤੇ ਤੁਫੈਲ ਮੁਹੰਮਦ ਵੱਲੋਂ ਪੂਰੇ ਰੀਤੀ ਰਿਵਾਜਾਂ ਦੇ ਨਾਲ ਕੀਤੀ ਗਈ। ਫਿਰ ਪਿੜ ਵਿੱਚ ਛਿੰਝ ਮੇਲੇ ਦੀ ਸ਼ੁਰੂਆਤ ਪ੍ਰਧਾਨ ਕੁਲਵਿੰਦਰ ਸਿੰਘ ਮਿੰਟੂ ਤੇ ਗੁਰਮੇਜ ਸਿੰਘ ਗਿੱਲ ਗੁਰਨਾਮ ਸਿੰਘ ਢੱਡਾ, ਜਸਵੰਤ ਸਿੰਘ ਢੱਡਾ, ਮਾਸਟਰ ਸੁਖਵਿੰਦਰ ਸਿੰਘ, ਬਲਵੰਤ ਸਿੰਘ ਕੈਨੇਡਾ, ਭਜਨ ਸਿੰਘ, ਗੁਰਪਾਲ ਸਿੰਘ ਪੰਚ, ਜਸਵੀਰ ਸਿੰਘ ਪੰਚ, ਗੁਰ ਅਵਤਾਰ ਹਨੀ ਪੰਚ,ਸੋਹਣ ਸਿੰਘ , ਅਮਰੀਕ ਸਿੰਘ,ਤੇ ਸੁਖਵਿੰਦਰ ਸਿੰਘ ਪ੍ਰਧਾਨ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ। ਮੁੱਖ ਮਹਿਮਾਨ ਤੇ ਇਨਾਮਾਂ ਦੀ ਵੰਡ ਕਰਨ ਲਈ ਪਰਮਜੀਤ ਸਿੰਘ ਬੱਸਣ ਪ੍ਰਧਾਨ ਗੁਰਦੁਆਰਾ ਸੰਤ ਬਾਬਾ ਕਾਹਨ ਕਾਲਾ ਸੰਘਿਆਂ, ਡਾਕਟਰ ਵੇਦ ਪ੍ਰਕਾਸ਼, ਇੰਦਰਜੀਤ ਸਿੰਘ ਬੱਸਣ, ਰੁਪਿੰਦਰ ਸਿੰਘ ਰਾਣਾ ਮਹਿਮੂਵਾਲ, ਰੇਸ਼ਮ ਸਿੰਘ ਮਾਨ ਪ੍ਰਧਾਨ ਪੈਨਸ਼ਨਰਜ਼ ਐਸੋਸੀਏਸ਼ਨ ਕਪੂਰਥਲਾ ਨੇ ਅਦਾ ਕੀਤੀ। ਅਮਰੀਕ ਵਾਲੋਕੀ,ਸਾਬੀ ਮਲਸੀਆਂ, ਸੰਨੀ ਕਾਲਾ ਸੰਘਿਆਂ, ਜੇਤੂ ਰਹੇ।

ਪੱਟਕੇ ਦੀ ਕੁਸ਼ਤੀ ਕਮਲ ਡੂਮਛੇੜੀ ਨੇ ਅਰਸ਼ ਇੰਦੌਰ ਨੂੰ ਅਤੇ ਪੱਟਕੇ ਦੀ ਦੂਸਰੇ ਨੰਬਰ ਦੀ ਕੁਸ਼ਤੀ ਮੰਗਾਂ ਮਲਸੀਆਂ ਨੇ ਅੰਮ੍ਰਿਤ ਬਾੜੋਵਾਲ ਨੂੰ ਚਿੱਤ ਕਰਕੇ ਜਿੱਤੀ। ਕੁਮੈਂਟੇਟਰਜ ਦੀ ਜ਼ਿੰਮੇਵਾਰੀ ਮੰਗਾ ਅਲੀ, ਦਵਿੰਦਰ ਕਿਲੀ ਤੇ ਅੰਤਰਰਾਸ਼ਟਰੀ ਕਬੱਡੀ ਕੁਮੈਂਟੇਟਰਜ ਜੀ ਐਸ ਕਲੇਰ ਖ਼ਾਨ ਪੁਰ ਢੱਡਾ ਨੇ ਨਿਭਾਈ। ਸਵਰਗਵਾਸੀ ਲਾਲਾ ਮੋਹਨ ਲਾਲ ਦੇ ਪਰਵਾਰ ਵੱਲੋਂ ਗੁਰੂ ਕੇ ਅਤੁੱਟ ਲੰਗਰ ਸੰਗਤਾਂ ਨੂੰ ਛਕਾਏ ਗਏ। ਸਾਬਕਾ ਅੰਤਰਰਾਸ਼ਟਰੀ ਪਹਿਲਵਾਨ ਲਹਿੰਬਰ ਸ਼ਾਹਕੋਟ,ਮਜੀਦਾ ਪਹਿਲਵਾਨ ਸ਼ਾਹਕੋਟ ਦਾ ਵੀ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

ਇਸ ਮੌਕੇ ਜਰਨਲਿਸਟ ਪ੍ਰੈਸ ਕਲੱਬ ਰਜਿ ਪੰਜਾਬ ਦੇ ਸੂਬਾ ਪ੍ਰਧਾਨ ਮਨਜੀਤ ਮਾਨ, ਨਰਿੰਦਰ ਸਿੰਘ ਸੰਘਾ ਗੱਤਕਾ ਕੋਚ ਸਾਹਿਬਜ਼ਾਦਾ ਅਜੀਤ ਸਿੰਘ ਗੱਤਕਾ ਅਖਾੜਾ ਕਾਲਾ ਸੰਘਿਆਂ,ਸਰਬਨ ਸਿੰਘ ਸੰਘਾ ਪ੍ਰਧਾਨ ਆਮ ਆਦਮੀ ਪਾਰਟੀ ਕਾਲਾ ਸੰਘਿਆਂ,ਬਲਜਿੰਦਰ ਸਿੰਘ ਜੱਜ ਪੱਤਰਕਾਰ ਸੁਖਵਿੰਦਰ ਸਿੰਘ ਸਿੱਧੂ, ਬਲਦੇਵ ਸਿੰਘ ਮੁਰੀਦਵਾਲ, ਮਹਿੰਦਰ ਸਿੰਘ ਇਬਰਾਹੀਮ ਭੁਲੱਥ, ਜਸਵੀਰ ਸਿੰਘ ਪੰਚ, ਜਸਵਿੰਦਰ ਸਿੰਘ, ਕਰਨਵੀਰ ਸ਼ਰਮਾ,ਬਾਬਾ ਸਰਬਜੀਤ ਸਿੰਘ,ਸੂਰਤੀ ਸਿੰਘ, ਬਿੰਦਰ ਗਿੱਲ, ਹਰਮਨ ਗਿੱਲ, ਸੁਰਿੰਦਰ ਮੱਟੂ, ਰੂਪਾ ਸੰਘਾ ਕਾਲਾ ਸੰਘਿਆਂ,ਬਲਵਿੰਦਰ ਸਿੰਘ ਪੰਜਾਬ ਪੁਲਸ ਰੂਪੇਵਾਲ ਤੋਂ ਇਲਾਵਾ ਹੋਰ ਆਗੂ ਹਾਜ਼ਰ ਸਨ।

## ਹਰਭਜਨ ਸਿੰਘ ਈ ਟੀ ਓ ਵੱਲੋਂ ਬਿਜਲੀ ਦਫ਼ਤਰ ਦੀ ਅਚਨਚੇਤ ਚੈਕਿੰਗ



**ਬੰਗਾ (ਅਵਤਾਰ ਕਲੇਰ)**—ਪੰਜਾਬ ਦੇ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਵੱਲੋਂ ਬੰਗਾ ਦੇ ਬਿਜਲੀ ਦਫ਼ਤਰ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਜਿਥੇ ਕੰਮਕਾਜ਼ ਦਾ ਜਾਇਜ਼ਾ ਲਿਆ ਉਥੇ ਦਫ਼ਤਰ ਦਾ ਰਿਕਾਰਡ ਅਤੇ ਕਰਮਚਾਰੀਆਂ ਦੀ ਹਾਜ਼ਰੀ ਵੀ ਚੈੱਕ ਕੀਤੀ। ਉਨ੍ਹਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਇਲਾਕਾ ਵਾਸੀਆਂ ਨੂੰ ਨਿਰਵਿਘਨ ਬਿਜਲੀ ਮੁੱਹਈਆ ਕਰਵਾਉਣ ਵਿਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ। ਉਨ੍ਹਾਂ ਕਿਹਾ ਕਿ ਇਲਾਕਾ ਨਿਵਾਸੀਆਂ ਦੇ ਬਿਜਲੀ ਨਾਲ ਸਬੰਧੀ ਕੰਮ ਤਰਜੀਹ ਦੇ ਆਧਾਰ 'ਤੇ ਕੀਤੇ ਜਾਣ ਅਤੇ ਉਨ੍ਹਾਂ ਨੂੰ ਇਸ ਸਬੰਧੀ ਕੋਈ ਪ੍ਰੇਸ਼ਾਨੀ ਨਾ ਆਉਣ ਦਿੱਤੀ ਜਾਵੇ। ਇਸ ਸਬੰਧੀ ਕੋਈ ਵੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਰਾਜ ਵਿਚ ਨਿਰੰਤਰ ਅਤੇ ਗੁਣਵੱਤਾ ਵਾਲੀ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਵਚਨਬੱਧ ਹੈ।



*ਜਲੰਧਰ ਨਗਰ ਨਿਗਮ ਦੇ ਸੀਨੀਅਰ ਡਿਪਟੀ ਮੇਅਰ ਬਣਨ 'ਤੇ ਬਲਬੀਰ ਸਿੰਘ ਬਿੱਟੂ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਨਮਾਨਤ ਕਰਦੇ ਹੋਏ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਹੋਕਾ ਦੀ ਪ੍ਰਿੰਸੀਪਲ ਬੰਦਨਾ, ਅਧਿਆਪਕਾਂ ਦਾ ਮਿੰਨੀ ਸ਼ਰਮਾ, ਨੀਨਾ ਮੈਡਮ, ਸਚਿਨ ਗੋਇਲ, ਹਰਪ੍ਰੀਤ, ਮਨਿੰਦਰ ਬੈਂਸ ਅਤੇ ਹੋਰ। (ਫੋਟੋ ਤੇ ਵੇਰਵਾ-ਇਕਬਾਲ ਸਿੰਘ ਉੱਭੀ, ਜਲੰਧਰ*




*ਫਿਲੌਰ ਵਿਖੇ ਸ੍ਰੀ ਬਾਲਾ ਜੀ ਰੱਥ ਯਾਤਰਾ ਦੌਰਾਨ ਸੀਨੀਅਰ ਪੱਤਰਕਾਰ ਨਿਰਮਲ ਕੁਮਾਰ ਫਿਲੌਰ ਨੂੰ ਸਨਮਾਨਤ ਕਰਦੇ ਹੋਏ ਪ੍ਰਬੰਧਕ ਕਮੇਟੀ ਦੇ ਆਗੂ।*
*(ਫੋਟੋ ਤੇ ਵੇਰਵਾ-ਨਿਰਮਲ, ਫਿਲੌਰ)*

## ਗਣਤੰਤਰ ਦਿਵਸ ਸਮਾਗਮ ਦੌਰਾਨ ਅਮਨ ਅਰੋੜਾ ਲਹਿਰਾਉਣਗੇ ਕੌਮੀ ਝੰਡਾ



**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ)**- : ਗਣਤੰਤਰ ਦਿਵਸ ਮੌਕੇ 26 ਜਨਵਰੀ ਨੂੰ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਕਰਵਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪੰਜਾਬ ਦੇ ਨਵੇਂ ਤੇ ਨਵਿਆਉਯੋਗ ਊਰਜਾ ਅਤੇ ਛਪਾਈ ਤੇ ਲਿਖਣ ਸਮੱਗਰੀ ਮੰਤਰੀ ਅਮਨ ਅਰੋੜਾ ਕੌਮੀ ਝੰਡਾ ਲਹਿਰਾਉਣਗੇ । ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਦੀ ਚੱਲ ਰਹੀ ਰਿਹਰਸਲ ਦਾ ਜਾਇਜ਼ਾ ਲਿਆ ਅਤੇ ਭਾਗੀਦਾਰ ਸਕੂਲਾਂ ਦੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਅਧਿਆਪਕਾਂ ਨੂੰ ਜ਼ਰੂਰੀ ਹਦਾਇਤਾਂ ਦਿੱਤੀਆਂ । ਡਾ. ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਆਈ.ਟੀ.ਬੀ.ਪੀ., ਪੰਜਾਬ ਪੁਲਸ (ਪੁਰਸ਼ ਅਤੇ ਮਹਿਲਾ), ਪੰਜਾਬ ਹੋਮਗਾਰਡ, ਐਨ.ਸੀ.ਸੀ ਲੜਕੇ ਅਤੇ ਲੜਕੀਆਂ ਦੀਆਂ ਟੁਕੜੀਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਜਾਵੇਗਾ । ਇਸ ਬਾਅਦ ਵੱਖ-ਵੱਖ ਵਿਭਾਗਾਂ ਦੀਆਂ ਪ੍ਰਾਪਤੀਆਂ ਨੂੰ ਦਰਸਾਉਂਦੀਆਂ ਝਾਕੀਆਂ ਕੱਢੀਆਂ ਜਾਣਗੀਆਂ । ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਪੀ.ਟੀ. ਸ਼ੋਅ ਤੋਂ ਇਲਾਵਾ ਐਸ.ਡੀ. ਫੁੱਲਰਵਾਨ ਸਕੂਲ, ਪੁਲਿਸ ਡੀ.ਏ.ਵੀ. ਸਕੂਲ, ਡਿਪਸ ਸੂਰਾਨੁੱਸੀ, ਇਨੋਸੈਂਟ ਹਾਰਟ ਸਕੂਲ, ਨਿਊ ਸੇਂਟ ਸੋਲਜਰ ਸਕੂਲ, ਰੈੱਡ ਕਰਾਸ ਸਕੂਲ ਫਾਰ ਡੈੱਫ ਐਂਡ ਡੰਬ, ਮਾਨਵ ਸਹਿਯੋਗ ਸਕੂਲ, ਏ.ਪੀ.ਜੇ. ਸਕੂਲ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੀ ਭਾਵਨਾ ਨਾਲ ਭਰਪੂਰ ਸੱਭਿਆਚਾਰਕ ਵੰਨਗੀਆਂ ਪੇਸ਼ ਕੀਤੀਆਂ ਜਾਣਗੀਆਂ। ਡਾ. ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਆਜ਼ਾਦੀ ਘੁਲਾਟੀਆਂ ਤੋਂ ਇਲਾਵਾ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੀਆਂ ਸ਼ਖਸੀਅਤਾਂ ਅਤੇ ਵੱਖ-ਵੱਖ ਵਿਭਾਗਾਂ ਦੇ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਅਧਿਕਾਰੀਆਂ/ਕਰਮਚਾਰੀਆਂ ਦਾ ਸਨਮਾਨ ਵੀ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪੱਧਰੀ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਪਵਿੱਤਰ ਦਿਹਾੜੇ ਨੂੰ ਦੇਸ਼ ਭਗਤੀ ਦੀ ਭਾਵਨਾ ਅਤੇ ਉਤਸ਼ਾਹ ਨਾਲ ਮਨਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।।

## ਮੂਸਾਪੁਰ ਸਕੂਲ 'ਚ ਤਰਕਸ਼ੀਲ ਸੁਸਾਇਟੀ ਨੇ ਇਨਾਮ ਵੰਡੇ

**ਬੰਗਾ (ਅਵਤਾਰ ਕਲੇਰ)**—ਸਰਕਾਰੀ ਸਮਾਰਟ ਸੀਨੀਅਰ ਸੈਕੰਡਰੀ ਸਕੂਲ ਮੂਸਾਪੁਰ ਵਿਖੇ ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਬੰਗਾ ਵਲੋਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿੱਚੋਂ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਅਤੇ ਸਨਮਾਨ ਪੱਤਰ ਦਿੱਤੇ ਗਏ। ਇਸ ਪ੍ਰੀਖਿਆ ਵਿੱਚ ਸਕੂਲ ਦੇ 35 ਵਿਦਿਆਰਥੀਆਂ ਨੇ ਭਾਗ ਲਿਆ ਜਿਹਨਾਂ ਵਿੱਚੋਂ 19 ਵਿਦਿਆਰਥੀ ਸਫਲ ਹੋਏ।



ਮਿਡਲ ਪੱਧਰ ਦੀ ਪ੍ਰੀਖਿਆ ਵਿੱਚੋਂ ਸੱਤਵੀਂ ਦੀ ਮਾਨਿਆ ਪੁੱਤਰੀ ਪਰਦੀਪ ਕੁਮਾਰ ਨੇ ਇਕਾਈ ਬੰਗਾ ਵਿੱਚੋਂ ਅਤੇ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਸੱਤਵੀਂ ਜਮਾਤ ਦੀ ਅਮਨਦੀਪ ਕੌਰ ਪੁੱਤਰੀ ਗੁਰਮੀਤ ਰਾਮ ਨੇ ਦੂਸਰਾ ਅਤੇ ਹਰਸ਼ਦੀਪ ਕੌਰ ਪੁੱਤਰੀ ਗੁਰਨਾਮ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਸੈਕੰਡਰੀ ਪੱਧਰ ਦੀ ਪ੍ਰੀਖਿਆ ਵਿੱਚੋਂ ਗਿਆਰਵੀਂ ਜਮਾਤ ਦੀ ਲੜਕੀ ਸੁਨੀਤਾ ਨੇ ਜੋਨ ਨਵਾਂਸ਼ਹਿਰ ਅਤੇ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਦਸਵੀਂ ਜਮਾਤ ਦੇ ਲੜਕੇ ਨਿਤਿਨ ਕੁਮਾਰ ਪੁੱਤਰ ਪਰਦੀਪ ਕੁਮਾਰ ਨੇ ਇਕਾਈ ਬੰਗਾ ਵਿੱਚੋਂ ਪਹਿਲਾ ਅਤੇ ਸਕੂਲ ਵਿੱਚੋਂ ਦੂਸਰਾ ਸਥਾਨ ਪ੍ਰਾਪਤ ਕੀਤਾ। ਨੌਵੀਂ ਜਮਾਤ ਦੀ ਵਿਦਿਆਰਥਣ ਮਨਰੂਪ ਕੌਰ ਪੁੱਤਰੀ ਬਲਵਿੰਦਰ ਸਿੰਘ ਨੇ ਸਕੂਲ ਵਿੱਚੋਂ ਤੀਸਰਾ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਇਨਾਮ ਵਜੋਂ ਕਿਤਾਬਾਂ ਦੇ ਸੈੱਟ ਅਤੇ ਸਨਮਾਨ ਪੱਤਰ ਦਿੱਤੇ ਗਏ।ਸਕੂਲ ਇੰਚਾਰਜ ਸੋਮਨਾਥ, ਸਾਇੰਸ ਅਧਿਆਪਕਾ ਅਮਰਦੀਪ ਕੌਰ ਅਤੇ ਮਾਸਟਰ ਰਾਜਵਿੰਦਰ ਸਿੰਘ ਜੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਜੋਨ ਮੀਡੀਆ ਮੁਖੀ ਮਾ.ਜਗਦੀਸ਼ ਨੇ ਸੰਬੋਧਨ ਕਰਦਿਆਂ ਕਿਹਾ ਕਿ ਚੇਤਨਾ ਪਰਖ ਪ੍ਰੀਖਿਆ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਅੰਧਵਿਸ਼ਵਾਸਾਂ, ਵਹਿਮਾਂ ਭਰਮਾਂ, ਭੂਤਾਂ ਪਰੇਤਾਂ,ਜਾਦੂ ਟੂਣਿਆਂ, ਆਤਮਾਵਾਂ ਅਤੇ ਹੋਰ ਭਰਮ ਭੁਲੇਖਿਆਂ ਵਿੱਚੋਂ ਕੱਢ ਕੇ ਉਨ੍ਹਾਂ ਦੀ ਸੋਚ ਨੂੰ ਵਿਗਿਆਨਕ ਬਣਾਉਣਾ ਹੈ ਤਾਂ ਜੋ ਉਹ ਆਪਣੀ ਪੜ੍ਹਾਈ ਬਿਨਾਂ ਕਿਸੇ ਡਰ ਭੈ ਤੋਂ ਕਰਕੇ ਸਫਲਤਾ ਦੀਆਂ ਮੰਜਿਲਾਂ ਪ੍ਰਾਪਤ ਕਰਨ। ਉਹਨਾਂ ਗੈਬੀ ਸ਼ਕਤੀਆਂ ਦੇ ਦਾਅਵੇਦਾਰਾਂ, ਤਾਂਤਰਿਕਾਂ,ਸਾਧਾਂ , ਚੇਲਿਆਂ, ਪੁਜਾਰੀਆਂ ਨੂੰ ਕਿਹਾ ਕਿ ਉਹ ਤਰਕਸ਼ੀਲ ਸੁਸਾਇਟੀ ਦੀਆਂ ਸ਼ਰਤਾਂ ਪੂਰੀਆਂ ਕਰਕੇ ਸੁਸਾਇਟੀ ਵੱਲੋਂ ਰੱਖਿਆ ਪੰਜ ਲੱਖ ਦਾ ਇਨਾਮ ਜਿੱਤਣ ਲਈ ਅੱਗੇ ਆਉਣ। ਸੁਖਵਿੰਦਰ ਲੰਗੇਰੀ ਨੇ ਬੱਚਿਆਂ ਨੂੰ ਜਾਦੂ ਦੇ ਟਰਿੱਕ ਦਿਖਾਏ ਅਤੇ ਦੱਸਿਆ ਕਿ ਜਾਦੂ ਇੱਕ ਕਲਾ ਹੈ, ਹੱਥ ਦੀ ਸਫਾਈ ਹੈ, ਧੋਖਾ ਹੈ। ਇਸ ਕਲਾ ਨੂੰ ਸਿਰਫ ਪ੍ਰੈਕਟਿਸ ਨਾਲ ਸਿੱਖਿਆ ਜਾ ਸਕਦਾ ਹੈ। ਇਸ ਮੌਕੇ ਸੁਖਵਿੰਦਰ ਕੁਮਾਰ ਕੰਪਿਊਟਰ ਟੀਚਰ , ਰਣਜੀਤ ਕੌਰ ਲੈਕ: ਅੰਗਰੇਜ਼ੀ, ਅਮਨਦੀਪ ਸਿੰਘ ਸਾਇੰਸ ਮਾਸਟਰ, ਸੁਖਪਾਲ ਸਿੰਘ,ਮਨੋਹਰ ਲਾਲ, ਅਮਨਦੀਪ ਕੌਰ, ਅਮਰਜੀਤ ਸਿੰਘ ਅਤੇ ਮੈਡਮ ਸੁਨੀਤਾ ਆਦਿ ਹਾਜ਼ਰ ਸਨ।